ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 77


ਫ਼ੋਨ: +91- 92168-07500
E-mail: news@charhdikala.com
www.charhdikala.com


ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ

***

DAILY CHARHDIKALA, PATIALA


ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Friday, 20 March, 2026) ਸ਼ੁੱਕਰਵਾਰ, 20 ਮਾਰਚ, 2026, 7 ਚੇਤ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ


## ਚੀਨ 'ਚ ਭਾਰਤ ਦੇ ਰਾਜਦੂਤ ਬਣੇ ਵਿਕਰਮ ਦੋਰਾਈਸਵਾਮੀ

ਨਵੀਂ ਦਿੱਲੀ, 19 ਮਾਰਚ (ਚ.ਨ.ਸ.): ਚੀਨ ਨਾਲ ਸਬੰਧ ਹੌਲੀ-ਹੌਲੀ ਪਟੜੀ 'ਤੇ ਆਉਣ ਦੇ ਨਾਲ, ਭਾਰਤ ਨੇ ਵੀਰਵਾਰ ਨੂੰ ਤਜਰਬੇਕਾਰ ਡਿਪਲੋਮੈਟ ਵਿਕਰਮ ਦੋਰਾਈਸਵਾਮੀ ਨੂੰ ਚੀਨ ਵਿੱਚ ਭਾਰਤ ਦਾ ਨਵਾਂ ਰਾਜਦੂਤ ਨਿਯੁਕਤ ਕੀਤਾ। ਇਹ ਕਦਮ ਪੂਰਬੀ ਲੱਦਾਖ ਵਿੱਚ ਚਾਰ ਸਾਲਾਂ ਤੋਂ ਵੱਧ ਸਮੇਂ ਤੱਕ ਚੱਲੇ ਫ਼ੌਜੀ ਰੁਕਾਵਟ ਤੋਂ ਬਾਅਦ ਦੋਵਾਂ ਧਿਰਾਂ ਵਿਚਕਾਰ ਤਣਾਅਪੂਰਨ ਸਬੰਧਾਂ ਨੂੰ ਮੁੜ ਸਥਾਪਿਤ ਕਰਨ ਦੀਆਂ ਕੋਸ਼ਿਸ਼ਾਂ ਵਿਚਕਾਰ ਆਇਆ ਹੈ। ਵਿਦੇਸ਼ ਮੰਤਰਾਲੇ ਨੇ ਕਿਹਾ ਹੈ ਕਿ ਨਵੇਂ ਰਾਜਦੂਤ ਜਲਦੀ ਹੀ ਆਪਣਾ ਕੰਮ ਸੰਭਾਲਣਗੇ। 1992 ਬੈਚ ਦੇ (ਬਾਕੀ ਸਫਾ 2 'ਤੇ)

*ਇਜ਼ਰਾਈਲ-ਈਰਾਨ ਜੰਗ*

## ਈਰਾਨ 'ਚ ਦੁਨੀਆਂ ਦੇ ਸਭ ਤੋਂ ਵੱਡੇ ਕੁਦਰਤੀ ਗੈਸ ਫੀਲਡ 'ਤੇ ਹਮਲਾ

### ਈਰਾਨ ਦੀ ਚਿਤਾਵਨੀ: 'ਬਦਲਾ ਅਜੇ ਬਾਕੀ ਹੈ'



**ਚੜ੍ਹਦੀਕਲਾ ਬਿਊਰੋ**

================

ਤਹਿਰਾਨ, 19 ਮਾਰਚ: ਇਜ਼ਰਾਈਲ ਅਤੇ ਈਰਾਨ ਵਿਚਾਲੇ ਚੱਲ ਰਹੀ ਭਿਆਨਕ ਜੰਗ ਨੇ ਹੁਣ ਪੂਰੀ ਦੁਨੀਆਂ ਦੇ ਊਰਜਾ ਬਾਜ਼ਾਰ ਨੂੰ ਹਿਲਾ ਕੇ ਰੱਖ ਦਿੱਤਾ ਹੈ। ਇਜ਼ਰਾਈਲ ਵੱਲੋਂ ਈਰਾਨ ਦੇ ਖੁਫੀਆ ਮੰਤਰੀ ਦੀ ਹੱਤਿਆ ਅਤੇ ਦੁਨੀਆਂ ਦੇ ਸਭ ਤੋਂ ਵੱਡੇ 'ਸਾਊਥ ਪਾਰਸ' ਕੁਦਰਤੀ ਗੈਸ ਫੀਲਡ 'ਤੇ ਕੀਤੇ ਗਏ ਹਮਲੇ ਤੋਂ ਬਾਅਦ ਈਰਾਨ ਨੇ ਵੱਡੀ ਜਵਾਬੀ ਕਾਰਵਾਈ ਕੀਤੀ ਹੈ। ਈਰਾਨੀ ਮਿਜ਼ਾਈਲਾਂ ਨੇ ਕਤਰ ਦੇ 'ਰਾਸ ਲਫਾਨ' ਐਲ.ਐਨ.ਜੀ. ਪਲਾਂਟ ਅਤੇ ਸੰਯੁਕਤ ਅਰਬ ਅਮੀਰਾਤ ਦੇ 'ਹਬਸ਼ਾਨ' ਗੈਸ ਕੇਂਦਰਾਂ ਨੂੰ ਨਿਸ਼ਾਨਾ ਬਣਾਇਆ, ਜਿਸ ਕਾਰਨ ਉੱਥੇ ਭਿਆਨਕ (ਬਾਕੀ ਸਫਾ 2 'ਤੇ)

### ਈਰਾਨ ਖ਼ਿਲਾਫ਼ ਇਕਜੁੱਟ ਹੋਏ 12 ਇਸਲਾਮਿਕ ਦੇਸ਼, ਹਮਲਿਆਂ ਦੀ ਕੀਤੀ ਨਿੰਦਾ

ਰਿਆਦ, 19 ਮਾਰਚ (ਚ.ਨ.ਸ.): ਮਿਡਲ ਈਸਟ (ਪੱਛਮੀ ਏਸ਼ੀਆ) ਵਿੱਚ ਵਧਦੇ ਤਣਾਅ ਦੇ ਵਿਚਕਾਰ 12 ਇਸਲਾਮਿਕ ਦੇਸ਼ਾਂ ਨੇ ਈਰਾਨ ਵਿਰੁੱਧ ਸਖ਼ਤ ਰੁਖ਼ ਅਖਤਿਆਰ ਕਰ ਲਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਸਾਊਦੀ ਅਰਬ ਦੀ ਰਾਜਧਾਨੀ ਰਿਆਦ ਵਿੱਚ ਹੋਈ ਇੱਕ ਅਹਿਮ ਬੈਠਕ ਦੌਰਾਨ ਅਜ਼ਰਬਾਈਜਾਨ, ਬਹਿਰੀਨ, ਮਿਸਰ, ਜਾਰਡਨ, ਕੁਵੈਤ, ਲੇਬਨਾਨ, ਪਾਕਿਸਤਾਨ, ਕਤਰ, ਸਾਊਦੀ ਅਰਬ, ਸੀਰੀਆ, ਤੁਰਕੀ ਅਤੇ ਸੰਯੁਕਤ ਅਰਬ ਅਮੀਰਾਤ ਦੇ ਵਿਦੇਸ਼ ਮੰਤਰੀਆਂ ਨੇ ਗੁਆਂਢੀ ਦੇਸ਼ਾਂ 'ਤੇ ਹੋ ਰਹੇ ਈਰਾਨੀ (ਬਾਕੀ ਸਫਾ 2 'ਤੇ)

## ਗੈਸ ਸੰਕਟ ਵਿਚਾਲੇ ਕੇਂਦਰ ਵੱਲੋਂ ਸੂਬਿਆਂ ਨੂੰ ਸਪਲਾਈ ਸੁਧਾਰਨ ਦੇ ਨਿਰਦੇਸ਼

ਨਵੀਂ ਦਿੱਲੀ, 19 ਮਾਰਚ (ਚ.ਨ.ਸ.): ਪੱਛਮੀ ਏਸ਼ੀਆ ਵਿੱਚ ਚੱਲ ਰਹੇ ਤਣਾਅ ਨੇ ਭਾਰਤ ਦੀ ਐਲ.ਪੀ.ਜੀ. ਸਪਲਾਈ ਨੂੰ ਪ੍ਰਭਾਵਿਤ ਕੀਤਾ ਹੈ ਪਰ ਸਰਕਾਰ ਸਥਿਤੀ ਨੂੰ ਸੰਭਾਲਣ ਲਈ ਕਦਮ ਚੁੱਕ ਰਹੀ ਹੈ। ਘਰੇਲੂ ਖਪਤਕਾਰਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ ਅਤੇ ਪੀ.ਐਨ.ਜੀ. ਨੂੰ ਉਤਸ਼ਾਹਿਤ ਕਰ ਕੇ ਸੰਕਟ ਨੂੰ ਘਟਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਸਰਕਾਰ ਨੇ ਇਹ ਵੀ ਕਿਹਾ ਹੈ ਕਿ ਜਿੱਥੇ ਵੀ ਪਾਈਪ ਰਾਹੀਂ ਕੁਦਰਤੀ ਗੈਸ (ਪੀ.ਐਨ.ਜੀ.) ਉਪਲਬਧ ਹੈ, ਲੋਕਾਂ ਨੂੰ ਐਲ.ਪੀ.ਜੀ. ਦੀ ਬਜਾਏ ਪੀ.ਐਨ.ਜੀ.ਵੱਲ ਜਾਣਾ ਚਾਹੀਦਾ ਹੈ। ਇਸ ਨਾਲ ਗੈਸ ਦੀ ਮੰਗ ਨੂੰ ਸੰਤੁਲਿਤ ਕਰਨ ਅਤੇ ਸਪਲਾਈ 'ਤੇ ਦਬਾਅ ਘਟਾਉਣ ਵਿੱਚ ਮਦਦ ਮਿਲੇਗੀ। ਕੇਂਦਰ ਸਰਕਾਰ ਨੇ ਉਨ੍ਹਾਂ ਰਾਜਾਂ ਲਈ ਇੱਕ ਵਿਸ਼ੇਸ਼ ਯੋਜਨਾ ਤਿਆਰ ਕੀਤੀ ਹੈ ਜੋ ਆਪਣੇ ਐਲ.ਪੀ.ਜੀ. ਨੈੱਟਵਰਕਾਂ ਦਾ ਤੇਜ਼ੀ ਨਾਲ ਵਿਸਥਾਰ ਕਰਦੇ ਹਨ। ਅਜਿਹੇ ਰਾਜਾਂ ਨੂੰ ਵਪਾਰਕ ਐਲ.ਪੀ.ਜੀ. ਦਾ ਵਾਧੂ 10% ਪ੍ਰਾਪਤ ਹੋਵੇਗਾ। ਰਾਜਾਂ ਨੂੰ ਪੀ.ਐਨ.ਜੀ. ਦੀ ਵਰਤੋਂ ਵਧਾਉਣ ਲਈ (ਬਾਕੀ ਸਫਾ 2 'ਤੇ)

*ਮੋਦੀ ਵੱਲੋਂ ਫਰਾਂਸ ਦੇ ਰਾਸ਼ਟਰਪਤੀ ਮੈਕਰੋਂ ਨਾਲ ਫੋਨ 'ਤੇ ਗੱਲਬਾਤ*

## ਪੱਛਮੀ ਏਸ਼ੀਆ ਵਿੱਚ ਬਣੀ ਨਾਜ਼ੁਕ ਸਥਿਤੀ ਸਮੇਤ ਕਈ ਅਹਿਮ ਮੁੱਦਿਆਂ 'ਤੇ ਕੀਤੀ ਚਰਚਾ

**ਚੜ੍ਹਦੀਕਲਾ ਬਿਊਰੋ**

================

ਨਵੀਂ ਦਿੱਲੀ, 19 ਮਾਰਚ: ਈਰਾਨ, ਇਜ਼ਰਾਈਲ ਅਤੇ ਅਮਰੀਕਾ ਵਿਚਕਾਰ ਤੇਜ਼ ਹੁੰਦੀ ਜਾ ਰਹੀ ਜੰਗ ਵਿਚਾਲੇ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਫਰਾਂਸ ਦੇ ਰਾਸ਼ਟਰਪਤੀ ਇਮੈਨੁਅਲ ਮੈਕਰੋਂ ਨਾਲ ਫ਼ੋਨ 'ਤੇ ਵਿਸਥਾਰਪੂਰਵਕ ਗੱਲਬਾਤ ਕੀਤੀ। ਇਸ ਗੱਲਬਾਤ ਦੌਰਾਨ ਦੋਵਾਂ ਆਗੂਆਂ ਨੇ ਪੱਛਮੀ ਏਸ਼ੀਆ 'ਚ ਬਣੀ ਹੋਈ ਨਾਜ਼ੁਕ ਸਥਿਤੀ 'ਤੇ ਡੂੰਘੀ ਚਿੰਤਾ ਪ੍ਰਗਟਾਈ ਅਤੇ ਖੇਤਰ ਵਿੱਚ ਤਣਾਅ ਘਟਾਉਣ ਲਈ ਤੁਰੰਤ ਕਦਮ ਚੁੱਕਣ ਦੀ ਲੋੜ 'ਤੇ ਸਹਿਮਤੀ ਜਤਾਈ।



ਪ੍ਰਧਾਨ ਮੰਤਰੀ ਮੋਦੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਕਿਸੇ ਵੀ ਵਿਵਾਦ ਦਾ ਹੱਲ ਜੰਗ ਨਾਲ ਨਹੀਂ, ਸਗੋਂ ਗੱਲਬਾਤ ਅਤੇ ਕੂਟਨੀਤੀ ਰਾਹੀਂ ਹੀ ਸੰਭਵ ਹੈ। ਦੋਵਾਂ ਨੇਤਾਵਾਂ ਨੇ ਸਹਿਮਤੀ ਜਤਾਈ ਕਿ ਖੇਤਰ ਵਿੱਚ ਸ਼ਾਂਤੀ ਅਤੇ ਸਥਿਰਤਾ ਬਹਾਲ ਕਰਨ ਲਈ ਭਾਰਤ ਅਤੇ ਫਰਾਂਸ ਆਪਸੀ ਤਾਲਮੇਲ ਜਾਰੀ ਰੱਖਣਗੇ। ਮੋਦੀ ਨੇ ਸੋਸ਼ਲ ਮੀਡੀਆ 'ਤੇ ਇਕ ਪੋਸਟ ਸਾਂਝੀ ਕਰਦੇ ਹੋਏ ਲਿਖਿਆ,'ਮੇਰੇ ਪਿਆਰੇ ਦੋਸਤ ਰਾਸ਼ਟਰਪਤੀ ਮੈਕਰੋਂ ਨਾਲ ਗੱਲਬਾਤ ਹੋਈ। ਅਸੀਂ ਪੱਛਮੀ ਏਸ਼ੀਆ ਦੇ ਹਾਲਾਤ ਅਤੇ ਸ਼ਾਂਤੀ ਦੀ ਮੁੜ ਬਹਾਲੀ ਲਈ ਰਣਨੀਤਕ ਤਾਲਮੇਲ ਵਧਾਉਣ 'ਤੇ ਚਰਚਾ ਕੀਤੀ ਤੇ ਅਸੀਂ ਆਪਣੇ ਸਹਿਯੋਗ ਨੂੰ ਅੱਗੇ ਹੋਰ ਜਾਰੀ ਰੱਖਣ ਅਤੇ ਇਲਾਕੇ 'ਚ (ਬਾਕੀ ਸਫਾ 2 'ਤੇ)

### ਪ੍ਰਧਾਨ ਮੰਤਰੀ ਵੱਲੋਂ ਓਮਾਨ ਦੇ ਸੁਲਤਾਨ ਤੇ ਮਲੇਸ਼ੀਆ ਦੇ ਪੀ.ਐਮ. ਨਾਲ ਗੱਲਬਾਤ

ਨਵੀਂ ਦਿੱਲੀ, 19 ਮਾਰਚ (ਚ.ਨ.ਸ.): ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀਰਵਾਰ ਨੂੰ ਓਮਾਨ ਦੇ ਸੁਲਤਾਨ ਹੈਥਮ ਬਿਨ ਤਾਰਿਕ ਅਤੇ ਮਲੇਸ਼ੀਆ ਦੇ ਪ੍ਰਧਾਨ ਮੰਤਰੀ ਅਨਵਰ ਇਬਰਾਹਿਮ ਨਾਲ ਫ਼ੋਨ 'ਤੇ ਮਹੱਤਵਪੂਰਨ ਗੱਲਬਾਤ ਕੀਤੀ। ਇਸ ਦੌਰਾਨ ਉਨ੍ਹਾਂ ਨੇ ਪੱਛਮੀ ਏਸ਼ੀਆ ਦੀ ਚਿੰਤਾਜਨਕ ਸਥਿਤੀ 'ਤੇ ਚਰਚਾ ਕੀਤੀ ਅਤੇ ਖੇਤਰ ਵਿੱਚ ਸ਼ਾਂਤੀ ਅਤੇ ਸਥਿਰਤਾ ਬਹਾਲ ਕਰਨ ਲਈ ਗੱਲਬਾਤ ਅਤੇ ਕੂਟਨੀਤੀ ਨੂੰ ਤਰਜੀਹ ਦੇਣ ਦੀ ਲੋੜ 'ਤੇ ਸਹਿਮਤੀ ਜਤਾਈ। (ਬਾਕੀ ਸਫਾ 2 'ਤੇ)

## ਭਾਰਤੀ ਸ਼ੇਅਰ ਬਾਜ਼ਾਰ 'ਚ ਇੱਕ ਦਿਨ ਵਿੱਚ ਨਿਵੇਸ਼ਕਾਂ ਦੇ ਡੁੱਬੇ 12.87 ਲੱਖ ਕਰੋੜ

**ਚੜ੍ਹਦੀਕਲਾ ਬਿਊਰੋ**

================

ਮੁੰਬਈ, 19 ਮਾਰਚ: ਭਾਰਤੀ ਸ਼ੇਅਰ ਬਾਜ਼ਾਰ ਵਿੱਚ ਅੱਜ ਵੀਰਵਾਰ ਵਾਲੇ ਦਿਨ ਭਾਰੀ ਗਿਰਾਵਟ ਦੇਖਣ ਨੂੰ ਮਿਲੀ। ਬੀ.ਐੱਸ.ਈ. ਸੈਂਸੈਕਸ 2,496.89 ਅੰਕ ਯਾਨੀ 3.26 ਫੀਸਦੀ ਦੀ ਵੱਡੀ ਗਿਰਾਵਟ ਨਾਲ 74,207.24 'ਤੇ ਬੰਦ ਹੋਇਆ। ਜੂਨ 2024 ਤੋਂ ਬਾਅਦ ਇੱਕ ਦਿਨ ਵਿੱਚ ਇਹ ਸਭ ਤੋਂ ਵੱਡੀ ਗਿਰਾਵਟ ਹੈ। ਦਿਨ ਦੇ ਸਮੇਂ ਇੱਕ ਵਾਰ ਤਾਂ ਸੈਂਸੈਕਸ 2,753 ਅੰਕਾਂ ਤੱਕ ਹੇਠਾਂ ਚਲਾ ਗਿਆ ਸੀ। ਇਸੇ ਤਰ੍ਹਾਂ ਐੱਨ.ਐੱਸ.ਈ. ਨਿਫਟੀ ਵੀ 775.65 ਅੰਕ ਡਿੱਗ ਕੇ 23,002.15 'ਤੇ ਬੰਦ ਹੋਇਆ।

**ਜੂਨ, 2024 ਤੋਂ ਬਾਅਦ ਇੱਕ ਦਿਨ ਵਿੱਚ ਸਭ ਤੋਂ ਵੱਡੀ ਗਿਰਾਵਟ ਦਰਜ**

**ਨਿਵੇਸ਼ਕਾਂ ਦੇ 12.87 ਲੱਖ ਕਰੋੜ ਡੁੱਬੇ:** ਸ਼ੇਅਰ ਬਜ਼ਾਰ ਵਿੱਚ ਜਾਰੀ ਹਲਚਲ ਕਾਰਨ (ਬਾਕੀ ਸਫਾ 2 'ਤੇ)

### ਸੋਨੇ-ਚਾਂਦੀ ਦੇ ਭਾਅ 'ਚ ਭਾਰੀ ਗਿਰਾਵਟ ਦਰਜ

ਨਵੀਂ ਦਿੱਲੀ, 19 ਮਾਰਚ (ਚ.ਨ.ਸ.):ਸੋਨੇ ਅਤੇ ਚਾਂਦੀ ਦੇ ਵਾਅਦਾ ਬਾਜ਼ਾਰਾਂ ਵਿੱਚ ਅੱਜ ਫਿਰ ਗਿਰਾਵਟ ਦੇਖਣ ਨੂੰ ਮਿਲੀ ਹੈ। ਵੀਰਵਾਰ ਨੂੰ ਸੋਨਾ-ਚਾਂਦੀ ਦੀਆਂ ਕੀਮਤਾਂ ਕਮਜ਼ੋਰ ਰੁਖ਼ ਨਾਲ ਖੁੱਲ੍ਹੀਆਂ। ਘਰੇਲੂ ਬਾਜ਼ਾਰ ਵਿੱਚ ਸੋਨੇ ਦੇ ਵਾਅਦਾ ਭਾਅ ਲਗਭਗ 992 ਰੁਪਏ ਡਿੱਗ ਕੇ 1,52,033 ਰੁਪਏ ਪ੍ਰਤੀ 10 ਗ੍ਰਾਮ ਹੋ ਗਏ ਸਨ। ਚਾਂਦੀ ਦੀਆਂ ਕੀਮਤਾਂ 3,577 ਰੁਪਏ ਡਿੱਗ ਕੇ ਲਗਭਗ 2,44,617 ਰੁਪਏ ਪ੍ਰਤੀ ਕਿਲੋਗ੍ਰਾਮ 'ਤੇ ਵਪਾਰ (ਬਾਕੀ ਸਫਾ 2 'ਤੇ)

*ਮੌਸਮ ਵਿਭਾਗ ਵੱਲੋਂ ਅਲਰਟ ਜਾਰੀ*

## ਪੰਜਾਬ 'ਚ 3 ਦਿਨ ਪਵੇਗਾ ਭਾਰੀ ਮੀਂਹ, ਤੂਫ਼ਾਨ ਦੀ ਸੰਭਾਵਨਾ

**ਚੜ੍ਹਦੀਕਲਾ ਬਿਊਰੋ**

================

ਚੰਡੀਗੜ੍ਹ, 19 ਮਾਰਚ: ਪੰਜਾਬ 'ਚ ਸਵੇਰ ਤੋਂ ਕਈ ਇਲਾਕਿਆਂ 'ਚ ਲਗਾਤਾਰ ਮੀਂਹ ਪੈ ਰਿਹਾ ਹੈ। ਜਿਸ ਨਾਲ ਤਾਪਮਾਨ 'ਚ ਵੱਡੀ ਗਿਰਾਵਟ ਆਈ ਹੈ। ਬੀਤੇ ਦਿਨ ਤੋਂ ਕਈ ਇਲਾਕਿਆਂ ਵਿੱਚ ਤੇਜ਼ ਹਵਾਵਾਂ ਨਾਲ ਮੀਂਹ ਪਿਆ ਅਤੇ ਅਸਮਾਨ ਵੀ ਬੱਦਲਾਂ ਨਾਲ ਘਿਰਿਆ ਹੋਇਆ ਹੈ। ਕਈ ਥਾਵਾਂ 'ਤੇ ਮੌਸਮ ਬਦਲਣ ਕਾਰਨ ਤਾਪਮਾਨ ਵੱਡੇ ਪੱਧਰ 'ਤੇ ਡਿੱਗਿਆ



ਹੈ ਅਤੇ ਫਿਰ ਤੋਂ ਜਨਵਰੀ ਦੀ ਠੰਢ ਵਰਗਾ ਅਹਿਸਾਸ ਹੋ ਰਿਹਾ ਹੈ। ਇਸੇ ਦੌਰਾਨ ਲੋਕਾਂ ਨੂੰ ਫਿਰ ਤੋਂ ਗਰਮ ਕੱਪੜੇ ਪਾਉਣ ਲਈ ਮਜ਼ਬੂਰ ਹੋਣਾ ਪਿਆ। ਮੌਸਮ ਵਿਭਾਗ ਨੇ ਚੇਤਾਵਨੀ ਦਿੱਤੀ ਹੈ ਕਿ ਸੂਬੇ ਦੇ ਕਈ ਹਿੱਸਿਆਂ ਵਿੱਚ ਗਰਜ-ਚਮਕ ਨਾਲ ਮੀਂਹ ਪੈ ਸਕਦਾ ਹੈ, ਤੇਜ਼ ਹਵਾਵਾਂ ਚੱਲ ਸਕਦੀਆਂ ਹਨ ਅਤੇ ਕੁਝ ਥਾਵਾਂ 'ਤੇ ਗੜ੍ਹੇਮਾਰੀ ਹੋਣ ਦੀ ਵੀ ਸੰਭਾਵਨਾ ਹੈ। ਇਸੇ ਦੌਰਾਨ ਮੌਸਮ ਵਿਭਾਗ ਵੱਲੋਂ ਅੱਜ ਤੋਂ 23 ਮਾਰਚ ਤੱਕ ਮੌਸਮ ਦੀ ਜਾਣਕਾਰੀ ਦਿੱਤੀ ਹੈ। ਵਿਭਾਗ ਮੁਤਾਬਕ 20 ਮਾਰਚ ਨੂੰ ਸੂਬੇ 'ਚ ਵੱਡੇ ਪੱਧਰ 'ਤੇ ਤੇਜ਼ ਬਾਰਿਸ਼ ਹੋਵੇਗੀ। ਤੇਜ਼ ਤੂਫ਼ਾਨ ਦੇ ਨਾਲ 40 ਤੋਂ 50 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ (ਬਾਕੀ ਸਫਾ 2 'ਤੇ)

*ਸ਼ਰਾਬ ਨੀਤੀ ਮਾਮਲਾ*

## ਅਦਾਲਤ ਨੇ ਕੇਜਰੀਵਾਲ-ਸਿਸੋਦੀਆ ਨੂੰ ਜਵਾਬ ਦੇਣ ਲਈ ਦਿੱਤਾ ਸਮਾਂ

**ਚੜ੍ਹਦੀਕਲਾ ਬਿਊਰੋ**

================

ਨਵੀਂ ਦਿੱਲੀ, 19 ਮਾਰਚ:ਦਿੱਲੀ ਹਾਈ ਕੋਰਟ ਨੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ ਅਤੇ 21 ਹੋਰਾਂ ਨੂੰ ਇਨਫੋਰਸਮੈਂਟ ਡਾਇਰੈਕਟੋਰੇਟ (ਈ.ਡੀ.) ਦੀ ਉਸ ਪਟੀਸ਼ਨ 'ਤੇ ਜਵਾਬ ਦੇਣ ਲਈ 2 ਅਪ੍ਰੈਲ ਤੱਕ ਦਾ ਸਮਾਂ ਦਿੱਤਾ ਹੈ, ਜਿਸ ਵਿੱਚ ਟਰਾਇਲ ਕੋਰਟ (ਹੇਠਲੀ ਅਦਾਲਤ) ਵੱਲੋਂ ਸ਼ਰਾਬ ਨੀਤੀ ਮਾਮਲੇ ਵਿੱਚ ਉਨ੍ਹਾਂ ਨੂੰ ਡਿਸਚਾਰਜ ਕਰਦੇ ਹੋਏ ਏਜੰਸੀ ਦੇ ਵਿਰੁੱਧ ਕੀਤੀਆਂ ਗਈਆਂ 'ਗੈਰ-ਵਾਜਬ' ਟਿੱਪਣੀਆਂ ਨੂੰ ਹਟਾਉਣ ਦੀ ਮੰਗ ਕੀਤੀ ਗਈ ਹੈ।

ਜਸਟਿਸ ਸਵਰਨਾ ਕਾਂਤਾ ਸ਼ਰਮਾ ਨੇ ਕੇਜਰੀਵਾਲ ਅਤੇ ਹੋਰ ਮੁਲਜ਼ਮਾਂ ਵੱਲੋਂ ਪੇਸ਼ ਹੋਏ ਵਕੀਲਾਂ ਵੱਲੋਂ ਹੋਰ ਸਮਾਂ ਮੰਗਣ 'ਤੇ ਨਾਰਾਜ਼ਗੀ ਜ਼ਾਹਰ ਕੀਤੀ ਅਤੇ ਕਿਹਾ ਕਿ (ਬਾਕੀ ਸਫਾ 2 'ਤੇ)




# ਕੰਢੀ ਇਲਾਕਾ ਹੁਣ ਪੱਛੜਿਆ ਨਹੀਂ ਰਿਹਾ: ਭਗਵੰਤ ਮਾਨ ਸਰਕਾਰ ਨੇ ਨਹਿਰੀ ਪਾਣੀ ਉੱਚੇ ਇਲਾਕਿਆਂ ਤੱਕ ਪਹੁੰਚਾਇਆ: ਗੋਇਲ

ਚੰਡੀਗੜ੍ਹ/ਕਾਠਗੜ੍ਹ (ਐਸ.ਬੀ.ਐਸ. ਨਗਰ), 19 ਮਾਰਚ (ਚ.ਨ.ਸ.): ਪੰਜਾਬ ਦੇ ਜਲ ਸਰੋਤ ਅਤੇ ਭੂਮੀ ਤੇ ਜਲ ਸੰਭਾਲ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਕਿਹਾ ਕਿ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਹਰ ਖੇਤਰ ਵਿੱਚ ਆਪਣੇ ਵਾਅਦੇ ਨਿਭਾਅ ਰਹੀ ਹੈ ਅਤੇ ਸਾਰੀਆਂ ਗਾਰੰਟੀਆਂ ਬਿਨਾਂ ਕਿਸੇ ਪੱਖਪਾਤ ਤੋਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਲੰਮੇ ਸਮੇਂ ਤੋਂ ਅਣਦੇਖੀ ਦਾ ਸ਼ਿਕਾਰ ਰਹੇ ਕੰਢੀ ਇਲਾਕੇ ਵਿੱਚ ਮਾਨ ਸਰਕਾਰ ਨੇ ਸਿੰਚਾਈ ਖੇਤਰ ਵਿੱਚ ਵੱਡੀ ਪ੍ਰਾਪਤੀ ਦਰਜ ਕੀਤੀ ਹੈ ਅਤੇ ਨੀਮ-ਪਹਾੜੀ ਇਲਾਕੇ ਨੂੰ ਖੇਤੀਯੋਗ ਮੌਕਿਆਂ ਵਿੱਚ ਤਬਦੀਲ ਕਰ ਦਿੱਤਾ ਹੈ।

ਮਾਨ ਸਰਕਾਰ ਨੇ 214 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤੀ ਗਈ ਕਾਠਗੜ੍ਹ ਲਿਫਟ ਸਿੰਚਾਈ ਯੋਜਨਾ ਰਾਹੀਂ ਪਹਿਲੀ ਵਾਰ ਨਹਿਰੀ ਪਾਣੀ ਨੂੰ ਉੱਚੇ ਇਲਾਕਿਆਂ ਤੱਕ ਪਹੁੰਚਾਇਆ ਹੈ। ਉਨ੍ਹਾਂ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਕਿਸਾਨ-ਹਿਤੈਸ਼ੀ ਨੀਤੀਆਂ ਉੱਤੇ ਜ਼ੋਰ ਦਿੰਦਿਆਂ ਕਿਹਾ ਕਿ ਇਸ ਪ੍ਰਾਜੈਕਟ ਨਾਲ ਪਾਣੀ ਦੀ ਵਰਤੋਂ ਵਧੀਆ ਢੰਗ ਨਾਲ ਹੋਵੇਗੀ, ਵੱਡੇ ਪੱਧਰ 'ਤੇ ਚਾਂਗਾਰ ਨਿਵੇਸ਼ ਹੋਵੇਗਾ ਅਤੇ ਕਿਸਾਨਾਂ ਨੂੰ ਰਾਹਤ ਦੇਣ ਸਣੇ ਉਨ੍ਹਾਂ ਦੀ ਜ਼ਿੰਦਗੀ ਵਿੱਚ ਆਰਥਿਕ ਪੱਧਰ 'ਤੇ ਬਦਲਾਅ ਲਿਆਉਣ ਵਾਲੀ ਦੂਰਦਰਸ਼ੀ ਸੋਚ ਨੂੰ ਮਜ਼ਬੂਤੀ ਮਿਲੀ ਹੈ।

ਇਸ ਇਤਿਹਾਸਕ ਕਦਮ ਤਹਿਤ ਬਰਿੰਦਰ ਕੁਮਾਰ ਗੋਇਲ ਨੇ ਅੱਜ 214 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤੀ ਕਾਠਗੜ੍ਹ ਲਿਫਟ ਸਿੰਚਾਈ ਯੋਜਨਾ ਦਾ ਉਦਘਾਟਨ ਕੀਤਾ। ਇਸ ਯੋਜਨਾ ਨਾਲ ਪਹਿਲੀ ਵਾਰ ਨਹਿਰੀ ਪਾਣੀ ਨੂੰ ਉੱਚੇ ਖੇਤਰਾਂ ਵਿੱਚ ਸਫ਼ਲਤਾਪੂਰਵਕ ਪਹੁੰਚਾਇਆ ਗਿਆ ਹੈ, ਜਿਸ ਨਾਲ ਕੰਢੀ ਇਲਾਕੇ ਦੀ ਸੁੱਕੀ ਅਤੇ ਮੀਂਹ 'ਤੇ ਨਿਰਭਰ ਜ਼ਮੀਨ ਨੂੰ



ਯਕੀਨਨ ਸਿੰਚਾਈ ਸਹੂਲਤਾਂ ਮਿਲਣਗੀਆਂ। ਉਨ੍ਹਾਂ ਦੱਸਿਆ ਕਿ ਇਸ ਪ੍ਰਾਜੈਕਟ ਨਾਲ ਲਗਭਗ 33 ਪਿੰਡਾਂ ਦੀ 11,500 ਏਕੜ ਜ਼ਮੀਨ ਨੂੰ ਸਿੰਚਾਈ ਸਹੂਲਤ ਮਿਲੇਗੀ, ਜਿਸ ਨਾਲ ਖੇਤੀਬਾੜੀ ਉਤਪਾਦਕਤਾ ਵਿੱਚ ਵਾਧਾ ਹੋਵੇਗਾ ਅਤੇ ਕਿਸਾਨਾਂ ਦੀ ਆਮਦਨ ਵਿੱਚ ਇਜ਼ਾਫ਼ਾ ਹੋਵੇਗਾ। ਇਹ ਪਹਿਲ ਖੇਤਰ ਦੀ ਖੇਤੀਬਾੜੀ ਤਸਵੀਰ ਨੂੰ ਬਦਲਣ ਵਿੱਚ ਮੀਲ ਪੱਥਰ ਸਾਬਤ ਹੋਵੇਗੀ ਅਤੇ ਕਿਸਾਨਾਂ ਨੂੰ ਵਧੀਆ ਫ਼ਸਲਾਂ ਉਗਾਉਣ ਦੇ ਨਾਲ-ਨਾਲ ਜ਼ਮੀਨ ਦੀ ਕੀਮਤ ਵਧਾਉਣ ਵਿੱਚ ਮੱਦਦ ਕਰੇਗੀ। ਉਦਘਾਟਨ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ, 'ਕਾਠਗੜ੍ਹ ਲਿਫਟ ਸਿੰਚਾਈ ਯੋਜਨਾ ਕੰਢੀ ਨਹਿਰ ਸਿਸਟਮ ਅਤੇ ਬਿਸਤ-ਦੁਆਬ ਪ੍ਰਣਾਲੀ ਰਾਹੀਂ, ਉਚਾਈ ਕਾਰਨ ਸਿੰਜਾਈ ਤੋਂ ਵਾਂਝੇ ਰਹਿ ਗਏ ਖੇਤਰਾਂ ਨੂੰ ਸਿੰਚਾਈ ਸਹੂਲਤਾਂ ਮੁਹੱਈਆ ਕਰਵਾਉਣ ਲਈ ਇਹ ਇਕ ਇਤਿਹਾਸਿਕ ਉਪਰਾਲਾ ਸਾਬਿਤ ਹੋਵੇਗਾ।' ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਨਾਲ ਇਸ ਖੇਤਰ ਨੂੰ ਬਹੁਤ ਲਾਭ ਹੋਵੇਗਾ ਅਤੇ ਧਰਤੀ ਹੇਠਲੇ ਪਾਣੀ 'ਤੇ ਦਬਾਅ ਵੀ ਘਟੇਗਾ।' ਇਸ ਪ੍ਰੋਜੈਕਟ ਸਬੰਧੀ ਜਾਣਕਾਰੀ ਦਿੰਦਿਆਂ ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਨੂੰ ਤਿੰਨ ਪੜਾਵਾਂ ਵਿੱਚ ਮੁਕੰਮਲ ਕੀਤਾ ਜਾਵੇਗਾ। ਉਨ੍ਹਾਂ ਕਿਹਾ, '67 ਕਰੋੜ ਰੁਪਏ ਦੀ ਲਾਗਤ ਵਾਲਾ ਪਹਿਲਾ ਪੜਾਅ ਫਰਵਰੀ 2026 ਵਿੱਚ ਮੁਕੰਮਲ ਹੋ ਚੁੱਕਾ ਹੈ, ਜਿਸ ਤਹਿਤ 13 ਪਿੰਡਾਂ ਦੇ 4,000 ਏਕੜ ਰਕਬੇ ਨੂੰ ਕਵਰ ਕੀਤਾ ਗਿਆ ਹੈ। 107 ਕਰੋੜ ਰੁਪਏ ਦੀ ਲਾਗਤ ਵਾਲੇ ਦੂਜਾ ਪੜਾਅ ਦੇ ਸਤੰਬਰ 2026 ਤੱਕ ਮੁਕੰਮਲ ਹੋਣ ਦੀ ਸੰਭਾਵਨਾ ਹੈ, ਜਿਸ ਤਹਿਤ 14 ਪਿੰਡਾਂ ਦੇ 5,500 ਏਕੜ ਰਕਬੇ ਨੂੰ ਕਵਰ ਕੀਤਾ ਜਾਵੇਗਾ, ਜਦੋਂ ਕਿ 40 ਕਰੋੜ ਦੀ ਲਾਗਤ ਵਾਲੇ ਤੀਜੇ ਪੜਾਅ ਨਾਲ 6 ਪਿੰਡਾਂ ਵਿੱਚ 2,000 ਏਕੜ ਰਕਬੇ ਲਈ ਸਿੰਚਾਈ ਯਕੀਨੀ ਬਣਾਏਗੀ ਜਾਵੇਗੀ।' ਉਨ੍ਹਾਂ ਕਿਹਾ ਕਿ ਬਿਜਲੀ ਦੇ ਬੋਝ ਨੂੰ ਘੱਟ ਕਰਨ ਲਈ 650 ਕਿਲੋਵਾਟ ਦਾ ਸੋਲਰ ਪਲਾਂਟ ਵੀ ਲਗਾਇਆ ਗਿਆ ਹੈ। ਤਕਨੀਕੀ ਪਹਿਲੂਆਂ ਨੂੰ ਉਜਾਗਰ ਕਰਦਿਆਂ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਇਸ ਸਕੀਮ ਨੂੰ ਬਿਸਤ ਦੁਆਬ ਨਹਿਰ ਨਾਲ ਜੋੜਿਆ ਗਿਆ ਹੈ, ਜਿਸ ਦੀ ਡਿਸਚਾਰਜ ਸਮਰੱਥਾ 67 ਕਿਊਸਿਕ ਹੈ। ਇਸ ਤਹਿਤ ਪੰਪਾਂ ਰਾਹੀਂ ਪਾਣੀ ਉੱਪਰ ਚੁੱਕਿਆ ਜਾਵੇਗਾ ਅਤੇ ਉੱਚ-ਨੀਵੇਂ ਅਤੇ ਅਰਧ-ਪਹਾੜੀ ਖੇਤੀਬਾੜੀਯੋਗ ਖੇਤਰਾਂ ਵਿੱਚ ਇੱਕ ਵਿਸ਼ਾਲ ਪਾਈਪਲਾਈਨ ਨੈੱਟਵਰਕ ਰਾਹੀਂ ਸਪਲਾਈ ਕੀਤਾ ਜਾਵੇਗਾ। ਉਨ੍ਹਾਂ ਅੱਗੇ ਕਿਹਾ ਕਿ ਪੰਪ ਹਾਊਸ ਲਈ ਵਿਭਾਗ ਦੀ ਮੌਜੂਦਾ ਜ਼ਮੀਨ ਦੀ ਵਰਤੋਂ ਕੀਤੀ ਗਈ ਸੀ, ਜਿਸ ਨਾਲ ਜ਼ਮੀਨ ਪ੍ਰਾਪਤੀ ਦੀ ਜ਼ਰੂਰਤ ਨਹੀਂ ਸੀ।

ਇਸ ਪ੍ਰੋਜੈਕਟ ਦੀ ਮਹੱਤਤਾ 'ਤੇ ਚਾਨਣਾ ਪਾਉਂਦਿਆਂ ਮੰਤਰੀ ਨੇ ਅੱਗੇ ਕਿਹਾ, 'ਧਰਤੀ ਹੇਠਲੇ ਪਾਣੀ ਦੇ ਪੱਧਰ ਵਿੱਚ ਕਮੀ ਅਤੇ ਟਿਊਬਵੈੱਲਾਂ ਬੰਦ ਹੋਣ ਕਾਰਨ ਕੰਢੀ ਖੇਤਰ ਦੇ ਕਿਸਾਨਾਂ ਨੂੰ ਬਾਰਿਸ਼ 'ਤੇ ਬਹੁਤ ਜ਼ਿਆਦਾ ਨਿਰਭਰ ਕਰਨਾ ਪੈਂਦਾ ਸੀ, ਜਿਸ ਕਾਰਨ ਫਸਲੀ ਵਿਭਿੰਨਤਾ ਅਤੇ ਉਤਪਾਦਕਤਾ ਸੀਮਤ ਰਹਿ ਗਈ ਸੀ। ਅਰਧ-ਪਹਾੜੀ ਇਲਾਕਾ ਹੋਣ ਕਰਕੇ, ਰਵਾਇਤੀ ਨਹਿਰੀ ਪ੍ਰਣਾਲੀਆਂ ਪਹਿਲਾਂ ਸੰਭਵ ਨਹੀਂ ਸਨ, ਜਿਸ ਕਾਰਨ ਜ਼ਮੀਨ ਦੀਆਂ ਕੀਮਤਾਂ ਵੀ ਘੱਟ ਸਨ। ਇਸ ਪ੍ਰੋਜੈਕਟ ਨੂੰ ਡਿਜ਼ਾਈਨ ਕਰਨ ਲਈ ਉੱਨਤ ਸੈਟੇਲਾਈਟ ਅਤੇ ਡਰੋਨ ਸਰਵੇਖਣ ਕੀਤੇ ਗਏ ਅਤੇ ਆਈ.ਆਈ.ਟੀ.ਰੁੜਕੀ ਅਤੇ ਆਈ.ਆਈ.ਟੀ.ਰੋਪੜ ਵਿਖੇ ਤਕਨੀਕੀ ਸਟਾਫ ਨੂੰ ਸਿਖਲਾਈ ਦਿੱਤੀ ਗਈ, ਜਿਸ ਤੋਂ ਬਾਅਦ ਇਸ ਨੂੰ ਛੇ ਮਹੀਨਿਆਂ ਅੰਦਰ ਜੰਗੀ ਪੱਧਰ 'ਤੇ ਲਾਗੂ ਕੀਤਾ ਗਿਆ।'

ਉਨ੍ਹਾਂ ਅੱਗੇ ਕਿਹਾ, 'ਇਸ ਪ੍ਰਾਜੈਕਟ ਤੋਂ ਪਹਿਲਾਂ ਬਲਾਚੌਰ ਹਲਕੇ ਦੇ 72 ਪਿੰਡਾਂ ਵਿੱਚ 28,205 ਏਕੜ 'ਤੇ ਸਿੰਚਾਈ ਦੀ ਸਹੂਲਤ ਉਪਲਬਧ ਸੀ। ਇਸ ਯੋਜਨਾ ਦੇ ਮੁਕੰਮਲ ਹੋਣ ਨਾਲ ਸਿੰਚਾਈ ਦਾ ਦਾਇਰਾ 105 ਪਿੰਡਾਂ ਵਿੱਚ 39,705 ਏਕੜ ਤੱਕ ਪਹੁੰਚ ਜਾਵੇਗਾ। ਉਨ੍ਹਾਂ ਦੱਸਿਆ ਕਿ ਸੁਚੱਜੇ ਢੰਗ ਨਾਲ ਖੇਤਾਂ ਤੱਕ ਪਾਣੀ ਪਹੁੰਚਣ ਲਈ ਲਗਭਗ 94,000 ਕਿਲੋਮੀਟਰ ਪਾਈਪਲਾਈਨ ਵਿਛਾਈਆਂ ਗਈਆਂ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਸੂਬੇ ਨੇ ਸਿੰਚਾਈ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਨਿਰਵਿਘਨ ਨਹਿਰੀ ਪਾਣੀ ਦੀ ਸਪਲਾਈ ਨੂੰ ਯਕੀਨੀ ਬਣਾਉਣ ਲਈ ਹੁਣ ਤੱਕ 6700 ਕਰੋੜ ਰੁਪਏ ਖਰਚ ਕੀਤੇ ਹਨ। ਉਨ੍ਹਾਂ ਕਿਹਾ, "ਪਹਿਲਾਂ ਸਿੰਚਾਈ ਲਈ ਸਿਰਫ਼ 22 ਫੀਸਦੀ ਪਾਣੀ ਦੀ ਵਰਤੋਂ ਕੀਤੀ ਜਾਂਦੀ ਸੀ ਪਰ ਮਾਨ ਸਰਕਾਰ ਦੇ ਸੁਹਿਰਦ ਯਤਨਾਂ ਸਦਕਾ ਨਹਿਰੀ ਪਾਣੀ ਵਰਤੋਂ ਹੁਣ ਵਧ ਕੇ 78 ਫ਼ੀਸਦੀ ਹੋ ਗਈ ਹੈ। ਨਹਿਰਾਂ ਦੀ ਮਜ਼ਬੂਤੀ ਨਾਲ ਧਰਤੀ ਹੇਠਲੇ ਪਾਣੀ ਦੇ ਪੱਧਰ ਵਿੱਚ ਸੁਧਾਰ, ਬਿਜਲੀ ਦੀ ਖਪਤ ਵਿੱਚ ਕਮੀ ਅਤੇ ਮਿੱਟੀ ਦੀ ਉਪਜਾਊ ਸ਼ਕਤੀ ਵਿੱਚ ਵੀ ਵਾਧਾ ਹੋਇਆ ਹੈ।' ਕੰਢੀ ਨਹਿਰ ਬਾਰੇ ਵੇਰਵੇ ਸਾਂਝੇ ਕਰਦਿਆਂ ਮੰਤਰੀ ਨੇ ਕਿਹਾ ਕਿ ਇਹ ਨਹਿਰ ਤਲਵਾੜਾ ਤੋਂ ਬਲਾਚੌਰ ਤੱਕ ਲੰਘਦੀ ਹੈ, ਇਸ ਦੀ ਕੁੱਲ ਲੰਬਾਈ 129.035 ਕਿਲੋਮੀਟਰ ਅਤੇ ਡਿਸਚਾਰਜ ਸਮਰੱਥਾ 463 ਕਿਊਸਿਕ ਹੈ। 1980 ਵਿੱਚ ਸ਼ੁਰੂ ਹੋਣ ਦੇ ਬਾਵਜੂਦ ਪਾਣੀ ਪਹਿਲੀ ਟੇਲ-ਐਂਡਾਂ ਤੱਕ ਨਹੀਂ ਪਹੁੰਚਦਾ ਸੀ। 'ਆਪ' ਸਰਕਾਰ ਨੇ ਪਾਣੀ ਦੇ ਨਿਰੰਤਰ ਪ੍ਰਵਾਹ ਨੂੰ ਯਕੀਨੀ ਬਣਾਇਆ, 1500 ਕਿਲੋਮੀਟਰ ਪੁਰਾਣੀਆਂ ਪਾਈਪਲਾਈਨਾਂ ਨੂੰ ਬਹਾਲ ਕੀਤਾ, 300 ਕਿਲੋਮੀਟਰ ਨਵੀਆਂ ਪਾਈਪਲਾਈਨਾਂ ਵਿਛਾਈਆਂ ਅਤੇ 120 ਕਿਲੋਮੀਟਰ ਨਹਿਰਾਂ ਅਤੇ ਖਾਲਿਆਂ ਨੂੰ ਰੀਲਾਈਨ ਕੀਤਾ, ਜਿਸ ਨਾਲ ਤਿੰਨ ਦਹਾਕਿਆਂ ਬਾਅਦ 12 ਬਲਾਕਾਂ ਦੀ 128740 ਏਕੜ ਜ਼ਮੀਨ ਨੂੰ ਲਾਭ ਹੋਇਆ। ਲੋਕ-ਭਲਾਈ ਪਹਿਲਕਦਮੀਆਂ ਦਾ ਜ਼ਿਕਰ ਕਰਦਿਆਂ ਬਰਿੰਦਰ ਕੁਮਾਰ ਗੋਇਲ ਨੇ ਕਿਹਾ,"ਭਗਵੰਤ ਮਾਨ ਸਰਕਾਰ ਵੱਲੋਂ 10 ਲੱਖ ਰੁਪਏ ਤੱਕ ਦੇ ਬੀਮਾ ਕਵਰ ਦੇ ਨਾਲ ਮੁਫਤ ਤੇ ਮਿਆਰੀ ਸਿਹਤ ਸੰਭਾਲ ਅਤੇ ਘਰਾਂ ਨੂੰ 600 ਯੂਨਿਟ ਮੁਫਤ ਬਿਜਲੀ ਪ੍ਰਦਾਨ ਕੀਤੀ ਜਾ ਰਹੀ ਹੈ।

ਪੰਜਾਬ-ਰਾਜਸਥਾਨ ਪਾਣੀ ਸਮਝੌਤਾ

# ਰਾਜਸਥਾਨ ਵੱਲ ਪੰਜਾਬ ਦੇ 1,44,000 ਕਰੋੜ ਬਕਾਏ ਦੇ ਮੁੱਦੇ 'ਤੇ ਵਿਰੋਧੀ ਆਗੂ ਚੁੱਪ ਕਿਉਂ: ਬਲਤੇਜ ਪੰਨੂ

ਚੰਡੀਗੜ੍ਹ, 19 ਮਾਰਚ (ਅੰਮ੍ਰਿਤਪਾਲ ਸਿੰਘ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਰਾਜਸਥਾਨ ਨਾਲ ਪਾਣੀ ਦੇ ਸਮਝੌਤੇ ਨੂੰ ਲੈ ਕੇ ਕੀਤੇ ਗਏ ਵੱਡੇ ਖੁਲਾਸੇ ਤੋਂ ਬਾਅਦ ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸਟੇਟ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਵਿਰੋਧੀ ਪਾਰਟੀਆਂ 'ਤੇ ਤਿੱਖਾ ਹਮਲਾ ਬੋਲਿਆ ਹੈ। ਉਨ੍ਹਾਂ ਕਿਹਾ ਕਿ ਜਦੋਂ ਤੋਂ ਮੁੱਖ ਮੰਤਰੀ ਮਾਨ ਨੇ ਤੱਥਾਂ ਸਮੇਤ ਇਹ ਸਬੂਤ ਪੇਸ਼ ਕੀਤਾ ਹੈ ਕਿ 1920 ਦੇ ਸਮਝੌਤੇ ਤਹਿਤ ਰਾਜਸਥਾਨ ਨੂੰ ਮਿਲਣ ਵਾਲੇ ਪਾਣੀ ਦੇ ਬਦਲੇ ਪੰਜਾਬ ਦਾ 1,44,000 ਕਰੋੜ ਰੁਪਏ ਬਕਾਇਆ ਹੈ, ਉਦੋਂ ਤੋਂ 70 ਸਾਲ ਰਾਜ ਕਰਨ ਵਾਲੀ ਕਾਂਗਰਸ, ਅਕਾਲੀ ਦਲ ਅਤੇ ਭਾਜਪਾ ਦੇ ਆਗੂ ਹੁਣ ਚੁੱਪ ਕਿਉਂ ਹਨ? ਇਨ੍ਹਾਂ ਪਾਰਟੀਆਂ ਕੋਲ ਜਨਤਾ ਦੇ ਸਵਾਲਾਂ ਦਾ ਕੋਈ ਜਵਾਬ ਨਹੀਂ ਹੈ।

ਬਲਤੇਜ ਪੰਨੂ ਨੇ ਭਾਜਪਾ ਪ੍ਰਧਾਨ ਸੁਨੀਲ ਜਾਖੜ ਨੂੰ ਲੰਬੇ ਹੱਥੀਂ ਲੈਂਦਿਆਂ ਕਿਹਾ ਕਿ ਜਾਖੜ ਸਾਹਿਬ ਇਸ ਨੂੰ 'ਸ਼ਗੂਫ਼ਾ' ਦੱਸ ਕੇ ਆਪਣੀ ਜ਼ਿੰਮੇਵਾਰੀ ਤੋਂ ਭੱਜ ਨਹੀਂ ਸਕਦੇ। ਉਨ੍ਹਾਂ ਤਨਜ਼ ਕਸਦਿਆਂ ਕਿਹਾ ਕਿ ਜਾਖੜ ਸਾਹਿਬ, ਜਿਸ ਕਾਂਗਰਸ ਪਾਰਟੀ ਵਿੱਚ ਤੁਸੀਂ ਪਹਿਲਾਂ ਸੀ, ਅੱਜ ਉਹੀ ਲੋਕ ਤੁਹਾਡੇ ਨਾਲ ਭਾਜਪਾ ਵਿੱਚ ਬੈਠੇ ਹਨ, ਜਿਨ੍ਹਾਂ ਨੇ ਕਦੇ ਸੋਨੇ ਦੀ ਕਹੀ ਅਤੇ ਚਾਂਦੀ ਦੀ ਟੋਕਰੀ ਲੈ ਕੇ ਪੰਜਾਬ ਦੀ ਹਿੱਕ 'ਤੇ ਨਹਿਰਾਂ ਪਟਵਾਈਆਂ ਸਨ ਅਤੇ ਪੰਜਾਬ ਦਾ ਪਾਣੀ ਦੂਜੇ ਸੂਬਿਆਂ ਨੂੰ ਲੁਟਾਇਆ ਸੀ। ਅੱਜ ਉਨ੍ਹਾਂ ਗੱਦਾਰੀਆਂ 'ਤੇ ਤੁਸੀਂ ਚੁੱਪ ਕਿਉਂ ਹੋ? ਪੰਜਾਬ ਦੀ ਜਨਤਾ ਤੁਹਾਡੀ ਇਸ ਖ਼ਾਮੋਸ਼ੀ ਦਾ ਮਤਲਬ ਚੰਗੀ ਤਰ੍ਹਾਂ ਸਮਝਦੀ ਹੈ।



ਵਿਰੋਧੀਆਂ ਨੂੰ ਸ਼ੀਸ਼ਾ ਦਿਖਾਉਂਦੇ ਹੋਏ ਪੰਨੂ ਨੇ ਕਿਹਾ ਕਿ ਜਿਸ ਪੰਜਾਬ ਨੂੰ ਇਨ੍ਹਾਂ ਰਵਾਇਤੀ ਪਾਰਟੀਆਂ ਨੇ ਬੰਜਰ ਹੋਣ ਦੇ ਕੰਢੇ 'ਤੇ ਛੱਡ ਦਿੱਤਾ ਸੀ, ਉਸ ਨੂੰ ਮਾਨ ਸਰਕਾਰ ਨੇ ਮਹਿਜ਼ 4 ਸਾਲਾਂ ਵਿੱਚ ਹੀ ਮੁੜ ਸੁਰਜੀਤ ਕਰ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਜਿੱਥੇ ਪਹਿਲਾਂ ਖੇਤਾਂ ਤੱਕ ਸਿਰਫ਼ 22% ਨਹਿਰੀ ਪਾਣੀ ਪਹੁੰਚਦਾ ਸੀ, ਅੱਜ ਮਾਨ ਸਰਕਾਰ ਦੇ ਯਤਨਾਂ ਸਦਕਾ ਉਹ ਅੰਕੜਾ 78% ਤੱਕ ਪਹੁੰਚ ਗਿਆ ਹੈ। ਇੰਨਾ ਹੀ ਨਹੀਂ, ਜੋ ਨਹਿਰਾਂ ਅਤੇ ਸੂਏ ਪਿਛਲੀਆਂ ਸਰਕਾਰਾਂ ਨੇ ਭੂ-ਮਾਫ਼ੀਆ ਨਾਲ ਮਿਲ ਕੇ ਦਬਾ ਦਿੱਤੇ ਸਨ, ਉਨ੍ਹਾਂ ਨੂੰ ਫਿਰ ਤੋਂ ਪੁੱਟਿਆ ਜਾ ਰਿਹਾ ਹੈ। ਤਰਨਤਾਰਨ ਦੇ ਸਰਹਾਲੀ ਵਿੱਚ ਦੱਬੀ ਹੋਈ 'ਲੰਬੀ ਨਹਿਰ' ਨੂੰ ਬਹਾਲ ਕਰਨਾ ਇਸ ਦਾ ਜਿਉਂਦਾ-ਜਾਗਦਾ ਸਬੂਤ ਹੈ।

ਬਲਤੇਜ ਪੰਨੂ ਨੇ ਸਖ਼ਤ ਸ਼ਬਦਾਂ ਵਿੱਚ ਕਿਹਾ ਕਿ ਵਿਰੋਧੀ ਪਾਰਟੀਆਂ ਨੂੰ ਤਕਲੀਫ਼ ਇਸ ਗੱਲ ਦੀ ਨਹੀਂ ਹੈ ਕਿ ਕੋਈ ਦੱਬੀ ਹੋਈ ਨਹਿਰ ਮਿਲ ਗਈ ਹੈ, ਸਗੋਂ ਉਨ੍ਹਾਂ ਦੀ ਅਸਲ ਤਕਲੀਫ਼ ਇਹ ਹੈ ਕਿ ਉਸ ਮਿੱਟੀ ਹੇਠ ਦੱਬੀਆਂ ਉਨ੍ਹਾਂ ਦੀਆਂ ਪੁਰਾਣੀਆਂ ਸਾਜ਼ਿਸ਼ਾਂ ਅਤੇ ਗੱਦਾਰੀਆਂ ਬਾਹਰ ਨਿਕਲ ਆਈਆਂ ਹਨ। ਉਨ੍ਹਾਂ ਕਿਹਾ ਕਿ 70 ਸਾਲਾਂ ਤੱਕ ਪੰਜਾਬ ਨੂੰ ਲੁੱਟਣ, ਕੁੱਟਣ ਅਤੇ ਪੰਜਾਬ ਦੇ ਹੱਕਾਂ ਨੂੰ ਦੂਜੇ ਸੂਬਿਆਂ ਕੋਲ ਗਿਰਵੀ ਰੱਖਣ ਵਾਲਿਆਂ ਦਾ ਅਸਲੀ ਚਿਹਰਾ ਹੁਣ ਬੇਨਕਾਬ ਹੋ ਚੁੱਕਾ ਹੈ। ਪੰਨੂ ਨੇ ਪੰਜਾਬ ਦੀ ਜਨਤਾ ਨੂੰ ਭਰੋਸਾ ਦਿਵਾਇਆ ਕਿ ਜਦੋਂ ਤੱਕ ਮੁੱਖ ਮੰਤਰੀ ਭਗਵੰਤ ਮਾਨ ਕੁਰਸੀ 'ਤੇ ਹਨ, ਪੰਜਾਬ ਦਾ ਇੱਕ-ਇੱਕ ਪੈਸਾ ਅਤੇ ਪੰਜਾਬ ਦੇ ਹੱਕ ਪੂਰੀ ਤਰ੍ਹਾਂ ਸੁਰੱਖਿਅਤ ਹਨ।

## ਚੀਨ 'ਚ ਭਾਰਤ ਦੇ ਰਾਜਦੂਤ

ਸੀਨੀਅਰ ਭਾਰਤੀ ਵਿਦੇਸ਼ ਸੇਵਾ ਅਧਿਕਾਰੀ ਦੋਰਾਈਸਵਾਮੀ, ਪ੍ਰਦੀਪ ਕੁਮਾਰ ਰਾਵਤ ਦੀ ਥਾਂ ਲੈਣਗੇ। ਉਹ ਪਹਿਲਾਂ ਬੀਜਿੰਗ ਵਿੱਚ ਭਾਰਤੀ ਦੂਤਾਵਾਸ ਵਿੱਚ ਸੇਵਾ ਨਿਭਾ ਚੁੱਕੇ ਹਨ ਅਤੇ ਉਨ੍ਹਾਂ ਨੂੰ ਵਿਦੇਸ਼ੀ ਮਾਮਲਿਆਂ ਵਿੱਚ ਕਾਫ਼ੀ ਤਜਰਬਾ ਹੈ। ਦੋਰਾਈਸਵਾਮੀ ਇਸ ਸਮੇਂ ਯੂਨਾਈਟਿਡ ਕਿੰਗਡਮ ਵਿੱਚ ਭਾਰਤ ਦੇ ਹਾਈ ਕਮਿਸ਼ਨਰ ਵਜੋਂ ਸੇਵਾ ਨਿਭਾ ਰਹੇ ਹਨ। ਭਾਰਤੀ ਵਿਦੇਸ਼ ਸੇਵਾ ਵਿੱਚ ਸ਼ਾਮਲ ਹੋਣ ਤੋਂ ਪਹਿਲਾਂ, ਦੋਰਾਈਸਵਾਮੀ ਨੇ ਇੱਕ ਸਾਲ ਪੱਤਰਕਾਰ ਵਜੋਂ ਕੰਮ ਕੀਤਾ। ਉਨ੍ਹਾਂ ਕੋਲ ਦਿੱਲੀ ਯੂਨੀਵਰਸਿਟੀ ਤੋਂ ਇਤਿਹਾਸ ਵਿੱਚ ਮਾਸਟਰ ਦੀ ਡਿਗਰੀ ਹੈ। ਉਨ੍ਹਾਂ ਦਾ ਕਰੀਅਰ 1994 ਵਿੱਚ ਹਾਂਗ ਕਾਂਗ ਵਿੱਚ ਇੱਕ ਸਕੱਤਰ ਵਜੋਂ ਸ਼ੁਰੂ ਹੋਇਆ, ਜਿੱਥੇ ਉਨ੍ਹਾਂ ਚੀਨੀ ਯੂਨੀਵਰਸਿਟੀ ਦੇ ਨਿਊ ਏਸ਼ੀਆ ਯੇਲ-ਇਨ-ਏਸ਼ੀਆ ਭਾਸ਼ਾ ਸਕੂਲ ਤੋਂ ਚੀਨੀ ਭਾਸ਼ਾ ਸਿੱਖੀ ਅਤੇ ਬਾਅਦ ਵਿੱਚ 1996 ਤੋਂ ਲਗਪਗ ਚਾਰ ਸਾਲ ਬੀਜਿੰਗ ਵਿੱਚ ਭਾਰਤੀ ਦੂਤਾਵਾਸ ਵਿੱਚ ਸੇਵਾ ਨਿਭਾਈ। 2000 ਵਿੱਚ ਨਵੀਂ ਦਿੱਲੀ ਵਾਪਸ ਆਉਣ 'ਤੇ, ਉਨ੍ਹਾਂ ਨੂੰ ਡਿਪਟੀ ਚੀਫ਼ ਆਫ਼ ਪ੍ਰੋਟੋਕੋਲ (ਸਮਾਰੋਹ) ਨਿਯੁਕਤ ਕੀਤਾ ਗਿਆ ਅਤੇ ਬਾਅਦ ਵਿੱਚ ਪ੍ਰਧਾਨ ਮੰਤਰੀ ਦੇ ਨਿੱਜੀ ਸਕੱਤਰ ਵਜੋਂ ਸੇਵਾ ਨਿਭਾਈ। ਦੋਰਾਈਸਵਾਮੀ 2011 ਵਿੱਚ ਸਾਰਕ ਡਿਵੀਜ਼ਨ ਦੇ ਮੁਖੀ ਵਜੋਂ ਵਿਦੇਸ਼ ਮੰਤਰਾਲੇ ਵਿੱਚ ਵਾਪਸ ਆਏ ਅਤੇ 2012 ਵਿੱਚ ਨਵੀਂ ਦਿੱਲੀ ਵਿੱਚ ਚੌਥੇ ਬ੍ਰਿਕਸ ਸੰਮੇਲਨ ਦੇ ਕੋਆਰਡੀਨੇਟਰ ਸਨ। ਫਿਰ ਉਹ 2012 ਤੋਂ 2014 ਤੱਕ ਵਿਦੇਸ਼ ਮੰਤਰਾਲੇ ਦੇ ਅਮਰੀਕਾ ਡਿਵੀਜ਼ਨ ਦੇ ਸੰਯੁਕਤ ਸਕੱਤਰ ਦੇ ਅਹੁਦੇ 'ਤੇ ਰਹੇ। ਯੂਕੇ ਜਾਣ ਤੋਂ ਪਹਿਲਾਂ, ਦੋਰਾਈਸਵਾਮੀ ਨੇ ਅਕਤੂਬਰ, 2020 ਤੋਂ ਸਤੰਬਰ, 2022 ਤੱਕ ਬੰਗਲਾਦੇਸ਼ ਵਿੱਚ ਭਾਰਤ ਦੇ ਹਾਈ ਕਮਿਸ਼ਨਰ ਵਜੋਂ ਸੇਵਾ ਨਿਭਾਈ।

## ਪੱਛਮੀ ਏਸ਼ੀਆ ਵਿੱਚ ਬਣੀ ਨਾਜ਼ੁਕ ਸਥਿਤੀ

ਸ਼ਾਂਤੀ ਤੇ ਸਥਿਰਤਾ ਲਿਆਉਣ ਦੀਆਂ ਕੋਸ਼ਿਸ਼ਾਂ ਜਾਰੀ ਰੱਖਾਂਗੇ।' ਇਹ ਗੱਲਬਾਤ ਅਜਿਹੇ ਸਮੇਂ ਹੋਈ ਹੈ ਜਦੋਂ ਇਜ਼ਰਾਈਲ ਨੇ ਈਰਾਨ ਦੇ ਕਈ ਟਿਕਾਣਿਆਂ 'ਤੇ ਹਵਾਈ ਹਮਲੇ ਕੀਤੇ ਹਨ ਅਤੇ ਈਰਾਨ ਨੇ ਜਵਾਬ ਵਿੱਚ ਖਾੜੀ ਖੇਤਰ ਵਿੱਚ ਮਿਜ਼ਾਈਲਾਂ ਦਾਗੀਆਂ ਹਨ। ਬੇਸ਼ੱਕ ਫਰਾਂਸ ਨੇ ਇਸ ਜੰਗ ਤੋਂ ਆਪਣੇ ਪੈਰ ਪਿੱਛੇ ਖਿੱਚ ਲਏ ਹਨ, ਪਰ ਹਾਲੇ ਵੀ ਇਲਾਕੇ 'ਚ ਹਮਲੇ ਲਗਾਤਾਰ ਜਾਰੀ ਹਨ। ਭਾਰਤ ਲਈ ਇਹ ਸਥਿਤੀ ਇਸ ਲਈ ਵੀ ਚਿੰਤਾਜਨਕ ਹੈ, ਕਿਉਂਕਿ ਲੱਖਾਂ ਭਾਰਤੀ ਮੱਧ-ਪੂਰਬੀ ਦੇਸ਼ਾਂ ਵਿੱਚ ਕੰਮ ਕਰ ਰਹੇ ਹਨ, ਜਿਨ੍ਹਾਂ ਦੀ ਸੁਰੱਖਿਆ ਭਾਰਤ ਦੀ ਪਹਿਲੀ ਤਰਜੀਹ ਹੈ। ਇਸ ਤੋਂ ਇਲਾਵਾ ਸਮੁੰਦਰੀ ਰਸਤਿਆਂ ਵਿੱਚ ਰੁਕਾਵਟ ਕਾਰਨ ਭਾਰਤ ਨੂੰ ਤੇਲ ਅਤੇ ਗੈਸ ਦੀ ਸਪਲਾਈ ਵਿੱਚ ਦਿੱਕਤ ਆ ਸਕਦੀ ਹੈ। ਜ਼ਿਕਰਯੋਗ ਹੈ ਕਿ ਪ੍ਰਧਾਨ ਮੰਤਰੀ ਮੋਦੀ ਪਿਛਲੇ ਕੁਝ ਦਿਨਾਂ ਤੋਂ ਲਗਾਤਾਰ ਵਿਸ਼ਵ ਨੇਤਾਵਾਂ ਦੇ ਸੰਪਰਕ ਵਿੱਚ ਹਨ। ਇਸ ਤੋਂ ਪਹਿਲਾਂ ਉਨ੍ਹਾਂ ਨੇ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਅਤੇ ਖਾੜੀ ਦੇਸ਼ਾਂ ਦੇ ਆਗੂਆਂ ਨਾਲ ਵੀ ਗੱਲਬਾਤ ਕੀਤੀ ਸੀ। ਫਰਾਂਸ ਨਾਲ ਇਹ ਗੱਲਬਾਤ ਇਸ ਲਈ ਮਹੱਤਵਪੂਰਨ ਹੈ, ਕਿਉਂਕਿ ਫਰਾਂਸ ਯੂਰਪੀਅਨ ਯੂਨੀਅਨ ਵਿੱਚ ਇੱਕ ਮਜ਼ਬੂਤ ਆਵਾਜ਼ ਹੈ ਅਤੇ ਭਾਰਤ ਦਾ ਇੱਕ ਭਰੋਸੇਮੰਦ ਰਣਨੀਤਕ ਭਾਈਵਾਲ ਹੈ। ਪ੍ਰਧਾਨ ਮੰਤਰੀ ਮੋਦੀ ਦੀ ਇਹ ਪਹਿਲਕਦਮੀ ਦਰਸਾਉਂਦੀ ਹੈ ਕਿ ਭਾਰਤ ਇਸ ਸੰਕਟ ਵਿੱਚ ਇੱਕ 'ਸ਼ਾਂਤੀ ਦੂਤ' ਵਜੋਂ ਆਪਣੀ ਭੂਮਿਕਾ ਨਿਭਾਉਣ ਲਈ ਪੂਰੀ ਤਰ੍ਹਾਂ ਸਰਗਰਮ ਹੈ।

## ਪ੍ਰਧਾਨ ਮੰਤਰੀ ਵੱਲੋਂ ਓਮਾਨ ਦੇ ਸੁਲਤਾਨ ਤੇ ਮਲੇਸ਼ੀਆ ਦੇ

ਓਮਾਨ ਦੇ ਸੁਲਤਾਨ ਨਾਲ ਗੱਲਬਾਤ ਤੇ ਈਦ ਦੀਆਂ ਮੁਬਾਰਕਾਂ: ਪ੍ਰਧਾਨ ਮੰਤਰੀ ਮੋਦੀ ਨੇ ਓਮਾਨ ਦੇ ਸੁਲਤਾਨ ਨਾਲ ਹੋਈ ਆਪਣੀ 'ਉਪਯੋਗੀ ਗੱਲਬਾਤ' ਦੌਰਾਨ ਓਮਾਨ ਦੇ ਲੋਕਾਂ ਨੂੰ ਈਦ ਦੀਆਂ ਅਗਾਊਂ ਮੁਬਾਰਕਾਂ ਦਿੱਤੀਆਂ। ਉਨ੍ਹਾਂ ਨੇ ਓਮਾਨ ਦੀ ਪ੍ਰਭੂਸੱਤਾ ਅਤੇ ਖੇਤਰੀ ਅਖੰਡਤਾ ਦੀ ਉਲੰਘਣਾ ਦੀ ਭਾਰਤ ਵੱਲੋਂ ਨਿੰਦਾ ਦੁਹਰਾਈ। ਇਸ ਦੇ ਨਾਲ ਹੀ ਪੀ.ਐੱਮ.ਮੋਦੀ ਨੇ ਭਾਰਤੀ ਨਾਗਰਿਕਾਂ ਸਮੇਤ ਹਜ਼ਾਰਾਂ ਲੋਕਾਂ ਦੀ ਸੁਰੱਖਿਅਤ ਵਾਪਸੀ ਵਿੱਚ ਸਹਾਇਤਾ ਲਈ ਓਮਾਨ ਦੇ ਯਤਨਾਂ ਦੀ ਸ਼ਲਾਘਾ ਕੀਤੀ। ਦੋਵਾਂ ਦੇਸ਼ਾਂ ਨੇ 'ਸਟਰੇਟ ਆਫ ਹਾਰਮੁਜ਼' ਰਾਹੀਂ ਸੁਰੱਖਿਅਤ ਅਤੇ ਸੁਤੰਤਰ ਆਵਾਜਾਈ ਦੇ ਸਮਰਥਨ ਦੀ ਗੱਲ ਵੀ ਦੁਹਰਾਈ।

ਮਲੇਸ਼ੀਆ ਦੇ ਪ੍ਰਧਾਨ ਮੰਤਰੀ ਨਾਲ 'ਹਰੀ ਰਾਇਆ ਐਦਿਲਫਿਤਰੀ' 'ਤੇ ਚਰਚਾ: ਮਲੇਸ਼ੀਆ ਦੇ ਪ੍ਰਧਾਨ ਮੰਤਰੀ ਅਨਵਰ ਇਬਰਾਹਿਮ ਨਾਲ ਗੱਲਬਾਤ ਦੌਰਾਨ ਪੀ.ਐੱਮ.ਮੋਦੀ ਨੇ ਉਨ੍ਹਾਂ ਨੂੰ ਅਤੇ ਮਲੇਸ਼ੀਆ ਦੇ ਲੋਕਾਂ ਨੂੰ ਆਉਣ ਵਾਲੇ ਤਿਉਹਾਰ 'ਹਰੀ ਰਾਇਆ ਐਦਿਲਫਿਤਰੀ' ਦੀਆਂ ਨਿੱਘੀਆਂ ਵਧਾਈਆਂ ਦਿੱਤੀਆਂ। ਦੋਵਾਂ ਆਗੂਆਂ ਨੇ ਪੱਛਮੀ ਏਸ਼ੀਆ ਦੀ ਸਥਿਤੀ 'ਤੇ ਡੂੰਘੀ ਚਿੰਤਾ ਪ੍ਰਗਟਾਈ ਅਤੇ ਤਣਾਅ ਘਟਾਉਣ ਦੇ ਨਾਲ-ਨਾਲ ਗੱਲਬਾਤ ਰਾਹੀਂ ਸ਼ਾਂਤੀ ਅਤੇ ਸਥਿਰਤਾ ਦੀ ਜਲਦੀ ਬਹਾਲੀ ਲਈ ਆਪਣੀ ਸਾਂਝੀ ਵਚਨਬੱਧਤਾ ਨੂੰ ਦੁਹਰਾਇਆ।

## ਗੈਸ ਸੰਕਟ ਵਿਚਾਲੇ ਕੇਂਦਰ ਵੱਲੋਂ ਸੂਬਿਆਂ ਨੂੰ ਸਪਲਾਈ

ਪ੍ਰਵਾਨਗੀ ਪ੍ਰਕਿਰਿਆ ਨੂੰ ਤੇਜ਼ ਕਰਨ ਅਤੇ ਚਾਰਜ ਘਟਾਉਣ ਲਈ ਵੀ ਕਿਹਾ ਗਿਆ ਹੈ। ਪੈਟਰੋਲੀਅਮ ਮੰਤਰਾਲੇ ਵਿੱਚ ਸੰਯੁਕਤ ਸਕੱਤਰ ਸੁਜਾਤਾ ਸ਼ਰਮਾ ਨੇ ਕਿਹਾ ਕਿ ਦੇਸ਼ ਵਿੱਚ ਐਲ.ਪੀ.ਜੀ. ਸਪਲਾਈ ਇਸ ਸਮੇਂ ਸਥਿਰ ਹੈ ਅਤੇ ਕਿਤੇ ਵੀ ਗੈਸ ਦੀ ਪੂਰੀ ਕਮੀ ਦਾ ਕੋਈ ਸੰਕੇਤ ਨਹੀਂ ਹੈ। ਔਨਲਾਈਨ ਬੁਕਿੰਗ 94% ਤੱਕ ਪਹੁੰਚ ਗਈ ਹੈ, ਅਤੇ ਪੈਨਿਕ ਬੁਕਿੰਗ ਘੱਟ ਗਈ ਹੈ। ਬੁੱਧਵਾਰ ਨੂੰ 5.7 ਮਿਲੀਅਨ ਤੋਂ ਵੱਧ ਰੀਫਿਲ ਬੁਕਿੰਗ ਦਰਜ ਕੀਤੀ ਗਈ। ਸਰਕਾਰ ਨੇ ਇਹ ਵੀ ਕਿਹਾ ਕਿ ਪਿਛਲੇ ਦੋ ਹਫ਼ਤਿਆਂ ਵਿੱਚ ਲਗਭਗ 125,000 ਨਵੇਂ

# ਪਹਿਲੇ ਸਫ਼ੇ ਦੀ ਬਾਕੀ

ਘਰੇਲੂ, ਵਪਾਰਕ ਅਤੇ ਉਦਯੋਗਿਕ ਕੁਨੈਕਸ਼ਨ ਪ੍ਰਦਾਨ ਕੀਤੇ ਗਏ ਹਨ, ਜਿਸ ਨਾਲ ਸਪਲਾਈ ਪ੍ਰਣਾਲੀ ਮਜ਼ਬੂਤ ਹੋਈ ਹੈ। ਹਾਲਾਂਕਿ, ਕੁਝ ਇਲਾਕਿਆਂ ਵਿੱਚ ਸਮੱਸਿਆਵਾਂ ਦੀਆਂ ਰਿਪੋਰਟਾਂ ਆਈਆਂ ਹਨ। ਮੇਰਠ ਜ਼ਿਲ੍ਹਾ ਹਸਪਤਾਲ ਦੇ ਇੱਕ ਰਸੋਈਏ ਨੇ ਦੋਸ਼ ਲਗਾਇਆ ਕਿ ਚਾਰ ਦਿਨਾਂ ਤੋਂ ਐਲ.ਪੀ.ਜੀ. ਸਿਲੰਡਰਾਂ ਦੀ ਘਾਟ ਹੈ, ਜਿਸ ਕਾਰਨ ਉਨ੍ਹਾਂ ਨੂੰ ਲੱਕੜ ਅਤੇ ਗੱਤੇ ਨਾਲ ਖਾਣਾ ਪਕਾਉਣ ਲਈ ਮਜਬੂਰ ਕੀਤਾ ਜਾ ਰਿਹਾ ਹੈ। ਇਸ ਘਟਨਾ ਦਾ ਇੱਕ ਵੀਡੀਓ ਵੀ ਸਾਹਮਣੇ ਆਇਆ ਹੈ ਪਰ ਇਸ ਮਾਮਲੇ 'ਤੇ ਅਧਿਕਾਰੀ ਵੰਡੇ ਹੋਏ ਹਨ। ਸੀ.ਐਮ.ਓ. ਨੇ ਘਾਟ ਨੂੰ ਸਵੀਕਾਰ ਕੀਤਾ, ਜਦੋਂ ਕਿ ਜ਼ਿਲ੍ਹਾ ਸਪਲਾਈ ਅਧਿਕਾਰੀ ਨੇ ਦੋਸ਼ਾਂ ਨੂੰ ਖਾਰਜ ਕਰ ਦਿੱਤਾ। ਇਹ ਜ਼ਮੀਨੀ ਸਥਿਤੀ 'ਤੇ ਸਵਾਲ ਖੜ੍ਹੇ ਕਰਦਾ ਹੈ। ਇਸ ਦੌਰਾਨ, ਕਰਨਾਟਕ ਦੇ ਮੁੱਖ ਮੰਤਰੀ ਸਿੱਧਰਮਈਆ ਨੇ ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਨੂੰ ਪੱਤਰ ਲਿਖ ਕੇ ਬੰਗਲੁਰੂ ਵਿੱਚ ਵਪਾਰਕ ਐਲ.ਪੀ.ਜੀ. ਅਤੇ ਆਟੋ ਐਲ.ਪੀ.ਜੀ. ਦੀ ਘਾਟ ਬਾਰੇ ਤੁਰੰਤ ਦਖਲ ਦੇਣ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਘਰੇਲੂ ਸਪਲਾਈ ਨੂੰ ਤਰਜੀਹ ਦੇਣ ਦੇ ਫੈਸਲੇ ਤੋਂ ਬਾਅਦ ਸਮੱਸਿਆ ਹੋਰ ਵੀ ਵਿਗੜ ਗਈ ਹੈ। ਕੇਂਦਰ ਸਰਕਾਰ ਨੇ ਸਾਰੇ ਰਾਜਾਂ ਨੂੰ ਐਲ.ਪੀ.ਜੀ. ਦੀ ਜਮ੍ਹਾਂਖੋਰੀ ਅਤੇ ਕਾਲਾਬਾਜ਼ਾਰੀ ਨੂੰ ਰੋਕਣ ਦੇ ਨਿਰਦੇਸ਼ ਦਿੱਤੇ ਹਨ। 31 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਵਿੱਚ ਕੰਟਰੋਲ ਰੂਮ ਸਥਾਪਤ ਕੀਤੇ ਗਏ ਹਨ, ਅਤੇ ਜ਼ਿਲ੍ਹਾ ਪੱਧਰੀ ਨਿਗਰਾਨੀ ਕਮੇਟੀਆਂ 25 ਥਾਵਾਂ 'ਤੇ ਕੰਮ ਕਰ ਰਹੀਆਂ ਹਨ। ਸਰਕਾਰ ਨੇ ਸਪੱਸ਼ਟ ਕੀਤਾ ਹੈ ਕਿ ਡਿਸਟ੍ਰੀਬਿਊਟਰਾਂ ਕੋਲ ਇਸ ਵੇਲੇ ਗੈਸ ਖਤਮ ਨਹੀਂ ਹੋ ਰਹੀ ਹੈ, ਅਤੇ ਡਿਲੀਵਰੀ ਆਮ ਵਾਂਗ ਹੋ ਰਹੀ ਹੈ। ਲੋਕਾਂ ਨੂੰ ਘਬਰਾਉਣ ਵਾਲੀਆਂ ਬੁਕਿੰਗਾਂ ਨਾ ਕਰਨ ਅਤੇ ਲੋੜ ਅਨੁਸਾਰ ਗੈਸ ਖਰੀਦਣ ਦੀ ਅਪੀਲ ਕੀਤੀ ਗਈ ਹੈ।

## ਈਰਾਨ 'ਚ ਦੁਨੀਆਂ ਦੇ ਸਭ ਤੋਂ ਵੱਡੇ ਕੁਦਰਤੀ

ਅੱਗ ਲੱਗ ਗਈ ਅਤੇ ਉਤਪਾਦਨ ਪੂਰੀ ਤਰ੍ਹਾਂ ਠੱਪ ਹੋ ਗਿਆ। ਇਸ ਤਣਾਅ ਕਾਰਨ ਕੌਮਾਂਤਰੀ ਬਾਜ਼ਾਰ ਵਿੱਚ ਕੱਚੇ ਤੇਲ ਦੀ ਕੀਮਤ 5 ਫੀਸਦ ਤੋਂ ਵਧ ਕੇ 108 ਡਾਲਰ ਪ੍ਰਤੀ ਬੈਰਲ ਤੱਕ ਪਹੁੰਚ ਗਈ ਹੈ।

ਈਰਾਨ ਨੇ ਚਿਤਾਵਨੀ ਦਿੱਤੀ ਹੈ ਕਿ ਜੇਕਰ ਹਮਲੇ ਨਾ ਰੁਕੇ ਤਾਂ ਇਸ ਦੇ ਨਤੀਜੇ ਪੂਰੀ ਦੁਨੀਆ ਨੂੰ ਭੁਗਤਣੇ ਪੈਣਗੇ। ਈਰਾਨ ਦੇ ਹਥਿਆਰਬੰਦ ਬਲਾਂ ਦੇ ਬੁਲਾਰੇ ਨੇ ਸਪੱਸ਼ਟ ਕੀਤਾ ਹੈ ਕਿ ਇਹ ਹਮਲੇ ਬੁੱਧਵਾਰ ਰਾਤ ਨੂੰ ਈਰਾਨ ਦੇ ਸਭ ਤੋਂ ਵੱਡੇ ਗੈਸ ਫੀਲਡ 'ਤੇ ਹੋਏ ਇਜ਼ਰਾਈਲੀ ਹਮਲੇ ਦਾ ਜਵਾਬ ਹਨ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਦੁਸ਼ਮਣ ਨੇ ਦੁਬਾਰਾ ਅਜਿਹੀ ਗਲਤੀ ਕੀਤੀ ਤਾਂ ਈਰਾਨ ਦੀ ਜਵਾਬੀ ਕਾਰਵਾਈ ਪਹਿਲਾਂ ਨਾਲੋਂ ਕਿਤੇ ਵੱਧ ਜ਼ੋਰਦਾਰ ਹੋਵੇਗੀ ਤੇ ਦੁਸ਼ਮਣ ਦੇ ਨਾਲ-ਨਾਲ ਉਨ੍ਹਾਂ ਦੇ ਸਹਿਯੋਗੀਆਂ ਦੇ ਬੁਨਿਆਦੀ ਢਾਂਚੇ ਨੂੰ ਵੀ ਤਬਾਹ ਕਰ ਦਿੱਤਾ ਜਾਵੇਗਾ।

ਦੂਜੇ ਪਾਸੇ, ਜੰਗ ਦੇ ਮੈਦਾਨ ਵਿੱਚ ਇਜ਼ਰਾਈਲ ਨੇ ਈਰਾਨੀ ਲੀਡਰਸ਼ਿਪ 'ਤੇ ਹਮਲੇ ਤੇਜ਼ ਕਰ ਦਿੱਤੇ ਹਨ, ਜਿਸ ਵਿੱਚ ਕਈ ਚੋਟੀ ਦੇ ਈਰਾਨੀ ਅਧਿਕਾਰੀ ਮਾਰੇ ਗਏ ਹਨ। ਜਵਾਬ ਵਿੱਚ ਈਰਾਨ ਨੇ ਇਜ਼ਰਾਈਲ 'ਤੇ ਮਲਟੀਪਲ-ਵਾਰਹੈੱਡ ਮਿਜ਼ਾਈਲਾਂ ਦਾਗੇ ਹਨ, ਜਿਨ੍ਹਾਂ ਵਿੱਚੋਂ ਇੱਕ ਕਲਸਟਰ ਮਿਜ਼ਾਈਲ ਪਹਿਲੀ ਵਾਰ ਪੱਛਮੀ ਕੰਢੇ ਵਿੱਚ ਜਾ ਡਿੱਗੀ, ਜਿੱਥੇ ਤਿੰਨ ਲੋਕਾਂ ਦੀ ਮੌਤ ਹੋ ਗਈ। ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਸਥਿਤੀ 'ਤੇ ਚਿੰਤਾ ਜ਼ਾਹਰ ਕੀਤੀ ਹੈ ਅਤੇ ਤੇਲ ਦੀ ਸਪਲਾਈ ਬਰਕਰਾਰ ਰੱਖਣ ਲਈ ਵੈਨੇਜ਼ੁਏਲਾ 'ਤੇ ਲੱਗੀਆਂ ਪਾਬੰਦੀਆਂ ਵਿੱਚ ਢਿੱਲ ਦਿੱਤੀ ਹੈ। ਇਸ ਦੌਰਾਨ, ਲਿਬਨਾਨ ਵਿੱਚ ਹਿਜ਼ਬੁੱਲ੍ਹਾ ਦੇ ਟਿਕਾਣਿਆਂ 'ਤੇ ਹੋਈ ਇਜ਼ਰਾਈਲੀ ਬੰਬਾਰੀ ਕਾਰਨ ਲੱਖਾਂ ਲੋਕ ਬੇਘਰ ਹੋ ਗਏ ਹਨ ਅਤੇ ਦੋਵਾਂ ਪਾਸਿਆਂ ਤੋਂ ਫੌਜੀ ਤੇ ਨਾਗਰਿਕ ਮੌਤਾਂ ਦਾ ਅੰਕੜਾ ਲਗਾਤਾਰ ਵਧਦਾ ਜਾ ਰਿਹਾ ਹੈ।

## ਈਰਾਨ ਖ਼ਿਲਾਫ਼ ਇਕਜੁੱਟ ਹੋਏ 12 ਇਸਲਾਮਿਕ ਦੇਸ਼,

ਹਮਲਿਆਂ ਦੀ ਸਖ਼ਤ ਨਿੰਦਾ ਕੀਤੀ ਹੈ। ਨਾਗਰਿਕਾਂ ਅਤੇ ਤੇਲ ਪਲਾਂਟਾਂ ਨੂੰ ਨਿਸ਼ਾਨਾ ਬਣਾਉਣ ਦਾ ਦੋਸ਼: ਬੈਠਕ ਤੋਂ ਬਾਅਦ ਜਾਰੀ ਸਾਂਝੇ ਬਿਆਨ ਵਿੱਚ ਵਿਦੇਸ਼ ਮੰਤਰੀਆਂ ਨੇ ਕਿਹਾ ਕਿ ਈਰਾਨ ਵੱਲੋਂ ਤੇਲ ਸਹੂਲਤਾਂ, ਪਾਣੀ ਸਾਫ਼ ਕਰਨ ਵਾਲੇ ਪਲਾਂਟਾਂ, ਹਵਾਈ ਅੱਡਿਆਂ ਅਤੇ ਰਿਹਾਇਸ਼ੀ ਖੇਤਰਾਂ 'ਤੇ ਕੀਤੇ ਜਾ ਰਹੇ ਬੈਲਿਸਟਿਕ ਮਿਜ਼ਾਈਲ ਅਤੇ ਡਰੋਨ ਹਮਲਿਆਂ ਨੂੰ ਕਿਸੇ ਵੀ ਬਹਾਨੇ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ। ਉਨ੍ਹਾਂ ਈਰਾਨ ਨੂੰ ਤੁਰੰਤ ਹਮਲੇ ਰੋਕਣ ਅਤੇ ਅੰਤਰਰਾਸ਼ਟਰੀ ਕਾਨੂੰਨਾਂ ਦਾ ਸਨਮਾਨ ਕਰਨ ਦੀ ਅਪੀਲ ਕੀਤੀ। 28 ਫਰਵਰੀ ਨੂੰ ਜੰਗ ਸ਼ੁਰੂ ਹੋਣ ਤੋਂ ਬਾਅਦ ਈਰਾਨੀ ਹਮਲਿਆਂ ਨੇ ਖਾੜੀ ਦੇਸ਼ਾਂ ਵਿੱਚ ਕਾਫ਼ੀ ਤਬਾਹੀ ਮਚਾਈ ਹੈ।

ਈਰਾਨ 'ਤੇ ਭਰੋਸਾ ਪੂਰੀ ਤਰ੍ਹਾਂ ਟੁੱਟ ਚੁੱਕਾ ਹੈ: ਸਾਊਦੀ ਵਿਦੇਸ਼ ਮੰਤਰੀ ਪ੍ਰਿੰਸ ਫੈਸਲ ਬਿਨ ਫਰਹਾਨ ਨੇ ਪ੍ਰੈੱਸ ਕਾਨਫਰੰਸ ਦੌਰਾਨ ਸਖ਼ਤ ਲਹਿਜੇ ਵਿੱਚ ਕਿਹਾ ਕਿ ਈਰਾਨ 'ਤੇ ਹੁਣ ਭਰੋਸਾ ਨਹੀਂ ਕੀਤਾ ਜਾ ਸਕਦਾ ਅਤੇ ਉਸ ਦੇ ਮੌਜੂਦਾ ਵਤੀਰੇ ਕਾਰਨ ਉਸ ਨੂੰ ਭਾਈਵਾਲ ਨਹੀਂ ਮੰਨਿਆ ਜਾ ਸਕਦਾ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਈਰਾਨ ਇਹ ਸਮਝਦਾ ਹੈ ਕਿ ਖਾੜੀ ਦੇਸ਼ ਜਵਾਬੀ ਕਾਰਵਾਈ ਕਰਨ ਵਿੱਚ ਅਸਮਰੱਥ ਹਨ, ਤਾਂ ਇਹ ਉਸ ਦੀ ਵੱਡੀ ਭੁੱਲ ਹੈ। ਵਿਦੇਸ਼ ਮੰਤਰੀਆਂ ਨੇ ਈਰਾਨ ਨੂੰ ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਦੇ ਮਤੇ 2817 (2026) ਦੀ ਪਾਲਣਾ ਕਰਨ ਅਤੇ ਹੋਰਮੁਜ਼ ਦੀ ਜਲਡਮਰੂ ਮੱਧ ਵਿੱਚ ਅੰਤਰਰਾਸ਼ਟਰੀ ਸਮੁੰਦਰੀ ਆਵਾਜਾਈ ਨੂੰ ਰੋਕਣ ਦੀਆਂ ਧਮਕੀਆਂ ਤੋਂ ਬਾਜ਼ ਆਉਣ ਲਈ ਕਿਹਾ ਹੈ।

## ਭਾਰਤੀ ਸ਼ੇਅਰ ਬਾਜ਼ਾਰ 'ਚ ਇੱਕ ਦਿਨ ਵਿੱਚ

ਇਕੁਇਟੀ ਨਿਵੇਸ਼ਕਾਂ ਦੇ ਵੀਰਵਾਰ ਨੂੰ 12.87 ਲੱਖ ਕਰੋੜ ਰੁਪਏ ਡੁੱਬ ਗਏ। ਪੱਛਮੀ ਏਸ਼ੀਆ ਵਿੱਚ ਊਰਜਾ ਬੁਨਿਆਦੀ ਢਾਂਚੇ 'ਤੇ ਵਧਦੇ ਹਮਲਿਆਂ ਕਾਰਨ ਕੱਚੇ ਤੇਲ ਦੀਆਂ ਕੀਮਤਾਂ ਵਿੱਚ ਉਛਾਲ ਦੇ ਦਬਾਅ ਹੇਠ ਬੈਂਚਮਾਰਕ ਸੈਂਸੈਕਸ 3 ਫੀਸਦੀ ਤੋਂ ਵੱਧ ਟੁੱਟ ਗਿਆ। 28 ਫਰਵਰੀ ਨੂੰ ਪੱਛਮੀ ਏਸ਼ੀਆ ਸੰਕਟ ਸ਼ੁਰੂ ਹੋਣ ਤੋਂ ਬਾਅਦ ਨਿਵੇਸ਼ਕ ਹੁਣ ਤੱਕ 37 ਲੱਖ ਕਰੋੜ ਰੁਪਏ ਤੋਂ ਵੱਧ ਦਾ ਨੁਕਸਾਨ ਕਰ ਚੁੱਕੇ ਹਨ। ਬੀ.ਐੱਸ.ਈ. ਵਿੱਚ ਸੂਚੀਬੱਧ ਕੰਪਨੀਆਂ ਦਾ ਮਾਰਕੀਟ ਕੈਪੀਟਲਾਈਜ਼ੇਸ਼ਨ ਇੱਕ ਹੀ ਦਿਨ ਵਿੱਚ 12,87,273.89 ਕਰੋੜ ਰੁਪਏ ਘਟ ਕੇ 4,26,13,557.95 ਕਰੋੜ ਰੁਪਏ (4.61 ਟ੍ਰਿਲੀਅਨ ਅਮਰੀਕੀ ਡਾਲਰ) ਰਹਿ ਗਿਆ।

ਕੱਚੇ ਤੇਲ ਦੀਆਂ ਕੀਮਤਾਂ ਅਤੇ ਜੰਗ ਦਾ ਅਸਰ: ਬਾਜ਼ਾਰ ਦੇ ਇਸ ਤਰ੍ਹਾਂ ਡਿੱਗਣ ਦਾ ਮੁੱਖ ਕਾਰਨ ਕੱਚੇ ਤੇਲ ਦੀਆਂ ਵਧਦੀਆਂ ਕੀਮਤਾਂ ਅਤੇ ਪੱਛਮੀ ਏਸ਼ੀਆ ਵਿੱਚ ਵਧਦਾ ਤਣਾਅ ਹੈ। ਈਰਾਨ ਨੇ ਇਜ਼ਰਾਈਲ ਵੱਲੋਂ ਕੀਤੇ ਗਏ ਹਮਲੇ ਦੇ ਜਵਾਬ ਵਿੱਚ ਕਤਰ ਦੇ ਇੱਕ ਕੁਦਰਤੀ ਗੈਸ ਪਲਾਂਟ ਅਤੇ ਕੁਵੈਤ ਦੀਆਂ ਦੋ ਤੇਲ ਰਿਫਾਇਨਰੀਆਂ 'ਤੇ ਹਮਲੇ ਕੀਤੇ ਹਨ। ਈਰਾਨ ਨੇ ਸਾਊਦੀ ਅਰਬ ਦੀ ਇੱਕ ਰਿਫਾਇਨਰੀ ਨੂੰ ਵੀ ਨਿਸ਼ਾਨਾ ਬਣਾਇਆ, ਜਿਸ ਕਾਰਨ ਕੱਚੇ ਤੇਲ ਦੀ ਕੀਮਤ 6.75 ਫੀਸਦੀ ਵਧ ਕੇ 114.8 ਡਾਲਰ ਪ੍ਰਤੀ ਬੈਰਲ ਤੱਕ ਪਹੁੰਚ ਗਈ। ਇਸ ਹਾਲਾਤ ਨੇ ਨਿਵੇਸ਼ਕਾਂ ਨੂੰ ਚਿੰਤਾ ਵਿੱਚ ਪਾ ਦਿੱਤਾ ਹੈ।

ਘਾਟੇ ਵਿੱਚ ਰਹਿਣ ਵਾਲੀਆਂ ਮੁੱਖ ਕੰਪਨੀਆਂ: ਸੈਂਸੈਕਸ ਦੀਆਂ 30 ਵੱਡੀਆਂ ਕੰਪਨੀਆਂ ਵਿੱਚੋਂ ਬਜਾਜ ਫਾਇਨਾਂਸ, ਮਹਿੰਦਰਾ ਐਂਡ ਮਹਿੰਦਰਾ, ਐੱਚ.ਡੀ.ਐੱਫ.ਸੀ. ਬੈਂਕ, ਲਾਰਸਨ ਐਂਡ ਟੂਬਰੋ ਅਤੇ ਬਜਾਜ ਫਿਨਸਰਵ ਦੇ ਸ਼ੇਅਰਾਂ ਵਿੱਚ ਸਭ ਤੋਂ ਵੱਧ ਗਿਰਾਵਟ ਦੇਖੀ ਗਈ। ਐੱਚ.ਡੀ.ਐੱਫ.ਸੀ. ਬੈਂਕ ਦੇ ਸ਼ੇਅਰਾਂ ਵਿੱਚ 5.13 ਫੀਸਦੀ ਦੀ ਵੱਡੀ ਗਿਰਾਵਟ ਆਈ ਕਿਉਂਕਿ ਬੈਂਕ ਦੇ ਚੇਅਰਮੈਨ ਅਤਨੂ ਚੱਕਰਵਰਤੀ ਨੇ ਕੁਝ ਨੈਤਿਕ ਕਾਰਨਾਂ ਦਾ ਹਵਾਲਾ ਦਿੰਦੇ ਹੋਏ ਅਸਤੀਫਾ ਦੇ ਦਿੱਤਾ ਹੈ।

ਗਲੋਬਲ ਬਾਜ਼ਾਰਾਂ ਦਾ ਹਾਲ: ਸਿਰਫ਼ ਭਾਰਤ ਹੀ ਨਹੀਂ, ਬਲਕਿ ਪੂਰੀ ਦੁਨੀਆ ਦੇ ਬਾਜ਼ਾਰਾਂ ਵਿੱਚ ਮੰਦੀ ਦਾ ਅਸਰ ਰਿਹਾ। ਏਸ਼ੀਆ ਵਿੱਚ ਦੱਖਣੀ ਕੋਰੀਆ, ਜਪਾਨ, ਚੀਨ ਅਤੇ ਹਾਂਗਕਾਂਗ ਦੇ ਬਾਜ਼ਾਰ ਵੀ ਵੱਡੀ ਗਿਰਾਵਟ ਨਾਲ ਬੰਦ ਹੋਏ। ਯੂਰਪੀ ਬਾਜ਼ਾਰਾਂ ਵਿੱਚ ਵੀ ਕਾਫੀ ਨੁਕਸਾਨ ਹੋ ਰਿਹਾ ਸੀ ਅਤੇ ਅਮਰੀਕੀ ਬਾਜ਼ਾਰ ਵੀ ਬੁੱਧਵਾਰ ਨੂੰ ਭਾਰੀ ਗਿਰਾਵਟ ਨਾਲ ਬੰਦ ਹੋਏ ਸਨ।

ਨਿਵੇਸ਼ਕਾਂ ਦੀ ਖਰੀਦੋ-ਫਰੋਖਤ: ਅੰਕੜਿਆਂ ਮੁਤਾਬਕ ਵਿਦੇਸ਼ੀ ਸੰਸਥਾਗਤ ਨਿਵੇਸ਼ਕਾਂ ਨੇ ਬੁੱਧਵਾਰ ਨੂੰ 2,714.35 ਕਰੋੜ ਰੁਪਏ ਦੇ ਸ਼ੇਅਰ ਵੇਚੇ। ਹਾਲਾਂਕਿ, ਭਾਰਤੀ ਸੰਸਥਾਗਤ ਨਿਵੇਸ਼ਕਾਂ ਨੇ 3,253.03 ਕਰੋੜ ਰੁਪਏ ਦੇ ਸ਼ੇਅਰ ਖਰੀਦ ਕੇ ਬਾਜ਼ਾਰ ਨੂੰ ਸੰਭਾਲਣ ਦੀ ਕੋਸ਼ਿਸ਼ ਕੀਤੀ ਪਰ ਗਲੋਬਲ ਹਾਲਾਤ ਖ਼ਰਾਬ ਹੋਣ ਕਾਰਨ ਗਿਰਾਵਟ ਜਾਰੀ ਰਹੀ।

ਐੱਚ.ਡੀ.ਐੱਫ.ਸੀ. ਬੈਂਕ ਵਿੱਚ ਵੱਡੀ ਗਿਰਾਵਟ ਦਾ ਕਾਰਨ: ਐੱਚ.ਡੀ.ਐੱਫ.ਸੀ. ਬੈਂਕ ਦੇ ਸ਼ੇਅਰਾਂ ਵਿੱਚ 5 ਫੀਸਦੀ ਤੋਂ ਵੱਧ ਦੀ ਗਿਰਾਵਟ ਦਰਜ ਕੀਤੀ ਗਈ ਹੈ। ਇਸ ਦਾ ਸਭ ਤੋਂ ਵੱਡਾ ਕਾਰਨ ਬੈਂਕ ਦੇ ਚੇਅਰਮੈਨ ਅਤਨੂ ਚੱਕਰਵਰਤੀ ਦਾ ਅਚਾਨਕ ਅਸਤੀਫਾ ਦੇਣਾ ਹੈ। ਉਨ੍ਹਾਂ ਨੇ 'ਨੈਤਿਕ ਚਿੰਤਾਵਾਂ' ਦਾ ਹਵਾਲਾ ਦਿੱਤਾ ਹੈ, ਜਿਸ ਕਾਰਨ ਨਿਵੇਸ਼ਕਾਂ ਵਿੱਚ ਬੈਂਕ ਦੇ ਅੰਦਰੂਨੀ ਪ੍ਰਬੰਧ ਨੂੰ ਲੈ ਕੇ ਡਰ ਪੈਦਾ ਹੋ ਗਿਆ ਹੈ। ਕਿਉਂਕਿ ਐੱਚ.ਡੀ.ਐੱਫ.ਸੀ. ਬੈਂਕ ਭਾਰਤੀ ਸ਼ੇਅਰ ਬਾਜ਼ਾਰ ਦਾ ਇੱਕ ਬਹੁਤ ਵੱਡਾ ਹਿੱਸਾ ਹੈ, ਇਸ ਦੀ ਗਿਰਾਵਟ ਨੇ ਪੂਰੇ ਨਿਫਟੀ ਨੂੰ ਹੇਠਾਂ ਖਿੱਚ ਲਿਆ।

ਬਜਾਜ ਅਤੇ ਮਹਿੰਦਰਾ ਵਰਗੇ ਦਿੱਗਜ਼ਾਂ ਦਾ ਨੁਕਸਾਨ: ਬਜਾਜ ਫਾਇਨਾਂਸ ਅਤੇ ਬਜਾਜ ਫਿਨਸਰਵ ਵਰਗੀਆਂ ਵਿੱਤੀ ਕੰਪਨੀਆਂ ਦੇ ਸ਼ੇਅਰ ਵੀ ਕਾਫੀ ਹੇਠਾਂ ਡਿੱਗੇ ਹਨ। ਇਸ ਦੇ ਨਾਲ ਹੀ ਮਹਿੰਦਰਾ ਐਂਡ ਮਹਿੰਦਰਾ ਅਤੇ ਲਾਰਸਨ ਐਂਡ ਟੂਬਰੋ ਵਰਗੀਆਂ ਵੱਡੀਆਂ ਕੰਪਨੀਆਂ 'ਤੇ ਵੀ ਬੁਰਾ ਅਸਰ ਪਿਆ ਹੈ। ਜਦੋਂ ਕੱਚੇ ਤੇਲ ਦੀਆਂ ਕੀਮਤਾਂ ਵਧਦੀਆਂ ਹਨ ਤਾਂ ਅਜਿਹੀਆਂ ਕੰਪਨੀਆਂ ਦੀ ਲਾਗਤ ਵਧਣ ਦਾ ਖਤਰਾ ਹੁੰਦਾ ਹੈ, ਜਿਸ ਕਾਰਨ ਨਿਵੇਸ਼ਕ ਆਪਣੇ ਪੈਸੇ ਕੱਢਣਾ ਸ਼ੁਰੂ ਕਰ ਦਿੰਦੇ ਹਨ।

ਕੱਚੇ ਤੇਲ ਦਾ ਸਿੱਧਾ ਅਸਰ: ਤੇਲ ਦੀਆਂ ਕੀਮਤਾਂ ਵਿੱਚ 6.75% ਦਾ ਉਛਾਲ ਆਉਣਾ ਭਾਰਤੀ ਅਰਥਵਿਵਸਥਾ ਲਈ ਚੰਗਾ ਨਹੀਂ ਹੈ। ਭਾਰਤ ਆਪਣੀ ਲੋੜ ਦਾ ਜ਼ਿਆਦਾਤਰ ਤੇਲ ਬਾਹਰੋਂ ਮੰਗਵਾਉਂਦਾ ਹੈ। ਜੇ ਤੇਲ ਮਹਿੰਗਾ ਹੁੰਦਾ ਹੈ, ਤਾਂ ਦੇਸ਼ ਵਿੱਚ ਮਹਿੰਗਾਈ ਵਧਣ ਦਾ ਡਰ ਹੁੰਦਾ ਹੈ ਅਤੇ ਕੰਪਨੀਆਂ ਦਾ ਮੁਨਾਫਾ ਘੱਟ ਜਾਂਦਾ ਹੈ। ਇਸੇ ਕਰਕੇ ਅੱਜ ਬਾਜ਼ਾਰ ਵਿੱਚ ਚਾਰੇ ਪਾਸੇ ਲਾਲ ਨਿਸ਼ਾਨ (ਨੁਕਸਾਨ) ਦੇਖਣ ਨੂੰ ਮਿਲਿਆ।

ਨਿਵੇਸ਼ਕਾਂ ਲਈ ਮੌਜੂਦਾ ਸਥਿਤੀ: ਇਸ ਸਮੇਂ ਵਿਦੇਸ਼ੀ ਨਿਵੇਸ਼ਕ ਲਗਾਤਾਰ ਭਾਰਤੀ ਬਾਜ਼ਾਰ ਵਿੱਚੋਂ ਪੈਸਾ ਕੱਢ ਰਹੇ ਹਨ। ਹਾਲਾਂਕਿ ਭਾਰਤੀ ਨਿਵੇਸ਼ਕਾਂ ਨੇ ਖਰੀਦਦਾਰੀ ਕਰਕੇ ਬਾਜ਼ਾਰ ਨੂੰ ਸੰਭਾਲਣ ਦੀ ਕੋਸ਼ਿਸ਼ ਕੀਤੀ ਹੈ ਪਰ ਪੱਛਮੀ ਏਸ਼ੀਆ ਵਿੱਚ ਜੰਗ ਵਰਗੇ ਹਾਲਾਤ ਬਣੇ ਰਹਿਣ ਤੱਕ ਬਾਜ਼ਾਰ ਵਿੱਚ ਉਤਾਰ-ਚੜ੍ਹਾਅ ਜਾਰੀ ਰਹਿ ਸਕਦਾ ਹੈ।

## ਸੋਨੇ-ਚਾਂਦੀ ਦੇ ਭਾਅ 'ਚ ਭਾਰੀ ਗਿਰਾਵਟ ਦਰਜ

ਕਰ ਰਹੀਆਂ ਹਨ।

ਅੰਤਰਰਾਸ਼ਟਰੀ ਬਾਜ਼ਾਰ ਵਿੱਚ ਸੋਨੇ ਅਤੇ ਚਾਂਦੀ ਦੇ ਵਾਅਦਾ ਭਾਅ ਵੀ ਗਿਰਾਵਟ ਦੇਖੀ ਜਾ ਰਹੇ ਹਨ। ਕਾਮੈਕਸ 'ਤੇ ਸੋਨਾ £4,828 ਪ੍ਰਤੀ ਔਂਸ 'ਤੇ ਖੁੱਲ੍ਹਿਆ। ਪਿਛਲੀ ਬੰਦ ਕੀਮਤ £4,896.20 ਪ੍ਰਤੀ ਔਂਸ ਸੀ। ਲਿਖਣ ਦੇ ਸਮੇਂ, ਇਹ £31.50 ਡਿੱਗ ਕੇ £4,864.70 ਪ੍ਰਤੀ ਔਂਸ 'ਤੇ ਵਪਾਰ ਕਰ ਰਿਹਾ ਸੀ। ਸੋਨੇ ਦੀਆਂ ਕੀਮਤਾਂ £5,586.20 ਦੇ ਇੱਕ ਸਾਲ ਦੇ ਉੱਚ ਪੱਧਰ 'ਤੇ ਪਹੁੰਚ ਗਈਆਂ। ਕਾਮੈਕਸ ਚਾਂਦੀ ਦੇ ਵਾਅਦਾ ਭਾਅ £75.36 'ਤੇ ਖੁੱਲ੍ਹੇ। ਪਿਛਲੀ ਸਮਾਪਤੀ ਕੀਮਤ £77.59 ਸੀ। ਲਿਖਣ ਦੇ ਸਮੇਂ, ਇਹ £1.12 ਦੀ ਗਿਰਾਵਟ ਨਾਲ £76.47 ਪ੍ਰਤੀ ਔਂਸ 'ਤੇ ਵਪਾਰ ਕਰ ਰਿਹਾ ਸੀ। ਇਹ £121.79 ਦੇ ਇੱਕ ਸਾਲ ਦੇ ਉੱਚ ਪੱਧਰ ਨੂੰ ਛੂਹ ਗਿਆ ਸੀ।

## ਪੰਜਾਬ 'ਚ 3 ਦਿਨ ਪਵੇਗਾ ਭਾਰੀ ਮੀਂਹ

ਨਾਲ ਤੇਜ਼ ਹਵਾਵਾਂ ਚੱਲਣ ਦੇ ਵੀ ਆਸਾਰ ਹਨ। ਇਸ ਦੇ ਨਾਲ ਹਲਕੀ ਬੂੰਦਾ-ਬਾਂਦੀ ਵੀ ਹੋ ਸਕਦੀ ਹੈ। ਹਾਲਾਂਕਿ 21 ਮਾਰਚ ਨੂੰ ਜ਼ਿਆਦਾਤਰ ਇਲਾਕਿਆਂ ਵਿੱਚ ਮੌਸਮ ਸੁੱਕਾ ਰਹਿਣ ਦੀ ਸੰਭਾਵਨਾ ਹੈ ਅਤੇ ਬਾਰਿਸ਼ ਦਾ ਪੱਧਰ ਘੱਟ ਜਾਵੇਗਾ। ਇਸ ਤੋਂ ਬਾਅਦ 22 ਮਾਰਚ ਨੂੰ ਦੱਖਣੀ ਪੰਜਾਬ ਦੇ ਕੁਝ ਜ਼ਿਲ੍ਹਿਆਂ ਵਿੱਚ ਹਲਕੀ ਬਾਰਿਸ਼ ਹੋ ਸਕਦੀ ਹੈ ਜਦਕਿ ਬਾਕੀ ਸੂਬਾ ਸੁੱਕਾ ਰਹੇਗਾ। 23 ਮਾਰਚ ਨੂੰ ਮੁੜ ਤੋਂ ਪੂਰੇ ਪੰਜਾਬ ਵਿੱਚ ਮੌਸਮ ਖੁਸ਼ਕ ਰਹਿਣ ਦੀ ਸੰਭਾਵਨਾ ਜਤਾਈ ਗਈ ਹੈ। ਇਸ ਤਰ੍ਹਾਂ ਆਉਣ ਵਾਲੇ ਪੰਜ ਦਿਨਾਂ ਵਿੱਚ ਮੌਸਮ ਠੰਡਾ ਰਹੇਗਾ।

## ਅਦਾਲਤ ਨੇ ਕੇਜਰੀਵਾਲ-ਸਿਸੋਦੀਆ

ਉਹ 2 ਅਪਰੈਲ ਨੂੰ ਅਗਲੀ ਸੁਣਵਾਈ ਦੌਰਾਨ ਇਸ ਮਾਮਲੇ ਦੀ ਅੰਤਿਮ ਸੁਣਵਾਈ ਲਈ ਤਰੀਕ ਤੈਅ ਕਰਨਗੇ। ਜੱਜ ਨੇ ਕਿਹਾ, 'ਮੈਨੂੰ ਨਹੀਂ ਪਤਾ ਕਿ ਤੁਸੀਂ ਜਵਾਬ ਕਿਉਂ ਦਾਇਰ ਨਹੀਂ ਕਰ ਰਹੇ ਹੋ। ਜੇ ਤੁਹਾਨੂੰ ਲੱਗਦਾ ਸੀ ਕਿ ਤੁਹਾਨੂੰ ਸੱਚਮੁੱਚ ਜਵਾਬ ਦਾਇਰ ਕਰਨ ਦੀ ਲੋੜ ਹੈ, ਤਾਂ ਤੁਹਾਨੂੰ ਜਵਾਬ ਦਾਇਰ ਕਰਨਾ ਚਾਹੀਦਾ ਸੀ। ਉਹ ਸਿਰਫ਼ ਇਹ ਕਹਿ ਰਹੇ ਹਨ ਕਿ ਜੱਜ ਨੂੰ ਉਹ ਕੁਝ ਨਹੀਂ ਸੀ ਲਿਖਣਾ ਚਾਹੀਦਾ ਜੋ ਉਸਨੇ ਲਿਖਿਆ ਹੈ।' ਜੱਜ ਨੇ ਅੱਗੇ ਕਿਹਾ, 'ਦੋ (ਅਪਰੈਲ) ਤੱਕ ਤੁਸੀਂ ਆਪਣਾ ਜਵਾਬ ਦਾਇਰ ਕਰੋ। ਫਿਰ ਅਸੀਂ ਅੰਤਿਮ ਸੁਣਵਾਈ ਲਈ ਤਰੀਕ ਤੈਅ ਕਰਾਂਗੇ।'

ਇਨਫੋਰਸਮੈਂਟ ਡਾਇਰੈਕਟੋਰੇਟ ਦੇ ਵਕੀਲ ਨੇ ਕਿਹਾ ਕਿ ਇਸ ਪਟੀਸ਼ਨ 'ਤੇ ਜਵਾਬ ਦਾਇਰ ਕਰਨ ਦੀ ਕੋਈ ਲੋੜ ਨਹੀਂ ਸੀ ਅਤੇ ਇਹ ਮਾਮਲੇ ਨੂੰ ਲਟਕਾਉਣ ਦੀ ਕੋਸ਼ਿਸ਼ ਸੀ। ਈਡੀ ਵੱਲੋਂ ਪੇਸ਼ ਹੋਏ ਵਧੀਕ ਸਾਲੀਸਿਟਰ ਜਨਰਲ ਐਸ.ਵੀ. ਰਾਜੂ ਨੇ ਦਲੀਲ ਦਿੱਤੀ ਕਿ ਏਜੰਸੀ ਦੀ ਪਟੀਸ਼ਨ ਦਾ ਮੁਲਜ਼ਮਾਂ 'ਤੇ ਕੋਈ ਪ੍ਰਭਾਵ ਨਹੀਂ ਪੈਂਦਾ, ਕਿਉਂਕਿ ਚੁਣੌਤੀ ਸਿਰਫ਼ ਟਰਾਇਲ ਕੋਰਟ ਦੇ ਜੱਜ ਦੀਆਂ ਉਨ੍ਹਾਂ ਟਿੱਪਣੀਆਂ ਤੱਕ ਸੀਮਤ ਸੀ ਜੋ ਏਜੰਸੀ ਦੇ ਵਿਰੁੱਧ ਕੀਤੀਆਂ ਗਈਆਂ ਸਨ ਜਦੋਂ ਉਸਨੇ ਸੀਬੀਆਈ ਕੇਸ ਵਿੱਚ ਕੇਜਰੀਵਾਲ, ਸਿਸੋਦੀਆ ਅਤੇ ਹੋਰਾਂ ਨੂੰ ਡਿਸਚਾਰਜ ਕੀਤਾ ਸੀ।

# ਖਹਿਰਾ ਦੇ ਪਰਿਵਾਰ ਨੇ ਰਾਮਗੜ੍ਹ 'ਚ ਪੰਚਾਇਤੀ ਜ਼ਮੀਨ ਹੜੱਪੀ: ਘੁੰਮਣ

ਚੰਡੀਗੜ੍ਹ, 19 ਮਾਰਚ (ਅੰਮ੍ਰਿਤਪਾਲ ਸਿੰਘ): ਆਮ ਆਦਮੀ ਪਾਰਟੀ (ਆਪ) ਭੁਲੱਥ ਦੇ ਹਲਕਾ ਇੰਚਾਰਜ ਐਡਵੋਕੇਟ ਹਰਸਿਮਰਨ ਸਿੰਘ ਘੁੰਮਣ ਨੇ ਕਾਂਗਰਸੀ ਵਿਧਾਇਕ ਸੁਖਪਾਲ ਸਿੰਘ ਖਹਿਰਾ 'ਤੇ ਤਿੱਖਾ ਹਮਲਾ ਬੋਲਦਿਆਂ ਉਨ੍ਹਾਂ ਦੇ ਪਰਿਵਾਰ 'ਤੇ ਪਿੰਡ ਰਾਮਗੜ੍ਹ ਵਿੱਚ ਪੰਚਾਇਤੀ ਜ਼ਮੀਨ 'ਤੇ ਨਾਜਾਇਜ਼ ਕਬਜ਼ਾ ਕਰਨ ਅਤੇ ਇਲਾਕੇ ਦੇ ਵਿਕਾਸ ਕਾਰਜਾਂ ਵਿੱਚ ਜਾਣਬੁੱਝ ਕੇ ਰੁਕਾਵਟ ਪਾਉਣ ਦੇ ਦੋਸ਼ ਲਾਏ ਹਨ।

ਵੀਰਵਾਰ ਨੂੰ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਘੁੰਮਣ ਨੇ ਕਿਹਾ ਕਿ ਜਦੋਂ ਵੀ ਕੋਈ ਗਲਤ ਕੰਮ ਉਨ੍ਹਾਂ ਦੇ ਧਿਆਨ ਵਿੱਚ ਆਉਂਦਾ ਹੈ, ਤਾਂ ਉਹ ਮੀਡੀਆ ਰਾਹੀਂ ਭੁਲੱਥ ਅਤੇ ਪੂਰੇ ਪੰਜਾਬ ਦੇ ਲੋਕਾਂ ਸਾਹਮਣੇ ਸੱਚ ਲਿਆਉਣਾ ਆਪਣਾ ਫਰਜ਼ ਸਮਝਦੇ ਹਨ। ਰਾਮਗੜ੍ਹ ਵਿੱਚ ਹੋਏ ਤਾਜ਼ਾ ਵਿਵਾਦ ਦਾ ਹਵਾਲਾ ਦਿੰਦਿਆਂ ਉਨ੍ਹਾਂ ਕਿਹਾ ਕਿ ਪੰਚਾਇਤੀ ਜ਼ਮੀਨ 'ਤੇ ਨਾਜਾਇਜ਼ ਕਬਜ਼ਿਆਂ ਵਿਰੁੱਧ ਕਾਰਵਾਈ ਪਹਿਲਾਂ ਹੀ ਸ਼ੁਰੂ ਕਰ ਦਿੱਤੀ ਗਈ ਸੀ, ਪਰ ਸਭ ਤੋਂ ਗੰਭੀਰ ਗੱਲ ਇਹ ਹੈ ਕਿ ਅਜਿਹੀਆਂ ਹਰਕਤਾਂ ਹਲਕੇ ਦੇ ਵਿਕਾਸ ਵਿੱਚ ਵੱਡੀ ਰੁਕਾਵਟ ਬਣ ਰਹੀਆਂ ਹਨ।

ਘੁੰਮਣ ਨੇ ਪੰਚਾਇਤੀ ਰਾਜ ਵਿਭਾਗ ਦੁਆਰਾ ਹਸਤਾਖਰਿਤ ਇੱਕ ਅਧਿਕਾਰਤ ਸੂਚੀ ਸਮੇਤ ਦਸਤਾਵੇਜ਼ੀ ਸਬੂਤ ਪੇਸ਼ ਕੀਤੇ, ਜਿਸ ਵਿੱਚ ਦੱਸਿਆ ਗਿਆ ਹੈ ਕਿ ਪੰਜਾਬ ਸਰਕਾਰ ਦੀ ਪੇਂਡੂ ਵਿਕਾਸ ਯੋਜਨਾ ਤਹਿਤ ਪ੍ਰਵਾਨਿਤ 28 ਖੇਡ ਮੈਦਾਨਾਂ ਵਿੱਚੋਂ ਇੱਕ ਰਾਮਗੜ੍ਹ ਪਿੰਡ ਨੂੰ ਵੀ ਅਲਾਟ ਕੀਤਾ ਗਿਆ ਸੀ। ਹਾਲਾਂਕਿ, 31 ਮਾਰਚ ਦੀ ਸਮਾਂ ਸੀਮਾ ਤੋਂ ਪਹਿਲਾਂ ਪੰਚਾਇਤੀ ਜ਼ਮੀਨ ਦੀ ਨਿਸ਼ਾਨਦੇਹੀ ਵਿੱਚ ਪਾਈ ਗਈ ਰੁਕਾਵਟ ਕਾਰਨ ਉਸਾਰੀ ਦਾ ਕੰਮ ਅੱਗੇ ਨਹੀਂ ਵੱਧ ਸਕਿਆ।

ਉਨ੍ਹਾਂ ਦੋਸ਼ ਲਾਇਆ ਕਿ ਖਹਿਰਾ ਨੇ ਆਪਣੇ ਪਰਿਵਾਰ ਦੇ ਨਾਜਾਇਜ਼ ਕਬਜ਼ੇ ਨੂੰ ਬਚਾਉਣ ਲਈ ਕਿਸਾਨ ਯੂਨੀਅਨਾਂ ਦੀ ਆੜ ਵਿੱਚ ਕੁਝ ਲੋਕਾਂ ਨੂੰ ਇਕੱਠਾ ਕਰਕੇ ਹੰਗਾਮਾ ਕੀਤਾ ਅਤੇ ਨਿਸ਼ਾਨਦੇਹੀ ਦੀ ਪ੍ਰਕਿਰਿਆ ਨੂੰ ਰੋਕ ਦਿੱਤਾ। ਘੁੰਮਣ ਨੇ ਕਿਹਾ ਕਿ।ਉਨ੍ਹਾਂ ਨੇ ਇਹ ਦਾਅਵਾ ਕਰਕੇ ਲੋਕਾਂ ਨੂੰ ਗੁਮਰਾਹ ਕਰਨ ਦੀ ਕੋਸ਼ਿਸ਼ ਕੀਤੀ ਕਿ ਸਰਕਾਰ ਕਿਸਾਨਾਂ ਵਿਰੁੱਧ ਕਾਰਵਾਈ ਕਰ ਰਹੀ ਹੈ, ਜਦਕਿ ਅਸਲ ਵਿੱਚ ਉਹ ਆਪਣੀ ਨਾਜਾਇਜ਼ ਜ਼ਮੀਨ ਹੜੱਪਣ ਦੀ ਕਾਰਵਾਈ ਨੂੰ ਛੁਪਾ ਰਹੇ ਸਨ।



ਪਿੰਡ ਰਾਮਗੜ੍ਹ ਦੀ 46 ਏਕੜ ਪੰਚਾਇਤੀ ਜ਼ਮੀਨ ਬਾਰੇ ਆਰ.ਟੀ.ਆਈ. ਦਸਤਾਵੇਜ਼ਾਂ ਅਤੇ ਕਬਜ਼ਾ ਵਾਰੰਟਾਂ ਦਾ ਹਵਾਲਾ ਦਿੰਦੇ ਹੋਏ ਘੁੰਮਣ ਨੇ ਦਾਅਵਾ ਕੀਤਾ ਕਿ ਖਹਿਰਾ ਦੇ ਪਰਿਵਾਰਕ ਮੈਂਬਰ ਪੰਚਾਇਤੀ ਜ਼ਮੀਨ 'ਤੇ ਕਬਜ਼ਾ ਕਰਨ ਲਈ ਲੰਬੇ ਸਮੇਂ ਤੋਂ ਜਾਂਚ ਦੇ ਘੇਰੇ ਵਿੱਚ ਹਨ। ਉਨ੍ਹਾਂ ਨੇ ਖਹਿਰਾ ਦੇ ਰਿਸ਼ਤੇਦਾਰਾਂ, ਤਰਿੰਦਰਜੀਤ ਸਿੰਘ ਉਰਫ਼ ਤਜਿੰਦਰ ਸਿੰਘ ਪੁੱਤਰ ਗੁਰਦਿਆਲ ਸਿੰਘ ਅਤੇ ਹਰੀ ਸਿੰਘ ਪੁੱਤਰ ਹਰਭਜਨ ਸਿੰਘ ਦੇ ਨਾਂ ਲੈਂਦਿਆਂ ਕਿਹਾ ਕਿ ਰਿਕਾਰਡ ਸਪੱਸ਼ਟ ਤੌਰ 'ਤੇ ਕਬਜ਼ੇ ਨਾਲ ਉਨ੍ਹਾਂ ਦੇ ਸਬੰਧਾਂ ਦੀ ਪੁਸ਼ਟੀ ਕਰਦਾ ਹੈ।

ਹੋਰ ਬੇਨਿਯਮੀਆਂ ਬਾਰੇ ਦੱਸਦਿਆਂ ਘੁੰਮਣ ਨੇ ਇਸ਼ਾਰਾ ਕੀਤਾ ਕਿ ਸਰਕਾਰੀ ਰਿਕਾਰਡ ਅਨੁਸਾਰ ਪਿੰਡ ਦਾ ਛੱਪੜ ਲੱਗਭੱਗ 24 ਕਨਾਲਾਂ ਵਿੱਚ ਫੈਲਿਆ ਹੋਇਆ ਹੈ, ਜਦੋਂ ਕਿ ਮੌਜੂਦਾ ਮਿਣਤੀ ਦਰਸਾਉਂਦੀ ਹੈ ਕਿ ਸਿਰਫ਼ 9 ਕਨਾਲਾਂ ਹੀ ਬਚੀਆਂ ਹਨ। ਉਨ੍ਹਾਂ ਸਵਾਲ ਕੀਤਾ, ਬਾਕੀ 15 ਕਨਾਲਾਂ ਕਿੱਥੇ ਗਾਇਬ ਹੋ ਗਈਆਂ ? ਇਹ ਉਹ ਸਵਾਲ ਹੈ ਜਿਸਦਾ ਜਵਾਬ ਖਹਿਰਾ ਨੂੰ ਦੇਣਾ ਚਾਹੀਦਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਗਾਇਬ ਹੋਈ ਜ਼ਮੀਨ 'ਤੇ ਨਾਜਾਇਜ਼ ਕਬਜ਼ਾ ਕੀਤਾ ਗਿਆ ਹੈ।

ਮੁੱਦੇ ਨੂੰ ਸਿਰੇ ਲਾਉਂਦਿਆਂ ਘੁੰਮਣ ਨੇ ਖਹਿਰਾ ਅਤੇ ਕਾਂਗਰਸੀ ਆਗੂਆਂ ਨੂੰ ਜ਼ਮੀਨ ਦੀ ਪਾਰਦਰਸ਼ੀ ਅਤੇ ਲਾਈਵ ਨਿਸ਼ਾਨਦੇਹੀ ਲਈ ਖੁੱਲ੍ਹੀ ਚੁਣੌਤੀ ਦਿੱਤੀ। ਉਨ੍ਹਾਂ ਕਿਹਾ, ਮੈਂ ਖੁਦ ਸਾਰੇ ਦਸਤਾਵੇਜ਼ ਲੈ ਕੇ ਪ੍ਰਤਾਪ ਸਿੰਘ ਬਾਜਵਾ ਦੇ ਘਰ ਜਾਵਾਂਗਾ ਅਤੇ ਉਨ੍ਹਾਂ ਨੂੰ ਮੀਡੀਆ ਸਮੇਤ ਨਿਸ਼ਾਨਦੇਹੀ ਲਈ ਤਰੀਕ ਤੈਅ ਕਰਨ ਦਾ ਸੱਦਾ ਦੇਵਾਂਗਾ। ਇਹ ਸਭ ਲਾਈਵ ਹੋਣ ਦਿਓ ਤਾਂ ਜੋ ਸੱਚਾਈ ਸਭ ਦੇ ਸਾਹਮਣੇ ਆ ਜਾਵੇ।

# ਭਾਜਪਾ ਵੱਲੋਂ ਚਾਰ ਸੂਬਿਆਂ ਦੀਆਂ ਜ਼ਿਮਨੀ ਚੋਣਾਂ ਲਈ ਉਮੀਦਵਾਰਾਂ ਦਾ ਐਲਾਨ

ਗੋਆ, ਕਰਨਾਟਕ, ਨਾਗਾਲੈਂਡ ਅਤੇ ਤ੍ਰਿਪੁਰਾ ਲਈ ਐਲਾਨੇ ਉਮੀਦਵਾਰ




ਨਵੀਂ ਦਿੱਲੀ, 19 ਮਾਰਚ (ਚ.ਨ.ਸ.): ਭਾਰਤੀ ਜਨਤਾ ਪਾਰਟੀ ਨੇ ਵੀਰਵਾਰ ਨੂੰ ਗੋਆ, ਕਰਨਾਟਕ, ਨਾਗਾਲੈਂਡ ਅਤੇ ਤ੍ਰਿਪੁਰਾ ਦੀਆਂ ਪੰਜ ਵਿਧਾਨ ਸਭਾ ਸੀਟਾਂ 'ਤੇ ਹੋਣ ਵਾਲੀਆਂ ਜ਼ਿਮਨੀ ਚੋਣਾਂ ਲਈ ਆਪਣੇ ਉਮੀਦਵਾਰਾਂ ਦੀ ਸੂਚੀ ਜਾਰੀ ਕਰ ਦਿੱਤੀ ਹੈ। ਇਨ੍ਹਾਂ ਸੀਟਾਂ 'ਤੇ 9 ਅਪ੍ਰੈਲ ਨੂੰ ਵੋਟਾਂ ਪੈਣਗੀਆਂ। ਪਾਰਟੀ ਹਾਈਕਮਾਂਡ ਵੱਲੋਂ ਜਾਰੀ ਸੂਚੀ ਅਨੁਸਾਰ, ਗੋਆ ਦੀ ਪੋਂਡਾ ਸੀਟ ਤੋਂ ਰਿਤੇਸ਼ ਰਵੀ ਨਾਇਕ, ਨਾਗਾਲੈਂਡ ਦੀ ਕੋਰੀਡਾਂਗ ਸੀਟ ਤੋਂ ਦਾਓਚੀਅਰ ਆਈ. ਇਮਚੇਨ ਅਤੇ ਤ੍ਰਿਪੁਰਾ ਦੀ ਧਰਮਨਗਰ ਸੀਟ ਤੋਂ ਜਹਰ ਚੱਕਰਵਰਤੀ ਨੂੰ ਚੋਣ ਮੈਦਾਨ ਵਿੱਚ ਉਤਾਰਿਆ ਗਿਆ ਹੈ। ਬਾਗਲਕੋਟ ਸੀਟ ਤੋਂ ਵੀਰਭੱਦਰਯਾ ਚਰੰਤੀਮਠ ਚੋਣ ਲੜਨਗੇ, ਜਦਕਿ ਦਾਵਣਗੇਰੇ ਦੱਖਣੀ ਸੀਟ ਤੋਂ ਸ਼੍ਰੀਨਿਵਾਸ ਟੀ. ਦਾਸਕਰੀਅੱਪਾ ਨੂੰ ਉਮੀਦਵਾਰ ਬਣਾਇਆ ਗਿਆ ਹੈ। ਭਾਜਪਾ ਨੇ ਇਨ੍ਹਾਂ ਚੋਣਾਂ ਲਈ ਆਪਣੀ ਪੂਰੀ ਤਾਕਤ ਝੋਕ ਦਿੱਤੀ ਹੈ ਅਤੇ ਉਮੀਦਵਾਰਾਂ ਦੇ ਨਾਵਾਂ ਦਾ ਐਲਾਨ ਕਰਕੇ ਚੋਣ ਮੁਹਿੰਮ ਨੂੰ ਤੇਜ਼ ਕਰ ਦਿੱਤਾ ਹੈ।

ਚੜ੍ਹਦੀਕਲਾ
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

### ਪੰਜਾਬ ਖੇਤੀਬਾੜੀ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਦੇਸ਼ ਭਰ 'ਚੋਂ ਮੋਹਰੀ

# ਪੰਜਾਬ ਵਿੱਚ ਏ.ਆਈ.ਐਫ. ਸਕੀਮ ਤਹਿਤ 32,823 ਪ੍ਰੋਜੈਕਟਾਂ ਲਈ 7,597 ਕਰੋੜ ਮਨਜ਼ੂਰ, 7,132 ਕਰੋੜ ਲਾਭਪਾਤਰੀਆਂ ਨੂੰ ਜਾਰੀ : ਮੋਹਿੰਦਰ ਭਗਤ

ਚੰਡੀਗੜ੍ਹ, 19 ਮਾਰਚ (ਚ.ਨ.ਸ.): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੌਰਾਨ ਖੇਤੀਬਾੜੀ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਪੰਜਾਬ ਦੇਸ਼ ਭਰ ਚੋਂ ਮੋਹਰੀ ਸੂਬਾ ਬਣ ਕੇ ਉਭਰਿਆ ਹੈ। ਪੰਜਾਬ ਦੇ ਬਾਗਬਾਨੀ ਵਿਭਾਗ ਦੁਆਰਾ ਚੰਡੀਗੜ੍ਹ ਵਿਖੇ ਆਯੋਜਿਤ ਰਾਜ ਪੱਧਰੀ ਏਆਈਐਫ ਸੰਮੇਲਨ ਤੇ ਸਨਮਾਨ ਸਮਾਗਮ ਵਿੱਚ ਬਾਗਬਾਨੀ ਮੰਤਰੀ ਮੋਹਿੰਦਰ ਭਗਤ ਨੇ ਮੁੱਖ ਮਹਿਮਾਨ ਵੱਜੋਂ ਸ਼ਿਰਕਤ ਕੀਤੀ। ਇਸ ਮੌਕੇ ਸਮਾਗਮ ਨੂੰ ਸੰਬੋਧਨ ਕਰਦਿਆਂ ਬਾਗਬਾਨੀ ਮੰਤਰੀ ਮੋਹਿੰਦਰ ਭਗਤ ਨੇ ਦੱਸਿਆ ਕਿ ਏ.ਆਈ.ਐਫ. ਤਹਿਤ ਪ੍ਰੋਜੈਕਟਾਂ ਦੀ ਸਭ ਤੋਂ ਵੱਧ ਗਿਣਤੀ ਵਿੱਚ ਪੰਜਾਬ ਦੇਸ਼ ਭਰ ਵਿੱਚ ਪਹਿਲੇ ਸਥਾਨ 'ਤੇ ਹੈ। ਉਨ੍ਹਾ ਕਿਹਾ ਕਿ ਸੂਬੇ ਵਿੱਚ ਖੇਤੀਬਾੜੀ ਬੁਨਿਆਦੀ ਢਾਂਚਾ ਫੰਡ ਸਕੀਮ ਤਹਿਤ ਫਰਵਰੀ-2026 ਤੱਕ 32,823 ਪ੍ਰੋਜੈਕਟ ਮਨਜ਼ੂਰ ਕੀਤੇ ਗਏ ਹਨ, ਇਨ੍ਹਾਂ ਪ੍ਰੋਜੈਕਟਾਂ ਲਈ ਵੱਖ-ਵੱਖ ਵਿੱਤੀ ਸੰਸਥਾਵਾਂ ਵੱਲੋਂ 7,597 ਕਰੋੜ ਰੁਪਏ ਦੇ ਕਰਜ਼ੇ ਮਨਜ਼ੂਰ ਕੀਤੇ ਹਨ ਅਤੇ 7,132 ਕਰੋੜ ਰੁਪਏ ਲਾਭਪਾਤਰੀਆਂ ਨੂੰ ਜਾਰੀ ਕੀਤੇ ਗਏ ਹਨ। ਉਨ੍ਹਾ ਦੱਸਿਆ ਕਿ ਇਸ ਯੋਜਨਾ ਤਹਿਤ ਸਭ ਤੋਂ ਵੱਧ ਪ੍ਰੋਜੈਕਟ ਮਨਜ਼ੂਰ ਕਰਾਉਣ ਵਾਲੇ ਦੇਸ਼ ਦੇ ਉੱਪਰਲੇ ਜ਼ਿਲ੍ਹਿਆਂ ਵਿੱਚੋਂ 8 ਜ਼ਿਲ੍ਹੇ ਪੰਜਾਬ ਦੇ ਹਨ। ਇਨ੍ਹਾਂ ਵਿੱਚ ਲੁਧਿਆਣਾ (3,650 ਪ੍ਰੋਜੈਕਟ), ਸੰਗਰੂਰ (3,155), ਬਠਿੰਡਾ (3,049), ਪਟਿਆਲਾ (2,970), ਫਾਜ਼ਿਲਕਾ (2,844), ਸ੍ਰੀ ਮੁਕਤਸਰ ਸਾਹਿਬ (2,246), ਮੋਗਾ (1,758) ਅਤੇ




ਫਿਰੋਜ਼ਪੁਰ (1,680) ਸ਼ਾਮਲ ਹਨ।

ਇਸ ਤੋਂ ਇਲਾਵਾ ਉਨ੍ਹਾਂ ਦੱਸਿਆ ਕਿ ਬਾਗ਼ਬਾਨੀ ਖੇਤਰ ਨੂੰ ਪ੍ਰਫੁੱਲਤ ਕਰਨ ਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਦੇ ਉਦੇਸ਼ ਨਾਲ ਜਾਪਾਨ ਇੰਟਰਨੈਸ਼ਨਲ ਕੋਆਪਰੇਸ਼ਨ ਏਜੰਸੀ, ਜੀਕਾ, ਦੀ ਸਹਾਇਤਾ ਨਾਲ ਲਗਭਗ 1300 ਕਰੋੜ ਰੁਪਏ ਦੀ ਲਾਗਤ ਵਾਲੇ ਪ੍ਰੋਜੈਕਟ ਮਨਜ਼ੂਰ ਕੀਤੇ ਗਏ ਹਨ ਜੋ ਕਿ ਅਗਲੇ 10 ਸਾਲਾਂ ਦੌਰਾਨ ਸ਼ੁਰੂ ਕੀਤੇ ਜਾਣਗੇ।

ਉਨ੍ਹਾਂ ਹੋਰ ਦੱਸਿਆ ਕਿ ਪੰਜਾਬ ਨੇ ਸਤੰਬਰ 2024 ਤੇ ਜਨਵਰੀ 2026 ਵਿੱਚ ਸਰਵੋਤਮ ਪ੍ਰਦਰਸ਼ਨ ਕਰਨ ਵਾਲੇ ਰਾਜ ਵਜੋਂ ਵੱਜੋਂ ਪੁਰਸਕਾਰ ਹਾਸਲ ਕੀਤੇ ਹਨ। ਇਸ ਸਮਾਗਮ ਦੌਰਾਨ ਸਫਲਤਾ ਦੀਆਂ ਕਹਾਣੀਆਂ 'ਤੇ ਇੱਕ ਕਿਤਾਬਚਾ ਜਾਰੀ ਕੀਤਾ ਗਿਆ। ਇਸ ਤੋਂ ਪਹਿਲਾਂ ਬਾਗਬਾਨੀ ਵਿਭਾਗ ਦੇ ਪ੍ਰਬੰਧਕੀ ਸਕੱਤਰ ਅਰਸ਼ਦੀਪ ਸਿੰਘ ਥਿੰਦ ਤੇ ਬਾਗਬਾਨੀ ਡਾਇਰੈਕਟਰ ਮਨੀਸ਼ ਕੁਮਾਰ ਵੱਲੋਂ ਵੀ ਇਸ ਸਕੀਮ ਨਾਲ ਸੰਬੰਧਿਤ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਇਹ ਆਈਐਫ ਸਕੀਮ ਨੂੰ ਵਧੀਆ ਢੰਗ ਨਾਲ ਲਾਗੂ ਕਰਨ ਲਈ ਵੱਖ ਵੱਖ ਜਿਲ੍ਹਿਆਂ ਦੇ ਡਿਪਟੀ ਕਮਿਸ਼ਨਰ, ਡਿਪਟੀ ਡਾਇਰੈਕਟਰ ਬਾਗਬਾਨੀ, ਲੀਡ ਜ਼ਿਲ੍ਹਾ ਮੈਨੇਜਰ ਅਤੇ ਜ਼ਿਲ੍ਹਾ ਵਿਕਾਸ ਮੈਨੇਜਰ ਨਾਬਾਰਡ ਨੂੰ ਪੁਰਸਕਾਰ ਦੇਖੇ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਸਟੇਟ ਬੈਂਕ ਆਫ਼ ਇੰਡੀਆ ਨੂੰ ਇਸਦੇ ਸ਼ਾਨਦਾਰ ਪ੍ਰਦਰਸ਼ਨ ਲਈ ਸਨਮਾਨਿਤ ਕੀਤਾ ਗਿਆ, ਉਸ ਤੋਂ ਬਾਅਦ ਬੈਂਕ ਆਫ਼ ਇੰਡੀਆ, ਪੰਜਾਬ ਨੈਸ਼ਨਲ ਬੈਂਕ, ਯੂਨੀਅਨ ਬੈਂਕ ਆਫ਼ ਇੰਡੀਆ, ਪੰਜਾਬ ਗ੍ਰਾਮੀਣ ਬੈਂਕ ਅਤੇ ਐਚਡੀਐਫਸੀ ਬੈਂਕ ਸ਼ਾਮਲ ਹਨ। ਇਸ ਸਮਾਗਮ ਦੌਰਾਨ ਵੱਖ-ਵੱਖ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰ, ਬੈਂਕਿੰਗ ਤੇ ਕਰਜ਼ਾ ਦੇਣ ਵਾਲੀਆਂ ਵੱਖ ਵੱਖ ਸੰਸਥਾਵਾਂ ਦੇ ਰਾਜ ਪੱਧਰੀ ਨੁਮਾਇੰਦੇ, ਕਿਸਾਨ ਅਤੇ ਵਿਭਾਗ ਹੋਰ ਅਧਿਕਾਰੀ ਮੌਜੂਦ ਸਨ।

# ਚੰਡੀਗੜ੍ਹ ਸੈਕਟਰ 9 ਕਤਲ ਕਾਂਡ 'ਚ ਸ਼ਾਮਲ ਦੋ ਸ਼ੂਟਰ ਗੋਲੀਬਾਰੀ ਉਪਰੰਤ ਗ੍ਰਿਫ਼ਤਾਰ; ਤਿੰਨ ਪਿਸਤੌਲ ਬਰਾਮਦ

### ਗ੍ਰਿਫ਼ਤਾਰ ਮੁਲਜ਼ਮ ਬੰਬੀਹਾ ਗੈਂਗ ਦੇ ਭਗੌੜੇ ਗੈਂਗਸਟਰ ਲੱਕੀ ਪਟਿਆਲ ਦੇ ਮੁੱਖ ਸਹਿਯੋਗੀ ਹਨ : ਡੀ.ਜੀ.ਪੀ.

ਚੰਡੀਗੜ੍ਹ, 19 ਮਾਰਚ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ ਵੱਡੀ ਸਫਲਤਾ ਹਾਸਲ ਕਰਦਿਆਂ, ਪੰਜਾਬ ਪੁਲਿਸ ਦੀ ਐਂਟੀ ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਨੇ ਸਪੈਸ਼ਲ ਟਾਸਕ ਫੋਰਸ, ਹਰਿਆਣਾ (ਕਰਨਾਲ ਯੂਨਿਟ) ਨਾਲ ਸਾਂਝੇ ਆਪ੍ਰੇਸ਼ਨ ਦੌਰਾਨ ਅੱਜ ਕੈਥਲ ਵਿੱਚ ਸੰਖੇਪ ਗੋਲੀਬਾਰੀ ਤੋਂ ਬਾਅਦ ਚੰਡੀਗੜ੍ਹ ਸੈਕਟਰ 9 ਕਤਲ ਕਾਂਡ ਵਿੱਚ ਸ਼ਾਮਲ ਦੋ ਸ਼ੂਟਰਾਂ ਨੂੰ ਗ੍ਰਿਫਤਾਰ ਕਰ ਲਿਆ ਹੈ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਤਿੰਨ ਆਧੁਨਿਕ ਹਥਿਆਰ ਬਰਾਮਦ ਕੀਤੇ ਹਨ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਰਾਜਨ ਉਰਫ਼ ਪੀਯੂਸ਼ ਪਹਿਲਵਾਨ ਵਾਸੀ ਫਿਰੋਜ਼ਪੁਰ ਅਤੇ ਪ੍ਰੀਤਮ ਸ਼ਾਹ ਵਾਸੀ ਨਵਾਂਸ਼ਹਿਰ ਵਜੋਂ ਹੋਈ ਹੈ। ਬਰਾਮਦ ਕੀਤੇ ਗਏ ਹਥਿਆਰਾਂ ਵਿੱਚ .30 ਬੋਰ ਦਾ ਪੀਐਕਸ-5 ਪਿਸਤੌਲ, .30 ਕੈਲੀਬਰ ਦਾ ਚੀਨੀ ਪਿਸਤੌਲ ਅਤੇ .32 ਕੈਲੀਬਰ ਦੇ ਪਿਸਤੌਲ ਸਮੇਤ ਗੋਲੀ-ਸਿੱਕਾ ਸ਼ਾਮਲ ਹੈ।




ਜਾਣਕਾਰੀ ਅਨੁਸਾਰ, ਬੁੱਧਵਾਰ ਨੂੰ ਚੰਡੀਗੜ੍ਹ ਦੇ ਸੈਕਟਰ 9 ਵਿਖੇ ਪੀੜਤ ਚਰਨਪ੍ਰੀਤ ਸਿੰਘ ਉਰਫ਼ ਚੀਨੀ ਦਾ ਦੋ ਅਣਪਛਾਤੇ ਹਮਲਾਵਰਾਂ ਨੇ ਗੋਲੀ ਮਾਰ ਕੇ ਕਤਲ ਕਰ ਦਿੱਤਾ ਸੀ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਬੰਬੀਹਾ ਗੈਂਗ ਦੇ ਭਗੌੜੇ ਗੈਂਗਸਟਰ ਲੱਕੀ ਪਟਿਆਲ ਦੇ ਮੁੱਖ ਸਹਿਯੋਗੀ ਹਨ। ਉਨ੍ਹਾਂ ਦੱਸਿਆ ਕਿ ਮੁੱਢਲੀ ਜਾਂਚ ਤੋਂ ਇਹ ਵੀ ਪਤਾ ਲੱਗਾ ਹੈ ਕਿ ਰਾਜਨ ਉਰਫ਼ ਪੀਯੂਸ਼ ਪਹਿਲਵਾਨ ਜੀਵਨਜੋਤ ਸਿੰਘ ਉਰਫ਼ ਜੁਗਨੂੰ ਦੇ ਡਰਾਈਵਰ ਯਾਦਵਿੰਦਰ ਸਿੰਘ ਦੇ ਹਾਈ-ਪ੍ਰੋਫਾਈਲ ਕਤਲ ਵਿੱਚ ਵੀ ਲੋੜੀਂਦਾ ਹੈ। ਡੀਜੀਪੀ ਨੇ ਦੱਸਿਆ ਕਿ ਏਜੀਟੀਐਫ ਪੰਜਾਬ ਨੇ ਪੂਰੇ ਮਾਡਿਊਲ ਦਾ ਪਰਦਾਫਾਸ਼ ਕਰ ਦਿੱਤਾ ਹੈ ਅਤੇ 30 ਘੰਟਿਆਂ ਤੋਂ ਵੀ ਘੱਟ ਸਮੇਂ ਵਿੱਚ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਇਸ ਮਾਮਲੇ ਦੀ ਹੋਰ ਜਾਂਚ ਜਾਰੀ ਹੈ। ਇਸ ਆਪਰੇਸ਼ਨ ਬਾਰੇ ਜਾਣਕਾਰੀ ਦਿੰਦਿਆਂ, ਏਜੀਟੀਐਫ ਦੇ ਐਡੀਸ਼ਨਲ ਡਾਇਰੈਕਟਰ ਜਨਰਲ ਆਫ਼ ਪੁਲਿਸ (ਏਡੀਜੀਪੀ) ਪ੍ਰਮੋਦ ਬਾਨ ਨੇ ਦੱਸਿਆ ਕਿ ਘਟਨਾ ਤੋਂ ਬਾਅਦ, ਏਜੀਟੀਐਫ ਨੇ ਇਸ ਮਾਮਲੇ ਵਿੱਚ ਸ਼ਾਮਲ ਮੁਲਜ਼ਮਾਂ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਗ੍ਰਿਫਤਾਰ ਕਰਨ ਲਈ ਡੀਆਈਜੀ ਏਜੀਟੀਐਫ ਗੁਰਮੀਤ ਸਿੰਘ ਚੌਹਾਨ ਦੀ ਨਿਗਰਾਨੀ ਹੇਠ ਤੁਰੰਤ ਇੱਕ ਵਿਸ਼ੇਸ਼ ਆਪ੍ਰੇਸ਼ਨ "ਓਪੀਐਸ ਸਾਈਲੈਂਟ ਟ੍ਰਿਗਰ" ਸ਼ੁਰੂ ਕੀਤਾ।

ਉਨ੍ਹਾਂ ਦੱਸਿਆ ਕਿ ਇਸ ਆਪਰੇਸ਼ਨ ਦੌਰਾਨ, ਮੁਲਜ਼ਮਾਂ ਨੇ ਐਸਪੀ ਏਜੀਟੀਐਫ ਬਿਕਰਮਜੀਤ ਸਿੰਘ ਬਰਾੜ ਦੀ ਅਗਵਾਈ ਵਾਲੀ ਪੁਲਿਸ ਟੀਮਾਂ 'ਤੇ ਗੋਲੀਬਾਰੀ ਕੀਤੀ। ਉਨ੍ਹਾਂ ਦੱਸਿਆ ਕਿ ਜਵਾਬੀ ਕਾਰਵਾਈ ਦੌਰਾਨ ਦੋਵੇਂ ਮੁਲਜ਼ਮ ਜ਼ਖਮੀ ਹੋ ਗਏ ਅਤੇ ਉਨ੍ਹਾਂ ਨੂੰ ਤੁਰੰਤ ਇਲਾਜ ਲਈ ਹਸਪਤਾਲ ਭੇਜ ਦਿੱਤਾ ਗਿਆ। ਏਡੀਜੀਪੀ ਨੇ ਦੱਸਿਆ ਕਿ ਸ਼ੁਰੂਆਤੀ ਪੁੱਛਗਿੱਛ ਤੋਂ ਇਹ ਵੀ ਪਤਾ ਲੱਗਾ ਹੈ ਕਿ ਦੋਸ਼ੀ ਪੀਯੂਸ਼ ਆਪਣੇ ਵਿਦੇਸ਼ੀ ਹੈਂਡਲਰ ਦੇ ਨਿਰਦੇਸ਼ਾਂ 'ਤੇ ਕਤਲ ਨੂੰ ਅੰਜਾਮ ਦੇਣ ਲਈ ਮਲੇਸ਼ੀਆ ਤੋਂ ਨੇਪਾਲ ਰਾਹੀਂ ਆਇਆ ਸੀ।

## 98 ਸਾਲਾ ਬਜ਼ੁਰਗ ਔਰਤ ਨੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਕੈਂਸਰ ਦਾ ਨਕਦੀ ਰਹਿਤ ਇਲਾਜ ਕਰਵਾਇਆ

ਚੰਡੀਗੜ੍ਹ/ਮੋਗਾ, 19 ਮਾਰਚ (ਚ.ਨ.ਸ.): ਮਿਆਰੀ ਤੇ ਸਨਮਾਨਜਨਕ ਸਿਹਤ ਸੇਵਾਵਾਂ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਇਹ ਯਕੀਨੀ ਬਣਾ ਰਹੀ ਹੈ ਕਿ ਸੂਬੇ ਦੇ ਲੋੜਵੰਦ ਨਾਗਰਿਕਾਂ ਨੂੰ ਵੀ ਬਿਨਾਂ ਕਿਸੇ ਵਿੱਤੀ ਬੋਝ ਦੇ ਸਮੇਂ ਸਿਰ ਡਾਕਟਰੀ ਇਲਾਜ ਮਿਲ ਸਕੇ। ਇਸੇ ਤਹਿਤ ਮੋਗਾ ਦੀ ਇੱਕ 98 ਸਾਲਾ ਬਜ਼ੁਰਗ ਔਰਤ ਨੇ ਮੁੱਖ ਮੰਤਰੀ ਸਿਹਤ ਯੋਜਨਾ ਅਧੀਨ ਕੈਂਸਰ ਦਾ ਨਕਦੀ ਰਹਿਤ ਇਲਾਜ ਕਰਵਾ ਕੇ ਲਾਭ ਪ੍ਰਾਪਤ ਕੀਤਾ ਹੈ। ਇਸ ਯੋਜਨਾ ਦੇ ਸਭ ਤੋਂ ਬਜ਼ੁਰਗ ਲਾਭਪਾਤਰੀਆਂ ਵਿੱਚੋਂ ਇੱਕ, ਮੁਖਤਿਆਰ ਕੌਰ ਦਾ ਸਿਹਤ ਕਾਰਡ ਰਾਹੀਂ ਕੀਮੋਥੈਰੇਪੀ ਨਾਲ ਸਬੰਧਤ ਵਿਸ਼ੇਸ਼ ਇਲਾਜ ਪੂਰੀ ਤਰ੍ਹਾਂ ਮੁਫ਼ਤ ਕੀਤਾ ਗਿਆ। ਉਮਰ ਦੇ ਇਸ ਪੜਾਅ 'ਤੇ ਜਿੱਥੇ ਲਗਾਤਾਰ ਡਾਕਟਰੀ ਸਹਾਇਤਾ ਦੀ ਬਹੁਤ ਲੋੜ ਹੁੰਦੀ ਹੈ, ਉੱਥੇ ਨਕਦ-ਰਹਿਤ ਇਲਾਜ ਦੀ ਸਹੂਲਤ ਨੇ ਇਹ ਯਕੀਨੀ ਬਣਾਇਆ ਕਿ ਵਿੱਤੀ ਤੰਗੀਆਂ-ਤੁਰਸ਼ੀਆਂ ਕਾਰਨ ਕੋਈ ਵੀ ਮਰੀਜ਼ ਲੋੜੀਂਦੇ ਡਾਕਟਰੀ ਇਲਾਜ ਤੋਂ ਵਾਂਝਾ ਨਾ ਰਹੇ। ਇਸ ਇਲਾਜ ਵਿੱਚ ਕੀਮੋਥੈਰੇਪੀ ਪ੍ਰਣਾਲੀ ਦੇ ਹਿੱਸੇ ਵਜੋਂ ਉੱਨਤ ਦਵਾਈਆਂ ਤੇ ਸਹਾਇਕ ਥੈਰੇਪੀ ਸ਼ਾਮਲ ਹੈ, ਜਿਸ ਲਈ ਨਿਰੰਤਰ ਨਿਗਰਾਨੀ ਅਤੇ ਸਮੇਂ ਸਿਰ ਡਾਕਟਰੀ ਦਖਲ ਦੀ ਲੋੜ ਹੁੰਦੀ ਹੈ।

ਬਜ਼ੁਰਗ ਮੈਂਬਰਾਂ ਦੀ ਦੇਖਭਾਲ ਕਰਨ ਵਾਲੇ ਪਰਿਵਾਰਾਂ ਲਈ, ਵਾਰ-ਵਾਰ ਹਸਪਤਾਲ ਜਾਣ ਅਤੇ ਵਿਸ਼ੇਸ਼ ਇਲਾਜ ਦਾ ਖਰਚਾ ਅਕਸਰ ਚਿੰਤਾ ਦਾ ਵਿਸ਼ਾ ਬਣ ਜਾਂਦਾ ਹੈ। ਮੁੱਖ ਮੰਤਰੀ ਸਿਹਤ ਯੋਜਨਾ ਵਿੱਤੀ ਤਣਾਅ ਤੋਂ ਬਿਨਾਂ ਮਿਆਰੀ ਸਿਹਤ ਸੇਵਾਵਾਂ ਤੱਕ ਪਹੁੰਚ ਪ੍ਰਦਾਨ ਕਰਕੇ ਇਸ ਪਾੜੇ ਨੂੰ ਪੂਰਿਆ ਜਾ ਰਿਹਾ ਹੈ। ਇਸ ਯੋਜਨਾ ਦੇ ਚੰਗੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੰਦਿਆਂ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ, "ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ, ਮੁੱਖ ਮੰਤਰੀ ਸਿਹਤ ਯੋਜਨਾ ਇਹ ਯਕੀਨੀ ਬਣਾ ਰਹੀ ਹੈ ਕਿ ਪੰਜਾਬ ਭਰ ਦੇ ਬਜ਼ੁਰਗ ਮਰੀਜ਼ਾਂ ਦਾ ਸਨਮਾਨ ਉਨ੍ਹਾਂ ਨੂੰ ਬਰਕਰਾਰ ਰੱਖਦੇ ਹੋਏ ਬਿਨਾਂ ਕਿਸੇ ਵਿੱਤੀ ਮੁਸ਼ਕਲ ਦੇ ਸਮੇਂ ਸਿਰ ਅਤੇ ਲੋੜੀਂਦੀ ਡਾਕਟਰੀ ਸਹਾਇਤਾ ਮਿਲੇ। ਜ਼ਿੰਦਗੀ ਦੇ ਇਸ ਪੜਾਅ 'ਤੇ ਇਲਾਜ ਤੱਕ ਪਹੁੰਚ ਬਹੁਤ ਅਹਿਮ ਹੈ ਤੇ ਇਹ ਯੋਜਨਾ ਪਰਿਵਾਰਾਂ ਨੂੰ ਪੂਰੇ ਭਰੋਸੇ ਨਾਲ ਉਹ ਦੇਖਭਾਲ ਪ੍ਰਦਾਨ ਕਰਨ ਦੇ ਯੋਗ ਬਣਾ ਰਹੀ ਹੈ।" ਮੁੱਖ ਮੰਤਰੀ ਸਿਹਤ ਯੋਜਨਾ ਪ੍ਰਤੀ ਪਰਿਵਾਰ ਸਾਲਾਨਾ 10 ਲੱਖ ਰੁਪਏ ਤੱਕ ਦਾ ਨਕਦੀ ਰਹਿਤ ਸਿਹਤ ਬੀਮਾ ਪ੍ਰਦਾਨ ਕਰਦੀ ਹੈ, ਜਿਸ ਨਾਲ ਲਾਭਪਾਤਰੀ ਪੰਜਾਬ ਦੇ ਸੂਚੀਬੱਧ ਸਰਕਾਰੀ ਅਤੇ ਨਿੱਜੀ ਹਸਪਤਾਲਾਂ ਵਿੱਚ ਇਲਾਜ ਕਰਵਾ ਸਕਦੇ ਹਨ। ਪੰਜਾਬ ਸਰਕਾਰ ਵਲੋਂ ਨਿਵਾਸੀਆਂ ਨੂੰ ਅਪੀਲ ਕੀਤੀ ਜਾ ਰਹੀ ਹੈ ਕਿ ਉਹ ਇਸ ਯੋਜਨਾ ਤਹਿਤ ਨਕਦੀ ਰਹਿਤ ਸਿਹਤ ਸੇਵਾਵਾਂ ਦਾ ਲਾਭ ਲੈਣ ਲਈ ਮਨੋਨੀਤ ਕੇਂਦਰਾਂ 'ਤੇ ਆਪਣੇ ਸਿਹਤ ਕਾਰਡ ਜ਼ਰੂਰ ਬਣਵਾਉਣ।

## ਸੂਬਾ ਸਰਕਾਰ ਨੇ ਡਾਕਟਰੀ ਸਿੱਖਿਆ ਦਾ ਕੀਤਾ ਵਿਸਥਾਰ, ਮਹੀਨੇ 'ਚ ਦੂਜੇ ਇੰਸਟੀਚਿਊਟ ਦਾ ਐਲਾਨ : ਡਾ. ਬਲਬੀਰ ਸਿੰਘ

ਚੰਡੀਗੜ੍ਹ, 19 ਮਾਰਚ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਸੂਬੇ ਵਿੱਚ ਸਿਹਤ ਸੰਭਾਲ ਤੇ ਮੈਡੀਕਲ ਸਿੱਖਿਆ ਦੀ ਨੁਹਾਰ ਬਦਲਣ ਲਈ ਵੱਡਾ ਯਤਨ ਕਰਦਿਆਂ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਪੂਰਥਲਾ ਵਿੱਚ ਨਵੇਂ ਸਰਕਾਰੀ ਮੈਡੀਕਲ ਕਾਲਜ ਦੀ ਸਥਾਪਨਾ ਦਾ ਐਲਾਨ ਕੀਤਾ। ਹੁਸ਼ਿਆਰਪੁਰ ਵਿੱਚ ਸ਼ਹੀਦ ਊਧਮ ਸਿੰਘ ਸਟੇਟ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਿਜ਼ ਤੋਂ ਬਾਅਦ ਇਸ ਮਹੀਨੇ ਐਲਾਨ ਕੀਤਾ ਜਾਣ ਵਾਲਾ ਇਹ ਦੂਜਾ ਅਜਿਹਾ ਸੰਸਥਾਨ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਸਟੇਟ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਿਜ਼, ਦੇ ਰੂਪ ਵਿੱਚ ਇਹ ਨਵੀਂ ਸਹੂਲਤ ਕਪੂਰਥਲਾ ਦੇ ਮੌਜੂਦਾ ਜ਼ਿਲ੍ਹਾ ਹਸਪਤਾਲ ਕੰਪਲੈਕਸ ਵਿੱਚ ਬਣਾਈ ਜਾਵੇਗੀ। ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ, "ਟੈਂਡਰਿੰਗ ਪ੍ਰਕਿਰਿਆ ਸਮੇਤ ਸਾਰੀਆਂ ਰਸਮੀ ਕਾਰਵਾਈਆਂ ਪੂਰੀਆਂ ਹੋ ਗਈਆਂ ਹਨ ਤੇ ਕਾਰਜਕਾਰੀ ਏਜੰਸੀਆਂ ਨੂੰ ਕੰਮ ਦੇ ਆਦੇਸ਼ ਜਾਰੀ ਕਰ ਦਿੱਤੇ ਗਏ ਹਨ। ਉਸਾਰੀ 25 ਮਾਰਚ, 2026 ਨੂੰ ਸ਼ੁਰੂ ਕਰ ਦਿੱਤੀ ਜਾਵੇਗੀ ਤੇ ਮਾਰਚ 2028 ਤੱਕ 24 ਮਹੀਨਿਆਂ ਦੇ ਅੰਦਰ-ਅੰਦਰ ਪੂਰੀ ਕਰਨ ਦਾ ਟੀਚਾ ਹੈ।" ਉਨ੍ਹਾਂ ਹੋਰ ਜਾਣਕਾਰੀ ਸਾਂਝੀ ਕਰਦਿਆਂ ਕਿਹਾ, "275 ਕਰੋੜ ਰੁਪਏ ਦੀ ਕੁੱਲ ਲਾਗਤ ਨਾਲ ਸਥਾਪਿਤ ਕੀਤੇ ਜਾਣ ਵਾਲੇ ਇਸ ਪ੍ਰਾਜੈਕਟ ਵਿੱਚ 300 ਬਿਸਤਰਿਆਂ




ਵਾਲਾ ਹਸਪਤਾਲ ਤੇ ਇੱਕ ਮੈਡੀਕਲ ਕਾਲਜ ਹੋਵੇਗਾ,ਜਿਸ ਵਿੱਚ ਸਾਲਾਨਾ ਐਮ.ਬੀ.ਬੀ.ਐਸ. ਲਈ 100 ਸੀਟਾਂ ਹੋਣਗੀਆਂ, ਜਿਸ ਨਾਲ ਨਾ ਕੇਵਲ ਸੂਬੇ ਦੀ ਮੈਡੀਕਲ ਸਿੱਖਿਆ ਸਮਰੱਥਾ ਵਿੱਚ ਵਾਧਾ ਹੋਵੇਗਾ ਸਗੋਂ ਪੰਜਾਬ ਦੇ ਵਿਦਿਆਰਥੀਆਂ ਨੂੰ ਡਾਕਟਰੀ ਦੀ ਮਹਿੰਗੀ ਪੜ੍ਹਾਈ ਲਈ ਵਿਦੇਸ਼ਾਂ ਵਿੱਚ ਜਾਣ ਦੀ ਲੋੜ ਨਹੀਂ ਪਵੇਗੀ।"

ਇਸ ਪੇਸ਼ਕਦਮੀ ਦੇ ਸਾਕਾਰਾਤਮਕ ਪ੍ਰਭਾਵਾਂ ਬਾਰੇ ਦੱਸਦਿਆਂ ਮੰਤਰੀ ਨੇ ਕਿਹਾ, "ਇੱਕ ਵਾਰ ਚਾਲੂ ਹੋਣ ਤੋਂ ਬਾਅਦ, ਸੰਸਥਾ ਨਾ ਸਿਰਫ਼ 100 ਐਮ.ਬੀ.ਬੀ.ਐਸ. ਸੀਟਾਂ ਵਿੱਚ ਵਾਧਾ ਕਰੇਗੀ , ਸਗੋਂ ਖੇਤਰ ਦੇ ਲੋਕਾਂ ਨੂੰ ਅਤਿ-ਆਧੁਨਿਕ ਸੈਕੰਡਰੀ ਤੇ ਟਰਸ਼ਰੀ ਸਿਹਤ ਸੇਵਾਵਾਂ ਵੀ ਪ੍ਰਦਾਨ ਕਰੇਗੀ। ਇਹ ਸੰਸਥਾ ਰੁਜ਼ਗਾਰ ਦਾ ਇੱਕ ਵੱਡਾ ਸਰੋਤ ਹੋਵੇਗੀ, ਜਿਸ ਨਾਲ 1000 ਤੋਂ ਵੱਧ ਲੋਕਾਂ ਨੂੰ ਸਿੱਧੇ ਤੌਰ 'ਤੇ ਲਾਭ ਹੋਵੇਗਾ ਤੇ ਬਹੁਤਾਂ ਨੂੰ ਅਸਿੱਧੇ ਤੌਰ 'ਤੇ ਰੁਜ਼ਗਾਰ ਮਿਲੇਗਾ।" ਸਿਹਤ ਸੰਭਾਲ ਦੇ ਖੇਤਰ ਵਿੱਚ ਹੋਰ ਪ੍ਰਾਪਤੀਆਂ ਗਿਣਾਉਂਦਿਆਂ। ਦੋਵੇਂ ਕਪੂਰਥਲਾ ਦੇ ਨਵੇਂ ਮੈਡੀਕਲ ਕਾਲਜ ਨਾਲ ਜੁੜਕੇ ਕੰਮ ਕਰਨਗੇ।" 5 ਲੱਖ ਵਰਗ ਫੁੱਟ ਤੋਂ ਵੱਧ ਦੇ ਖੇਤਰ ਵਿੱਚ ਸਥਾਪਿਤ ਕੀਤੇ ਜਾਣ ਵਾਲੇ ਇਸ ਪ੍ਰਾਜੈਕਟ ਵਿੱਚ ਛੇ ਵੱਡੇ ਆਪ੍ਰੇਸ਼ਨ ਥੀਏਟਰ, 500 ਦੀ ਸਮਰੱਥਾ ਵਾਲਾ ਆਡੀਟੋਰੀਅਮ, ਐਮਆਰਆਈ ਤੇ ਸੀਟੀ ਸਕੈਨ ਵਰਗੀਆਂ ਉੱਨਤ ਡਾਇਗਨੌਸਟਿਕ ਸਹੂਲਤਾਂ, ਇੱਕ ਕੇਂਦਰੀ ਲੈਬਾਰਟਰੀ, ਇੱਕ ਬਲੱਡ ਬੈਂਕ ਤੇ ਹੁਨਰ ਲੈਬਾਂ ਤੇ ਅਜਾਇਬ ਘਰਾਂ ਨਾਲ ਲੈਸ ਆਧੁਨਿਕ ਸਿੱਖਿਆ ਵਿਭਾਗ ਸ਼ਾਮਲ ਹੋਣਗੇ। ਸਿਹਤ ਮੰਤਰੀ ਦੇ ਨਾਲ ਪ੍ਰਮੁੱਖ ਸਕੱਤਰ ਸਿਹਤ ਤੇ ਪਰਿਵਾਰ ਭਲਾਈ ਕੁਮਾਰ ਰਾਹੁਲ, ਪੰਜਾਬ ਸਿਹਤ ਸਿਸਟਮ ਕਾਰਪੋਰੇਸ਼ਨ ਦੇ ਚੇਅਰਮੈਨ ਗੁਰਸ਼ਰਨ ਸਿੰਘ ਛੀਨਾ ਅਤੇ ਪੰਜਾਬ ਸਿਹਤ ਸਿਸਟਮ ਕਾਰਪੋਰੇਸ਼ਨ ਦੇ ਪ੍ਰਬੰਧ ਨਿਰਦੇਸ਼ਕ ਅਮਿਤ ਤਲਵਾੜ ਵੀ ਮੌਜੂਦ ਸਨ।

## ਸੂਬਾ ਸਰਕਾਰ ਨੇ ਤੇਜ਼ਾਬ ਹਮਲੇ ਦੇ ਪੀੜਤਾਂ ਲਈ ਸਹਾਇਤਾ ਰਾਸ਼ੀ ਵਧਾ ਕੇ 10000 ਕੀਤੀ : ਡਾ. ਬਲਜੀਤ ਕੌਰ

ਚੰਡੀਗੜ੍ਹ, 19 ਮਾਰਚ (ਚ.ਨ.ਸ.): ਤੇਜ਼ਾਬ ਹਮਲੇ ਦੇ ਪੀੜਤਾਂ ਲਈ ਵਿੱਤੀ ਸੁਰੱਖਿਆ ਤੇ ਸਮਾਜਿਕ ਮਾਣ-ਸਨਮਾਨ ਨੂੰ ਯਕੀਨੀ ਬਣਾਉਣ ਲਈ ਅਹਿਮ ਕਦਮ ਚੁੱਕਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਇੱਕ ਵੱਡਾ ਫੈਸਲਾ ਲਿਆ ਹੈ। ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਪਿਛਲੇ ਸਾਲ ਦੌਰਾਨ ਤੇਜ਼ਾਬ ਹਮਲੇ ਦੇ ਪੀੜਤਾਂ ਲਈ ਚੱਲ ਰਹੀ ਯੋਜਨਾ ਨੂੰ ਲਿੰਗ-ਨਿਰਪੱਖ ਬਣਾਇਆ ਗਿਆ ਹੈ।



ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ, "ਪਿਛਲੇ ਸਾਲ ਦੌਰਾਨ, ਤੇਜ਼ਾਬੀ ਹਮਲੇ ਦੇ ਪੀੜਤਾਂ ਲਈ ਚੱਲ ਰਹੀ ਯੋਜਨਾ ਨੂੰ ਲਿੰਗ-ਨਿਰਪੱਖ ਬਣਾਇਆ ਗਿਆ ਹੈ। ਇਹ ਯੋਜਨਾ ਪਹਿਲਾਂ ਸਿਰਫ਼ ਔਰਤਾਂ ਤੱਕ ਹੀ ਸੀਮਤ ਸੀ,ਪਰ ਹੁਣ ਪੁਰਸ਼ ਅਤੇ ਟ੍ਰਾਂਸਜੈਂਡਰ ਪੀੜਤਾਂ ਨੂੰ ਵੀ ਇਸਦਾ ਲਾਭ ਮਿਲੇਗਾ। ਇਸ ਤੋਂ ਇਲਾਵਾ ਇਸ ਯੋਜਨਾ ਤਹਿਤ ਮਾਸਿਕ ਵਿੱਤੀ ਸਹਾਇਤਾ 8,000 ਤੋਂ ਵਧਾ ਕੇ 10,000 ਰੁਪਏ ਕਰ ਦਿੱਤੀ ਗਈ ਹੈ, ਜੋ ਪੀੜਤਾਂ ਦੀ ਰੋਜ਼ੀ-ਰੋਟੀ ਤੇ ਮੁੜ ਵਸੇਬੇ ਲਈ ਬਹੁਤ ਮਹੱਤਵਪੂਰਨ ਸਿੱਧ ਹੋਵੇਗੀ। ਹਿੰਸਾ ਪੀੜਤਾਂ ਪ੍ਰਤੀ ਭਗਵੰਤ ਮਾਨ ਸਰਕਾਰ ਦੀ ਵਚਨਬੱਧਤਾ ਦੀ ਪੁਸ਼ਟੀ ਕਰਦਿਆਂ ਮੰਤਰੀ ਨੇ ਕਿਹਾ ਕਿ ਇਹ ਪਹਿਲਕਦਮੀ ਵਿੱਤੀ ਸਹਾਇਤਾ ਤੋਂ ਪਰੇ ਹੈ ਅਤੇ ਮਾਣ ਅਤੇ ਭਰੋਸੇ ਨੂੰ ਬਹਾਲ ਕਰਨ ਲਈ ਸੁਹਿਰਦ ਵਚਨਬੱਧਤਾ ਨੂੰ ਦਰਸਾਉਂਦੀ ਹੈ। ਡਾ. ਬਲਜੀਤ ਕੌਰ ਨੇ ਕਿਹਾ,"ਪੰਜਾਬ ਸਰਕਾਰ ਹਰ ਉਸ ਵਿਅਕਤੀ ਦੇ ਨਾਲ ਖੜ੍ਹੀ ਹੈ ਜੋ ਕਿਸੇ ਵੀ ਤਰ੍ਹਾਂ ਦੀ ਹਿੰਸਾ ਦਾ ਸ਼ਿਕਾਰ ਹੋਇਆ ਹੈ। ਇਹ ਫੈਸਲਾ ਸਿਰਫ਼ ਵਿੱਤੀ ਸਹਾਇਤਾ ਬਾਰੇ ਨਹੀਂ , ਸਗੋਂ ਪੀੜਤਾਂ ਦੇ ਮਾਣ, ਸਵੈ-ਮਾਣ ਅਤੇ ਵਿਸ਼ਵਾਸ ਨੂੰ ਬਹਾਲ ਕਰਨ ਵੱਲ ਵੱਡਾ ਕਦਮ ਹੈ।"

ਉਨ੍ਹਾਂ ਅੱਗੇ ਕਿਹਾ, "ਪੰਜਾਬ ਸਰਕਾਰ ਮਨੁੱਖੀ ਅਧਿਕਾਰਾਂ ਦੀ ਰੱਖਿਆ ਅਤੇ ਸਮਾਜ ਦੇ ਹਰ ਵਰਗ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਸਾਡਾ ਉਦੇਸ਼ ਅਜਿਹਾ ਸਮਾਜ ਬਣਾਉਣਾ ਹੈ,ਜਿੱਥੇ ਹਰ ਪੀੜਤ ਬਰਾਬਰੀ , ਸੁਰੱਖਿਆ ਅਤੇ ਸਨਮਾਨ ਨਾਲ ਰਹਿ ਸਕੇ।" ਅਜਿਹੇ ਅਪਰਾਧਾਂ ਦੇ ਮਾਰੂ ਪ੍ਰਭਾਵਾਂ ਬਾਰੇ ਦਸਦਿਆਂ ਮੰਤਰੀ ਨੇ ਕਿਹਾ, "ਤੇਜ਼ਾਬ ਹਮਲੇ ਨਾ ਸਿਰਫ਼ ਸਰੀਰਕ ਜ਼ਖ਼ਮ ਦਿੰਦੇ ਹਨ, ਸਗੋਂ ਡੂੰਘੀਆਂ ਭਾਵਨਾਤਮਕ ਅਤੇ ਮਾਨਸਿਕ ਸੱਟਾਂ ਵੀ ਛੱਡ ਜਾਂਦੇ ਹਨ। ਜਿਨ੍ਹਾਂ ਲੋਕਾਂ ਨੇ ਅਜਿਹੇ ਸਦਮੇ ਸਹਿਣ ਕੀਤੇ ਹਨ , ਉਨ੍ਹਾਂ ਲਈ ਇਹ ਮਹਿਜ਼ ਵਿੱਤੀ ਮਦਦ ਨਹੀਂ ਬਲਕਿ ਇੱਕ ਭਰੋਸਾ ਹੈ ਕਿ ਉਹ ਇਕੱਲੇ ਨਹੀਂ, ਪੰਜਾਬ ਸਰਕਾਰ ਡੱਟ ਕੇ ਉਨ੍ਹਾਂ ਦੇ ਨਾਲ ਖੜ੍ਹੀ ਹੈ9 ਉਨ੍ਹਾਂ ਦੀ ਹਿੰਮਤ ਨੂੰ ਸਲਾਮ ਹੈ ਅਤੇ ਉਨ੍ਹਾਂ ਦੀ ਜ਼ਿੰਦਗੀ ਨੂੰ ਮੁੜ ਮਾਣ -ਸਤਿਕਾਰ ਅਤੇ ਆਸਾਂ -ਉਮੀਦਾਂ ਨਾਲ ਭਰਨ ਲਈ ਸਰਕਾਰ ਵਚਨਬੱਧ ਹੈ।"

## 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਸੂਬੇ 'ਚ 426 ਡਰੱਗ ਹੌਟਸਪੌਟਸ 'ਤੇ ਛਾਪੇਮਾਰੀ ਦੌਰਾਨ 248 ਕਾਬੂ

ਚੰਡੀਗੜ੍ਹ, 19 ਮਾਰਚ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਕੀਤੇ ਜਾ ਰਹੇ ਅਣਥੱਕ ਯਤਨਾਂ ਤਹਿਤ, ਪੰਜਾਬ ਪੁਲਿਸ ਨੇ ਆਪਣੀ ਨਸ਼ਾ ਵਿਰੋਧੀ ਮੁਹਿੰਮ ਦੇ 383ਵੇਂ ਦਿਨ, ਅੱਜ ਸੂਬੇ ਭਰ ਵਿੱਚ ਪਛਾਣੇ ਗਏ ਡਰੱਗ ਹੌਟਸਪੌਟਸ-ਨਸ਼ਾ ਤੇ ਨਸ਼ੀਲੇ ਪਦਾਰਥਾਂ ਦੀ ਵਿਕਰੀ ਦੀਆਂ ਥਾਵਾਂ 'ਤੇ ਸੂਬਾ ਪੱਧਰੀ ਘੇਰਾਬੰਦੀ ਤੇ ਤਲਾਸ਼ੀ ਮੁਹਿੰਮ (ਸੀਏਐਸਓ) ਚਲਾਈ। ਇਹ ਘੇਰਾਬੰਦੀ ਅਤੇ ਤਲਾਸ਼ੀ ਮੁਹਿੰਮ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਸੂਬੇ ਦੇ ਸਾਰੇ 28 ਪੁਲਿਸ ਜ਼ਿਲ੍ਹਿਆਂ ਵਿੱਚ



ਇੱਕੋ ਸਮੇਂ ਚਲਾਈ ਗਈ। ਪੰਜਾਬ ਪੁਲਿਸ ਹੈੱਡਕੁਆਰਟਰ (ਪੀਪੀਐਚਕਿਊਜ਼) ਦੇ ਸੀਨੀਅਰ ਅਧਿਕਾਰੀਆਂ ਨੂੰ ਇਸ ਮੁਹਿੰਮ ਦੀ ਨਿੱਜੀ ਤੌਰ 'ਤੇ ਨਿਗਰਾਨੀ ਕਰਨ ਲਈ ਵੱਖ-ਵੱਖ ਜ਼ਿਲ੍ਹਿਆਂ ਵਿੱਚ ਤਾਇਨਾਤ ਕੀਤਾ ਗਿਆ ਸੀ। ਦਿਨ ਭਰ ਚੱਲੇ ਇਸ ਆਪਰੇਸ਼ਨ ਦੌਰਾਨ, ਪੁਲਿਸ ਟੀਮਾਂ ਨੇ ਸੂਬੇ ਭਰ ਵਿੱਚ 426 ਡਰੱਗ ਹੌਟਸਪਾਟਾਂ 'ਤੇ ਛਾਪੇਮਾਰੀ ਕੀਤੀ ਹੈ ਜਿਸ ਦੌਰਾਨ 200 ਐਫਆਈਆਰਜ਼ ਦਰਜ ਕਰਕੇ 248 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਪੁਲਿਸ ਟੀਮਾਂ ਨੇ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ 710 ਗ੍ਰਾਮ ਹੈਰੋਇਨ, 20 ਕਿਲੋ ਭੁੱਕੀ, 2655 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 14,150 ਰੁਪਏ ਦੀ ਡਰੱਗ ਮਨੀ ਵੀ ਬਰਾਮਦ ਕੀਤੀ ਹੈ। ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਸੀਨੀਅਰ ਪੁਲਿਸ ਸੁਪਰਡੈਂਟ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਕਿਹਾ ਹੈ। ਪੰਜਾਬ ਸਰਕਾਰ ਨੇ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਿੱਚ 5 ਮੈਂਬਰੀ ਕੈਬਨਿਟ ਸਬ ਕਮੇਟੀ ਦਾ ਵੀ ਗਠਨ ਕੀਤਾ ਹੈ।

ਸਪੈਸ਼ਲ ਡੀਜੀਪੀ ਕਾਨੂੰਨ ਤੇ ਵਿਵਸਥਾ ਅਰਪਿਤ ਸ਼ੁਕਲਾ, ਜੋ ਕਿ ਇਸ ਮੁਹਿੰਮ ਦੀ ਨਿੱਜੀ ਤੌਰ 'ਤੇ ਨਿਗਰਾਨੀ ਕਰ ਰਹੇ ਸਨ, ਨੇ ਕਿਹਾ ਕਿ 1 ਮਾਰਚ, 2025 ਨੂੰ ਸ਼ੁਰੂ ਕੀਤੀ ਗਈ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਦੇ ਨਤੀਜੇ ਵਜੋਂ ਸੂਬੇ ਭਰ ਵਿੱਚ 38,119 ਐਫਆਈਆਰਜ਼ ਦਰਜ ਕੀਤੀਆਂ ਗਈਆਂ ਹਨ ਅਤੇ 54,190 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਕਾਬੂ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ 2384 ਕਿਲੋਗ੍ਰਾਮ ਹੈਰੋਇਨ, 715 ਕਿਲੋਗ੍ਰਾਮ ਅਫੀਮ, 303 ਕੁਇੰਟਲ ਭੁੱਕੀ, 834 ਕਿਲੋਗ੍ਰਾਮ ਗਾਂਜਾ, 51.35 ਲੱਖ ਨਸ਼ੀਲੀਆਂ ਗੋਲੀਆਂ/ਕੈਪਸੂਲ, 36 ਕਿਲੋਗ੍ਰਾਮ ਆਈਸੀਈ ਅਤੇ 17 ਕਰੋੜ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ। ਸਪੈਸ਼ਲ ਡੀਜੀਪੀ ਨੇ ਕਿਹਾ ਕਿ ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ 1.21 ਲੱਖ ਵਿਅਕਤੀਆਂ ਨੂੰ ਨਸ਼ਾ ਛੁਡਾਊ ਜਾਂ ਓਟ ਕੇਂਦਰਾਂ ਵਿੱਚ ਨਸ਼ਾ ਛੁਡਾਊ ਤੇ ਮੁੜ ਵਸੇਬਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

ਇਸ ਦੌਰਾਨ, "ਗੈਂਗਸਟਰਾਂ 'ਤੇ ਵਾਰ" ਮੁਹਿੰਮ ਦੇ 58ਵੇਂ ਦਿਨ, ਪੁਲਿਸ ਟੀਮਾਂ ਨੇ 207 ਵਿਅਕਤੀਆਂ ਨੂੰ ਚਾਰ ਹਥਿਆਰਾਂ ਸਮੇਤ ਗ੍ਰਿਫ਼ਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ ਗ੍ਰਿਫ਼ਤਾਰੀਆਂ 15,458 ਹੋ ਗਈਆਂ। ਇਸ ਤੋਂ ਇਲਾਵਾ, 80 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਜਦੋਂ ਕਿ 101 ਵਿਅਕਤੀਆਂ ਨੂੰ ਤਸਦੀਕ ਉਪਰੰਤ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ ਛੇ ਭਗੌੜੇ ਅਪਰਾਧੀਆਂ (ਪੀਓ) ਨੂੰ ਵੀ ਗ੍ਰਿਫ਼ਤਾਰ ਕੀਤਾ ਹੈ।

## ਸਰਹੱਦ ਪਾਰੋਂ ਚਲ ਰਹੇ ਹਥਿਆਰ ਤਸਕਰੀ ਮਾਡਿਊਲ ਦੇ ਛੇ ਦੋਸ਼ੀ ਸੱਤ ਆਧੁਨਿਕ ਪਿਸਤੌਲ ਸਮੇਤ ਕਾਬੂ

ਚੰਡੀਗੜ੍ਹ/ਅੰਮ੍ਰਿਤਸਰ, 19 ਮਾਰਚ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਵੱਡੀ ਸਫਲਤਾ ਤਹਿਤ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਨਾਬਾਲਗ ਸਮੇਤ ਛੇ ਮੁਲਜ਼ਮਾਂ ਨੂੰ ਸੱਤ ਆਧੁਨਿਕ ਪਿਸਤੌਲ ਸਮੇਤ ਗ੍ਰਿਫਤਾਰ ਕਰਕੇ ਸਰਹੱਦ ਪਾਰੋਂ ਚਲ ਰਹੇ ਇੱਕ ਹਥਿਆਰ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਇਹ



ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅੰਮ੍ਰਿਤਸਰ ਦੇ ਪਿੰਡ ਬੁਰਜ ਦੇ ਗੁਰਪ੍ਰੀਤ ਸਿੰਘ ਉਰਫ਼ ਗੋਪੀ (27), ਬਟਾਲਾ ਦੇ ਸੁੰਦਰ ਨਗਰ ਦੇ ਮਨੀਸ਼ ਕੁਮਾਰ ਉਰਫ਼ ਜੈਰੀ (24), ਅੰਮ੍ਰਿਤਸਰ ਦੇ ਪਿੰਡ ਚੂਚਕਵਾਲ ਦੇ ਸਰੂਪ ਸਿੰਘ ਉਰਫ਼ ਰੂਪ (27), ਅੰਮ੍ਰਿਤਸਰ ਦੇ ਪਿੰਡ ਫਤਿਹਪੁਰ ਰਾਜਪੂਤਾ ਦੇ ਚਮਕੌਰ ਸਿੰਘ (20) ਅਤੇ ਤਰਨਤਾਰਨ ਦੇ ਭਿਖੀਵਿੰਡ ਦੇ ਵੰਸ਼ ਸ਼ਰਮਾ (23) ਵਜੋਂ ਹੋਈ ਹੈ। ਬਰਾਮਦ ਕੀਤੇ ਗਏ ਹਥਿਆਰਾਂ ਵਿੱਚ ਪੰਜ 9 ਐਮ.ਐਮ. ਗਲੌਕ ਪਿਸਤੌਲ ਅਤੇ ਦੋ .30 ਬੋਰ ਪਿਸਤੌਲ ਸ਼ਾਮਲ ਹਨ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਇੱਕ ਪੁਰਤਗਾਲ ਅਧਾਰਤ ਵਿਦੇਸ਼ੀ ਹੈਂਡਲਰ ਦੇ ਸੰਪਰਕ ਵਿੱਚ ਸਨ, ਜੋ ਡਰੋਨ ਰਾਹੀਂ ਪਾਕਿਸਤਾਨ ਤੋਂ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਵਿੱਚ ਉਨ੍ਹਾਂ ਦੀ ਸਹਾਇਤਾ ਕਰਦਾ ਸੀ। ਉਨ੍ਹਾਂ ਕਿਹਾ ਕਿ ਮੁਲਜ਼ਮ ਹਥਿਆਰਾਂ ਦੀ ਇਨ੍ਹਾਂ ਖੇਪਾਂ ਨੂੰ ਪ੍ਰਾਪਤ ਕਰਕੇ ਅੱਗੇ ਅਪਰਾਧਿਕ ਤੱਤਾਂ ਨੂੰ ਸਪਲਾਈ ਕਰਦੇ ਸਨ। ਡੀਜੀਪੀ ਨੇ ਕਿਹਾ ਕਿ ਪੂਰੇ ਨੈੱਟਵਰਕ ਨੂੰ ਖਾਤਮੇ ਲਈ ਅਗਲੇਰੇ -ਪਿਛਲੇਰੇ ਸਬੰਧ ਸਥਾਪਤ ਕਰਨ ਵਾਸਤੇ ਹੋਰ ਜਾਂਚ ਕੀਤੀ ਜਾ ਰਹੀ ਹੈ। ਪੁਲਿਸ ਕਮਿਸ਼ਨਰ (ਸੀਪੀ) ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਖੁਫ਼ੀਆ ਇਤਲਾਹ 'ਤੇ ਕਾਰਵਾਈ ਕਰਦਿਆਂ, ਪੁਲਿਸ ਟੀਮਾਂ ਨੇ ਯੋਜਨਾਬੱਧ ਢੰਗ ਨਾਲ ਇੱਕ ਨਾਬਾਲਗ ਸਣੇ ਗੁਰਪ੍ਰੀਤ ਉਰਫ਼ ਗੋਪੀ ਨੂੰ ਗ੍ਰਿਫਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਦੋ 9 ਐਮ.ਐਮ. ਗਲੌਕ ਪਿਸਤੌਲ ਬਰਾਮਦ ਕੀਤੇ। ਹੋਰ ਪੁੱਛਗਿੱਛ ਤੋਂ ਬਾਅਦ ਹੋਏ ਖੁਲਾਸੇ 'ਤੇ ਉਨ੍ਹਾਂ ਦੇ ਸਾਥੀਆਂ ਮਨੀਸ਼ ਉਰਫ਼ ਜੈਰੀ, ਸਰੂਪ ਉਰਫ਼ ਰੂਪ ਅਤੇ ਚਮਕੌਰ ਸਿੰਘ ਨੂੰ ਗ੍ਰਿਫਤਾਰ ਕੀਤਾ ਗਿਆ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਤਿੰਨ ਹੋਰ 9 ਐਮ.ਐਮ. ਗਲੌਕ ਪਿਸਤੌਲ ਬਰਾਮਦ ਕੀਤੇ ਗਏ। ਉਨ੍ਹਾਂ ਦੱਸਿਆ ਕਿ ਬਾਅਦ ਵਿੱਚ ਦੋਸ਼ੀ ਚਮਕੌਰ ਸਿੰਘ ਵੱਲੋਂ ਦਿੱਤੀ ਜਾਣਕਾਰੀ 'ਤੇ, ਵੰਸ਼ ਸ਼ਰਮਾ ਨੂੰ ਵੀ ਦੋ .30 ਬੋਰ ਪਿਸਤੌਲਾਂ ਸਮੇਤ ਗ੍ਰਿਫ਼ਤਾਰ ਕਰ ਲਿਆ ਗਿਆ। ਸੀ.ਪੀ. ਨੇ ਕਿਹਾ ਕਿ ਦੋਸ਼ੀ ਮਨੀਸ਼ ਉਰਫ਼ ਜੈਰੀ ਪਿਛਲੇ ਸਾਲ ਬਟਾਲਾ ਵਿਖੇ ਪੁਲਿਸ ਅਧਿਕਾਰੀਆਂ 'ਤੇ ਹੋਈ ਗੋਲੀਬਾਰੀ ਦੀ ਵਾਰਦਾਤ ਵਿੱਚ ਸ਼ਾਮਲ ਸੀ ਤੇ ਫਰਾਰ ਚੱਲ ਰਿਹਾ ਸੀ। ਇਸੇ ਤਰ੍ਹਾਂ ਦੋਸ਼ੀ ਸਰੂਪ ਉਰਫ਼ ਰੂਪ ਦਾ ਵੀ ਅਪਰਾਧਿਕ ਪਿਛੋਕੜ ਹੈ ਅਤੇ ਉਸ ਵਿਰੁੱਧ ਐਨ.ਡੀ.ਪੀ.ਐਸ. ਐਕਟ ਤੇ ਚੋਰੀ ਦੇ ਕਈ ਮਾਮਲੇ ਦਰਜ ਹਨ। ਇਸ ਸਬੰਧ ਵਿੱਚ ਅੰਮ੍ਰਿਤਸਰ ਦੇ ਪੁਲਿਸ ਸਟੇਸ਼ਨ ਛਾਉਣੀ ਵਿਖੇ ਅਸਲਾ ਐਕਟ ਦੀ ਧਾਰਾ 25(6), 25(7)(1) ਅਤੇ 25(8) ਤਹਿਤ ਐਫਆਈਆਰ ਨੰਬਰ 42 ਮਿਤੀ 11-03-2026 ਨੂੰ ਕੇਸ ਦਰਜ ਕੀਤਾ ਗਿਆ ਹੈ।

## ਵਿਜੀਲੈਂਸ ਵੱਲੋਂ ਇੰਸਪੈਕਟਰ 18,000 ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ



ਚੰਡੀਗੜ੍ਹ, 19 ਮਾਰਚ (ਚ.ਨ.ਸ.): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ, ਵੇਅਰਹਾਊਸ ਜੈਤੋ ਮੰਡੀ ਜ਼ਿਲ੍ਹਾ ਫਰੀਦਕੋਟ ਵਿਖੇ ਤਾਇਨਾਤ ਵੇਅਰਹਾਊਸ ਇੰਸਪੈਕਟਰ ਨਰੇਸ਼ ਕੁਮਾਰ ਗੋਇਲ ਨੂੰ 18,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ, ਰਾਜ ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਦੋਸ਼ੀ ਨੂੰ ਪਿੰਡ ਘਣੀਆ ਜ਼ਿਲ੍ਹਾ ਫਰੀਦਕੋਟ ਦੇ ਇੱਕ ਨਿਵਾਸੀ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਅਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਆੜ੍ਹਤੀਏ ਵਜੋਂ ਕੰਮ ਕਰਦਾ ਹੈ ਅਤੇ ਦੋਸ਼ੀ ਵੇਅਰਹਾਊਸ ਇੰਸਪੈਕਟਰ ਨਰੇਸ਼ ਕੁਮਾਰ ਗੋਇਲ ਆੜ੍ਹਤੀਆਂ ਤੋਂ ਫਸਲ ਦੀ ਖਰੀਦ ਕਰਦਾ ਹੈ। ਦੋਸ਼ੀ ਵੇਅਰਹਾਊਸ ਇੰਸਪੈਕਟਰ ਨੇ ਸ਼ਿਕਾਇਤਕਰਤਾ ਤੋਂ 18500 ਰੁਪਏ ਰਿਸ਼ਵਤ ਮੰਗੀ ਤੇ ਕਿਹਾ ਕਿ ਜੇਕਰ ਸ਼ਿਕਾਇਤਕਰਤਾ ਉਸਨੂੰ ਰਿਸ਼ਵਤ ਨਹੀਂ ਦੇਵੇਗਾ ਤਾਂ ਉਹ ਉਸਦੀ ਆਉਣ ਵਾਲੀ ਕਣਕ ਦੀ ਫਸਲ ਮੰਡੀ ਤੋਂ ਨਹੀਂ ਚੁੱਕਣ ਦੇਵੇਗਾ। ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਕਿ ਦੋਸ਼ੀ ਇੰਸਪੈਕਟਰ ਅਕਸਰ ਰਿਸ਼ਵਤ ਲੈਣ ਲਈ ਕਿਸਾਨਾਂ ਤੋਂ ਖਰੀਦੀਆਂ ਗਈਆਂ ਫਸਲਾਂ 'ਚ ਜਾਣਬੁੱਝ ਕੇ ਨੁਕਸ ਕੱਢਦਾ ਰਹਿੰਦਾ ਹੈ।

ਸ਼ਿਕਾਇਤਕਰਤਾ ਰਿਸ਼ਵਤ ਨਹੀਂ ਦੇਣਾ ਚਾਹੁੰਦਾ ਸੀ, ਇਸ ਲਈ ਉਸ ਨੇ ਵਿਜੀਲੈਂਸ ਬਿਊਰੋ ਰੇਂਜ ਫਿਰੋਜ਼ਪੁਰ ਨਾਲ ਸੰਪਰਕ ਕੀਤਾ। ਉਸਦੀ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ, ਵਿਜੀਲੈਂਸ ਬਿਊਰੋ ਦੀ ਟੀਮ ਨੇ ਇੱਕ ਜਾਲ ਵਿਛਾਇਆ ਜਿਸ ਦੌਰਾਨ ਦੋਸ਼ੀ ਇੰਸਪੈਕਟਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 18,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ ਗਿਆ। ਇਸ ਸਬੰਧੀ, ਦੋਸ਼ੀ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਫਿਰੋਜ਼ਪੁਰ ਵਿਖੇ ਮਾਮਲਾ ਦਰਜ ਕੀਤਾ ਗਿਆ ਹੈ ਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

## ਦਿੱਲੀ ਗੁਰਦੁਆਰਾ ਕਮੇਟੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਸਟਾਫ਼ ਨੂੰ ਬਣਦਾ ਹੱਕ ਦੇਣ ਲਈ ਵਚਨਬੱਧ : ਕਾਲਕਾ, ਕਾਹਲੋਂ

ਨਵੀਂ ਦਿੱਲੀ, 19 ਮਾਰਚ (ਅੰਮ੍ਰਿਤਪਾਲ ਸਿੰਘ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ



ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਹੈ ਕਿ ਕਮੇਟੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਸਟਾਫ ਦਾ ਬਣਦਾ ਇਕ-ਇਕ ਰੁਪਿਆ ਦੇਣ ਵਾਸਤੇ ਵਚਨਬੱਧ ਹੈ ਤੇ ਇਸ ਵਾਸਤੇ ਅਸੀਂ ਜੋ ਐਮ ਓ ਯੂ ਸਾਈਨ ਕੀਤਾ ਹੈ, ਉਸ ਮੁਤਾਬਕ ਇਕ-ਇਕ ਪੈਸਾ ਸਟਾਫ ਨੂੰ ਦਿੱਤਾ ਜਾਵੇਗਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਰਮੀਤ ਸਿੰਘ ਕਾਲਕਾ ਤੇ ਜਗਦੀਪ ਸਿੰਘ ਕਾਹਲੋਂ ਨੇ ਭਰੋਸਾ ਦੁਆਇਆ ਹੈ ਕਿ ਅਸੀਂ ਇਸ ਸਾਰੇ ਮਾਮਲੇ ਨੂੰ ਹੱਲ ਕਰਨ ਲਈ ਯਤਨਸ਼ੀਲ ਹਾਂ ਤੇ 962 ਵਿਚੋਂ 919 ਸਟਾਫ ਮੈਂਬਰਾਂ ਨੇ ਸਾਬਤ ਕਰ ਦਿਤਾ ਕਿ ਉਹ ਸਾਡੇ ਨਾਲ ਖੜ੍ਹੇ ਹਨ। ਉਹਨਾਂ ਕਿਹਾ ਕਿ ਅਸੀਂ ਆਪਣੇ ਦੁਆਏ ਭਰੋਸੇ ਮੁਤਾਬਕ ਹਰ ਹਾਲਤ ਵਿਚ ਬਣਦਾ ਬਕਾਇਆ ਦੇਵਾਂਗੇ। ਉਹਨਾਂ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਕੀਤੇ ਯਤਨਾਂ ਸਦਕਾ 7ਵੇਂ ਤਨਖਾਹ ਕਮਿਸ਼ਨ ਦੇ ਹਿਸਾਬ ਨਾਲ 38 ਫੀਸਦੀ ਤਨਖਾਹਾਂ ਸਟਾਫ ਦੇ ਖਾਤਿਆਂ ਵਿਚ ਪਹੁੰਚ ਗਈਆਂ ਹਨ। ਉਨ੍ਹਾਂ ਕਿਹਾ ਕਿ ਸਕੂਲਾਂ ਵਿਚ ਵਿਦਿਆਰਥੀਆਂ ਦੀ ਗਿਣਤੀ ਵਧਾਉਣ ਦੀ ਜ਼ਿੰਮੇਵਾਰੀ ਕਮੇਟੀ ਦੀ ਹੈ ਜਿਸ ਵਾਸਤੇ ਅਸੀਂ ਪੂਰੀ ਸੰਜੀਦਗੀ ਨਾਲ ਕੰਮ ਕਰ ਰਹੇ ਹਾਂ। ਉਨ੍ਹਾਂ ਕਿਹਾ ਕਿ ਅਸੀਂ ਹਰ ਹਾਲਤ 'ਚ ਸੰਗਤ ਦੇ ਸਹਿਯੋਗ ਨਾਲ ਨਾ ਸਿਰਫ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਨੂੰ ਕਾਮਯਾਬ ਕਰਾਂਗੇ ਬਲਕਿ ਅਸੀਂ ਸਮੁੱਚੇ ਗੁਰਦੁਆਰਾ ਪ੍ਰਬੰਧ ਤੇ ਸਿਹਤ ਤੇ ਸਿੱਖਿਆ ਦੇ ਖੇਤਰਾਂ ਵਿਚ ਵੀ ਸਫਲਤਾ ਨਾਲ ਕੰਮ ਕਰਨ ਲਈ ਪੁਰਜ਼ੋਰ ਯਤਨ ਕਰਾਂਗੇ। ਉਹਨਾਂ ਕਿਹਾ ਕਿ ਇਹ ਕਮੇਟੀ ਵਾਸਤੇ ਬਹੁਤ ਵੱਡੀ ਗੱਲ ਹੈ ਕਿ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਸਟਾਫ ਵਿਚੋਂ ਬਹੁਤ ਵੱਡੀ ਗਿਣਤੀ ਵਿਚ ਮੈਂਬਰਾਂ ਨੇ ਸਾਡੇ 'ਤੇ ਭਰੋਸਾ ਪ੍ਰਗਟ ਕੀਤਾ ਹੈ ਤੇ ਅਸੀਂ ਅਦਾਲਤ ਦੇ ਹੁਕਮਾਂ ਮੁਤਾਬਕ ਹਰ ਮੁਲਾਜ਼ਮ ਨੂੰ ਉਹਨਾਂ ਦੇ ਬਣਦੇ ਹੱਕ ਦੇਣ ਵਾਸਤੇ ਵਚਨਬੱਧ ਹਾਂ। ਉਹਨਾਂ ਕਿਹਾ ਕਿ ਬੇਸ਼ੱਕ ਵਿਰੋਧੀ ਜੋ ਮਰਜ਼ੀ ਕੂੜ ਪ੍ਰਚਾਰ ਕਰਦੇ ਰਹਿਣ ਪਰ ਸਾਡਾ ਕੰਮ ਸਿਰਫ ਤੇ ਸਿਰਫ ਚੰਗੇ ਪ੍ਰਬੰਧ ਦੇਣਾ ਹੈ ਤੇ ਅਸੀਂ ਉਸੇ ਦਿਸ਼ਾ ਵਿਚ ਕੰਮ ਕਰ ਰਹੇ ਹਾਂ।

## ਸੁਖਬੀਰ ਸਿੰਘ ਬਾਦਲ ਵੱਲੋਂ ਪਾਰਟੀ ਦੇ ਬੀ.ਸੀ. ਵਿੰਗ ਦੇ ਜਥੇਬੰਦਕ ਢਾਂਚੇ ਦਾ ਐਲਾਨ

ਚੰਡੀਗੜ੍ਹ, 19 ਮਾਰਚ (ਚ.ਨ.ਸ.): ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪਾਰਟੀ ਦੇ ਬੀ.ਸੀ. ਵਿੰਗ ਦੇ ਪ੍ਰਧਾਨ ਜਥੇਦਾਰ ਹੀਰਾ ਸਿੰਘ ਗਾਬੜੀਆ ਨਾਲ ਸਲਾਹ ਮਸ਼ਵਰਾ ਕਰਨ ਉਪਰੰਤ ਵਿੰਗ ਦੇ ਜਥੇਬੰਦਕ ਢਾਂਚੇ ਦਾ ਐਲਾਨ ਕਰ ਦਿੱਤਾ। ਪਾਰਟੀ ਨਾਲ ਸਬੰਧਤ ਵੱਖ-ਵੱਖ ਵਰਗਾਂ ਦੇ ਸੀਨੀਅਰ ਆਗੂਆਂ ਨੂੰ ਬੀ.ਸੀ ਵਿੰਗ ਵਿੱਚ ਸ਼ਾਮਲ ਕੀਤਾ ਗਿਆ ਹੈ ਉਹਨਾਂ ਦੱਸਿਆ ਕਿ ਪਾਰਟੀ ਦੇ ਸੀਨੀਅਰ ਆਗੂਆਂ ਕਿਰਪਾਲ ਸਿੰਘ ਬਡੂੰਗਰ ਸਾਬਕਾ ਪ੍ਰਧਾਨ ਐਸ.ਜੀ.ਪੀ.ਸੀ, ਡਾ. ਉਪਿੰਦਰਜੀਤ ਕੌਰ ਸਾਬਕਾ ਮੰਤਰੀ, ਮਨਜੀਤ ਸਿੰਘ ਜੀ.ਕੇ ਸਾਬਕਾ ਪ੍ਰਧਾਨ ਦਿੱਲੀ ਗੁਰਦੁਆਰਾ ਮੈਨੇਜਮੈਂਟ ਕਮੇਟੀ ਤੇ ਤੇਜਾ ਸਿੰਘ ਮਹਿਲ ਬਰਨਾਲਾ ਨੂੰ ਬੀ.ਸੀ ਵਿੰਗ ਦਾ ਸਰਪ੍ਰਸਤ ਨਿਯੁਕਤ ਕੀਤਾ ਗਿਆ ਹੈ। ਉਹਨਾ ਦੱਸਿਆ ਕਿ ਸੁੱਚਾ ਸਿੰਘ ਸੁਚੇਤਗੜ੍ਹ ਨੂੰ ਬੀ. ਸੀ ਵਿੰਗ ਦਾ ਸਕੱਤਰ ਜਨਰਲ ਬਣਾਇਆ ਗਿਆ ਹੈ। ਉਹਨਾਂ ਦੱਸਿਆ ਕਿ ਜਿਹਨਾਂ ਆਗੂਆਂ ਨੂੰ ਬੀ.ਸੀ ਵਿੰਗ ਦਾ ਸੀਨੀਅਰ ਮੀਤ ਪ੍ਰਧਾਨ ਬਣਾਇਆ ਗਿਆ ਹੈ ਉਹਨਾਂ ਵਿੱਚ ਗੁਰਮੀਤ ਸਿੰਘ ਕੁਲਾਰ, ਗੁਰਦੀਪ ਸਿੰਘ ਲੰਬੀ, ਚਰਨਜੀਤ ਸਿੰਘ ਭਾਰੀ, ਕਸ਼ਮੀਰ ਸਿੰਘ ਗੰਡੀਵਿੰਡ, ਜੋਗਿੰਦਰ ਸਿੰਘ ਫਿਰੋਜ਼ਪੁਰ, ਨਰਿੰਦਰਪਾਲ ਸਿੰਘ ਮੋਗਾ, ਗੁਰਪ੍ਰੀਤ ਸਿੰਘ ਮਸੌਣ, ਨਰਿੰਦਰ ਸਿੰਘ ਸੇਖਵਾਂ, ਜਥੇਦਾਰ ਤਾਰਾ ਸਿੰਘ ਸੇਖੂਪੁਰ, ਚੌਧਰੀ ਮੁਹੰਮਦ ਸਦੀਕ, ਗੁਰਦੇਵ ਸਿੰਘ ਠੇਕੇਦਾਰ ਫਰੀਦਕੋਟ, ਜਰਨੈਲ ਸਿੰਘ ਕਲਸੀ, ਹਰਪਾਲ ਸਿੰਘ ਸਰਾਉ, ਸੁਖਵਿੰਦਰ ਸਿੰਘ ਭਾਟ, ਬਾਵਾ ਸਿੰਘ ਸਾਬਕਾ ਚੇਅਰਮੈਨ ਇੰਪਰੂਵਮੈਂਟ ਟਰੱਸਟ ਰੋਪੜ ਤੇ ਲਾਭ ਸਿੰਘ ਐਂਡਰਸ਼ਾਈਨ ਦੇ ਨਾਮ ਸ਼ਾਮਲ ਹਨ।

ਜਨਰਲ ਸਕੱਤਰ: ਪਰਵਿੰਦਰ ਸਿੰਘ ਸਮਰਾਲਾ, ਭੁਪਿੰਦਰਪਾਲ ਸਿੰਘ ਜਾਡਲਾ, ਜਤਿੰਦਰ ਸਿੰਘ ਲੱਧਾਮੁੰਡਾ, ਗੁਰਵਿੰਦਰ ਸਿੰਘ ਧੀਮਾਨ, ਮਨਜੀਤ ਸਿੰਘ ਧਾਮੂ, ਜਥੇਦਾਰ ਅਵਤਾਰ ਸਿੰਘ ਪਠਲਾਵਾ, ਗੁਰਚਰਨ ਸਿੰਘ ਕੜਵਾਲ, ਸੁਖਵਿੰਦਰ ਸਿੰਘ ਦਾਨੀਪੁਰ, ਮੁਹੰਮਦ ਹਾਰੂਨ ਮਲੇਰਕੋਟਲਾ, ਬਿਕਰਮਜੀਤ ਸਿੰਘ ਕਲਸੀ ਹੁਸ਼ਿਆਰਪੁਰ, ਹਰਿੰਦਰ ਸਿੰਘ ਕਾਲਾ ਸਾਬਕਾ ਐਮ.ਸੀ ਫਰੀਦਕੋਟ, ਨਰੈਣ ਦਾਸ ਕਾਲੀ ਸਾਬਕਾ ਐਮ.ਸੀ ਫਰੀਦਕੋਟ, ਸੁਰਿੰਦਰਪਾਲ ਸਿੰਘ ਜੌੜਾ ਰਾਮਪੁਰਾ ਫੂਲ, ਗੁਰਦੀਪ ਸਿੰਘ ਮਾਣਕ, ਸੁਖਵਿੰਦਰ ਸਿੰਘ ਸੁਖਵਿੰਦਰ ਰੀਪਰ ਮਾਨਸਾ ਤੇ ਭੁਪਿੰਦਰ ਸਿੰਘ ਮਹਿੰਦੀਪੁਰ ਦੇ ਨਾਮ ਸ਼ਾਮਲ ਹਨ।

ਜਿਨ੍ਹਾਂ ਆਗੂਆਂ ਨੂੰ ਮੀਤ ਪ੍ਰਧਾਨ ਬਣਾਇਆ ਗਿਆ ਹੈ ਉਨ੍ਹਾਂ 'ਚ ਸਵਰਨ ਸਿੰਘ ਮਹੋਲੀ ਕੌਂਸਲਰ, ਜਸਵਿੰਦਰ ਸਿੰਘ ਜੱਸੀ, ਹਰਮਨਪ੍ਰੀਤ ਸਿੰਘ, ਜੰਡਿਆਣਾ, ਜਗਜੀਤ ਸਿੰਘ ਖਾਲਸਾ, ਬਲਦੇਵ ਸਿੰਘ ਰਾਜੂ ਪੱਪੂ, ਹਰਦਿਆਲ ਸਿੰਘ ਭੱਟੀ, ਜਸਵਿੰਦਰ ਸਿੰਘ ਪਠਾਨਕੋਟ, ਸ਼ੰਕਰ ਜੰਡੀ, ਸੁਰਜੀਤ ਸਿੰਘ ਪਠਾਨਕੋਟ, ਕਰਤਾਰ ਸਿੰਘ ਕੰਡਾ ਜਲੰਧਰ, ਬਾਰੂ ਖਾਨ ਮਲੇਰਕੋਟਲਾ, ਹੇਮਰਾਜ ਝਾਂਡੀਆ ਰੋਪੜ, ਮਨਜੀਤ ਸਿੰਘ ਧੁੰਨਾ ਫਗਵਾੜਾ, ਪ੍ਰਿਤਪਾਲ ਸਿੰਘ ਘਟੋਰ ਫਗਵਾੜਾ, ਚਰਨਜੀਤ ਸਿੰਘ ਸਰਪੰਚ ਨਵਾਂਸ਼ਹਿਰ, ਜੋਗਿੰਦਰ ਸਿੰਘ ਕੋਟ ਸਦਰਖਾਂ, ਵਿਸ਼ਾਲ ਪਠਾਨਕੋਟ, ਧਰਮਿੰਦਰ ਸਿੰਘ ਬਰਨਾਲਾ, ਕੁਲਵੰਤ ਸਿੰਘ ਨਾਭਾ, ਛੋਟਾ ਸਿੰਘ ਮਾਨਸਾ, ਅੰਮ੍ਰਿਤਪਾਲ ਸਿੰਘ ਰਾਏਪੁਰ ਚਮਕੌਰ ਸਾਹਿਬ, ਮਨਜੀਤ ਸਿੰਘ ਬਾਸੋਵਾਲ, ਸੁੱਚਾ ਸਿੰਘ ਸਰਸਾ ਨੰਗਲ ਤੇ ਹਰਪ੍ਰੀਤ ਸਿੰਘ ਦੇ ਨਾਮ ਸ਼ਾਮਲ ਹਨ।

ਜਿਹਨਾਂ ਆਗੂਆਂ ਨੂੰ ਜਥੇਬੰਦਕ ਸਕੱਤਰ ਬਣਾਇਆ ਗਿਆ ਹੈ ਉਹਨਾਂ ਵਿੱਚ ਜਗਜੀਤ ਸਿੰਘ ਲੋਟੇ, ਜਗਜੀਤ ਸਿੰਘ ਜੋੜਾਂ, ਮੱਖਣ ਸਿੰਘ ਚੋਹਾਨ, ਭੁਪਿੰਦਰ ਸਿੰਘ ਚੋਹਲਾ, ਡਾ. ਰਜਿੰਦਰ ਸਿੰਘ ਤਲਵੰਡੀ ਭਾਈਕੇ, ਮਲਕੀਤ ਸਿੰਘ ਮੀਤਾ ਸੁਸਰਾਲੀ, ਰਾਮ ਪ੍ਰਤਾਪ ਮਹਿਰਾ, ਡਾ. ਰਾਮ ਆਸਰਾ, ਹਰਦੇਵ ਸਿੰਘ ਬੀਕਾਪੁਰ, ਧਰਮਚੰਦ ਟਿੱਬਾ ਟੱਪਰੀਆਂ ਰੋਪੜ ਤੇ ਮਨਜੀਤ ਸਿੰਘ ਰਾਜਪੂਤ ਦੇ ਨਾਮ ਸ਼ਾਮਲ ਹਨ।

ਪ੍ਰਚਾਰ ਸਕੱਤਰ: ਬਲਵੀਰ ਸਿੰਘ ਢਾਡੀ ਤੇ ਸੁਖਵਿੰਦਰ ਸਿੰਘ ਮਲਹੋਤਰਾ: ਜਿਹਨਾਂ ਆਗੂਆਂ ਨੂੰ ਵਿੰਗ ਦਾ ਸਕੱਤਰ ਬਣਾਇਆ ਗਿਆ ਹੈ ਉਹਨਾਂ ਵਿੱਚ ਰਾਣਾ ਪ੍ਰਤਾਪ ਭੱਟੀ ਨਵਾਂਸ਼ਹਿਰ, ਸੁਖਵਿੰਦਰ ਸਿੰਘ ਸੁੱਖੀ ਲੁਧਿਆਣਾ, ਹਰਵਿੰਦਰ ਸਿੰਘ ਡੀ.ਸੀ, ਗਿਆਨ ਸਿੰਘ ਖਮੇੜਾ ਅਤੇ ਸ਼੍ਰੀ ਪ੍ਰੇਮ ਕੁਮਾਰ ਤੋਰੋਵਾਲ ਦੇ ਨਾਮ ਸ਼ਾਮਲ ਹਨ।

ਗੁਰਚਰਨ ਸਿੰਘ ਗੁਰੂ ਤੇ ਗੁਰਮੀਤ ਸਿੰਘ ਨਿੱਝਰ ਨੂੰ ਬੀ.ਸੀ ਵਿੰਗ ਦਾ ਮੀਡੀਆ ਸਲਾਹਕਾਰ ਨਿਯੁਕਤ ਕੀਤਾ ਗਿਆ ਹੈ। ਜਿਹਨਾਂ ਆਗੂਆਂ ਨੂੰ ਜਿਲਾਵਾਰ ਪ੍ਰਧਾਨ ਬਣਾਇਆ ਗਿਆ ਹੈ ਉਹਨਾਂ ਵਿੱਚ: ਇੰਦਰਜੀਤ ਸਿੰਘ ਪੰਡੋਰੀ ਕੌਂਸਲਰ ਅੰਮ੍ਰਿਤਸਰ (ਸ਼ਹਿਰੀ), ਜਸਪਾਲ ਸਿੰਘ ਜੱਸਾ ਬਠਿੰਡਾ (ਦਿਹਾਤੀ), ਹਰਪ੍ਰੀਤ ਸਿੰਘ ਰਾਜੂ ਟਾਗਰ ਬਠਿੰਡਾ (ਸ਼ਹਿਰੀ), ਸੁਖਦੇਵ ਸਿੰਘ ਸ਼ੈਟੀ ਬਰਨਾਲਾ (ਸ਼ਹਿਰੀ), ਮੰਗਲ ਸਿੰਘ ਧੋਲਾ ਬਰਨਾਲਾ (ਦਿਹਾਤੀ), ਮਲਕੀਤ ਸਿੰਘ ਲੋਹਗੜ੍ਹ ਫਿਰੋਜ਼ਪੁਰ (ਦਿਹਾਤੀ), ਦਵਿੰਦਰ ਸਿੰਘ ਕਲਸੀ ਫਿਰੋਜ਼ਪੁਰ (ਸ਼ਹਿਰੀ), ਮਲਕੀਤ ਸਿੰਘ ਮਠਾੜੂ ਫਤਿਹਗੜ੍ਹ ਸਾਹਿਬ (ਦਿਹਾਤੀ), ਗੁਰਸੇਵਕ ਸਿੰਘ ਅਨੋਖਾ ਫਰੀਦਕੋਟ (ਦਿਹਾਤੀ), ਨਰਿੰਦਰ ਸਿੰਘ ਸੇਖਵਾਂ ਗੁਰਦਾਸਪੁਰ (ਦਿਹਾਤੀ), ਸਤਨਾਮ ਸਿੰਘ ਸੰਟੀ ਹੁਸ਼ਿਆਰਪੁਰ (ਸ਼ਹਿਰੀ), ਸੁਰਜੀਤ ਸਿੰਘ ਕੈਰੇ ਹੁਸ਼ਿਆਰਪੁਰ (ਦਿਹਾਤੀ), ਕੁਲਵਿੰਦਰ ਸਿੰਘ ਆਦਮਪੁਰ ਜਲੰਧਰ (ਦਿਹਾਤੀ), ਪਰਮਜੀਤ ਸਿੰਘ ਦੋਆਬਾ ਕਪੂਰਥਲਾ (ਸ਼ਹਿਰੀ), ਦਰਸ਼ਨ ਸਿੰਘ ਦਲੇਰਖਾਨਪੁਰ ਕਪੂਰਥਲਾ (ਦਿਹਾਤੀ), ਅਜੈਬ ਸਿੰਘ ਹਰਬੰਸਪੁਰਾ ਪੁਲਿਸ ਜਿਲਾ ਫਗਵਾੜਾ, ਗੁਰਮੁੱਖ ਸਿੰਘ ਚੰਨਾਂ ਫਗਵਾੜਾ (ਸ਼ਹਿਰੀ), ਗੁਰਦੀਪ ਸਿੰਘ ਲੀਲ ਲੁਧਿਆਣਾ (ਸ਼ਹਿਰੀ), ਚਮਕੌਰ ਸਿੰਘ ਉੱਭੀ ਲੁਧਿਆਣਾ (ਦਿਹਾਤੀ) (ਪੁਲਿਸ ਜਿਲਾ ਜਗਰਾਉਂ), ਸੁਖਚੈਨ ਸਿੰਘ ਰਾਮੂਵਾਲੀਆ ਮੋਗਾ (ਸ਼ਹਿਰੀ), ਚਰਨਜੀਤ ਸਿੰਘ ਝੰਡੇਆਣਾ ਮੋਗਾ (ਦਿਹਾਤੀ), ਸੁਖਚੈਨ ਸਿੰਘ ਗੁਰੂ ਰੀਪਰ ਮਾਨਸਾ (ਦਿਹਾਤੀ), ਸੁਰਿੰਦਰ ਸਿੰਘ ਜੰਡੂ ਮੋਹਾਲੀ (ਸ਼ਹਿਰੀ), ਚੋਧਰੀ ਸ਼ਾਮ ਲਾਲ ਮਾਜਰੀਆਂ ਮੋਹਾਲੀ (ਦਿਹਾਤੀ), ਡਾ. ਸਿਰਾਜ ਮੁਹੰਮਦ ਚੱਕ ਮਲੇਰਕੋਟਲਾ (ਦਿਹਾਤੀ), ਮੁਹੰਮਦ ਸ਼ਮਸ਼ਾਦ ਮਲੇਰਕੋਟਲਾ (ਸ਼ਹਿਰੀ) ਗੁਰਦੀਪ ਸਿੰਘ ਸ਼ੇਖਪੁਰਾ ਪਟਿਆਲਾ (ਦਿਹਾਤੀ), ਸ਼ਲਿੰਦਰ ਸਿੰਘ ਸੈਣੀ ਪਠਾਨਕੋਟ (ਦਿਹਾਤੀ), ਹਰੀਸ਼ ਕੁਮਾਰ ਭੜੋਲੀ ਪਠਾਨਕੋਟ (ਸ਼ਹਿਰੀ), ਨਰਿੰਦਰ ਕੁਮਾਰ ਚੇਚੀ ਸ਼ਹੀਦ ਭਗਤ ਸਿੰਘ ਨਗਰ (ਸ਼ਹਿਰੀ), ਅਮਰੀਕ ਸਿੰਘ ਸ਼ੇਖੂਪੁਰ ਸ਼ਹੀਦ ਭਗਤ ਸਿੰਘ ਨਗਰ (ਦਿਹਾਤੀ), ਨਿਰਮਲ ਸਿੰਘ ਕੜੈਲ ਸੰਗਰੂਰ (ਦਿਹਾਤੀ) ਸੁਰਿੰਦਰ ਕੁਮਾਰ ਟਿੱਬਾ ਨੰਗਲ ਰੋਪੜ੍ਹ (ਦਿਹਾਤੀ), ਵੇਦ ਪ੍ਰਕਾਸ਼ ਸਾਬਕਾ ਐਮ.ਸੀ. ਰੋਪੜ੍ਹ (ਸ਼ਹਿਰੀ) ਤੇ ਦਿਲਬਾਗ ਸਿੰਘ ਜੋਧਾ ਤਰਨ ਤਾਰਨ (ਸ਼ਹਿਰੀ) ਮਨਜਿੰਦਰ ਸਿੰਘ ਲਾਟੀ ਤਰਨਤਾਰਨ (ਦਿਹਾਤੀ) ਦੇ ਨਾਮ ਸ਼ਾਮਲ ਹਨ।

### ਵਿਜੀਲੈਂਸ ਵੱਲੋਂ ਫਰਵਰੀ ਦੌਰਾਨ ਰਿਸ਼ਵਤਖੋਰੀ ਦੇ 14 ਮਾਮਲਿਆਂ 'ਚ 18 ਰੰਗੇ ਹੱਥੀਂ ਕਾਬੂ

ਚੰਡੀਗੜ੍ਹ, 19 ਮਾਰਚ (ਚ.ਨ.ਸ.): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਆਪਣੀ ਮੁਹਿੰਮ ਦੌਰਾਨ ਫਰਵਰੀ ਮਹੀਨੇ ਵਿੱਚ 14 ਵੱਖ-ਵੱਖ ਟਰੈਪ ਕੇਸਾਂ ਤਹਿਤ 17 ਸਰਕਾਰੀ ਅਧਿਕਾਰੀਆਂ ਅਤੇ ਇੱਕ ਨਿੱਜੀ ਵਿਅਕਤੀ ਨੂੰ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ। ਇਹ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਕਿਹਾ ਕਿ ਵਿਜੀਲੈਂਸ ਬਿਊਰੋ ਨੇ ਇਸ ਸਮੇਂ ਦੌਰਾਨ ਸਰਕਾਰੀ ਕਰਮਚਾਰੀਆਂ ਅਤੇ ਹਰ ਖੇਤਰ ਵਿੱਚ ਭ੍ਰਿਸ਼ਟਾਚਾਰ ਨੂੰ ਖਤਮ ਕਰਨ ਲਈ ਹਰ ਸੰਭਵ ਕੋਸ਼ਿਸ਼ ਕੀਤੀ ਹੈ। ਬੁਲਾਰੇ ਨੇ ਦੱਸਿਆ ਕਿ ਬਿਊਰੋ ਨੇ ਪਿਛਲੇ ਮਹੀਨੇ ਵੱਖ-ਵੱਖ ਸਮਰੱਥ ਅਦਾਲਤਾਂ ਵਿੱਚ 26 ਵਿਜੀਲੈਂਸ ਮਾਮਲਿਆਂ ਨਾਲ ਸਬੰਧਤ ਚਲਾਨ ਪੇਸ਼ ਕੀਤੇ ਇਸ ਤੋਂ ਇਲਾਵਾ ਭ੍ਰਿਸ਼ਟਾਚਾਰ ਦੇ ਮਾਮਲਿਆਂ ਦੀ ਡੂੰਘਾਈ ਨਾਲ ਜਾਂਚ ਕਰਨ ਲਈ 3 ਵਿਜੀਲੈਂਸ ਇੰਕੁਆਈਰੀਜ਼ ਵੀ ਦਰਜ ਕੀਤੀਆਂ ਗਈਆਂ ਹਨ।

ਇਸ ਸਬੰਧੀ ਹੋਰ ਵੇਰਵੇ ਸਾਂਝੇ ਕਰਦਿਆਂ ਬੁਲਾਰੇ ਨੇ ਕਿਹਾ ਕਿ ਵੱਖ-ਵੱਖ ਸਮਰੱਥ ਅਦਾਲਤਾਂ ਨੇ ਪਿਛਲੇ ਮਹੀਨੇ ਦੌਰਾਨ ਬਿਊਰੋ ਵੱਲੋਂ ਦਾਇਰ ਕੀਤੇ ਗਏ ਅਤੇ ਲੜੇ ਗਏ ਰਿਸ਼ਵਤਖੋਰੀ ਦੇ 4 ਮਾਮਲਿਆਂ ਦਾ ਫੈਸਲਾ ਸੁਣਾਇਆ, ਜਿਸ ਵਿੱਚ ਚਾਰ ਵਿਅਕਤੀਆਂ ਨੂੰ ਦੋਸ਼ੀ ਠਹਿਰਾਇਆ ਗਿਆ ਅਤੇ ਸਾਢੇ ਤਿੰਨ ਸਾਲ ਤੋਂ ਚਾਰ ਸਾਲ ਦੀ ਕੈਦ ਅਤੇ 10000 ਰੁਪਏ ਤੋਂ ਲੈ ਕੇ 50000 ਰੁਪਏ ਤੱਕ ਦੇ ਜੁਰਮਾਨੇ ਦੀ ਸਜ਼ਾ ਸੁਣਾਈ ਗਈ।

## ਸੰਪਾਦਕੀ

### ਭਾਰਤ-ਅਮਰੀਕਾ ਸਮਝੌਤਾ-ਹੋਰ ਇੰਤਜ਼ਾਰ

ਪਿਛਲੇ ਮਹੀਨੇ ਭਾਰਤ ਅਤੇ ਅਮਰੀਕਾ ਵਿਚਕਾਰ ਹੋਏ ਅੰਤਰਿਮ ਵਪਾਰ ਸਮਝੌਤੇ ਨੂੰ ਕਈ ਅਸਪੱਸ਼ਟਤਾਵਾਂ ਦਾ ਸਾਹਮਣਾ ਕਰਨਾ ਪਿਆ ਸੀ ਅਤੇ ਇਸ ਦੀਆਂ ਕੁਝ ਸ਼ਰਤਾਂ ਪਹਿਲਾਂ ਹੀ ਸ਼ੱਕੀ ਸਨ। ਜਿਸ ਢਾਂਚੇ ਦੇ ਤਹਿਤ ਅਮਰੀਕਾ ਨੇ ਟੈਰਿਫ ਪ੍ਰਸਤਾਵਿਤ ਕੀਤੇ ਸਨ, ਉਸਨੂੰ ਭਾਰਤ ਲਈ ਇੱਕ ਨੁਕਸਾਨਦੇਹ ਸੌਦਾ ਮੰਨਿਆ ਸੀ। ਇੱਕ ਤਰ੍ਹਾਂ ਨਾਲ, ਇੱਕ ਡਰ ਸੀ ਕਿ ਭਾਰਤ ਅਮਰੀਕਾ ਨੂੰ ਇਸ ਮੁੱਦੇ 'ਤੇ ਮੁੜ ਵਿਚਾਰ ਕਰਨ ਲਈ ਕਹਿ ਸਕਦਾ ਹੈ। ਹਾਲਾਂਕਿ, ਗਲੋਬਲ ਗਤੀਸ਼ੀਲਤਾ ਅਕਸਰ ਇਸ ਤਰੀਕੇ ਨਾਲ ਕੰਮ ਕਰਦੀ ਹੈ ਕਿ ਦੋਵਾਂ ਧਿਰਾਂ ਨੂੰ ਮੌਜੂਦਾ ਮੰਗਾਂ ਦੇ ਅਧਾਰ 'ਤੇ ਫੈਸਲੇ ਲੈਣੇ ਪੈਂਦੇ ਹਨ। ਸ਼ਾਇਦ ਇਸੇ ਲਈ ਅਮਰੀਕਾ ਨੇ ਉਸ ਸਮੇਂ ਟੈਰਿਫ ਦਰ ਨੂੰ 18 ਪ੍ਰਤੀਸ਼ਤ ਤੱਕ ਘਟਾ ਦਿੱਤਾ ਸੀ ਅਤੇ ਭਾਰਤ ਇਸ 'ਤੇ ਸਹਿਮਤ ਹੋ ਗਿਆ ਸੀ। ਹਾਲਾਂਕਿ, ਭਾਰਤ ਸਰਕਾਰ ਨੇ ਹੁਣ ਸਪੱਸ਼ਟ ਤੌਰ 'ਤੇ ਕਿਹਾ ਹੈ ਕਿ ਅਮਰੀਕਾ ਨਾਲ ਅੰਤਰਿਮ ਵਪਾਰ ਸਮਝੌਤਾ ਸਿਰਫ਼ ਉਦੋਂ ਹੀ ਅੱਗੇ ਵਧੇਗਾ ਜਾਂ ਦਸਤਖਤ ਕੀਤਾ ਜਾਵੇਗਾ ਜਦੋਂ ਇੱਕ ਨਵਾਂ ਗਲੋਬਲ ਟੈਰਿਫ ਢਾਂਚਾ ਲਾਗੂ ਹੋ ਜਾਵੇਗਾ। ਇਹ ਧਿਆਨ ਦੇਣ ਯੋਗ ਹੈ ਕਿ ਭਾਰਤ ਅਤੇ ਅਮਰੀਕਾ ਵਿਚਕਾਰ ਵਪਾਰ ਸਮਝੌਤੇ 'ਤੇ ਇਸ ਮਹੀਨੇ ਦਸਤਖਤ ਕੀਤੇ ਜਾਣੇ ਸਨ, ਪਰ ਕਿਉਂਕਿ ਅਮਰੀਕੀ ਸੁਪਰੀਮ ਕੋਰਟ ਦੇ ਫੈਸਲੇ ਨੇ ਪੁਰਾਣੀਆਂ ਟੈਰਿਫ ਦਰਾਂ ਨੂੰ ਅਯੋਗ ਕਰ ਦਿੱਤਾ ਹੈ, ਰਾਸ਼ਟਰਪਤੀ ਡੋਨਾਲਡ ਟਰੰਪ ਦੇ ਪ੍ਰਸ਼ਾਸਨ ਨੂੰ ਹੁਣ ਵਿਸ਼ਵ ਵਪਾਰ ਲਈ ਇੱਕ ਨਵਾਂ ਢਾਂਚਾ ਵਿਕਸਤ ਕਰਨ ਦੀ ਜ਼ਰੂਰਤ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਵਿੱਚ ਕੋਈ ਸ਼ੱਕ ਨਹੀਂ ਹੈ ਕਿ ਦੇਸ਼ ਕਿਸੇ ਵੀ ਵਪਾਰ ਸਮਝੌਤੇ ਲਈ ਸਿਰਫ਼ ਤਾਂ ਹੀ ਸਹਿਮਤ ਹੁੰਦੇ ਹਨ ਜੇਕਰ ਉਹਨਾਂ ਨੂੰ ਵਿਸ਼ਵ ਬਾਜ਼ਾਰ ਵਿੱਚ ਦੂਜੇ ਮੁਕਾਬਲੇ ਵਾਲੇ ਦੇਸ਼ਾਂ ਨਾਲੋਂ ਵੱਧ ਲਾਭ ਜਾਂ ਫਾਇਦੇ ਪ੍ਰਾਪਤ ਹੁੰਦੇ ਹਨ। ਹਾਲਾਂਕਿ, ਜਿਨ੍ਹਾਂ ਹਾਲਾਤਾਂ ਵਿੱਚ ਪਿਛਲੇ ਮਹੀਨੇ ਅਮਰੀਕਾ ਨਾਲ ਗੱਲਬਾਤ ਅੱਗੇ ਵਧੀ, ਉਹ ਭਾਰਤ ਲਈ ਅਨੁਕੂਲ ਨਹੀਂ ਸਨ। ਖਾਸ ਕਰਕੇ ਕਿਉਂਕਿ ਟੈਰਿਫ ਦਰਾਂ ਨਿਰਧਾਰਤ ਕਰਨ ਦੇ ਮਾਪਦੰਡ ਇੱਕਸਾਰ ਨਹੀਂ ਸਨ, ਇਸ ਲਈ ਭਵਿੱਖ ਵਿੱਚ ਇਸ ਮੁੱਦੇ ਨੂੰ ਸੰਤੁਲਿਤ ਕਰਨ ਦੀ ਮੰਗ ਦੀ ਪ੍ਰਬਲ ਸੰਭਾਵਨਾ ਸੀ। ਇਸ ਤੋਂ ਇਲਾਵਾ, ਅਮਰੀਕੀ ਸੁਪਰੀਮ ਕੋਰਟ ਨੇ ਖੁਦ ਟਰੰਪ ਪ੍ਰਸ਼ਾਸਨ ਦੇ ਟੈਰਿਫ ਢਾਂਚੇ ਦੀ ਆਲੋਚਨਾ ਕੀਤੀ ਹੈ। ਹਾਲਾਂਕਿ, ਅਸਲੀਅਤ ਇਹ ਹੈ ਕਿ ਜਦੋਂ ਭਾਰਤ ਅਤੇ ਅਮਰੀਕਾ ਵਿਚਕਾਰ ਵਪਾਰ ਸਮਝੌਤੇ 'ਤੇ ਗੱਲਬਾਤ ਅੱਗੇ ਵਧ ਰਹੀ ਸੀ, ਉਹ ਸਿਰਫ ਡਰਾਫਟ ਸਮਝੌਤੇ ਦੇ ਪੜਾਅ 'ਤੇ ਪਹੁੰਚੇ ਸਨ ਅਤੇ ਕਿਸੇ ਕਾਨੂੰਨੀ ਦਸਤਾਵੇਜ਼ 'ਤੇ ਦਸਤਖਤ ਨਹੀਂ ਕੀਤੇ ਗਏ ਸਨ। ਇਸਦਾ ਮਤਲਬ ਹੈ ਕਿ ਭਾਰਤ ਕੋਲ ਇਸ ਸਮੇਂ ਨਵੀਆਂ ਸਥਿਤੀਆਂ ਵਿੱਚ ਆਪਣੇ ਹਿੱਤਾਂ ਦੇ ਅਨੁਸਾਰ ਸਮਝੌਤੇ ਨੂੰ ਸੋਧਣ ਦੀ ਗੁੰਜਾਇਸ਼ ਹੈ। ਦਰਅਸਲ, ਅੰਤਰਿਮ ਵਪਾਰ ਸਮਝੌਤੇ ਲਈ ਗੱਲਬਾਤ ਦੌਰਾਨ, ਅਮਰੀਕਾ ਨੇ ਟੈਰਿਫ ਤੋਂ ਇਲਾਵਾ, ਭਾਰਤ 'ਤੇ ਇੱਕ ਸ਼ਰਤ ਲਗਾਉਣ ਦੀ ਕੋਸ਼ਿਸ਼ ਕੀਤੀ ਕਿ ਉਹ ਰੂਸ ਤੋਂ ਕੱਚਾ ਤੇਲ ਨਹੀਂ ਖਰੀਦੇਗਾ। ਇਹ ਭਾਰਤ ਲਈ ਇੱਕ ਅਸੁਵਿਧਾਜਨਕ ਸਥਿਤੀ ਸੀ ਅਤੇ ਇਸ ਨੂੰ ਸਵੀਕਾਰ ਕਰਨਾ ਮੁਸ਼ਕਲ ਸੀ। ਹਾਲਾਂਕਿ, ਈਰਾਨ 'ਤੇ ਹਾਲ ਹੀ ਵਿੱਚ ਅਮਰੀਕਾ-ਇਜ਼ਰਾਈਲ ਦੇ ਹਮਲੇ ਤੋਂ ਬਾਅਦ ਤੇਲ ਸਪਲਾਈ ਵਿੱਚ ਵਿਸ਼ਵਵਿਆਪੀ ਰੁਕਾਵਟ ਨੂੰ ਦੇਖਦੇ ਹੋਏ, ਰੂਸ ਤੋਂ ਕੱਚਾ ਤੇਲ ਨਾ ਖਰੀਦਣ ਦੀ ਸ਼ਰਤ ਆਪਣੇ ਆਪ ਹੀ ਪਰਖੀ ਗਈ। ਕੁਦਰਤੀ ਤੌਰ 'ਤੇ, ਨਵੀਆਂ ਸਥਿਤੀਆਂ ਵਿੱਚ, ਭਾਰਤ ਹੁਣ ਵਪਾਰ ਸਮਝੌਤੇ ਵਿੱਚ ਆਪਣੇ ਹਿੱਤਾਂ ਦੀ ਰਾਖੀ ਕਰਨ ਦੀ ਕੋਸ਼ਿਸ਼ ਕਰੇਗਾ ਤਾਂ ਜੋ ਇਹ ਕਿਸੇ ਵੀ ਐਮਰਜੈਂਸੀ ਦਾ ਕਾਰਨ ਨਾ ਬਣੇ। ਇਸ ਤੋਂ ਇਲਾਵਾ, ਦੋ ਪ੍ਰਭੂਸੱਤਾ ਸੰਪੰਨ ਦੇਸ਼ਾਂ ਵਿਚਕਾਰ ਕੋਈ ਵੀ ਸਾਂਝੇਦਾਰੀ ਸਿਰਫ ਤਾਂ ਹੀ ਲੰਬੇ ਸਮੇਂ ਦੇ ਨਤੀਜੇ ਦੇਵੇਗੀ ਜੇਕਰ ਇਹ ਆਪਸੀ ਅਤੇ ਸਾਂਝੇ ਹਿੱਤਾਂ 'ਤੇ ਅਧਾਰਤ ਹੋਵੇ।

**-ਜਗਜੀਤ ਸਿੰਘ ਦਰਦੀ**

# ਏਆਈ ਦੁਆਰਾ ਧਾਰਮਿਕਤਾ ਦੀ ਬੇਅਦਬੀ, ਕੀ ਬੇਅਦਬੀ ਕਾਨੂੰਨ ਵਿੱਚ ਸ਼ਾਮਿਲ ਨਹੀਂ ਹੋਏਗਾ ?

## ਪੰਜਾਬ ਵਿੱਚ ਧਰਮ, ਲੋਕਤੰਤਰ ਅਤੇ ਬੇਅਦਬੀ ਤੇ ਕਾਨੂੰਨ ਜ਼ਰੂਰੀ ਹੈ



ਪ੍ਰੋ . ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਅੱਜ ਇੱਕ ਵਿਸ਼ਲੇਸ਼ਣਾਤਮਕ ਨਜ਼ਰ ਵਿੱਚ ਪੰਜਾਬ, ਜੋ ਗੁਰੂ ਸਾਹਿਬਾਨ ਦੀ ਧਰਤੀ ਵਜੋਂ ਜਾਣਿਆ ਜਾਂਦਾ ਹੈ, ਪੰਜਾਬ ਦੀ ਪਵਿੱਤਰ ਧਰਤੀ ਗੁਰੂਆਂ ਦੀ ਵਰਸੋਈ ਹੋਈ ਧਰਤੀ ਹੈ ਤੇ ਪੰਜਾਬ ਵਸਦਾ ਗੁਰਾਂ ਦੇ ਨਾਂ 'ਤੇ ਹੈ।

ਪੰਜਾਬ ਇੱਕ ਅਜਿਹਾ ਸੂਬਾ ਹੈ, ਜਿੱਥੇ ਧਰਮ ਅਤੇ ਰਾਜਨੀਤੀ ਦਾ ਗੂੜ੍ਹਾ ਸੰਬੰਧ ਰਿਹਾ ਹੈ। ਗੁਰੂ ਨਾਨਕ ਦੇਵ ਜੀ ਤੋਂ ਲੈ ਕੇ ਗੁਰੂ ਗੋਬਿੰਦ ਸਿੰਘ ਜੀ ਤੱਕ, ਸਿੱਖ ਧਰਮ ਨੇ ਨਾ ਸਿਰਫ਼ ਆਧਿਆਤਮਿਕਤਾ ਸਿਖਾਈ ਸਗੋਂ ਸਮਾਨਤਾ, ਇਨਸਾਫ਼ ਅਤੇ ਲੋਕਤੰਤਰੀ ਮੁੱਲਾਂ ਨੂੰ ਵੀ ਉਤਸ਼ਾਹਿਤ ਕੀਤਾ। ਅੱਜ ਦੇ ਸਮੇਂ ਵਿੱਚ, ਜਦੋਂ ਪੰਜਾਬ ਵਿੱਚ ਧਾਰਮਿਕ ਆਜ਼ਾਦੀ, ਬੇਅਦਬੀ ਦੇ ਮਾਮਲੇ ਅਤੇ ਨਵੀਂ ਤਕਨਾਲੋਜੀ ਜਿਵੇਂ ਏਆਈ (Artificial Intelligence) ਦੇ ਦੁਰਪਯੋਗ ਨਾਲ ਜੁੜੇ ਮੁੱਦੇ ਚਰਚਾ ਵਿੱਚ ਹਨ, ਤਾਂ ਇਹ ਸਵਾਲ ਉੱਠਦਾ ਹੈ ਕਿ ਇੱਥੇ ਧਰਮ ਅਤੇ ਲੋਕਤੰਤਰ ਦੀ ਸੁਰੱਖਿਆ ਕਿੰਨੀ ਮਜ਼ਬੂਤ ਹੈ।

ਅੱਜ ਲੋਕਾਂ ਦੀ ਆਵਾਜ਼ ਸੁਣੀ ਜਾਂਦੀ ਹੈ ਜਾਂ ਨਹੀਂ? ਅਤੇ ਕੇਂਦਰ ਸਰਕਾਰ ਨੂੰ ਇਹਨਾਂ ਮਾਮਲਿਆਂ ਵਿੱਚ ਦਖਲ ਦੇਣਾ ਚਾਹੀਦਾ ਹੈ ਜਾਂ ਨਹੀਂ? ਇਹਨਾਂ ਮੁੱਦਿਆਂ ਨੂੰ ਸੰਵਿਧਾਨਿਕ ਨਜ਼ਰੀਏ ਤੋਂ ਵਿਸਥਾਰ ਨਾਲ ਵਿਚਾਰਦਿਆਂ ਪੰਜਾਬ ਵਿੱਚ ਧਰਮ ਅਤੇ ਲੋਕਤੰਤਰ ਦਾ ਇਤਿਹਾਸਕ ਪਿਛੋਕੜ ਪੰਜਾਬ ਸਿੱਖ ਧਰਮ ਦਾ ਕੇਂਦਰ ਹੈ, ਜਿੱਥੇ ਗੁਰੂ ਗ੍ਰੰਥ ਸਾਹਿਬ ਜੀ ਨੂੰ ਜਾਗਦੀ ਜੋਤ ਮੰਨਿਆ ਜਾਂਦਾ ਹੈ। ਇਹ ਧਰਮ ਆਪਣੇ ਸਿਧਾਂਤਾਂ ਵਿੱਚ ਲੋਕਤੰਤਰੀ ਮੁੱਲਾਂ ਨੂੰ ਸਮਰਥਨ ਦਿੰਦਾ ਹੈ - ਸਰਬੱਤ ਦਾ ਭਲਾ, ਮਿਰੀ-ਪੀਰੀ ਦਾ ਸੰਤੁਲਨ ਅਤੇ ਜ਼ੁਲਮ ਵਿਰੁੱਧ ਖੜ੍ਹੇ ਹੋਣਾ।

ਅੱਜ ਭਾਰਤੀ ਸੰਵਿਧਾਨ ਵੀ ਧਾਰਮਿਕ ਆਜ਼ਾਦੀ ਨੂੰ ਮੁੱਢਲਾ ਅਧਿਕਾਰ ਮੰਨਦਾ ਹੈ (ਆਰਟੀਕਲ 25-28), ਜਿਸ ਵਿੱਚ ਹਰ ਨਾਗਰਿਕ ਨੂੰ ਆਪਣੇ ਧਰਮ ਨੂੰ ਮੰਨਣ, ਅਭਿਆਸ ਕਰਨ ਅਤੇ ਪ੍ਰਚਾਰ ਕਰਨ ਦੀ ਆਜ਼ਾਦੀ ਹੈ, ਪਰ ਇਹ ਆਜ਼ਾਦੀ ਜਨਤਕ ਵਿਵਸਥਾ, ਨੈਤਿਕਤਾ ਨਾਲ ਜੁੜੀਆਂ ਸੀਮਾਵਾਂ ਦੇ ਅਧੀਨ ਹੈ। ਪੰਜਾਬ ਵਿੱਚ ਲੋਕਤੰਤਰੀ ਪ੍ਰਕਿਰਿਆ ਮਜ਼ਬੂਤ ਰਹੀ ਹੈ। ਚੋਣਾਂ ਨਿਯਮਤ ਹੁੰਦੀਆਂ ਹਨ, ਵਿਧਾਨ ਸਭਾ ਵਿੱਚ ਬਹਿਸ ਹੁੰਦੀ ਹੈ ਅਤੇ ਲੋਕ ਆਪਣੇ ਮੁੱਦੇ ਉਠਾਉਂਦੇ ਹਨ ਪਰ ਧਰਮ ਨਾਲ ਜੁੜੇ ਮਸਲੇ ਅਕਸਰ ਰਾਜਨੀਤੀ ਵਿੱਚ ਵਰਤੇ ਜਾਂਦੇ ਹਨ, ਜਿਸ ਨਾਲ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਦੀ ਹੈ ਅਤੇ ਸਮਾਜ ਵਿੱਚ ਤਣਾਅ ਪੈਦਾ ਹੁੰਦਾ ਹੈ।

ਅੱਜ ਬੇਅਦਬੀ ਦੇ ਮਾਮਲਿਆਂ ਵਿਚ ਚੱਲ ਰਿਹਾ ਦੁੱਖ ਪੰਜਾਬ ਵਿੱਚ ਬੇਅਦਬੀ (ਸੈਕਰੀਲੇਜ) ਦੇ ਮਾਮਲੇ ਲੰਮੇ ਸਮੇਂ ਤੋਂ ਚੱਲ ਰਹੇ ਹਨ। 2015 ਵਿੱਚ ਬਰਗਾੜੀ ਅਤੇ ਬੁਰਜ ਜਵਾਹਰ ਸਿੰਘ ਵਾਲਾ ਵਿੱਚ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪਾਂ ਨਾਲ ਛੇੜਛਾੜ ਅਤੇ ਬਹਿਬਲ ਕਲਾਂ ਵਿੱਚ ਪੁਲਿਸ ਫਾਇਰਿੰਗ ਨੇ ਪੂਰੇ ਸੂਬੇ ਨੂੰ ਹਿਲਾ ਦਿੱਤਾ ਸੀ। ਇਹਨਾਂ ਘਟਨਾਵਾਂ ਨੇ ਧਾਰਮਿਕ ਭਾਵਨਾਵਾਂ ਨੂੰ ਡੂੰਘੀ ਠੇਸ ਪਹੁੰਚਾਈ ਅਤੇ ਲੋਕਾਂ ਵਿੱਚ ਗੁੱਸਾ ਪੈਦਾ ਕੀਤਾ। ਹਾਲ ਹੀ ਵਿੱਚ ਵੀ ਬੇਅਦਬੀ ਦੀਆਂ ਘਟਨਾਵਾਂ ਜਾਰੀ ਹਨ। 2024 ਅਤੇ 2025 ਵਿੱਚ ਫਿਰੋਜ਼ਪੁਰ, ਫਗਵਾੜਾ ਅਤੇ ਜਲੰਧਰ ਵਿੱਚ ਗੁਰੂ ਗ੍ਰੰਥ ਸਾਹਿਬ ਜੀ ਨਾਲ ਜੁੜੀਆਂ ਘਟਨਾਵਾਂ ਸਾਹਮਣੇ ਆਈਆਂ, ਜਿਨ੍ਹਾਂ ਵਿੱਚ ਕੁਝ ਮਾਮਲਿਆਂ ਵਿੱਚ ਲੋਕਾਂ ਨੇ ਮੌਤਾਂ ਵੀ ਵੇਖੀਆਂ।

ਅੱਜ NCRB ਦੇ ਅੰਕੜਿਆਂ ਅਨੁਸਾਰ ਪੰਜਾਬ ਵਿੱਚ ਬੇਅਦਬੀ ਨਾਲ ਜੁੜੇ ਮਾਮਲੇ ਦੇਸ਼ ਵਿੱਚ ਸਭ ਤੋਂ ਵੱਧ ਰਹੇ ਹਨ। ਇਹਨਾਂ ਘਟਨਾਵਾਂ ਨੂੰ ਰੋਕਣ ਲਈ ਪੰਜਾਬ ਸਰਕਾਰ ਨੇ ਕਈ ਕੋਸ਼ਿਸ਼ਾਂ ਕੀਤੀਆਂ ਹਨ। 2018 ਵਿੱਚ ਇੱਕ ਬਿੱਲ ਪਾਸ ਕੀਤਾ ਗਿਆ ਸੀ ਜਿਸ ਵਿੱਚ ਆਈਪੀਸੀ ਵਿੱਚ ਸੈਕਸ਼ਨ 29511 ਜੋੜਿਆ ਗਿਆ, ਪਰ ਇਹ ਕੇਂਦਰ ਤੱਕ ਨਹੀਂ ਪਹੁੰਚ ਸਕਿਆ। ਹੁਣ 2025 ਵਿੱਚ ਆਪ ਸਰਕਾਰ ਨੇ ਪੰਜਾਬ ਪ੍ਰੀਵੈਂਸ਼ਨ ਆਫ ਆਫੈਂਸਿਜ਼ ਅਗੇਂਸਟ ਹੋਲੀ ਸਕ੍ਰਿਪਚਰਜ਼ ਬਿੱਲ, 2025 ਪੇਸ਼ ਕੀਤਾ, ਜਿਸ ਵਿੱਚ ਬੇਅਦਬੀ ਲਈ ਉਮਰ ਕੈਦ ਤੱਕ ਦੀ ਸਜ਼ਾ ਅਤੇ ਜੁਰਮਾਨੇ ਦਾ ਪ੍ਰਸਤਾਵ ਹੈ। ਇਹ ਬਿੱਲ ਗੁਰੂ ਗ੍ਰੰਥ ਸਾਹਿਬ, ਭਗਵਦ ਗੀਤਾ, ਕੁਰਾਨ ਅਤੇ ਬਾਈਬਲ ਵਰਗੇ ਧਾਰਮਿਕ ਗ੍ਰੰਥਾਂ ਨੂੰ ਸ਼ਾਮਲ ਕਰਦਾ ਹੈ ਅਤੇ ਅਪਰਾਧ ਨੂੰ ਕਾਗਨੀਜ਼ੇਬਲ, ਨਾਨ-ਬੇਲੇਬਲ ਬਣਾਉਂਦਾ ਹੈ ਪਰ ਇਹ ਬਿੱਲ ਵਿਵਾਦਾਂ ਵਿੱਚ ਘਿਰਿਆ ਹੋਇਆ ਹੈ।

ਅੱਜ ਕਈ ਵਿਦਵਾਨ ਅਤੇ ਸਾਬਕਾ ਅਧਿਕਾਰੀ ਇਸ ਨੂੰ ਅਸੰਵਿਧਾਨਕ ਮੰਨਦੇ ਹਨ ਕਿਉਂਕਿ ਇਸ ਵਿੱਚ ਇਰਾਦੇ ਅਤੇ ਗਲਤੀ ਵਿੱਚ ਫਰਕ ਨਹੀਂ ਕੀਤਾ ਗਿਆ, ਜਿਸ ਨਾਲ ਇਸ ਦੀ ਦੁਰਵਰਤੋਂ ਹੋ ਸਕਦੀ ਹੈ। ਇਹ ਭਾਰਤ ਵਿੱਚ ਬਲੈਸਫੈਮੀ ਕਾਨੂੰਨ ਵਰਗੇ ਖਤਰੇ ਪੈਦਾ ਕਰ ਸਕਦਾ ਹੈ, ਜੋ ਬੋਲਣ ਅਤੇ ਅਭਿਵਿਅੰਜਨ ਦੀ ਆਜ਼ਾਦੀ (ਆਰਟੀਕਲ 19) ਨੂੰ ਖਤਰੇ ਵਿੱਚ ਪਾ ਸਕਦਾ ਹੈ। ਬਿੱਲ ਨੂੰ ਸਿਲੈਕਟ ਕਮੇਟੀ ਕੋਲ ਭੇਜਿਆ ਗਿਆ ਹੈ ਅਤੇ ਅਜੇ ਤੱਕ ਪਾਸ ਨਹੀਂ ਹੋਇਆ। ਇਸ ਨਾਲ ਬੇਅਦਬੀ ਰੋਕਣ ਵਾਲੇ ਠੋਸ ਉਪਾਅ ਅਜੇ ਵੀ ਨਹੀਂ ਬਣ ਸਕੇ।

ਹੁਣ ਏਆਈ ਅਤੇ ਧਾਰਮਿਕ ਸਥਾਨਾਂ ਦਾ ਦੁਰਉਪਯੋਗ ਨਵੀਂ ਦੁਨੀਆ ਵਿੱਚ ਏਆਈ ਨੇ ਧਾਰਮਿਕ ਭਾਵਨਾਵਾਂ ਨੂੰ ਨਿਸ਼ਾਨਾ ਬਣਾਉਣ ਦੇ ਨਵੇਂ ਤਰੀਕੇ ਖੋਲ੍ਹੇ ਹਨ। ਪੰਜਾਬ ਵਿੱਚ ਹਾਲ ਹੀ ਵਿੱਚ ਏਆਈ ਜਨਰੇਟਿਡ ਵੀਡੀਓਜ਼ ਸਾਹਮਣੇ ਆਏ ਹਨ ਜੋ ਸ੍ਰੀ ਹਰਿਮੰਦਰ ਸਾਹਿਬ (ਸੁਨਹਿਰੀ ਮੰਦਰ) ਵਿੱਚ ਅਪਮਾਨਜਨਕ ਦ੍ਰਿਸ਼ ਦਿਖਾਉਂਦੇ ਹਨ - ਜਿਵੇਂ ਜੁੱਤੇ ਪਾਏ ਸਿੱਖ ਜਾਂ ਹੋਰ ਅਪਮਾਨਜਨਕ ਸੀਨ। ਇਹਨਾਂ ਨੇ ਸਿੱਖ ਸੰਗਤ ਵਿੱਚ ਗੁੱਸਾ ਪੈਦਾ ਕੀਤਾ ਹੈ। SGPC ਅਤੇ ਅਕਾਲ ਤਖਤ ਨੇ ਇਹਨਾਂ ਵਿਰੁੱਧ ਸਖਤ ਕਾਰਵਾਈ ਦੀ ਮੰਗ ਕੀਤੀ ਹੈ।

ਅੱਜ ਭਾਵੇਂ SGPC ਨੇ ਏਆਈ ਮਾਹਿਰਾਂ ਦੀ ਕਮੇਟੀ ਬਣਾਈ ਹੈ ਅਤੇ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਅਜਿਹੇ ਕੰਟੈਂਟ ਨੂੰ ਰੋਕਣ ਲਈ ਕੰਮ ਕਰ ਰਹੀ ਹੈ। ਏਆਈ ਨਾਲ ਗੁਰਬਾਣੀ ਵਿੱਚ ਗਲਤੀਆਂ ਜਾਂ ਫੇਕ ਲਾਈਨਾਂ ਬਣਾਉਣ ਵੀ ਸਾਹਮਣੇ ਆਏ ਹਨ, ਜਿਸ ਨੂੰ ਬੇਅਦਬੀ ਵਜੋਂ ਵੇਖਿਆ ਜਾ ਰਿਹਾ ਹੈ। ਇਹ ਮਾਮਲੇ ਬੇਅਦਬੀ ਦੇ ਨਵੇਂ ਰੂਪ ਹਨ। ਪੁਰਾਣੇ ਕਾਨੂੰਨ ਇਹਨਾਂ ਨੂੰ ਪੂਰੀ ਤਰ੍ਹਾਂ ਕਵਰ ਨਹੀਂ ਕਰਦੇ। ਇਸ ਲਈ ਬੇਅਦਬੀ ਦੀ ਪਰਿਭਾਸ਼ਾ ਵਿੱਚ ਡਿਜੀਟਲ ਅਤੇ ਏਆਈ ਜਨਰੇਟਿਡ ਕੰਟੈਂਟ ਨੂੰ ਵੀ ਸ਼ਾਮਲ ਕਰਨਾ ਜ਼ਰੂਰੀ ਹੈ।

ਅੱਜ ਕੇਂਦਰ ਸਰਕਾਰ ਦੀ ਭੂਮਿਕਾ ਵਿਚ ਦਖਲ ਜਾਂ ਸਹਿਯੋਗ? ਪੰਜਾਬ ਸਰਕਾਰ ਨੇ ਬੇਅਦਬੀ ਰੋਕਣ ਲਈ ਕਾਨੂੰਨ ਬਣਾਉਣ ਦੀ ਕੋਸ਼ਿਸ਼ ਕੀਤੀ ਹੈ ਪਰ ਅਜੇ ਸਫਲ ਨਹੀਂ ਹੋਈ। ਸਵਾਲ ਉੱਠਦਾ ਹੈ ਕਿ ਜੇ ਰਾਜ ਸਰਕਾਰ ਨਹੀਂ ਬਣਾ ਪਾ ਰਹੀ ਤਾਂ ਕੇਂਦਰ ਨੂੰ ਦਖਲ ਦੇਣਾ ਚਾਹੀਦਾ ਹੈ? ਸੰਵਿਧਾਨ ਅਨੁਸਾਰ, ਅਪਰਾਧ ਅਤੇ ਸਜ਼ਾ ਰਾਜ ਸੂਚੀ ਵਿੱਚ ਆਉਂਦੀ ਹੈ (ਲਿਸਟ 99), ਪਰ ਕੇਂਦਰ ਕੁਝ ਮਾਮਲਿਆਂ ਵਿੱਚ ਕਾਨੂੰਨ ਬਣਾ ਸਕਦਾ ਹੈ ਜੇ ਰਾਜ ਸਹਿਮਤ ਹੋਵੇ ਜਾਂ ਕਨਕਰੰਟ ਲਿਸਟ ਵਿੱਚ ਹੋਵੇ। ਬੇਅਦਬੀ ਨਾਲ ਜੁੜੇ ਮਾਮਲੇ ਅਕਸਰ ਧਾਰਮਿਕ ਭਾਵਨਾਵਾਂ ਨਾਲ ਜੁੜੇ ਹੁੰਦੇ ਹਨ, ਜੋ ਰਾਜ ਵਿਸ਼ੇ ਹਨ। ਕੇਂਦਰ ਨੇ ਅਜੇ ਤੱਕ ਅਜਿਹਾ ਕੋਈ ਰਾਸ਼ਟਰੀ ਕਾਨੂੰਨ ਨਹੀਂ ਬਣਾਇਆ।

ਅੱਜ ਕੇਂਦਰੀ ਦਖਲ ਨੂੰ ਸਾਵਧਾਨੀ ਨਾਲ ਵੇਖਣਾ ਚਾਹੀਦਾ ਹੈ। ਇਹ ਰਾਜ ਦੇ ਅਧਿਕਾਰਾਂ ਵਿੱਚ ਦਖਲ ਵਜੋਂ ਵੇਖਿਆ ਜਾ ਸਕਦਾ ਹੈ ਅਤੇ ਫੈਡਰਲ ਸਟਰਕਚਰ ਨੂੰ ਕਮਜ਼ੋਰ ਕਰ ਸਕਦਾ ਹੈ। ਬਿਹਤਰ ਹੈ ਕਿ ਕੇਂਦਰ ਰਾਜ ਨੂੰ ਸਹਿਯੋਗ ਦੇਵੇ, ਤਕਨੀਕੀ ਮੱਦਦ ਦੇਵੇ ਅਤੇ ਡਿਜੀਟਲ ਪਲੇਟਫਾਰਮਾਂ 'ਤੇ ਨਿਗਰਾਨੀ ਵਧਾਏ। ਏਆਈ ਦੇ ਦੁਰਪਯੋਗ ਲਈ ਰਾਸ਼ਟਰੀ ਪੱਧਰੀ ਨੀਤੀ ਬਣਾਉਣੀ ਚਾਹੀਦੀ ਹੈ। ਲੋਕਤੰਤਰ ਅਤੇ ਧਾਰਮਿਕ ਆਜ਼ਾਦੀ ਦੀ ਸੁਰੱਖਿਆ ਪੰਜਾਬ ਵਿੱਚ ਲੋਕਤੰਤਰ ਜਿਉਂਦਾ ਹੈ। ਲੋਕ ਆਪਣੀ ਆਵਾਜ਼ ਉਠਾਉਂਦੇ ਹਨ, ਪ੍ਰਦਰਸ਼ਨ ਕਰਦੇ ਹਨ ਅਤੇ ਚੋਣਾਂ ਰਾਹੀਂ ਬਦਲਾਅ ਲਿਆਉਂਦੇ ਹਨ। ਪਰ ਬੇਅਦਬੀ ਅਤੇ ਏਆਈ ਦੇ ਮਾਮਲੇ ਧਾਰਮਿਕ ਆਜ਼ਾਦੀ ਨੂੰ ਚੁਣੌਤੀ ਦਿੰਦੇ ਹਨ।

ਅੱਜ ਇਹਨਾਂ ਨੂੰ ਰੋਕਣ ਲਈ ਸਖਤ ਕਾਨੂੰਨ ਜ਼ਰੂਰੀ ਹੈ ਪਰ ਉਹ ਅਭਿਵਿਅੰਜਨ ਦੀ ਆਜ਼ਾਦੀ ਨੂੰ ਨਾ ਖਤਮ ਕਰਨ। ਸਰਕਾਰ ਨੂੰ ਚਾਹੀਦਾ ਹੈ ਕਿ ਬੇਅਦਬੀ ਦੀ ਜਾਂਚ ਤੇਜ਼ ਕਰੇ, ਏਆਈ ਨਿਗਰਾਨੀ ਵਧਾਏ ਅਤੇ ਸਿੱਖਿਆ ਰਾਹੀਂ ਸਮਾਜ ਨੂੰ ਜਾਗਰੂਕ ਕਰੇ। ਧਰਮ ਅਤੇ ਰਾਜ ਨੂੰ ਵੱਖ ਰੱਖ ਕੇ ਲੋਕਤੰਤਰ ਨੂੰ ਮਜ਼ਬੂਤ ਕੀਤਾ ਜਾ ਸਕਦਾ ਹੈ। ਅੰਤ ਵਿੱਚ ਪੰਜਾਬ ਦੀ ਜਨ ਸ਼ਕਤੀ ਅਤੇ ਗੁਰੂਆਂ ਦੀ ਵਿਰਾਸਤ ਨੂੰ ਸੰਭਾਲਣ ਲਈ ਸੰਵਿਧਾਨਕ ਮੁੱਲਾਂ 'ਤੇ ਅਧਾਰਿਤ ਨੀਤੀਆਂ ਜ਼ਰੂਰੀ ਹਨ। ਅੱਜ ਜ਼ਰੂਰਤ ਹੈ ਕਿ ਧਰਮ ਲੋਕਤੰਤਰ ਨੂੰ ਮਜ਼ਬੂਤ ਕਰੇ, ਨਾ ਕਿ ਕਮਜ਼ੋਰ। ਇਹੀ ਸੱਚੀ ਸੁਰੱਖਿਆ ਹੈ।

# ਵਿਧਾਨ ਸਭਾ ਚੋਣਾਂ : ਆਤਮਿਕ ਅਤੇ ਮਾਨਸਿਕ ਤੌਰ 'ਤੇ ਹਾਰ ਚੁੱਕੇ ਪੰਜਾਬ ਨੂੰ ਇਸ ਵਾਰ ਕੌਣ ਜਿੱਤੇਗਾ ?

ਬਘੇਲ ਸਿੰਘ ਧਾਲੀਵਾਲ
99142-58142



ਪੰਜਾਬ ਦੀ ਹਰ ਪੱਖ ਤੋਂ ਡੁੱਬਦੀ ਜਾ ਰਹੀ ਬੇੜੀ ਨੂੰ ਪਾਰ ਲਾਉਣ ਦੇ ਦਾਅਵੇ ਅਤੇ ਵਾਅਦੇ ਕਰਨ ਵਾਲੇ ਖੁਦ ਹੀ ਗਲਤ ਦਿਸ਼ਾ ਵੱਲ ਨੂੰ ਮੁੜ ਜਾਂਦੇ ਰਹੇ ਹਨ। ਅਜਿਹਾ ਇੱਕ ਵਾਰ ਨਹੀਂ ਬਲਕਿ ਵਾਰ-ਵਾਰ ਹੋਇਆ ਹੈ, ਲਿਹਾਜ਼ਾ ਪੰਜਾਬ ਆਤਮਿਕ ਅਤੇ ਮਾਨਸਿਕ ਤੌਰ 'ਤੇ ਅਸਲੋਂ ਥੱਕਿਆ, ਹਾਰਿਆ ਦਿਖਾਈ ਦਿੰਦਾ ਹੈ। ਪੰਜਾਬ ਦੀ ਰਾਜਨੀਤੀ ਇਸ ਵੇਲੇ ਇੱਕ ਅਜਿਹੇ ਡਗਮਗਾਉਂਦੇ ਮੋੜ 'ਤੇ ਖੜ੍ਹੀ ਹੈ, ਜਿੱਥੇ ਇਹ ਮਹਿਜ਼ ਪਾਰਟੀਆਂ ਦੀ ਰਾਜਨੀਤਕ ਟੱਕਰ ਤੋਂ ਪਾਸੇ ਹੋ ਕੇ ਵਿਸ਼ਵਾਸ ਤੇ ਨਿਰਾਸ਼ਾ ਦੀ ਲੜਾਈ ਲੜ ਰਹੀ ਹੈ। 2022 ਵਿੱਚ ਜਿਹੜੀ ਲਹਿਰ ਨੇ ਆਮ ਆਦਮੀ ਪਾਰਟੀ ਨੂੰ ਸੱਤਾ ਦੀ ਚੋਟੀ 'ਤੇ ਪਹੁੰਚਾਇਆ ਸੀ, ਉਹ ਅੱਜ ਸਵਾਲਾਂ ਦੇ ਘੇਰੇ ਵਿੱਚ ਖੜ੍ਹੀ ਹੈ।

ਲੋਕਾਂ ਨੇ ਪੁਰਾਣੀਆਂ ਪਾਰਟੀਆਂ ਨੂੰ ਰੱਦ ਕਰਕੇ ਨਵੀਂ ਉਮੀਦ ਨੂੰ ਚੁਣਿਆ ਸੀ, ਕਿਉਂਕਿ ਲੋਕ ਬਦਲਾਅ ਚਾਹੁੰਦੇ ਸਨ, ਜਿਸਦਾ ਭਰੋਸਾ ਆਮ ਆਦਮੀ ਪਾਰਟੀ ਵੱਲੋਂ ਡੰਕੇ ਦੀ ਚੋਟ ਨਾਲ ਦਿੱਤਾ ਗਿਆ ਸੀ। ਪਰ ਅਫਸੋਸ ਨਾਲ ਲਿਖਣਾ ਪੈਂਦਾ ਹੈ ਕਿ ਆਮ ਆਦਮੀ ਪਾਰਟੀ ਦੀ ਲੀਡਰਸ਼ਿੱਪ ਜਿਹੜੇ, ਵੀਆਈਪੀ ਸੱਭਿਆਚਾਰ ਨੂੰ ਖਤਮ ਕਰਨ, ਜਿਵੇਂ ਸਰਕਾਰੀ ਨੁਮਾਇੰਦਿਆਂ ਦਾ ਆਮ ਵਿਅਕਤੀ ਵਾਂਗ ਵਿਚਰਨਾ, ਸਰਕਾਰੀ ਕੋਠੀਆਂ, ਗੱਡੀਆਂ ਅਤੇ ਗੰਨਮੈਨ ਆਦਿ ਨਾ ਲੈਣ ਵਰਗੇ ਬਦਲਾਵਾਂ ਦੀ ਗੱਲ ਕਰਕੇ ਸੱਤਾ ਵਿੱਚ ਆਈ ਸੀ, ਉਸ ਤੋਂ ਮੁੱਖ ਹੀ ਨਹੀਂ ਮੋੜਿਆ ਬਲਕਿ ਵੀਆਈਪੀ ਸੱਭਿਆਚਾਰ ਨੂੰ ਦੂਜੀਆਂ ਪਾਰਟੀਆਂ ਦੇ ਮੁਕਾਬਲੇ ਵੱਧ ਉਤਸ਼ਾਹਿਤ ਕੀਤਾ ਗਿਆ ਹੈ, ਭ੍ਰਿਸ਼ਟਾਚਾਰ ਪਹਿਲੀਆਂ ਸਰਕਾਰਾਂ ਦੇ ਮੁਕਾਬਲੇ ਬਹੁਤ ਵੱਧ ਗਿਆ ਹੈ, ਦਿਨ ਦਿਹਾੜੇ ਕਤਲ, ਮਾਰਧਾੜ ਅਤੇ ਲੁੱਟ ਮਾਰ, ਫਿਰੌਤੀਆਂ ਦੀਆਂ ਵਾਰਦਾਤਾਂ ਵਿੱਚ ਅਥਾਹ ਵਾਧਾ ਹੋ ਗਿਆ ਹੈ, ਲੋਕਾਂ ਦੇ ਜਾਇਜ਼ ਕੰਮ ਧੰਦੇ ਵੀ ਪੈਸੇ ਅਤੇ ਸਿਫਾਰਿਸ਼ ਤੋਂ ਬਿਨਾ ਸੰਭਵ ਨਹੀਂ ਹਨ, ਅਫਸਰਸ਼ਾਹੀ ਲੋਕਾਂ ਦੀ ਗੱਲ ਸੁਣਨ ਨੂੰ ਤਿਆਰ ਨਹੀਂ ਹੈ, ਥਾਣੇ ਦਰਬਾਰੇ ਪੈਸੇ ਦੀ ਖੇਡ ਪਹਿਲਾਂ ਦੇ ਮੁਕਾਬਲੇ ਕਾਫੀ ਮਹਿੰਗੀ ਹੋ ਗਈ ਹੈ। ਨਸ਼ੇ, ਭ੍ਰਿਸ਼ਟਾਚਾਰ, ਲੁੱਟਮਾਰ ਅਤੇ ਕਤਲੋਗਾਰਦ ਦੀਆਂ ਖ਼ਬਰਾਂ ਲੋਕਾਂ ਦੇ ਮਨਾਂ ਵਿੱਚ ਡਰ ਅਤੇ ਨਿਰਾਸ਼ਾ ਪੈਦਾ ਕਰ ਰਹੀਆਂ ਹਨ। ਆਮ ਆਦਮੀ ਪਾਰਟੀ ਨੇ ਬਦਲਾਅ ਦੇ ਨਾਅਰੇ ਨਾਲ ਪੰਜਾਬ ਵਿੱਚ ਇਤਿਹਾਸ ਬਣਾਇਆ ਸੀ। ਭਗਵੰਤ ਸਿੰਘ ਮਾਨ ਦੀ ਲੋਕ ਪ੍ਰਿਅਤਾ ਅਤੇ ਅਰਵਿੰਦ ਕੇਜਰੀਵਾਲ ਦੀ ਤੇਜ਼ ਤਰਾਰ ਰਣਨੀਤੀ ਨੇ ਲੋਕ ਮਨਾਂ ਨੂੰ ਇੱਕ ਨਵੇਂ ਰਾਹ ਦੀ ਉਮੀਦ ਦਿੱਤੀ ਸੀ, ਪਰ ਅੱਜ ਹਾਲਾਤ ਇਹ ਹਨ ਕਿ ਉਹੀ ਸਰਕਾਰ ਆਪਣੇ ਵਾਅਦਿਆਂ ਦੇ ਬੋਝ ਹੇਠ ਦੱਬਦੀ ਨਜ਼ਰ ਆ ਰਹੀ ਹੈ। ਨਸ਼ਿਆਂ ਦਾ ਮਸਲਾ, ਜੋ ਚੋਣਾਂ ਦਾ ਸਭ ਤੋਂ ਵੱਡਾ ਮੁੱਦਾ ਸੀ, ਅਜੇ ਵੀ ਪੂਰੀ ਤਰ੍ਹਾਂ ਕਾਬੂ ਵਿੱਚ ਨਹੀਂ ਆ ਸਕਿਆ। ਧੰਨ ਸ੍ਰੀ ਗੁਰੂ ਗਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਦੇ ਇਨਸਾਫ ਦਾ ਮਸਲਾ ਜਿਉਂ ਦਾ ਤਿਉਂ ਖੜ੍ਹਾ ਹੈ, ਪਿੰਡਾਂ ਦੇ ਗਲੀਆਂ ਮੁਹੱਲਿਆਂ ਵਿੱਚ ਅਜੇ ਵੀ ਚਿੱਟਾ ਖਤਰਨਾਕ ਹੱਦ ਤੱਕ ਪੈਰ ਪਸਾਰ ਚੁੱਕਾ ਹੈ, ਅਤੇ ਨੌਜਵਾਨ ਪੀੜ੍ਹੀ ਹੌਲੀ-ਹੌਲੀ ਖ਼ਤਮ ਹੋ ਰਹੀ ਹੈ, ਭ੍ਰਿਸ਼ਟਾਚਾਰ ਖ਼ਿਲਾਫ਼ "ਜ਼ੀਰੋ ਟੋਲਰੈਂਸ" ਦਾ ਦਾਅਵਾ ਕੀਤਾ ਗਿਆ ਸੀ, ਪਰ ਹਕੀਕਤ ਵਿੱਚ ਲੋਕ ਅਜੇ ਵੀ ਦਫ਼ਤਰਾਂ ਵਿੱਚ ਰਿਸ਼ਵਤ ਦੇਣ ਲਈ ਮਜਬੂਰ ਹਨ।

ਕਾਨੂੰਨ-ਵਿਵਸਥਾ ਦੀ ਗੱਲ ਕਰੀਏ ਤਾਂ ਲੁੱਟਮਾਰ, ਗੈਂਗਸਟਰਵਾਦ ਅਤੇ ਕਤਲੋਗਾਰਦ ਦੀਆਂ ਘਟਨਾਵਾਂ ਨੇ ਆਮ ਇਨਸਾਨ ਦੇ ਮਨ ਵਿੱਚ ਡਰ ਸਹਿਮ ਪੈਦਾ ਕੀਤਾ ਹੈ। ਸਭ ਤੋਂ ਵੱਡੀ ਗੱਲ, ਕਿ ਸਰਕਾਰ ਦੇ ਫੈਸਲਿਆਂ ਵਿੱਚ ਬਾਹਰੀ ਦਖ਼ਲਅੰਦਾਜ਼ੀ ਦਾ ਦੋਸ਼ ਵੀ ਵਿਰੋਧੀ ਧਿਰਾਂ ਵੱਲੋਂ ਲਗਾਤਾਰ ਲਾਇਆ ਜਾ ਰਿਹਾ ਹੈ, ਜੋ ਇਸਦੀ ਸਾਖ਼ ਨੂੰ ਝਟਕਾ ਦੇ ਰਿਹਾ ਹੈ। ਕਾਂਗਰਸ ਪਾਰਟੀ ਪੰਜਾਬ ਵਿੱਚ ਅਜੇ ਵੀ ਇੱਕ ਵੱਡੀ ਤਾਕਤ ਹੈ, ਪਰ ਇਹ ਆਪਣੇ ਹੀ ਘਰੇਲੂ ਝਗੜਿਆਂ ਵਿੱਚ ਬੁਰੀ ਤਰ੍ਹਾਂ ਫਸੀ ਹੋਈ ਹੈ। ਤਤਕਾਲੀ ਸੂਬਾ ਪ੍ਰਧਾਨ ਨਵਜੋਤ ਸਿੱਧੂ ਦੀ ਤਿੱਖੀ ਬੋਲੀ ਤੋਂ ਲੈ ਕੇ ਮੌਜੂਦਾ ਪ੍ਰਧਾਨ ਰਾਜਾ ਵੜਿੰਗ ਦੀ ਬੇਲਗਾਮ ਭਾਸ਼ਾ ਤੱਕ ਨੇ ਪੰਜਾਬ ਕਾਂਗਰਸ ਨੂੰ ਮਜ਼ਾਕ ਦਾ ਪਾਤਰ ਬਣਾਇਆ ਹੋਇਆ ਹੈ। ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਲੋਕਪ੍ਰਿਯਤਾ ਅਤੇ ਹੋਰ ਆਗੂਆਂ ਦੇ ਅਲੱਗ-ਅਲੱਗ ਧੜੇ, ਇਹ ਸਭ ਹੀ ਮਿਲ ਕੇ ਕਾਂਗਰਸ ਨੂੰ ਇੱਕਜੁੱਟ ਹੋਣ ਤੋਂ ਰੋਕਦੇ ਹਨ। ਪਰ ਜੇ ਕਾਂਗਰਸ ਆਪਣੀ ਅੰਦਰੂਨੀ ਲੜਾਈ ਨੂੰ ਖਤਮ ਕਰਕੇ ਇਕਜੁੱਟ ਹੋ ਜਾਂਦੀ ਹੈ ਤਾਂ ਇਹ ਆਮ ਆਦਮੀ ਪਾਰਟੀ ਪ੍ਰਤੀ ਲੋਕਾਂ ਦੀ ਨਾਰਾਜ਼ਗੀ ਦਾ ਸਭ ਤੋਂ ਵੱਡਾ ਲਾਭ ਲੈ ਸਕਦੀ ਹੈ।

ਜੇਕਰ ਗੱਲ ਅਕਾਲੀ ਦਲ ਦੀ ਕੀਤੀ ਜਾਵੇ ਤਾਂ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਪਾਰਟੀ ਆਪਣਾ ਪੁਰਾਣਾ ਅਧਾਰ ਵਾਪਸ ਲਿਆਉਣ ਦੀ ਕੋਸ਼ਿਸ਼ ਕਰ ਰਹੀ ਹੈ ਪਰ ਬੇਅਦਬੀ ਮਾਮਲੇ ਅਤੇ ਪਿਛਲੇ ਸ਼ਾਸਨ ਦੀ ਛਾਪ ਅਜੇ ਵੀ ਇਸਦੇ ਨਾਲ ਜੁੜੀ ਹੋਈ ਹੈ, ਇਹੀ ਅਕਾਲੀ ਦਲ ਲਈ ਸਭ ਤੋਂ ਵੱਡੀ ਚੁਣੌਤੀ ਹੈ। ਸ਼੍ਰੋਮਣੀ ਅਕਾਲੀ ਦਲ ਕਦੇ ਪੰਜਾਬ ਦੀ ਰਾਜਨੀਤੀ ਦਾ ਕੇਂਦਰ ਹੁੰਦਾ ਸੀ। ਅਕਾਲੀ ਦਲ ਦੀ ਰਾਜਨੀਤਕ ਵਿਰਾਸਤ ਨੂੰ ਅੱਗੇ ਲੈ ਕੇ ਜਾਣ ਲਈ ਸੁਖਬੀਰ ਸਿੰਘ ਬਾਦਲ ਸਿਰਤੋੜ ਯਤਨ ਕਰ ਰਿਹਾ ਹੈ। ਉਹਨਾਂ ਵੱਲੋਂ ਅਤੀਤ ਤੋਂ ਸਬਕ ਲੈ ਕੇ ਅੱਗੇ ਵਧਣ ਦੀ ਅਪਨਾਈ ਰਣਨੀਤੀ ਆਪਣੀ ਛਾਪ ਛੱਡ ਰਹੀ ਹੈ। ਸ਼੍ਰੋਮਣੀ ਅਕਾਲੀ ਦਲ ਵੱਲੋਂ ਪੰਜਾਬ ਦੇ ਵੱਖ ਵੱਖ ਹਲਕਿਆਂ ਵਿੱਚ ਲਗਾਤਾਰ ਕੀਤੀਆਂ ਜਾ ਰਹੀਆਂ ਰੈਲੀਆਂ ਲੋਕਾਂ ਦਾ ਧਿਆਨ ਖਿੱਚਣ ਵਿੱਚ ਸਫਲ ਹੋ ਰਹੀਆਂ ਹਨ। ਉਹਨਾਂ ਦੀ ਇਹ ਪਹਿਲਕਦਮੀ ਦੂਜੀਆਂ ਸਿਆਸੀ ਧਿਰਾਂ ਲਈ ਵੱਡੀ ਚੁਣੌਤੀ ਬਣਦੀ ਜਾ ਰਹੀ ਹੈ। ਸੋ ਅਕਾਲੀ ਦਲ ਲਈ 2027 ਦੀ ਚੋਣ ਸਿਰਫ਼ ਸੱਤਾ ਪ੍ਰਾਪਤੀ ਹੀ ਨਹੀਂ ਸਗੋਂ ਉਸਦੇ ਸਿਆਸੀ ਕੈਰੀਅਰ ਦੀ ਬਹਾਲੀ ਦਾ ਸਵਾਲ ਵੀ ਹੈ, ਜਿਸ ਲਈ ਪਾਰਟੀ ਜ਼ੋਰ ਸ਼ੋਰ ਨਾਲ ਮੈਦਾਨ ਵਿੱਚ ਨਿੱਤਰੀ ਹੋਈ ਹੈ। ਸ਼੍ਰੋਮਣੀ ਅਕਾਲੀ ਦਲ (ਅ) ਦਾ ਪੰਥਕ ਰਾਜਨੀਤੀ ਵਿੱਚ ਅਧਾਰ ਹੈ, ਪਰ ਇਸ ਦੇ ਬਾਵਜੂਦ ਵੋਟ ਪ੍ਰਤੀਸ਼ਤ ਕਾਫੀ ਘੱਟ ਹੈ। ਦਲ ਖਾਲਸਾ ਨਾਲ ਉਹਨਾਂ ਦਾ ਸਿਧਾਂਤਕ ਗੱਠਜੋੜ ਬਣਿਆ ਹੋਇਆ ਹੈ, ਜੇਕਰ ਅਕਾਲੀ ਦਲ ਵਾਰਸ ਪੰਜਾਬ ਦੇ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਦੋ ਦਸੰਬਰ ਦੇ ਫੈਸਲੇ ਤੋਂ ਬਾਅਦ ਹੋਂਦ ਵਿੱਚ ਆਏ ਅਕਾਲੀ ਦਲ ਪੁਨਰ ਸੁਰਜੀਤ ਨਾਲ ਇਹਨਾਂ ਧਿਰਾਂ ਦਾ ਗੱਠਜੋੜ ਹੋ ਜਾਂਦਾ ਹੈ, ਤਾਂ ਪੰਜਾਬ ਅੰਦਰ ਰਾਜਨੀਤੀ ਦੇ ਸਮੀਕਰਨ ਬਦਲ ਜਾਣਗੇ।

ਭਾਰਤੀ ਜਨਤਾ ਪਾਰਟੀ ਪੰਜਾਬ ਵਿੱਚ ਹਾਲੇ ਪੂਰੀ ਤਰ੍ਹਾਂ ਸਵੀਕਾਰ ਨਹੀਂ ਕੀਤੀ ਗਈ। ਕਿਸਾਨ ਅੰਦੋਲਨ ਤੋਂ ਬਾਅਦ ਇਸਦੇ ਵਿਰੁੱਧ ਨਾਰਾਜ਼ਗੀ ਅਜੇ ਵੀ ਮੌਜੂਦ ਹੈ। ਪਰ ਇਹ ਪਾਰਟੀ ਹੌਲੀ-ਹੌਲੀ ਆਪਣਾ ਆਧਾਰ ਵਧਾ ਰਹੀ ਹੈ। ਖਾਸ ਕਰਕੇ ਸ਼ਹਿਰੀ ਵਰਗਾਂ ਵਿੱਚ ਇਸਨੇ ਆਪਣਾ ਅਧਾਰ ਕਾਫੀ ਵਧਾ ਲਿਆ ਹੈ। 2027 ਵਿੱਚ ਇਹ ਸਿੱਧੀ ਜਿੱਤ ਨਾ ਵੀ ਹਾਸਲ ਕਰੇ, ਪਰ ਅਸਰਦਾਰ ਭੂਮਿਕਾ ਨਿਭਾ ਸਕਦੀ ਹੈ, ਆਪਣੇ ਬਲਬੂਤੇ ਪੰਜਾਬ ਅੰਦਰ ਸਰਕਾਰ ਬਣਾਉਣਾ ਭਾਜਪਾ ਲਈ ਅਜੇ ਮੁਸ਼ਕਲ ਲੱਗਦਾ ਹੈ।

ਇਸੇ ਤਰ੍ਹਾਂ ਬਹੁਜਨ ਸਮਾਜ ਪਾਰਟੀ ਪੰਜਾਬ ਵਿੱਚ ਦਲਿਤ ਵੋਟ ਬੈਂਕ 'ਤੇ ਆਪਣੀ ਪਕੜ ਰੱਖਦੀ ਹੈ, ਪਰ ਇਸ ਦੇ ਬਾਵਜੂਦ ਵੀ ਇਸਦਾ ਪ੍ਰਭਾਵ ਘਟਿਆ ਹੈ, ਇਸ ਦਾ ਕਾਰਨ ਇਹ ਹੈ ਕਿ ਬਸਪਾ ਹਾਈਕਮਾਂਡ ਸਾਹਿਬ ਸ੍ਰੀ ਕਾਂਸ਼ੀ ਰਾਮ ਤੋਂ ਬਾਅਦ ਉਹਨਾਂ ਦੀ ਅਸਲ ਵਿਚਾਰਧਾਰਾ ਤੋਂ ਥਿੜਕ ਚੁੱਕੀ ਹੈ, ਜਿਸ ਕਰਕੇ ਇਹ ਪਾਰਟੀ ਸਿਰਫ ਦਲਿਤ ਸਮਾਜ ਤੱਕ ਹੀ ਸਿਮਟ ਕੇ ਰਹਿ ਗਈ ਹੈ,ਪਰ ਦੋਆਬਾ ਖੇਤਰ ਵਿੱਚ ਇਹ ਅਜੇ ਵੀ ਬਸਪਾ ਨਤੀਜਿਆਂ ਨੂੰ ਪ੍ਰਭਾਵਿਤ ਕਰਨ ਦੀ ਸਮਰੱਥਾ ਰੱਖਦੀ ਹੈ। ਜੇ ਇਹ ਪਾਰਟੀ ਸਹੀ ਰਣਨੀਤੀ ਨਾਲ ਮੈਦਾਨ ਵਿੱਚ ਉਤਰਦੀ ਹੈ ਤਾਂ ਕਈ ਸੀਟਾਂ 'ਤੇ ਖੇਡ ਬਦਲ ਸਕਦੀ ਹੈ। ਅਕਾਲੀ ਦਲ ਵਾਰਸ ਪੰਜਾਬ ਦੇ ਵੀ ਪੰਜਾਬ ਅੰਦਰ ਜ਼ਿਕਰਯੋਗ ਸਥਾਨ ਰੱਖਦੀ ਹੈ। ਸਿੱਖ ਜੁਆਨੀ ਸਮੇਤ ਵੱਡਾ ਹਿੱਸਾ ਭਾਈ ਅੰਮ੍ਰਿਤਪਾਲ ਸਿੰਘ ਦੀ ਪਾਰਟੀ ਅਕਾਲੀ ਦਲ ਵਾਰਸ ਪੰਜਾਬ ਦੇ ਨਾਲ ਜਜ਼ਬਾਤੀ ਤੌਰ 'ਤੇ ਜੁੜਿਆ ਹੋਇਆ ਹੈ। ਪਰ ਸਚਾਈ ਇਹ ਹੈ ਕਿ ਅਜੇ ਤੱਕ ਇਹ ਵੀ ਰਵਾਇਤੀ ਰਾਜਨੀਤੀ ਤੋਂ ਬਾਹਰ ਦੀ ਤਾਕਤ ਹੀ ਜਾਪਦੀ ਹੈ, ਜੋ ਸਿਸਟਮ ਦੇ ਖ਼ਿਲਾਫ਼ ਗੁੱਸੇ ਨੂੰ ਆਵਾਜ਼ ਦਿੰਦੀ ਹੈ। ਹਾਲਾਂਕਿ ਇਹ ਅੱਜ ਦੀ ਤਰੀਕ ਤੱਕ ਭਾਵੇਂ ਸਿੱਧੀ ਸਰਕਾਰ ਬਣਾਉਣ ਦੀ ਸਥਿਤੀ ਵਿੱਚ ਨਹੀਂ ਹੈ,ਪਰ ਇਹ ਵੋਟਾਂ ਦੀ ਦਿਸ਼ਾ ਬਦਲ ਸਕਣ ਦੇ ਸਮਰੱਥ ਹੋ ਸਕਦੀ ਹੈ। ਖਾਸ ਕਰਕੇ ਨੌਜਵਾਨ ਵੋਟਰਾਂ ਵਿੱਚ ਇਹ ਧਿਰ ਆਪਣਾ ਅਧਾਰ ਰੱਖਦੀ ਹੈ। ਅਸਲ ਵਿੱਚ ਇਹ ਸਾਰਾ ਵਰਤਾਰਾ ਅਕਾਲੀ ਰਾਜਨੀਤੀ ਦੀ ਟੁੱਟ ਨੂੰ ਦਰਸਾਉਂਦਾ ਹੈ। ਇਹਨਾਂ ਦਾ ਵੱਡਾ ਅਸਰ ਭਾਵੇਂ ਘੱਟ ਹੋਵੇ, ਪਰ ਇਹ ਵੋਟਾਂ ਦੀ ਵੰਡ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ, ਜੋ ਅਕਾਲੀ ਦਲ ਦੇ ਮੁੱਖ ਧੜੇ ਨੂੰ ਹੋਰ ਕਮਜ਼ੋਰ ਕਰਦਾ ਹੈ। ਜਿਵੇਂ ਉੱਪਰ ਦੱਸਿਆ ਗਿਆ ਹੈ ਕਿ ਜੇਕਰ ਅਕਾਲੀ ਦਲ ਦੀਆਂ ਵੱਖ ਵੱਖ ਧਿਰਾਂ ਚੋਣ ਗੱਠਜੋੜ ਕਰਨ ਵਿੱਚ ਸਫਲ ਹੋ ਜਾਂਦੀਆਂ ਹਨ,ਤਾਂ ਇਹ 2027 ਦੀ ਵਿਧਾਨ ਸਭਾ ਚੋਣ ਦੇ ਨਤੀਜਿਆਂ ਨੂੰ ਬਦਲ ਵੀ ਸਕਦੇ ਹਨ। ਸੋ ਮੌਜੂਦਾ ਹਾਲਾਤਾਂ ਦੇ ਮੱਦੇਨਜ਼ਰ ਇਹ ਕਹਿਣਾ ਗਲਤ ਨਹੀਂ ਹੋਵੇਗਾ ਕਿ ਪੰਜਾਬ ਵਿੱਚ 2027 ਦੀ ਚੋਣ ਵਿੱਚ ਕਿਸੇ ਦੋ ਪਾਰਟੀਆਂ ਵਿੱਚ ਸਿੱਧੀ ਟੱਕਰ ਹੁੰਦੀ ਦਿਖਾਈ ਨਹੀਂ ਦਿੰਦੀ, ਬਲਕਿ ਅੱਜ ਦੀ ਘੜੀ ਇੱਥੇ ਬਹੁ-ਕੋਨਾ ਮੁਕਾਬਲਾ ਹੋਣ ਦੇ ਆਸਾਰ ਬਣੇ ਹੋਏ ਹਨ। ਆਉਣ ਵਾਲੇ ਦਿਨਾਂ ਵਿੱਚ ਪੰਜਾਬ ਦੀ ਰਾਜਨੀਤੀ ਵਿੱਚ ਕਿਹੋ ਜਿਹੇ ਫੇਰਬਦਲ ਹੁੰਦੇ ਹਨ,ਇਸਦੇ ਬਾਰੇ ਕਹਿਣਾ ਅਜੇ ਵਾਜਬ ਨਹੀਂ ਹੋਵੇਗਾ।

ਕਮਲਜੀਤ ਸਿੰਘ ਬਨਵੈਤ
98147 34035



# ਸ਼ਿਵਾਲਿਕ ਦੀਆਂ ਪਹਾੜੀਆਂ ਦੇ ਪੈਰਾਂ 'ਚ ਪਿਆ ਪੈਸਾ

- ☛ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ਿਵਾਲਿਕ ਦੀਆਂ ਪਹਾੜੀਆਂ ਦੇ ਪੈਰਾਂ 'ਚੋਂ ਪੈਸਾ ਕੱਢ ਕੇ ਪੰਜਾਬ ਦਾ ਖ਼ਾਲੀ ਖਜ਼ਾਨਾ ਭਰਨ ਦਾ ਕੀਤਾ ਸੀ ਐਲਾਨ
- ☛ ਨਿਊ ਚੰਡੀਗੜ੍ਹ ਵਿੱਚ ਗ਼ੈਰ ਕਾਨੂੰਨੀ ਉਸਾਰੀਆਂ ਵਿਰੁੱਧ ਗਮਾਡਾ ਦੀ ਵੱਡੀ ਕਾਰਵਾਈ ਸ਼ੁਰੂ
- ☛ ਗਮਾਡਾ ਦੀ ਸ਼ਿਕਾਇਤ 'ਤੇ ਪੁਲਿਸ ਨੇ 36 ਫ਼ਾਰਮ ਹਾਊਸ ਮਾਲਕਾਂ ਖ਼ਿਲਾਫ਼ ਕੀਤਾ ਪਰਚਾ ਦਰਜ
- ☛ ਨਿਊ ਚੰਡੀਗੜ੍ਹ ਤੇ ਆਸ ਪਾਸ ਗੈਰ ਕਾਨੂੰਨੀ ਉਸਾਰੀਆਂ ਵਿੱਚ ਸ਼ਾਮਿਲ ਲੋਕਾਂ ਦੀ ਉਡੀ ਨੀਂਦ

ਭਗਵੰਤ ਸਿੰਘ ਮਾਨ ਨੇ ਮੁੱਖ ਮੰਤਰੀ ਬਣਦਿਆਂ ਹੀ ਸਭ ਤੋਂ ਪਹਿਲਾਂ ਭ੍ਰਿਸ਼ਟਾਚਾਰ ਮੁਕਤ ਕਰਨ ਦਾ ਪ੍ਰਣ ਲਿਆ ਸੀ। ਉਸ ਤੋਂ ਬਾਅਦ ਉਹਨਾਂ ਨੇ ਭ੍ਰਿਸ਼ਟਾਚਾਰੀਆਂ ਨੂੰ ਹੱਥ ਪਾਇਆ ਅਤੇ ਕਈਆਂ ਨੂੰ ਜੇਲ੍ਹ ਦੀਆਂ ਸਲਾਖਾਂ ਪਿੱਛੇ ਡੱਕਿਆ। ਕਈ ਬੱਚ ਗਏ ਅਦਾਲਤਾਂ ਦਾ ਸਹਾਰਾ ਲੈ ਕੇ ਅਤੇ ਹੋਰਾਂ ਨੇ ਦਿੱਲੀ ਦਰਬਾਰ ਨਾਲ ਪਿੱਠ ਜੋੜ ਲਈ। ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਕਾਂ ਮਾਰ ਕੇ ਟੰਗਣ ਦਾ ਦਾਅਵਾ ਕਰਦੇ ਰਹਿ ਗਏ ਪਰ ਭਗਵੰਤ ਸਿੰਘ ਮਾਨ ਨੇ ਗੁਲੇਲ ਹਾਲੇ ਵੀ ਹੱਥ ਵਿੱਚ ਫੜੀ ਹੋਈ ਹੈ।

ਮੁੱਖ ਮੰਤਰੀ ਮਾਨ ਨੇ ਕੁਝ ਸਮਾਂ ਪਹਿਲਾਂ ਸ਼ਿਵਾਲਿਕ ਦੀਆਂ ਪਹਾੜੀਆਂ ਵਿੱਚ ਲੁਕਿਆ ਪੈਸਾ ਕਢਾਉਣ ਦਾ ਐਲਾਨ ਕੀਤਾ ਸੀ। ਉਨ੍ਹਾਂ ਨੇ ਸ਼ਿਵਾਲਿਕ ਦੀਆਂ ਪਹਾੜੀਆਂ ਦੇ ਪੈਰਾਂ ਹੇਠ ਨੱਪੀ ਗ਼ੈਰ ਕਾਨੂੰਨੀ ਤੌਰ 'ਤੇ ਜ਼ਮੀਨ ਉੱਤੇ ਬੁਲਡੋਜ਼ਰ ਵੀ ਚਲਾਇਆ। ਉਸ ਵੇਲੇ ਦੇ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਆਪ ਬਰਾਬਰ ਖੜ੍ਹਦੇ ਰਹੇ। ਮਾਨ ਨੇ ਜਦੋਂ ਸ਼ਿਵਾਲਿਕ ਦੀਆਂ ਪਹਾੜੀਆਂ ਦੇ ਪੈਰਾਂ ਹੇਠ ਦੱਬਿਆ ਪੈਸਾ ਕੱਢਣ ਦਾ ਦਾ ਹੋਕਾ ਦਿੱਤਾ ਸੀ ਤਾਂ ਬਹੁਤਿਆਂ ਦਾ ਧਿਆਨ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੇ ਮਹਿਲਨੁਮਾ ਬਣੇ ਫ਼ਾਰਮ ਹਾਊਸ ਵੱਲ ਗਿਆ ਸੀ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਸੁੱਖ ਬਿਲਾਸ ਹੋਟਲ ਵੱਲ ਵੀ ਕਈਆਂ ਨੇ ਨਜ਼ਰ ਦੁੜਾਈ। ਮੁੱਖ ਮੰਤਰੀ ਮਾਨ ਦਾ ਬੁਲਡੋਜ਼ਰ ਨਾ ਫ਼ਾਰਮ ਹਾਊਸ ਵੱਲ ਨੂੰ ਗਿਆ ਅਤੇ ਨਾ ਹੀ ਹੋਟਲ ਵੱਲ ਨੂੰ ਮੂੰਹ ਮੁੜਿਆ। ਇਸ ਤੋਂ ਪਹਿਲਾਂ ਪੰਜਾਬ ਪ੍ਰਦੇਸ਼ ਕਾਂਗਰਸ ਦੇ ਸਾਬਕਾ ਪ੍ਰਧਾਨ ਨਵਜੋਤ ਸਿੰਘ ਸਿੱਧੂ ਵੀ ਸੁਖਬੀਰ ਬਾਦਲ ਦੇ ਸੁਖ ਬਿਲਾਸ ਵੱਲ ਨੂੰ ਹੱਥ ਕਰਦਿਆਂ ਇੱਥੇ ਸਕੂਲ ਜਾਂ ਹਸਪਤਾਲ ਖੋਲ੍ਹਣ ਦੀ ਬੜਕ ਮਾਰਦੇ ਰਹੇ ਹਨ। ਬਾਦਲ ਪਰਿਵਾਰ ਉੱਤੇ ਬਿਜਨਸ ਚਮਕਾਉਣ ਲਈ ਕਾਲਾ ਚਿੱਟਾ ਨਾ ਦੇਖਣ ਦੇ ਲੱਖ ਦੋਸ਼ ਲੱਗਦੇ ਰਹੇ ਹੋਣ ਪਰ ਉਹਨਾਂ ਨੇ ਜੋ ਕੁਝ ਵੀ ਕੀਤਾ ਪੱਕੇ ਪੈਰੀ ਕੀਤਾ। ਅਕਾਲੀ ਭਾਜਪਾ ਸਰਕਾਰ ਨੂੰ ਆਪਣੀ ਮਰਜ਼ੀ ਅਨੁਸਾਰ ਰੱਜ ਕੇ ਵਰਤਿਆ। ਬਾਦਲਕਿਆਂ ਦੀ ਇਹੋ ਸਿਫ਼ਤ ਕਹੀਏ ਕਿ ਮੁੱਖ ਮੰਤਰੀ ਮਾਨ ਦੀਆਂ ਦਿਲ ਦੀਆਂ ਦਿਲ ਵਿੱਚ ਰਹਿ ਗਈਆਂ। ਮੁੱਖ ਮੰਤਰੀ ਮਾਨ ਦਾ ਅੱਜ ਅਮੀਰਾਂ ਦੀਆਂ ਜੇਬਾਂ ਵਿੱਚੋਂ ਪੈਸਾ ਕਢਾਅ ਕੇ ਆਮ ਲੋਕਾਂ ਨੂੰ ਵੰਡਣ ਦੇ ਬਿਆਨ ਮਿੱਠੀਆਂ ਮਿਰਚਾਂ ਵੇਚੇ ਜਾਣ ਜਿਹੇ ਲੱਗਦੇ ਹਨ। ਐਂ ਤਾਂ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਨੇ ਵੀ ਸ਼ਰਾਬ ਨੀਤੀ ਅਤੇ ਰੇਤ ਮਾਫ਼ੀਆ ਤੋਂ ਕਈ ਹਜ਼ਾਰ ਕਰੋੜ ਕਢਵਾ ਕੇ ਖਜ਼ਾਨਾ ਭਰਨ ਦਾ ਦਾਅਵਾ ਕੀਤਾ ਸੀ। ਸਾਲ 2022 ਦੇ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਅਰਵਿੰਦ ਕੇਜਰੀਵਾਲ ਤਾਂ ਇਹ ਵੀ ਭਰੋਸਾ ਦਿੰਦੇ ਸਨ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਦੋਸ਼ੀਆਂ ਨੂੰ 24 ਘੰਟਿਆਂ ਦੇ ਅੰਦਰ ਅੰਦਰ ਜੇਲ੍ਹਾਂ ਪਿੱਛੇ ਡੱਕ ਦਿਆਂਗੇ। ਹੁਣ ਇਹ ਭਰੋਸੇ ਲੋਕਾਂ ਨੂੰ ਲਾਰਾ ਲੱਗਣ ਲੱਗੇ ਹਨ ਕਈ ਤਾਂ ਆਪਣੇ ਆਪ ਨੂੰ ਠੱਗਿਆ ਮਹਿਸੂਸ ਵੀ ਕਰਨ ਲੱਗੇ ਹਨ। ਆਮ ਆਦਮੀ ਪਾਰਟੀ ਕੋਈ ਪਹਿਲੀ ਸਿਆਸੀ ਪਾਰਟੀ ਨਹੀਂ ਹੈ ਜਿਹਦੇ ਭਰੋਸੇ ਲਾਰੇ ਵਿੱਚ ਬਦਲੇ ਹੋਣ । ਕਾਂਗਰਸ, ਅਕਾਲੀ ਅਤੇ ਭਾਜਪਾਈ ਵੀ ਲਾਰਿਆਂ ਦੇ ਸਹਾਰੇ ਸਿਆਸੀ ਰੋਟੀਆਂ ਸੇਕਦੇ ਰਹੇ ਹਨ। ਬਿਨਾਂ ਸ਼ੱਕ ਮੁੱਖ ਮੰਤਰੀ ਮਾਨ ਕਿਤੇ ਰਸਤੇ ਵਿੱਚ ਉਕ ਵੀ ਗਏ ਹੋਣਗੇ ਅਤੇ ਭਟਕ ਵੀ ਗਏ ਹੋਣਗੇ ਪਰ ਜਿਹੜਾ ਸਵੇਰ ਦਾ ਭੁੱਲਿਆ ਸ਼ਾਮ ਨੂੰ ਘਰ ਆ ਜਾਵੇ ਉਹਨੂੰ ਭੁੱਲਿਆ ਨਹੀਂ ਕਹੀਦਾ।

ਹੁਣ ਜਦੋਂ ਵੋਟਾਂ ਵਿੱਚ ਇੱਕ ਸਾਲ ਤੋਂ ਘੱਟ ਸਮਾਂ ਰਹਿ ਗਿਆ ਹੈ ਤਾਂ ਪੰਜਾਬ ਸਰਕਾਰ ਮੁੜ ਰਫ਼ਤਾਰ ਫੜ੍ਹਨ ਲੱਗੀ ਹੈ। ਵੋਟਾਂ ਬਟੋਰਨ ਦੀ ਚਾਲ ਕਹੀਏ ਜਾਂ ਸੱਚਮੁੱਚ ਦਿਆਨਤਦਾਰੀ ਪਰ ਰਾਜਸਥਾਨ ਤੋਂ ਪਾਣੀ ਦੀ ਰਿਆਲਿਟੀ ਲੈਣ ਦਾ ਉੱਦਮ ਪੰਜਾਬੀਆਂ ਦੇ ਹੱਕ ਵਿੱਚ ਭੁਗਤਣ ਵਾਲਾ ਹੈ। ਇਸੇ ਤਰ੍ਹਾਂ ਨਿਊ ਚੰਡੀਗੜ੍ਹ ਖੇਤਰ ਵਿੱਚ ਗੈਰ ਕਾਨੂੰਨੀ ਉਸਾਰੀਆਂ ਵਿਰੁੱਧ ਕਾਰਵਾਈ ਕਰਨਾ ਵੀ ਇਸੇ ਪਾਸੇ ਵੱਲ ਇਕ ਕਦਮ ਹੈ। ਗਰੇਟਰ ਮੋਹਾਲੀ ਏਰੀਆ ਡਿਵੈਲਪਮੈਂਟ ਅਥਾਰਟੀ ਦੀ ਸ਼ਿਕਾਇਤ ਦੇ ਅਧਾਰ 'ਤੇ ਪੁਲਿਸ ਨੇ 36 ਫਾਰਮ ਹਾਊਸਾਂ ਦੇ ਮਾਲਕਾਂ ਵਿਰੁੱਧ ਕੇਸ ਦਰਜ ਕੀਤੇ ਹਨ। ਇਹ ਕਾਰਵਾਈ ਵੱਖ ਵੱਖ ਥਾਣਿਆਂ ਵਿੱਚ ਕੀਤੀ ਗਈ ਹੈ, ਜਿਸ ਕਾਰਨ ਫਾਰਮ ਹਾਊਸ ਮਾਲਕਾਂ ਵਿੱਚ ਸਹਿਮ ਦਾ ਮਾਹੌਲ ਹੈ। ਹੋਰ ਵੀ ਕਈਆਂ ਦੀ ਰਾਤ ਦੀ ਨੀਂਦ ਖ਼ਰਾਬ ਹੋ ਗਈ ਹੈ।

ਪਤਾ ਲੱਗਾ ਹੈ ਕਿ ਨਵਾਂ ਗਾਂਵ ਪੁਲਿਸ ਸਟੇਸ਼ਨ ਨੇ ਪੰਜਾਬ ਕੈਪੀਟਲ ਡਿਵੈਲਪਮੈਂਟ ਐਂਡ ਰੈਗੂਲੇਸ਼ਨ ਐਕਟ 1952 ਦੀ ਧਾਰਾ 12 ਦੇ ਤਹਿਤ 18 ਫਾਰਮ ਹਾਊਸ ਮਾਲਕਾਂ ਵਿਰੁੱਧ ਕੇਸ ਦਰਜ ਕੀਤੇ ਹਨ, ਇਹਨਾਂ ਉੱਤੇ ਬਿਨਾਂ ਇਜਾਜ਼ਤ ਦੇ ਗੈਰ ਕਾਨੂੰਨੀ ਉਸਾਰੀ ਕਰਨ ਦਾ ਦੋਸ਼ ਹੈ।

ਗਮਾਡਾ ਦੇ ਮੁੱਖ ਪ੍ਰਸ਼ਾਸਨ ਵੱਲੋਂ ਪੁਲਿਸ ਕੋਲ ਦਰਜ ਸ਼ਿਕਾਇਤ ਵਿੱਚ ਕਿਹਾ ਗਿਆ ਹੈ ਕਿ ਸਮਰੱਥ ਅਧਿਕਾਰੀ ਦੀ ਇਜਾਜ਼ਤ ਤੋਂ ਬਿਨਾਂ ਕਿਸੇ ਵੀ ਤਰ੍ਹਾਂ ਦੀ ਉਸਾਰੀ ਕਾਨੂੰਨੀ ਅਪਰਾਧ ਹੈ, ਇਸ ਦੇ ਬਾਵਜੂਦ ਫਾਰਮ ਹਾਊਸ ਮਾਲਕਾਂ ਨੇ ਨਿਯਮਾਂ ਦੀ ਅਣਦੇਖੀ ਕੀਤੀ ਅਤੇ ਗੈਰ ਕਾਨੂੰਨੀ ਉਸਾਰੀ ਕੀਤੀ ਹੈ। ਪੁਲਿਸ ਦਾ ਕਹਿਣਾ ਹੈ ਕਿ ਜਾਂਚ ਪੂਰੀ ਹੋਣ ਤੋਂ ਬਾਅਦ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇਗੀ।

ਗਮਾਡਾ ਦਾ ਫ਼ੈਸਲਾ ਸਹੀ ਮੰਨਿਆ ਜਾਣਾ ਬਣਦਾ ਹੈ। ਸਵਾਲ ਇਹ ਪੈਦਾ ਹੁੰਦਾ ਹੈ ਕਿ ਜਦੋਂ ਪੰਜਾਬ ਸਿਵਲ ਸਕੱਤਰ ਦੀ ਇੱਕ ਵੱਖੀ ਵਿੱਚ ਇਹ ਉਸਾਰੀਆਂ ਹੋ ਰਹੀਆਂ ਸਨ ਤਾਂ ਗਮਾਡਾ ਦੇ ਅਧਿਕਾਰੀ ਦਫਤਰਾਂ ਵਿੱਚ ਬੈਠ ਕੇ ਏਸੀ ਦੀਆਂ ਠੰਡੀਆਂ ਹਵਾਵਾਂ ਮੂਹਰੇ ਊਂਘ ਰਹੇ ਹੋਣਗੇ। ਹੁਣ ਵੀ ਪੰਜਾਬ ਸਰਕਾਰ ਦੇ ਡੰਡੇ ਤੋਂ ਬਾਅਦ ਹੀ ਗਮਾਡਾ ਇਸ ਪਾਸੇ ਵੱਲ ਨੂੰ ਤੁਰਿਆ ਲੱਗਦਾ ਹੈ। ਕਈ ਸਾਰੇ ਸਰਕਾਰੀ ਵਿਭਾਗ ਗ਼ਲਤ ਕੰਮਾਂ ਨੂੰ ਦੇਖ ਕੇ ਅੱਖਾਂ ਮੀਚ ਲੈਂਦੇ ਹਨ, ਇਸ ਉਮੀਦ ਨਾਲ ਕਿ ਪ੍ਰੋਜੈਕਟ ਪੂਰਾ ਹੋਣ 'ਤੇ ਵੱਧ ਕਮਾਈ ਹੋਵੇਗੀ। ਚੰਡੀਗੜ੍ਹ ਤੇ ਮੋਹਾਲੀ ਦੇ ਆਸ ਪਾਸ ਖੇਤਾਂ ਵਿੱਚ ਉੱਗ ਰਹੀਆਂ ਕਈ ਕਈ ਮੰਜ਼ਲੀਆਂ ਇਮਾਰਤਾਂ ਕਿਹੜੀ ਸਰਕਾਰ ਜਾਂ ਕਿਹੜੇ ਅਧਿਕਾਰੀਆਂ ਤੋਂ ਲੁਕੀਆਂ ਹੋਈਆਂ ਹਨ। ਸਰਕਾਰਾਂ ਸੱਚ ਮੁੱਚ ਅਣਜਾਣ ਹਨ, ਬਿਲਡਰਾਂ ਖ਼ਿਲਾਫ਼ ਅਦਾਲਤਾਂ 'ਚ ਜਾ ਰਹੀਆਂ ਧੜਾਧੜ ਸ਼ਿਕਾਇਤਾਂ ਤੋਂ ਬੜਾ ਕੁਝ ਹੋਰ ਵੀ ਵਾਪਰ ਜਾਂਦਾ ਹੈ, ਜਦੋਂ ਸਰਕਾਰਾਂ ਦੇ ਹੱਥ ਬੰਨੇ ਹੋਏ ਹੁੰਦੇ ਹਨ। ਕਈ ਸਿਆਸੀ ਪਾਰਟੀਆਂ ਦਾ ਚੰਦਾ ਦੇ ਕੇ ਪਹਿਲਾਂ ਹੀ ਮੂੰਹ ਬੰਦ ਕਰਾ ਜਾਂਦੇ ਹਨ। ਜਦ ਕਿ ਕਈਆਂ ਵਿੱਚ ਸਿਆਸੀ ਲੀਡਰਾਂ ਜਾਂ ਵੱਡੇ ਅਫਸਰਾਂ ਦਾ ਹਿੱਸਾ ਪੱਤੀ ਹੁੰਦਾ ਹੈ। ਦੋਹਾਂ ਨੇ ਕਾਲਾ ਧੰਨ ਲੁਕਾਉਣ ਦਾ ਵਧੀਆ ਢੰਗ ਲੱਭ ਲਿਆ ਹੈ। ਪੈਸੇ ਨਾਲ ਪੈਸਾ ਵੀ ਜੁੜਦਾ ਹੈ। ਨਾਲੇ ਪੁੰਨ ਨਾਲੇ ਫਲੀਆਂ। ਪੰਜਾਬ ਸਰਕਾਰ ਦੀ ਭ੍ਰਿਸ਼ਟਾਚਾਰ ਖਿਲਾਫ ਮੁਹਿੰਮ ਨੂੰ ਨਵੇਂ ਸਿਰੇ ਤੋਂ ਤੇਜ਼ ਰਫ਼ਤਾਰ ਤੋਰਨ ਦੀ ਲੋੜ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜਿਵੇਂ ਆਪਣੇ ਬਾਰੇ ਇਕ ਰੁਪਏ ਦਾ ਵੀ ਰਵਾਦਾਰ ਹੋਣ ਦੀ ਸਹੁੰ ਖਾਂਦੇ ਹਨ, ਇਸੇ ਰਾਹੇ ਦੂਜੇ ਮੰਤਰੀਆਂ ਤੇ ਵਿਧਾਇਕਾਂ ਨੂੰ ਵੀ ਤੋਰਨਾ ਪਵੇਗਾ। ਨਹੀਂ ਤਾਂ ਲੋਕ ਬਖਸ਼ਣ ਵਾਲੇ ਨਹੀਂ ਹਨ।

# ਈਦ-ਉਲ-ਫਿਤਰ ਦਾ ਤਿਉਹਾਰ ਅੱਜ ਮਨਾਇਆ ਜਾਵੇਗਾ

ਕਾਦੀਆਂ, 19 ਮਾਰਚ (ਤਾਰੀ/ਸੰਧੂ): ਮੁਸਲਿਮ ਜਮਾਤ ਅਹਿਮਦੀਆ ਦੇ ਬੁਲਾਰੇ ਕੇ ਤਾਰਿਕ ਅਹਿਮਦ ਨੇ ਕਿਹਾ ਕਿ ਈਦ-ਉਲ-ਫਿਤਰ ਦਾ ਚੰਦ ਨਜ਼ਰ ਆਉਣ 'ਤੇ ਈਦ-ਉਲ-ਫਿਤਰ ਸ਼ੁੱਕਰਵਾਰ ਨੂੰ ਮਨਾਈ ਜਾਵੇਗੀ। ਈਦ ਦੀ ਨਮਾਜ਼ ਮਸਜਿਦਾਂ ਵਿੱਚ ਸਵੇਰੇ 8:30 ਵਜੇ ਅਦਾ ਕੀਤੀ ਜਾਵੇਗੀ। ਮਹਿਲਾਵਾਂ ਲਈ ਵੀ ਨਮਾਜ਼ ਈਦ ਅਦਾ ਕਰਨ ਲਈ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਹੈ।



ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਦੇ ਹੋਏ ਲੋਕ ਨਿਰਧਾਰਿਤ ਸਥਾਨ 'ਤੇ ਆਪਣੇ ਵਾਹਨ ਪਾਰਕ ਕਰਨ ਈਦ ਦੀ ਨਮਾਜ਼ ਤੇ ਖੁਤਬਾ ਈਦ ਵਿੱਚ ਸ਼ਾਮਲ ਹੋਣ ਤੋਂ ਬਾਅਦ ਘਰਾਂ ਨੂੰ ਵਾਪਸ ਜਾਂਦੇ ਹੋਏ ਮਹਿਮਾਨਾਂ ਦੇ ਲਈ ਵਿਸ਼ੇਸ਼ ਦਾਵਤ ਲੰਗਰਖਾਨਾ ਹਜ਼ਰਤ ਮਸੀਹੇ ਮਾਊਦ ਅਲੈ ਸਲਾਮ ਵਿਖੇ ਪ੍ਰਬੰਧ ਕੀਤਾ ਗਿਆ ਹੈ। ਈਦ ਨੂੰ ਲੈ ਕੇ ਕੀਤੀ ਗਈਆਂ ਗਾਈਡ ਲਾਈਨਾਂ ਦੀ ਪਾਲਣਾ ਕਰਨ ਸੁਰੱਖਿਆ ਤੇ ਸਫਾਈ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ।

## ਭਾਰਤ ਸਮੇਤ ਕਈ ਦੇਸ਼ਾਂ ਲਈ ਰਾਹਤ ਦੀ ਖ਼ਬਰ

# ਈਰਾਨ ਨਾਲ ਜੰਗ ਦੇ ਬਾਵਜੂਦ ਹੋਰਮੁਜ਼ ਜਲਡਮਰੂ ਤੋਂ 90 ਜਹਾਜ਼ਾਂ ਨੇ ਭਰੀ ਉਡਾਣ

ਦੁਬਈ/ਵਾਸ਼ਿੰਗਟਨ, 19 ਮਾਰਚ (ਚ.ਨ.ਸ): ਈਰਾਨ ਤੇ ਇਜ਼ਰਾਈਲ-ਅਮਰੀਕਾ ਵਿਚਾਲੇ ਚੱਲ ਰਹੀ ਭਿਆਨਕ



ਜੰਗ ਦੇ ਦਰਮਿਆਨ ਦੁਨੀਆਂ ਦੇ ਸਭ ਤੋਂ ਮਹੱਤਵਪੂਰਨ ਸਮੁੰਦਰੀ ਰਸਤੇ 'ਹੋਰਮੁਜ਼ ਜਲਡਮਰੂ' ਤੋਂ ਇੱਕ ਵੱਡੀ ਖ਼ਬਰ ਸਾਹਮਣੇ ਆਈ ਹੈ। ਸਮੁੰਦਰੀ ਆਵਾਜਾਈ 'ਤੇ ਨਜ਼ਰ ਰੱਖਣ ਵਾਲੀਆਂ ਕੌਮਾਂਤਰੀ ਸੰਸਥਾਵਾਂ ਦੀ ਤਾਜ਼ਾ ਰਿਪੋਰਟ ਅਨੁਸਾਰ ਇਸ ਖੇਤਰ ਵਿੱਚ ਤਣਾਅ ਤੇ ਹਮਲਿਆਂ ਦੇ ਖ਼ਤਰੇ ਦੇ ਬਾਵਜੂਦ ਹੁਣ ਤੱਕ ਲਗਭਗ 90 ਵਪਾਰਕ ਜਹਾਜ਼ਾਂ ਨੇ ਇਸ ਰਸਤੇ ਨੂੰ ਸਫਲਤਾਪੂਰਵਕ ਪਾਰ ਕਰ ਲਿਆ ਹੈ। ਇਹ ਵਿਕਾਸ ਅਜਿਹੇ ਸਮੇਂ ਹੋਇਆ ਹੈ ਜਦੋਂ ਪੂਰੀ ਦੁਨੀਆਂ ਨੂੰ ਖ਼ਦਸ਼ਾ ਸੀ ਕਿ ਜੰਗ ਕਾਰਨ ਇਹ ਰਸਤਾ ਪੂਰੀ ਤਰ੍ਹਾਂ ਬੰਦ ਹੋ ਜਾਵੇਗਾ, ਜਿਸ ਨਾਲ ਸੰਸਾਰ ਭਰ ਵਿੱਚ ਤੇਲ ਦੀਆਂ ਕੀਮਤਾਂ ਨੂੰ ਅੱਗ ਲੱਗ ਸਕਦੀ ਸੀ। ਮਾਰੀਟਾਈਮ ਡਾਟਾ ਪਲੇਟਫਾਰਮ ਲੌਇਡਜ਼ ਲਿਸਟ ਇੰਟੈਲੀਜੈਂਸ ਦੁਆਰਾ ਜਾਰੀ ਅੰਕੜਿਆਂ ਮੁਤਾਬਿਕ, 1 ਮਾਰਚ ਤੋਂ 15 ਮਾਰਚ ਦੇ ਦਰਮਿਆਨ ਘੱਟੋ-ਘੱਟ 89 ਤੋਂ 90 ਜਹਾਜ਼ ਇਸ ਜਲਡਮਰੂ ਰਾਹੀਂ ਲੰਘੇ ਹਨ, ਜਿਨ੍ਹਾਂ ਵਿੱਚ 16 ਵੱਡੇ ਤੇਲ ਟੈਂਕਰ ਵੀ ਸ਼ਾਮਲ ਹਨ। ਹਾਲਾਂਕਿ ਜੰਗ ਤੋਂ ਪਹਿਲਾਂ ਇੱਥੋਂ ਰੋਜ਼ਾਨਾ 100 ਤੋਂ 135 ਜਹਾਜ਼ ਲੰਘਦੇ ਸਨ, ਪਰ ਮੌਜੂਦਾ ਹਾਲਾਤਾਂ ਵਿੱਚ 90 ਜਹਾਜ਼ਾਂ ਦਾ ਲੰਘਣਾ ਵੀ ਇੱਕ ਵੱਡੀ ਕਾਮਯਾਬੀ ਮੰਨਿਆ ਜਾ ਰਿਹਾ ਹੈ। ਰਿਪੋਰਟ ਵਿੱਚ ਦੱਸਿਆ ਗਿਆ ਹੈ ਕਿ ਇਨ੍ਹਾਂ ਵਿੱਚੋਂ ਕਈ ਜਹਾਜ਼ ਡਾਰਕ ਟ੍ਰਾਂਜ਼ਿਟਰਾਹੀਂ ਲੰਘੇ ਹਨ, ਭਾਵ ਉਨ੍ਹਾਂ ਨੇ ਆਪਣੀ ਲੋਕੇਸ਼ਨ ਦੱਸਣ ਵਾਲੇ ਸਿਸਟਮ ਬੰਦ ਰੱਖੇ ਹੋਏ ਸਨ ਤਾਂ ਜੋ ਪੱਛਮੀ ਦੇਸ਼ਾਂ ਦੀਆਂ ਪਾਬੰਦੀਆਂ ਤੇ ਹਮਲਿਆਂ ਤੋਂ ਬਚਿਆ ਜਾ ਸਕੇ। ਭਾਰਤ ਲਈ ਇਹ ਖ਼ਬਰ ਬੇਹੱਦ ਅਹਿਮ ਹੈ ਕਿਉਂਕਿ ਭਾਰਤ ਦੀਆਂ ਦੋ ਪ੍ਰਮੁੱਖ ਸਰਕਾਰੀ ਕੰਪਨੀਆਂ ਦੇ ਜਹਾਜ਼ ਸ਼ਿਵਾਲਿਕ ਤੇ ਨੰਦਾ ਦੇਵੀ, ਜੋ ਕਿ ਰਸੋਈ ਗੈਸ ਲੈ ਕੇ ਆ ਰਹੇ ਸਨ, ਵੀ ਇਸੇ ਖ਼ਤਰਨਾਕ ਰਸਤੇ ਤੋਂ ਸਹੀ-ਸਲਾਮਤ ਨਿਕਲਣ ਵਿੱਚ ਕਾਮਯਾਬ ਰਹੇ ਹਨ। ਦੱਸਿਆ ਜਾ ਰਿਹਾ ਹੈ ਕਿ ਭਾਰਤ ਤੇ ਪਾਕਿਸਤਾਨ ਵਰਗੇ ਦੇਸ਼ਾਂ ਨੇ ਈਰਾਨੀ ਸਰਕਾਰ ਨਾਲ ਉਚ ਪੱਧਰੀ ਡਿਪਲੋਮੈਟਿਕ ਗੱਲਬਾਤ ਕੀਤੀ ਸੀ, ਜਿਸ ਤੋਂ ਬਾਅਦ ਇਨ੍ਹਾਂ ਜਹਾਜ਼ਾਂ ਨੂੰ ਲੰਘਣ ਦੀ ਇਜਾਜ਼ਤ ਮਿਲੀ।

## 'ਅਮਰੀਕੀ ਖ਼ੁਫ਼ੀਆ ਮੁਖੀ ਤੁਲਸੀ ਗਾਬਾਰਡ ਵੱਲੋਂ ਗੰਭੀਰ ਚੇਤਾਵਨੀ'

# ਰੂਸ, ਚੀਨ ਤੇ ਪਾਕਿਸਤਾਨ ਦੀਆਂ ਮਿਜ਼ਾਈਲਾਂ ਅਮਰੀਕਾ ਲਈ ਵੱਡਾ ਖ਼ਤਰਾ

ਵਾਸ਼ਿੰਗਟਨ/ਨਿਊਯਾਰਕ, 19 ਮਾਰਚ (ਚ.ਨ.ਸ): ਅਮਰੀਕਾ ਦੀ ਨੈਸ਼ਨਲ ਇੰਟੈਲੀਜੈਂਸ ਦੀ ਡਾਇਰੈਕਟਰ ਤੁਲਸੀ ਗਾਬਾਰਡ ਨੇ ਵਿਸ਼ਵ ਪੱਧਰ 'ਤੇ ਵੱਧ ਰਹੇ ਸੁਰੱਖਿਆ ਖ਼ਤਰਿਆਂ ਬਾਰੇ ਇੱਕ ਬੇਹੱਦ ਚਿੰਤਾਜਨਕ ਰਿਪੋਰਟ ਪੇਸ਼ ਕੀਤੀ ਹੈ। ਅਮਰੀਕੀ ਸੈਨੇਟ ਦੀ ਇੰਟੈਲੀਜੈਂਸ ਕਮੇਟੀ ਦੇ ਸਾਹਮਣੇ ਪੇਸ਼ ਹੁੰਦਿਆਂ ਉਨ੍ਹਾਂ ਕਿਹਾ ਕਿ ਰੂਸ, ਚੀਨ, ਉੱਤਰੀ ਕੋਰੀਆ ਤੇ ਪਾਕਿਸਤਾਨ ਵਰਗੇ ਦੇਸ਼ ਤੇਜ਼ੀ ਨਾਲ ਅਜਿਹੀਆਂ ਉਨਤ ਮਿਜ਼ਾਈਲ ਪ੍ਰਣਾਲੀਆਂ ਵਿਕਸਿਤ ਕਰ ਰਹੇ ਹਨ, ਜੋ ਸਿੱਧੇ ਤੌਰ 'ਤੇ ਅਮਰੀਕੀ ਮੂਲ ਨਿਵਾਸ (ਹੋਮਲੈਂਡ) ਨੂੰ ਨਿਸ਼ਾਨਾ ਬਣਾਉਣ ਦੇ ਸਮਰੱਥ ਹਨ। ਗਾਬਾਰਡ ਨੇ ਚੇਤਾਵਨੀ ਦਿੱਤੀ ਕਿ ਆਉਣ ਵਾਲੇ ਇੱਕ ਦਹਾਕੇ ਵਿੱਚ ਅਮਰੀਕਾ 'ਤੇ ਹੋਣ ਵਾਲੇ ਸੰਭਾਵੀ ਮਿਜ਼ਾਈਲ ਹਮਲਿਆਂ ਦਾ ਖ਼ਤਰਾ ਕਈ ਗੁਣਾ ਵੱਧ ਸਕਦਾ ਹੈ। ਸੈਨੇਟ ਕਮੇਟੀ ਨੂੰ ਸੰਬੋਧਨ ਕਰਦਿਆਂ ਤੁਲਸੀ ਗਾਬਾਰਡ ਨੇ ਅੰਕੜਿਆਂ ਸਹਿਤ



ਦੱਸਿਆ ਕਿ ਮੌਜੂਦਾ ਸਮੇਂ ਵਿੱਚ ਅਮਰੀਕਾ ਦੇ ਖ਼ਿਲਾਫ਼ ਲਗਭਗ 3,000 ਮਿਜ਼ਾਈਲਾਂ ਦਾ ਖ਼ਤਰਾ ਹੈ, ਪਰ 2035 ਤੱਕ ਇਹ ਗਿਣਤੀ ਵੱਧ ਕੇ 16,000 ਤੋਂ ਪਾਰ ਹੋਣ ਦਾ ਅਨੁਮਾਨ ਹੈ। ਉਨ੍ਹਾਂ ਅਨੁਸਾਰ ਰੂਸ ਤੇ ਚੀਨ ਅਜਿਹੇ ਹਾਈਪਰਸੋਨਿਕ ਤੇ ਆਧੁਨਿਕ ਡਿਲੀਵਰੀ ਸਿਸਟਮ ਤਿਆਰ ਕਰ ਰਹੇ ਹਨ ਜੋ ਅਮਰੀਕੀ ਮਿਜ਼ਾਈਲ ਰੱਖਿਆ ਪ੍ਰਣਾਲੀ (ਡਿਫੈਂਸ ਸਿਸਟਮ) ਨੂੰ ਚਕਮਾ ਦੇਣ ਦੇ ਯੋਗ ਹਨ। ਖ਼ਾਸ ਤੌਰ 'ਤੇ ਪਾਕਿਸਤਾਨ ਬਾਰੇ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਪਾਕਿਸਤਾਨ ਦੀ ਲੰਬੀ ਦੂਰੀ ਦੀਆਂ ਬੈਲਿਸਟਿਕ ਮਿਜ਼ਾਈਲਾਂ ਵਿਕਸਿਤ ਕਰਨ ਦੀ ਸਮਰੱਥਾ ਹੁਣ ਇੰਟਰਕੌਂਟੀਨੈਂਟਲ ਸ਼੍ਰੇਣੀ ਤੱਕ ਪਹੁੰਚ ਸਕਦੀ ਹੈ, ਜੋ ਅਮਰੀਕੀ ਧਰਤੀ ਲਈ ਵੱਡੀ ਚੁਣੌਤੀ ਹੈ। ਈਰਾਨ ਨਾਲ ਚੱਲ ਰਹੀ ਜੰਗ ਬਾਰੇ ਅਹਿਮ ਖੁਲਾਸਾ ਕਰਦਿਆਂ ਗਾਬਾਰਡ ਨੇ ਦੱਸਿਆ ਕਿ ਅਮਰੀਕਾ ਤੇ ਇਜ਼ਰਾਈਲ ਵੱਲੋਂ ਚਲਾਏ ਗਏ ਆਪ੍ਰੇਸ਼ਨ ਐਪਿਕ ਫਿਊਰੀ ਤੇ ਪਿਛਲੇ ਸਾਲ ਦੇ ਹਮਲਿਆਂ ਨੇ ਈਰਾਨ ਦੇ ਪ੍ਰਮਾਣੂ ਪ੍ਰੋਗਰਾਮ ਨੂੰ ਬੁਰੀ ਤਰ੍ਹਾਂ ਲਤਾੜ ਦਿੱਤਾ ਹੈ। ਉਨ੍ਹਾਂ ਮੁਤਾਬਿਕ ਈਰਾਨ ਦੇ ਯੂਰੇਨੀਅਮ ਸੰਵਰਧਨ ਕੇਂਦਰ ਤੇ ਜ਼ਮੀਨਦੋਜ਼ ਪ੍ਰਮਾਣੂ ਟਿਕਾਣੇ ਲਗਭਗ ਤਬਾਹ ਹੋ ਚੁੱਕੇ ਹਨ ਤੇ ਫਿਲਹਾਲ ਈਰਾਨ ਕੋਲ ਇਨ੍ਹਾਂ ਨੂੰ ਮੁੜ ਸੁਰਜੀਤ ਕਰਨ ਦੀ ਕੋਈ ਤਤਕਾਲੀ ਯੋਜਨਾ ਜਾਂ ਸਮਰੱਥਾ ਨਜ਼ਰ ਨਹੀਂ ਆ ਰਹੀ। ਹਾਲਾਂਕਿ, ਉਨ੍ਹਾਂ ਸਪੱਸ਼ਟ ਕੀਤਾ ਕਿ ਈਰਾਨੀ ਸ਼ਾਸਨ ਅਜੇ ਵੀ ਕਾਇਮ ਹੈ ਤੇ ਉਹ ਆਪਣੇ ਖੇਤਰੀ ਪ੍ਰੌਕਸੀਆਂ ਰਾਹੀਂ ਅਮਰੀਕੀ ਹਿੱਤਾਂ ਨੂੰ ਨੁਕਸਾਨ ਪਹੁੰਚਾਉਣ ਦੀ ਕੋਸ਼ਿਸ਼ ਕਰ ਸਕਦਾ ਹੈ।

# ਲਿਬਨਾਨ 'ਚ ਸੰਯੁਕਤ ਰਾਸ਼ਟਰ ਦੇ ਟਿਕਾਣੇ 'ਤੇ ਇਜ਼ਰਾਈਲੀ ਟੈਂਕਾਂ ਨਾਲ ਹਮਲਾ

## ☛ਘਾਨਾ ਦੇ ਸ਼ਾਂਤੀ ਦੂਤ ਜ਼ਖ਼ਮੀ, ਇਜ਼ਰਾਈਲ ਨੇ ਮੰਗੀ ਮੁਆਫ਼ੀ

ਬੇਰੂਤ/ਯੇਰੂਸ਼ਲਮ, 19 ਮਾਰਚ (ਚ.ਨ.ਸ): ਲਿਬਨਾਨ ਤੇ ਇਜ਼ਰਾਈਲ ਦੀ ਸਰਹੱਦ 'ਤੇ ਚੱਲ ਰਹੀ ਜੰਗ ਦਰਮਿਆਨ ਇੱਕ ਵੱਡੀ ਘਟਨਾ ਸਾਹਮਣੇ ਆਈ ਹੈ, ਜਿੱਥੇ ਇਜ਼ਰਾਈਲੀ ਫੌਜ ਨੇ ਸਵੀਕਾਰ ਕੀਤਾ ਹੈ ਕਿ ਉਸ ਦੇ ਟੈਂਕਾਂ ਵੱਲੋਂ ਦੱਖਣੀ ਲਿਬਨਾਨ ਵਿੱਚ ਸੰਯੁਕਤ ਰਾਸ਼ਟਰ ਦੇ ਇੱਕ ਟਿਕਾਣੇ ਨੂੰ ਨਿਸ਼ਾਨਾ ਬਣਾਇਆ ਗਿਆ। ਇਸ ਹਮਲੇ ਵਿੱਚ ਸੰਯੁਕਤ ਰਾਸ਼ਟਰ ਦੀ ਸ਼ਾਂਤੀ ਸੈਨਾ ਵਿੱਚ ਤਾਇਨਾਤ ਘਾਨਾ ਦੇ ਕਈ ਫੌਜੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ ਹਨ। ਇਜ਼ਰਾਈਲ ਡਿਫੈਂਸ ਫੋਰਸਿਜ਼ ਨੇ ਇਸ ਘਟਨਾ 'ਤੇ ਅਫਸੋਸ ਪ੍ਰਗਟ ਕਰਦਿਆਂ ਸੰਯੁਕਤ ਰਾਸ਼ਟਰ ਤੇ ਘਾਨਾ ਸਰਕਾਰ ਤੋਂ ਰਸਮੀ ਤੌਰ 'ਤੇ ਮੁਆਫੀ ਮੰਗੀ ਹੈ। ਮਿਲੀ ਜਾਣਕਾਰੀ ਅਨੁਸਾਰ ਇਹ ਘਟਨਾ 6 ਮਾਰਚ ਨੂੰ ਦੱਖਣੀ ਲਿਬਨਾਨ ਦੇ ਅਲ-ਕਵਾਜ਼ਾ ਇਲਾਕੇ ਵਿੱਚ ਵਾਪਰੀ ਸੀ, ਪਰ ਇਜ਼ਰਾਈਲੀ ਫੌਜ ਨੇ ਬੀਤੇ ਦਿਨ ਆਪਣੀ ਅੰਦਰੂਨੀ ਜਾਂਚ ਮੁਕੰਮਲ ਹੋਣ ਤੋਂ ਬਾਅਦ ਇਸ ਦੀ ਜ਼ਿੰਮੇਵਾਰੀ ਕਬੂਲੀ ਹੈ।



ਇਜ਼ਰਾਈਲ ਨੇ ਦਾਅਵਾ ਕੀਤਾ ਹੈ ਕਿ ਉਸ ਦੇ ਟੈਂਕ ਦਸਤਿਆਂ ਨੇ ਗਲਤੀ ਨਾਲ ਸੰਯੁਕਤ ਰਾਸ਼ਟਰ ਦੇ ਜਵਾਨਾਂ ਨੂੰ ਹਿਜ਼ਬੁੱਲਾ ਦੇ ਲੜਾਕੇ ਸਮਝ ਲਿਆ ਸੀ। ਫੌਜੀ ਬਿਆਨ ਮੁਤਾਬਿਕ ਉਸ ਸਮੇਂ ਹਿਜ਼ਬੁੱਲਾ ਵੱਲੋਂ ਇਜ਼ਰਾਈਲੀ ਫੌਜ 'ਤੇ ਐਂਟੀ-ਟੈਂਕ ਮਿਜ਼ਾਈਲਾਂ ਦਾਗੀਆਂ ਗਈਆਂ ਸਨ, ਜਿਸ ਦੇ ਜਵਾਬ ਵਿੱਚ ਕੀਤੀ ਗਈ ਗੋਲੀਬਾਰੀ ਦੌਰਾਨ ਇਹ ਮੰਦਭਾਗੀ ਘਟਨਾ ਵਾਪਰੀ। ਸੰਯੁਕਤ ਰਾਸ਼ਟਰ ਦੀ ਅੰਤਰਿਮ ਫੋਰਸ ਦੀ ਮੁੱਢਲੀ ਜਾਂਚ ਰਿਪੋਰਟ ਵਿੱਚ ਦੱਸਿਆ ਗਿਆ ਹੈ ਕਿ ਇਜ਼ਰਾਈਲੀ ਟੈਂਕਾਂ ਨੇ ਸੰਯੁਕਤ ਰਾਸ਼ਟਰ ਦੇ ਬੇਸ 'ਤੇ ਤਿੰਨ ਸਿੱਧੇ ਗੋਲੇ ਦਾਗੇ ਸਨ। ਰਿਪੋਰਟਾਂ ਮੁਤਾਬਿਕ ਇਹ ਹਮਲਾ ਲਗਾਤਾਰ ਪੰਜ ਮਿੰਟ ਤੱਕ ਜਾਰੀ ਰਿਹਾ, ਜਿਸ ਕਾਰਨ ਬੇਸ ਦੀ ਇਮਾਰਤ ਨੂੰ ਵੀ ਕਾਫੀ ਨੁਕਸਾਨ ਪਹੁੰਚਿਆ। ਪੱਛਮੀ ਫੌਜੀ ਸੂਤਰਾਂ ਨੇ ਦੱਸਿਆ ਕਿ ਹਮਲੇ ਵਿੱਚ ਵਰਤੇ ਗਏ 120 ਐਮਐਮ ਦੇ ਗੋਲੇ ਇਜ਼ਰਾਈਲੀ ਫੌਜ ਦੇ ਹੀ ਸਨ, ਜਿਸ ਕਾਰਨ ਇਜ਼ਰਾਈਲ ਦੀ ਸ਼ਮੂਲੀਅਤ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ ਸੀ। ਦੂਜੇ ਪਾਸੇ ਸੰਯੁਕਤ ਰਾਸ਼ਟਰ ਨੇ ਇਸ ਘਟਨਾ ਨੂੰ ਅਸਵੀਕਾਰਨਯੋਗ ਕਰਾਰ ਦਿੱਤਾ ਹੈ।

# ਈਰਾਨ ਨੇ ਤੇਲ ਅਵੀਵ 'ਤੇ ਕਲੱਸਟਰ ਮਿਜ਼ਾਈਲਾਂ ਨਾਲ ਕੀਤਾ ਵੱਡਾ ਹਮਲਾ, ਭਾਰੀ ਜਾਨੀ-ਮਾਲੀ ਨੁਕਸਾਨ

ਤੇਹਰਾਨ/ਤੇਲ ਅਵੀਵ, 19 ਮਾਰਚ (ਚ.ਨ.ਸ): ਪੱਛਮੀ ਏਸ਼ੀਆ ਵਿੱਚ ਚੱਲ ਰਹੀ ਭਿਆਨਕ ਜੰਗ ਨੇ ਉਸ ਸਮੇਂ ਇੱਕ ਨਵਾਂ ਤੇ ਖ਼ਤਰਨਾਕ ਮੋੜ ਲੈ ਲਿਆ, ਜਦੋਂ ਈਰਾਨ ਨੇ ਇਜ਼ਰਾਈਲ ਦੀ ਰਾਜਧਾਨੀ ਤੇਲ ਅਵੀਵ ਨੂੰ ਨਿਸ਼ਾਨਾ ਬਣਾਉਂਦੇ ਹੋਏ ਕਲੱਸਟਰ ਵਾਰਹੈਡਾਂ ਨਾਲ ਲੈਸ ਮਿਜ਼ਾਈਲਾਂ ਨਾਲ ਜ਼ੋਰਦਾਰ ਹਮਲਾ ਕੀਤਾ। ਇਹ ਹਮਲਾ ਇਜ਼ਰਾਈਲ ਵੱਲੋਂ ਈਰਾਨ ਦੇ ਚੋਟੀ ਦੇ ਸੁਰੱਖਿਆ ਮੁਖੀ ਅਲੀ ਲਾਰੀਜਾਨੀ ਦੀ ਹੱਤਿਆ ਦੇ ਜਵਾਬ ਵਿੱਚ ਕੀਤਾ ਗਿਆ ਦੱਸਿਆ ਜਾ ਰਿਹਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਇਸ ਹਮਲੇ ਵਿੱਚ ਤੇਲ ਅਵੀਵ ਦੇ ਰਿਹਾਇਸ਼ੀ ਇਲਾਕਿਆਂ ਵਿੱਚ ਭਾਰੀ ਤਬਾਹੀ ਹੋਈ ਹੈ ਤੇ ਕਈ ਲੋਕਾਂ ਦੇ ਮਾਰੇ ਜਾਣ ਦੀ ਖ਼ਬਰ ਹੈ।



ਈਰਾਨੀ ਸਟੇਟ ਟੈਲੀਵਿਜ਼ਨ ਨੇ ਪੁਸ਼ਟੀ ਕੀਤੀ ਹੈ ਕਿ ਇਸਲਾਮਿਕ ਰਿਵੋਲਿਊਸ਼ਨਰੀ ਗਾਰਡ ਕੋਰਪਸਨੇ ਖੁਰਮਸ਼ਹਿਰ-D ਤੇ ਕਾਦਰ ਮਿਜ਼ਾਈਲਾਂ ਦੀ ਵਰਤੋਂ ਕੀਤੀ ਹੈ, ਜੋ ਹਵਾ ਵਿੱਚ ਹੀ ਕਈ ਛੋਟੇ ਬੰਬਾਂ ਵਿੱਚ ਵੰਡੀਆਂ ਜਾਂਦੀਆਂ ਹਨ, ਜਿਸ ਕਾਰਨ ਇਜ਼ਰਾਈਲ ਦੇ ਹਵਾਈ ਰੱਖਿਆ ਪ੍ਰਣਾਲੀ ਲਈ ਇਨ੍ਹਾਂ ਨੂੰ ਪੂਰੀ ਤਰ੍ਹਾਂ ਰੋਕਣਾ ਮੁਸ਼ਕਿਲ ਹੋ ਗਿਆ। ਇਜ਼ਰਾਈਲ ਦੇ ਰੱਖਿਆ ਵਿਭਾਗ ਅਨੁਸਾਰ ਇਨ੍ਹਾਂ ਕਲੱਸਟਰ ਬੰਬਾਂ ਨੇ ਸੰਘਣੀ ਆਬਾਦੀ ਵਾਲੇ ਇਲਾਕਿਆਂ ਨੂੰ ਆਪਣੀ ਲਪੇਟ ਵਿੱਚ ਲਿਆ, ਜਿਸ ਨਾਲ ਘਰਾਂ ਤੇ ਵਪਾਰਕ ਇਮਾਰਤਾਂ ਨੂੰ ਅੱਗ ਲੱਗ ਗਈ। ਕਾਬਿਲੇਗੌਰ ਹੈ ਕਿ ਬੀਤੇ ਦਿਨੀਂ ਇਜ਼ਰਾਈਲ ਨੇ ਤੇਹਰਾਨ ਵਿੱਚ ਇੱਕ ਗੁਪਤ ਆਪ੍ਰੇਸ਼ਨ ਦੌਰਾਨ ਈਰਾਨ ਦੀ ਸੁਪਰੀਮ ਨੈਸ਼ਨਲ ਸਕਿਓਰਿਟੀ ਕੌਂਸਲ ਦੇ ਸਕੱਤਰ ਅਲੀ ਲਾਰੀਜਾਨੀ ਨੂੰ ਨਿਸ਼ਾਨਾ ਬਣਾਇਆ ਸੀ। ਈਰਾਨੀ ਸਰਕਾਰ ਨੇ ਲਾਰੀਜਾਨੀ ਦੀ ਮੌਤ ਦੀ ਪੁਸ਼ਟੀ ਕਰਦਿਆਂ ਇਸ ਨੂੰ ਨਾ ਸਹਿਣਯੋਗ ਘਾਟਾ ਦੱਸਿਆ ਸੀ। ਈਰਾਨ ਦੇ ਨਵੇਂ ਸੁਪਰੀਮ ਲੀਡਰ ਮੁਜਤਬਾ ਖ਼ਾਮੇਨੇਈ ਨੇ ਸਹੁੰ ਖਾਧੀ ਸੀ ਕਿ ਉਹ ਆਪਣੇ ਆਗੂਆਂ ਦੇ ਖ਼ੂਨ ਦਾ ਬਦਲਾ ਜ਼ਰੂਰ ਲੈਣਗੇ। ਅੱਜ ਦਾ ਇਹ ਮਿਜ਼ਾਈਲ ਹਮਲਾ ਉਸੇ ਲੜੀ ਦਾ ਹਿੱਸਾ ਮੰਨਿਆ ਜਾ ਰਿਹਾ ਹੈ। ਦੂਜੇ ਪਾਸੇ ਇਜ਼ਰਾਈਲੀ ਹਮਲਿਆਂ ਦੀ ਗੂੰਜ ਈਰਾਨ ਦੇ ਬੁਸ਼ਹਿਰ ਪਰਮਾਣੂ ਪਲਾਂਟ ਦੇ ਨੇੜੇ ਵੀ ਸੁਣੀ ਗਈ। ਹਾਲਾਂਕਿ ਅੰਤਰਰਾਸ਼ਟਰੀ ਪਰਮਾਣੂ ਊਰਜਾ ਏਜੰਸੀ ਨੇ ਕਿਹਾ ਹੈ ਕਿ ਪਰਮਾਣੂ ਕੇਂਦਰ ਸੁਰੱਖਿਅਤ ਹਨ, ਪਰ ਜੰਗ ਦੇ ਇਸ ਰੂਪ ਨੇ ਪੂਰੀ ਦੁਨੀਆਂ ਨੂੰ ਚਿੰਤਾ ਵਿੱਚ ਪਾ ਦਿੱਤਾ ਹੈ। ਮੁਖੀ ਰਾਫੇਲ ਗ੍ਰੋਸੀ ਨੇ ਦੋਵਾਂ ਦੇਸ਼ਾਂ ਨੂੰ ਸੰਜਮ ਵਰਤਣ ਦੀ ਅਪੀਲ ਕੀਤੀ ਹੈ ਤਾਂ ਜੋ ਕਿਸੇ ਵੱਡੇ ਪਰਮਾਣੂ ਹਾਦਸੇ ਤੋਂ ਬਚਿਆ ਜਾ ਸਕੇ।

# ਟਰੇਡਰਜ਼ ਕਮਿਸ਼ਨ ਤਹਿਤ ਵਪਾਰੀਆਂ ਤੇ ਦੁਕਾਨਦਾਰਾਂ ਨਾਲ ਮੀਟਿੰਗ

ਕਲਾਨੌਰ, 19 ਮਾਰਚ (ਇਕਬਾਲ ਵਾਲੀਆ ਕਮਲਜੀਤ ਸਿੰਘ): ਪੰਜਾਬ ਰਾਜ ਟਰੇਡਰਜ਼ ਕਮਿਸ਼ਨ ਵੱਲੋਂ ਵੱਖ-ਵੱਖ ਵਿਧਾਨ ਸਭਾ ਹਲਕਿਆਂ ਵਿੱਚ ਵਪਾਰੀਆਂ ਨਾਲ ਮੀਟਿੰਗਾਂ ਕਰਨ ਦੀ ਯੋਜਨਾ ਤਹਿਤ ਕਲਾਨੌਰ ਵਿਖੇ ਦੁਕਾਨਦਾਰਾਂ ਤੇ ਵਪਾਰੀਆਂ ਨਾਲ ਮੀਟਿੰਗ ਕੀਤੀ ਗਈ। ਜਿਸ ਵਿੱਚ ਸ੍ਰੀ ਆਦਿੱਤਿਆ ਸ਼ਰਮਾ ਐਸ.ਡੀ.ਐਮ. ਡੇਰਾ ਬਾਬਾ ਨਾਨਕ, ਪੰਜਾਬ ਟਰੇਡ ਕਮਿਸ਼ਨ ਮੈਂਬਰ ਪੰਜਾਬ ਜ਼ੋਨ ਇੰਚਾਰਜ ਧਰਮਿੰਦਰ ਸ਼ੇਰੂ, ਵਿਪਨ ਸੋਨੀ ਚੇਅਰਮੈਨ ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ, ਤਹਿਸੀਲਦਾਰ ਰਜਿੰਦਰ ਸਿੰਘ, ਐਸ.ਐਚ.ਓ. ਅਸ਼ੋਕ ਕੁਮਾਰ ਡੇਰਾ ਬਾਬਾ ਨਾਨਕ, ਪੰਚਾਇਤ ਅਫਸਰ ਮਨਜਿੰਦਰ ਸਿੰਘ, ਮਹਿੰਦਰ ਪਾਲ ਐਸ.ਡੀ.ਓ. ਪਾਵਰਕਾਮ, ਵਾਟਰ ਸਪਲਾਈ ਐਂਡ ਸੈਂਟਰੀ ਵਿਭਾਗ, ਚੇਤਨਜੀਤ ਸਿੰਘ, ਯਗੇਸ਼ ਕੁਮਾਰ ਈਟੀਓ ਵਰਿੰਦਰ ਕੁਮਾਰ ਫੂਡ ਸਪਲਾਈ ਕਲਾਨੌਰ ਸਮੇਤ ਦੁਕਾਨਦਾਰ ਤੇ ਵਪਾਰ ਮੰਡਲ ਦੀਆਂ ਵੱਖ-ਵੱਖ ਸ਼ਖ਼ਸੀਅਤਾਂ ਮੌਜੂਦ ਸਨ। ਇਸ ਮੌਕੇ ਸੰਬੋਧਨ ਕਰਦਿਆਂ ਐਸ.ਡੀ.ਐਮ. ਆਦਿੱਤਿਆ ਸ਼ਰਮਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਪਾਰੀਆਂ, ਦੁਕਾਨਦਾਰਾਂ ਤੇ ਉਦਮੀਆਂ ਲਈ ਕਾਰੋਬਾਰੀ ਪ੍ਰਕਿਰਿਆਵਾਂ ਨੂੰ ਸਰਲ ਬਣਾਉਣ ਦੇ ਉਦੇਸ਼ ਨਾਲ 'ਪੰਜਾਬ ਟਰੇਡ ਕਮਿਸ਼ਨ' ਦਾ ਗਠਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਇਹ ਪਹਿਲਕਦਮੀ ਪੰਜਾਬ ਦੀ ਆਰਥਿਕਤਾ ਨੂੰ ਚਲਾਉਣ ਵਾਲੇ ਲੋਕਾਂ ਲਈ ਪ੍ਰਸ਼ਾਸਨ ਨੂੰ ਵਧੇਰੇ ਪਹੁੰਚਯੋਗ ਤੇ ਜਵਾਬਦੇਹ ਬਣਾਉਣ ਦੀ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦੀ ਹੈ। ਪੰਜਾਬ ਟਰੇਡ ਕਮਿਸ਼ਨ ਮੈਂਬਰ ਪੰਜਾਬ ਜ਼ੋਨ ਇੰਚਾਰਜ ਧਰਮਿੰਦਰ ਸ਼ੇਰੂ ਨੇ ਕਿਹਾ ਕਿ ਵਪਾਰੀਆਂ ਤੇ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਇਕ ਮਹੱਤਵਪੂਰਨ ਮੀਟਿੰਗ ਕੀਤੀ ਗਈ ਹੈ। ਵਪਾਰੀਆਂ ਵੱਲੋਂ ਦਰਪੇਸ਼ ਆ ਰਹੀਆਂ ਮੁਸ਼ਕਿਲਾਂ ਤੇ ਮਸਲਿਆਂ ਨੂੰ ਧਿਆਨ ਨਾਲ ਸੁਣਿਆ ਗਿਆ। ਪੰਜਾਬ ਸਟੇਟ ਟਰੇਡਰ ਕਮਿਸ਼ਨ ਦਾ ਮੁੱਖ ਉਦੇਸ਼ ਵਪਾਰੀਆਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਹੱਲ ਕਰਨਾ ਤੇ ਵਪਾਰਕ ਮਾਹੌਲ ਨੂੰ ਹੋਰ ਸੁਗਮ ਤੇ ਪਾਰਦਰਸ਼ੀ ਬਣਾਉਣਾ ਹੈ।

# 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਸ਼ੁਰੂ ਕਰਕੇ ਸਰਕਾਰ ਨੇ ਮੀਲ ਪੱਥਰ ਸਥਾਪਤ ਕੀਤਾ: ਰਘੂਬੀਰ ਸਿੰਘ ਖ਼ਾਲਸਾ

ਗੁਰਦਾਸਪੁਰ, 19 ਮਾਰਚ (ਜਸਵਿੰਦਰ ਸਿੰਘ): ਪੰਜਾਬ ਸਰਕਾਰ ਵੱਲੋਂ ਚੋਣਾਂ ਦੌਰਾਨ ਸੂਬੇ ਦੀਆਂ ਮਹਿਲਾਵਾਂ ਨਾਲ ਕੀਤਾ ਗਿਆ ਇੱਕ ਹੋਰ ਵੱਡਾ ਵਾਅਦਾ ਪੂਰਾ ਕਰਨ ਵੱਲ ਕਦਮ ਚੁੱਕਦੇ ਹੋਏ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਮਹਿਲਾਵਾਂ ਲਈ ਮਹੱਤਵਪੂਰਨ ਐਲਾਨ ਕੀਤਾ ਹੈ। ਸਰਕਾਰ ਵੱਲੋਂ ਹੁਣ ਮਹਿਲਾਵਾਂ ਨੂੰ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਰਾਹੀਂ ਹਰ ਮਹੀਨੇ 1000 ਰੁਪਏ ਦੀ ਆਰਥਿਕ ਸਹਾਇਤਾ ਦੇਣ ਦਾ ਫੈਸਲਾ ਕੀਤਾ ਗਿਆ ਹੈ। ਇਹ ਜਾਣਕਾਰੀ ਦਿੰਦਿਆਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਰਘੂਬੀਰ ਸਿੰਘ ਖ਼ਾਲਸਾ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਨੇ ਦੱਸਿਆ ਕਿ ਇਸਦੇ ਨਾਲ ਹੀ ਐਸ.ਸੀ. ਕੈਟਾਗਰੀ ਦੀਆਂ ਮਹਿਲਾਵਾਂ ਲਈ ਇਹ ਰਕਮ ਵਧਾ ਕੇ 1500 ਰੁਪਏ ਪ੍ਰਤੀ ਮਹੀਨਾ ਕਰਨ ਦਾ ਐਲਾਨ ਵੀ ਕੀਤਾ ਗਿਆ ਹੈ। ਇਸ ਫੈਸਲੇ ਨਾਲ ਪੰਜਾਬ ਦੀਆਂ ਲੱਖਾਂ ਮਹਿਲਾਵਾਂ ਨੂੰ ਆਰਥਿਕ ਮਜ਼ਬੂਤੀ ਮਿਲੇਗੀ ਤੇ ਉਹ ਆਪਣੇ ਘਰੇਲੂ ਖਰਚਿਆਂ ਵਿੱਚ ਸਹਾਇਤਾ ਪ੍ਰਾਪਤ ਕਰ ਸਕਣਗੀਆਂ। ਇੱਥੇ ਇਹ ਦੱਸਣਾ ਜ਼ਰੂਰੀ ਹੋਵੇਗਾ ਕਿ ਪੰਜਾਬ ਵਿੱਚ ਅੱਜ ਤੱਕ ਦੀਆਂ ਸਾਰੀਆਂ ਸਰਕਾਰਾਂ ਵਿੱਚੋਂ ਇਕੋ-ਇੱਕ ਆਮ ਆਦਮੀ ਪਾਰਟੀ ਦੀ ਸਰਕਾਰ ਹੈ ਜਿਸਨੇ ਆਪਣੇ ਚੋਣ ਮਨੋਰਥ ਪੱਤਰ ਤੋਂ ਵੀ ਵੱਧ ਲੋਕ ਭਲਾਈ ਦੀਆਂ ਸਕੀਮਾਂ ਲਾਗੂ ਕੀਤੀਆਂ ਹਨ।



# ਸ੍ਰੀ ਕਰਤਾਰਪੁਰ ਲਾਂਘਾ ਖੋਲ੍ਹਣ ਲਈ ਸਰਹੱਦ 'ਤੇ ਕੀਤੀ ਅਰਦਾਸ

## ☛ਦੋਹਾਂ ਦੇਸ਼ਾਂ ਦੀਆਂ ਸਰਕਾਰਾਂ ਤੁਰੰਤ ਖੋਲ੍ਹਣ ਲਾਂਘਾ: ਛੋਟੇਪੁਰ, ਵਡਾਲਾ

ਡੇਰਾ ਬਾਬਾ ਨਾਨਕ, 19 ਮਾਰਚ (ਹੈਪੀ ਕੋਟਲੀ): ਡੇਰਾ ਬਾਬਾ ਨਾਨਕ ਦੀ ਭਾਰਤ-ਪਾਕਿ ਕੌਮਾਂਤਰੀ ਸਰਹੱਦ 'ਤੇ ਬਣੇ ਦਰਸ਼ਨ ਸਥਲ ਉਪਰ ਖੜ੍ਹੇ ਹੋ ਕੇ ਸ੍ਰੀ ਕਰਤਾਰਪੁਰ ਰਾਵੀ ਦਰਸ਼ਨ ਅਭਿਲਾਖੀ ਸੰਸਥਾ ਦੇ ਪ੍ਰਧਾਨ ਗੁਰਪ੍ਰਤਾਪ ਸਿੰਘ ਵਡਾਲਾ, ਜਥੇਦਾਰ ਸੁੱਚਾ ਸਿੰਘ ਛੋਟੇਪੁਰ, ਜਸਬੀਰ ਸਿੰਘ ਜਫਰਵਾਲ ਆਦਿ ਨਾਨਕ ਨਾਮ ਲੇਵਾ ਸੰਗਤਾਂ ਵੱਲੋਂ ਸ੍ਰੀ ਕਰਤਾਰਪੁਰ ਸਾਹਿਬ ਲਾਂਘਾ ਖੋਲ੍ਹਣ ਲਈ ਸ਼ੁਰੂ ਕੀਤੀ ਅਰਦਾਸ ਦੀ 25 ਸਾਲ ਪੂਰੇ ਹੋਣ 'ਤੇ ਮੁੜ ਬੰਦ ਪਏ ਲਾਂਘੇ ਨੂੰ ਖੋਲ੍ਹਣ ਦੀ ਅਰਦਾਸ ਕੀਤੀ ਗਈ।



ਇਸ ਮੌਕੇ 'ਤੇ ਨਾਨਕ ਨਾਮ ਲੇਵਾ ਸੰਗਤਾਂ ਵੱਲੋਂ ਸਰਹੱਦ 'ਤੇ ਬੋਲੇ ਸੋ ਨਿਹਾਲ ਦੇ ਜੈਕਾਰੇ ਵੀ ਗੁੰਜਾਏ। ਇਸ ਮੌਕੇ 'ਤੇ ਸ੍ਰੀ ਕਰਤਾਰਪੁਰ ਦਰਸ਼ਨ ਅਭਿਲਾਖੀ ਸੰਸਥਾ ਦੇ ਪ੍ਰਧਾਨ ਤੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਲੀਡਰ ਗੁਰਪ੍ਰਤਾਪ ਸਿੰਘ ਵਡਾਲਾ ਤੇ ਜਥੇ. ਸੁੱਚਾ ਸਿੰਘ ਛੋਟੇਪੁਰ ਸਾਬਕਾ ਮੰਤਰੀ ਪੰਜਾਬ ਤੇ ਸੀਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੇ ਸਾਂਝੇ ਤੌਰ 'ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆਂ ਕਿਹਾ ਕਿ ਸ੍ਰੀ ਕਰਤਾਰਪੁਰ ਰਾਵੀ ਦਰਸ਼ਨ ਅਭਿਲਾਖੀ ਸੰਸਥਾ ਦੇ ਸੰਸਥਾਪਕ ਤੇ ਪੰਥਕ ਆਗੂ ਮਰਹੂਮ ਕੁਲਦੀਪ ਸਿੰਘ ਵਡਾਲਾ ਵੱਲੋਂ 25 ਸਾਲ ਪਹਿਲਾਂ ਡੇਰਾ ਬਾਬਾ ਨਾਨਕ ਦੀ ਕੌਮਾਂਤਰੀ ਸਰਹੱਦ 'ਤੇ ਮਹੀਨੇ ਦੀ ਹਰੇਕ ਮੱਸਿਆ ਮੌਕੇ ਸ੍ਰੀ ਕਰਤਾਰਪੁਰ ਸਾਹਿਬ ਲਾਂਘਾ ਖੋਲ੍ਹਣ ਸਬੰਧੀ ਅਰਦਾਸ ਸ਼ੁਰੂ ਕੀਤੀ ਸੀ ਤੇ ਨਾਨਕ ਨਾਮ ਲੇਵਾ ਸੰਗਤਾਂ ਅਰਦਾਸਾਂ ਨੂੰ ਬੂਰ ਪੈਣ 'ਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਪ੍ਰਕਾਸ਼ ਦਿਹਾੜੇ ਮੌਕੇ ਡੇਰਾ ਬਾਬਾ ਨਾਨਕ ਦੀ ਸਰਹੱਦ 'ਤੇ ਦੋਹਾਂ ਦੇਸ਼ਾਂ ਦੀਆਂ ਸਰਕਾਰਾਂ ਵੱਲੋਂ ਕਰਤਾਰਪੁਰ ਲਾਂਘਾ ਖੋਲ੍ਹਿਆ ਗਿਆ ਸੀ। ਉਨ੍ਹਾਂ ਕਿਹਾ ਕਿ ਇਸ ਤੋਂ ਬਾਅਦ ਆਪ੍ਰੇਸ਼ਨ ਸਿੰਦੂਰ ਕਾਰਨ ਮਈ ਮਹੀਨੇ ਤੋਂ ਕਰਤਾਰਪੁਰ ਲਾਂਘਾ ਬੰਦ ਪਿਆ ਹੋਇਆ ਹੈ, ਜਿਸ ਕਾਰਨ ਨਾਨਕ ਨਾਮ ਲੇਵਾ ਸੰਗਤਾਂ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਪਵਿੱਤਰ ਧਰਤੀ ਸ੍ਰੀ ਕਰਤਾਰਪੁਰ ਸਾਹਿਬ ਜੀ ਦੇ ਦਰਸ਼ਨ ਕਰਨ ਤੋਂ ਵਾਂਝੀਆਂ ਹਨ। ਇਸ ਮੌਕੇ 'ਤੇ ਉਨ੍ਹਾਂ ਕਿਹਾ ਕਿ ਦੋਹਾਂ ਦੇਸ਼ਾਂ ਦੀਆਂ ਸਰਕਾਰਾਂ ਡੇਰਾ ਬਾਬਾ ਨਾਨਕ ਦੀ ਕੌਮਾਂਤਰੀ ਸਰਹੱਦ 'ਤੇ ਬੰਦ ਪਏ ਲਾਂਘੇ ਨੂੰ ਤੁਰੰਤ ਖੋਲ੍ਹੇ ਤੇ ਦੋਹਾਂ ਦੇਸ਼ਾਂ ਸਰਕਾਰਾਂ ਪਾਸਪੋਰਟ 'ਤੇ 20 ਡਾਲਰ ਦੀ ਫੀਸ ਮੁਆਫ ਕੀਤੀ ਜਾਵੇ ਤਾਂ ਜੋ ਸਾਰੀਆਂ ਸੰਗਤਾਂ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਜੀ ਦੇ ਦਰਸ਼ਨ ਕਰ ਸਕਣ। ਇਸ ਮੌਕੇ 'ਤੇ ਅਮਨਦੀਪ ਸਿੰਘ ਗਿੱਲ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ, ਰਤਨ ਸਿੰਘ ਵਾਹਲਾ, ਐਡਵੋਕੇਟ ਅਜੇ ਪਾਲ ਸਿੰਘ ਸੰਧੂ, ਸੁਖਵਿੰਦਰ ਸਿੰਘ, ਗੁਰਪ੍ਰੀਤ ਸਿੰਘ ਖਾਸਾ ਵਾਲੀ, ਬਲਜੀਤ ਸਿੰਘ ਪੱਖੋਕੇ, ਬਲਜੀਤ ਸਿੰਘ, ਸੁਖਦੇਵ ਸਿੰਘ ਹਾਜ਼ਰ ਸਨ।

# ਵਿਧਾਇਕ ਸ਼ੈਰੀ ਕਲਸੀ ਨੇ ਓਹਰੀ ਚੌਕ ਵਿਖੇ ਵਿਕਾਸ ਕਾਰਜਾਂ ਦਾ ਨੀਂਹ ਪੱਥਰ ਰੱਖਿਆ

ਬਟਾਲਾ, 19 ਮਾਰਚ (ਬਲਵਿੰਦਰ ਸਿੰਘ ਪੰਜਗਰਾਈਂ/ਡਾ. ਸਤਨਾਮ ਸਿੰਘ ਸੰਧੂ): ਬਟਾਲਾ ਸ਼ਹਿਰ ਅੰਦਰ ਵਿਕਾਸ ਪੱਖੋਂ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ ਤੇ ਸ਼ਹਿਰ ਵਾਸੀਆਂ ਦੀਆਂ ਲੰਬੇ ਸਮੇਂ ਤੋਂ ਲਮਕਦੀਆਂ ਮੰਗਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ। ਇਹ ਪ੍ਰਗਟਾਵਾ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਓਹਰੀ ਚੌਕ ਵਿਖੇ ਵਾਰਡ ਵਾਸੀਆਂ ਦੀ ਮੌਜੂਦਗੀ ਵਿਖੇ ਵੱਖ-ਵੱਖ ਵਿਕਾਸ ਕਾਰਜਾਂ ਦਾ ਕੰਮ ਸ਼ੁਰੂ ਕਰਨ ਉਪਰੰਤ ਕੀਤਾ। ਇਸ ਮੌਕੇ ਚੇਅਰਮੈਨ ਮਾਨਿਕ ਮਹਿਤਾ ਸਮੇਤ ਮੁਹੱਲਾ ਵਾਸੀ ਵੱਡੀ ਗਿਣਤੀ ਵਿੱਚ ਮੌਜੂਦ ਸਨ। ਵਿਧਾਇਕ ਸ਼ੈਰੀ ਕਲਸੀ ਨੇ ਵਾਰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸ਼ਹਿਰ ਵਾਸੀਆਂ ਦੀਆਂ ਮੁੱਢਲੀਆਂ ਲੋੜਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ ਤੇ ਪਿਛਲੇ ਕਈ ਸਾਲਾਂ ਤੋਂ ਗਲੀਆਂ ਨਾ ਬਣਨ ਕਾਰਨ ਲੋਕਾਂ ਨੂੰ ਬਹੁਤ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਪਰ ਹੁਣ ਉਹ ਖੁਦ ਲੋਕਾਂ ਤੱਕ ਪਹੁੰਚ ਕਰਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਕਰ ਰਹੇ ਹਨ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਬਟਾਲਾ ਸ਼ਹਿਰ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਕੀਤਾ ਗਿਆ ਹੈ ਤੇ ਹੁਣ ਲੋਕਾਂ ਦੀ ਬਾਂਹ ਫੜਦਿਆਂ ਉਨ੍ਹਾਂ ਦੀਆਂ ਚਿਰੋਕਣੀਆਂ ਮੰਗਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ ਤੇ ਵੱਖ-ਵੱਖ ਵਿਕਾਸ ਕਾਰਜ ਪ੍ਰਗਤੀ ਅਧੀਨ ਹਨ। ਇਸ ਮੌਕੇ ਮੁਹੱਲਾ ਵਾਸੀਆਂ ਨੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿਛਲੇ ਲੰਬੇ ਸਮੇਂ ਤੋਂ ਗਲੀ ਨਾ ਬਣਨ ਕਰਕੇ ਲੋਕ ਮੁਸ਼ਕਿਲ ਦਾ ਸਾਹਮਣਾ ਕਰ ਰਹੇ ਸਨ ਪਰ ਹੁਣ ਉਨ੍ਹਾਂ ਦੀ ਸਾਰ ਲਈ ਗਈ ਹੈ, ਜਿਸ ਨਾਲ ਇਥੋਂ ਦੇ ਵਾਸੀਆਂ ਨੂੰ ਵੱਡੀ ਰਾਹਤ ਮਿਲੀ ਹੈ।



# ਪਿੰਡ ਬਾਹਲਾ ਵਿਖੇ ਹੋਈ ਕਾਂਗਰਸ ਦੀ ਹੰਗਾਮੀ ਮੀਟਿੰਗ



ਗੜ੍ਹਦੀਵਾਲਾ, 19 ਮਾਰਚ (ਗੌਰਵ): ਪਿੰਡ ਬਾਹਲਾ ਵਿਖੇ ਕਾਂਗਰਸ ਪਾਰਟੀ ਨੇ ਇੱਕ ਵਿਸ਼ੇਸ਼ ਮੀਟਿੰਗ ਕੀਤੀ। ਇਸ ਮੀਟਿੰਗ ਵਿੱਚ ਜੋਗਿੰਦਰ ਸਿੰਘ ਗਿੱਲਜੀਆ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ, ਉਨ੍ਹਾਂ ਨੇ 2027 ਵਿੱਚ ਆਉਣ ਵਾਲੀਆਂ ਚੋਣਾਂ ਲਈ ਲੋਕਾਂ ਨੂੰ ਲਾਮਬੰਦ ਕੀਤਾ। ਇਸ ਮੌਕੇ 'ਤੇ ਜੋਗਿੰਦਰ ਸਿੰਘ ਗਿੱਲਜੀਆ ਵੱਲੋਂ ਚੋਣਾਂ ਦੇ ਸਬੰਧ ਵਿੱਚ ਰੂਪ ਰੇਖਾ ਦੱਸੀ ਤੇ ਲੋਕਾਂ ਨੂੰ ਕਾਂਗਰਸ ਪਾਰਟੀ ਦਾ ਸਾਥ ਦੇਣ ਲਈ ਬੇਨਤੀ ਕੀਤੀ। ਪਿੰਡ ਵਾਸੀਆਂ ਵੱਲੋਂ ਵੀ ਜੋ ਆਪਣੀਆਂ ਸਮੱਸਿਆਵਾਂ ਹਨ ਉਨ੍ਹਾਂ ਬਾਰੇ ਜੋਗਿੰਦਰ ਸਿੰਘ ਨਾਲ ਵਿਚਾਰ ਚਰਚਾ ਕੀਤੀ ਗਈ। ਸਟੇਜ ਦੀ ਭੂਮਿਕਾ ਨੰਬਰਦਾਰ ਪਰਮਜੀਤ ਸਿੰਘ ਨੇ ਬਾਖੂਬੀ ਨਿਭਾਈ। ਜੋਗਿੰਦਰ ਸਿੰਘ ਵੱਲੋਂ ਪਿੰਡ ਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ। ਇਸ ਮੌਕੇ 'ਤੇ ਪਰਮਜੀਤ ਸਿੰਘ ਨੰਬਰਦਾਰ ਤੋਂ ਇਲਾਵਾ ਨੰਬਰਦਾਰ ਗੁਰਦਿਆਲ ਸਿੰਘ, ਹਰਪ੍ਰੀਤ ਸਿੰਘ, ਹੈਪੀ ਸੰਧੂ, ਬਲਵੀਰ ਸਿੰਘ ਸੰਧੂ, ਕਰਮਜੀਤ ਸਿੰਘ, ਮੰਗਤ ਰਾਮ, ਤੀਰਥ ਰਾਮ, ਚੈਂਚਲ ਸਿੰਘ, ਅਮਰੀਕ ਸਿੰਘ, ਕੀਰਤੀ, ਮਨਦੀਪ ਸਿੰਘ ਸੰਧੂ, ਜਸਵਿੰਦਰ ਸਿੰਘ, ਬਹਾਦਰ ਸਿੰਘ, ਓਂਕਾਰ ਸਿੰਘ, ਮਨਿੰਦਰ ਸਿੰਘ, ਬੀਬੀ ਸੁਖਜੀਤ ਕੌਰ, ਬੀਬੀ ਮਹਿੰਦਰ ਕੌਰ ਬੀਬੀ, ਬੀਬੀ ਸੁਖਜੀਤ ਕੌਰ ਬੈਂਸ, ਬੀਬੀ ਇਕਬਾਲ ਕੌਰ ਮਲਕੀਤ ਸਿੰਘ, ਹਰਦੇਵ ਸਿੰਘ, ਗੁਰਦੇਵ ਸਿੰਘ, ਕਮਲਜੀਤ ਸਿੰਘ, ਪਰਮਿੰਦਰ ਸਿੰਘ ਤੇ ਭਾਰੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਦਸਮੇਸ਼ ਪਬਲਿਕ ਸਕੂਲ ਸੀਪਰੀਆਂ 'ਚ ਭਾਵੁਕ ਮਾਹੌਲ, ਡਰਾਈਵਰ ਦੇ ਪਰਿਵਾਰ ਨੂੰ ਬੀਮੇ ਦਾ ਚੈਕ ਭੇਟ ਕੀਤਾ



ਤਲਵਾੜਾ, 19 ਮਾਰਚ (ਜਗਮੋਹਨ ਸ਼ਰਮਾ): ਸ੍ਰੀ ਗੁਰੂ ਗੋਬਿੰਦ ਸਿੰਘ ਐਜੂਕੇਸ਼ਨਲ ਟਰੱਸਟ ਅਧੀਨ ਚੱਲ ਰਹੇ ਦਸਮੇਸ਼ ਪਬਲਿਕ ਸਕੂਲ, ਸੀਪਰੀਆਂ ਵਿੱਚ ਅੱਜ ਉਸ ਵੇਲੇ ਭਾਵੁਕ ਮਾਹੌਲ ਬਣ ਗਿਆ, ਜਦੋਂ ਸਕੂਲ ਦੇ ਡਰਾਈਵਰ ਉਪਕਾਰ ਸਿੰਘ ਦੇ ਦੇਹਾਂਤ ਤੋਂ ਬਾਅਦ ਉਨ੍ਹਾਂ ਦੇ ਪਰਿਵਾਰ ਨੂੰ ਬੀਮੇ ਦਾ ਚੈਕ ਭੇਟ ਕੀਤਾ ਗਿਆ। ਇਸ ਮੌਕੇ ਸਕੂਲ ਦੀ ਚੇਅਰਪਰਸਨ ਸੁਖਵਿੰਦਰ ਕੌਰ ਤੇ ਪ੍ਰਿੰਸੀਪਲ ਸੁਮਨ ਸ਼ੁਕਲਾ ਦੀ ਮੌਜੂਦਗੀ ਵਿੱਚ ਪੰਜਾਬ ਨੈਸ਼ਨਲ ਬੈਂਕ ਦੇ ਡੀ.ਜੀ.ਐਮ8 ਹੁਸ਼ਿਆਰਪੁਰ ਨਰਿੰਦਰ ਧੀਮਾਨ, ਬ੍ਰਾਂਚ ਹਾਜੀਪੁਰ ਦੇ ਮੈਨੇਜਰ ਗਰੀਬ ਦਾਸ, ਮੈਨੇਜਰ ਦਿਨੇਸ਼ ਕੁਮਾਰ ਤੇ ਸੀਨੀਅਰ ਮੈਨੇਜਰ ਨਵਦੀਪ ਕੌਰ ਵੱਲੋਂ ਉਪਕਾਰ ਸਿੰਘ ਦੀ ਪਤਨੀ ਸੋਚਾ ਦੇਵੀ ਨੂੰ ਬੀਮੇ ਦਾ ਚੈਕ ਸੌਂਪਿਆ ਗਿਆ। ਇਸ ਮੌਕੇ ਚੇਅਰਪਰਸਨ ਸੁਖਵਿੰਦਰ ਕੌਰ ਨੇ ਕਿਹਾ ਕਿ ਸਕੂਲ ਆਪਣੇ ਸਾਰੇ ਕਰਮਚਾਰੀਆਂ ਨੂੰ ਪਰਿਵਾਰ ਦਾ ਹਿੱਸਾ ਸਮਝਦਾ ਹੈ ਤੇ ਉਨ੍ਹਾਂ ਦੀ ਹਰ ਦੁੱਖ-ਸੁੱਖ ਦੀ ਘੜੀ ਵਿੱਚ ਨਾਲ ਖੜ੍ਹਾ ਰਹਿੰਦਾ ਹੈ। ਉਨ੍ਹਾਂ ਨੇ ਭਰੋਸਾ ਦਿੱਤਾ ਕਿ ਭਵਿੱਖ ਵਿੱਚ ਵੀ ਸਕੂਲ ਪ੍ਰਬੰਧਕ ਕਮੇਟੀ ਇਸ ਪਰਿਵਾਰ ਦੀ ਹਰ ਸੰਭਵ ਮਦਦ ਕਰਦੀ ਰਹੇਗੀ। ਉਪਕਾਰ ਸਿੰਘ ਦੀ ਪਤਨੀ ਸੋਚਾ ਦੇਵੀ ਨੇ ਭਾਵੁਕ ਹੋ ਕੇ ਸਕੂਲ ਟਰੱਸਟ ਦੇ ਮੈਂਬਰਾਂ ਦਾ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਨੇ ਦੱਸਿਆ ਕਿ ਪਤੀ ਦੇ ਦੇਹਾਂਤ ਤੋਂ ਬਾਅਦ ਸਕੂਲ ਵੱਲੋਂ ਉਨ੍ਹਾਂ ਨੂੰ ਨੌਕਰੀ ਦੇ ਕੇ ਤੇ ਆਰਥਿਕ ਸਹਾਇਤਾ ਕਰਕੇ ਪਰਿਵਾਰ ਨੂੰ ਸੰਭਾਲਣ ਵਿੱਚ ਵੱਡੀ ਮਦਦ ਕੀਤੀ ਗਈ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਬੈਂਕ ਅਧਿਕਾਰੀਆਂ ਦਾ ਵੀ ਧੰਨਵਾਦ ਕੀਤਾ। ਸਕੂਲ ਦੇ ਚੇਅਰਮੈਨ ਰਵਿੰਦਰ ਸਿੰਘ ਚੱਕ ਸਮੇਤ ਟਰੱਸਟ ਮੈਂਬਰ ਸਤਪਾਲ ਸਿੰਘ, ਹਰਪਾਲ ਸਿੰਘ, ਬਿਕਰਮਜੀਤ ਸਿੰਘ, ਹਰਿੰਦਰਜੀਤ ਸਿੰਘ, ਸੁਰਜੀਤ ਸਿੰਘ ਭੱਟੀਆਂ, ਹਰਮਨਜੀਤ ਸਿੰਘ ਤੇ ਦਵਿੰਦਰ ਸਿੰਘ ਵੱਲੋਂ ਵੀ ਬੈਂਕ ਦੁਆਰਾ ਕੀਤੇ ਇਸ ਸਰਾਹੁਣਯੋਗ ਉਪਰਾਲੇ ਦੀ ਪ੍ਰਸ਼ੰਸਾ ਕੀਤੀ ਗਈ।

# ਖ਼ਾਲਸਾ ਕਾਲਜ ਐਜੂਕੇਸ਼ਨ ਵਿਖੇ ਨਾਰੀ ਸਸ਼ਕਤੀਕਰਨ ਦਿਵਸ ਮੌਕੇ ਮਹਿਲਾ ਅਧਿਆਪਕਾਂ ਦਾ ਸਨਮਾਨ




ਚੇਤਨਪੁਰਾ, 19 ਮਾਰਚ (ਸੁਖਦੇਵ ਸਿੰਘ ਖ਼ਾਲਸਾ): ਖ਼ਾਲਸਾ ਕਾਲਜ ਆਫ਼ ਐਜੂਕੇਸ਼ਨ, ਜੀ.ਟੀ. ਰੋਡ ਅੰਮ੍ਰਿਤਸਰ ਵਿਖੇ ਨਾਰੀ ਸਸ਼ਕਤੀਕਰਨ ਦਿਵਸ ਦੇ ਮੌਕੇ 'ਤੇ ਸਕੂਲੀ ਸਿੱਖਿਆ ਖੇਤਰ ਵਿੱਚ ਬੇਹਤਰੀਨ ਕਾਰਗੁਜ਼ਾਰੀ ਤੇ ਸੇਵਾਵਾਂ ਪ੍ਰਦਾਨ ਕਰਨ ਲਈ ਤਿੰਨ ਮਹਿਲਾ ਅਧਿਆਪਕਾਂ ਨੂੰ ਸਨਮਾਨਤ ਕੀਤਾ ਗਿਆ। ਇਹ ਸਮਾਰੋਹ ਖ਼ਾਲਸਾ ਯੂਨੀਵਰਸਿਟੀ ਦੇ ਰਜਿਸਟਰਾਰ ਡਾ. ਖੁਸ਼ਵਿੰਦਰ ਕੁਮਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਆਯੋਜਿਤ ਕੀਤਾ ਗਿਆ ਸੀ। ਮੁੱਖ ਮਹਿਮਾਨ ਵਜੋਂ ਖ਼ਾਲਸਾ ਯੂਨੀਵਰਸਿਟੀ ਦੀ ਫੈਕਲਟੀ ਆਫ਼ ਲੈਂਗੁਏਜਿਜ਼ ਦੀ ਡੀਨ ਡਾ. ਰਮਿੰਦਰ ਕੌਰ ਨੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਡਾ. ਖੁਸ਼ਵਿੰਦਰ ਕੁਮਾਰ ਨੇ ਆਏ ਮਹਿਮਾਨਾਂ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਸਵਾਗਤ ਕੀਤਾ। ਉਨ੍ਹਾਂ ਨੇ ਸਮਾਜ ਤੇ ਸਿੱਖਿਆ ਖੇਤਰ ਵਿੱਚ ਔਰਤਾਂ ਦੇ ਯੋਗਦਾਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਵਰਤਮਾਨ ਸਿੱਖਿਆ ਪ੍ਰਣਾਲੀ ਵਿੱਚ ਜ਼ਿਆਦਾਤਰ ਅਧਿਆਪਕ ਔਰਤਾਂ ਹੀ ਹਨ। ਕੁਦਰਤ ਨੇ ਔਰਤ ਨੂੰ ਪਹਿਲਾਂ ਹੀ ਅਧਿਆਪਕ ਵਜੋਂ ਬਣਾ ਕੇ ਭੇਜਿਆ ਹੈ। ਔਰਤ ਅਧਿਆਪਕ ਵਿਦਿਆਰਥੀਆਂ ਨੂੰ ਪਿਆਰ, ਅਪਣੱਤ ਤੇ ਸਹੀ ਸੇਧ ਵਿਲੱਖਣ ਢੰਗ ਨਾਲ ਪ੍ਰਦਾਨ ਕਰ ਸਕਦੀ ਹੈ। ਡਾ. ਕੁਮਾਰ ਨੇ ਦੱਸਿਆ ਕਿ ਅਸਿਸਟੈਂਟ ਪ੍ਰੋਫੈਸਰ ਡਾ. ਮਨਪ੍ਰੀਤ ਕੌਰ, ਅੰਜੂ ਸ਼ਰਮਾ ਤੇ ਸ੍ਰੀਮਤੀ ਅਮਨਪ੍ਰੀਤ ਕੌਰ ਦੀ ਅਗਵਾਈ ਹੇਠ ਇਹ ਪ੍ਰੋਗਰਾਮ ਸਫਲਤਾਪੂਰਵਕ ਆਯੋਜਿਤ ਹੋਇਆ। ਮੁੱਖ ਮਹਿਮਾਨ ਡਾ. ਰਮਿੰਦਰ ਕੌਰ ਨੇ ਆਪਣੇ ਸੰਬੋਧਨ ਵਿੱਚ ਨਾਰੀ ਨੂੰ ਕਮਜ਼ੋਰ ਨਾ ਸਮਝਣ ਤੇ ਨਾਰੀ ਪ੍ਰਤੀ ਸੋਚ ਬਦਲਣ ਦੀ ਅਪੀਲ ਕੀਤੀ। ਸਨਮਾਨਤ ਅਧਿਆਪਕਾਂ ਨੇ ਵੀ ਔਰਤ ਦੀ ਸਮਾਜਿਕ ਸਥਿਤੀ, ਸੱਭਿਆਚਾਰਕ ਬਦਲਾਅ ਤੇ ਉਸ ਵਿੱਚ ਆ ਰਹੇ ਪਰਿਵਰਤਨਾਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਸਮਾਰੋਹ ਦੌਰਾਨ ਡਾ. ਖੁਸ਼ਵਿੰਦਰ ਕੁਮਾਰ ਨੇ ਐਸੋਸੀਏਟ ਪ੍ਰੋਫੈਸਰ ਡਾ. ਗੁਰਜੀਤ ਕੌਰ ਤੇ ਪ੍ਰੋਗਰਾਮ ਕੋਆਰਡੀਨੇਟਰਾਂ ਨਾਲ ਮਿਲ ਕੇ ਮਹਿਮਾਨਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ। ਇਸ ਮੌਕੇ ਕਾਲਜ ਦਾ ਸਮੁੱਚਾ ਸਟਾਫ ਤੇ ਵਿਦਿਆਰਥੀ ਵੀ ਹਾਜ਼ਰ ਸਨ।

# ਬਾਂਦਰ ਨੇ ਔਰਤ ਦੇ ਕੰਨ 'ਚੋਂ ਝਪਟਿਆ ਸੋਨੇ ਦਾ ਟਾਪਸ, ਘੁੰਮ ਰਹੇ ਬਾਂਦਰਾਂ ਤੋਂ ਲੋਕ ਪ੍ਰੇਸ਼ਾਨ

ਟਾਂਡਾ ਉੜਮੁੜ, 19 ਮਾਰਚ (ਅਰਜੁਨ ਜੈਨ): ਟਾਂਡਾ ਉੜਮੁੜ ਵਿੱਚ ਪਿਛਲੇ ਕੁਝ ਦਿਨਾਂ ਤੋਂ ਤਿੰਨ ਦੇ ਕਰੀਬ ਬਾਂਦਰ ਘੁੰਮ ਰਹੇ ਹਨ, ਜੋ ਲੋਕਾਂ ਦੇ ਘਰਾਂ 'ਚ ਨੁਕਸਾਨ ਕਰ ਰਹੇ ਹਨ, ਉਥੇ ਲੋਕਾਂ 'ਤੇ ਹਮਲਾ ਕਰਦੇ ਹਨ। ਬੀਤੀ ਸ਼ਾਮ ਵੀ ਉੜਮੁੜ ਵਾਸੀ ਪੂਜਾ ਮਦਾਨ ਪਤਨੀ ਵਿਸ਼ਵਾਮਿੱਤਰ ਮਦਾਨ ਦੇ ਘਰ ਦੀ ਛੱਤ 'ਤੇ ਹਮਲਾ ਕਰਕੇ ਇੱਕ ਬਾਂਦਰ ਨੇ ਉਸ ਦੇ ਕੰਨ 'ਚ ਸੋਨੇ ਦਾ ਟਾਪਸ ਝਪਟ ਲਿਆ। ਇਸ ਦੌਰਾਨ ਪੂਜਾ ਦੇ ਕੰਨ 'ਤੇ ਜ਼ਖਮ ਹੋ ਗਿਆ। ਇਸ ਮੌਕੇ ਪੂਜਾ ਮਦਾਨ ਤੇ ਗੁਰਵਿੰਦਰ ਕੌਰ ਸੋਢੀ ਤੇ ਸਮਾਜ ਸੇਵਕ ਆਤਮਜੀਤ ਸਿੰਘ ਨੇ ਦੱਸਿਆ ਕਿ ਪਿਛਲੇ ਕਈ ਦਿਨਾਂ ਤੋਂ ਇਲਾਕੇ 'ਚ ਬਾਂਦਰ ਘੁੰਮ ਰਹੇ ਹਨ, ਜੋ ਲੋਕਾਂ ਦੀਆਂ ਛੱਤਾਂ 'ਤੇ ਪਾਣੀ ਦੀਆਂ ਟੈਂਕੀਆਂ ਤੇ ਹੋਰ ਸਮਾਨ ਨੂੰ ਨੁਕਸਾਨ ਪਹੁੰਚਾ ਰਹੇ ਹਨ ਤੇ ਹਰ ਵੇਲੇ ਉਨ੍ਹਾਂ ਦੇ ਹਮਲੇ ਦਾ ਡਰ ਬਣਿਆ ਰਹਿੰਦਾ ਹੈ। ਇਨ੍ਹਾਂ ਬਾਂਦਰਾਂ ਤੋਂ ਲੋਕ ਬੇਹੱਦ ਖੌਫਜ਼ਦਾ ਤੇ ਪ੍ਰੇਸ਼ਾਨ ਹਨ। ਉਨ੍ਹਾਂ ਪ੍ਰਸ਼ਾਸਨ ਤੇ ਜੰਗਲਾਤ ਵਿਭਾਗ ਅੱਗੇ ਅਪੀਲ ਕੀਤੀ ਹੈ ਕਿ ਇਨ੍ਹਾਂ ਅਵਾਰਾ ਬਾਂਦਰਾਂ ਨੂੰ ਕਾਬੂ ਕਰਕੇ ਜੰਗਲ 'ਚ ਛੱਡਿਆ ਜਾਵੇ।



# ਬਲਬੀਰ ਸਿੰਘ ਪੰਨੂੰ ਨੇ ਸਟੇਡੀਅਮ ਦਾ ਕੰਮ ਸ਼ੁਰੂ ਕਰਵਾਇਆ

ਫਤਹਿਗੜ੍ਹ ਚੂੜੀਆਂ, 19 ਮਾਰਚ (ਰਾਜਨ ਸ਼ਰਮਾ): ਹਲਕਾ ਫਤਹਿਗੜ੍ਹ ਚੂੜੀਆਂ ਦੇ ਪਿੰਡ ਧੀਰ ਵਿਖੇ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂੰ ਵੱਲੋਂ ਸਟੇਡੀਅਮ ਦਾ ਉਦਘਾਟਨ ਕੀਤਾ ਗਿਆ। ਜਿਸ ਦੀ ਤਕਰੀਬਨ 28.50 ਲੱਖ ਦੀ ਲਾਗਤ ਦੇ ਨਾਲ ਸਟੇਡੀਅਮ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ। 90 ਲੱਖ ਦੀ ਲਾਗਤ ਨਾਲ ਪਿੰਡ ਧੀਰ ਦੀ ਫਿਰਨੀ ਦਾ ਕੰਮ ਕਰਵਾਇਆ ਗਿਆ ਤੇ ਸ਼ਮਸ਼ਾਨਘਾਟ ਦੀ ਖਸਤਾ ਹਾਲਤ ਨੂੰ 10 ਲੱਖ ਦੀ ਲਾਗਤ ਨਾਲ ਬਣਾ ਦਿੱਤਾ ਗਿਆ ਤੇ ਹੋਰ ਵੀ ਪਿੰਡ ਵਿੱਚ ਕਈ ਕੰਮ ਕੀਤੇ ਗਏ, ਜਿਸ ਦਾ ਕੁੱਲ 1 ਕਰੋੜ 40 ਲੱਖ ਦੀ ਲਾਗਤ ਨਾਲ ਪਿੰਡ ਧੀਰ ਦਾ ਵਿਕਾਸ ਹੋਇਆ। ਪਿੰਡ ਧੀਰ ਵਾਸੀਆਂ ਵੱਲੋਂ ਸੀਵਰੇਜ ਦੀ ਸਮੱਸਿਆ ਰੱਖੀ ਗਈ ਤੇ ਉਸ ਡਿਮਾਂਡ ਨੂੰ ਪੂਰਾ ਕਰਨ ਦਾ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂੰ ਵੱਲੋਂ ਵਾਅਦਾ ਕੀਤਾ ਗਿਆ। ਬਲਬੀਰ ਸਿੰਘ ਪੰਨੂੰ ਨੇ ਕਿਹਾ ਕਿ ਬੱਚਿਆਂ ਦੀ ਖੇਡ ਰੁਚੀ ਨੂੰ ਵਧਾਉਣ ਲਈ ਤੇ ਹਲਕਾ ਫ਼ਤਹਿਗੜ੍ਹ ਚੂੜੀਆਂ ਦੇ ਵਿਕਾਸ ਨੂੰ ਮਾਨ ਸਰਕਾਰ ਦਾ ਧੰਨਵਾਦ ਕਰਦੇ ਹਾਂ। ਇਸ ਮੌਕੇ ਸਰਪੰਚ ਹਰਵਿੰਦਰ ਸਿੰਘ, ਜਸਪਾਲ ਸਿੰਘ ਮੈਂਬਰ, ਡਿੰਪਲ ਸਿੱਧੂ, ਪੰਚ ਰਣਜੀਤ ਸਿੰਘ, ਪੰਚ ਨਿਸ਼ਾਨ ਸਿੰਘ, ਸੰਤੋਖ ਸਿੰਘ, ਗੁਰਦੀਪ ਸਿੰਘ, ਧਰਮ ਸਿੰਘ, ਸਰਬਜੀਤ ਸਿੰਘ, ਹਲਕਾ ਯੂਥ ਪ੍ਰਧਾਨ ਗੁਰਬਿੰਦਰ ਸਿੰਘ ਕਾਦੀਆਂ, ਬਲਾਕ ਪ੍ਰਧਾਨ ਮਲਜਿੰਦਰ ਸਿੰਘ, ਬਲਾਕ ਪ੍ਰਧਾਨ ਹਰਦੀਪ ਸਿੰਘ, ਬਲਾਕ ਪ੍ਰਧਾਨ ਸ਼ਮਸ਼ੇਰ ਸਿੰਘ, ਬਲਾਕ ਪ੍ਰਧਾਨ ਰਘਬੀਰ ਸਿੰਘ, ਹਲਕਾ ਸੰਗਠਨ ਇੰਚਾਰਜ ਗਗਨਦੀਪ ਸਿੰਘ ਪੰਨੂੰ, ਗੁਰਦੇਵ ਅੰਜਲਾ ਆਦਿ ਹਾਜ਼ਰ ਰਹੇ।



# ਵਿਦਿਆਰਥੀਆਂ ਦੀ ਸੁਰੱਖਿਆ ਲਈ ਬਲਾਕ ਪੱਧਰੀ ਓਰੀਐਂਟੇਸ਼ਨ ਪ੍ਰੋਗਰਾਮ

ਗੁਰਦਾਸਪੁਰ, 19 ਮਾਰਚ (ਸੰਧੂ/ਬਸਰਾ): ਸਮੱਗਰ ਸਿੱਖਿਆ ਅਭਿਆਨ ਦੇ ਤਹਿਤ ਐਸ.ਐਮ. ਕਾਲਜ ਗੁਰਦਾਸਪੁਰ ਵਿੱਚ ਵਿਦਿਆਰਥੀਆਂ ਦੀ ਸੁਰੱਖਿਆ ਤੇ ਉਨ੍ਹਾਂ ਦੇ ਅਧਿਕਾਰਾਂ ਪ੍ਰਤੀ ਜਾਗਰੂਕਤਾ ਵਧਾਉਣ ਲਈ ਪ੍ਰਾਇਮਰੀ ਤੇ ਮਿਡਲ ਸਕੂਲਾਂ ਦੇ ਅਧਿਆਪਕਾਂ ਲਈ ਬਲਾਕ ਪੱਧਰੀ ਇੱਕ ਰੋਜ਼ਾ ਓਰੀਐਂਟੇਸ਼ਨ ਪ੍ਰੋਗਰਾਮ ਸ਼ਾਨਦਾਰ ਢੰਗ ਨਾਲ ਕਰਵਾਇਆ ਗਿਆ। ਇਸ ਮੌਕੇ ਵੱਖ-ਵੱਖ ਬਲਾਕਾਂ ਤੋਂ ਪਹੁੰਚੇ ਅਧਿਆਪਕਾਂ ਨੇ ਭਾਗ ਲੈ ਕੇ ਵਿਦਿਆਰਥੀ ਸੁਰੱਖਿਆ ਨਾਲ ਸਬੰਧਤ ਅਹਿਮ ਵਿਸ਼ਿਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਹਾਸਲ ਕੀਤੀ। ਇਸ ਪ੍ਰੋਗਰਾਮ ਵਿੱਚ ਸਹਾਇਕ ਕਮਿਸ਼ਨਰ (ਜਨਰਲ) ਕੁਲਦੀਪ ਚੰਦ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਆਪਣੇ ਸੰਬੋਧਨ ਵਿੱਚ ਉਨ੍ਹਾਂ ਨੇ ਕਿਹਾ ਕਿ ਵਿਦਿਆਰਥੀਆਂ ਦੀ ਸੁਰੱਖਿਆ ਸਿਰਫ਼ ਸਕੂਲ ਪ੍ਰਬੰਧਕਾਂ ਦੀ ਨਹੀਂ, ਸਗੋਂ ਪੂਰੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਨੇ ਅਧਿਆਪਕਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਬੱਚਿਆਂ ਲਈ ਸੁਰੱਖਿਅਤ ਤੇ ਭਰੋਸੇਯੋਗ ਮਾਹੌਲ ਤਿਆਰ ਕਰਨ ਵਿੱਚ ਅਗਵਾਈ ਭੂਮਿਕਾ ਨਿਭਾਉਣ ਤਾਂ ਜੋ ਹਰ ਵਿਦਿਆਰਥੀ ਨਿਡਰ ਹੋ ਕੇ ਸਿੱਖਿਆ ਪ੍ਰਾਪਤ ਕਰ ਸਕੇ। ਉਨ੍ਹਾਂ ਨੇ ਸਰਕਾਰ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਉਣ 'ਤੇ ਵੀ ਜ਼ੋਰ ਦਿੱਤਾ। ਇਹ ਪ੍ਰੋਗਰਾਮ ਜ਼ਿਲ੍ਹਾ ਸਿੱਖਿਆ ਅਧਿਕਾਰੀ ਸ੍ਰੀਮਤੀ ਪਰਮਜੀਤ ਕੌਰ ਦੀ ਦੇਖ-ਰੇਖ ਤੇ ਜ਼ਿਲ੍ਹਾ ਗਾਈਡੈਂਸ ਕਾਊਂਸਲਰ ਪਰਮਿੰਦਰ ਸਿੰਘ ਸੈਣੀ ਦੀ ਅਗਵਾਈ ਹੇਠ ਕਰਵਾਇਆ ਗਿਆ। ਮਾਸਟਰ ਟ੍ਰੇਨਰ ਮੁਕੇਸ਼ ਵਰਮਾ ਤੇ ਹਰੀਸ਼ ਬਾਵਾ ਵੱਲੋਂ ਅਧਿਆਪਕਾਂ ਨੂੰ ਵਿਸ਼ੇਸ਼ ਟ੍ਰੇਨਿੰਗ ਦਿੱਤੀ ਗਈ। ਇਸ ਮੌਕੇ ਕਾਲਜ ਪ੍ਰਿੰਸੀਪਲ ਆਰ.ਕੇ. ਤੁਲੀ, ਪ੍ਰੋ. ਪ੍ਰਮੋਦ ਗਰੋਵਰ, ਸੋਨੂੰ ਮੰਗੋਤਰਾ, ਸੁਸ਼ਮਾ ਅੱਤਰੀ, ਪ੍ਰੋ. ਸੁਬੀਰ ਰਗਬੋਤਰਾ ਸਮੇਤ ਵੱਖ-ਵੱਖ ਬਲਾਕਾਂ ਤੋਂ ਪਹੁੰਚੇ ਲੋਕ ਹਾਜ਼ਰ ਸਨ।



# ਅੰਮ੍ਰਿਤਸਰ ਸ਼ਹਿਰੀ ਬੀ.ਸੀ. ਵਿੰਗ ਦੇ ਜ਼ਿਲ੍ਹਾ ਪ੍ਰਧਾਨ ਬਣੇ ਪੰਡੋਰੀ



ਅੰਮ੍ਰਿਤਸਰ, 19 ਮਾਰਚ (ਬਬਲੂ ਮਹਾਜਨ)ਸ਼੍ਰੋਮਣੀ ਅਕਾਲੀ ਦਲ ਵੱਲੋਂ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਲਈ ਅਹਿਮ ਫੈਸਲਾ ਲੈਂਦੇ ਹੋਏ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਬੀ.ਸੀ. ਵਿੰਗ ਦੇ ਪ੍ਰਧਾਨ ਹੀਰਾ ਸਿੰਘ ਗਾਬੜੀਆ ਨੇ ਵਾਰਡ ਨੰਬਰ 43 ਤੋਂ ਕੌਂਸਲਰ ਸਰਦਾਰ ਇੰਦਰਜੀਤ ਸਿੰਘ ਪੰਡੋਰੀ ਨੂੰ ਅੰਮ੍ਰਿਤਸਰ ਸ਼ਹਿਰੀ ਬੀ.ਸੀ. ਵਿੰਗ ਦਾ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤਾ ਹੈ।ਇਸ ਨਿਯੁਕਤੀ ਨਾਲ ਪਾਰਟੀ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ ਅਤੇ ਇਸਨੂੰ ਅਕਾਲੀ ਦਲ ਵੱਲੋਂ ਨੀਵੀਂ ਪੱਧਰ ਤੱਕ ਸੰਗਠਨ ਨੂੰ ਮਜ਼ਬੂਤ ਕਰਨ ਦੀ ਕੋਸ਼ਿਸ਼ ਵਜੋਂ ਵੇਖਿਆ ਜਾ ਰਿਹਾ ਹੈ। ਨਵੀਂ ਜ਼ਿੰਮੇਵਾਰੀ ਸੰਭਾਲਣ ਉਪਰੰਤ ਸਰਦਾਰ ਇੰਦਰਜੀਤ ਸਿੰਘ ਪੰਡੋਰੀ ਨੇ ਪਾਰਟੀ ਹਾਈਕਮਾਂਡ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹਨਾਂ ਨੂੰ ਜੋ ਭਰੋਸਾ ਦਿੱਤਾ ਗਿਆ ਹੈ, ਉਹ ਉਸ 'ਤੇ ਖਰਾ ਉਤਰਨ ਦੀ ਪੂਰੀ ਕੋਸ਼ਿਸ਼ ਕਰਨਗੇ।ਉਨ੍ਹਾਂ ਖਾਸ ਤੌਰ 'ਤੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ, ਬੀ.ਸੀ. ਵਿੰਗ ਦੇ ਪ੍ਰਧਾਨ ਹੀਰਾ ਸਿੰਘ ਗਾਬੜੀਆ ਅਤੇ ਮਾਝੇ ਦੇ ਜਰਨੈਲ ਸਰਦਾਰ ਬਿਕਰਮ ਸਿੰਘ ਮਜੀਠੀਆ ਦਾ ਧੰਨਵਾਦ ਕੀਤਾ। ਪੰਡੋਰੀ ਨੇ ਕਿਹਾ ਕਿ ਉਹ ਤਨ-ਮਨ-ਧਨ ਨਾਲ ਪਾਰਟੀ ਦੀ ਸੇਵਾ ਕਰਦੇ ਹੋਏ ਅਕਾਲੀ ਦਲ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਕਮਰਕੱਸ ਹੋਣਗੇ।ਉਨ੍ਹਾਂ ਇਹ ਵੀ ਕਿਹਾ ਕਿ ਆਉਣ ਵਾਲੀਆਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਅਕਾਲੀ ਦਲ ਨੂੰ ਮੁੜ ਸੱਤਾ ਵਿੱਚ ਲਿਆਉਣਾ ਉਨ੍ਹਾਂ ਦਾ ਮੁੱਖ ਲੱਖਿਆ ਰਹੇਗਾ। ਪੰਡੋਰੀ ਨੇ ਕਿਹਾ ਕਿ ਵਰਕਰਾਂ ਦੀ ਮਿਹਨਤ ਅਤੇ ਲੋਕਾਂ ਦੇ ਸਹਿਯੋਗ ਨਾਲ ਪਾਰਟੀ ਨੂੰ ਫਿਰ ਤੋਂ ਮਜ਼ਬੂਤ ਕੀਤਾ ਜਾਵੇਗਾ।ਪਾਰਟੀ ਵਰਕਰਾਂ ਨੇ ਵੀ ਇਸ ਨਿਯੁਕਤੀ ਦਾ ਸਵਾਗਤ ਕਰਦੇ ਹੋਏ ਉਮੀਦ ਜਤਾਈ ਹੈ ਕਿ ਪੰਡੋਰੀ ਦੀ ਅਗਵਾਈ ਵਿੱਚ ਬੀ.ਸੀ. ਵਿੰਗ ਹੋਰ ਮਜ਼ਬੂਤ ਹੋਵੇਗਾ ਅਤੇ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਵੱਡਾ ਲਾਭ ਮਿਲੇਗਾ।

# ਸਰਕਾਰੀ ਕਾਲਜ ਤਲਵਾੜਾ ਵਿਖੇ ਵਿਰਾਸਤੀ ਕੁਇਜ਼ ਮੁਕਾਬਲਾ



ਤਲਵਾੜਾ, 19 ਮਾਰਚ (ਜਗਮੋਹਨ ਸ਼ਰਮਾ) :ਐਮ.ਆਰ.ਪੀ.ਡੀ. ਸਰਕਾਰੀ ਕਾਲਜ, ਤਲਵਾੜਾ ਵਿੱਚ ਪ੍ਰਿੰਸੀਪਲ ਡਾ. ਰਾਜੀਵ ਖੋਸਲਾ ਦੀ ਸੁਚੱਜੀ ਅਗਵਾਈ ਅਤੇ ਯੁਵਕ ਭਲਾਈ ਵਿਭਾਗ ਦੇ ਇੰਚਾਰਜ ਪ੍ਰੋ. ਦਲਵਿੰਦਰ ਪਾਲ ਸਿੰਘ ਦੀ ਦੇਖ-ਰੇਖ ਹੇਠ 'ਵਿਰਾਸਤੀ ਕੁਇਜ਼ ਮੁਕਾਬਲਾ' ਕਰਵਾਇਆ ਗਿਆ। ਪੰਜਾਬ ਦੇ ਅਮੀਰ ਵਿਰਸੇ, ਇਤਿਹਾਸ ਅਤੇ ਸੱਭਿਆਚਾਰ 'ਤੇ ਅਧਾਰਿਤ ਇਸ ਮੁਕਾਬਲੇ ਵਿੱਚ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ।ਮੁਕਾਬਲੇ ਦੌਰਾਨ ਪਾਇਲ ਅਤੇ ਸਿਮਰਨ ਦੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ। ਸਿਮਰਨਦੀਪ ਕੌਰ ਅਤੇ ਸੁਮਨਦੀਪ ਕੌਰ ਦੀ ਟੀਮ ਦੂਜੇ ਸਥਾਨ 'ਤੇ ਰਹੀ, ਜਦਕਿ ਸਲੋਨੀ ਅਤੇ ਨਿਤਿਕਾ ਦੀ ਟੀਮ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਯੁਵਕ ਭਲਾਈ ਵਿਭਾਗ ਵੱਲੋਂ ਜੇਤੂ ਵਿਦਿਆਰਥੀਆਂ ਨੂੰ ਮੈਡਲ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ ।ਇਸ ਮੌਕੇ ਵਿਦਿਆਰਥੀਆਂ ਨੂੰ ਆਪਣੇ ਮਾਣਮੱਤੇ ਪੰਜਾਬੀ ਵਿਰਸੇ ਨਾਲ ਡੂੰਘਾਈ ਵਿੱਚ ਜੋੜਨ ਦੇ ਮਕਸਦ ਨਾਲ ਇੱਕ ਵਿਸ਼ੇਸ਼ ਡਾਕੂਮੈਂਟਰੀ ਵੀਡੀਓ ਵੀ ਦਿਖਾਈ ਗਈ।ਸਮਾਗਮ ਦੌਰਾਨ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਪ੍ਰਿੰਸੀਪਲ ਡਾ. ਰਾਜੀਵ ਖੋਸਲਾ ਨੇ ਕਿਹਾ ਕਿ ਅਜੋਕੇ ਵਿਸ਼ਵੀਕਰਨ ਦੇ ਦੌਰ ਵਿੱਚ ਸਮੇਂ ਦੇ ਨਾਲ ਕਦਮ ਮਿਲਾਉਣਾ ਜਿੰਨਾ ਜ਼ਰੂਰੀ ਹੈ, ਉਸ ਤੋਂ ਵੀ ਵੱਧ ਮਹੱਤਵਪੂਰਨ ਆਪਣੀਆਂ ਜੜ੍ਹਾਂ ਨਾਲ ਜੁੜੇ ਰਹਿਣਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਾਡਾ ਸੱਭਿਆਚਾਰ ਅਤੇ ਵਿਰਾਸਤ ਹੀ ਸਾਡੀ ਅਸਲੀ ਪਛਾਣ ਹੈ ਅਤੇ ਇਸਨੂੰ ਕਦੇ ਵੀ ਨਹੀਂ ਭੁੱਲਣਾ ਚਾਹੀਦਾ। ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਕਾਲਜ ਵਿੱਚ ਭਵਿੱਖ ਵਿੱਚ ਵੀ ਅਜਿਹੇ ਸਾਰਥਕ ਪ੍ਰੋਗਰਾਮ ਕਰਵਾਏ ਜਾਂਦੇ ਰਹਿਣਗੇ।ਇਸ ਅਵਸਰ ਤੇ ਯੁਵਕ ਭਲਾਈ ਵਿਭਾਗ ਦੇ ਮੁਖੀ ਪ੍ਰੋ. ਦਲਵਿੰਦਰ ਪਾਲ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅੱਜ ਦੀ ਨੌਜਵਾਨ ਪੀੜ੍ਹੀ ਪੱਛਮੀ ਸੱਭਿਆਚਾਰ ਦੇ ਪ੍ਰਭਾਵ ਹੇਠ ਆਪਣੇ ਅਮੀਰ ਪੰਜਾਬੀ ਵਿਰਸੇ ਅਤੇ ਮਾਂ-ਬੋਲੀ ਤੋਂ ਦੂਰ ਹੁੰਦੀ ਜਾ ਰਹੀ ਹੈ। ਅਜਿਹੇ ਮੁਕਾਬਲੇ ਵਿਦਿਆਰਥੀਆਂ ਵਿੱਚ ਆਪਣੇ ਸੱਭਿਆਚਾਰ ਪ੍ਰਤੀ ਮਾਣ ਅਤੇ ਜਾਗਰੂਕਤਾ ਪੈਦਾ ਕਰਨ ਲਈ ਮਹੱਤਵਪੂਰਨ ਸਾਬਤ ਹੁੰਦੇ ਹਨ।ਪ੍ਰੋਗਰਾਮ ਦੇ ਅੰਤ ਵਿੱਚ ਉਨ੍ਹਾਂ ਨੇ ਪ੍ਰਿੰਸੀਪਲ ਸਾਹਿਬ, ਕਾਲਜ ਸਟਾਫ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ ਤੇ ਜੇਤੂ ਟੀਮਾਂ ਨੂੰ ਵਧਾਈ ਦਿੱਤੀ । ਇਸ ਮੌਕੇ ਸਮੂਹ ਕਾਲਜ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

# ਨਗਰ ਕੌਂਸਲ ਚੋਣਾਂ ਸਬੰਧੀ ਜ਼ਿਲ੍ਹਾ ਪ੍ਰਧਾਨ ਪਾਬਲਾ ਨੇ ਕੀਤੀ ਮੀਟਿੰਗ

ਟਾਂਡਾ ਉੜਮੁੜ 19 ਮਾਰਚ (ਅਰਜੁਨ ਜੈਨ) ਟਾਂਡਾ ਉੜਮੁੜ ਵਿਚ ਆਉਣ ਵਾਲੀਆਂ ਨਗਰ ਕੌਂਸਲ ਚੋਣਾਂ ਦੇ ਮੱਦੇਨਜ਼ਰ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਦਿਹਾਤੀ ਗੁਰਵਿੰਦਰ ਸਿੰਘ ਪਾਬਲਾ ਵਲੋਂ ਟਾਂਡਾ ਵਿਖੇ ਚੋਣ ਲੜਨ ਵਾਲੇ ਉਮੀਦਵਾਰਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ । ਇਸ ਮੌਕੇ ਮੀਟਿੰਗ ਦੌਰਾਨ ਨਗਰ ਕੌਂਸਲ ਟਾਂਡਾ ਵਿਖੇ ਚੋਣ ਲੜਨ ਵਾਲੇ ਉਮੀਦਵਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਬਹੁਤ ਜਲਦੀ ਨਗਰ ਕੌਂਸਲ ਚੋਣਾਂ ਦਾ ਐਲਾਨ ਹੋ ਜਾਵੇਗਾ ਤੇ ਆਪੋ ਆਪਣੇ ਵਾਰਡਾਂ ਵਿਚ ਪੰਜਾਬ ਸਰਕਾਰ ਵੱਲੋਂ ਕੀਤੇ ਲੋਕ ਹਿਤੈਸ਼ੀ ਕੰਮਾਂ ਸਬੰਧੀ ਲੋਕਾਂ ਨੂੰ ਜਾਗਰੂਕ ਕਰੋ । ਉਨ੍ਹਾਂ ਕਿਹਾ ਕਿ ਟਾਂਡਾ ਸ਼ਹਿਰ ਦੇ ਸਮੂਹ ਵਾਰਡਾਂ ਵਿਚ ਜਿਹੜੇ ਪਰਿਵਾਰਾਂ ਦੇ ਦਸ ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਵਾਲੇ ਮੁੱਖ ਮੰਤਰੀ ਸਿਹਤ ਯੋਜਨਾ ਵਾਲੇ ਕਾਰਡ ਨਹੀਂ ਬਣਾਏ ਉਨ੍ਹਾਂ ਦੇ ਸਿਹਤ ਯੋਜਨਾ ਕਾਰਡ ਪਹਿਲ ਦੇ ਆਧਾਰ ਤੇ ਬਣਾਉ ਕਿਉਂਕਿ 13 ਅਪ੍ਰੈਲ ਤੋਂ ਮੁੱਖ ਮੰਤਰੀ ਭਗਵੰਤ ਮਾਨ ਦੇ ਨਿਰਦੇਸ਼ਾਂ ਅਨੁਸਾਰ ਮਹਿਲਾਵਾਂ ਦੇ 1000/1500 ਵਾਲੇ ਕਾਰਡ ਬਣਨੇ ਸ਼ੁਰੂ ਹੋ ਜਾਣਗੇ।

# ਇੰਡੀਅਨ ਜਰਨਲਿਸਟਸ ਯੂਨੀਅਨ ਦੀ 11ਵੀਂ ਪਲੈਨਰੀ ਵਿਜੇਵਾੜਾ ਵਿੱਚ 28-29 ਮਾਰਚ ਨੂੰ



ਅੰਮ੍ਰਿਤਸਰ, 19 ਮਾਰਚ (ਬਬਲੂ ਮਹਾਜਨ ) ਇੰਡੀਅਨ ਜਰਨਲਿਸਟਸ ਯੂਨੀਅਨ (ਆਈ.ਜੇ.ਯੂ) ਦੀ 11ਵੀਂ ਪਲੈਨਰੀ 28-29 ਮਾਰਚ ਨੂੰ ਵਿਜੇਵਾੜਾ (ਅਮਰਾਵਤੀ) (ਆਂਧਰਾ ਪ੍ਰਦੇਸ਼) ਵਿੱਚ ਹੋਵੇਗੀ। ਆਈ.ਜੇ.ਯੂ ਪ੍ਰਧਾਨ ਕੇ. ਸ਼੍ਰੀਨਿਵਾਸ ਰੈੱਡੀ, ਸਕੱਤਰ ਜਨਰਲ ਬਲਵਿੰਦਰ ਸਿੰਘ ਜੰਮੂ ਅਤੇ ਸਕੱਤਰ ਡੀ. ਸੋਮ ਸੁੰਦਰ ਦੱਸਿਆ ਕਿ ਆਂਧਰਾ ਪ੍ਰਦੇਸ਼ ਦੇ ਮੁੱਖ ਮੰਤਰੀ ਐਨ. ਚੰਦਰਬਾਬੂ ਨਾਇਡੂ ਮੁੱਖ ਮਹਿਮਾਨ ਵਜੋਂ ਸ਼ਮੂਲੀਅਤ ਕਰਨਗੇ ਅਤੇ ਪਹਿਲੇ ਸੈਸ਼ਨ ਦਾ ਉਦਘਾਟਨ ਕਰਨਗੇ। ਉਨ੍ਹਾਂ ਦੱਸਿਆ ਕਿ ਕਈ ਕੇਂਦਰੀ ਮੰਤਰੀ ਅਤੇ ਆਂਧਰਾ ਪ੍ਰਦੇਸ਼ ਦੇ ਮੰਤਰੀ ਵੀ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਣਗੇ। ਆਂਧਰਾ ਪ੍ਰਦੇਸ਼ ਯੂਨੀਅਨ ਆਫ਼ ਵਰਕਿੰਗ ਜਰਨਲਿਸਟਸ 34 ਸਾਲ ਬਾਅਦ ਆਈ.ਜੇ.ਯੂ ਪਲੈਨਰੀ ਦੀ ਮੇਜ਼ਬਾਨੀ ਕਰ ਰਹੀ ਹੈ। ਸੂਬਾਈ ਚੇਅਰਮੈਨ ਬਲਬੀਰ ਸਿੰਘ ਜੰਡੂ, ਪ੍ਰਧਾਨ ਜੈ ਸਿੰਘ ਛਿੱਬਰ, ਮੀਤ ਪ੍ਰਧਾਨ ਰਾਜਨ ਮਾਨ, ਸਕੱਤਰ ਜਨਰਲ ਸੰਤੋਖ ਗਿੱਲ, ਬਿੰਦੂ ਸਿੰਘ, ਭੂਸ਼ਨ ਸੂਦ, ਦਵਿੰਦਰ ਸਿੰਘ ਭੰਗੂ, ਸੁਖਨੈਬ ਸਿੰਘ ਸਿੱਧੂ ਅਤੇ ਹਰਜੀਤ ਸਿੰਘ ਕਪੂਰਥਲਾ ਪੰਜਾਬ ਦੀ ਨੁਮਾਇੰਦਗੀ ਕਰਨਗੇ।ਪੰਜਾਬ ਅਤੇ ਚੰਡੀਗੜ੍ਹ ਜਰਨਲਿਸਟਸ ਯੂਨੀਅਨ ਦੇ ਸੂਬਾਈ ਮੀਤ ਪ੍ਰਧਾਨ ਰਾਜਨ ਮਾਨ ਤੇ ਸਕੱਤਰ ਜਨਰਲ ਸੰਤੋਖ ਗਿੱਲ ਨੇ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਇਸ ਤੋਂ ਪਹਿਲਾਂ 1992 ਵਿੱਚ ਵਿਜੇਵਾੜਾ ਵਿੱਚ ਦੂਜੀ ਆਈ.ਜੇ.ਯੂ ਪਲੈਨਰੀ ਹੋਈ ਸੀ। 25 ਰਾਜਾਂ ਦੀਆਂ ਐਫੀਲੀਏਟਿਡ ਯੂਨੀਅਨਾਂ ਦੇ ਚੁਣੇ ਹੋਏ ਨੁਮਾਇੰਦੇ, ਸੂਬਾਈ ਪ੍ਰਧਾਨ ਅਤੇ ਜਨਰਲ ਸਕੱਤਰ ਇਸ ਪਲੈਨਰੀ ਵਿੱਚ ਭਾਗ ਲੈਣਗੇ। ਪਲੈਨਰੀ ਵਿੱਚ ਪੇਸ਼ੇਵਾਰ ਮੁੱਦਿਆਂ, ਭਾਰਤ ਵਿੱਚ ਮੀਡੀਆ ਦੀ ਮੌਜੂਦਾ ਸਥਿਤੀ, ਮੀਡੀਆ ਦੀ ਅਜ਼ਾਦੀ ਉਪਰ ਹਾਲੀਆ ਖ਼ਤਰਿਆਂ ਤੋਂ ਇਲਾਵਾ ਅਤੇ ਜਥੇਬੰਦਕ ਮਾਮਲਿਆਂ ਤੇ ਵੀ ਚਰਚਾ ਹੋਵੇਗੀ।

# ਗੈਸ ਪਾਈਪਲਾਈਨ ਅਤੇ ਵਪਾਰ ਖੋਲ੍ਹਣ ਨਾਲ ਮਾਝਾ ਦੀ ਤਸਵੀਰ ਬਦਲੇਗੀ : ਮਾਨ

ਅੰਮ੍ਰਿਤਸਰ, 19 ਮਾਰਚ (ਬਬਲੂ ਮਹਾਜਨ)ਪੰਜਾਬ ਦੇ ਬਾਰਡਰ ਇਲਾਕਿਆਂ ਨੂੰ ਜੰਗ ਅਤੇ ਤਣਾਅ ਦੇ ਮੈਦਾਨ ਤੋਂ ਕੱਢ ਕੇ ਆਰਥਿਕ ਤਰੱਕੀ ਦੇ ਕੇਂਦਰ ਵਿੱਚ ਬਦਲਣ ਦੀ ਖਿੱਚ ਕਰਦੇ ਹੋਏ, ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਵੱਲੋਂ ਅੱਜ ਇੱਕ ਮਹੱਤਵਪੂਰਨ ਪ੍ਰੈਸ ਕਾਨਫਰੰਸ ਕੀਤੀ ਗਈ। ਇਸ ਮੌਕੇ ਉਨ੍ਹਾਂ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਪੰਜਾਬ ਦੇ ਮਾਝਾ ਖੇਤਰ—ਖ਼ਾਸ ਕਰਕੇ ਤਰਨ ਤਾਰਨ, ਅੰਮ੍ਰਿਤਸਰ ਅਤੇ ਗੁਰਦਾਸਪੁਰ—ਨੂੰ ਸਿਰਫ਼ ਬਾਰਡਰ ਸੁਰੱਖਿਆ ਦੇ ਨਜ਼ਰੀਏ ਨਾਲ ਨਹੀਂ, ਸਗੋਂ ਦੇਸ਼ ਦੀ ਆਰਥਿਕ ਰੀੜ੍ਹ ਦੀ ਹੱਡੀ ਵਜੋਂ ਤਿਆਰ ਕਰਨ ਦੀ ਲੋੜ ਹੈ।ਉਨ੍ਹਾਂ ਨੇ ਕਿਹਾ ਕਿ ਇਤਿਹਾਸ ਗਵਾਹ ਹੈ ਕਿ ਇਹ ਬਾਰਡਰ ਜ਼ਿਲ੍ਹੇ 1965 ਅਤੇ 1971 ਦੀਆਂ ਲੜਾਈਆਂ ਤੋਂ ਲੈ ਕੇ ਅੱਜ ਤੱਕ ਹਮੇਸ਼ਾਂ ਤਣਾਅ ਦੇ ਕੇਂਦਰ ਰਹੇ ਹਨ, ਜਿਸਦਾ ਸਭ ਤੋਂ ਵੱਡਾ ਨੁਕਸਾਨ ਇੱਥੋਂ ਦੇ ਆਮ ਲੋਕਾਂ ਨੂੰ ਝੱਲਣਾ ਪਿਆ ਹੈ। ਪਰ ਇਹੀ ਭੂਗੋਲ ਹੁਣ ਇੱਕ ਵੱਡੇ ਮੌਕੇ ਵਿੱਚ ਬਦਲ ਸਕਦਾ ਹੈ, ਜੇ ਸਰਕਾਰ ਆਪਣੀ ਨੀਤੀ ਨੂੰ ਸੁਰੱਖਿਆ ਕੇਂਦਰਤ ਸੋਚ ਤੋਂ ਆਰਥਿਕ ਵਿਕਾਸ ਵੱਲ ਮੋੜੇ।ਸਿਮਰਨਜੀਤ ਸਿੰਘ ਮਾਨ ਨੇ "1♦9 ਗੈਸ ਪਾਈਪਲਾਈਨ ਪ੍ਰੋਜੈਕਟ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਇਸਦੀ ਸਾਲਾਨਾ ਸਮਰੱਥਾ ਕਰੀਬ 33 ਬਿਲੀਅਨ ਕਿਊਬਿਕ ਮੀਟਰ ਹੈ, ਜਿਸ ਵਿੱਚੋਂ ਭਾਰਤ ਨੂੰ ਵੱਡਾ ਹਿੱਸਾ ਮਿਲ ਸਕਦਾ ਹੈ। ਉਨ੍ਹਾਂ ਦੇ ਮੁਤਾਬਕ, ਜੇ ਇਹ ਗੈਸ ਸਿਰਫ਼ ਹੋਰ ਸੂਬਿਆਂ ਵੱਲ ਮੋੜ ਦਿੱਤੀ ਗਈ ਅਤੇ ਮਾਝਾ ਨੂੰ ਨਜ਼ਰਅੰਦਾਜ਼ ਕੀਤਾ ਗਿਆ, ਤਾਂ ਇਹ ਖੇਤਰ ਹਮੇਸ਼ਾਂ ਦੀ ਤਰ੍ਹਾਂ ਪਿੱਛੇ ਹੀ ਰਹੇਗਾ। ਪਰ ਜੇ ਇਸ ਗੈਸ ਦਾ ਸਿੱਧਾ ਲਾਭ ਤਰਨ ਤਾਰਨ, ਅੰਮ੍ਰਿਤਸਰ ਅਤੇ ਗੁਰਦਾਸਪੁਰ ਨੂੰ ਦਿੱਤਾ ਗਿਆ, ਤਾਂ ਇਹ ਇਲਾਕਾ ਉਦਯੋਗਿਕ ਤੌਰ 'ਤੇ ਕ੍ਰਾਂਤੀਕਾਰੀ ਬਦਲਾਅ ਵੇਖ ਸਕਦਾ ਹੈ।ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਵੱਡੇ ਬੁਨਿਆਦੀ ਢਾਂਚੇ—ਜਿਵੇਂ ਕਿ ਪਾਈਪਲਾਈਨ, ਰੇਲਵੇ ਅਤੇ ਲਾਜਿਸਟਿਕ ਨੈੱਟਵਰਕ—ਜਿੱਥੇ ਜਾਂਦੇ ਹਨ, ਉੱਥੇ ਉਦਯੋਗ ਖੜ੍ਹਦੇ ਹਨ, ਰੋਜ਼ਗਾਰ ਪੈਦਾ ਹੁੰਦਾ ਹੈ ਅਤੇ ਸ਼ਹਿਰ ਵਿਕਸਤ ਹੁੰਦੇ ਹਨ। ਇਸ ਲਈ ਇਹ ਬਹੁਤ ਜ਼ਰੂਰੀ ਹੈ ਕਿ ਫਾਜ਼ਿਲਕਾ ਤੋਂ ਆਉਣ ਵਾਲੀ ਗੈਸ ਲਾਈਨ ਨੂੰ ਤਰਨ ਤਾਰਨ, ਅੰਮ੍ਰਿਤਸਰ, ਗੁਰਦਾਸਪੁਰ ਅਤੇ ਪਠਾਨਕੋਟ ਤੱਕ ਲਿਆਂਦਾ ਜਾਵੇ ਅਤੇ ਇੱਥੇ ਗੈਸ ਹੱਬ ਸਥਾਪਿਤ ਕੀਤੇ ਜਾਣ।

# ਦੋ ਸਾਬਕਾ ਚੇਅਰਮੈਨ ਅਕਾਲੀ ਦਲ ਵਾਰਿਸ ਪੰਜਾਬ ਵਿੱਚ ਹੋਏ ਸ਼ਾਮਿਲ



ਅੰਮ੍ਰਿਤਸਰ 19 ਮਾਰਚ (ਬਬਲੂ ਮਹਾਜਨ) ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਇਕ ਮਹੱਤਵਪੂਰਨ ਪ੍ਰੈਸ ਕਾਨਫਰੰਸ ਕੀਤੀ ਗਈ। ਇਸ ਮੌਕੇ 'ਤੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਦੇ ਪੰਜਾਬ ਸਰਕਾਰ ਦੇ ਦੋ ਵਿਭਾਗਾਂ ਪੰਜਾਬ ਸਿਹਤ ਵਿਭਾਗ, ਪੰਜਾਬ ਜੰਗਲਾਤ ਵਿਭਾਗ ਦੇ ਸਾਬਕਾ ਚੇਅਰਮੈਨ ਅਤੇ ਉੱਘੇ ਸਮਾਜ ਸੇਵੀ ਸੱਚ ਦਾ ਸਾਥ ਸੰਸਥਾ ਦੇ ਪੰਜਾਬ ਪ੍ਰਧਾਨ ਸ੍ਰ ਗੁਰਦੇਵ ਸਿੰਘ ਸੰਧੂ ਨੇ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਿਲ ਹੋਣ ਦਾ ਐਲਾਨ ਕੀਤਾ। ਇਸ ਦੌਰਾਨ ਗੱਲਬਾਤ ਕਰਦੇ ਹੋਏ ਸ੍ਰ ਗੁਰਦੇਵ ਸਿੰਘ ਸੰਧੂ ਨੇ ਕਿਹਾ ਕਿ ਉਹ ਆਮ ਆਦਮੀ ਪਾਰਟੀ ਦੀਆਂ ਪੰਥ ਅਤੇ ਪੰਜਾਬ ਵਿਰੋਧੀ ਨੀਤੀਆਂ ਤੋਂ ਬਹੁਤ ਤੰਗ ਆ ਚੁੱਕੇ ਸਨ। ਉਨ੍ਹਾਂ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦਾ ਮਸਲਾ ਚਰਮ ਸੀਮਾ 'ਤੇ ਪਹੁੰਚ ਚੁੱਕਾ ਹੈ, ਪਰ ਸਰਕਾਰ ਇਸਨੂੰ ਰੋਕਣ ਵਿੱਚ ਪੂਰੀ ਤਰ੍ਹਾਂ ਅਸਫ਼ਲ ਰਹੀ ਹੈ। ਇਸਦੇ ਨਾਲ ਹੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਹੋਈਆਂ ਬੇਅਦਬੀਆਂ ਦੇ ਮਾਮਲੇ ਵਿੱਚ ਕੀਤੇ ਵਾਅਦੇ ਮੁਤਾਬਿਕ ਸਰਕਾਰ ਦੇ ਚਾਰ ਸਾਲ ਬੀਤ ਜਾਣ ਦੇ ਬਾਵਜੂਦ ਦੋਸ਼ੀਆਂ ਨੂੰ ਗ੍ਰਿਫਤਾਰ ਨਹੀਂ ਕੀਤਾ ਗਿਆ, ਜੋ ਕਿ ਬਹੁਤ ਹੀ ਦੁੱਖਦਾਈ ਅਤੇ ਨਿੰਦਣਯੋਗ ਹੈ। ਉਨ੍ਹਾਂ ਅੱਗੇ ਕਿਹਾ ਕਿ ਪੰਥ ਅਤੇ ਪੰਜਾਬ ਨਾਲ ਜੁੜੇ ਮੁੱਦਿਆਂ ਨੂੰ ਲੈ ਕੇ ਵੱਖ-ਵੱਖ ਥਾਵਾਂ 'ਤੇ ਹੋ ਰਹੇ ਰੋਸ ਪ੍ਰਦਰਸ਼ਨਾਂ ਅਤੇ ਧਰਨਿਆਂ ਨੂੰ ਸਰਕਾਰ ਵੱਲੋਂ ਪੂਰੀ ਤਰ੍ਹਾਂ ਨਜ਼ਰਅੰਦਾਜ ਕੀਤਾ ਜਾ ਰਿਹਾ ਹੈ, ਜਦਕਿ ਸਾਰੀ ਤਵੱਜੋਂ ਦਿੱਲੀ ਦੇ ਆਕਾਵਾਂ ਨੂੰ ਖੁਸ਼ ਕਰਨ 'ਤੇ ਕੇਂਦਰਿਤ ਕੀਤੀ ਜਾ ਰਹੀ ਹੈ। ਇਸਦੇ ਇਲਾਵਾ ਸਿੱਖ ਨੌਜਵਾਨਾਂ ਪ੍ਰਤੀ ਭਗਵੰਤ ਮਾਨ ਸਰਕਾਰ ਦਾ ਮਾਰੂ ਰਵੱਈਆ ਵੀ ਗੰਭੀਰ ਚਿੰਤਾ ਦਾ ਵਿਸ਼ਾ ਹੈ। ਖ਼ਾਸ ਕਰਕੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਲੰਬੇ ਸਮੇਂ ਤੋਂ ਨਾਜਾਇਜ਼ ਤੌਰ 'ਤੇ ਨਜ਼ਰਬੰਦ ਰੱਖਣ ਦੇ ਮਾਮਲੇ ਨੇ ਉਨ੍ਹਾਂ ਨੂੰ ਅੰਦਰੋਂ ਝੰਝੋੜ ਕੇ ਰੱਖ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਸ ਸਾਰੇ ਮਾਹੌਲ ਵਿੱਚ ਉਹ ਬਹੁਤ ਹੀ ਘੁਟਨ ਮਹਿਸੂਸ ਕਰ ਰਹੇ ਸਨ, ਜਿਸ ਕਾਰਨ ਉਨ੍ਹਾਂ ਨੇ ਭਰੇ ਹੋਏ ਮਨ ਨਾਲ ਆਮ ਆਦਮੀ ਪਾਰਟੀ ਨੂੰ ਅਲਵਿਦਾ ਕਹਿ ਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਪੱਲਾ ਫੜਿਆ ਹੈ। ਉਨ੍ਹਾਂ ਨੇ ਇਹ ਵੀ ਕਿਹਾ ਕਿ ਉਹ ਹੁਣ ਪੰਥ ਅਤੇ ਪੰਜਾਬ ਦੀ ਭਲਾਈ ਲਈ ਪੂਰੀ ਨਿਸ਼ਠਾ ਨਾਲ ਕੰਮ ਕਰਨਗੇ। ਇਸ ਮੌਕੇ ਬਾਪੂ ਤਰਸੇਮ ਸਿੰਘ ਜੀ ਨੇ ਸ੍ਰ ਗੁਰਦੇਵ ਸਿੰਘ ਸੰਧੂ ਦਾ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਤਹਿ ਦਿਲੋਂ ਸਵਾਗਤ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਸ਼ਾਮਿਲ ਹੋਣ ਨਾਲ ਪਾਰਟੀ ਨੂੰ ਵੱਡੀ ਮਜ਼ਬੂਤੀ ਮਿਲੇਗੀ ਅਤੇ ਪੰਥਕ ਸੰਘਰਸ਼ ਨੂੰ ਹੋਰ ਤਾਕਤ ਵੀ ਮਿਲੇਗੀ। f

# ਵਾਰਡਬੰਦੀ ਨੂੰ ਲੈ ਕੇ ਸੱਚ ਦੀ ਜਿੱਤ ਹੋਈ : ਬਾਂਸਲ

ਮੋਗਾ, 19 ਮਾਰਚ ( ਨਿਸ਼ੀ ਮਨਚੰਦਾ) ਮੋਗਾ ਵਿੱਚ ਵਾਰਡ ਬੰਦੀ ਨੂੰ ਲੈ ਕੇ ਸੱਚ ਦੀ ਜਿੱਤ ਹੋਈ, ਇਹ ਗੱਲਾਂ ਦਾ ਪ੍ਰਗਟਾਵਾ ਵਿਨੋਦ ਬਾਂਸਲ ਐਕਸ ਇੰਪਰੂਵਮੈਂਟ ਟਰਸਟ ਦੇ ਚੇਅਰਮੈਨ ਨੇ ਕੀਤਾ, ਉਹਨਾਂ ਦਾ ਕਹਿਣਾ ਹੈ,ਕਿ ਸੱਤਾਧਾਰੀ ਧਿਰ ਵੱਲੋਂ ਵਾਰਡਬੰਦੀ ਨੂੰ ਲੈ ਕੇ ਕਈ ਤਰ੍ਹਾਂ ਦੀ ਉਲਟ ਪੁਲਟ ਕੀਤੀ ਗਈ ਸੀ, ਜਿਸ ਨੂੰ ਲੈ ਕੇ ਕਾਂਗਰਸ ਵੱਲੋਂ ਅਤੇ ਕੁਝ ਅਕਾਲੀ ਦਲ ਦੇ ਐਮਸੀ ਵੱਲੋਂ ਹਾਈ ਕੋਰਟ ਦਾ ਦਰਵਾਜ਼ਾ ਖੜਕਾਇਆ ਗਿਆ ਸੀ, ਪਰ ਹਾਈਕੋਰਟ ਦੇ ਇਸ ਫੈਸਲੇ ਵੱਲੋਂ ਕਾਂਗਰਸ ਵੱਲੋਂ ਅਤੇ ਅਕਾਲੀ ਦਲ ਵਿੱਚ ਖੁਸ਼ੀ ਦੀ ਲਹਿਰ ਹੈ ਕਿ ਸੱਤਾਧਾਰੀ ਧਿਰ ਵੱਲੋਂ ਵਾਰਡਬੰਦੀ ਨੂੰ ਲੈ ਕੇ ਧੱਕਾ ਕਰਨਾ ਸੀ ਇਸ ਲਈ ਅਸੀਂ ਹਾਈਕੋਰਟ ਦਾ ਦਰਵਾਜ਼ਾ ਖੜਕਾਇਆ, ਅਤੇ ਉਹਨਾਂ ਨੂੰ ਵਿਸ਼ਵਾਸ ਸੀ ਕਿ ਹਾਈ ਕੋਰਟ ਸੱਚ ਦੇ ਫੈਸਲਾ ਦੇਵੇਗੀ ਅਤੇ ਹਾਈਕੋਰਟ ਨੇ ਵੀ ਸੱਚ ਉੱਤੇ ਫੈਸਲਾ ਦਿੱਤਾ , ਵਿਨੋਦ ਬਾਂਸਲ ਨੇ ਕਿਹਾ ਕਿ ਨਗਰ ਨਿਗਮ ਵਿੱਚ ਕਾਂਗਰਸ ਪਾਰਟੀ ਦੀ ਇਹ ਪਹਿਲੀ ਜਿੱਤ ਹੈ, ਅਤੇ ਆਉਣ ਵਾਲੀਆਂ ਚੋਣਾਂ ਵਿੱਚ ਵੀ ਕਾਂਗਰਸ ਪਾਰਟੀ ਦੀ ਜਿੱਤ ਹੋਵੇਗੀ, ਅਤੇ ਇਹ ਕਾਂਗਰਸ ਪਾਰਟੀ ਦੀ ਜਿੱਤ ਸਕੇਤ ਦਿੰਦੀ ਹੈ ਕਿ ਆਉਣ ਵਾਲੀ ਸਰਕਾਰ ਕਾਂਗਰਸ ਦੀ ਹੋਵੇਗੀ, ਕਿਉਂਕਿ ਆਪ ਸਰਕਾਰ ਤੋਂ ਲੋਕ ਤੰਗ ਆ ਚੁੱਕੇ ਹਨ, ਅਤੇ ਲੋਕਾਂ ਦਾ ਆਪ ਸਰਕਾਰ ਤੋਂ ਵਿਸ਼ਵਾਸ ਟੁੱਟ ਚੁੱਕਿਆ ਹੈ, ਅਤੇ ਵੋਟਾਂ ਟਾਈਮ ਤੇ ਲੋਕ ਇਹਨਾਂ ਨੂੰ ਜਵਾਬ ਦੇਣਗੇ।

# ਮਠਾੜੂ ਨੇ ਪੰਜਵੀਂ ਵਾਰ ਬਣੇ ਸ਼੍ਰੋਮਣੀ ਅਕਾਲੀ ਦਲ ਬੀ.ਸੀ ਵਿੰਗ ਦੇ ਜ਼ਿਲਾ ਪ੍ਰਧਾਨ



ਫਤਿਹਗੜ੍ਹ ਸਾਹਿਬ, 19 ਮਾਰਚ (ਹਰਪ੍ਰੀਤ ਕੌਰ ਟਿਵਾਣਾ) ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪਾਰਟੀ ਦੇ ਬੀ.ਸੀ. ਵਿੰਗ ਦੇ ਪ੍ਰਧਾਨ ਜਥੇਦਾਰ ਹੀਰਾ ਸਿੰਘ ਗਾਬੜੀਆ ਨਾਲ ਸਲਾਹ ਮਸ਼ਵਰਾ ਕਰਨ ਉਪਰੰਤ ਵਿੰਗ ਦੇ ਜਥੇਬੰਦਕ ਢਾਂਚੇ ਦਾ ਐਲਾਨ ਮਲਕੀਤ ਸਿੰਘ ਮਠਾੜੂ ਨੂੰ ਫਤਿਹਗੜ੍ਹ ਸਾਹਿਬ (ਦਿਹਾਤੀ) ਦਾ ਪ੍ਰਧਾਨ ਨਿਯੁਕਤ ਕੀਤਾ ਹੈ। ਜ਼ਿਕਰ ਯੋਗ ਹੈ ਕਿ ਮਲਕੀਤ ਸਿੰਘ ਮਠਾੜੂ ਪੰਜਵੀਂ ਵਾਰ ਬੀਸੀ ਬਿੰਗ ਸ਼੍ਰੋਮਣੀ ਅਕਾਲੀ ਦਲ ਜ਼ਿਲਾ ਫਤਿਹਗੜ੍ਹ ਸਾਹਿਬ ਦੇ ਪ੍ਰਧਾਨ ਬਣੇ ਹਨ। ਇਸ ਮੌਕੇ ਤੇ ਨਵੇਂ ਨਿਯੁਕਤ ਹੋਏ ਜ਼ਿਲਾ ਪ੍ਰਧਾਨ ਮਲਕੀਤ ਸਿੰਘ ਮਠਾੜੂ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ, ਬੀਸੀ ਵਿੰਗ ਦੇ ਪ੍ਰਧਾਨ ਜਥੇਦਾਰ ਹੀਰਾ ਸਿੰਘ ਗਾਬੜੀਆ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਬੱਸੀ ਪਠਾਣਾ ਦੇ ਇੰਚਾਰਜ ਦਰਬਾਰਾ ਸਿੰਘ ਗੁਰੂ ਅਤੇ ਸਮੁੱਚੀ ਅਕਾਲੀ ਲੀਡਰਸ਼ਿਪ ਦਾ ਧੰਨਵਾਦ ਕੀਤਾ


## ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ 3)
ਜ਼ਮੀਨੀ ਤਲ, ਐਸਸੀਓ 33-34-35, ਸੈਕਟਰ 17-ਏ, ਚੰਡੀਗੜ੍ਹ-160017

ਮਾਮਲਾ ਨੰਬਰ : ਓਏ/2986/2019
ਕਰਜ਼ ਵਸੂਲੀ ਟ੍ਰਿਬਿਊਨਲ (ਪ੍ਰਕਿਰਿਆ) ਨਿਯਮਾਵਲੀ, 1993 ਦੇ ਨਿਯਮ 5 ਦੇ ਉਪ-ਨਿਯਮ (2ਏ) ਨਾਲ ਪੜ੍ਹੇ ਜਾਣ ਵਾਲੇ ਕਾਨੂੰਨ ਦੀ ਧਾਰਾ 19 ਦੀ ਉਪ-ਧਾਰਾ (4) ਦੇ ਅਧੀਨ ਸੰਮਨ
ਈਐਕਸਐਚ ਨੰ. : 28877

ਸਟੇਟ ਬੈਂਕ ਆਫ ਇੰਡੀਆ
ਬਨਾਮ
ਸੋਹਨ ਸਿੰਘ ਅਤੇ ਹੋਰ

ਵੱਲ,
(1) **ਸੋਹਣ ਸਿੰਘ ਸਪੁੱਤਰ ਸ੍ਰੀ ਕਰਤਾਰ ਸਿੰਘ** ਵਾਸੀ ਪਿੰਡ ਖੇੜਾ ਦੋਨਾ ਤਹਿਸੀਲ ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ, ਪੰਜਾਬ
(2) **ਇੰਦਰ ਸਿੰਘ ਸਪੁੱਤਰ ਧਰਮ ਸਿੰਘ**, ਵਾਸੀ ਪਿੰਡ ਖੇੜਾ ਦੋਨਾ ਤਹਿਸੀਲ ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ ਪੰਜਾਬ

ਸੰਮਨ
**ਜਿਥੇ ਕਿ, ਓ.ਏ./2986/2019, 06.01.2026 ਨੂੰ ਮਾਨਯੋਗ ਪ੍ਰਧਾਨਗੀ ਅਧਿਕਾਰੀ/ਰਜਿਸਟਰਾਰ ਕੋਲ ਸੂਚੀਬੱਧ ਸੀ।**
ਜਿਥੇ ਕਿ, ਇਸ ਮਾਨਯੋਗ ਟ੍ਰਿਬਿਊਨਲ ਵੱਲੋਂ **ਰੁ. 48,92,448/-** ਦੇ ਕਰਜ਼ਿਆਂ ਦੀ ਵਸੂਲੀ ਲਈ ਤੁਹਾਡੇ ਖਿਲਾਫ ਦਾਇਰ (ਓ.ਏ.) **ਕਾਨੂੰਨ ਦੀ ਧਾਰਾ 19 (4)** ਦੇ ਅਧੀਨ ਦਰਸਾਈ ਅਰਜ਼ੀ 'ਤੇ ਸੰਮਨ/ਸੂਚਨਾ ਜਾਰੀ ਕੀਤੀ ਜਾ ਰਹੀ ਹੈ।
ਕਾਨੂੰਨ ਦੀ ਧਾਰਾ 19 ਦੀ ਉਪ-ਧਾਰਾ (4) ਦੀ ਨਿਰੰਤਰਤਾ ਵਿਚ ਤੁਹਾਨੂੰ, ਡਿਫੈਂਡੈਂਟਸ ਨੂੰ ਨਿਮਨ ਅਨੁਸਾਰ ਨਿਰਦੇਸ਼ ਦਿੱਤਾ ਜਾਂਦਾ ਹੈ :-
(1) ਸੰਮਨ ਦੀ ਤਾਮੀਲ ਤੋਂ ਤੀਹ ਦਿਨਾਂ ਦੇ ਅੰਦਰ ਕਾਰਨ ਦੱਸਣਾ ਕਿ ਬਿਨੈ ਕੀਤੀ ਰਾਹਤ ਕਿਉਂ ਪ੍ਰਵਾਨ ਨਾ ਕੀਤੀ ਜਾਵੇ;
(2) ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਅਧੀਨ ਬਿਨੈਕਾਰ ਵੱਲੋਂ ਦਰਸਾਈਆਂ ਸੰਪੱਤੀਆਂ ਅਤੇ ਅਸਾਸਿਆਂ ਨਾਲੋਂ ਹੋਰ ਸੰਪੱਤੀਆਂ ਜਾਂ ਅਸਾਸਿਆਂ ਦੇ ਵੇਰਵਿਆਂ ਦਾ ਖੁਲਾਸਾ ਕਰਨਾ;
(3) ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਅਧੀਨ ਖੁਲਾਸਾ ਕੀਤੀਆਂ, ਲੰਬਿਤ ਸੁਣਵਾਈ ਵਾਲੀਆਂ ਸੁਰੱਖਿਅਤ ਸੰਪੱਤੀਆਂ ਜਾਂ ਅਜਿਹੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਸੌਦੇਬਾਜ਼ੀ ਜਾਂ ਨਿਪਟਾਰਾ ਕਰਨ ਅਤੇ ਸੰਪੱਤੀਆਂ ਨੂੰ ਜੋੜਨ ਲਈ ਅਰਜ਼ੀ ਦਾ ਨਿਪਟਾਰਾ ਕਰਨ ਤੋਂ ਰੋਕ ਲਗਾਈ ਜਾਂਦੀ ਹੈ;
(4) ਤੁਸੀਂ ਟ੍ਰਿਬਿਊਨਲ ਦੀ ਅਗਾਊਂ ਪ੍ਰਵਾਨਗੀ ਤੋਂ ਬਿਨਾਂ ਮੂਲ ਅਰਜ਼ੀ ਦੇ ਲੜੀ ਨੰ. 3ਏ ਦੇ ਤਹਿਤ ਦਰਸਾਏ ਜਾਂ ਨਿਪਟਾਰਾ ਕੀਤੇ ਹੋਰ ਅਸਾਸਿਆਂ ਅਤੇ ਸੰਪੱਤੀਆਂ ਅਤੇ/ਜਾਂ ਅਸਾਸੇ ਜਿਨ੍ਹਾਂ ਉਪਰ ਸੁਰੱਖਿਆ ਵਿਆਜ ਦਾ ਨਿਰਮਾਣ ਕੀਤਾ ਗਿਆ ਹੈ, ਵਿਚੋਂ ਕਿਸੇ ਦਾ ਵੀ ਵਪਾਰ ਦੇ ਸਧਾਰਨ ਢੰਗ ਤੋਂ ਬਿਨਾਂ ਵਿਕਰੀ, ਲੀਜ਼ ਜਾਂ ਕਿਸੇ ਹੋਰ ਮਾਧਿਅਮ ਦੁਆਰਾ ਤਬਾਦਲਾ ਨਹੀਂ ਕਰੋਗੇ।
(5) ਤੁਸੀਂ ਵਪਾਰ ਦੇ ਸਧਾਰਨ ਢੰਗ ਵਿਚ ਸੁਰੱਖਿਅਤ ਅਸਾਸਿਆਂ ਜਾਂ ਹੋਰ ਅਸਾਸਿਆਂ ਅਤੇ ਸੰਪੱਤੀਆਂ ਦੀ ਵਿਕਰੀ ਦੁਆਰਾ ਪ੍ਰਾਪਤ ਵਿਕਰੀ ਵਸੂਲੀ ਦੇ ਲਈ ਲੇਖਾ ਰੱਖਣ ਲਈ ਜੁਆਬਦੇਹ ਹੋ ਅਤੇ ਅਜਿਹੀ ਵਿਕਰੀ ਵਸੂਲੀ ਨੂੰ ਬੈਂਕ ਜਾਂ ਅਜਿਹੇ ਅਸਾਸਿਆਂ ਉਪਰ ਸੁਰੱਖਿਆ ਵਿਆਜ ਦੀਆਂ ਧਾਰਕ ਵਿੱਤੀ ਸੰਸਥਾਵਾਂ ਕੋਲ ਰੱਖੇ ਖਾਤੇ ਵਿਚ ਜਮ੍ਹਾਂ ਕਰਵਾਓਗੇ।
ਤੁਹਾਨੂੰ ਇਹ ਵੀ ਨਿਰਦੇਸ਼ ਦਿੱਤਾ ਜਾਂਦਾ ਹੈ ਕਿ ਬਿਨੈਕਾਰ ਨੂੰ ਲਿਖਤੀ ਬਿਆਨ ਉਤਾਰੇ ਸਮੇਤ ਦਰਜ ਕਰਵਾਓ ਅਤੇ **30.03.2026 ਨੂੰ ਸਵੇਰੇ 10.30 ਵਜੇ ਰਜਿਸਟਰਾਰ** ਕੋਲ ਪੇਸ਼ ਹੋਵੋ, ਜਿਸ ਤੋਂ ਅਸਫਲ ਰਹਿਣ 'ਤੇ ਅਰਜ਼ੀ 'ਤੇ ਸੁਣਵਾਈ ਅਤੇ ਫੈਸਲਾ ਤੁਹਾਡੀ ਗੈਰ ਹਾਜ਼ਰੀ ਵਿਚ ਲੈ ਲਿਆ ਜਾਵੇਗਾ।
**ਮੇਰੇ ਦਸਤਖ਼ਤ ਅਤੇ ਇਸ ਟ੍ਰਿਬਿਊਨਲ ਦੀ ਮੋਹਰ ਮਿਤੀ 09.01.2026 ਨੂੰ ਜਾਰੀ।**
**ਸੰਮਨ ਜਾਰੀ ਕਰਨ ਲਈ ਅਧਿਕਾਰਤ ਅਧਿਕਾਰੀ ਦੇ ਹਸਤਾਖ਼ਰ**
**ਨੋਟ : ਛੱਡ ਦਿਓ, ਜੋ ਵੀ ਲਾਗੂ ਨਾ ਹੋਵੇ**



## ਵਸੂਲੀ ਅਧਿਕਾਰੀ-I/II ਦਾ ਦਫ਼ਤਰ
ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ-3)
ਜ਼ਮੀਨੀ ਤਲ, ਐਸਸੀਓ 33-34-35, ਸੈਕਟਰ 17-ਏ, ਚੰਡੀਗੜ੍ਹ-160017

**ਮੰਗ ਸੂਚਨਾ**
**ਆਮਦਨ ਕਰ ਕਾਨੂੰਨ, 1961 ਦੀ ਦੂਜੀ ਅਨੁਸੂਚੀ ਦੇ ਨਿਯਮ 2 ਅਤੇ ਕਰਜ਼ਿਆਂ ਦੀ ਵਸੂਲੀ ਅਤੇ ਦੀਵਾਲੀਆਪਣ ਕਾਨੂੰਨ, 1993 ਦੀਆਂ ਧਾਰਾਵਾਂ 25 ਤੋਂ 28 ਦੇ ਅਧੀਨ ਸੂਚਨਾ**
**ਆਰ.ਸੀ./1244/2024** **ਮਿਤੀ :13.12.2025**

**ਪੰਜਾਬ ਨੈਸ਼ਨਲ ਬੈਂਕ**
**ਬਨਾਮ**
**ਹਰਵਿੰਦਰ ਪਾਲ ਸਿੰਘ ਉਰਫ ਹਰਵਿੰਦਰ ਪਾਲ ਸਿੰਘ**

**ਵੱਲ,**
**(ਸੀਡੀ 1) ਹਰਵਿੰਦਰ ਪਾਲ ਸਿੰਘ ਉਰਫ ਹਰਵਿੰਦਰ ਪਾਲ ਸਿੰਘ ਸਪੁੱਤਰ ਸ੍ਰੀ ਰਾਜਾ ਸਿੰਘ, ਵਾਸੀ ਪਿੰਡ ਤੇ ਡਾਕਖਾਨਾ ਨਸੀਰਪੁਰ, ਤਹਿਸੀਲ ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ।**
ਇਹ ਸੂਚਿਤ ਕੀਤਾ ਜਾਂਦਾ ਹੈ ਕਿ **ਓਏ**/183/2024 ਵਿਚ ਪ੍ਰਧਾਨਗੀ ਅਧਿਕਾਰੀ, **ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ (ਡੀਆਰਟੀ** 3) ਵੱਲੋਂ ਜਾਰੀ ਹੁਕਮਾਂ ਦੀ ਨਿਰੰਤਰਤਾ ਵਿਚ ਜਾਰੀ ਵਸੂਲੀ ਪ੍ਰਮਾਣ ਪੱਤਰ ਦੇ ਅਨੁਸਾਰ ਪੂਰਤੀ ਹੋਣ ਤੱਕ 14.02.2024 ਤੋਂ ਪ੍ਰਭਾਵੀ ਸਧਾਰਨ ਸਲਾਨਾ ਵਿਆਜ 8.00% **ਦੀ ਦਰ 'ਤੇ ਭਾਵੀ ਵਿਆਜ ਅਤੇ ਮੁਕੱਦਮੇਬਾਜ਼ੀ ਸਮੇਤ ਰੁ.** 24,53,804.61 **(ਰੁਪਏ ਚੌਵੀ ਲੱਖ ਤਰਵੰਜਾ ਹਜ਼ਾਰ ਅੱਠ ਸੌ ਚਾਰ ਅਤੇ ਇਕਾਹਠ ਪੈਸੇ ਕੇਵਲ)** ਦੀ ਰਕਮ ਅਤੇ ਰੁ. 27,000/- **(ਰੁਪਏ ਸਤਾਈ ਹਜ਼ਾਰ ਕੇਵਲ) ਦੀਆਂ** ਲਾਗਤਾਂ ਤੁਹਾਡੇ ਖਿਲਾਫ਼ **(ਸਾਂਝੇ ਅਤੇ ਵੱਖਰੇ ਤੌਰ 'ਤੇ/ਪੂਰਨ/ਸੀਮਿਤ ਤੌਰ 'ਤੇ) ਬਕਾਇਆ ਬਣ ਚੁੱਕੀਆਂ ਹਨ।**
2. **ਤੁਹਾਨੂੰ ਇਸ ਦੁਆਰਾ ਨਿਰਦੇਸ਼ ਦਿੱਤਾ ਜਾਂਦਾ ਹੈ** ਕਿ ਸੂਚਨਾ ਦੀ ਪ੍ਰਾਪਤੀ ਤੋਂ 15 ਦਿਨਾਂ ਦੇ ਅੰਦਰ ਉਕਤ ਰਕਮ ਨੂੰ ਅਦਾ ਕਰ ਦਿਓ, ਜਿਸ ਤੋਂ ਅਸਫਲ ਰਹਿਣ 'ਤੇ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਵੱਲ ਬਕਾਇਆ ਕਰਜ਼ਿਆਂ ਦੀ ਵਸੂਲੀ ਕਾਨੂੰਨ, 1993 ਅਤੇ ਇਸ ਦੇ ਤਹਿਤ ਨਿਯਮਾਂ ਦੀ ਨਿਰੰਤਰਤਾ ਵਿਚ ਵਸੂਲੀ ਕੀਤੀ ਜਾਵੇਗੀ।
3. ਜਿਥੇ ਕਿ ਟ੍ਰਿਬਿਊਨਲ ਦੀ ਤਸੱਲੀ ਲਈ ਇਹ ਦਰਸਾਇਆ ਜਾ ਚੁੱਕਾ ਹੈ ਕਿ ਸਧਾਰਨ ਢੰਗ ਨਾਲ ਤੁਹਾਨੂੰ ਤਾਮੀਲ ਕਰਨਾ ਸੰਭਵ ਨਹੀਂ ਹੈ, ਇਸ ਲਈ ਇਸ ਪ੍ਰਕਾਸ਼ਨ ਦੁਆਰਾ ਸੂਚਨਾ ਦੇ ਕੇ ਤੁਹਾਨੂੰ ਨਿਰਦੇਸ਼ ਦਿੱਤਾ ਜਾਂਦਾ ਹੈ ਕਿ 24.03.2026 ਨੂੰ **ਸਵੇਰੇ** 10.30 **ਵਜੇ** ਇਸ ਟ੍ਰਿਬਿਊਨਲ ਕੋਲ ਹਾਜ਼ਰ ਹੋਵੋ।
4. ਤੁਹਾਨੂੰ ਇਸ ਦੁਆਰਾ ਆਦੇਸ਼ ਦਿੱਤਾ ਜਾਂਦਾ ਹੈ ਕਿ ਸੁਣਵਾਈ ਦੀ ਅਗਲੀ ਮਿਤੀ ਨੂੰ ਜਾਂ ਪਹਿਲਾਂ ਆਪਣੇ ਅਸਾਸਿਆਂ ਦੇ ਵੇਰਵਿਆਂ ਦਾ ਹਲਫੀਆ ਬਿਆਨ 'ਤੇ ਐਲਾਨ ਕਰੋ।
5. ਉਕਤ ਦਰਸਾਈ ਰਕਮ ਤੋਂ ਇਲਾਵਾ ਤੁਸੀਂ ਨਿਮਨ ਦਾ ਭੁਗਤਾਨ ਕਰਨ ਲਈ ਵੀ ਜੁਆਬਦੇਹ ਹੋਵੋਗੇ:
(ੳ) ਸਰਟੀਫਿਕੇਟ/ਕਾਰਜਰੂਪ ਪ੍ਰਕਿਰਿਆ ਦੀ ਇਸ ਸੂਚਨਾ ਤੋਂ ਤੁਰੰਤ ਬਾਅਦ ਸ਼ੁਰੂ ਹੋਣ ਵਾਲੀ ਮਿਆਦ ਦੇ ਲਈ ਅਦਾਇਗੀਯੋਗ ਵਿਆਜ
(ਅ) ਇਸ ਸੂਚਨਾ ਦੀ ਤਾਮੀਲ ਦੇ ਸਬੰਧ ਵਿਚ ਅਤੇ ਵਾਰੰਟਾਂ ਅਤੇ ਹੋਰ ਪ੍ਰਕਿਰਿਆਵਾਂ ਅਤੇ ਬਕਾਇਆ ਰਕਮ ਦੀ ਵਸੂਲੀ ਲਈ ਅਪਣਾਈਆਂ ਗਈਆਂ ਸਾਰੀਆਂ ਹੋਰ ਕਾਰਵਾਈਆਂ ਵਿਚ ਲਾਗੂ ਸਾਰੀਆਂ ਲਾਗਤਾਂ, ਫੀਸਾਂ ਅਤੇ ਖਰਚੇ।
**ਮੇਰੇ ਦਸਤਖ਼ਤ ਅਤੇ ਟ੍ਰਿਬਿਊਨਲ ਦੀ ਮੋਹਰ ਹੇਠ ਮਿਤੀ 13.12.2025 ਨੂੰ ਜਾਰੀ।**
**ਵਸੂਲੀ ਅਧਿਕਾਰੀ**
**ਕਰਜ਼ ਵਸੂਲੀ ਟ੍ਰਿਬਿਊਨਲ ਚੰਡੀਗੜ੍ਹ, (ਡੀਆਰਟੀ-3)**



## ਸ਼੍ਰੀਰਾਮ ਫਾਈਨੈਂਸ ਲਿਮਟਿਡ
SHRIRAM Finance
ਰਜਿਸਟਰਡ ਦਫ਼ਤਰ: ਲਿਮਟਿਡ ਰਜਿਸਟਰਡ ਦਫਤਰ ਸ੍ਰੀ ਟਾਵਰਜ਼, ਪਲਾਟ ਨੰ. 14ਏ, ਸਾਊਥ ਫੇਜ਼, ਇੰਡਸਟਰੀਅਲ ਅਸਟੇਟ, ਗਿੰਡੀ, ਚੇਨਈ ਤਾਮਿਲਨਾਡੂ-600032, ਤਾਮਿਲਨਾਡੂ, ਅਤੇ ਵੋਕਹਾਰਟ ਟਾਵਰਜ਼, ਲੈਵਲ-3, ਸੀ-2, ਜੀ ਬਲਾਕ, ਬਦਰਾ-ਕੁਰਲਾ ਕੰਪਲੈਕਸ, ਬਾਂਦਰਾ (ਪੂਰਬੀ) ਮੁੰਬਈ-40051
ਸ਼ਾਖਾ ਦਫਤਰ : ਉੱਪਰ ਯੈਸ ਬੈਂਕ, ਪਹਿਲੀ ਮੰਜ਼ਿਲ, ਜਾਖਲ ਰੋਡ ਨੇੜੇ ਬਸ ਸਟੈਂਡ, ਪਾਤੜਾਂ, 147105

**ਸੰਕੇਤਕ ਕਬਜ਼ਾ ਸੂਚਨਾ**

ਜਿੱਥੇ, ਹੇਠਾਂ ਹਸਤਾਖਰ ਕਰਨ ਵਾਲੇ ਨੇ ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 (ਉਕਤ ਐਕਟ) ਦੇ ਉਪਬੰਧਾਂ ਦੇ ਤਹਿਤ ਸ਼੍ਰੀਰਾਮ ਫਾਈਨੈਂਸ ਲਿਮਟਿਡ (SFL) ਦੇ ਅਧਿਕਾਰਤ ਅਧਿਕਾਰੀ ਹੋਣ ਦੇ ਨਾਤੇ ਅਤੇ ਸੁਰੱਖਿਆ ਹਿੱਤ (ਲਾਗੂਕਰਨ) ਨਿਯਮ, 2002 (ਉਕਤ ਨਿਯਮ) ਦੇ ਨਿਯਮ 3 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(2) ਦੇ ਤਹਿਤ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਕਰਜ਼ਦਾਰਾਂ ਦੇ ਵੇਰਵਿਆਂ ਨੂੰ ਮੰਗ ਨੋਟਿਸ ਜਾਰੀ ਕੀਤੇ।
ਜਿਨ੍ਹਾਂ ਵਿੱਚੋਂ ਹੇਠਾਂ ਦਿੱਤੀ ਸਾਰਣੀ ਵਿੱਚ ਉਕਤ ਮੰਗ ਨੋਟਿਸਾਂ ਵਿੱਚ ਦੱਸੀ ਗਈ ਰਕਮ ਦੀ ਅਦਾਇਗੀ ਕਰਨ ਲਈ ਦੱਸਿਆ ਗਿਆ ਹੈ। ਕਰਜ਼ਦਾਰ ਰਕਮ ਵਾਪਸ ਕਰਨ ਵਿੱਚ ਅਸਫਲ ਰਹਿਣ ਕਰਕੇ, ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਹਸਤਾਖਰ ਕਰਨ ਵਾਲੇ ਨੇ **12 ਮਾਰਚ, 2026** ਨੂੰ ਉਕਤ ਨਿਯਮਾਂ ਦੇ ਨਿਯਮ 8 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(4) ਦੇ ਤਹਿਤ ਉਸਨੂੰ/ਉਸਨੂੰ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਹੇਠਾਂ ਦੱਸੀ ਗਈ ਜਾਇਦਾਦ ਦਾ **ਸੰਕੇਤਕ ਕਬਜ਼ਾ** ਲੈ ਲਿਆ ਹੈ।

| ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਮ ਅਤੇ ਪਤਾ | ਜਾਇਦਾਦ ਦਾ ਵੇਰਵਾ | ਮੰਗ ਨੋਟਿਸ ਅਨੁਸਾਰ ਬਕਾਇਆ ਰਕਮ ਅਤੇ ਮੰਗ ਸੂਚਨਾ ਦੀ ਮਿਤੀ |
|---|---|---|
| ਸ੍ਰੀ ਸੁਖਪਾਲ ਸਿੰਘ ਪੁੱਤਰ ਗੁਰਜੰਟ ਸਿੰਘ ਡੇਰਾ ਸੰਘਰੇੜੀ ਵਾਲਾ, ਕਲਵਾਣੂ।ਘੱਗਾ, ਪਟਿਆਲਾ, ਪੰਜਾਬ, 147102, ਗੁਰਜੰਟ ਸਿੰਘ ਪੁੱਤਰ ਗੁੰਮ ਸਿੰਘ ਡੇਰੇ ਦੇ ਨੇੜੇ; ਬੂਟਾ ਸਿੰਘ ਵਾਲਾ ਰੋਡ, ਕਲਵਾਣੂ, ਘੱਗਾ, ਪਟਿਆਲਾ, ਪੰਜਾਬ 147102 | ਸਾਲ 2016-2017 ਮਿਤੀ 24.04.2019 ਦੀ ਜਮਾਂਬੰਦੀ ਅਨੁਸਾਰ ਅਤੇ ਤਬਾਦਲਾ ਡੀਡ ਨੰ. 2019-20/83/1/55 ਮਿਤੀ 08.04.2019 ਦੇ ਅਨੁਸਾਰ ਰਿਹਾਇਸ਼ੀ ਮਕਾਨ 2 ਕਨਾਲ 0 ਮਰਲੇ ਵਾਲਾ ਖੇਵਟ ਨੰ.12 ਖਤੌਣੀ ਨੰ.15 ਖਸਰਾ ਨੰ.23//20/1/5-10 ਅਰਥਾਤ 5 ਕਨਾਲ 10 ਮਰਲੇ ਦੀ ਹੱਦ ਤੱਕ 1/5 ਹਿੱਸਾ ਭਾਵ 1 ਕਨਾਲ 2 ਮਰਲੇ ਅਤੇ ਖੇਵਟ ਨੰ.13 ਖਤੌਣੀ ਨੰ.18 ਖਤੌਣੀ ਨੰ.24//24/1/2-16, 24//25/8-0, 29//4/7-8, 29//5/8-0, 29//7/8-0, 29//14/1/0-16, 30//1/8-0, 30//1/8-0, 30//10/24/24/3, 41//10 ਮਿਨ/3-14, 41//11/2/1-5, 41//13/1/0-8, 41//20/2 ਮਿਨ/0-3, 41//11/1/0-18, 41//10 ਮਿਨ/2-3, 41//11/3/5-17, 41//12/8-0, 41//20/2/3-4 ਭਾਵ 73 ਕਨਾਲ 18 ਮਰਲੇ ਦੀ ਜ਼ਮੀਨ 9/739 ਹਿੱਸੇ ਦੀ ਹੱਦ ਤੱਕ ਭਾਵ 0 ਕਨਾਲ 18 ਮਰਲੇ। ਕੁੱਲ ਜਾਇਦਾਦ ਦੀ ਮਾਤਰਾ 2 ਕਨਾਲ 0 ਮਰਲੇ, ਪਿੰਡ ਕਲਵਾਣੂ, ਤਹਿਸੀਲ ਪਾਤੜਾਂ, ਜ਼ਿਲ੍ਹਾ ਪਟਿਆਲਾ ਵਿਖੇ ਸਥਿਤ। | 3093718.00 ਰੁਪਏ ਤੀਹ ਲੱਖ ਤਰਾਨਵੇਂ ਹਜ਼ਾਰ ਸੱਤ ਸੌ ਅਠਾਰਾਂ ਖਾਤਾ ਨੰਬਰ: -CDSNGTF1905030001 ਮੰਗ ਨੋਟਿਸ ਮਿਤੀ 12-12-2025 |

ਇਹ ਨੋਟਿਸ ਆਮ ਜਨਤਾ ਨੂੰ ਇਹ ਵੀ ਚੇਤਾਵਨੀ ਦੇਣ ਲਈ ਹੈ ਕਿ SFL ਦਾ ਅਧਿਕਾਰਤ ਅਧਿਕਾਰੀ ਉੱਪਰ ਦੱਸੀ ਗਈ ਅਚੱਲ ਜਾਇਦਾਦ ਦੇ ਕਾਨੂੰਨੀ ਸੰਕੇਤਕ ਕਬਜ਼ੇ ਵਿੱਚ ਹੈ ਅਤੇ ਕਰਜ਼ਦਾਰ ਜਾਂ ਕੋਈ ਵੀ ਵਿਅਕਤੀ ਇਸ ਨੋਟਿਸ ਦੀ ਪ੍ਰਾਪਤੀ ਤੋਂ ਬਾਅਦ, SFL ਦੀ ਪੂਰਵ ਲਿਖਤੀ ਸਹਿਮਤੀ ਤੋਂ ਬਿਨਾਂ, ਇਸ ਨੋਟਿਸ ਵਿੱਚ ਜ਼ਿਕਰ ਕੀਤੀ ਗਈ ਉਪਰੋਕਤ ਸੁਰੱਖਿਅਤ ਸੰਪਤੀਆਂ ਵਿੱਚੋਂ ਕਿਸੇ ਨੂੰ ਵੀ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਟ੍ਰਾਂਸਫਰ ਨਹੀਂ ਕਰੇਗਾ।
ਮਿਤੀ : 18.03.2026 ਸਥਾਨ : ਪਾਤੜਾਂ ਅਧਿਕਾਰਤ ਅਧਿਕਾਰੀ, ਸ਼੍ਰੀਰਾਮ ਫਾਇਨਾਂਸ ਲਿਮਟਿਡ



## ਸ਼੍ਰੀਰਾਮ ਫਾਈਨੈਂਸ ਲਿਮਟਿਡ
SHRIRAM Finance
ਰਜਿਸਟਰਡ ਦਫ਼ਤਰ: ਲਿਮਟਿਡ ਰਜਿਸਟਰਡ ਦਫਤਰ ਸ੍ਰੀ ਟਾਵਰਜ਼, ਪਲਾਟ ਨੰ. 14ਏ, ਸਾਊਥ ਫੇਜ਼, ਇੰਡਸਟਰੀਅਲ ਅਸਟੇਟ, ਗਿੰਡੀ, ਚੇਨਈ ਤਾਮਿਲਨਾਡੂ-600032, ਤਾਮਿਲਨਾਡੂ, ਅਤੇ ਵੋਕਹਾਰਟ ਟਾਵਰਜ਼, ਲੈਵਲ-3, ਸੀ-2, ਜੀ ਬਲਾਕ, ਬਦਰਾ-ਕੁਰਲਾ ਕੰਪਲੈਕਸ, ਬਾਂਦਰਾ (ਪੂਰਬੀ) ਮੁੰਬਈ-40051
ਸ਼ਾਖਾ ਦਫਤਰ : ਜ਼ਮੀਨੀ ਤਲ ਨੇੜੇ ਬੀਐਸਐਨਐਲ ਟਾਵਰ ਸੰਗਰੂਰ 148001

**ਸੰਕੇਤਕ ਕਬਜ਼ਾ ਸੂਚਨਾ**

ਜਿੱਥੇ, ਹੇਠਾਂ ਹਸਤਾਖਰ ਕਰਨ ਵਾਲੇ ਨੇ ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 (ਉਕਤ ਐਕਟ) ਦੇ ਉਪਬੰਧਾਂ ਦੇ ਤਹਿਤ ਸ਼੍ਰੀਰਾਮ ਫਾਈਨੈਂਸ ਲਿਮਟਿਡ (SFL) ਦੇ ਅਧਿਕਾਰਤ ਅਧਿਕਾਰੀ ਹੋਣ ਦੇ ਨਾਤੇ ਅਤੇ ਸੁਰੱਖਿਆ ਹਿੱਤ (ਲਾਗੂਕਰਨ) ਨਿਯਮ, 2002 (ਉਕਤ ਨਿਯਮ) ਦੇ ਨਿਯਮ 3 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(2) ਦੇ ਤਹਿਤ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਕਰਜ਼ਦਾਰਾਂ ਦੇ ਵੇਰਵਿਆਂ ਨੂੰ ਮੰਗ ਨੋਟਿਸ ਜਾਰੀ ਕੀਤੇ।
ਜਿਨ੍ਹਾਂ ਵਿੱਚੋਂ ਹੇਠਾਂ ਦਿੱਤੀ ਸਾਰਣੀ ਵਿੱਚ ਉਕਤ ਮੰਗ ਨੋਟਿਸਾਂ ਵਿੱਚ ਦੱਸੀ ਗਈ ਰਕਮ ਦੀ ਅਦਾਇਗੀ ਕਰਨ ਲਈ ਦੱਸਿਆ ਗਿਆ ਹੈ। ਕਰਜ਼ਦਾਰ ਰਕਮ ਵਾਪਸ ਕਰਨ ਵਿੱਚ ਅਸਫਲ ਰਹਿਣ ਕਰਕੇ, ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਹਸਤਾਖਰ ਕਰਨ ਵਾਲੇ ਨੇ **13 ਮਾਰਚ, 2026** ਨੂੰ ਉਕਤ ਨਿਯਮਾਂ ਦੇ ਨਿਯਮ 8 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(4) ਦੇ ਤਹਿਤ ਉਸਨੂੰ/ਉਸਨੂੰ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਹੇਠਾਂ ਦੱਸੀ ਗਈ ਜਾਇਦਾਦ ਦਾ **ਸੰਕੇਤਕ ਕਬਜ਼ਾ** ਲੈ ਲਿਆ ਹੈ।

| ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਮ ਅਤੇ ਪਤਾ | ਜਾਇਦਾਦ ਦਾ ਵੇਰਵਾ | ਮੰਗ ਨੋਟਿਸ ਅਨੁਸਾਰ ਬਕਾਇਆ ਰਕਮ ਅਤੇ ਮੰਗ ਸੂਚਨਾ ਦੀ ਮਿਤੀ |
|---|---|---|
| 1.ਐਮ.ਮੁਹੰਮਦ ਜਾਵੇਦ ਪੁੱਤਰ ਮੁਹੰਮਦ ਨਾਸਿਰ ਵਾਸੀ ਮੁਹੱਲਾ ਚੰਨੇ ਲੁਹਾਰਾਂ, ਨੇੜੇ ਕਮਲ ਸਿਨੇਮਾ ਰੋਡ ਮਲੇਰਕੋਟਲਾ ਪੰਜਾਬ 2) ਮਰਾ, ਸ਼ਹਿਨਾਜ਼ ਪਤਨੀ ਸ਼੍ਰੀ ਮੁਹੰਮਦ ਜਾਵੇਦ, ਵਾਸੀ ਮੁਹੱਲਾ ਚੰਨੇ ਲੁਹਾਰਾਂ, ਨੇੜੇ ਕਮਲ ਸਿਨੇਮਾ ਰੋਡ, ਮਲੇਰਕੋਟਲਾ, ਪੰਜਾਬ। 3) ਸ਼੍ਰੀ ਪਰਵੇਜ਼ ਅਖਤਰ ਪੁੱਤਰ ਸ਼੍ਰੀ ਮੁਹੰਮਦ ਨਿਸਾਰ ਵਾਸੀ ਮੁਹੱਲਾ ਚੰਨੇ ਲੁਹਾਰਾਂ, ਨੇੜੇ ਕਮਲ ਸਿਨੇਮਾ ਰੋਡ, ਮਲੇਰਕੋਟਲਾ, ਪੰਜਾਬ, 148022 | ਅਚੱਲ ਜਾਇਦਾਦ ਦਾ ਵੇਰਵਾ ਜਿਸਦੀ ਮਾਪ 200 ਵਰਗ ਗਜ਼ ਹੈ, ਜਿਸ ਵਿੱਚ ਖਾਤਾ ਨੰਬਰ 825/1355, ਖਸਰਾ ਨੰਬਰ 183//18/2 ਮਿਨ (0-14) ਕੁੱਲ ਜ਼ਮੀਨ 0 ਕਨਾਲ 14 ਮਰਲੇ ਹਿੱਸੇ ਦੀ ਹੱਦ ਤੱਕ 20/28 ਭਾਵ 0 ਕਨਾਲ 1.2/3 ਮਰਲੇ ਹੇਠ ਲਿਖੇ ਅਨੁਸਾਰ ਹੱਦਬੰਦੀ : ਪੂਰਬ : ਪਲਾਟ ਵੱਲ, ਪੱਛਮ : ਗਲੀ ਵੱਲ, ਉੱਤਰ: ਪਲਾਟ ਵੱਲ, ਦੱਖਣ: ਪਲਾਟ ਸਥਾਨ; ਸੰਗਰੂਰ | 2619378 (ਰੁਪਏ ਛੱਬੀ ਲੱਖ ਉਨੀ ਹਜ਼ਾਰ ਤਿੰਨ ਸੌ ਅਠੱਤਰ ਰੁਪਏ ਸਿਰਫ਼) ਖਾਤਾ ਨੰਬਰ: -CDSNGTF1712280016 ਮੰਗ ਨੋਟਿਸ ਮਿਤੀ 20-11-2025 |

ਇਹ ਨੋਟਿਸ ਆਮ ਜਨਤਾ ਨੂੰ ਇਹ ਵੀ ਚੇਤਾਵਨੀ ਦੇਣ ਲਈ ਹੈ ਕਿ SFL ਦਾ ਅਧਿਕਾਰਤ ਅਧਿਕਾਰੀ ਉੱਪਰ ਦੱਸੀ ਗਈ ਅਚੱਲ ਜਾਇਦਾਦ ਦੇ ਕਾਨੂੰਨੀ ਸੰਕੇਤਕ ਕਬਜ਼ੇ ਵਿੱਚ ਹੈ ਅਤੇ ਕਰਜ਼ਦਾਰ ਜਾਂ ਕੋਈ ਵੀ ਵਿਅਕਤੀ ਇਸ ਨੋਟਿਸ ਦੀ ਪ੍ਰਾਪਤੀ ਤੋਂ ਬਾਅਦ, SFL ਦੀ ਪੂਰਵ ਲਿਖਤੀ ਸਹਿਮਤੀ ਤੋਂ ਬਿਨਾਂ, ਇਸ ਨੋਟਿਸ ਵਿੱਚ ਜ਼ਿਕਰ ਕੀਤੀ ਗਈ ਉਪਰੋਕਤ ਸੁਰੱਖਿਅਤ ਸੰਪਤੀਆਂ ਵਿੱਚੋਂ ਕਿਸੇ ਨੂੰ ਵੀ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਟ੍ਰਾਂਸਫਰ ਨਹੀਂ ਕਰੇਗਾ।
ਮਿਤੀ : 18.03.2026 ਸਥਾਨ : ਸੰਗਰੂਰ ਅਧਿਕਾਰਤ ਅਧਿਕਾਰੀ, ਸ਼੍ਰੀਰਾਮ ਫਾਇਨਾਂਸ ਲਿਮਟਿਡ



## ਸ਼੍ਰੀਰਾਮ ਫਾਈਨੈਂਸ ਲਿਮਟਿਡ
SHRIRAM Finance
ਰਜਿਸਟਰਡ ਦਫ਼ਤਰ: ਲਿਮਟਿਡ ਰਜਿਸਟਰਡ ਦਫਤਰ ਸ੍ਰੀ ਟਾਵਰਜ਼, ਪਲਾਟ ਨੰ. 14ਏ, ਸਾਊਥ ਫੇਜ਼, ਇੰਡਸਟਰੀਅਲ ਅਸਟੇਟ, ਗਿੰਡੀ, ਚੇਨਈ ਤਾਮਿਲਨਾਡੂ-600032, ਤਾਮਿਲਨਾਡੂ, ਅਤੇ ਵੋਕਹਾਰਟ ਟਾਵਰਜ਼, ਲੈਵਲ-3, ਸੀ-2, ਜੀ ਬਲਾਕ, ਬਦਰਾ-ਕੁਰਲਾ ਕੰਪਲੈਕਸ, ਬਾਂਦਰਾ (ਪੂਰਬੀ) ਮੁੰਬਈ-40051
ਸ਼ਾਖਾ ਦਫਤਰ : ਜ਼ਮੀਨੀ ਤਲ ਨੇੜੇ ਬੀਐਸਐਨਐਲ ਟਾਵਰ ਸੰਗਰੂਰ 148001

**ਸੰਕੇਤਕ ਕਬਜ਼ਾ ਸੂਚਨਾ**

ਜਿੱਥੇ, ਹੇਠਾਂ ਹਸਤਾਖਰ ਕਰਨ ਵਾਲੇ ਨੇ ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 (ਉਕਤ ਐਕਟ) ਦੇ ਉਪਬੰਧਾਂ ਦੇ ਤਹਿਤ ਸ਼੍ਰੀਰਾਮ ਫਾਈਨੈਂਸ ਲਿਮਟਿਡ (SFL) ਦੇ ਅਧਿਕਾਰਤ ਅਧਿਕਾਰੀ ਹੋਣ ਦੇ ਨਾਤੇ ਅਤੇ ਸੁਰੱਖਿਆ ਹਿੱਤ (ਲਾਗੂਕਰਨ) ਨਿਯਮ, 2002 (ਉਕਤ ਨਿਯਮ) ਦੇ ਨਿਯਮ 3 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(2) ਦੇ ਤਹਿਤ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਕਰਜ਼ਦਾਰਾਂ ਦੇ ਵੇਰਵਿਆਂ ਨੂੰ ਮੰਗ ਨੋਟਿਸ ਜਾਰੀ ਕੀਤੇ।
ਜਿਨ੍ਹਾਂ ਵਿੱਚੋਂ ਹੇਠਾਂ ਦਿੱਤੀ ਸਾਰਣੀ ਵਿੱਚ ਉਕਤ ਮੰਗ ਨੋਟਿਸਾਂ ਵਿੱਚ ਦੱਸੀ ਗਈ ਰਕਮ ਦੀ ਅਦਾਇਗੀ ਕਰਨ ਲਈ ਦੱਸਿਆ ਗਿਆ ਹੈ। ਕਰਜ਼ਦਾਰ ਰਕਮ ਵਾਪਸ ਕਰਨ ਵਿੱਚ ਅਸਫਲ ਰਹਿਣ ਕਰਕੇ, ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਹਸਤਾਖਰ ਕਰਨ ਵਾਲੇ ਨੇ **13 ਮਾਰਚ, 2026** ਨੂੰ ਉਕਤ ਨਿਯਮਾਂ ਦੇ ਨਿਯਮ 8 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(4) ਦੇ ਤਹਿਤ ਉਸਨੂੰ/ਉਸਨੂੰ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਹੇਠਾਂ ਦੱਸੀ ਗਈ ਜਾਇਦਾਦ ਦਾ **ਸੰਕੇਤਕ ਕਬਜ਼ਾ** ਲੈ ਲਿਆ ਹੈ।

| ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਮ ਅਤੇ ਪਤਾ | ਜਾਇਦਾਦ ਦਾ ਵੇਰਵਾ | ਮੰਗ ਨੋਟਿਸ ਅਨੁਸਾਰ ਬਕਾਇਆ ਰਕਮ ਅਤੇ ਮੰਗ ਸੂਚਨਾ ਦੀ ਮਿਤੀ |
|---|---|---|
| ਸੰਦੀਪ ਕੁਮਾਰ ਪੁੱਤਰ ਸੁਭਾਸ਼ ਚੰਦ ਗਾਂਧੀ ਨਗਰ ਵਾਰਡ ਨੰਬਰ 4 ਭਵਾਨੀਗੜ੍ਹ, ਦਿ ਐਂਡ ਜ਼ਿਲ੍ਹਾ ਸੰਗਰੂਰ ਭਵਾਨੀਗੜ੍ਹ, 14802 6 ਸੁਭਾਸ਼ ਚੰਦ ਪੁੱਤਰ ਦਾਨਾ ਰਾਮ ਗਾਂਧੀ ਨਗਰ ਵਾਰਡ ਨੰਬਰ 4 ਭਵਾਨੀਗੜ੍ਹ, ਦ ਅਤੇ ਜ਼ਿਲ੍ਹਾ ਸੰਗਰੂਰ, ਭਵਾਨੀਗੜ੍ਹ, 148026 | 5 ਮਰਲੇ ਦਾ ਰਿਹਾਇਸ਼ੀ ਮਕਾਨ, ਜਿਸ ਵਿੱਚ ਖੇਵਟ ਖਤੌਣੀ ਨੰ.626/846-847, ਖਸਰਾ ਨੰ.136//14 ਮਿਨ/3-1, 136//14 ਮਿਨ/0-8 ਹੈ, ਕੁੱਲ 3 ਕਨਾਲ 9 ਮਰਲੇ 15/200 ਹਿੱਸਾ ਯਾਨੀ 5 ਮਰਲੇ ਹਿੱਸਾ 150 ਵਰਗ ਗਜ਼। ਸਾਲ 2013-14 ਦੀ ਜਮਾਂਬੰਦੀ ਅਨੁਸਾਰ ਵਾਰਡ ਨੰ.4 ਗਾਂਧੀ ਨਗਰ, ਅਨਾਜ ਮੰਡੀ ਦੇ ਨੇੜੇ, ਭਵਾਨੀਗੜ੍ਹ, ਤਹਿਸੀਲ ਭਵਾਨੀਗੜ੍ਹ, ਜ਼ਿਲ੍ਹਾ ਸੰਗਰੂਰ ਵਿਖੇ ਸਥਿਤ ਹੈ। ਪੂਰਬ ਵੱਲ: ਸਾਈਡ 25'-3" ਰਸਤਾ/ਗਲੀ, ਪੱਛਮ ਵੱਲ: 25'-3" ਅਸ਼ੋਕ ਕੁਮਾਰ ਹੁਣ ਰਮੇਸ਼ ਕੁਮਾਰ, ਉੱਤਰ ਵੱਲ: ਸਾਈਡ 53'-6" ਰਮੇਸ਼ ਕੁਮਾਰ ਹੁਣ ਸੁਭਾਸ਼ ਚੰਦ ਦਾ ਮਕਾਨ, ਦੱਖਣ ਵੱਲ: ਸਾਈਡ 53'-6" ਰਣਜੀਤ ਸਿੰਘ ਹੁਣ ਭੋਲੂ ਦਾ ਮਕਾਨ | 2600599/- (ਰੁਪਏ ਛੱਬੀ ਲੱਖ ਪੰਜ ਸੌ ਨੜਿੰਨਵੇਂ ਕੇਵਲ ) ਖਾਤਾ ਨੰਬਰ: -3DSNGTF1905300001 ਮੰਗ ਨੋਟਿਸ ਮਿਤੀ 08-01-2026 |

ਇਹ ਨੋਟਿਸ ਆਮ ਜਨਤਾ ਨੂੰ ਇਹ ਵੀ ਚੇਤਾਵਨੀ ਦੇਣ ਲਈ ਹੈ ਕਿ SFL ਦਾ ਅਧਿਕਾਰਤ ਅਧਿਕਾਰੀ ਉੱਪਰ ਦੱਸੀ ਗਈ ਅਚੱਲ ਜਾਇਦਾਦ ਦੇ ਕਾਨੂੰਨੀ ਸੰਕੇਤਕ ਕਬਜ਼ੇ ਵਿੱਚ ਹੈ ਅਤੇ ਕਰਜ਼ਦਾਰ ਜਾਂ ਕੋਈ ਵੀ ਵਿਅਕਤੀ ਇਸ ਨੋਟਿਸ ਦੀ ਪ੍ਰਾਪਤੀ ਤੋਂ ਬਾਅਦ, SFL ਦੀ ਪੂਰਵ ਲਿਖਤੀ ਸਹਿਮਤੀ ਤੋਂ ਬਿਨਾਂ, ਇਸ ਨੋਟਿਸ ਵਿੱਚ ਜ਼ਿਕਰ ਕੀਤੀ ਗਈ ਉਪਰੋਕਤ ਸੁਰੱਖਿਅਤ ਸੰਪਤੀਆਂ ਵਿੱਚੋਂ ਕਿਸੇ ਨੂੰ ਵੀ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਟ੍ਰਾਂਸਫਰ ਨਹੀਂ ਕਰੇਗਾ।
ਮਿਤੀ : 18.03.2026 ਸਥਾਨ : ਸੰਗਰੂਰ ਅਧਿਕਾਰਤ ਅਧਿਕਾਰੀ, ਸ਼੍ਰੀਰਾਮ ਫਾਇਨਾਂਸ ਲਿਮਟਿਡ



## ਸ਼੍ਰੀਰਾਮ ਫਾਈਨੈਂਸ ਲਿਮਟਿਡ
SHRIRAM Finance
ਰਜਿਸਟਰਡ ਦਫ਼ਤਰ: ਲਿਮਟਿਡ ਰਜਿਸਟਰਡ ਦਫਤਰ ਸ੍ਰੀ ਟਾਵਰਜ਼, ਪਲਾਟ ਨੰ. 14ਏ, ਸਾਊਥ ਫੇਜ਼, ਇੰਡਸਟਰੀਅਲ ਅਸਟੇਟ, ਗਿੰਡੀ, ਚੇਨਈ ਤਾਮਿਲਨਾਡੂ-600032, ਤਾਮਿਲਨਾਡੂ, ਅਤੇ ਵੋਕਹਾਰਟ ਟਾਵਰਜ਼, ਲੈਵਲ-3, ਸੀ-2, ਜੀ ਬਲਾਕ, ਬਦਰਾ-ਕੁਰਲਾ ਕੰਪਲੈਕਸ, ਬਾਂਦਰਾ (ਪੂਰਬੀ) ਮੁੰਬਈ-40051
ਸ਼ਾਖਾ ਦਫਤਰ : ਜ਼ਮੀਨੀ ਤਲ ਨੇੜੇ ਬੀਐਸਐਨਐਲ ਟਾਵਰ ਸੰਗਰੂਰ 148001

**ਸੰਕੇਤਕ ਕਬਜ਼ਾ ਸੂਚਨਾ**

ਜਿੱਥੇ, ਹੇਠਾਂ ਹਸਤਾਖਰ ਕਰਨ ਵਾਲੇ ਨੇ ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 (ਉਕਤ ਐਕਟ) ਦੇ ਉਪਬੰਧਾਂ ਦੇ ਤਹਿਤ ਸ਼੍ਰੀਰਾਮ ਫਾਈਨੈਂਸ ਲਿਮਟਿਡ (SFL) ਦੇ ਅਧਿਕਾਰਤ ਅਧਿਕਾਰੀ ਹੋਣ ਦੇ ਨਾਤੇ ਅਤੇ ਸੁਰੱਖਿਆ ਹਿੱਤ (ਲਾਗੂਕਰਨ) ਨਿਯਮ, 2002 (ਉਕਤ ਨਿਯਮ) ਦੇ ਨਿਯਮ 3 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(2) ਦੇ ਤਹਿਤ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਕਰਜ਼ਦਾਰਾਂ ਦੇ ਵੇਰਵਿਆਂ ਨੂੰ ਮੰਗ ਨੋਟਿਸ ਜਾਰੀ ਕੀਤੇ।
ਜਿਨ੍ਹਾਂ ਵਿੱਚੋਂ ਹੇਠਾਂ ਦਿੱਤੀ ਸਾਰਣੀ ਵਿੱਚ ਉਕਤ ਮੰਗ ਨੋਟਿਸਾਂ ਵਿੱਚ ਦੱਸੀ ਗਈ ਰਕਮ ਦੀ ਅਦਾਇਗੀ ਕਰਨ ਲਈ ਦੱਸਿਆ ਗਿਆ ਹੈ। ਕਰਜ਼ਦਾਰ ਰਕਮ ਵਾਪਸ ਕਰਨ ਵਿੱਚ ਅਸਫਲ ਰਹਿਣ ਕਰਕੇ, ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਹਸਤਾਖਰ ਕਰਨ ਵਾਲੇ ਨੇ **13 ਮਾਰਚ, 2026** ਨੂੰ ਉਕਤ ਨਿਯਮਾਂ ਦੇ ਨਿਯਮ 8 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(4) ਦੇ ਤਹਿਤ ਉਸਨੂੰ/ਉਸਨੂੰ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਹੇਠਾਂ ਦੱਸੀ ਗਈ ਜਾਇਦਾਦ ਦਾ **ਸੰਕੇਤਕ ਕਬਜ਼ਾ** ਲੈ ਲਿਆ ਹੈ।

| ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਮ ਅਤੇ ਪਤਾ | ਜਾਇਦਾਦ ਦਾ ਵੇਰਵਾ | ਮੰਗ ਨੋਟਿਸ ਅਨੁਸਾਰ ਬਕਾਇਆ ਰਕਮ ਅਤੇ ਮੰਗ ਸੂਚਨਾ ਦੀ ਮਿਤੀ |
|---|---|---|
| ਅਵਤਾਰ ਸਿੰਘ ਪੁੱਤਰ ਮਹਿੰਦਰ ਸਿੰਘ, ਤਹਿਸੀਲ ਮਾਲੇਰਕੋਟਲਾ, ਹੁਸੈਨਪੁਰਾ, ਸੰਗਰੂਰ, ਚੌਂਦਾ, ਪੰਜਾਬ, 148022 ਸਰਬਜੀਤ ਕੌਰ ਪਤਨੀ ਸ਼੍ਰੀ ਅਵਤਾਰ ਸਿੰਘ ਵਾਸੀ ਪਿੰਡ। ਹੁਸੈਨਪੁਰਾ, ਤਹਿਸੀਲ ਮਲੇਰਕੋਟਲਾ, ਜਿਲ੍ਹਾ. ਸੰਗਰੂਰ, ਪੰਜਾਬ 148022 ਸ਼੍ਰੀ ਨਰਿੰਦਰ ਸਿੰਘ ਪੁੱਤਰ ਨਿਰਮਲ ਸਿੰਘ, ਤਹਿਸੀਲ-ਮਲੇਰਕੋਟਲਾ, ਹੁਸੈਨਪੁਰਾ, ਸੰਗਰੂਰ, ਚੌਂਦਾ, ਪੰਜਾਬ, 148022 | 2000 ਵਰਗ ਮੀਟਰ ਦਾ ਘਰ ਖੇਵਟ ਨੰ: 44/43/88 ਖਸਰਾ ਨੰ: 152(6-5)157(6-5)158(6-5)152/1(6-5) ਦੀ ਮਾਲਕੀ ਵਾਲੀ ਸਰਬਜੀਤ ਕੌਰ ਪਤਨੀ ਅਵਤਾਰ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਪਿੰਡ ਹੁਸੈਨਪੁਰਾ, ਤਹਿਸੀਲ ਸੰਗਰੂਰ, ਮਲੇਰਕੋਟ। ਪਿੰਡ ਹੁਸੈਨਪੁਰਾ ਤੋਂ ਜੌੜਾ ਪੁੱਲ, ਤਹਿਸੀਲ ਮਲੇਰਕੋਟਲਾ ਜ਼ਿਲ੍ਹਾ ਸੰਗਰੂਰ ਨੂੰ ਜਾਂਦੀ ਲਿੰਕ ਸੜਕ 'ਤੇ। ਪੂਰਬ ਵੱਲ; 135'4% ਮਨਤੇਜ ਸਿੰਘ, ਪੱਛਮ ਵੱਲ; 135'4% ਅਵਤਾਰ ਸਿੰਘ, ਉੱਤਰ ਵੱਲ; 133'00" ਅਵਤਾਰ ਸਿੰਘ, ਦੱਖਣ ਵੱਲ; 133'00" ਰੋਡ | 4052702.00 ਰੁਪਏ (ਚਾਲੀ ਲੱਖ ਬਵੰਜਾ ਹਜ਼ਾਰ ਸੱਤ ਸੌ ਦੋ ਅਤੇ ਜ਼ੀਰੋ ਪੈਸੇ ਸਿਰਫ਼) ਖਾਤਾ ਨੰਬਰ: -CDSNGTF1802280014 ਮੰਗ ਨੋਟਿਸ ਮਿਤੀ 08-01-2026 |

ਇਹ ਨੋਟਿਸ ਆਮ ਜਨਤਾ ਨੂੰ ਇਹ ਵੀ ਚੇਤਾਵਨੀ ਦੇਣ ਲਈ ਹੈ ਕਿ SFL ਦਾ ਅਧਿਕਾਰਤ ਅਧਿਕਾਰੀ ਉੱਪਰ ਦੱਸੀ ਗਈ ਅਚੱਲ ਜਾਇਦਾਦ ਦੇ ਕਾਨੂੰਨੀ ਸੰਕੇਤਕ ਕਬਜ਼ੇ ਵਿੱਚ ਹੈ ਅਤੇ ਕਰਜ਼ਦਾਰ ਜਾਂ ਕੋਈ ਵੀ ਵਿਅਕਤੀ ਇਸ ਨੋਟਿਸ ਦੀ ਪ੍ਰਾਪਤੀ ਤੋਂ ਬਾਅਦ, SFL ਦੀ ਪੂਰਵ ਲਿਖਤੀ ਸਹਿਮਤੀ ਤੋਂ ਬਿਨਾਂ, ਇਸ ਨੋਟਿਸ ਵਿੱਚ ਜ਼ਿਕਰ ਕੀਤੀ ਗਈ ਉਪਰੋਕਤ ਸੁਰੱਖਿਅਤ ਸੰਪਤੀਆਂ ਵਿੱਚੋਂ ਕਿਸੇ ਨੂੰ ਵੀ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਟ੍ਰਾਂਸਫਰ ਨਹੀਂ ਕਰੇਗਾ।
ਮਿਤੀ : 18.03.2026 ਸਥਾਨ : ਸੰਗਰੂਰ ਅਧਿਕਾਰਤ ਅਧਿਕਾਰੀ, ਸ਼੍ਰੀਰਾਮ ਫਾਇਨਾਂਸ ਲਿਮਟਿਡ



## ਸ਼੍ਰੀਰਾਮ ਫਾਈਨੈਂਸ ਲਿਮਟਿਡ
SHRIRAM Finance
ਰਜਿਸਟਰਡ ਦਫ਼ਤਰ: ਲਿਮਟਿਡ ਰਜਿਸਟਰਡ ਦਫਤਰ ਸ੍ਰੀ ਟਾਵਰਜ਼, ਪਲਾਟ ਨੰ. 14ਏ, ਸਾਊਥ ਫੇਜ਼, ਇੰਡਸਟਰੀਅਲ ਅਸਟੇਟ, ਗਿੰਡੀ, ਚੇਨਈ ਤਾਮਿਲਨਾਡੂ-600032, ਤਾਮਿਲਨਾਡੂ, ਅਤੇ ਵੋਕਹਾਰਟ ਟਾਵਰਜ਼, ਲੈਵਲ-3, ਸੀ-2, ਜੀ ਬਲਾਕ, ਬਦਰਾ-ਕੁਰਲਾ ਕੰਪਲੈਕਸ, ਬਾਂਦਰਾ (ਪੂਰਬੀ) ਮੁੰਬਈ-40051
ਸ਼ਾਖਾ ਦਫਤਰ : ਜ਼ਮੀਨੀ ਤਲ ਨੇੜੇ ਬੀਐਸਐਨਐਲ ਟਾਵਰ ਸੰਗਰੂਰ 148001

**ਸੰਕੇਤਕ ਕਬਜ਼ਾ ਸੂਚਨਾ**

ਜਿੱਥੇ, ਹੇਠਾਂ ਹਸਤਾਖਰ ਕਰਨ ਵਾਲੇ ਨੇ ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰ ਨਿਰਮਾਣ ਅਤੇ ਸੁਰੱਖਿਆ ਵਿਆਜ ਐਕਟ, 2002 (ਉਕਤ ਐਕਟ) ਦੇ ਉਪਬੰਧਾਂ ਦੇ ਤਹਿਤ ਸ਼੍ਰੀਰਾਮ ਫਾਈਨੈਂਸ ਲਿਮਟਿਡ (SFL) ਦੇ ਅਧਿਕਾਰਤ ਅਧਿਕਾਰੀ ਹੋਣ ਦੇ ਨਾਤੇ ਅਤੇ ਸੁਰੱਖਿਆ ਹਿੱਤ (ਲਾਗੂਕਰਨ) ਨਿਯਮ, 2002 (ਉਕਤ ਨਿਯਮ) ਦੇ ਨਿਯਮ 3 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(2) ਦੇ ਤਹਿਤ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ, ਕਰਜ਼ਦਾਰਾਂ ਦੇ ਵੇਰਵਿਆਂ ਨੂੰ ਮੰਗ ਨੋਟਿਸ ਜਾਰੀ ਕੀਤੇ।
ਜਿਨ੍ਹਾਂ ਵਿੱਚੋਂ ਹੇਠਾਂ ਦਿੱਤੀ ਸਾਰਣੀ ਵਿੱਚ ਉਕਤ ਮੰਗ ਨੋਟਿਸਾਂ ਵਿੱਚ ਦੱਸੀ ਗਈ ਰਕਮ ਦੀ ਅਦਾਇਗੀ ਕਰਨ ਲਈ ਦੱਸਿਆ ਗਿਆ ਹੈ। ਕਰਜ਼ਦਾਰ ਰਕਮ ਵਾਪਸ ਕਰਨ ਵਿੱਚ ਅਸਫਲ ਰਹਿਣ ਕਰਕੇ, ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਹਸਤਾਖਰ ਕਰਨ ਵਾਲੇ ਨੇ **13 ਮਾਰਚ, 2026** ਨੂੰ ਉਕਤ ਨਿਯਮਾਂ ਦੇ ਨਿਯਮ 8 ਦੇ ਨਾਲ ਪੜ੍ਹੇ ਗਏ ਉਕਤ ਐਕਟ ਦੀ ਧਾਰਾ 13(4) ਦੇ ਤਹਿਤ ਉਸਨੂੰ/ਉਸਨੂੰ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਹੇਠਾਂ ਦੱਸੀ ਗਈ ਜਾਇਦਾਦ ਦਾ **ਸੰਕੇਤਕ ਕਬਜ਼ਾ** ਲੈ ਲਿਆ ਹੈ।

| ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਮ ਅਤੇ ਪਤਾ | ਜਾਇਦਾਦ ਦਾ ਵੇਰਵਾ | ਮੰਗ ਨੋਟਿਸ ਅਨੁਸਾਰ ਬਕਾਇਆ ਰਕਮ ਅਤੇ ਮੰਗ ਸੂਚਨਾ ਦੀ ਮਿਤੀ |
|---|---|---|
| ਮੈਸ.ਐਮਆਈ ਇੰਡਸਟਰੀਜ਼ ਪ੍ਰਤੀਨਿਧੀ ਇਸਦੇ ਪ੍ਰੋ ਦੁਆਰਾ. ਮੁਹੰਮਦ ਇਲਿਆਸ ਪੁੱਤਰ ਮੁਹੰਮਦ ਦੀਨ। ਲੁਧਿਆਣਾ ਬਾਈਪਾਸ ਸਰੌਂਦ ਚੌਂਕ, ਮਲੇਰਕੋਟਲਾ ਸੰਗਰੂਰ ਪੰਜਾਬ 148023 (ਏ) ਮੁਹੰਮਦ ਇਲਿਆਸ ਪੁੱਤਰ ਹਾਜੀ ਮੁਹੰਮਦ ਦੀਨ। ਲੁਧਿਆਣਾ ਬਾਈਪਾਸ ਸਰਕੁਆਂ ਚੌਕ, ਮਲੇਰਕੋਲਾ ਸੰਗਰੂਰ ਪੰਜਾਬ 148023 (ਏ) ਅਬਦੁਲ ਸੱਤਾਰ ਪੁੱਤਰ ਹਾਜੀ ਮੁਹੰਮਦ ਦੀਨ। ਸਰੌਂਦ ਚੌਂਕ ਬਾਈਪਾਸ ਰੋਡ, ਮਲੇਰਕੋਟਲਾ, ਤਹਿਸੀਲ ਮਲੇਰਕੋਲਾ, ਸੰਗਰੂਰ ਪੰਜਾਬ 148023 ਸ਼੍ਰੀਮਤੀ ਸਜਦਾ ਪਤਨੀ ਅਬਦੁਲ ਸਤਾਰ ਪੁੱਤਰ ਹਾਜ਼ੀ ਮੁਹੰਮਦ ਦੀਨ ਪੁੱਤਰ ਮੁਹੰਮਦੂ ਵਾਸੀ ਸਰੋਂਦ ਰੋਡ, ਬਾਈਪਾਸ, ਮਲੇਰਕੋਟਲਾ, ਤਹਿਸੀਲ ਮਾਲੇਰਕੋਟਲਾ, ਜ਼ਿਲ੍ਹਾ ਸੰਗਰੂਰ | ਪ੍ਰਾਪਰਟੀ ਯੂਆਈਡੀ ਨੰਬਰ ਬੀ012/00140 'ਤੇ ਸਥਿਤ 48 ਵਰਗ ਗਜ਼ ਦਾ ਘਰ ਮਕਾਨ ਨੰਬਰ: 304 ਵਾਰਡ ਨੰਬਰ: 10 ਹਾਤਾ ਵਾਲੀ ਰਾਮ ਦਾ ਮੰਡੀ ਅਹਿਮਦਗੜ੍ਹ। ਹੇਠ ਲਿਖੇ ਅਨੁਸਾਰ ਘੇਰਾਬੰਦੀ ਕੀਤੀ ਗਈ ਹੈ: - ਪੂਰਬ: 32 ਫੁੱਟ ਬਖਸ਼ੀਸ਼ ਸਿੰਘ, ਪੱਛਮ: 32 ਫੁੱਟ ਹਰਚੰਦ ਸਿੰਘ, ਉੱਤਰ: 13 ਫੁੱਟ 4 ਇੰਚ ਗਲੀ, ਦੱਖਣ: 13 ਫੁੱਟ 4 ਇੰਚ ਮੇਹਰ ਚੰਦ | 3675084.00 ਰੁਪਏ (ਤੀਹ ਲੱਖ ਸੱਤਰ ਪੰਜ ਸੌ ਚੁਰਾਸੀ ਜ਼ੀਰੋ ਪੈਸੇ ਸਿਰਫ਼।) ਖਾਤਾ ਨੰਬਰ: -CDSNGTF1808300029 ਡਿਮਾਂਡ ਨੋਟਿਸ ਮਿਤੀ 08-01-2026 |

ਇਹ ਨੋਟਿਸ ਆਮ ਜਨਤਾ ਨੂੰ ਇਹ ਵੀ ਚੇਤਾਵਨੀ ਦੇਣ ਲਈ ਹੈ ਕਿ SFL ਦਾ ਅਧਿਕਾਰਤ ਅਧਿਕਾਰੀ ਉੱਪਰ ਦੱਸੀ ਗਈ ਅਚੱਲ ਜਾਇਦਾਦ ਦੇ ਕਾਨੂੰਨੀ ਸੰਕੇਤਕ ਕਬਜ਼ੇ ਵਿੱਚ ਹੈ ਅਤੇ ਕਰਜ਼ਦਾਰ ਜਾਂ ਕੋਈ ਵੀ ਵਿਅਕਤੀ ਇਸ ਨੋਟਿਸ ਦੀ ਪ੍ਰਾਪਤੀ ਤੋਂ ਬਾਅਦ, SFL ਦੀ ਪੂਰਵ ਲਿਖਤੀ ਸਹਿਮਤੀ ਤੋਂ ਬਿਨਾਂ, ਇਸ ਨੋਟਿਸ ਵਿੱਚ ਜ਼ਿਕਰ ਕੀਤੀ ਗਈ ਉਪਰੋਕਤ ਸੁਰੱਖਿਅਤ ਸੰਪਤੀਆਂ ਵਿੱਚੋਂ ਕਿਸੇ ਨੂੰ ਵੀ ਵਿਕਰੀ, ਲੀਜ਼ ਜਾਂ ਕਿਸੇ ਹੋਰ ਤਰੀਕੇ ਨਾਲ ਟ੍ਰਾਂਸਫਰ ਨਹੀਂ ਕਰੇਗਾ।
ਮਿਤੀ : 18.03.2026 ਸਥਾਨ : ਸੰਗਰੂਰ ਅਧਿਕਾਰਤ ਅਧਿਕਾਰੀ, ਸ਼੍ਰੀਰਾਮ ਫਾਇਨਾਂਸ ਲਿਮਟਿਡ

# ਮੁੱਖ ਮੰਤਰੀ ਤੀਰਥ ਯਾਤਰਾ ਬੱਸ ਨੂੰ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਨੇ ਕੀਤਾ ਰਵਾਨਾ



ਦੋਰਾਹਾ, ਖੰਨਾ, ਲੁਧਿਆਣਾ, 19 ਮਾਰਚ, (ਸੰਜੀਵ ਲਹਿਲ/ਵਿਸ਼ਾਲ ਸ਼ਰਮਾ): ਪੰਜਾਬ ਸਰਕਾਰ ਦੀ ਮਹੱਤਵਪੂਰਨ ਯੋਜਨਾ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਅਧੀਨ ਅੱਜ ਦੋਰਾਹਾ ਦੇ ਵਾਰਡ ਨੰਬਰ 4 ਤੋਂ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਸ਼ਰਧਾਲੂਆਂ ਦੀ ਬੱਸ ਰਵਾਨਾ ਕੀਤੀ ਗਈ। ਇਸ ਉਪਰਾਲੇ ਦਾ ਉਦੇਸ਼ ਮੱਧਵਰਗ ਅਤੇ ਜ਼ਰੂਰਤਮੰਦ ਵਰਗਾਂ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਉਣਾ ਹੈ। ਹਲਕਾ ਪਾਇਲ ਦੇ ਵਿਧਾਇਕ ਸ੍ਰੀ ਮਨਵਿੰਦਰ ਸਿੰਘ ਗਿਆਸਪੁਰਾ ਵੱਲੋਂ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ, ਜਿਸ ਨਾਲ ਦੋਰਾਹਾ ਵਾਰਡ ਨੰਬਰ 4 ਦੇ ਵਾਸੀਆਂ ਵਿੱਚ ਖੁਸ਼ੀ ਤੇ ਉਤਸ਼ਾਹ ਦਾ ਮਾਹੌਲ ਬਣਿਆ।

ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ 'ਚ ਸੂਬਾ ਸਰਕਾਰ ਨੇ ਮੁੱਖ ਮੰਤਰੀ ਤੀਰਥ ਯਾਤਰਾ ਸ਼ੁਰੂ ਕਰਕੇ ਲੋਕਾਂ ਦੀ ਸੇਵਾ ਲਈ ਸਹੀ ਮਾਅਨਿਆਂ 'ਚ ਵਿਲੱਖਣ ਉਪਰਾਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਬਹੁਤ ਸਾਰੇ ਲੋਕਾਂ ਦੇ ਮਨ ਪਵਿੱਤਰ ਅਸਥਾਨਾਂ ਦੇ ਦਰਸ਼ਨ ਲਈ ਲੋਚਦੇ ਹਨ, ਜਿਸ ਕਰ ਕੇ ਦਰਸ਼ਨ ਕਰਨ ਦੀ ਤਾਂਘ ਪੂਰੀ ਕਰਨ ਲਈ ਇਹ ਨਿਵੇਕਲੀ ਪਹਿਲਕਦਮੀ ਕੀਤੀ ਗਈ ਹੈ। ਉਨ੍ਹਾਂ ਨੇ ਕਿਹਾ ਕਿ ਯਾਤਰਾ ਦੌਰਾਨ ਸੰਗਤ ਨਾਲ ਇਕ ਮੈਡੀਕਲ ਟੀਮ ਵੀ ਜਾਂਦੀ ਹੈ ਤਾਂ ਜੋ ਕਿਸੇ ਵੀ ਹੰਗਾਮੀ ਸਥਿਤੀ 'ਚ ਤੁਰੰਤ ਸਹਾਇਤਾ ਦਿੱਤੀ ਜਾ ਸਕੇ।

ਉਨ੍ਹਾਂ ਨੇ ਦੱਸਿਆ ਕਿ ਇਹ ਯੋਜਨਾ ਧਾਰਮਿਕ ਯਾਤਰਾ ਨੂੰ ਆਸਾਨ ਬਣਾਉਣ ਦੇ ਨਾਲ-ਨਾਲ ਸਮਾਜਿਕ ਸਾਂਝ ਨੂੰ ਵੀ ਮਜ਼ਬੂਤ ਕਰਦੀ ਹੈ। ਯਾਤਰੀਆਂ ਲਈ ਸੁਰੱਖਿਅਤ ਆਵਾਜਾਈ, ਢੰਗ ਦੇ ਬੰਦੋਬਸਤ ਅਤੇ ਸੁਵਿਧਾਵਾਂ ਦਾ ਖ਼ਾਸ ਧਿਆਨ ਰੱਖਿਆ ਗਿਆ ਹੈ ਤਾਂ ਜੋ ਉਹ ਨਿਸ਼ਚਿੰਤ ਹੋ ਕੇ ਦਰਸ਼ਨ ਕਰ ਸਕਣ।

ਵਿਧਾਇਕ ਗਿਆਸਪੁਰਾ ਨੇ ਕਿਹਾ ਕਿ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਪਵਿੱਤਰ ਅਸਥਾਨਾਂ ਦੀ ਮੁਫ਼ਤ ਯਾਤਰਾ ਦੀ ਸਹੂਲਤ ਦੇ ਕੇ ਪੰਜਾਬੀਆਂ ਵਿੱਚ ਸਮਾਜਿਕ ਅਤੇ ਧਾਰਮਿਕ ਸਦਭਾਵਨਾ ਨੂੰ ਮਜ਼ਬੂਤ ਕਰਨ ਲਈ ਇੱਕ ਵਿਸ਼ੇਸ਼ ਪਹਿਲਕਦਮੀ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਤੀਰਥ ਯਾਤਰਾ ਨੂੰ ਲੈ ਕੇ ਸਮਾਜ ਦੇ ਹਰ ਵਰਗ ਵਿੱਚ ਖੁਸ਼ੀ ਪਾਈ ਜਾ ਰਹੀ ਹੈ। ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਰਾਹੀਂ ਧਾਰਮਿਕ ਸਥਾਨਾਂ ਦੀ ਮੁਫ਼ਤ ਯਾਤਰਾ ਤੇ ਜਾ ਰਹੇ ਬਜ਼ੁਰਗਾਂ ਦੇ ਚਿਹਰਿਆਂ ਉੱਤੇ ਖੁਸ਼ੀ ਦਾ ਕੋਈ ਟਿਕਾਣਾ ਨਹੀਂ ਸੀ। ਇਹਨਾਂ ਬਜ਼ੁਰਗਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਦੁਆਵਾਂ ਦਿੰਦੇ ਹੋਏ ਕਿਹਾ ਕਿ ਭਗਵੰਤ ਸਿੰਘ ਮਾਨ ਸਾਡਾ ਸਰਵਣ ਪੁੱਤ ਹੈ ਜੋ ਸਾਨੂੰ ਮੁਫ਼ਤ ਵਿੱਚ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾ ਰਿਹਾ ਹੈ।

# ਮਾਂ ਚਿੰਤਪੂਰਨੀ ਦੀ ਵਿਸ਼ਾਲ ਚੌਂਕੀ 5 ਅਪ੍ਰੈਲ ਨੂੰ



ਮੁੱਲਾਂਪੁਰ ਦਾਖਾ, 19 ਮਾਰਚ (ਦਵਿੰਦਰ ਸਿੰਘ ਲੰਮੇ): ਸਥਾਨਕ ਸ਼ਹਿਰ ਦੇ ਸ੍ਰੀ ਸਤਿ ਈਸ਼ਵਰ ਮੰਦਿਰ ਵਿਖੇ 5 ਅਪ੍ਰੈਲ ਨੂੰ ਮਾਂ ਚਿੰਤਪੂਰਨੀ ਜੀ ਦੀ ਵਿਸ਼ਾਲ ਚੌਂਕੀ ਮੌਕੇ ਕਰਵਾਏ ਜਾਣ ਵਾਲੇ ਸਮਾਗਮ ਦੀਆਂ ਤਿਆਰੀਆਂ ਪ੍ਰਬੰਧਕਾਂ ਵੱਲੋਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਸਮਾਗਮ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਧਾਨ ਸੁਸ਼ੀਲ ਕੁਮਾਰ ਬਾਂਸਲ ਨੇ ਦੱਸਿਆ ਕਿ ਜੈ ਮਾਂ ਚਿੰਤਪੂਰਨੀ ਪਰਿਵਾਰ ਦੁਆਰਾ ਹਰ ਸਾਲ ਦੀ ਤਰ੍ਹਾਂ ਸ਼੍ਰੀ ਸਤਿ ਈਸ਼ਵਰ ਮੰਦਿਰ ਵਿਖੇ 5 ਅਪਰੈਲ ਦਿਨ ਐਤਵਾਰ ਨੂੰ ਸ਼ਾਮ ਵੇਲੇ ਮਾਤਾ ਜੀ ਦੀ ਵਿਸ਼ਾਲ ਚੌਂਕੀ ਸਮਾਗਮ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਮਾਤਾ ਜੀ ਦੀ ਪਵਿੱਤਰ ਜੋਤਿ ਮਾਂ ਚਿੰਤਪੂਰਨੀ ਦਰਬਾਰ ਵਿੱਚੋਂ ਲਿਆਂਦੀ ਜਾਵੇਗੀ। ਪੂਜਾ ਦੀ ਰਸਮ ਪੂਜਨੀਕ ਪੰਡਤ ਮਨੋਜ ਤਿਵਾੜੀ ਵੱਲੋਂ ਕੀਤੀ ਜਾਵੇਗੀ। ਭਜਨ ਗਾਇਕ ਵਿੱਕੀ ਮਿਸ਼ਾਲ ਅਤੇ ਗੁੱਡੂ ਵਾਧਵਾ ਲੁਧਿਆਣੇ ਵਾਲੇ ਆਪਣੇ ਭਜਨਾਂ ਰਾਹੀਂ ਮਾਂ ਭਗਤਾਂ ਨੂੰ ਨਿਹਾਲ ਕਰਨਗੇ। ਪ੍ਰਧਾਨ ਬਾਂਸਲ ਨੇ ਕਿਹਾ ਕਿ ਮਾਤਾ ਜੀ ਦੀ ਚੌਂਕੀ ਦਾ ਦਰਬਾਰ ਫੁੱਲਾਂ ਨਾਲ ਸਜਾਇਆ ਜਾਵੇਗਾ ਤੇ ਅਲੌਕਿਕ ਸ਼ਿੰਗਾਰ ਦੇਖਣਯੋਗ ਹੋਵੇਗਾ। ਉਨ੍ਹਾਂ ਮਾਤਾ ਜੀ ਦੇ ਸ਼ਰਧਾਲੂਆਂ ਅਤੇ ਸ਼ਹਿਰਵਾਸੀਆਂ ਨੂੰ ਸਮੇਂ ਸਿਰ ਪੁੱਜਣ ਦੀ ਬੇਨਤੀ ਕੀਤੀ ਹੈ। ਭੋਜਨ ਲੰਗਰ ਅਤੁੱਟ ਵਰਤਾਇਆ ਜਾਵੇਗਾ। ਇਸ ਮੌਕੇ ਰਾਹੁਲ ਗਰੋਵਰ,ਰਾਜੀਵ ਮਲਹੋਤਰਾ, ਗੋਲਡੀ ਗਾਬਾ, ਨਰੇਸ਼ ਬਾਂਸਲ, ਹਰਮਨ ਗੋਇਲ, ਰਮਨ ਸਿੰਗਲਾ, ਪੰਕਜ ਗਰਗ, ਸਨੀ ਗਿਲੀ, ਹਨੀ ਗਾਬਾ,ਵਰੁਣ ਕਾਂਸਲ, ਅਭੇ ਬਾਂਸਲ ਅਤੇ ਗੌਰਵ ਆਦਿ ਹਾਜ਼ਰ ਸਨ।

# ਅਕਾਲੀ ਦਲ ਦੀ ਰੈਲੀ ਦੌਰਾਨ ਪੰਜਾਬ ਵਿੱਚ ਮੁਜਰੇ ਕਰਵਾਉਣ ਦੀ ਗੱਲ ਆਖਣਾ ਬੇਹੱਦ ਨਿੰਦਣਯੋਗ : ਹੌਬੀ



ਲੁਧਿਆਣਾ, 19 ਮਾਰਚ (ਰਵਿੰਦਰ ਸਿੰਘ ਨਿੱਝਰ) : ਭਾਜਪਾ ਪੰਜਾਬ ਦੇ ਸੀਨੀਅਰ ਆਗੂ ਤੇ ਸਟੂਡੈਂਟਸ ਡੈਮੋਕਰੇਟਿਕ ਫੈਡਰੇਸ਼ਨ ਐਸਡੀਐਫ ਦੇ ਮੁੱਖ ਸੇਵਾਦਾਰ. ਜਸਪ੍ਰੀਤ ਸਿੰਘ ਹੌਬੀ ਵੱਲੋਂ ਬੀਤੇ ਦਿਨੀਂ ਸ਼੍ਰੋਮਣੀ ਅਕਾਲੀ ਦਲ ਵੱਲੋਂ ਫਰੀਦਕੋਟ ਵਿਖੇ ਕੀਤੀ ਗਈ ਰੈਲੀ ਮੌਕੇ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਮੌਜੂਦਗੀ ਵਿੱਚ ਫਰੀਦਕੋਟ ਦੇ ਸਾਬਕਾ ਵਿਧਾਇਕ ਬੰਟੀ ਰੋਮਾਣਾ ਵੱਲੋਂ ਪੰਜਾਬ ਦੇ ਵਿੱਚ ਸ਼੍ਰੋਮਣੀ ਅਕਾਲੀ ਦਲ ਦਾ ਵਕਤ ਆਉਣ 'ਤੇ ਮੁਜਰਾ ਕਰਵਾਉਣ ਦੀ ਕਹੀ ਗਈ ਗੱਲ ਦੀ ਸਖ਼ਤ ਨਿੰਦਿਆ ਕਰਦਿਆਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਲੱਗਭੱਗ 100 ਸਾਲ ਪੁਰਾਣੀ ਪੰਥਕ ਸੋਚ ਨਾਲ ਬਣੀ ਪਾਰਟੀ ਹੈ, ਜਿਸ ਵਿੱਚ ਮਾਸਟਰ ਤਾਰਾ ਸਿੰਘ, ਗੁਰਚਰਨ ਸਿੰਘ ਟੌਹੜਾ ਅਤੇ ਪ੍ਰਕਾਸ਼ ਸਿੰਘ ਬਾਦਲ ਵਰਗੇ ਕਈ ਅਨੇਕਾਂ ਪੰਥਕ ਸੋਚ ਨੂੰ ਸਿਰ 'ਤੇ ਰੱਖ ਕੇ ਚੱਲਣ ਵਾਲੇ ਵੱਡੇ ਵੱਡੇ ਆਗੂ ਹੋਏ ਹਨ ਅਤੇ ਸ਼੍ਰੋਮਣੀ ਅਕਾਲੀ ਦਲ ਸ਼ਹੀਦਾਂ ਦੀ ਜਥੇਬੰਦੀ ਕਹਾਉਣ ਵਾਲੀ ਪਾਰਟੀ ਹੈ ਅਤੇ ਅੱਜ ਉਹ ਦਿਨ ਦੇਖਣ ਨੂੰ ਮਿਲ ਰਹੇ ਹਨ ਕਿ ਪਾਰਟੀ ਦੇ ਪ੍ਰਧਾਨ ਦੀ ਮੌਜੂਦਗੀ ਵਿੱਚ ਪਾਰਟੀ ਦੇ ਅਹੁਦੇਦਾਰ ਪਾਰਟੀ ਦੀਆਂ ਰੈਲੀਆਂ ਦੇ ਸਟੇਜਾਂ ਤੋਂ ਪੰਜਾਬ ਦੇ ਵਿੱਚ ਪਾਰਟੀ ਦਾ ਆਪਣਾ ਵਕਤ ਆਉਣ 'ਤੇ ਮੁਜਰਾ ਕਰਵਾਉਣ ਵਾਲੀ ਗੱਲ ਕਹਿ ਰਹੇ ਹਨ ਜੋ ਕਿ ਪੰਥਕ ਸੋਚ ਨੂੰ ਬਹੁਤ ਵੱਡੀ ਢਾਹ ਲਾਉਣ ਵਾਲੀ ਗੱਲ ਜਾਪਦੀ ਹੈ। ਹੌਬੀ ਨੇ ਕਿਹਾ ਕਿ ਇਸ ਗੱਲ ਵਿੱਚ ਕੋਈ ਦੋ ਰਾਏ ਨਹੀਂ ਕਿ ਸ਼੍ਰੋਮਣੀ ਅਕਾਲੀ ਦਲ ਦਾ ਅਕਸ਼ ਅਤੇ ਵਜੂਦ ਦਿਨ ਬ ਦਿਨ ਘਟਣ ਦਾ ਕਾਰਣ ਹੀ ਮਾੜੀ ਲੀਡਰਸ਼ਿਪ ਅਤੇ ਪਾਰਟੀ ਪ੍ਰਧਾਨ ਦੇ ਆਲੇ ਦੁਆਲੇ ਫਰੇਮ ਦੇ ਵਿੱਚ ਕੁਝ ਚੰਦ ਇਹੋ ਜਿਹੇ ਆਗੂ ਹਨ, ਜੋ ਸ਼੍ਰੋਮਣੀ ਅਕਾਲੀ ਦਲ ਦੇ ਸ਼ਾਨਾਮਤੀ ਇਤਿਹਾਸ ਨੂੰ ਭੁੱਲ ਕੇ ਆਪਣੇ ਤੌਰ ਤਰੀਕਿਆਂ ਨਾਲ ਪਾਰਟੀ ਨੂੰ ਚਲਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਜੋ ਕਿ ਪੰਜਾਬ ਅਤੇ ਪੰਥ ਨੂੰ ਬਿਲਕੁੱਲ ਮਨਜ਼ੂਰ ਨਹੀਂ ਅਤੇ ਹੈਰਾਨਗੀ ਵਾਲੀ ਗੱਲ ਇਹ ਹੈ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਆਪਣੀਆਂ ਅੱਖਾਂ ਬੰਦ ਕੀਤੀਆਂ ਹੋਈਆਂ ਹਨ, ਜਿਸ ਨਾਲ ਫਰੇਮ ਦੇ ਵਿੱਚ ਕੁਝ ਚਾਪਲੂਸ ਲੋਕ ਅੱਗੇ ਹਨ ਅਤੇ ਪੰਥਕ ਸੋਚ ਵਾਲੇ ਸਾਰੇ ਵੱਡੇ ਤੇ ਛੋਟੇ ਆਗੂ ਹੌਲੀ ਹੌਲੀ ਪਿੱਛੇ ਹਟਦੇ ਜਾ ਰਹੇ ਹਨ, ਜਿਸ ਦਾ ਨੁਕਸਾਨ ਪੰਜਾਬ ਵਿੱਚ ਪੰਥਕ ਪਾਰਟੀ ਕਹਾਉਣ ਵਾਲੀ ਸ਼੍ਰੋਮਣੀ ਅਕਾਲੀ ਦਲ ਨੂੰ ਵੱਡੇ ਪੱਧਰ 'ਤੇ ਹੋ ਰਿਹਾ ਹੈ।

# ਗੁਰਦੁਆਰਾ ਸ਼ਹੀਦਾਂ ਫ਼ੇਰੂਮਾਨ ਵਿਖੇ ਚੇਤ ਦੀ ਮੱਸਿਆ ਦਾ ਦਿਹਾੜਾ ਮਨਾਇਆ



ਲੁਧਿਆਣਾ, 19 ਮਾਰਚ (ਰਵਿੰਦਰ ਸਿੰਘ ਨਿੱਝਰ): ਗੁਰਦੁਆਰਾ ਸ਼ਹੀਦਾਂ ਫ਼ੇਰੂਮਾਨ ਢੋਲੇਵਾਲ ਚੌਂਕ ਵਿਖੇ ਚੇਤ ਮਹੀਨੇ ਦੀ ਮੱਸਿਆ ਦਾ ਦਿਹਾੜਾ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਦੂਰ-ਦੁਰਾਡੇ ਪਿੰਡਾਂ, ਸ਼ਹਿਰਾਂ ਅਤੇ ਕਸਬਿਆਂ ਤੋਂ ਪਹੁੰਚੀਆਂ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਵੱਲੋਂ ਸ਼ਰਧਾ ਅਤੇ ਸਤਿਕਾਰ ਸਹਿਤ ਮਨਾਇਆ ਗਿਆ। ਅੰਮ੍ਰਿਤ ਵੇਲੇ ਤੋਂ ਹੀ ਗੁਰਦੁਆਰਾ ਸਾਹਿਬ ਵਿੱਚ ਧਾਰਮਿਕ ਗੁਰਦੁਆਰਾ ਸਹਿਬ ਦੇ ਹਜ਼ੂਰੀ ਰਾਗੀ ਜਥਿਆਂ ਭਾਈ ਪਰਮਵੀਰ ਸਿੰਘ, ਭਾਈ ਗੁਰਦੀਪ ਸਿੰਘ ਜੈਪੁਰ ਵਾਲੇ, ਭਾਈ ਹਰਪ੍ਰੀਤ ਸਿੰਘ ਖਾਲਸਾ, ਭਾਈ ਗੁਰਸ਼ਰਨ ਸਿੰਘ ਕੋਮਲ ਅਤੇ ਵਿਸ਼ੇਸ਼ ਤੌਰ 'ਤੇ ਭਾਈ ਗੁਰਮੇਲ ਸਿੰਘ ਬਰਨਾਲਾ ਵਾਲੇ ਅਤੇ ਉਨ੍ਹਾਂ ਦੇ ਜਥਿਆਂ ਵੱਲੋਂ ਅੰਮਿਤਮਈ ਗੁਰਬਾਣੀ ਕੀਰਤਨ ਦੀ ਸੇਵਾ ਨਿਭਾਈ ਗਈ। ਸਮਾਗਮ ਦੌਰਾਨ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਐਡਵੋਕੇਟ ਬਲਵਿੰਦਰ ਸਿੰਘ ਲਾਇਲਪੁਰੀ ਵੱਲੋਂ ਸੰਗਤੀ ਰੂਪ ਵਿੱਚ ਰਾਗੀ ਜਥਿਆਂ ਨੂੰ ਸਿਰਪਾਓ ਭੇਟ ਕੀਤੇ ਗਏ। ਗੁਰੂ ਕੇ ਲੰਗਰ ਅਤੁੱਟ ਵਰਤੇ। ਇਸ ਮੌਕੇ ਪਰਮਜੀਤ ਸਿੰਘ ਲਾਇਲਪੁਰੀ, ਤੇਜਿੰਦਰ ਸੀ ਡੰਗ, ਤਰਲੋਚਨ ਸਿੰਘ ਬੱਬਰ, ਇੰਦਰਜੀਤ ਸਿੰਘ ਮੱਕੜ, ਜਤਿੰਦਰਪਾਲ ਸਿੰਘ ਸਲੂਜਾ, ਸੁਰਿੰਦਰਜੀਤ ਸਿੰਘ ਮੱਕੜ, ਬਲਜੀਤ ਸਿੰਘ ਦੁਖੀਆ, ਅਵਤਾਰ ਸਿੰਘ ਪਨੇਸਰ, ਪ੍ਰੀਤਮ ਸਿੰਘ ਮਣਕੂ, ਇੰਦਰਜੀਤ ਸਿੰਘ ਗੋਲਾ, ਲਖਵਿੰਦਰ ਸਿੰਘ ਲੱਖਾ, ਸੁਰਿੰਦਰ ਸਿੰਘ ਨਾਰੰਗ, ਮੋਹਨ ਸਿੰਘ ਚੌਹਾਨ, ਸੁਰਜੀਤ ਸਿੰਘ ਮਠਾੜੂ, ਅਰਜੁਨ ਸਿੰਘ ਚੀਮਾ, ਦਵਿੰਦਰ ਸਿੰਘ ਸਿੱਬਲ, ਪਰਮਿੰਦਰ ਸਿੰਘ, ਰਵਿੰਦਰ ਸਿੰਘ ਰਵੀ, ਗੁਰਮੀਤ ਸਿੰਘ, ਸੁਨੀਲ ਕੁਮਾਰ ਆਦਿ ਹਾਜ਼ਰ ਸਨ।

# ਡਾ. ਕੋਟਨਿਸ ਹਸਪਤਾਲ ਨੇ ਦੋ ਦਿਨਾਂ ਮੁਫ਼ਤ ਐਕਿਊਪੰਕਚਰ ਕੈਂਪ ਲਗਾਇਆ



ਲੁਧਿਆਣਾ, 19 ਮਾਰਚ (ਰਵਿੰਦਰ ਸਿੰਘ ਨਿੱਝਰ): ਡਾ. ਕੋਟਨਿਸ ਐਕਿਊਪੰਕਚਰ ਚੈਰੀਟੇਬਲ ਹਸਪਤਾਲ, ਸਲੇਮ ਟਾਬਰੀ, ਲੁਧਿਆਣਾ ਵੱਲੋਂ ਗੁਰਦੁਆਰਾ ਮੰਜੀ ਸਾਹਿਬ ਪਾਤਸ਼ਾਹੀ ਨੌਵੀਂ, ਗੁੱਜਰਵਾਲ ਵਿਖੇ ਲਗਾਇਆ ਗਿਆ 2 ਦਿਨਾਂ ਦਾ ਮੁਫ਼ਤ ਐਕਿਊਪੰਕਚਰ ਕੈਂਪ ਸਫਲਤਾਪੂਰਵਕ ਸੰਪੰਨ ਹੋ ਗਿਆ। ਕੈਂਪ ਦਾ ਉਦਘਾਟਨ ਜਗਦੀਸ਼ ਗਰਚਾ (ਸਾਬਕਾ ਮੰਤਰੀ) ਨੇ ਕੀਤਾ। ਇਸ ਮੌਕੇ. ਜਸਵੰਤ ਸਿੰਘ ਛਾਪਾ, ਜ਼ਿਲ੍ਹਾ ਪ੍ਰਧਾਨ, ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਅਤੇ ਜਥੇਦਾਰ ਜਗਰੂਪ ਸਿੰਘ ਗੁੱਜਰਵਾਲ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਕੈਂਪ ਦੌਰਾਨ 78 ਮਰੀਜ਼ਾਂ ਦਾ ਬਿਨਾਂ ਦਵਾਈ, ਬਿਨਾਂ ਸਰਜਰੀ ਅਤੇ ਬਿਨਾਂ ਦਰਦ ਵਾਲੀ ਪ੍ਰਮਾਣਿਤ ਐਕਿਊਪੰਕਚਰ ਪੱਧਤੀ ਰਾਹੀਂ ਕਮਰ ਦਰਦ, ਸਰਵਾਈਕਲ, ਸਪਾਂਡਿਲਾਈਟਿਸ, ਡਿਸਕ ਪ੍ਰੋਲੈਪਸ, ਜੋੜਾਂ ਅਤੇ ਗੋਡਿਆਂ ਦਾ ਦਰਦ, ਨਸਾਂ ਦੀ ਕਮਜ਼ੋਰੀ, ਨਿਊਰੋਪੈਥੀ, ਮਾਈਗ੍ਰੇਨ, ਅਨਿੰਦਰਾ, ਮਾਨਸਿਕ ਤਣਾਅ, ਲਕਵਾ, ਅਧਰੰਗ, ਪੁਰਾਣਾ ਜ਼ੁਕਾਮ, ਐਲਰਜੀ, ਸ਼ੂਗਰ ਨਾਲ ਸੰਬੰਧਿਤ ਸਮੱਸਿਆਵਾਂ, ਅੱਖਾਂ ਦੀ ਕਮਜ਼ੋਰੀ, ਸਪੋਰਟਸ ਇੰਜਰੀ ਅਤੇ ਨਸ਼ਾ ਮੁਕਤੀ ਸੰਬੰਧੀ ਬਿਮਾਰੀਆਂ ਲਈ ਇਲਾਜ ਕੀਤਾ ਗਿਆ। ਇਸ ਮੌਕੇ ਹਸਪਤਾਲ ਦੇ ਡਾਇਰੈਕਟਰ ਡਾ ਇੰਦਰਜੀਤ ਸਿੰਘ ਨੇ ਦੱਸਿਆ ਕਿ ਸਾਡੀ ਸੰਸਥਾ ਪਿਛਲੇ 50 ਵਰਿਆਂ ਤੋਂ ਐਕਿਊਪੰਕਚਰ ਰਾਹੀਂ ਕਈ ਲਾਇਲਾਜ ਬਿਮਾਰੀਆਂ ਦਾ ਇਲਾਜ ਕਰਕੇ ਮਨੁੱਖਤਾ ਦੀ ਸੇਵਾ ਕਰ ਰਹੀ ਹੈ ਅਤੇ ਐਕਿਊਪੰਕਚਰ ਇੱਕ ਐਸੀ ਚਿਕਿਤਸਾ ਪ੍ਰਣਾਲੀ ਹੈ, ਜਿਸ ਦਾ ਸਰੀਰ ਉੱਪਰ ਕੋਈ ਵੀ ਬੁਰਾ ਪ੍ਰਭਾਵ ਨਹੀਂ ਪੈਂਦਾ। ਇਸ ਮੌਕੇ ਡਾ ਬਲਜਿੰਦਰ ਸਿੰਘ ਢਿੱਲੋਂ ਅਤੇ ਡਾ ਰਘਵੀਰ ਸਿੰਘ ਵੱਲੋਂ ਕੈਂਪ ਵਿੱਚ ਆਪਣੀਆਂ ਮੁਫ਼ਤ ਸੇਵਾਵਾਂ ਦਿੱਤੀਆਂ ਗਈਆਂ। ਇਸ ਮੌਕੇ ਮਨੀਸ਼ਾ, ਗਗਨ ਭਾਟੀਆ, ਤਰਸੇਮ ਲਾਲ, ਤਾਨੀਆ ਸਹਲ, ਮੀਨੂ ਆਦਿ ਨੇ ਵੀ ਵਿਸ਼ੇਸ਼ ਰੂਪ ਵਿੱਚ ਇਸ ਕੈਂਪ ਨੂੰ ਸਫਲ ਬਣਾਉਣ ਲਈ ਆਪਣਾ ਯੋਗਦਾਨ ਦਿੱਤਾ।

# ਵਿਧਾਇਕ ਸਿੱਧੂ ਦੀ ਪ੍ਰਧਾਨਗੀ ਹੇਠ ਨਿਗਮ ਕਮਿਸ਼ਨਰ ਨਾਲ ਮੀਟਿੰਗ



ਲੁਧਿਆਣਾ, 19 ਮਾਰਚ (ਵਿਸ਼ਾਲ ਸ਼ਰਮਾ): ਵਿਧਾਇਕ ਕੁਲਵੰਤ ਸਿੰਘ ਸਿੱਧੂ ਦੀ ਪ੍ਰਧਾਨਗੀ ਹੇਠ ਅੱਜ ਨਗਰ ਨਿਗਮ ਕਮਿਸ਼ਨਰ ਨੀਰੂ ਕਤਿਆਲ ਨਾਲ ਮੀਟਿੰਗ ਕੀਤੀ, ਜਿੱਥੇ ਵਿਧਾਨ ਸਭਾ ਹਲਕਾ ਆਤਮ ਨਗਰ ਵਿੱਚ ਚੱਲ ਰਹੇ ਅਤੇ ਆਗਾਮੀ ਵਿਕਾਸ ਪ੍ਰੋਜੈਕਟਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਵਿਧਾਇਕ ਸਿੱਧੂ ਨੇ ਹਲਕੇ ਦੇ ਵਸਨੀਕਾਂ ਲਈ ਤੇਜ਼ ਅਤੇ ਬਿਹਤਰ ਤਰੱਕੀ ਪ੍ਰਤੀ ਸਰਕਾਰ ਦੀ ਵਚਨਬੱਧਤਾ ਦੀ ਪੁਸ਼ਟੀ ਵੀ ਕੀਤੀ। ਵਿਧਾਇਕ ਸਿੱਧੂ ਵੱਲੋਂ ਕਮਿਸ਼ਨਰ ਨੀਰੂ ਕਤਿਆਲ ਅੱਗੇ ਹਲਕੇ ਦੇ ਛੋਟੇ ਦੁਕਾਨਦਾਰ, ਫੜ੍ਹੀ ਵਾਲਿਆਂ ਦੀਆਂ ਮੁਸ਼ਕਿਲਾਂ ਵੀ ਰੱਖੀਆਂ ਅਤੇ ਉਹਨਾਂ ਨੂੰ ਗੰਭੀਰਤਾ ਅਤੇ ਸ਼ਲੀਨਤਾ ਨਾਲ ਹੱਲ ਕਰਨ ਬਾਰੇ ਵਿਚਾਰ ਕੀਤਾ ਗਿਆ। ਨਗਰ ਨਿਗਮ ਕਮਿਸ਼ਨਰ ਵੱਲੋਂ ਅਧਿਕਾਰੀਆਂ ਨੂੰ ਸਖ਼ਤ ਲਹਿਜੇ ਵਿੱਚ ਕਿਹਾ ਕਿ ਕਿਸੇ ਵੀ ਗਰੀਬ ਅਤੇ ਕਿਰਤੀ ਨੂੰ ਬਿਨਾਂ ਵਜ੍ਹਾ ਤੰਗ ਪਰੇਸ਼ਾਨ ਨਾ ਕੀਤਾ ਜਾਵੇ। ਨਿਗਮ ਕਮਿਸ਼ਨਰ ਨੀਰੂ ਕਤਿਆਲ ਵੱਲੋਂ ਵਿਧਾਇਕ ਕੁਲਵੰਤ ਸਿੰਘ ਸਿੱਧੂ ਨੂੰ ਇਹ ਭਰੋਸਾ ਦਿੱਤਾ ਗਿਆ ਕਿ ਉਹਨਾਂ ਦੇ ਹਲਕੇ ਵਿੱਚ ਚੱਲ ਰਹੇ ਸਾਰੇ ਵਿਕਾਸ ਪ੍ਰੋਜੈਕਟਾਂ ਨੂੰ ਸਮੇਂ ਸਿਰ ਅਤੇ ਸਹੀ ਤਰੀਕੇ ਨਾਲ ਜਲਦ ਪੂਰਾ ਕਰ ਦਿੱਤਾ ਜਾਵੇਗਾ। ਇਸ ਤੋਂ ਇਲਾਵਾ ਨਵੇਂ ਪ੍ਰੋਜੈਕਟਾਂ ਨੂੰ ਵੀ ਜਲਦ ਸ਼ੁਰੂ ਕਰਵਾ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਵਿਧਾਇਕ ਸਿੱਧੂ ਵੱਲੋਂ ਦਿੱਤੇ ਗਏ ਸੁਝਾਵਾਂ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ। ਵਿਧਾਇਕ ਕੁਲਵੰਤ ਸਿੰਘ ਸਿੱਧੂ ਵੱਲੋਂ ਇਸ ਮੌਕੇ ਇਹ ਜਾਣਕਾਰੀ ਵੀ ਸਾਂਝੀ ਕੀਤੀ ਗਈ ਕਿ ਭਲਕੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਵੱਲੋਂ ਵਿਸ਼ਵਕਰਮਾ ਪਾਰਕ ਅਤੇ ਮਿਲਟਰੀ ਕੈਂਪ ਵਿਖੇ ਸੀਵਰੇਜ ਲਾਈਨ ਦੇ ਉਦਘਾਟਨ ਲਈ ਆਤਮ ਨਗਰ ਹਲਕੇ ਦਾ ਦੌਰਾ ਕੀਤਾ ਜਾਣਾ ਹੈ। ਇਸ ਸਬੰਧੀ ਉਨ੍ਹਾ ਸਾਰੀਆਂ ਜ਼ਰੂਰੀ ਤਿਆਰੀਆਂ ਦਾ ਜਾਇਜ਼ਾ ਲੈਂਦਿਆਂ ਉਨ੍ਹਾਂ ਨੂੰ ਅੰਤਿਮ ਰੂਪ ਦਿੱਤਾ।

# ਹਲਕਾ ਕੇਂਦਰੀ ਵਿੱਚ ਵਿਧਾਇਕ ਦੀ ਸ਼ਹਿ 'ਤੇ ਚਲ ਰਿਹੈ ਦੜਾ ਸੱਟਾ : ਦੇਬੀ



ਲੁਧਿਆਣਾ, 19 ਮਾਰਚ (ਕਰਨੈਲ ਸਿੰਘ ਐੱਮ.ਏ.): ਅੱਜ ਹਲਕਾ ਕੇਂਦਰੀ ਦੇ ਇੰਚਾਰਜ ਅਤੇ ਭਾਜਪਾ ਦੇ ਖ਼ਜ਼ਾਨਚੀ ਨੇ ਆਪਣੇ ਦਫ਼ਤਰ ਵਿਖੇ ਰੱਖੀ ਪ੍ਰੈੱਸ ਮਿਲਣੀ ਦੌਰਾਨ ਕੇਂਦਰੀ ਦੇ ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਤੇ ਰੱਜ ਕੇ ਭੜਾਸ ਕੱਢੀ। ਉਹਨਾਂ ਆਖਿਆ ਕਿ ਛੋਟੀ ਜਿਹੀ ਲਾਟਰੀ ਦੀ ਦੁਕਾਨ 'ਤੇ ਮਿੱਥ ਕੇ ਡਰਾਮਾ ਰਚ ਕੇ ਰੇਡ ਮਾਰਨੀ ਅਤੇ ਭਾਜਪਾ ਨੂੰ ਬਦਨਾਮ ਕਰਨਾ ਦੀ ਸਾਜਿਸ਼ ਜਨਤਾ ਇਹ ਸਭ ਜਾਣਦੀ ਹੈ। ਦੇਬੀ ਨੇ ਆਖਿਆ ਕਿ ਵੱਡੇ ਦੜੇ ਸੱਟੇ ਦੀਆਂ ਦੁਕਾਨਾਂ ਉੱਪਰ ਰੇਡ ਨਹੀਂ ਹੁੰਦੀ, ਕਿਉਂਕਿ ਵਿਧਾਇਕ ਸਾਹਿਬ ਦਾ ਉਹਨਾਂ ਨਾਲ ਹਿੱਸਾ ਹੈ। ਅੱਗੇ ਦੇਬੀ ਨੇ ਆਖਿਆ ਕਿ ਜੇਕਰ ਕੋਈ ਭਾਜਪਾ ਵਰਕਰ ਦੜੇ ਸੱਟੇ ਦੀ ਦੁਕਾਨ ਚਲਾਉਂਦਾ ਹੈ ਤਾਂ ਉਸ ਉੱਪਰ ਪਰਚਾ ਕੀਤਾ ਜਾਵੇ, ਖਾਲੀ ਫੋਕੀ ਵਾਹ ਵਾਹ ਨਾ ਕਰਵਾਈ ਜਾਵੇ। ਦੇਬੀ ਨੇ ਆਖਿਆ ਕਿ ਹਲਕਾ ਕੇਂਦਰੀ ਵਿੱਚ ਹੋ ਰਹੀਆਂ ਸਭ ਉਸਾਰੀਆਂ ਵਿੱਚੋਂ ਮੋਟਾ ਪੈਸਾ ਲਿਆ ਜਾ ਰਿਹਾ ਹੈ ਅਤੇ ਉਹ ਜਲਦੀ ਹੀ ਇਸ ਬਾਰੇ ਵੀ ਸਬੂਤਾਂ ਸਮੇਤ ਖੁਲਾਸਾ ਕਰਨਗੇ। ਦੇਬੀ ਨੇ ਆਖਿਆ ਕਿ ਪੱਪੀ ਨੂੰ ਭਾਜਪਾ ਦਾ ਡਰ ਸਤਾ ਰਿਹਾ ਹੈ ਤਾਂ ਹੀ ਗੱਪਾਂ ਦੀ ਰਾਜਨੀਤੀ ਕਰ ਰਹੇ ਹਨ। ਇਸ ਬਾਬਤ ਜਦੋਂ ਅਸ਼ੋਕ ਪਰਾਸ਼ਰ ਪੱਪੀ ਨਾਲ ਗੱਲ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਦੋ ਵਾਰ ਫੋਨ ਕਰਨ 'ਤੇ ਵੀ ਫ਼ੋਨ ਨਹੀਂ ਚੁੱਕਿਆ ਗਿਆ ਅਤੇ ਵਾਪਸੀ ਵੀ ਨਹੀਂ ਕੀਤਾ ਗਿਆ।

# ਰਾਮਗੜ੍ਹੀਆ ਕੌਂਸਲ ਯੂ.ਕੇ. ਅਤੇ ਰਾਮਗੜ੍ਹੀਆ ਫ਼ਾਊਂਡੇਸ਼ਨ ਪੰਜਾਬ ਵੱਲੋਂ ਡਾ. ਕਲਸੀ ਸਨਮਾਨਿਤ



ਲੁਧਿਆਣਾ, 19 ਮਾਰਚ (ਰਵਿੰਦਰ ਸਿੰਘ ਨਿੱਝਰ): ਲੁਧਿਆਣਾ ਵਿਖੇ ਰਾਮਗੜ੍ਹੀਆ ਫਾਊਂਡੇਸ਼ਨ ਪੰਜਾਬ ਵੱਲੋਂ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਯੂ ਕੇ ਤੋਂ ਆਏ ਰਾਮਗੜ੍ਹੀਆ ਕੌਂਸ਼ਿਲ ਯੂ ਕੇ ਦੇ ਡੇਲੀਗੇਸ਼ਨ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਮੀਟਿੰਗ ਵਿੱਚ ਦੋਨੋਂ ਸੰਸਥਾਵਾਂ ਨੇ ਇਕ ਦੂਜੇ ਨਾਲ ਮਿਲ ਕੇ ਚੱਲਣ ਕਈ ਇਕਰਾਰ ਨਾਮੇ ਉੱਪਰ ਦਸਤਖਤ ਕੀਤੇ। ਇਸ ਮੀਟਿੰਗ ਦੌਰਾਨ, ਮੈਂਬਰਾਂ ਨੇ ਰਾਮਗੜ੍ਹੀਆ ਕੌਮ ਦੀ ਵਿਰਾਸਤ ਨੂੰ ਵਿਸ਼ਵ ਪੱਧਰ 'ਤੇ ਮਜਬੂਤ ਕਰਨ ਅਤੇ ਸੱਭਿਆਚਾਰਕ ਰਿਸ਼ਤਿਆਂ ਨੂੰ ਹੋਰ ਮਜਬੂਤ ਬਣਾਉਣ ਦੀ ਮਹੱਤਤਾ 'ਤੇ ਵਿਚਾਰ ਕੀਤਾ। ਮੀਟਿੰਗ ਵਿੱਚ ਦੋਨੋ ਜਥੇਬੰਦੀਆਂ ਵੱਲੋਂ ਲੇਖਕ ਤੇ ਸਮਾਜ ਸੇਵੀ ਰਾਮਗੜ੍ਹੀਆਕੌਮ ਡੋਟ ਕੌਮ ਦੇ ਨਿਰਮਾਤਾ ਡਾ ਕਰਨੈਲ ਸਿੰਘ ਕਲਸੀ ਦਾ ਵਿਸੇਸ਼ ਸਨਮਾਨ ਕੀਤਾ ਗਿਆ

ਯੂਕੇ ਤੋਂ ਆਏ ਹੋਏ ਮਹਿਮਾਨਾਂ ਵਿਚ ਲਛਮਨ ਸਿੰਘ ਭਮਰਾ, ਹਿੰਦਪਾਲ ਸਿੰਘ ਕੁਦਰਾ, ਕਿਰਪਾਲ ਸਿੰਘ ਸੱਗੂ, ਸੁਰਜੀਤ ਸਿੰਘ ਗਹੀਰ, ਬਲਵਿੰਦਰ ਸਿੰਘ ਸੋਖੀ ਅਤੇ ਨਰਿੰਦਰ ਸਿੰਘ ਉੱਭੀ, ਰਾਮਗੜ੍ਹੀਆ ਫਾਊਂਡੇਸਨ ਪੰਜਾਬ ਵੱਲੋਂ ਸੁਖਦਿਆਲ ਸਿੰਘ ਬਸੰਤ, ਰਘਬੀਰ ਸਿੰਘ ਸੋਹਲ, ਗੁਰਮੀਤ ਸਿੰਘ ਕੁਲਾਰ, ਬਲਦੇਵ ਸਿੰਘ ਅਮਰ, ਭੁਪਿੰਦਰ ਸਿੰਘ ਸੋਹਲ, ਦਿਨੇਸ਼ ਸਿੰਘ ਭੋਗਲ ਅਤੇ ਸੁਰਜੀਤ ਸਿੰਘ ਚਗਰ ਆਦਿ ਸ਼ਾਮਲ ਸਨ।

# 2027 ਦੀਆਂ ਚੋਣਾਂ ਨੂੰ ਲੈ ਕੇ ਭਾਜਪਾ ਜ਼ਿਲ੍ਹਾ ਪ੍ਰਧਾਨਾਂ ਦੀ ਹੋਈ ਮੀਟਿੰਗ



ਲੁਧਿਆਣਾ, 19 ਮਾਰਚ (ਰਵਿੰਦਰ ਸਿੰਘ ਨਿੱਝਰ) : ਸਥਾਨਕ ਜ਼ਿਲ੍ਹਾ ਭਾਜਪਾ ਦਫ਼ਤਰ ਵਿਖੇ ਪੰਜਾਬ ਦੇ ਸਾਰੇ ਜ਼ਿਲ੍ਹਾ ਪ੍ਰਧਾਨਾਂ ਦੀ ਮੀਟਿੰਗ ਹੋਈ। ਜਿਸ ਵਿੱਚ 2027 ਵਿੱਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਰਾਸ਼ਟਰੀ ਜਨਰਲ ਸਕੱਤਰ ਤਰੁਣ ਚੁੱਘ ਅਤੇ ਕੌਮੀ ਸਕੱਤਰ ਓ.ਪੀ. ਧਨਖੜ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਮੌਕੇ ਸ੍ਰੀ ਚੁੱਘ ਨੇ ਕਿਹਾ ਕਿ 'ਆਪ' ਸਰਕਾਰ ਨੇ ਇਨ੍ਹਾਂ ਚਾਰ ਸਾਲਾਂ ਵਿੱਚ ਪੰਜਾਬੀਆਂ ਨੂੰ ਖ਼ੂਨ ਦੇ ਹੰਝੂ ਵਹਾਉਣ ਲਈ ਮਜਬੂਰ ਕੀਤਾ ਹੈ। ਅੱਜ, ਪੰਜਾਬ ਦੇ ਲੋਕ ਜਾਗ ਚੁੱਕੇ ਹਨ ਅਤੇ ਉਨ੍ਹਾਂ ਨੂੰ ਅਹਿਸਾਸ ਹੋਇਆ ਹੈ ਕਿ ਜੇਕਰ ਉਹ ਆਪਣੇ ਬੱਚਿਆਂ ਦਾ ਭਵਿੱਖ ਸੁਰੱਖਿਅਤ ਕਰਨਾ ਚਾਹੁੰਦੇ ਹਨ, ਤਾਂ ਭਾਜਪਾ ਨੂੰ ਪੰਜਾਬ ਵਿੱਚ ਸੱਤਾ ਵਿੱਚ ਲਿਆਉਣਾ ਜ਼ਰੂਰੀ ਹੈ। ਸ੍ਰੀ ਧਨਖੜ ਨੇ ਕਿਹਾ ਕਿ ਅੱਜ ਪੰਜਾਬੀਆਂ ਦਾ ਭਾਜਪਾ ਵਿੱਚ ਵਿਸ਼ਵਾਸ ਵਧਿਆ ਹੈ, ਜਿਸਦਾ ਸਬੂਤ 14 ਮਾਰਚ ਨੂੰ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਰੈਲੀ ਵਿੱਚ ਦੇਖਣ ਨੂੰ ਮਿਲਿਆ। ਅੱਜ ਭਾਜਪਾ ਵਰਕਰ ਵੀ 2027 ਦੀਆਂ ਚੋਣਾਂ ਨੂੰ ਲੈ ਕੇ ਬਹੁਤ ਉਤਸ਼ਾਹਿਤ ਹਨ। ਭਾਜਪਾ ਵਰਕਰਾਂ ਨੇ 2027 ਦੀਆਂ ਚੋਣਾਂ ਜਿੱਤਣ ਲਈ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ।

# 23 ਮਾਰਚ ਨੂੰ ਸ਼ਹੀਦ ਭਗਤ ਸਿੰਘ ਦਾ ਸ਼ਹੀਦੀ ਦਿਹਾੜਾ 'ਸਾਮਰਾਜੀ ਵਿਰੋਧੀ ਦਿਵਸ' ਵਜੋਂ ਮਨਾਇਆ ਜਾਵੇਗਾ



ਸਮਰਾਲਾ, 19 ਮਾਰਚ (ਵਰਿੰਦਰ ਸਿੰਘ ਹੀਰਾ/ ਜਸਵੀਰ ਹੇਡੋਂ) : ਅੱਜ ਸਮਰਾਲਾ ਦੇ ਲੇਬਰ ਚੌਂਕ ਵਿਖੇ ਰਾਜ ਮਿਸਤਰੀ ਮਜ਼ਦੂਰ ਯੂਨੀਅਨ ਅਤੇ ਹੋਰ ਭਰਾਤਰੀ ਜਥੇਬੰਦੀਆਂ ਦੀ ਇੱਕ ਸਾਂਝੀ ਮੀਟਿੰਗ ਯੂਨੀਅਨ ਦੇ ਪ੍ਰਧਾਨ ਕਾਮਰੇਡ ਭਜਨ ਸਿੰਘ (ਸਾਬਕਾ ਪ੍ਰਧਾਨ ਨਗਰ ਕੌਂਸਲ ਸਮਰਾਲਾ) ਦੀ ਪ੍ਰਧਾਨਗੀ ਹੇਠ ਕੀਤੀ ਗਈ। ਜਿਸ ਵਿੱਚ 23 ਮਾਰਚ ਨੂੰ ਸ਼ਹੀਦ ਭਗਤ ਸਿੰਘ ਦਾ ਸ਼ਹੀਦੀ ਦਿਹਾੜਾ 'ਸਾਮਰਾਜੀ ਵਿਰੋਧੀ ਦਿਵਸ' ਵਜੋਂ ਮਨਾਏ ਜਾਣ ਸਬੰਧੀ ਚਰਚਾ ਕੀਤੀ ਗਈ। ਕਾਮਰੇਡ ਭਜਨ ਸਿੰਘ ਨੇ ਆਪਣੇ ਸੰਬੋਧਨ ਵਿੱਚ ਮਜ਼ਦੂਰਾਂ ਅਤੇ ਕਿਰਤੀਆਂ ਨੂੰ ਲਾਮਬੰਦ ਕਰਦੇ ਹੋਏ ਕਿਹਾ ਕਿ ਅੱਜ ਆਪਣੇ ਦੇਸ਼ ਦਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸਾਮਰਾਜੀ ਦੇਸ਼ਾਂ ਦੇ ਝਾਂਸੇ ਵਿੱਚ ਆ ਕੇ ਉਨ੍ਹਾਂ ਦੀਆਂ ਨੀਤੀਆਂ ਉੱਤੇ ਤੁਰ ਰਿਹਾ ਹੈ ਅਤੇ ਕਰ ਮੁਕਤ ਵਪਾਰ ਕਰਨ ਲਈ ਸੰਧੀਆਂ ਕੀਤੀਆਂ ਜਾ ਰਹੀਆਂ ਹਨ, ਜਿਨ੍ਹਾਂ ਨਾਲ ਅਮਰੀਕਾ ਵਰਗੇ ਦੇਸ਼ਾਂ ਤੋਂ ਖੁਰਾਕ, ਕਣਕ ਅਤੇ ਦੁੱਧ ਵਗੈਰਾ ਬਹੁਤਾਤ ਵਿੱਚ ਆਉਣਗੇ, ਭਾਰਤ ਦੀ ਅਰਥ ਵਿਵਸਥਾ ਜੋ ਪਹਿਲਾਂ ਹੀ ਖੇਤੀਬਾੜੀ ਉੱਤੇ ਨਿਰਭਰ ਹੈ, ਬਾਹਰੋਂ ਖੁਰਾਕ ਵਸਤਾਂ ਆਉਣ ਨਾਲ ਤਬਾਹ ਹੋ ਜਾਵੇਗੀ। ਕਿਸਾਨ ਅਤੇ ਮਜ਼ਦੂਰ ਬਿਲਕੁੱਲ ਹੀ ਮਾਰੇ ਜਾਣਗੇ। ਅੱਜ ਕੇਂਦਰ ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਦੇਸ਼ ਵਿੱਚ ਮਹਿੰਗਾਈ ਨੇ ਆਮ ਲੋਕਾਂ ਦਾ ਲੱਕ ਤੋੜ ਕੇ ਰੱਖ ਦਿੱਤਾ ਹੈ। ਆਮ ਲੋਕ ਰਸੋਈ ਗੈਸ ਅਤੇ ਹੋਰ ਜਰੂਰੀ ਵਸਤਾਂ ਦੀ ਕਿੱਲਤ ਦਾ ਸਾਹਮਣਾ ਕਰ ਰਿਹਾ ਹੈ। ਇਨ੍ਹਾਂ ਗਲਤ ਨੀਤੀਆਂ ਖਿਲਾਫ ਦੇਸ਼ ਭਰ ਦੇ ਮਜ਼ਦੂਰ 24 ਮਾਰਚ ਨੂੰ ਲਾਲ ਕਿਲੇ ਅੱਗੇ ਜਮ੍ਹਾਂ ਹੋ ਕੇ ਮੋਦੀ ਸਰਕਾਰ ਖਿਲਾਫ ਰੋਸ ਮੁਜਾਹਰਾ ਕਰ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ 23 ਮਾਰਚ ਨੂੰ ਸਮਰਾਲਾ ਦੇ ਲੇਬਰ ਚੌਂਕ, ਸਾਹਮਣੇ ਐਸ. ਡੀ. ਐਮ. ਦਫਤਰ ਵਿਖੇ ਸ਼ਹੀਦ ਭਗਤ ਸਿੰਘ ਦਾ ਸ਼ਹੀਦੀ ਦਿਹਾੜਾ 'ਸਾਮਰਾਜੀ ਵਿਰੋਧੀ ਦਿਵਸ' ਵਜੋਂ ਮਨਾ ਕੇ ਸ਼ਹੀਦ ਭਗਤ ਸਿੰਘ ਵੱਲੋਂ ਲਏ ਸੁਪਨੇ ਨੂੰ ਸਾਕਾਰ ਕਰਨ ਲਈ ਮਜ਼ਦੂਰ ਲਾਮਬੰਦ ਹੋਣਗੇ। ਉਨ੍ਹਾਂ ਹੋਰ ਭਰਾਤਰੀ ਜਥੇਬੰਦੀਆਂ ਨੂੰ ਅਪੀਲ ਕੀਤੀ ਕਿ 23 ਮਾਰਚ ਨੂੰ ਸਵੇਰੇ 9 ਵਜੇ ਲੇਬਰ ਚੌਂਕ ਵਿੱਚ ਪੁੱਜ ਕੇ ਆਪਣੀ ਕੌਮ ਤੇ ਨੇਤਾ ਸ਼ਹੀਦ ਭਗਤ ਸਿੰਘ ਨੂੰ ਸ਼ਰਧਾਂਜਲੀ ਦੇਣ ਲਈ ਪੁੱਜਣ ਅਤੇ ਕੇਂਦਰ ਦੀਆਂ ਗਲਤ ਨੀਤੀਆਂ ਖਿਲਾਫ ਲਾਮਬੰਦ ਕੀਤਾ ਜਾ ਸਕੇ। ਮੀਟਿੰਗ ਵਿੱਚ ਉਪਰੋਕਤ ਤੋਂ ਇਲਾਵਾ ਰਣਜੀਤ ਸਿੰਘ ਸਕੱਤਰ, ਸੁਰਜੀਤ ਸਿੰਘ ਮਾਣਕੀ, ਬੁੱਧ ਰਾਮ ਮਾਣਕੀ, ਸ਼ਿੰਦਰਪਾਲ ਸਿੰਘ ਮਾਣਕੀ, ਮੱਘਰ ਸਿੰਘ ਦੁੱਗਲ ਸ਼ਾਮਗੜ੍ਹ, ਰਾਜੂ ਸਮਰਾਲਾ, ਮਿੰਟੂ ਬੌਂਦਲ, ਭੋਲਾ, ਬਿੰਦਰ ਸਿੰਘ ਦੀਵਾਲਾ, ਸਾਧੂ ਬੌਂਦਲੀ, ਰਾਜਾ ਦੀਵਾਲਾ, ਸ਼ਿੰਦਾ ਟੌਡਰਪੁਰ, ਜੀਵਨ ਸਿੰਘ ਬੰਬ, ਸਰਬਜੀਤ ਸਿੰਘ ਸਮਰਾਲਾ, ਕੁਲਵਿੰਦਰ ਸਿੰਘ ਮਾਣਕੀ, ਅਸ਼ੋਕ ਰਿਸ਼ੀ, ਧੀਰਾ ਸਿੰਘ, ਕਸ਼ਮੀਰਾ ਸਿੰਘ ਸਮਰਾਲਾ, ਮੇਜਰ ਸਿੰਘ, ਬਲਜਿੰਦਰ ਸਿੰਘ ਮੱਲ ਮਾਜਰਾ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮਜ਼ਦੂਰ, ਆਟੋ ਚਾਲਕ ਅਤੇ ਸਫਾਈ ਕਰਮਚਾਰੀ ਵੀ ਹਾਜ਼ਰ ਸਨ।

# ਸਮਰਾਲਾ 'ਚ ਖੁਰਾਕ ਸਪਲਾਈ ਵਿਭਾਗ ਵੱਲੋਂ ਘਰੇਲੂ ਗੈਸ ਸਿਲੰਡਰਾਂ ਦੀ ਵਪਾਰਕ ਵਰਤੋਂ ਵਿਰੁੱਧ ਛਾਪੇਮਾਰੀ, ਦਰਜ਼ਨਾਂ ਸਿਲੰਡਰ ਜ਼ਬਤ



ਸਮਰਾਲਾ, 19 ਮਾਰਚ (ਵਰਿੰਦਰ ਸਿੰਘ ਹੀਰਾ/ਜਸਵੀਰ ਹੇਡੋਂ) : ਸਮਰਾਲਾ ਵਿੱਚ ਅੱਜ ਖੁਰਾਕ ਸਪਲਾਈ ਵਿਭਾਗ ਨੇ ਘਰੇਲੂ ਰਸੋਈ ਗੈਸ ਸਿਲੰਡਰਾਂ ਦੀ ਗੈਰ ਕਾਨੂੰਨੀ ਵਪਾਰਕ ਵਰਤੋਂ ਵਿਰੁੱਧ ਲਖਵੀਰ ਸਿੰਘ ਡੀ. ਐਫ. ਐਸ. ਸੀ. ਦੇ ਦਿਸ਼ਾ ਨਿਰਦੇਸ਼ਾਂ ਹੇਠ ਨਰਿੰਦਰ ਸਿੰਘ ਡੀ. ਐਫ. ਐਸ. ਓ. ਦੀ ਅਗਵਾਈ ਹੇਠ ਅਮਰਜੀਤ ਸਿੰਘ ਏ. ਐਫ. ਐਸ. ਓ. ਵੱਲੋਂ ਸ਼ਹਿਰ ਵਿੱਚ ਵੱਖ ਵੱਖ ਥਾਵਾਂ 'ਤੇ ਛਾਪੇਮਾਰੀ ਕੀਤੀ ਗਈ, ਇਸ ਛਾਪੇਮਾਰੀ ਦੌਰਾਨ ਦਰਜਨ ਦੇ ਕਰੀਬ ਸਿਲੰਡਰ ਜ਼ਬਤ ਕੀਤੇ ਗਏ। ਇਸ ਕਾਰਵਾਈ ਮੌਕੇ ਰਾਜਨ ਬਹੋਟ ਇੰਸਪੈਕਟਰ ਅਤੇ ਸੁਖਵਿੰਦਰ ਸਿੰਘ ਇੰਸਪੈਕਟਰ ਵੀ ਹਾਜ਼ਰ ਸਨ। ਨਰਿੰਦਰ ਸਿੰਘ ਡੀ. ਐਫ. ਐਸ. ਓ. ਨੇ ਦੱਸਿਆ ਕਿ ਸਮਰਾਲਾ ਸ਼ਹਿਰ ਵਿੱਚ ਕਈ ਢਾਬਿਆਂ, ਹੋਟਲਾਂ ਅਤੇ ਹੋਰ ਵਪਾਰਕ ਅਦਾਰਿਆਂ ਤੇ ਛਾਪੇਮਾਰੀ ਕੀਤੀ ਗਈ, ਜਿੱਥੋਂ ਘਰੇਲੂ ਵਰਤੋਂ ਲਈ ਸਬਸਿਡੀ ਵਾਲੇ ਗੈਸ ਸਿਲੰਡਰਾਂ ਦੀ ਵਪਾਰਕ ਤੌਰ 'ਤੇ ਕੀਤੀ ਜਾਂਦੀ ਹੈ, ਜੋ ਕਿ ਨਿਯਮਾਂ ਦੇ ਵਿਰੁੱਧ ਹੈ। ਉਨ੍ਹਾਂ ਅੱਗੇ ਕਿਹਾ ਕਿ ਕਾਨੂੰਨ ਅਨੁਸਾਰ ਘਰੇਲੂ ਗੈਸ ਸਿਲੰਡਰ ਸਿਰਫ ਰਸੋਈ ਦੀ ਵਰਤੋਂ ਲਈ ਜਾਇਜ਼ ਹੈ, ਕੁਝ ਲੋਕ ਇਨ੍ਹਾਂ ਸਿਲੰਡਰਾਂ ਦੀ ਵਰਤੋਂ ਵਪਾਰਕ ਤੌਰ 'ਤੇ ਕਰਦੇ ਹਨ, ਜੋ ਕਿ ਗੈਰਕਾਨੂੰਨੀ ਹੈ। ਸਮਰਾਲਾ ਸ਼ਹਿਰ ਵਿੱਚ ਇਨ੍ਹਾਂ ਨਿਯਮਾਂ ਦੀ ਉਲੰਘਣਾ ਹੋਣ ਦੀ ਖਬਰਾਂ ਮਿਲ ਰਹੀਆਂ ਸਨ, ਜਿਸ ਸਬੰਧੀ ਅੱਜ ਫੂਡ ਸਪਲਾਈ ਵਿਭਾਗ ਵੱਲੋਂ ਇਹ ਛਾਪੇਮਾਰੀ ਕੀਤੀ ਗਈ। ਇਸ ਕਾਰਵਾਈ ਦਾ ਮੁੱਖ ਕਾਰਨ ਵਧਦੀਆਂ ਗੈਸ ਕੀਮਤਾਂ ਨੂੰ ਦੇਖਦੇ ਹੋਏ ਘਰੇਲੂ ਖਪਤਕਾਰਾਂ ਨੂੰ ਢੁੱਕਵੀਂ ਸਪਲਾਈ ਯਕੀਨੀ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਇਲਾਕੇ ਵਿੱਚ ਗੈਸ ਸਿਲੰਡਰਾਂ ਦੀ ਕੋਈ ਕਮੀ ਨਹੀਂ ਹੈ। ਵਿਭਾਗ ਲਗਾਤਾਰ ਸਥਿਤੀ ਤੇ ਨਜ਼ਰ ਰੱਖ ਰਿਹਾ ਹੈ। ਉਨ੍ਹਾਂ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਅਜਿਹੀਆਂ ਗੈਰਕਾਨੂੰਨੀ ਗਤੀਵਿਧੀਆਂ ਵਿਰੁੱਧ ਭਵਿੱਖ ਵਿੱਚ ਛਾਪੇਮਾਰੀ ਨਿਰੰਤਰ ਜਾਰੀ ਰਹੇਗੀ।

# ਪੁਲਿਸ ਵੱਲੋਂ ਸਾਈਬਰ ਧੋਖਾਧੜੀ ਮਾਮਲੇ ਵਿੱਚ 4 ਲੱਖ ਦੀ ਬਰਾਮਦਗੀ



ਖੰਨਾ, ਲੁਧਿਆਣਾ, 19 ਮਾਰਚ (ਸੰਜੀਵ ਲਹਿਲ/ਵਿਸ਼ਾਲ ਸ਼ਰਮਾ) : ਡੀ.ਐਸ.ਪੀ (ਡੀ) ਖੰਨਾ ਮੋਹਿਤ ਕੁਮਾਰ ਸਿੰਗਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਾਈਬਰ ਧੋਖਾਧੜੀ ਮਾਮਲੇ ਵਿੱਚ ਖੰਨਾ ਪੁਲਿਸ ਨੇ ਸਫਲਤਾਪੂਰਵਕ 4 ਲੱਖ ਰੁਪਏ ਦੀ ਬਰਾਮਦਗੀ ਕੀਤੀ ਅਤੇ ਇਸ ਨੂੰ ਸਾਈਬਰ ਧੋਖਾਧੜੀ ਦੇ ਪੀੜਤ ਨੂੰ ਵਾਪਸ ਕਰ ਦਿੱਤਾ। ਇਹ ਮਾਮਲਾ ਇੱਕ ਕਲਾਸਿਕ ਘੁਟਾਲੇ ਦੇ ਪੈਟਰਨ ਦੀ ਪਾਲਣਾ ਕਰਦਾ ਸੀ, ਜਿਸ ਵਿੱਚ ਧੋਖੇਬਾਜ਼ਾਂ ਨੇ ਵਿਦੇਸ਼ ਤੋਂ ਤੋਹਫ਼ੇ ਵਜੋਂ ਭੇਜੇ ਗਏ ਪਾਰਸਲ ਨੂੰ ਕਲੀਅਰ ਕਰਨ ਦੇ ਬਹਾਨੇ ਪੀੜਤ ਨੂੰ ਪੈਸੇ ਟ੍ਰਾਂਸਫਰ ਕਰਨ ਲਈ ਧੋਖਾ ਦਿੱਤਾ ਸੀ।

ਮੋਹਿਤ ਕੁਮਾਰ ਸਿੰਗਲਾ ਨੇ ਦੱਸਿਆ ਕਿ ਤੁਰੰਤ ਕਾਰਵਾਈ ਅਤੇ ਜਾਂਚ ਦੁਆਰਾ, ਪੁਲਿਸ ਧੋਖਾਧੜੀ ਵਾਲੀ ਰਕਮ ਦਾ ਪਤਾ ਲਗਾਉਣ ਅਤੇ ਬਰਾਮਦ ਕਰਨ ਦੇ ਯੋਗ ਹੋ ਗਈ, ਪੀੜਤ ਨੂੰ ਰਾਹਤ ਪ੍ਰਦਾਨ ਕੀਤੀ ਅਤੇ ਅਜਿਹੇ ਆਨਲਾਈਨ ਘੁਟਾਲਿਆਂ ਵਿਰੁੱਧ ਚੌਕਸੀ ਦੀ ਮਹੱਤਤਾ ਨੂੰ ਉਜਾਗਰ ਕੀਤਾ।

# ਇਨਕਮ ਟੈਕਸ ਨੇ ਸ਼ਹਿਰ ਦੇ ਇੱਕ ਪ੍ਰਮੁੱਖ ਕਾਰੋਬਾਰੀ ਦੇ ਟਿਕਾਣਿਆਂ 'ਤੇ ਕੀਤੀ ਛਾਪੇਮਾਰੀ

ਲੁਧਿਆਣਾ, 19 ਮਾਰਚ (ਵਿਸ਼ਾਲ ਸ਼ਰਮਾ) : ਲੁਧਿਆਣਾ ਵਿੱਚ ਆਮਦਨ ਕਰ ਵਿਭਾਗ ਨੇ ਵੀਰਵਾਰ ਨੂੰ ਇੱਕ ਵੱਡੀ ਕਾਰਵਾਈ ਕੀਤੀ, ਜਿਸ ਵਿੱਚ ਸ਼ਹਿਰ ਦੇ ਇੱਕ ਪ੍ਰਮੁੱਖ ਵਪਾਰਕ ਅਦਾਰੇ ਸਲੂਜਾ ਮੌਮ ਐਂਡ ਮੀ ਦੇ ਤਿੰਨ ਸਥਾਨਾਂ 'ਤੇ ਇੱਕੋ ਸਮੇਂ ਸਰਵੇਖਣ ਕੀਤਾ ਗਿਆ। ਆਮਦਨ ਕਰ ਵਿਭਾਗ ਦੀ ਰੇਂਜ-1 ਟੀਮ ਦੁਆਰਾ ਕੀਤੀ ਗਈ ਇਸ ਕਾਰਵਾਈ ਨੇ ਵਪਾਰਕ ਹਲਕਿਆਂ ਵਿੱਚ ਹਲਚਲ ਮਚਾ ਦਿੱਤੀ ਹੈ। ਰਿਪੋਰਟਾਂ ਅਨੁਸਾਰ, ਵਿਭਾਗ ਦੇ ਅਧਿਕਾਰੀ ਦੁਪਹਿਰ 12 ਵਜੇ ਦੇ ਕਰੀਬ ਲੁਧਿਆਣਾ ਵਿੱਚ ਜਵਾਹਰ ਨਗਰ ਕੈਂਪ, ਬੀਆਰਐਸ ਨਗਰ ਅਤੇ ਘੁਮਾਰ ਮੰਡੀ ਵਿੱਚ ਸ਼ੋਅਰੂਮਾਂ 'ਤੇ ਇੱਕੋ ਸਮੇਂ ਪਹੁੰਚੇ। ਪਹੁੰਚਣ 'ਤੇ ਸਾਰੇ ਅਹਾਤਿਆਂ 'ਤੇ ਨਿਰੀਖਣ ਪ੍ਰਕਿਰਿਆ ਸ਼ੁਰੂ ਹੋ ਗਈ। ਅਧਿਕਾਰੀਆਂ ਨੇ ਪਹਿਲਾਂ ਵਸਤੂਆਂ ਦੀ ਪੁਸ਼ਟੀ ਕਰਨ ਲਈ ਸਟਾਕ ਲੈਣਾ ਸ਼ੁਰੂ ਕੀਤਾ, ਜੋ ਕਿ ਲਿਖਣ ਦੇ ਸਮੇਂ ਤੱਕ ਚੱਲ ਰਿਹਾ ਸੀ। ਸੂਤਰਾਂ ਅਨੁਸਾਰ ਸਰਵੇਖਣ ਦੌਰਾਨ ਆਮਦਨ ਕਰ ਵਿਭਾਗ ਦੀ ਟੀਮ ਕਾਰੋਬਾਰੀ ਦਸਤਾਵੇਜ਼ਾਂ, ਬਿਲਿੰਗ ਰਿਕਾਰਡਾਂ, ਸਟਾਕ ਰਜਿਸਟਰਾਂ ਅਤੇ ਹੋਰ ਵਿੱਤੀ ਦਸਤਾਵੇਜ਼ਾਂ ਦੀ ਬਾਰੀਕੀ ਨਾਲ ਜਾਂਚ ਕਰ ਰਹੀ ਹੈ। ਇਸ ਕਾਰਵਾਈ ਦਾ ਉਦੇਸ਼ ਕਾਰੋਬਾਰ ਵਿੱਚ ਕਿਸੇ ਵੀ ਬੇਨਿਯਮੀਆਂ ਜਾਂ ਟੈਕਸ ਚੋਰੀ ਦਾ ਪਤਾ ਲਗਾਉਣਾ ਦੱਸਿਆ ਜਾ ਰਿਹਾ ਹੈ। ਆਮਦਨ ਕਰ ਵਿਭਾਗ ਦੀ ਇਸ ਕਾਰਵਾਈ ਕਾਰਨ ਸਬੰਧਤ ਅਦਾਰਿਆਂ 'ਤੇ ਕੰਮ ਠੱਪ ਹੋ ਗਿਆ ਅਤੇ ਕਰਮਚਾਰੀ ਵੀ ਪ੍ਰੇਸ਼ਾਨ ਨਜ਼ਰ ਆਏ। ਹਾਲਾਂਕਿ ਵਿਭਾਗ ਵੱਲੋਂ ਅਜੇ ਤੱਕ ਕੋਈ ਅਧਿਕਾਰਤ ਬਿਆਨ ਜਾਰੀ ਨਹੀਂ ਕੀਤਾ ਗਿਆ ਹੈ। ਦੱਸਿਆ ਜਾ ਰਿਹਾ ਹੈ ਕਿ ਇਹ ਸਰਵੇਖਣ ਦੇਰ ਸ਼ਾਮ ਤੱਕ ਜਾਰੀ ਰਹਿ ਸਕਦਾ ਹੈ। ਫਿਲਹਾਲ, ਅਧਿਕਾਰੀ ਸਾਰੇ ਪਹਿਲੂਆਂ ਦੀ ਡੂੰਘਾਈ ਨਾਲ ਜਾਂਚ ਕਰ ਰਹੇ ਹਨ ਅਤੇ ਜਾਂਚ ਪੂਰੀ ਹੋਣ ਤੋਂ ਬਾਅਦ ਹੀ ਅਗਲੀ ਕਾਰਵਾਈ ਬਾਰੇ ਫੈਸਲਾ ਲਿਆ ਜਾਵੇਗਾ। ਇਸ ਕਾਰਵਾਈ ਤੋਂ ਬਾਅਦ, ਸ਼ਹਿਰ ਦੇ ਵਪਾਰਕ ਭਾਈਚਾਰੇ ਵਿੱਚ ਚਰਚਾ ਹੈ ਅਤੇ ਹੁਣ ਸਾਰਿਆਂ ਦੀਆਂ ਨਜ਼ਰਾਂ ਆਮਦਨ ਕਰ ਵਿਭਾਗ ਦੀ ਅਗਲੀ ਕਾਰਵਾਈ 'ਤੇ ਟਿਕੀਆਂ ਹੋਈਆਂ ਹਨ।

# ਨਗਰ ਕੌਂਸਲ ਜਗਰਾਓਂ ਅੰਦਰ ਗ਼ੈਰ ਮੁਲਾਜ਼ਮ ਲੋਕਾਂ ਦਾ ਦਖ਼ਲ ਬਰਦਾਸ਼ਤ ਨਹੀਂ : ਅਰੁਣ ਗਿੱਲ



ਜਗਰਾਓਂ, 19 ਮਾਰਚ ( ਵਿਸ਼ਾਲ ਅੱਤਰੇ/ਆਰੀਅਨ ਅੱਤਰੇ):ਨਗਰ ਕੌਂਸਲ ਜਗਰਾਓਂ ਅੰਦਰ ਅੱਜ ਸਮੂਹ ਸਫਾਈ ਸੇਵਕਾਂ ਤੇ ਸੀਵਰ ਮੈਨਾਂ ਨੇ ਵੱਡੀ ਗਿਣਤੀ ਵਿੱਚ ਇਕੱਠੇ ਹੋ ਕੇ ਪ੍ਰਧਾਨ ਅਰੁਣ ਗਿੱਲ ਦੀ ਅਗਵਾਈ ਵਿੱਚ ਮਤਾ ਪਾਸ ਕੀਤਾ ਗਿਆ। ਪਿਛਲੇ ਦਿਨੀਂ ਇੱਕ ਕੌਂਸਲਰ ਤੇ ਰਾਜਨੀਤਿਕ ਆਗੂ ਵੱਲੋਂ ਆਪਣੇ ਨਿੱਜੀ ਸਵਾਰਥਾਂ ਦੀ ਪੂਰਤੀ ਲਈ ਨਗਰ ਕੌਂਸਲ ਜਗਰਾਓਂ ਦੇ ਚੰਦ ਸਫਾਈ ਸੇਵਕਾਂ ਨੂੰ ਆਪਣੇ ਬਹਿਕਾਵੇ ਵਿੱਚ ਲੈ ਕੇ ਆਪੇ ਹੀ ਪ੍ਰਧਾਨ ਥਾਪ ਦਿੱਤਾ ਪ੍ਰਧਾਨ ਥਾਪਣ ਸਮੇਂ ਗੈਰ ਮੁਲਾਜ਼ਮ ਲੋਕਾਂ ਨੂੰ ਵੱਡੀ ਗਿਣਤੀ ਵਿੱਚ ਇਕੱਠੇ ਕੀਤਾ ਗਿਆ। ਯੂਨੀਅਨ ਦੇ ਪ੍ਰਧਾਨ ਚੁਣਨ ਲਈ ਸੰਵਿਧਾਨਿਕ ਤੌਰ 'ਤੇ ਜਰੂਰੀ ਹਦਾਇਤਾਂ ਦੀ ਉਲੰਘਣਾ ਕੀਤੀ ਗਈ। ਇਸ ਸਮਾਗਮ ਵਿੱਚ ਜਿੰਮੇਵਾਰ ਅਧਿਕਾਰੀ ਵੱਲੋਂ ਕੌਂਸਲਰ ਦੇ ਕਹਿਣ 'ਤੇ ਹਾਊਸ ਦੇ ਹਾਲ ਵਿੱਚ ਪਹੁੰਚ ਕੇ ਗੈਰ ਸੰਵਿਧਾਨਕ ਕੰਮ ਲਈ ਸ਼ਮੂਲੀਅਤ ਕਰਨ ਲਈ ਨਿੰਦਾ ਪ੍ਰਸਤਾਵ ਪਾਸ ਕੀਤਾ ਗਿਆ। ਕੌਂਸਲ ਦੇ ਹਾਊਸ ਅੰਦਰ ਇਸ ਪ੍ਰੋਗਰਾਮ ਨੂੰ ਕਰਨਾ ਹਾਊਸ ਦੀ ਮਰਿਆਦਾ ਦੇ ਉਲਟ ਹੈ। ਇਸ ਨਾਲ ਸਮੂਹ ਸਫਾਈ ਸੇਵਕਾਂ ਤੇ ਸੀਵਰਮੈਨਾਂ ਦੇ ਮਨਾਂ ਅੰਦਰ ਭਾਰੀ ਰੋਸ ਪੈਦਾ ਹੋਇਆ। ਇਹ ਰੋਸ ਸੰਘਰਸ਼ ਵਿੱਚ ਬਦਲਣ ਤੋਂ ਪਹਿਲਾ ਪਹਿਲਾ ਸਮੂਹ ਸਫਾਈ ਸੇਵਕਾਂ ਤੇ ਸੀਵਰਮੈਨਾਂ ਨੇ ਇੱਕ ਅਹਿਮ ਮੀਟਿੰਗ ਕਰਕੇ ਮੰਗ ਪੱਤਰ ਦੇਣ ਦਾ ਫੈਸਲਾ ਲਿਆ। ਭਵਿੱਖ ਵਿੱਚ ਗੈਰ ਮੁਲਾਜ਼ਮ ਲੋਕਾਂ ਵੱਲੋਂ ਮੁਲਾਜ਼ਮਾਂ ਦੇ ਕੰਮਾਂ ਵਿੱਚ ਦਖਲ ਅੰਦਾਜੀ ਨੂੰ ਬੰਦ ਕਰਨ ਲਈ ਕਾਰਜ ਸਾਧਕ ਅਫਸਰ ਅਤੇ ਕਾਰਜਕਾਰੀ ਪ੍ਰਧਾਨ ਨੂੰ ਮੰਗ ਪੱਤਰ ਦਿੱਤਾ ਗਿਆ। ਮੰਗ ਪੱਤਰ ਦੇਣ ਮੌਕੇ ਸੇਕਟਰੀ ਰਜਿੰਦਰ ਕੁਮਾਰ, ਆਰਜ਼ੀ ਮੇਟ ਪ੍ਰਦੀਪ ਕੁਮਾਰ, ਰਾਮ ਪ੍ਰਕਾਸ਼, ਸੁਰਜੀਤ ਸਿੰਘ, ਸੀਵਰੇਜ ਯੂਨੀਅਨ ਪ੍ਰਧਾਨ ਰਾਜ ਕੁਮਾਰ, ਸਰਪ੍ਰਸਤ ਸ਼ਾਮ ਲਾਲ ਚਿੰਡਾਲੀਆ, ਡਿੰਪਲ, ਜਤਿੰਦਰ ਸਿੰਘ ਅਤੇ ਵੱਡੀ ਗਿਣਤੀ ਵਿੱਚ ਸਮੂਹ ਸਫਾਈ ਸੇਵਕ ਤੇ ਸੀਵਰਮੈਨ ਹਾਜ਼ਰ ਸਨ।

# ਕੇਂਦਰੀ ਬਿਜਲੀ, ਰਿਹਾਇਸ਼ ਤੇ ਸ਼ਹਿਰੀ ਮਾਮਲਿਆਂ ਦੇ ਮੰਤਰੀ ਵੱਲੋਂ ਇੰਡੀਆ ਇਲੈਕਟ੍ਰੀਸਿਟੀ ਸਮਿਟ-2026 ਵਿਖੇ NHPC ਪਵੇਲੀਅਨ ਦਾ ਉਦਘਾਟਨ

ਫਰੀਦਾਬਾਦ, 19 ਮਾਰਚ (ਅੰਮ੍ਰਿਤਪਾਲ ਸਿੰਘ): ਕੇਂਦਰੀ ਬਿਜਲੀ, ਰਿਹਾਇਸ਼ ਤੇ ਸ਼ਹਿਰੀ ਮਾਮਲਿਆਂ ਦੇ ਮੰਤਰੀ ਮਨੋਹਰ ਲਾਲ ਨੇ 19 ਮਾਰਚ ਨੂੰ ਨਵੀਂ ਦਿੱਲੀ ਦੇ ਯਸ਼ੋਭੂਮੀ ਵਿਖੇ ਆਯੋਜਿਤ ਇੰਡੀਆ ਇਲੈਕਟ੍ਰੀਸਿਟੀ ਸਮਿਟ 2026 ਵਿਖੇ NHPC ਪਵੇਲੀਅਨ ਦਾ ਉਦਘਾਟਨ ਕੀਤਾ। ਉਦਘਾਟਨ ਸਮਾਰੋਹ ਵਿੱਚ ਨਵੀਂ ਅਤੇ ਨਵਿਆਉਣਯੋਗ ਊਰਜਾ ਅਤੇ ਖਪਤਕਾਰ ਮਾਮਲੇ, ਖੁਰਾਕ ਤੇ ਜਨਤਕ ਵੰਡ ਦੇ ਕੇਂਦਰੀ ਮੰਤਰੀ ਪ੍ਰਹਿਲਾਦ ਜੋਸ਼ੀ; ਬਿਜਲੀ, ਨਵੀਂ ਤੇ ਨਵਿਆਉਣਯੋਗ ਊਰਜਾ ਰਾਜ ਮੰਤਰੀ ਸ਼੍ਰੀਪਦ ਨਾਇਕ; ਭਾਰਤ ਸਰਕਾਰ ਦੇ ਸਕੱਤਰ (ਬਿਜਲੀ); ਪੰਕਜ ਅਗਰਵਾਲ, ਸਕੱਤਰ (ਬਿਜਲੀ); ਭੁਪੇਂਦਰ ਗੁਪਤਾ, ਚੇਅਰਮੈਨ ਤੇ ਪ੍ਰਬੰਧ ਨਿਰਦੇਸ਼ਕ, NHPC; ਉੱਤਮ ਲਾਲ, ਡਾਇਰੈਕਟਰ (ਪ੍ਰਸੋਨਲ); ਸੰਜੇ ਕੁਮਾਰ ਸਿੰਘ, ਡਾਇਰੈਕਟਰ (ਪ੍ਰੋਜੈਕਟ); ਸੁਪ੍ਰਕਾਸ਼ ਅਧਿਕਾਰੀ, ਡਾਇਰੈਕਟਰ (ਤਕਨੀਕੀ); ਤੇ ਮਹੇਸ਼ ਕੁਮਾਰ ਸ਼ਰਮਾ, ਡਾਇਰੈਕਟਰ (ਵਿੱਤ) ਮੌਜੂਦ ਸਨ। ਆਪਣੀ ਫੇਰੀ ਦੌਰਾਨ, ਮੰਤਰੀ ਨੂੰ NHPC ਦੁਆਰਾ ਕੀਤੀਆਂ ਗਈਆਂ ਵੱਖ-ਵੱਖ ਪਹਿਲਕਦਮੀਆਂ, ਖਾਸ ਕਰਕੇ ਪਣ-ਬਿਜਲੀ ਵਿਕਾਸ, ਨਵਿਆਉਣਯੋਗ ਊਰਜਾ ਵਿਸਥਾਰ, ਅਤੇ ਟਿਕਾਊ ਬੁਨਿਆਦੀ ਢਾਂਚੇ ਦੇ ਖੇਤਰਾਂ ਵਿੱਚ, ਬਾਰੇ ਜਾਣਕਾਰੀ ਦਿੱਤੀ ਗਈ। NHPC ਦੇ ਚੇਅਰਮੈਨ ਅਤੇ ਪ੍ਰਬੰਧ ਨਿਰਦੇਸ਼ਕ ਨੇ ਸੰਗਠਨ ਦੇ ਮੌਜੂਦਾ ਅਤੇ ਆਉਣ ਵਾਲੇ ਪ੍ਰੋਜੈਕਟਾਂ, ਤਕਨੀਕੀ ਤਰੱਕੀਆਂ ਤੇ



ਭਾਰਤ ਦੀ ਊਰਜਾ ਸੁਰੱਖਿਆ ਨੂੰ ਮਜ਼ਬੂਤ ਕਰਨ ਅਤੇ ਸਾਫ਼ ਊਰਜਾ ਵਿੱਚ ਤਬਦੀਲੀ ਦਾ ਸਮਰਥਨ ਕਰਨ ਵਿੱਚ ਇਸਦੇ ਯੋਗਦਾਨ 'ਤੇ ਚਾਨਣਾ ਪਾਇਆ।

ਇੰਡੀਆ ਇਲੈਕਟ੍ਰੀਸਿਟੀ ਸਮਿਟ 2026, ਬਿਜਲੀ ਅਤੇ ਊਰਜਾ ਖੇਤਰ ਲਈ ਇੱਕ ਪ੍ਰਮੁੱਖ ਗਲੋਬਲ ਕਾਨਫਰੰਸ ਅਤੇ ਪ੍ਰਦਰਸ਼ਨੀ, 19-22 ਮਾਰਚ, 2026 ਤੱਕ ਯਸ਼ੋਭੂਮੀ, ਨਵੀਂ ਦਿੱਲੀ ਵਿਖੇ ਆਯੋਜਿਤ ਕੀਤੀ ਜਾ ਰਹੀ ਹੈ। ਚਾਰ ਦਿਨਾਂ ਸੰਮੇਲਨ ਦਾ ਵਿਸ਼ਾ "ਵਿਕਾਸ ਨੂੰ ਬਿਜਲੀ ਦੇਣਾ। ਸਥਿਰਤਾ ਨੂੰ ਸਸ਼ਕਤ ਬਣਾਉਣਾ। ਵਿਸ਼ਵ ਪੱਧਰ 'ਤੇ ਜੁੜਨਾ" ਹੈ। ਇਹ ਸਮਾਗਮ ਭਾਰਤ ਵਿੱਚ ਭਰੋਸੇਮੰਦ ਅਤੇ ਟਿਕਾਊ ਬਿਜਲੀ ਦੀ ਵੱਧ ਰਹੀ ਮੰਗ ਨੂੰ ਉਜਾਗਰ ਕਰਦਾ ਹੈ ਅਤੇ ਊਰਜਾ ਸਰੋਤਾਂ ਨੂੰ ਵਿਭਿੰਨ ਬਣਾਉਣ ਦੇ ਮਹੱਤਵ ਨੂੰ ਉਜਾਗਰ ਕਰਦਾ ਹੈ। ਇਸ ਵਿੱਚ ਪੈਨਲ ਚਰਚਾਵਾਂ, ਤਕਨੀਕੀ ਸੈਸ਼ਨ ਅਤੇ ਨੈੱਟਵਰਕਿੰਗ ਮੌਕੇ ਸ਼ਾਮਲ ਹੋਣਗੇ ਜਿਸਦਾ ਉਦੇਸ਼ ਹਿੱਸੇਦਾਰਾਂ ਵਿੱਚ ਸਹਿਯੋਗ ਅਤੇ ਗਿਆਨ ਦੇ ਆਦਾਨ-ਪ੍ਰਦਾਨ ਨੂੰ ਉਤਸ਼ਾਹਿਤ ਕਰਨਾ ਹੈ।

# ਮੰਤਰੀ ਹਰਪਾਲ ਸਿੰਘ ਚੀਮਾ ਨੇ ਪਿੰਡਾਂ ਦੇ ਵਿਕਾਸ ਲਈ 40 ਲੱਖ ਦੇ ਚੈੱਕ ਸੌਂਪੇ

ਦਿੜ੍ਹਬਾ ਮੰਡੀ, 19 ਮਾਰਚ (ਸੁਖਵਿੰਦਰ ਸਿੰਘ ਵਿਰਕ): ਖਜਾਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਹਲਕਾ ਦਿੜ੍ਹਬਾ ਦੇ ਅੰਦਰ ਵਿਕਾਸ ਕਾਰਜਾਂ ਲਈ ਤਿੰਨ ਪਿੰਡਾਂ ਨੂੰ 40 ਲੱਖ ਦੇ ਚੈੱਕ ਸੌਂਪੇ। ਪਿੰਡ ਫਲੇੜਾ ਦੀ ਪੰਚਾਇਤ ਨੂੰ 20 ਲੱਖ ਦਾ ਚੈੱਕ, ਪਿੰਡ ਮਹਿਲਾਂ ਨੂੰ 10 ਲੱਖ ਦਾ ਚੈੱਕ ਅਤੇ ਜਨਤਾ ਜਨਾਰਦਨ ਗਊਸ਼ਾਲਾ, ਦਿੜ੍ਹਬਾ ਨੂੰ 10 ਲੱਖ ਦਾ ਚੈੱਕ ਦਿੱਤਾ ਗਿਆ। ਸ੍ਰ ਚੀਮਾ ਨੇ ਗੱਲਬਾਤ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਲਗਾਤਾਰ ਪਿੰਡਾਂ ਤੇ ਸ਼ਹਿਰਾਂ ਦੇ ਵਿਕਾਸ ਨੂੰ ਮੁੱਖ ਰੱਖ ਕੇ ਕੰਮ ਕਰ ਰਹੀ ਹੈ। ਪੰਜਾਬ ਸਰਕਾਰ ਦੇ ਚਾਰ ਸਾਲ ਪੂਰੇ ਹੋਣ ਤੱਕ ਚੋਣਾਂ ਸਮੇਂ ਲੋਕਾਂ ਨਾਲ ਕੀਤੇ ਗਏ ਵਾਅਦੇ ਅਤੇ ਦਿੱਤੀਆਂ ਗਈਆਂ ਗਰੰਟੀਆਂ ਪੂਰੀਆਂ ਕਰ ਦਿੱਤੀਆਂ ਗਈਆਂ ਹਨ। ਪਿੰਡਾਂ ਅੰਦਰ ਹਰ ਇੱਕ ਖੇਤ ਨੂੰ ਨਹਿਰ ਦਾ ਪਾਣੀ ਲਾਉਣ ਲਈ ਪੰਜਾਬ ਸਰਕਾਰ ਵੱਲੋਂ ਕੀਤੇ ਗਏ ਕੰਮ ਦੀ ਲੋਕਾਂ ਵੱਲੋਂ ਹਮੇਸ਼ਾ ਹੀ ਚਰਚਾ ਕੀਤੀ ਜਾਂਦੀ ਹੈ। ਪਹਿਲਾਂ ਨਹਿਰ ਦਾ ਪਾਣੀ ਸਿਰਫ 20 ਫ਼ੀਸਦ ਹੀ ਵਰਤਿਆ ਜਾਂਦਾ ਸੀ ਪਰ ਨਹਿਰੀ ਪਾਈਪ ਪਾਏ ਜਾਣ ਤੋਂ ਬਾਅਦ 75 ਫ਼ੀਸਦ ਦੇ ਕਰੀਬ ਨਹਿਰ ਦਾ ਪਾਣੀ ਖੇਤਾਂ ਲਈ ਵਰਤਿਆ ਜਾਣ ਲੱਗਿਆ ਹੈ। ਖੇਡਾਂ ਨੂੰ ਉਤਸ਼ਾਹਤ ਕਰਨ ਲਈ ਪਿੰਡਾਂ ਅੰਦਰ 3000 ਦੇ ਕਰੀਬ ਸਟੇਡੀਅਮ ਪਹਿਲਾਂ ਹੀ ਬਣਾਏ ਜਾ ਰਹੇ ਹਨ ਅਤੇ ਇਸ ਬਜਟ ਦੇ ਵਿੱਚ



6 ਹਜ਼ਾਰ ਸਟੇਡੀਅਮ ਹੋਰ ਬਣਾਏ ਜਾਣ ਦਾ ਟੀਚਾ ਰੱਖਿਆ ਗਿਆ ਹੈ।

ਇਸ ਤੋਂ ਇਲਾਵਾ ਪਿੰਡਾਂ ਵਿੱਚ ਧਰਮਸ਼ਾਲਾਵਾਂ ਅਤੇ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਕਮਿਊਨਿਟੀ ਹਾਲ ਲਗਭਗ ਹਰੇਕ ਪਿੰਡ ਵਿੱਚ ਉਸਾਰੇ ਜਾ ਰਹੇ ਹਨ। ਪੰਜਾਬ ਸਰਕਾਰ ਇਸ ਸਮੇਂ ਪੰਜਾਬ ਨੂੰ ਤਰੱਕੀ ਦੀਆਂ ਲੀਹਾਂ 'ਤੇ ਲਿਜਾ ਕੇ ਰੰਗਲਾ ਪੰਜਾਬ ਬਣਾਉਣ ਦਾ ਲੋਕਾਂ ਨਾਲ ਕੀਤਾ ਹੋਇਆ ਵਾਅਦਾ ਪੂਰਾ ਕਰਨ ਉੱਤੇ ਲੱਗੀ ਹੈ। ਗਊਸ਼ਾਲਾ ਨੂੰ ਦਿੱਤੇ ਗਏ 10 ਲੱਖ ਦੀ ਗਰਾਂਟ ਦਾ ਧੰਨਵਾਦ ਕਰਦੇ ਹੋਏ ਗਊਸ਼ਾਲਾ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਨੇ ਕਿਹਾ ਕਿ ਵਿੱਤ ਮੰਤਰੀ ਸ੍ਰ ਚੀਮਾ ਵੱਲੋਂ ਪਹਿਲਾਂ ਵੀ ਉਹਨਾਂ ਲਈ ਗ੍ਰਾਂਟ ਦੇ ਕੇ ਗਊਸ਼ਾਲਾ ਦੀ ਮਦਦ ਕੀਤੀ ਗਈ ਸੀ ਅਤੇ ਹੁਣ ਵੀ 10 ਲੱਖ ਰੁਪਏ ਦਿੱਤੇ ਗਏ ਹਨ, ਜਿਸ ਲਈ ਉਹ ਕੈਬਨਿਟ ਮੰਤਰੀ ਦੇ ਬਹੁਤ ਬਹੁਤ ਧੰਨਵਾਦੀ ਹਨ, ਜਿਸ ਨਾਲ ਗਊਆਂ ਦੀ ਸੇਵਾ ਵੱਡੇ ਪੱਧਰ 'ਤੇ ਹੋ ਸਕੇਗੀ।ਇਸ ਮੌਕੇ ਆਪ ਦੇ ਵੱਖ ਵੱਖ ਅਹੁਦੇਦਾਰ, ਪਤਵੰਤੇ ਅਤੇ ਵੱਡੀ ਗਿਣਤੀ ਪਿੰਡਾਂ ਦੇ ਵਸਨੀਕ ਹਾਜ਼ਰ ਸਨ।

# ਗੁਰੂ ਕਾਸ਼ੀ ਯੂਨੀਵਰਸਿਟੀ ਦੇ ਵਿਦਿਆਰਥੀਆਂ ਵੱਲੋਂ ਕੌਮੀ ਪੱਧਰ 'ਤੇ ਪਰਾਲ਼ੀ ਦੀ ਸੁਯੋਗ ਵਰਤੋਂ ਦੇ ਢੰਗਾਂ ਦੀ ਸ਼ਲਾਘਾ

ਬਠਿੰਡਾ, 19 ਮਾਰਚ (ਸੰਦੀਪ ਜੋਸ਼ੀ): ਗੁਰੂ ਕਾਸ਼ੀ ਯੂਨੀਵਰਸਿਟੀ ਦੇ ਫੈਕਲਟੀ




ਆਫ਼ ਮੈਨੇਜਮੈਂਟ ਐਂਡ ਕਾਮਰਸ ਦੇ ਵਿਦਿਆਥੀ ਆਦੇਸ਼ ਠਾਕੁਰ, ਅਰਮਾਨਦੀਪ, ਅੰਜਲੀ ਕੁਮਾਰੀ ਤੇ ਅੰਸ਼ਪ੍ਰੀਤ ਕੌਰ ਨੇ ਇੰਟਰਪੈਨਉਰਸ਼ਿਪ ਡਿਵਲੈਪਮੈਂਟ ਇੰਸਟੀਚਿਊਟ ਆਫ਼ ਇੰਡੀਆ, ਅਹਿਮਦਾਬਾਦ, ਗੁਜਰਾਤ ਵਲੋਂ ਕਰਵਾਏ ਗਏ ਰਾਸ਼ਟਰ ਪੱਧਰੀ ਪ੍ਰੋਗਰਾਮ "ਇੰਸਪ੍ਰੋਸਾਰੀਉ" ਵਿੱਚ ਨਵੀਨਤਾਕਾਰੀ ਤਕਨੀਕ ਪੇਸ਼ ਕਰਕੇ ਟੈਕਨਾਲੋਜੀ ਬਿਜ਼ਨਸ ਆਈਡੀਆ ਪਿੱਚ ਮੁਕਾਬਲੇ (ਟੈਕ ਬੀ.ਆਈ.ਪੀ)-2026 ਦੇ ਫਾਈਨਲ ਮੁਕਾਬਲੇ ਵਿੱਚ ਸੋਨ ਤਗਮੇ ਹਾਸਿਲ ਕੀਤੇ। ਵਿਦਿਆਰਥੀਆਂ ਦੀ ਇਸ ਪ੍ਰਾਪਤੀ ਤੇ ਵਰਸਿਟੀ ਦੇ ਪ੍ਰਬੰਧਕੀ ਨਿਰਦੇਸ਼ਕ ਸੁਖਰਾਜ ਸਿੰਘ ਸਿੱਧੂ ਨੇ ਜੇਤੂਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਲੋਕਾਈ ਦੇ ਜੀਵਨ ਨੂੰ ਸੁਖਾਲਾ ਬਣਾਉਣ ਲਈ ਨਵੀਆਂ ਕਾਢਾਂ ਕਰਨੀਆਂ ਪੈਣਗੀਆਂ ਜਿਸ ਰਾਹੀਂ ਉਹ ਆਰਥਿਕ ਪੱਖੋਂ ਖੁਸ਼ਹਾਲ ਅਤੇ ਸਮਾਜਿਕ ਪੱਖੋਂ ਹਰਮਨ ਪਿਆਰੇ ਹੋਣਗੇ।

ਇਸ ਸ਼ਾਨਮਤੀ ਪ੍ਰਾਪਤੀ ਤੇ ਕਾਰਜਕਾਰੀ ਵਾਈਸ ਚਾਂਸਲਰ ਪ੍ਰੋ.(ਡਾ.) ਜਗਤਾਰ ਸਿੰਘ ਧੀਮਾਨ ਨੇ ਭਾਰਤ ਸਰਕਾਰ ਵਲੋਂ ਸ਼ੁਰੂ ਕੀਤੇ ਗਏ ਨਵੇਂ ਕਾਰੋਬਾਰੀ ਵਿਚਾਰਾਂ ਨੂੰ ਹੁਲਾਰਾ ਦੇਣ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਅਜਿਹੇ ਸਮਾਗਮ ਵਿਦਿਆਰਥੀਆਂ ਦੇ ਹੁਨਰ ਨੂੰ ਨਿਖਾਰਨ ਤੇ ਸੰਵਾਰਨ ਦਾ ਉਤਮ ਮੰਚ ਬਣਦੇ ਹਨ, ਕਿਉਂਕਿ ਅਜਿਹੇ ਸਮਾਗਮਾਂ ਵਿੱਚ ਕੀਤੀਆਂ ਪ੍ਰਾਪਤੀਆਂ ਵਿਦਿਆਰਥੀਆਂ ਨੂੰ ਹਮੇਸ਼ਾ ਨਵਾਂ ਸਿਰਜਨ ਲਈ ਪ੍ਰੇਰਦੀਆਂ ਹਨ ਤੇ ਉਹਨਾਂ ਵਿੱਚ ਨਵੀਨਤਾ ਦੀ ਭਾਵਨਾ ਪੈਦਾ ਹੁੰਦੀ ਹੈ। ਇਸ ਮੌਕੇ ਐਸੋਸੀਏਟ ਡੀਨ (ਡਾ.) ਨਵਨੀਤ ਸੇਠ ਨੇ ਕਿਹਾ ਕਿ ਇਹ ਪ੍ਰਾਪਤੀ ਵਿਦਿਆਰਥੀਆਂ ਦੀ ਮਿਹਨਤ ਅਤੇ ਅਧਿਆਪਕਾਂ ਦੀ ਯੋਗ ਅਗਵਾਈ ਦਾ ਨਤੀਜਾ ਹੈ। ਉਹਨਾਂ ਨੇੜਲੇ ਭਵਿੱਖ ਵਿੱਚ ਇਸ ਤਰ੍ਹਾਂ ਦੇ ਖੋਜ ਸੰਬੋਧਿਤ ਮੁਕਾਬਲਿਆਂ ਵਿੱਚ ਹਿੱਸਾ ਲੈਣ ਦੀ ਗੱਲ ਕੀਤੀ। ਉਹਨਾਂ ਨੇ ਸਮੁੱਚੀ ਟੀਮ ਤੇ ਅਧਿਆਪਕਾਂ ਦੇ ਆਪਸੀ ਤਾਲਮੇਲ ਦੀ ਵੀ ਸ਼ਲਾਘਾ ਕੀਤੀ।

# ਨਗਰ ਪੰਜ ਗਰਾਈਆਂ ਤੋਂ ਹਜ਼ੂਰ ਸਾਹਿਬ ਦੀ ਯਾਤਰਾ ਹੋਈ ਰਵਾਨਾ



ਬਟਾਲਾ, 19 ਮਾਰਚ (ਬਲਵਿੰਦਰ ਸਿੰਘ ਪੰਜਗਰਾਈ): ਵਿਧਾਨ ਸਭਾ ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਅਧੀਨ ਪੈਂਦੇ ਪਿੰਡ ਪੰਜਗਰਾਈਆਂ ਤੋਂ ਬਸ ਦੁਬਾਰਾ ਹਜ਼ੂਰ ਸਾਹਿਬ ਦੀ ਯਾਤਰਾ ਲਈ ਰਵਾਨਾਗੀ ਹੋਈ ਹੈ। ਪੱਤਰਕਾਰਾਂ ਨਾਲ ਜਾਣਕਾਰੀ ਸਾਂਝੀ ਕਰਦਿਆਂ ਹੋਇਆਂ ਇਸ ਯਾਤਰਾ ਦੇ ਮੁੱਖ ਪ੍ਰਬੰਧਕ ਅਵਤਾਰ ਸਿੰਘ ਬਾਜਵਾ ਨੇ ਦੱਸਿਆ ਕਿ ਯਾਤਰਾ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਬਾਬਾ ਦੀਪ ਸਿੰਘ ਜੀ ਸ਼ਹੀਦ ਗੰਜ ਸਾਹਿਬ ਵਿਖੇ ਸੰਗਤਾਂ ਦੀ ਸੁੱਖ ਸ਼ਾਂਤੀ ਅਤੇ ਚੜ੍ਹਦੀ ਕਲਾ ਦੀ ਅਰਦਾਸ ਕੀਤੀ ਗਈ ਅਤੇ ਗੁਰੂ ਸਾਹਿਬ ਤੋਂ ਆਗਿਆ ਲੈ ਕੇ ਹਜ਼ੂਰ ਸਾਹਿਬ ਨੂੰ ਚਾਲੇ ਪਾਏ ਗਏ ਹਨ। ਉਹ ਦੱਸਿਆ ਕਿ ਯਾਤਰਾ ਦਾ ਪਹਿਲਾ ਪੜਾਅ ਗੁਰਦੁਆਰਾ ਮਜਨੂ ਕਾ ਟਿੱਲਾ ਦਿੱਲੀ ਵਿਖੇ ਹੋਵੇਗਾ। ਰਾਤ ਨੂੰ ਵਿਸ਼ਰਾਮ ਕਰਨ ਤੋਂ ਬਾਅਦ ਅਗਲੇ ਦਿਨ ਜਲ ਪਾਨ ਕਰਨ ਉਪਰੰਤ ਯਾਤਰਾ ਦਾ ਅਗਲਾ ਸਫਰ ਸ਼ੁਰੂ ਕੀਤਾ ਜਾਵੇਗਾ। ਦੂਸਰੀ ਰਾਤ ਦਾ ਪੜਾਅ ਛੇਵੇਂ ਪਾਤਸ਼ਾਹ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਗੁਵਾਲੀਅਰ ਸਾਹਿਬ ਵਿਖੇ ਕੀਤਾ ਜਾਵੇਗਾ। ਉਹਨਾਂ ਦੱਸਿਆ ਕਿ ਇਸੇ ਤਰ੍ਹਾਂ ਸਤਿਨਾਮ ਵਾਹਿਗੁਰੂ ਦਾ ਜਾਪ ਕਰਦਿਆਂ ਹੋਈਆਂ ਸੰਗਤਾਂ ਅਬਚਲ ਨਗਰ (ਨੰਦੇੜ) ਸ੍ਰੀ ਹਜ਼ੂਰ ਸਾਹਿਬ ਦਾ ਸੁਹਾਵਣਾ ਸਫਰ ਤੈਅ ਕਰਨਗੀਆਂ। ਅਖੀਰਲਾ ਪੜਾ ਕਰਨ ਤੋਂ ਬਾਅਦ ਸ੍ਰੀ ਆਨੰਦ ਸਾਹਿਬ ਵਿਖੇ ਜਾ ਕੇ ਵਿਸ਼ਰਾਮ ਕੀਤਾ ਜਾਵੇਗਾ ਉਪਰੰਤ ਪੜ੍ਹਾਅਵਾਰ ਗੁਰਦੁਆਰਾ ਮਾਲਟੇਕੜੀ ਸਾਹਿਬ, ਕਰਨਾਟਕ ਵਿਖੇ ਭਗਤ ਨਾਮਦੇਵ ਜੀ ਦਾ ਜਨਮ ਸਥਾਨ ਨਰਸੀ ਦੇ ਦਰਸ਼ਨ ਕੀਤੇ ਜਾਣਗੇ। ਲੋਕਲ ਗੁਰਦੁਆਰਾ ਸਾਹਿਬਾਨਾਂ ਦੇ ਦਰਸ਼ਨ ਕਰਨ ਉਪਰੰਤ ਰਾਤ ਦਾ ਵਿਸ਼ਰਾਮ ਕਰਨ ਉਪਰੰਤ ਇਸੇ ਤਰ੍ਹਾਂ ਗੁਰਬਾਣੀ ਜਪ ਕਰਦਿਆਂ ਹੋਇਆ ਵਾਪਸੀ ਹੋਵੇਗੀ। ਇਸ ਮੌਕੇ ਮਾ. ਜੋਗਾ ਸਿੰਘ, ਹਰਪਾਲ ਸਿੰਘ ਜੇਈ, ਯੁਵਰਾਜ ਸਿੰਘ, ਸੁਖਰਾਜ ਸਿੰਘ ਲਾਲੀ, ਬਲਵਿੰਦਰ ਸਿੰਘ ਬਾਜਵਾ, ਹਰਵਿੰਦਰ ਪਾਲ ਸਿੰਘ ਬਾਜਵਾ, ਕਮਲਜੀਤ ਸਿੰਘ, ਅਤੇ ਹੋਰ ਅਨੇਕਾਂ ਸੰਗਤਾਂ ਹਾਜ਼ਰ ਸਨ।

ਪੰਜਾਬ ਸਰਕਾਰ

ਪੰਜਾਬ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ ਅਥਾਰਟੀ

ਪੁੱਡਾ ਕੰਪਲੈਕਸ, ਅਰਬਨ ਅਸਟੇਟ ਫੇਜ਼-2, ਪਟਿਆਲਾ

ਈ-ਟੈਂਡਰ ਨੰ.: 41/ਪੁੱਡਾ/ਡੀਈ(ਐਚ)/2026/6385 - 6391 ਮਿਤੀ 18.03.2026

ਮੰਡਲ ਇੰਜੀਨੀਅਰ (ਐਚ), ਪੁੱਡਾ ਪਟਿਆਲਾ ਵੱਲੋਂ ਨਿਮਨ ਲਈ ਆਨਲਾਈਨ ਬੋਲੀਆਂ ਦੀ ਮੰਗ ਕੀਤੀ ਜਾਂਦੀ ਹੈ :

1. ਵਿੱਤੀ ਸਾਲ 2026-27 ਦੇ ਲਈ ਹੀਰਾ ਇਨਕਲੇਵ, ਨਾਭਾ ਅਤੇ ਐਸਬੀਐਸ ਢਡੋਗਲ ਇਨਕਲੇਵ, ਅਮਰਗੜ੍ਹ ਵਿਖੇ ਪਾਰਥੀਨੀਅਮ ਨਦੀਨ ਅਤੇ ਹੋਰ ਜੰਗਲੀ ਵਾਧੇ ਦੀ ਕਟਾਈ ਅਤੇ ਬਾਗਬਾਨੀ ਕੰਮਾਂ ਦਾ ਸਲਾਨਾ ਰੱਖ ਰਖਾਅ। (ਡੀਐਨਆਈਟੀ ਰਕਮ ਰੁ. 12.93 ਲੱਖ)

2. ਵਿੱਤੀ ਸਾਲ 2026-27 ਦੇ ਲਈ ਓਯੂਵੀਜੀਐਲ ਸਾਈਟਾਂ, ਪਟਿਆਲਾ (ਪੁੱਡਾ ਇਨਕਲੇਵ-1, ਫੂਲਕੀਆ ਇਨਕਲੇਵ, ਪੁੱਡਾ ਇਨਕਲੇਵ-2, ਦੇਵੀਗੜ੍ਹ ਸਾਈਟ, ਲਹਿਲ ਮੰਡਲ, ਪਟਿਆਲਾ ਹੋਟਲ ਸਾਈਟ ਅਤੇ ਪੀਡਬਲਿਊਡੀ ਵਿਸ਼ਰਾਮਘਰ ਸਾਈਟ) ਵਿਚ ਪਾਰਥੀਨੀਅਮ ਨਦੀਨ ਅਤੇ ਹੋਰ ਜੰਗਲੀ ਵਾਧੇ ਦੀ ਕਟਾਈ ਅਤੇ ਬਾਗਬਾਨੀ ਕੰਮਾਂ ਦਾ ਸਲਾਨਾ ਰੱਖ ਰਖਾਅ। (ਡੀਐਨਆਈਟੀ ਰਕਮ ਰੁ. 19.53 ਲੱਖ)

ਬੰਦ ਹੋਣ ਦੀ ਮਿਤੀ ਅਤੇ ਸਮਾਂ : 27.03.2026 ਨੂੰ ਬਾ.ਦੁ. 01.00 ਵਜੇ

ਵੇਰਵਿਆਂ ਲਈ ਲਾਗ ਆਨ ਕਰੋ : https://eproc.punjab.gov.in

ਨੋਟ : ਟੈਂਡਰ ਸੂਚਨਾ ਸਬੰਧੀ ਕੋਈ ਵੀ ਸੋਧ (ਾਂ) ਕੇਵਲ ਉਕਤ ਵੈਬਸਾਈਟ 'ਤੇ ਹੀ ਪਾਈ ਜਾਵੇਗੀ।

RO.No.PR-ADVT No. 1716/12/2025-26/9659/Dated CHD : 19/03/2026

ਪੰਜਾਬ ਸਰਕਾਰ

ਕੰਮਾਂ ਲਈ ਟੈਂਡਰ/ਆਰਐਫਪੀ

ਟੈਂਡਰ ਸੂਚਨਾ ਹਵਾਲਾ ਨੰਬਰ ਐਮਸੀਜੇ/ਓਐਮ/2025-26/56 ਅਤੇ 281/ਸੀਈ/ਡਬਲਿਊਐਸ/ਜੀ ਮਿਤੀ 19.03.2026

ਨਗਰ ਨਿਗਮ ਜਲੰਧਰ ਦੇ ਵਿਭਾਗ ਵੱਲੋਂ ਨਿਮਨ ਲਈ ਆਨਲਾਈਨ ਬੋਲੀਆਂ ਦੀ ਮੰਗ ਕੀਤੀ ਜਾਂਦੀ ਹੈ :-

ਜਲ ਸਪਲਾਈ ਅਤੇ ਸੀਵਰੇਜ ਕੰਮਾਂ ਲਈ ਓ ਅਤੇ ਐਮ ਸ਼ਾਖਾ ਨਾਲ ਸਬੰਧਤ 48 ਕੰਮ (ਕੰਮ ਦੇ ਵੇਰਵੇ ਵੈਬਸਾਈਟ ਵਿਚ ਦਰਸਾਏ ਅਨੁਸਾਰ)

ਬੰਦ ਹੋਣ ਦੀ ਮਿਤੀ ਅਤੇ ਸਮਾਂ :

ਟੈਂਡਰ ਦੀ ਉਪਲਬਧਤਾ :- ਲੜੀ ਨੰ. 39-48 ਦੇ ਲਈ (ਪਹਿਲਾ ਯਤਨ) : 23.03.2026, ਬਾ. ਦੁ. 14.00 ਵਜੇ

ਟੈਂਡਰ ਜਮ੍ਹਾਂ ਕਰਨ ਲਈ ਆਖ਼ਰੀ ਮਿਤੀ :- 02.04.20265, ਬਾ. ਦੁ. 14.00 ਵਜੇ

ਟੈਂਡਰ ਦੀ ਉਪਲਬਧਤਾ :- ਲੜੀ ਨੰ. 01-38 ਦੇ ਲਈ (ਤੀਜਾ/ਚੌਥਾ ਯਤਨ) : 23.03.2026, ਬਾ. ਦੁ. 14.00 ਵਜੇ

ਟੈਂਡਰ ਜਮ੍ਹਾਂ ਕਰਨ ਲਈ ਆਖ਼ਰੀ ਮਿਤੀ :- 30.03.2026, ਬਾ. ਦੁ. 14.00 ਵਜੇ

ਵੇਰਵਿਆਂ ਲਈ ਲਾਗ ਆਨ ਕਰੋ : eproc.punjab.gov.in

ਨੋਟ : ਟੈਂਡਰ/ਆਰਐਫਪੀ ਸੂਚਨਾ ਵਿਚ ਕੋਈ ਵੀ ਸੋਧ (ਾਂ) ਕੇਵਲ ਉਕਤ ਵੈਬਸਾਈਟ 'ਤੇ ਹੀ ਪਾਈ ਜਾਵੇਗੀ।

ਸਰਕਾਰੀ ਪੱਤਰ ਹਵਾਲਾ ਨੰਬਰ ਜੇਡੀਡੀਐਲਜੀ/ਪੀਆਰਯੂ/ਡੀਐਲਜੀ/2021/1018-23 ਮਿਤੀ 13.05.2021 ਦੇ ਅਨੁਸਾਰ

ਸਹੀ/- ਨਿਗਮ ਇਂਜੀਨੀਅਰ, ਨਗਰ ਨਿਗਮ, ਜਲੰਧਰ

RO.No.PR-Advt.No. : 1911/12/2025-26/9703/Dated CHD : 19/03/2026

ਭਾਰਤੀਯ ਰੇਲ

ਪਟਿਆਲਾ ਲੋਕੋਮੋਟਿਵ ਵਰਕਸ

ਪਟਿਆਲਾ —147 003,

ਫੋਨ : 2396000, 2396001, ਫੈਕਸ : 91-0175-2306413

ਈ-ਨਿਵਿਦਾ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੇ ਲਈ ਅਤੇ ਉਨ੍ਹਾਂ ਵਲੋਂ ਤੋਂ ਉਪ ਮੁੱਖ ਬਿਜਲੀ ਇੰਜੀਨੀਅਰ/ਬਿਜਲੀ ਸਰਵਿਸ ਪਟਿਆਲਾ ਰੇਲ ਇੰਜਣ ਕਾਰਖਾਨਾ (ਪੁਰਾਣਾ ਨਾਮ ਡੀਜਲ ਰੇਲਇੰਜਣ ਆਧੁਨਿਕੀਕਰਨ ਕਾਰਖਾਨਾ), ਪਟਿਆਲਾ ਪੰਜਾਬ ਦੁਆਰਾ ਹੇਠਾਂ ਲਿਖਤ ਬਿਜਲੀ ਕੰਮਾਂ ਦੇ ਲਈ ਤੈਅ ਫਾਰਮ ਤੇ ਈ ਨਿਵਿਦਾ ਵੈਬਸਾਈਟ www.ireps.gov.in 'ਤੇ ਮੰਗ ਕਰਦੇ ਹਨ। ਨਿਵਿਦਾ ਆਫਰਜ ਟੈਂਡਰ ਖੁਲਣ ਦੀ ਮਿਤੀ ਤਕ 15.00 ਵਜੇ ਤਕ ਅਪਲੋਡ ਕੀਤੀ ਜਾ ਸਕਦੀ ਹੈ ਅਤੇ ਉਸੇ ਦਿਨ 15.30 ਵਜੇ ਖੋਹਲੀ ਜਾਵੇਗੀ। ਨਿਵਿਦਾਕਰਤਾ ਤੈਅ ਸਮੇਂ ਅਤੇ ਮਿਤੀ ਤਕ ਆਪਣੇ ਮੂਲ ਦਸਤਾਵੇਜ ਵੈਬਸਾਈਟ ਤੇ ਅਪਲੋਡ ਕਰ ਸਕਦੇ ਹਨ। ਕੋਈ ਨਿਵਿਦਾ ਮੈਨੂੰਅਲ ਸਵੀਕਾਰ ਨਹੀਂ ਕੀਤੀ ਜਾਵੇਗੀ।

| | | | |
|---|---|---|---|
| ਨਿਵਿਦਾ ਨੰ. | ਪੀ.ਐਲ.ਡਬਲਯੂ./ਈ.ਐਲ./445/25 | | |
| ਕੰਮ ਦਾ ਨਾਮ | PLW ਕੰਪਲੈਕਸ, ਪੀ.ਐਲ. PLW/PTA ਦੇ ਕਾਲੋਨੀ ਅਤੇ ਵਰਕਸ਼ਾਪ ਖੇਤਰ ਵਿਚ ਵੱਖ-ਵੱਖ ਥਾਵਾਂ ਤੇ ਖਰਾਬ ਕੇਬਲਾਂ ਦੀ ਥਾਂ ਉਤੇ HT ਕੇਬਲਾਂ ਦੀ ਸਪਲਾਈ ਅਤੇ ਵਿਛਾਉਣ ਦੀ ਵਿਵਸਥਾ ਦੇ ਨਾਲ, HT ਕੇਬਲ ਨੈਟਵਰਕ ਦਾ ਅਪਗ੍ਰੇਡ ਅਤੇ ਵਿਸਥਾਰ। | | |
| ਕੰਮ ਦੀ ਅੰਦਾਜਨ ਲਾਗਤ | ₹3700745/- | ਜਮਾਨਤ ਰਾਸ਼ੀ | ₹74000/- |
| ਸਮਾਪਤੀ ਦਾ ਸਮਾਂ | 10 ਮਹੀਨੇ | ਨਿਵਿਦਾ ਬੰਦ ਹੋਣ ਦੀ ਮਿਤੀ | 13.4.2026 ਨੂੰ 15:00 ਵਜੇ |

ਨਿਵਿਦਾ ਦਸਤਾਵੇਜ ਰੇਲਵੇ ਦੀ ਵੈਬਸਾਈਟ www.ireps.gov.in ਤੋਂ ਡਾਊਨਲੋਡ ਕੀਤਾ ਜਾ ਸਕਦਾ ਹੈ। ਨਿਵਿਦਾ ਦੇ ਹੋਰ ਸਾਰੇ ਨਿਯਮ ਅਤੇ ਸ਼ਰਤਾਂ ਰੇਲਵੇ ਦੀ ਵੈਬਸਾਈਟ www.ireps.gov.in ਤੋਂ ਡਾਊਨਲੋਡ ਕੀਤੇ ਜਾ ਸਕਦੇ ਹਨ। ਈ-ਟੈਂਡਰਿੰਗ ਦੇ ਸਬੰਧ ਵਿਚ ਜਮਾਨਤ ਰਾਸ਼ੀ ਦਾ ਮੂਲ ਕੇਵਲ ਨੈਟ ਬੈਂਕਿੰਗ ਜਾਂ only payment modes available on IREPS portal ਦੇ ਮਾਧਿਅਮ ਨਾਲ ਹੀ ਸਵੀਕਾਰ ਕੀਤਾ ਜਾਵੇਗਾ। ਨੋਟ: ਠੇਕੇਦਾਰ ਆਪਣੀ ਆਫਰ ਦੇ ਨਾਲ ਕਿਸੇ ਵੀ ਰਾਜ ਸਰਕਾਰ/ਕੇਂਦਰ ਸ਼ਾਸ਼ਿਤ ਪ੍ਰਦੇਸ਼ ਦੁਆਰਾ ਜਾਰੀ ਕੀਤਾ ਹੋਇਆ ਵੈਲਿਡ ਇਲੈਕਟ੍ਰੀਕਲ ਕਾਂਟਰੈਕਟਰ ਲਾਈਸੈਂਸ ਲਗਾਉਣ। ਬਿਨਾ ਵੇਲਿਡ ਇਲੈਕਟ੍ਰਿਕਲ ਕਾਂਟਰੈਕਟਰ ਲਾਈਸੈਂਸ ਟੈਂਡਰ ਰਦ ਕਰ ਦਿਤਾ ਜਾਵੇਗਾ।

944/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਦਿੱਲੀ ਫ਼ਤਿਹ ਦਿਵਸ ਦੀ ਸ਼ਾਨਦਾਰ ਯਾਦਗਾਰ ਮਨਾਉਣ ਦੀ ਤਿਆਰੀ : ਕਾਲਕਾ

ਨਵੀਂ ਦਿੱਲੀ, 19 ਮਾਰਚ (ਅੰਮ੍ਰਿਤਪਾਲ ਸਿੰਘ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਨੇ ਦੱਸਿਆ ਕਿ ਸਿੱਖ ਕੌਮ ਦੀ ਸ਼ਾਨਦਾਰ ਇਤਿਹਾਸਕ ਜਿੱਤ-ਦਿੱਲੀ ਫਤਿਹ ਦੀ ਯਾਦ ਨੂੰ ਸਮਰਪਿਤ "ਦਿੱਲੀ ਫਤਿਹ ਦਿਵਸ" ਆਉਂਦੀ 28 ਤੇ 29 ਮਾਰਚ ਨੂੰ ਲਾਲ ਕਿਲ੍ਹਾ ਮੈਦਾਨ ਵਿਖੇ ਵੱਡੇ ਪੱਧਰ 'ਤੇ ਮਨਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਇਤਿਹਾਸਕ ਦਿਨ ਬਾਬਾ ਬਘੇਲ ਸਿੰਘ, ਜੱਥੇਦਾਰ ਜੱਸਾ ਸਿੰਘ ਆਹਲੂਵਾਲੀਆ, ਸ੍ਰੀ ਜੱਸਾ ਸਿੰਘ ਰਾਮਗੜ੍ਹੀਆ, ਸ੍ਰੀ ਤਾਰਾ ਸਿੰਘ ਘੇਬਾ ਤੇ ਸ੍ਰੀ ਮਹਾਂ ਸਿੰਘ ਸ਼ੁੱਕਰਚੱਕੀਆ ਦੀ ਬਹਾਦਰੀ ਭਰੀ ਅਗਵਾਈ ਹੇਠ ਸਿੰਘਾਂ ਵੱਲੋਂ ਦਿੱਲੀ ਫਤਿਹ ਕਰਨ ਦੀ ਮਹਾਨ ਗਾਥਾ ਨੂੰ ਯਾਦ ਕਰਨ ਦਾ ਪ੍ਰਤੀਕ ਹੈ। ਇਹ ਦਿਹਾੜਾ ਸਿੱਖ ਇਤਿਹਾਸ ਵਿੱਚ ਫਹਾਦਰੀ, ਬਲਿਦਾਨ ਤੇ ਅਟੱਲ ਹੌਸਲੇ ਦੀ ਬੇਮਿਸਾਲ ਮਿਸਾਲ ਵਜੋਂ ਦਰਜ ਹੈ।

ਕਾਲਕਾ ਨੇ ਦੱਸਿਆ ਕਿ ਸਮਾਗਮ ਦੌਰਾਨ ਧਾਰਮਿਕ ਦੀਵਾਨ, ਕੀਰਤਨ ਦਰਬਾਰ, ਇਤਿਹਾਸਕ ਵਿਖਿਆਨ ਤੇ ਗੁਰਮਤਿ ਸਮਾਗਮ ਕਰਵਾਏ ਜਾਣਗੇ, ਜਿਨ੍ਹਾਂ ਰਾਹੀਂ ਨੌਜਵਾਨ ਪੀੜ੍ਹੀ ਨੂੰ ਸਿੱਖ ਇਤਿਹਾਸ ਨਾਲ ਜੋੜਨ ਅਤੇ ਉਨ੍ਹਾਂ ਵਿੱਚ ਗੌਰਵ ਦੀ ਭਾਵਨਾ ਪੈਦਾ ਕਰਨ ਦਾ ਉਦੇਸ਼ ਹੈ। ਉਨ੍ਹਾਂ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚ ਕੇ ਇਸ ਮਹਾਨ ਇਤਿਹਾਸਕ ਦਿਵਸ ਦੇ ਸਮਾਗਮਾਂ ਵਿੱਚ ਆਪਣੀ ਹਾਜ਼ਰੀ ਭਰ ਕੇ ਗੁਰੂ ਸਾਹਿਬਾਨ ਦੀਆਂ ਬਖ਼ਸ਼ਿਸ਼ਾਂ ਪ੍ਰਾਪਤ ਕਰਨ ਤੇ ਸਿੱਖ ਵਿਰਾਸਤ ਨਾਲ ਆਪਣਾ ਨਾਤਾ ਹੋਰ ਮਜ਼ਬੂਤ ਕਰਨ।

# ਡੀ.ਐਸ.ਜੀ.ਐਮ.ਸੀ. ਵੱਲੋਂ ਸਕੂਲ ਸਟਾਫ਼ ਦੇ ਹੱਕਾਂ ਦੀ ਵੱਡੀ ਜਿੱਤ, ਐਮ.ਓ.ਯੂ. ਅਨੁਸਾਰ ਭੁਗਤਾਨ ਜਾਰੀ, ਕਾਲਕਾ ਵੱਲੋਂ ਸਟਾਫ਼ ਦਾ ਧੰਨਵਾਦ

ਨਵੀਂ ਦਿੱਲੀ, 19 ਮਾਰਚ (ਅੰਮ੍ਰਿਤਪਾਲ ਸਿੰਘ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ (ਡੀ.ਐਸ.ਜੀ.ਐਮ.ਸੀ.) ਦੇ ਪ੍ਰਧਾਨ ਹਰਮੀਤ



ਸਿੰਘ ਕਾਲਕਾ ਨੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸਕੂਲਾਂ ਨਾਲ ਸਬੰਧਤ ਦਿਲੀ ਹਾਈ ਕੋਰਟ ਵਿੱਚ ਚੱਲ ਰਹੇ ਮਾਮਲੇ ਬਾਰੇ ਮਹੱਤਵਪੂਰਨ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਕਮੇਟੀ ਵੱਲੋਂ ਤਿਆਰ ਕੀਤੇ ਗਏ ਐਮ.ਓ.ਯੂ. 'ਤੇ ਸਟਾਫ ਵੱਲੋਂ ਵੱਡੇ ਪੱਧਰ 'ਤੇ ਭਰੋਸਾ ਜਤਾਇਆ ਗਿਆ ਹੈ ਅਤੇ ਲਗਭਗ 962 ਵਿੱਚੋਂ 919 ਕਰਮਚਾਰੀਆਂ ਨੇ ਇਸ 'ਤੇ ਦਸਤਖ਼ਤ ਕਰਕੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਸਾਥ ਦਿੱਤਾ ਹੈ। ਕਾਲਕਾ ਨੇ ਦੱਸਿਆ ਕਿ ਇਸ ਭਰੋਸੇ ਦੇ ਆਧਾਰ 'ਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਅਦਾਲਤ ਵਿੱਚ ਆਪਣੀ ਪੱਖਦਾਰੀ ਮਜ਼ਬੂਤੀ ਨਾਲ ਰੱਖੀ ਅਤੇ ਜੱਜ ਸਾਹਿਬ ਨੂੰ ਇਹ ਵੀ ਜਾਣਕਾਰੀ ਦਿੱਤੀ ਗਈ ਕਿ ਪਟੀਸ਼ਨਰਾਂ ਵੱਲੋਂ ਵੀ ਐਮ.ਓ.ਯੂ. 'ਤੇ ਦਸਤਖ਼ਤ ਕਰ ਦਿੱਤੇ ਗਏ ਹਨ। ਇਸ ਦੇ ਨਤੀਜੇ ਵਜੋਂ 7ਵੇਂ ਤਨਖਾਹ ਕਮਿਸ਼ਨ ਦੇ ਅਨੁਸਾਰ 38 ਫੀਸਦੀ ਵਾਧੇ ਨਾਲ ਸਟਾਫ ਦੀ ਤਨਖਾਹ ਉਹਨਾਂ ਦੇ ਖਾਤਿਆਂ ਵਿੱਚ ਜਮ੍ਹਾਂ ਕਰਵਾ ਦਿੱਤੀ ਗਈ ਹੈ।

ਉਨ੍ਹਾਂ ਕਿਹਾ ਕਿ ਅਦਾਲਤ ਵੱਲੋਂ ਇਹ ਵੀ ਸੁਝਾਅ ਦਿੱਤਾ ਗਿਆ ਕਿ ਜਿਨ੍ਹਾਂ ਕਰਮਚਾਰੀਆਂ ਨੇ ਐਮ.ਓ.ਯੂ. 'ਤੇ ਦਸਤਖ਼ਤ ਨਹੀਂ ਕੀਤੇ, ਉਨ੍ਹਾਂ ਨੂੰ ਵੀ ਬਾਕੀ ਸਟਾਫ ਵਾਂਗ ਹੱਕ ਦੀ ਰਕਮ ਦਿੱਤੀ ਜਾਵੇ। ਇਸ ਸੰਬੰਧ ਵਿੱਚ ਕਾਲਕਾ ਨੇ ਸਪੱਸ਼ਟ ਕੀਤਾ ਕਿ ਡੀ.ਐਸ.ਜੀ.ਐਮ.ਸੀ. ਆਪਣੇ ਵਚਨਾਂ 'ਤੇ ਕਾਇਮ ਹੈ ਅਤੇ ਐਮ.ਓ.ਯੂ. ਅਨੁਸਾਰ ਇੰਨ ਬਿੰਨ ਲਾਗੂ ਕੀਤਾ ਜਾਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਕੁਝ ਤੱਤਾਂ ਵੱਲੋਂ ਗਲਤ ਫਹਿਮੀਆਂ ਪੈਦਾ ਕਰਨ ਦੀ ਕੋਸ਼ਿਸ਼ ਕੀਤੀ ਗਈ, ਪਰ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਜੋ ਵਾਅਦੇ ਸਟਾਫ ਨਾਲ ਕੀਤੇ ਗਏ ਹਨ, ਉਹ ਪੂਰੇ ਕੀਤੇ ਜਾਣਗੇ ਅਤੇ ਬਕਾਇਆ ਰਕਮ ਵੀ ਨਿਰੰਤਰ ਅਦਾਇਗੀ ਦੇ ਰਾਹ 'ਤੇ ਹੈ।

ਹਰਮੀਤ ਸਿੰਘ ਕਾਲਕਾ ਨੇ ਸਮੂਹ ਸਟਾਫ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਸਹਿਯੋਗ ਤੇ ਵਿਸ਼ਵਾਸ ਨਾਲ ਹੀ ਇਹ ਸੰਘਰਸ਼ ਕਾਮਯਾਬੀ ਵੱਲ ਵਧ ਰਿਹਾ ਹੈ। ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਭਵਿੱਖ ਵਿੱਚ ਵੀ ਆਪਣੇ ਕਰਮਚਾਰੀਆਂ ਦੇ ਹਿੱਤਾਂ ਦੀ ਰੱਖਿਆ ਲਈ ਵਚਨਬੱਧ ਰਹੇਗੀ।

ਉਨ੍ਹਾਂ ਗੁਰੂ ਚਰਨਾਂ ਵਿੱਚ ਅਰਦਾਸ ਕੀਤੀ ਕਿ ਇਸ ਪ੍ਰਕਿਰਿਆ ਵਿੱਚ ਕੋਈ ਵੀ ਵਿਘਨ ਨਾ ਪਵੇ ਅਤੇ ਬਣੀ ਹੋਈ ਯੋਜਨਾ ਸਫਲਤਾਪੂਰਵਕ ਅਮਲ ਵਿੱਚ ਆਵੇ। ਉਨ੍ਹਾਂ ਇੱਕ ਵਾਰ ਫਿਰ ਸਾਰੇ ਸਟਾਫ ਦਾ ਧੰਨਵਾਦ ਪ੍ਰਗਟਾਇਆ ਅਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦੇ ਸਹਿਯੋਗ ਦੀ ਉਮੀਦ ਜਤਾਈ।

# ਸਿਹਤਮੰਦ ਜੀਵਨ ਲਈ ਪੌਸ਼ਟਿਕ ਆਹਾਰ ਖਾਣ ਨੂੰ ਪਹਿਲ ਦੇਵੋ : ਸਿਵਲ ਸਰਜਨ



ਮੋਗਾ, 19 ਮਾਰਚ (ਨਿਸ਼ੀ ਮਨਚੰਦਾ,ਗੁਰਦੇਵ ਖੁਰਾਣਾ): ਡਾਇਰੈਕਟਰ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਦੇ ਹੁਕਮਾ ਅਨੁਸਾਰ ਅਤੇ ਸਿਵਲ ਸਰਜਨ ਮੋਗਾ ਡਾਕਟਰ ਰਮਨਦੀਪ ਸਿੰਗਲਾ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਡਾ. ਸੰਦੀਪ ਸਿੰਘ ਦੀ ਅਗਵਾਈ ਹੇਠ ਫੂਡ ਸੇਫਟੀ ਟੀਮ ਮੋਗਾ ਵੱਲੋਂ ਸ਼ਹਿਰ ਵਿੱਚ ਖਾਣ-ਪੀਣ ਵਾਲੀਆਂ ਵਸਤੂਆਂ ਦੀ ਗੁਣਵੱਤਾ ਅਤੇ ਸਫਾਈ ਮਿਆਰਾਂ ਦੀ ਜਾਂਚ ਲਈ ਵਿਸ਼ੇਸ਼ ਮੁਹਿੰਮ ਚਲਾਈ ਗਈ। ਇਸ ਦੌਰਾਨ ਟੀਮ ਵੱਲੋਂ ਮੇਨ ਬਾਜ਼ਾਰ ਮੋਗਾ ਤੋਂ ਲੇਮਨ ਸੋਡਾ ਦੇ ਦੋ ਸੈਂਪਲ ਭਰੇ ਗਏ, ਜਿਨ੍ਹਾਂ ਨੂੰ ਲੈਬ ਵਿੱਚ ਜਾਂਚ ਲਈ ਭੇਜਿਆ ਗਿਆ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਇਹ ਨਮੂਨੇ ਫੂਡ ਸੇਫਟੀ ਮਿਆਰਾਂ ਅਨੁਸਾਰ ਹਨ।

ਇਸ ਤੋਂ ਇਲਾਵਾ, ਮਿਉਂਸਪਲ ਕਾਰਪੋਰੇਸ਼ਨ ਦੇ ਚੀਫ ਸੈਨੇਟਰੀ ਇੰਸਪੈਕਟਰ ਅਤੇ ਫੂਡ ਸੇਫਟੀ ਅਫਸਰ ਯੋਗੇਸ਼ ਗੋਇਲ ਦੇ ਨਾਲ ਮਿਲ ਕੇ ਅਕਾਲਸਰ ਰੋਡ, ਬੰਦ ਫਾਟਕ ਅਤੇ ਅੰਮ੍ਰਿਤਸਰ ਰੋਡ 'ਤੇ ਸਥਿਤ ਮੀਟ ਸ਼ਾਪਾਂ ਦੀ ਜਾਂਚ ਕੀਤੀ ਗਈ। ਜਾਂਚ ਦੌਰਾਨ ਕੁਝ ਮੀਟ ਸ਼ਾਪਾਂ ਵਿੱਚ ਗੰਦਗੀ ਅਤੇ ਸਫਾਈ ਦੇ ਮਿਆਰਾਂ ਦੀ ਉਲੰਘਣਾ ਪਾਈ ਗਈ, ਜਿਸ ਦੇ ਚਲਦਿਆਂ:

4 ਚਾਲਾਨ ਗੈਰ-ਸੁੱਚੀਆਂ ਹਾਲਤਾਂ ਲਈ ਕੱਟੇ ਗਏ।

ਮੀਟ ਸ਼ਾਪ ਮਾਲਕਾਂ ਨੂੰ ਇੰਪ੍ਰੂਵਮੈਂਟ ਨੋਟਿਸ ਜਾਰੀ ਕਰਕੇ ਤੁਰੰਤ ਸੁਧਾਰ ਕਰਨ ਲਈ ਕਿਹਾ ਗਿਆ।

ਅਧਿਕਾਰੀਆਂ ਵੱਲੋਂ ਦੁਕਾਨਦਾਰਾਂ ਨੂੰ ਸਖ਼ਤ ਹਦਾਇਤਾਂ ਦਿੱਤੀਆਂ ਗਈਆਂ ਕਿ ਸਫਾਈ, ਸਹੀ ਸਟੋਰੇਜ ਅਤੇ ਖੁਰਾਕ ਦੀ ਸੁਰੱਖਿਅਤ ਹੈਂਡਲਿੰਗ ਨੂੰ ਯਕੀਨੀ ਬਣਾਇਆ ਜਾਵੇ, ਖ਼ਾਸ ਕਰਕੇ ਮੀਟ ਵਰਗੀਆਂ ਜਲਦੀ ਖਰਾਬ ਹੋਣ ਵਾਲੀਆਂ ਵਸਤੂਆਂ ਲਈ। ਫੂਡ ਸੇਫਟੀ ਵਿਭਾਗ ਵੱਲੋਂ ਕਿਹਾ ਗਿਆ ਕਿ ਅਜਿਹੀਆਂ ਚੈਕਿੰਗ ਮੁਹਿੰਮਾਂ ਅੱਗੇ ਵੀ ਜਾਰੀ ਰਹਿਣਗੀਆਂ ਅਤੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਰੀਅਲ ਅਸਟੇਟ ਰੈਗੂਲੇਟਰੀ ਅਥਾਰਟੀ, ਪੰਜਾਬ

ਪਹਿਲੀ ਮੰਜ਼ਿਲ, ਪਲਾਟ ਨੰਬਰ 3, ਬਲਾਕ ਬੀ, ਮੱਧ ਮਾਰਗ, ਸੈਕਟਰ 18ਏ, ਚੰਡੀਗੜ੍ਹ-160018

(ਪੇਸ਼ ਹੋਣ ਅਤੇ ਜਵਾਬ ਦਾਇਰ ਕਰਨ ਲਈ ਰੀਅਲ ਅਸਟੇਟ (ਰੈਗੂਲੇਸ਼ਨ ਅਤੇ ਵਿਕਾਸ) ਐਕਟ, 2016 ਆਰ/ਡਬਲਯੂ ਨਿਯਮ 36 (2) ਪੰਜਾਬ ਰੀਅਲ ਅਸਟੇਟ (ਰੈਗੂਲੇਸ਼ਨ ਅਤੇ ਵਿਕਾਸ) ਨਿਯਮ, 2017 ਦੀ ਧਾਰਾ 31 ਅਧੀਨ ਘੋਸ਼ਣਾ ਨੋਟਿਸ)

| ਲ. ਨੰ. | ਸ਼ਿਕਾਇਤ ਨੰਬਰ | ਸ਼ਿਕਾਇਤਕਰਤਾ ਦਾ ਨਾਮ | ਜਵਾਬਕਰਤਾ ਦਾ ਨਾਮ | ਸੁਣਵਾਈ ਦੀ ਅਗਲੀ ਮਿਤੀ |
|---|---|---|---|---|
| 1. | GC No. 02052025 | ਏਰੋ ਹੋਮਜ਼ ਰੈਜ਼ੀਡੈਂਟ ਵੈਲਫੇਅਰ ਐਸੋਸੀਏਸ਼ਨ | 1. ਮੈਸ. ਐਨਐਚ ਮੈਟਕੋਨ<br>2. ਨਿਤਿਨ ਬਾਂਸਲ<br>3. ਸੰਨੀ ਬਾਂਸਲ<br>4. ਐਮ.ਸੀ. ਜ਼ੀਰਕਪੁਰ | 25.03.2026 |

ਵੱਲ,

1. ਮੈਸਰਜ਼ ਐਨ.ਐਚ. ਮੈਟਕੋਨ

2. ਨਿਤਿਨ ਬਾਂਸਲ

3. ਸੰਨੀ ਬਾਂਸਲ

ਮਕਾਨ ਨੰਬਰ 1704, ਸੈਕਟਰ 21, ਦੇ ਸਾਰੇ ਨਿਵਾਸੀ ਪੰਚਕੂਲਾ, ਹਰਿਆਣਾ-134112

4. ਐਮ.ਸੀ. ਜ਼ੀਰਕਪੁਰ, ਸਾਹਮਣੇ ਪੁਲਿਸ ਸਟੇਸ਼ਨ ਜ਼ੀਰਕਪੁਰ, ਐਸ.ਏ.ਐਸ. ਨਗਰ (ਮੁਹਾਲੀ) (ਪੀ.ਬੀ.)-140603

ਜਦੋਂ ਕਿ ਸ਼ਿਕਾਇਤਕਰਤਾ ਦੁਆਰਾ ਉੱਤਰਦਾਤਾਵਾਂ ਵਿਰੁੱਧ ਉਪਰੋਕਤ ਸਿਰਲੇਖ ਵਾਲੀ ਸ਼ਿਕਾਇਤ ਦਾਇਰ ਕੀਤੀ ਗਈ ਹੈ ਅਤੇ ਇਹ ਅਥਾਰਟੀ ਇਸ ਗੱਲ ਤੋਂ ਸੰਤੁਸ਼ਟ ਹੈ ਕਿ ਇਹ ਮੰਨਣ ਦਾ ਕਾਰਨ ਹੈ ਕਿ ਉੱਤਰਦਾਤਾ ਸੇਵਾ ਤੋਂ ਬਚਣ ਦੇ ਉਦੇਸ਼ ਨਾਲ ਰਸਤੇ ਤੋਂ ਬਾਹਰ ਰਹਿ ਰਹੇ ਹਨ ਅਤੇ ਇਹ ਅਥਾਰਟੀ ਅੱਗੇ ਸੰਤੁਸ਼ਟ ਹੈ ਕਿ ਉਪਰੋਕਤ ਉਪਲਬਧ ਪਤਿਆਂ 'ਤੇ ਸੇਵਾ ਦੇ ਆਮ ਤਰੀਕੇ ਨਾਲ ਨੋਟਿਸ ਨਹੀਂ ਦਿੱਤਾ ਜਾ ਸਕਦਾ। ਇਸ ਲਈ, ਇਹ ਐਲਾਨ ਉਪਰੋਕਤ ਸਾਰੇ ਉੱਤਰਦਾਤਾਵਾਂ ਵਿਰੁੱਧ ਨਿੱਜੀ ਤੌਰ 'ਤੇ ਜਾਂ ਕਿਸੇ ਅਧਿਕਾਰਤ ਏਜੰਟ ਜਾਂ ਵਕੀਲ ਰਾਹੀਂ ਸ਼੍ਰੀ. ਅਰੁਣਵੀਰ ਵਸ਼ਿਸ਼ਟ, ਮੈਂਬਰ, ਰੀਅਲ ਅਸਟੇਟ ਰੈਗੂਲੇਟਰੀ ਅਥਾਰਟੀ, ਪੰਜਾਬ, ਉਪਰੋਕਤ ਮਿਤੀ ਨੂੰ ਪਹਿਲੀ ਮੰਜ਼ਿਲ, ਪਲਾਟ ਨੰਬਰ 3, ਬਲਾਕ ਬੀ, ਮੱਧ ਮਾਰਗ, ਸੈਕਟਰ 18ਏ, ਚੰਡੀਗੜ੍ਹ ਵਿਖੇ ਸਥਿਤ ਆਪਣੇ ਦਫ਼ਤਰ ਵਿਖੇ ਸ਼ਿਕਾਇਤਕਰਤਾ ਦੁਆਰਾ ਦਾਇਰ ਸ਼ਿਕਾਇਤ ਦਾ ਜਵਾਬ ਦਾਇਰ ਕਰੋ, ਨਹੀਂ ਤਾਂ ਪ੍ਰਤੀਵਾਦੀਆਂ ਵਿਰੁੱਧ ਇੱਕ-ਪੱਖੀ ਕਾਰਵਾਈ ਕੀਤੀ ਜਾਵੇਗੀ ਅਤੇ ਉਪਰੋਕਤ ਸ਼ਿਕਾਇਤ ਦਾ ਫੈਸਲਾ ਰੀਅਲ ਅਸਟੇਟ (ਰੈਗੂਲੇਸ਼ਨ ਅਤੇ ਵਿਕਾਸ) ਐਕਟ, 2016 ਦੇ ਉਪਬੰਧਾਂ ਅਤੇ ਇਸ ਅਧੀਨ ਬਣਾਏ ਗਏ ਨਿਯਮਾਂ ਅਤੇ ਨਿਯਮਾਂ ਅਨੁਸਾਰ ਇੱਕ-ਪੱਖੀ ਕੀਤਾ ਜਾ ਸਕਦਾ ਹੈ।

ਅਧਿਕਾਰਤ ਹਸਤਾਖਰਕਰਤਾ

ਰੀਅਲ ਅਸਟੇਟ ਰੈਗੂਲੇਟਰੀ ਅਥਾਰਟੀ, ਪੰਜਾਬ

RO.No.PR-Advt.No. : 3816/12/2025-26/9668/Dated CHD : 19/03/2026

# ਹਲਕਾ ਇੰਚਾਰਜ ਸਮੇਤ ਕਈ ਵੱਡੀਆਂ ਮੱਛੀਆਂ ਤੱਕ ਪੁੱਜੇਗਾ 4.5 ਕਿਲੋ ਹੈਰੋਇਨ ਬਰਾਮਦਗੀ ਮਾਮਲੇ ਦਾ ਸੇਕ

ਚੰਡੀਗੜ੍ਹ, 19 ਮਾਰਚ (ਚ.ਨ.ਸ.): ਮਜੀਠਾ ਹਲਕੇ ਵਿੱਚ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਤਲਬੀਰ ਸਿੰਘ ਗਿਲ ਦੇ ਚਹੇਤੇ ਪੀਏ, ਯੂਥ ਦੇ ਇਨਚਾਰਜ ਅਤੇ ਸਰਪੰਚ ਲਵਪ੍ਰੀਤ ਸਿੰਘ ਕੋਟ ਦੀ ਗੱਡੀ ਵਿੱਚੋਂ ਕਰੀਬ 4.5 ਕਿਲੋ ਹੈਰੋਇਨ ਦੀ ਬਰਾਮਦਗੀ ਮਾਮਲੇ 'ਚ ਹਲਕਾ ਇੰਚਾਰਜ ਸਮੇਤ ਸੂਬੇ ਆਪ ਪਾਰਟੀ ਦੇ ਕਈ ਚੇਹਰੇ ਉੱਚ ਪੱਧਰੀ ਜਾਂਚ ਮਗਰੋਂ ਨੰਗੇ ਹੋ ਸਕਦੇ ਹਨ। ਹਲਕਾ ਇੰਚਾਰਜ ਤਲਬੀਰ ਗਿਲ ਦੇ ਚਹੇਤੇ ਪੀਏ ਕੋਲੋਂ 4.5 ਕਿਲੋ ਹੈਰੋਇਨ ਬਰਾਮਦਗੀ ਮਾਮਲੇ ਦਾ ਸੇਕ ਖੁਦ ਹਲਕਾ ਇੰਚਾਰਜ ਸਮੇਤ ਕਈ ਵੱਡੇ ਲੀਡਰਾਂ ਤੱਕ ਪੁੱਜੇਗਾ ਜੇਕਰ ਇਸਦੀ ਉੱਚ ਪੱਧਰੀ ਜਾਂਚ ਕਰਵਾਈ ਜਾਵੇ। ਇਸ ਗੱਲ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਲੀਡਰ 'ਤੇ ਲੀਗਲ ਸੈਲ ਦੇ ਪ੍ਰਧਾਨ ਅਰਸ਼ਦੀਪ ਸਿੰਘ ਕਲੇਰ ਨੇ ਚੰਡੀਗੜ੍ਹ ਵਿਖੇ ਸ਼ਿਰੋਮਣੀ ਅਕਾਲੀ ਦਲ ਦੇ ਹੈਡ ਆਫਿਸ ਵਿਖੇ ਕੀਤੀ ਪ੍ਰੈਸ ਕਾਨਫਰੰਸ ਦੌਰਾਨ ਆਮ ਆਦਮੀ ਪਾਰਟੀ ਉੱਤੇ ਗੰਭੀਰ ਦੋਸ਼ ਲਾਉਂਦਿਆਂ ਕੀਤਾ। ਉਹਨਾਂ ਕਿਹਾ ਕਿ ਇਹ ਕਿਵੇਂ ਹੋ ਸਕਦਾ ਹੈ ਕਿ ਹਲਕਾ ਇੰਚਾਰਜ ਤਲਬੀਰ ਗਿਲ ਦੇ ਥਾਪੜੇ ਤੋਂ ਬਿਨਾ ਉਸਦਾ ਪੀਏ ਐਨੀ ਭਾਰੀ ਮਾਤਰਾ ਵਿੱਚ ਹੈਰੋਇਨ ਦੀ ਤਸਕਰੀ ਕਰ ਰਿਹਾ ਹੋਵੇ ਅਤੇ ਇਹ ਡਰੱਗ ਰੈਕਟ ਸਿਆਸੀ ਪੁਸ਼ਤਪਨਾਹੀ ਹੇਠ ਮਜੀਠਾ ਅਤੇ ਪੰਜਾਬ ਭਰ ਵਿੱਚ ਚਲ ਰਿਹਾ ਹੈ। ਜਿਸਦੀ ਐਨ ਸੀ ਬੀ ਜਾਂ ਸੀਬੀਆਈ ਵਰਗੀ ਕੇਂਦਰੀ ਏਜੰਸੀ ਜਾਂ ਹਾਈ ਕੋਰਟ ਦੀ ਨਿਗਰਾਨੀ ਹੇਠ ਉੱਚ ਪਧਰੀ ਜਾਂਚ ਹੋਣੀ ਜਰੂਰੀ ਹੈ ਜਿਸ ਮਗਰੋਂ ਇਸ ਵੱਡੇ ਡਰੱਗ ਰੈਕਟ ਵਿੱਚ ਹਲਕਾ ਇੰਚਾਰਜ ਤਲਵੀਰ ਸਿੰਘ ਗਿੱਲ ਸਮੇਤ ਹੋਰ ਕਈ ਵੱਡੇ ਆਮ ਆਦਮੀ ਪਾਰਟੀ ਦੇ ਆਗੂਆਂ ਦੀ ਪੁਸਤਪਨਾਹੀ ਅਤੇ ਸ਼ਮੂਲੀਅਤ ਦਾ ਪਰਦਾਫਾਸ਼ ਹੋ ਸਕਦਾ ਹੈ। ਉਹਨਾਂ ਕਿਹਾ ਭਾਰੀ ਮਾਤਰਾ ਵਿੱਚ ਹੈਰੋਨ ਦੀ ਖੇਪ ਨਾਲ ਫੜਿਆ ਗਿਆ ਤਲਵੀਰ ਸਿੰਘ ਗਿੱਲ ਦਾ ਪੀਏ ਹਲਕਾ ਇੰਚਾਰਜ ਵੱਲੋਂ ਇਸ ਕਦਰ ਤਾਕਤਵਰ ਬਣਾਇਆ ਗਿਆ ਸੀ ਕਿ ਪੂਰੇ ਹਲਕੇ ਵਿੱਚ ਚਾਹੇ ਪੁਲਿਸ ਚਾਹੇ ਪ੍ਰਸ਼ਾਸਨ ਜਾਂ ਕਿਸੇ ਹੋਰ ਵਿਭਾਗ ਦੀਆਂ ਬਦਲੀਆਂ ਹੋਣ ਇਸ ਦੀ ਪ੍ਰਵਾਨਗੀ ਨਾਲ ਹੀ ਹੁੰਦੀਆਂ ਸਨ ਜਿਸ ਤੋਂ ਸਪਸ਼ਟ ਹੋ ਜਾਂਦਾ ਹੈ ਕਿ ਇਹ ਹਲਕਾ ਇੰਚਾਰਜ ਦਾ ਕਿੰਨਾ ਚਹੇਤਾ ਸੀ। ਉਨਾਂ ਕਿਹਾ ਕਿ ਜਾਂਚ ਮਗਰੋਂ ਤਲਬੀਰ ਸਿੰਘ ਗਿਲ ਸਮੇਤ ਕਈ ਹੋਰ ਵੱਡੇ ਆਪ ਲੀਡਰਾਂ ਦੇ ਡਰੱਗ ਤਸਕਰਾਂ ਦੀ ਪੁਸ਼ਤਪਨਾਹੀ ਕਰਨ ਲਈ ਚੇਹਰੇ ਹੋਣਗੇ ਨੰਗੇ। ਇਸ ਗੱਲ ਦੀ ਵੀ ਜਾਂਚ ਕੀਤੀ ਜਾਵੇ ਕਿ ਕਿਸ ਰਾਜਨੀਤਿਕ ਆਗੂ ਦੀ ਗੱਡੀ ਵਿੱਚ ਨਸ਼ਾ ਸਪਲਾਈ ਕੀਤਾ ਜਾ ਰਿਹਾ ਸੀ ਅਤੇ ਸਰਹੱਦ ਪਾਰ ਤੋ ਹੁਣ ਤੱਕ ਕਿੰਨੀ ਹੈਰੋਇਨ ਮੰਗਵਾਕੇ ਇਹ ਪੰਜਾਬ ਵਿੱਚ ਕਿੱਥੇ ਕਿੱਥੇ ਸਪਲਾਈ ਕਰ ਚੁੱਕਾ ਹੈ ਇਸਦੇ ਤਾਰ ਕਿਸ ਕਿਸ ਰਾਜਨੀਤਿਕ ਆਗੂ ਨਾਲ ਜੁੜੇ ਹੋਏ ਹਨ ਉਹ ਕਿਹੜੇ ਰਾਜਨੀਤਿਕ ਆਗੂ ਹਨ ਜਿਹਨਾਂ ਨੂੰ ਇਹ ਡਰੱਗ ਦਾ ਪੈਸਾ ਦਿੰਦਾ ਰਿਹਾ ਜੋ ਇਸਦੀ ਇਸ ਧੰਦੇ ਵਿੱਚ ਮਦਦ ਕਰਦੇ ਰਹੇ ਹਨ। ਜਿੰਨਾ ਆਗੂਆਂ ਨਾਲ ਉਕਤ ਪੀਏ ਦੀਆਂ ਫੋਟੋਆਂ ਸਾਹਮਣੇ ਆ ਰਹੀਆਂ ਹਨ ਅਤੇ ਕੋਈ ਕਿਸੇ ਆਮ ਸਮਾਗਮ ਵਿੱਚ ਖਿੱਚੀਆਂ ਫੋਟੋਆਂ ਨਹੀਂ ਸਗੋਂ ਖੁਦ ਬਿਆਨ ਕਰ ਰਹੀਆਂ ਹਨ ਕਿ ਫੋਟੋਆਂ ਵਿਚਲੇ ਬੰਦਿਆਂ ਨਾਲ ਉਸਦੇ ਕਿੰਨੇ ਗੂੜੇ ਅਤੇ ਕਰੀਬੀ ਰਿਸ਼ਤੇ ਹਨ। ਉਹਨਾਂ ਦੁਹਰਾਇਆ ਕਿ ਹਲਕਾ ਇੰਚਾਰਜ ਦਾ ਪੀਏ, ਯੂਥ ਦਾ ਇੰਚਾਰਜ ਅਤੇ ਸਰਪੰਚ ਬਿਨਾਂ ਸਿਆਸੀ ਥਾਪੜੇ ਤੇ ਪੁਸ਼ਤਪਨਾਹੀ ਤੋਂ ਕਰੋੜਾਂ ਦੀ ਹੈਰੋਇਨ ਦਾ ਵਪਾਰ ਨਹੀਂ ਕਰ ਸਕਦਾ ਜਿਸਦੀਆਂ ਤਾਰਾਂ ਪੂਰੇ ਪੰਜਾਬ ਦੇ ਡਰੱਗ ਰੈਕੇਟ ਨਾਲ ਜੁੜੀਆਂ ਹੋ ਸਕਦੀਆਂ ਹਨ।

ਉਹਨਾਂ ਕਿਹਾ ਕਿ ਜਿਨਾਂ ਲੀਡਰਾਂ ਨਾਲ ਇਸ ਆਪ ਆਗੂ ਦੀ ਨੇੜਤਾ ਦੱਸੀ ਜਾ ਰਹੀ ਹੈ ਉਸ ਵਿੱਚ ਤਲਵੀਰ ਸਿੰਘ ਗਿੱਲ ਦੇ ਆਮ ਆਦਮੀ ਪਾਰਟੀ ਦੇ ਇੰਚਾਰਜ ਮਨੀਸ਼ ਸਿਸੋਦੀਆ, ਪੰਜਾਬ ਪ੍ਰਧਾਨ ਅਤੇ ਮੰਤਰੀ ਅਮਨ ਅਰੋੜਾ, ਸਾਬਕਾ ਮੰਤਰੀ ਕੁਲਦੀਪ ਸਿੰਘ ਧਾਲੀਵਾਲ, ਵਿਧਾਇਕਾ ਜੀਵਨ ਜੋਤ ਕੌਰ, ਵਿਧਾਇਕ ਸ਼ੈਰੀ ਕਲਸੀ ਕਲਸੀ ਸੋਨੀਆ ਮਾਨ ਦੇ ਨਾਮ ਮੁੱਖ ਤੌਰ ਉੱਤੇ ਸ਼ਾਮਿਲ ਹਨ। ਉਹਨਾਂ ਕੇਂਦਰ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਪੰਜਾਬ 'ਚ ਆਪ ਲੀਡਰਾਂ ਦੀ ਪੁਸ਼ਤਪਨਾਹੀ ਹੇਠ ਚਲ ਰਹੇ ਡਰੱਗ ਰੈਕੇਟ ਦੇ ਵਪਾਰ ਦਾ ਪਰਦਾਫਾਸ਼ ਕਰਨ ਲਈ ਜਿੱਥੇ ਇਸ ਵੱਡੇ ਮਾਮਲੇ ਦੀ ਸੀਬੀਆਈ ਤੋਂ ਜਾਂਚ ਦੇ ਹੁਕਮ ਦੇਣ ਉੱਥੇ ਪੰਜਾਬ ਵਿੱਚ ਐਨ ਸੀ ਬੀ ਵਲੋਂ ਵੱਡੇ ਪੱਧਰ ਤੇ ਛਾਪੇਮਾਰੀ ਵਧਾ ਕੇ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਪੁਸ਼ਪ ਮਨਾਹੀ ਹੇਠ ਚੱਲ ਰਹੇ ਵੱਡੇ ਡਰੱਗ ਰੈਕਟ ਦਾ ਪਰਦਾਫਾਸ਼ ਵੀ ਕੀਤਾ ਜਾਵੇ।

ਉਹਨਾਂ ਕਿਹਾ ਕਿ ਹੁਣ ਆਮ ਆਦਮੀ ਪਾਰਟੀ ਦੇ ਆਗੂਆਂ ਡਰੱਗ ਰੈਕਟ ਚਲਾਉਣ ਅਤੇ ਸਿਆਸੀ ਵਿਰੋਧੀਆਂ ਖਿਲਾਫ ਝੂਠੇ ਪ੍ਰਚਾਰ ਦੀ ਬਣਾਈ ਰਣਨੀਤੀ ਦੇ ਭੇਦ ਖੋਲਣ ਲੱਗੇ ਹਨ ਕਿਉਂਕਿ ਪਹਿਲਾਂ ਪਹਿਲਾ ਤਰਨਤਾਰਨ ਦੇ ਕਲਸੀਆ ਕਲਾਂ ਦਾ ਸਰਪੰਚ ਪਰਮਜੀਤ ਸਿੰਘ ਜ ਕੋਲੋ 18 ਕਿਲੋਗ੍ਰਾਮ ਹੈਰੋਇਨ ਫੜੀ ਗਈ ਜੋ ਯੁੱਧ ਨਸ਼ੇ ਵਿਰੁੱਧ ਵਿਲੇਜ ਡਿਫੈਂਸ ਕਮੇਟੀ ਦਾ ਪ੍ਰਧਾਨ ਸੀ ਅਤੇ ਹੁਣ ਮਜੀਠਾ ਦੇ ਪਿੰਡ ਕੋਟ ਹਿਰਦੇ ਰਾਮ ਦਾ ਇੱਕ ਹੋਰ ਸਰਪੰਚ 4 ਕਿਲੋ ਤੋਂ ਵੱਧ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ ਗਿਆ ਹੈ, ਜਿਸ ਕੋਲੋਂ ਪਿਸਤੌਲ ਅਤੇ ਕਾਰਤੂਸ ਵੀ ਬਰਾਮਦ ਹੋਏ ਹਨ, ਹੋ ਸਾਫ ਦਰਸਾ ਰਿਹਾ ਹੈ ਕਿ ਇੰਨੇ ਵੱਡੇ ਪੱਧਰ ਤੇ ਡਰੱਗ ਰੈਕਰਟ ਸਿਆਸੀ ਪੁਸ਼ਤ ਪਨਾਹੀ ਹੇਠ ਚਲਾਇਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਮਾਨ ਜਵਾਬ ਦੇਣ ਕਿ ਕੀ ਉਹ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਆਪਣੇ ਆਗੂਆਂ ਜਰੀਏ ਅਜਿਹੀ ਲੜਾਈ ਲੜ ਰਹੇ ਹਨ ਜਾਂ ਖੁਦ ਪੁਸ਼ਤਪਨਾਹੀ ਕਰਕੇ ਅਤੇ ਵਿਰੋਧੀਆਂ ਖਿਲਾਫ ਝੂਠੀ ਬਿਆਨਬਾਜ਼ੀ ਕਰਕੇ ਡਰੱਗ ਦਾ ਰੈਕਟ ਚਲਾ ਰਹੇ ਹਨ। ਉਹਨਾਂ ਸਵਾਲ ਕੀਤਾ ਕਿ ਇਹ ਹੈ ਮਨੀਸ਼ ਸਿਸੋਦੀਆ ਦੀ ਸਾਮ ਦਾਮ ਦੰਡ ਭੇਦ ਵਾਲੀ ਨੀਤੀ ਜਿਸ ਵਿਚ ਡਰੱਗ ਸਮਗਲਰਾਂ ਨੂੰ ਪੁਸ਼ਤਪਨਾਹੀ ਦਿੱਤੀ ਜਾਂਦੀ ਹੈ ਉਹਨਾਂ ਕਿਹਾ ਕਿ ਪੰਜਾਬ ਦੀ ਜਨਤਾ ਹੁਣ ਜਵਾਬ ਮੰਗ ਰਹੀ ਹੈ ਕਿ ਨਸ਼ਿਆਂ ਖਿਲਾਫ ਯੁੱਧ ਦੇ ਪ੍ਰਚਾਰ ਹੇਠ ਕੀ ਆਮ ਆਦਮੀ ਪਾਰਟੀ ਖੁਦ ਨਸ਼ਾ ਵਿਕਾ ਰਹੀ ਹੈ। ਅਤੇ ਕੀ ਪੰਜਾਬ ਦੇ ਕਾਰਜਕਾਰੀ ਡੀਜੀਪੀ ਦਾ ਪਰਹਾਰ 2 ਇਹੀ ਹੈ ਜਿਸ ਵਿਚ ਵੱਡੇ ਆਗੂਆਂ ਦੀ ਦੇਖਰੇਖ ਹੇਠਲੇ ਪੱਧਰ ਉੱਤੇ ਆਪ ਦੇ ਸਰਪੰਚ ਤੱਕ ਵੱਡੀਆਂ ਡਰੱਗ ਡੀਲਾਂ ਕਰਨ ਉੱਤੇ ਲੱਗੇ ਹੋਏ ਹਨ ਇਸ ਨੂੰ ਦੇਖ ਕੇ ਕਾਰਜਕਾਰੀ ਡੀਜੀਪੀ ਨੇ ਅੱਖਾਂ ਬੰਦ ਰੱਖੀਆਂ ਹੋਇਆ ਹਨ। ਉਹਨਾਂ ਕਿਹਾ ਕਿ ਜੇਕਰ ਇਸ ਮਾਮਲੇ ਦੀ ਉੱਚ ਪੱਧਰੀ ਜਾਂਚ ਸਰਕਾਰ ਵੱਲੋਂ ਨਹੀਂ ਕਰਵਾਈ ਜਾਂਦੀ ਤਾਂ ਸ਼੍ਰੋਮਣੀ ਅਕਾਲੀ ਦਲ ਇਸ ਨੂੰ ਸੜਕਾਂ ਤੋਂ ਲੈ ਕੇ ਅਦਾਲਤ ਤੱਕ ਲੈ ਕੇ ਜਾਵੇਗਾ ਅਤੇ ਹਰ ਹਾਲ ਵਿੱਚ ਇਸ ਵੱਡੇ ਡਰੱਗ ਰੈਕਟ ਦਾ ਪਰਦਾ ਫਾਸ਼ ਕਰਕੇ ਰਹੇਗਾ।

ਭਾਰਤੀਯ ਰੇਲ

ਪਟਿਆਲਾ ਲੋਕੋਮੋਟਿਵ ਵਰਕਸ

(ਪੂਰਵ ਵਿਚ ਡੀਜਲ ਰੇਲਇੰਜਣ ਆਧੁਨਿਕੀਕਰਨ ਕਾਰਖਾਨਾ)

ਪਟਿਆਲਾ—147 003

ਫੋਨ : 0175-2396000, 2396001, ਫੈਕਸ : 0175-2306413, 2306370

ਦੋ ਅਵੈਤਨਿਕ ਵਿਜ਼ਿਟਿੰਗ ਸਪੈਸ਼ਲਿਸਟਾਂ (Honorary Visiting Specialists) ਦੀ ਨਿਯੁਕਤੀ ਹੇਤੂ

ਪੀ ਐਲ ਡਬਲਯੂ ਰੇਲਵੇ ਹਸਪਤਾਲ, ਪਟਿਆਲਾ ਵਿਖੇ 2 (ਦੋ) ਅਵੈਤਨਿਕ ਸਪੈਸ਼ਲਿਸਟਾਂ (HVSs), ਹੱਡੀਆਂ (Orthopedics) ਅਤੇ ਬਾਲ ਰੋਗ (Paediatrics) ਦੇ ਸਪੈਸ਼ਲਿਸਟਾਂ (ਹਰੇਕ ਵਿਚ ਇੱਕ) ਦੀ ਠੇਕੇ ਦੇ ਆਧਾਰ ਤੇ ਭਰਤੀ ਹੇਤੂ ਬਿਨੈ ਪੱਤਰ ਮੰਗੇ ਜਾਂਦੇ ਹਨ। ਵਿਸਤ੍ਰਿਤ ਨਿਯਮਾਂ ਅਤੇ ਸ਼ਰਤਾਂ ਲਈ (www.plw.indianrailway.gov.in > news & announcement > Recruitment > Contract Medical Practitioners> Visiting Medical Specialist ਵੇਖੀ ਜਾਵੇ ਜੀ।

ਬਿਨੈ ਪੱਤਰ ਪ੍ਰਾਪਤ ਕਰਨ ਦੀ ਆਖਰੀ ਮਿਤੀ 20.04.2026 ਹੈ।

943/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਉੱਤਰ ਰੇਲਵੇ

ਈ-ਨੀਲਾਮੀ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਸੀਨੀਅਰ ਮੰਡਲ ਵਾਣਿਜਯ ਪ੍ਰਬੰਧਕ, ਉੱਤਰ ਰੇਲਵੇ, ਅੰਬਾਲਾ ਛਾਵਣੀ ਦੁਆਰਾ ਮੰਡਲ ਦੇ ਹੇਠਾ ਲਿਖੇ ਸਟੇਸ਼ਨਾਂ ਉਤੇ ਠੇਕੇ ਅਲਾਟਮੈਂਟ ਕਰਨ ਲਈ ਈ-ਨੀਲਾਮੀ ਰੇਲਵੇ ਵੈੱਬਸਾਈਟ www.ireps.gov.in ਦੇ ਦੁਆਰਾ ਤੋਂ ਬੋਲੀ ਮੰਗ ਕੀਤੀ ਜਾਂ ਰਹੀ ਹੈ। ਅਲਾਟਮੈਂਟ ਕੀਤੀ ਜਾਣ ਵਾਲੇ ਠੇਕੇ ਦਾ ਵੇਰਵਾ ਹੇਠਾ ਲਿਖਿਆ ਹੈ।

| ਨੀਲਾਮੀ ਕਾਟਲੋਗ ਨੰ: | ਕੰਮ ਦਾ ਵੇਰਵਾ | ਨੀਲਾਮੀ ਮਿਤੀ ਤੇ ਸਮਾਂ |
|---|---|---|
| UMB-Prkg-11-26 | ਸਾਇਟ ਪਲਾਨ ਦੇ ਅਨੁਸਾਰ, ਸਟੇਸ਼ਨ ਭਵਨ ਦੇ ਕੋਲ 507 ਵਰਗ ਮੀਟਰ ਖੇਤਰਫਲ ਵਾਲਾ ਇਕ ਪੂਰਾ ਪਾਰਕਿੰਗ ਜਗ੍ਹਾਂ ਅਤੇ ਰਾਮਪੁਰਾ ਫੂਲ (ਪੁਲ) ਰੇਲਵੇ ਸਟੇਸ਼ਨ ਦੇ ਦੂਸਰੇ ਪ੍ਰਵੇਸ਼ ਦੁਆਰ ਉਤੇ 386.82 ਵਰਗ ਮੀਟਰ ਖੇਤਰਫਲ ਵਾਲਾ ਇਕ ਦੋਪਹਿਯਾ ਵਾਹਨ ਪਾਰਕਿੰਗ ਜਗ੍ਹਾਂ। | 30.03.26 12:00:00 |
| | ਮਾਲੇਰਕੋਟਲਾ ਰੇਲਵੇ ਸਟੇਸ਼ਨ ਦੇ ਪਰਿਸੰਚਾਰ ਖੇਤਰ ਵਿਚ 1757.128 ਵਰਗ ਮੀਟਰ ਦੇ ਕੁਲ ਖੇਤਰਫਲ ਵਿਚ ਫੈਲੇ ਪੂਰਾ ਪਾਰਕਿੰਗ ਜਗ੍ਹਾਂ ਦਾ ਅਲਾਟਮੈਂਟ (ਸਾਇਟ ਪਲਾਨ ਦੇ ਅਨੁਸਾਰ) | |
| | ਸਹਾਰਨਪੁਰ ਵਿਚ ਟੀ2 ਕਾਲੋਨੀ ਪਾਰਕ ਦੇ ਕੋਲ 1133 ਵਰਗ ਮੀਟਰ ਖੇਤਰਫਲ ਦਾ ਪੂਰਾ ਪਾਰਕਿੰਗ ਜਗ੍ਹਾਂ। | |
| | ਬਠਿੰਡਾ ਰੇਲਵੇ ਸਟੇਸ਼ਨ ਦੇ ਦੂਸਰੇ ਪ੍ਰਵੇਸ਼ ਦੁਆਰ ਉਤੇ ਜੀਆਰਪੀ ਕਵਾਟਰ ਦੇ ਕੋਲ ਸਥਿਤ 1894.20 ਵਰਗ ਮੀਟਰ ਖੇਤਰਫਲ ਦਾ ਪੂਰਾ ਪਾਰਕਿੰਗ ਜਗ੍ਹਾਂ। (ਸਾਇਟ ਪਲਾਨ ਦੇ ਅਨੁਸਾਰ) | |

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

952/2026

ਭਾਰਤੀਯ ਰੇਲ

ਪਟਿਆਲਾ ਲੋਕੋਮੋਟਿਵ ਵਰਕਸ

(ਪੂਰਵ ਵਿਚ ਡੀਜਲ ਰੇਲਇੰਜਣ ਆਧੁਨਿਕੀਕਰਨ ਕਾਰਖਾਨਾ)

ਪਟਿਆਲਾ—147 003

ਫੋਨ : 0175-2396000, 2396001, ਫੈਕਸ: 0175-2306413, 2306370

ਨਿਵਿਦਾ ਮੰਗ ਸੂਚਨਾ ਨੰ. ਪੀ.ਐਲ.ਡਬਲਯੂ./ਡਬਲਯੂ.ਡਬਲਯੂ./ਡਬਲਯੂ.ਏ/ਸੀ.ਐਸ/979/Vol-III ਮਿਤੀ 18.03.2026

ਸਾਡੇ ਨਾਲ ਮਿਲੋ www.ireps.gov.in

ਭਾਰਤ ਦੇ ਰਾਸ਼ਟਰਪਤੀ ਦੇ ਲਈ ਅਤੇ ਉਨ੍ਹਾਂ ਵਲੋਂ ਤੋਂ ਉਪ ਮੁੱਖ ਇੰਜੀਨੀਅਰ ਪਟਿਆਲਾ ਲੋਕੋਮੋਟਿਵ ਵਰਕਸ, ਪਟਿਆਲਾ ਦੁਆਰਾ ਹੇਠਾਂ ਲਿਖਤ ਕੰਮਾਂ ਦੇ ਲਈ ਟੈਂਡਰ ਈ-ਨਿਵਿਦਾ ਵੈਬ ਸਾਈਟ www.ireps.gov.in ਤੇ ਮੰਗ ਕਰਦੇ ਹਨ। ਨਿਵਿਦਾਕਰਤਾ ਕੇਵਲ ਤੈਅ ਸਮੇਂ ਅਤੇ ਮਿਤੀ ਤਕ ਆਪਣੇ ਮੂਲ ਦਸਤਾਵੇਜ ਪੇਸ਼ ਕਰ ਸਕਦੇ ਹਨ। ਕੋਈ ਨਿਵਿਦਾ ਮੈਨੂੰਅਲ ਸਵੀਕਾਰ ਨਹੀਂ ਕੀਤਾ ਜਾਏਗਾ। ਐਸੇ ਮੈਨੂੰਅਲ ਪ੍ਰਾਪਤ ਹੋਈ ਨਿਵਿਦਾ ਨਕਾਰ ਦਿਤੀ ਜਾਏਗੀ। ਠੇਕੇਦਾਰ ਟੈਂਡਰਾਂ ਦੀ ਕੀਮਤ ਅਤੇ ਬਿਆਨਾ ਰਕਮ ਕੇਵਲ ਆਈ.ਆਰ.ਈ.ਪੀ.ਐਸ. ਪੋਰਟਲ ਤੇ ਆਨਲਾਈਨ ਭਰ ਸਕਦੇ ਹਨ। ਮੈਨੂੰਅਲ ਪੇਮੈਂਟ ਜਿਵੇਂ ਕਿ ਡਿਮਾਂਡ ਡ੍ਰਾਫਟ, ਬੈਂਕਰ ਚੈਕ, ਡਿਪੋਜਿਟ ਰਸੀਦ, ਐਫ.ਡੀ.ਆਰ. ਦੁਆਰਾ ਸਵੀਕਾਰ ਨਹੀਂ ਹੋਵੇਗੀ।

| ਨਿਵਿਦਾ ਨੰਬਰ ਕੰਮ ਦਾ ਨਾਮ | ਕੰਮ ਦੀ ਅੰਦਾਜਨ ਲਾਗਤ (ਰੁਪੈ ਵਿਚ) | ਜਮਾਨਤ ਰਾਸ਼ੀ (ਰੁਪੈ ਵਿਚ) | ਸਮਾਪਤੀ ਦਾ ਸਮਾਂ | ਨਿਵਿਦਾ ਬੰਦ ਹੋਣ ਦੀ ਮਿਤੀ ਅਤੇ ਸਮਾਂ | ਨਿਵਿਦਾ ਖੁਲਣ ਦੀ ਮਿਤੀ ਅਤੇ ਸਮਾਂ |
|---|---|---|---|---|---|
| ਸੀ.ਈ.ਪੀ.ਐਲ.ਡਬਲਯੂ/ਟੀ-33/ 2025/-26 ਪਟਿ, ਮਿਤੀ 02.03.2026 | 17948478/- | 359000/- | 08 ਮਹੀਨੇ | 11.04.2026 at 11.30 hrs. | 11.04.2026 at 11.35 hrs. |
| (i) ਪੇਂਟ ਸ਼ਾਪ ਅਤੇ ECS ਵਾਰਡ ਦੇ ਵਿਚ ਦੇ ਘੇਰੇ (20 ਮੀ x 35 ਮੀ) ਦਾ ਕਵਰਿੰਗ, W-ਸ਼ਾਪ ਖੇਤਰ, PLW/PTA 2025-26 (ii) ਵਾਰਡ-55 ਵਿਚ ਵੇਟ ਬ੍ਰਿਜ ਦੇ ਕੋਲ ਖੁਲ੍ਹੇ ਘੇਰੇ (50 ਮੀ x 45 ਮੀ) ਦਾ M.S ਟ੍ਰਸ ਅਤੇ ਕਲਰ-ਕੋਟੇਡ, ਸ਼ੀਟਿੰਗ ਦੁਆਰਾ ਕਵਰਿੰਗ, W-ਸ਼ਾਪ ਖੇਤਰ, PLW/PTA 2025-26 | | | | | |

ਨੋਟ:-1. ਨਿਵਿਦਾ ਖੋਹਲਣ ਦੇ ਬਾਅਦ ਨਿਵਿਦਾਕਰਤਾ ਤੋਂ ਪ੍ਰਾਪਤ ਪ੍ਰਮਾਣ-ਪੱਤਰਾਂ/ਦਸਤਾਵੇਜਾਂ ਤੇ ਸੰਗਿਆਨ ਨਹੀਂ ਲਿਆ ਜਾਵੇਗਾ। 2. ਐਨਆਈਟੀ ਨੰਬਰ ਟੀ-33 ਦੇ ਲਈ ਯੋਗਤਾ ਮਾਨਦੰਡ ਵੈਬਸਾਈਟ www.ireps.gov.in 'ਤੇ ਦੇਖੇ ਜਾ ਸਕਦੇ ਹਨ। 3. ਬੋਲੀ ਲਗਾਉਣ ਤੋਂ ਪਹਿਲਾਂ ਬੋਲੀਦਾਤਾਵਾਂ ਨੂੰ ਨਿਵਿਦਾ ਦੇ ਅਲਗ ਤੋਂ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨੀ ਚਾਹੀਦੀ। ਨੰ. ਪੀ.ਐਲ.ਡਬਲਯੂ./ਡਬਲਯੂ. ਡਬਲਯੂ./ ਡਬਲਯੂ.ਏ/ਸੀ.ਐਸ/979/Vol-III ਮਿਤੀ: 18.03.2026

934/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



ਰੋਜ਼ਾਨਾ ਚੜ੍ਹਦੀਕਲਾ

# ਸਿਹਤ ਖ਼ਬਰਨਾਮਾ



## ਸ਼ੂਗਰ ਨੂੰ ਕੰਟਰੋਲ ਕਰਨ ਲਈ ਰੋਜ਼ਾਨਾ ਕਰੋ ਕਸਰਤ

ਮਨੁੱਖ ਅਜੋਕੇ ਦੌਰ ਵਿੱਚ ਆਪਣੀ ਸਿਹਤ ਦਾ ਧਿਆਨ ਨਹੀਂ ਰੱਖਦਾ ਜਿਸ ਕਰਕੇ ਸਰੀਰ ਵਿੱਚ ਕਈ ਤਰ੍ਹਾਂ ਦੇ ਰੋਗ ਪੈਦਾ ਹੁੰਦੇ ਹਨ। ਕਈ ਰੋਗ ਜਿਹੇ ਹਨ ਜੋ ਕਿ ਜਨੈਟਿਕ ਹੁੰਦੇ ਹਨ ਜਿਵੇਂ ਕਿ ਸ਼ੂਗਰ। ਸ਼ੂਗਰ ਤੋਂ ਬਚਣ ਲਈ ਕਈ ਤਰ੍ਹਾਂ ਦੇ ਟਿੱਪਸ ਹਨ ਉਨ੍ਹਾਂ ਦਾ ਖਾਸ ਧਿਆਨ ਰੱਖਣਾ ਪੈਂਦਾ ਹੈ। ਸ਼ੂਗਰ ਜਿਹੀ ਬਿਮਾਰੀ ਹੈ ਜਿਸ ਕੰਟਰੋਲ ਕਰਨਾ ਬਹੁਤ ਔਖਾ ਹੋ ਜਾਂਦਾ ਹੈ।



**ਹਰ ਰੋਜ਼ ਕਸਰਤ ;** ਜ਼ਿੰਦਗੀ ਵਿੱਚ ਜਿੰਨ੍ਹੇ ਮਰਜੀ ਰੁਝੇਵੇਂ ਹੋਣ ਪਰ ਹਰ ਰੋਜ ਕਸਰਤ ਕਰਨੀ ਚਾਹੀਦੀ ਹੈ ਤਾਂ ਕਿ ਸਰੀਰ ਦੇ ਹਰਮੋਨ ਦੀ ਸਥਿਰਤਾ ਬਣੀ ਰਹੇ। ਕਸਰਤ ਕਰਨ ਨਾਲ ਸਰੀਰ ਦਾ ਖੂਨ ਸਾਫ਼ ਹੁੰਦਾ ਹੈ ਅਤੇ ਤਾਜ਼ਗੀ ਆਉਂਦੀ ਹੈ। ਸ਼ੂਗਰ ਕਰਕੇ ਕਈ ਵਿਅਕਤੀਆਂ ਦੀ ਕਾਮ ਊਰਜਾ ਅਸਥਿਰ ਹੋ ਜਾਂਦੀ ਹੈ ਜਿਸ ਕਰਕੇ ਵਿਆਹੁਤਾ ਜੀਵਨ ਖਤਮ ਹੋ ਜਾਂਦਾ ਹੈ। ਤੰਦਰੁਸਤ ਰਹਿਣ ਲਈ ਸਵੇਰੇ ਜਾਂ ਸ਼ਾਮ ਨੂੰ ਹਰ ਰੋਜ ਕਸਰਤ ਕਰਨੀ ਲਾਜ਼ਮੀ ਹੈ।

**ਪੌਸ਼ਟਿਕ ਭੋਜਨ ਖਾਓ ;** ਸ਼ੂਗਰ ਤੋਂ ਬਚਣ ਲਈ ਮਨੁੱਖ ਨੂੰ ਭੋਜਨ ਉੱਤੇ ਧਿਆਨ ਦੇਣਾ ਚਾਹੀਦਾ ਹੈ। ਹਰ ਮਨੁੱਖ ਨੂੰ ਮੌਸਮੀ ਸਬਜ਼ੀਆਂ ਅਤੇ ਫਲ ਖਾਣੇ ਚਾਹੀਦੇ ਹਨ। ਬੇਮੌਸਮੀ ਫਲਾਂ ਤੋਂ ਪ੍ਰਹੇਜ ਕਰਨਾ ਚਾਹੀਦਾ ਹੈ। ਬਾਜ਼ਾਰ ਵਿੱਚ ਤਿਆਰ ਹੋਏ ਭੋਜਨ ਤੋਂ ਬਚਣਾ ਚਾਹੀਦਾ ਹੈ ਕਿਉਂਕਿ ਇਸ ਨਾਲਕਈ ਤਰ੍ਹਾਂ ਦੀਆਂ ਬਿਮਾਰੀਆਂ ਲੱਗਦੀਆਂ ਹਨ।

**ਬੇਲੋੜੀ ਦਵਾਈਆਂ ਤੋਂ ਪ੍ਰਹੇਜ ਕਰੋ ;** ਮਨੁੱਖ ਨੂੰ ਬੇਲੋੜੀਆਂ ਦਵਾਈਆਂ ਤਾਂ ਪ੍ਰਹੇਜ ਕਰਨਾ ਚਾਹੀਦਾ ਹੈ। ਕਈ ਵਾਰੀ ਸਿਰ ਦਰਦ ਹੋਣ ਉੱਤੇ ਅਸੀਂ ਆਰਾਮ ਕਰਨ ਦੀ ਬਜਾਏ ਦਵਾਈ ਖਾ ਲੈਂਦੇ ਹਾਂ ਜਾਂ ਸਰੀਰ ਵਿੱਚ ਹਲਕੀ ਦਰਦ ਹੋਣ ਉੱਤੇ ਦਰਦ ਨਾਸ਼ਕ ਦਵਾਈਆਂ ਲੈਂਦੇ ਹਾਂ ਜੋ ਸਾਡੇ ਸਰੀਰ ਲਈ ਬੇਹੱਦ ਨੁਕਸਾਨ ਦਾਇਕ ਹਨ।

## ਸ਼੍ਰੀ ਰਾਮ ਜਨਮ ਭੂਮੀ ਮੰਦਰ ਵਿਖੇ ਸ਼੍ਰੀ ਰਾਮ ਯੰਤਰ ਦੀ ਸਥਾਪਨਾ ਸਮਾਰੋਹ ਵਿੱਚ ਦ੍ਰੋਪਦੀ ਮੁਰਮੂ ਨੇ ਲਿਆ ਹਿੱਸਾ





ਅਯੁੱਧਿਆ, 19 ਮਾਰਚ, (ਚ.ਨ.ਸ.) : ਮੈਂ ਅਯੁੱਧਿਆ, ਉਹ ਸ਼ਹਿਰ ਜਿੱਥੇ ਭਗਵਾਨ ਸ਼੍ਰੀ ਰਾਮ ਦਾ ਜਨਮ ਹੋਇਆ ਸੀ, ਦੀ ਪਵਿੱਤਰ ਧੂੜ ਨੂੰ ਛੂਹਣਾ ਆਪਣਾ ਸਭ ਤੋਂ ਵੱਡਾ ਸੁਭਾਗ ਸਮਝਦਾ ਹਾਂ। ਭਗਵਾਨ ਸ਼੍ਰੀ ਰਾਮ ਨੇ ਖੁਦ ਆਪਣੇ ਜਨਮ ਸਥਾਨ ਨੂੰ ਸਵਰਗ ਤੋਂ ਵੀ ਉੱਤਮ ਦੱਸਿਆ ਹੈ: ਜਨਨੀ ਜਨਮ ਭੂਮੀ (ਮਾਤਾ ਦਾ ਜਨਮ ਸਥਾਨ ਸਵਰਗ ਤੋਂ ਵੀ ਵੱਡਾ ਹੈ)। ਸੰਤ ਕਵੀ ਤੁਲਸੀਦਾਸ ਨੇ ਇਸੇ ਅਯੁੱਧਿਆ, ਅਵਧਪੁਰੀ ਅਤੇ ਆਸ ਪਾਸ ਦੇ ਖੇਤਰਾਂ ਦੀ ਲੋਕ ਭਾਸ਼ਾ ਵਿੱਚ ਸ਼੍ਰੀ ਰਾਮਚਰਿਤਮਾਨਸ ਦੀ ਰਚਨਾ ਕੀਤੀ। ਮਾਨਸ ਵਿੱਚ, ਭਗਵਾਨ ਸ਼੍ਰੀ ਰਾਮ ਸੀਤਾ ਨੂੰ ਦੱਸਦੇ ਹਨ ਕਿ ਭਾਵੇਂ ਸਾਰਿਆਂ ਨੇ ਵੈਕੁੰਠ ਦੀ ਪ੍ਰਸ਼ੰਸਾ ਕੀਤੀ ਹੈ, ਅਤੇ ਇਸਦਾ ਵਰਣਨ ਵੇਦਾਂ ਅਤੇ ਪੁਰਾਣਾਂ ਵਿੱਚ ਕੀਤਾ ਗਿਆ ਹੈ ਅਤੇ ਵਿਸ਼ਵ-ਪ੍ਰਸਿੱਧ ਹੈ, ਵੈਕੁੰਠ ਵੀ ਮੈਨੂੰ ਅਵਧਪੁਰੀ ਜਿੰਨਾ ਪਿਆਰਾ ਨਹੀਂ ਹੈ। ਅਵਧਪੁਰੀ ਜਿੰਨਾ ਪਿਆਰਾ ਕੁਝ ਵੀ ਮੇਰੇ ਲਈ ਨਹੀਂ ਹੈ। ਇਸ ਘਟਨਾ ਨੂੰ ਸਿਰਫ਼ ਇੱਕ ਹੀ ਜਾਣਦਾ ਹੈ। ਇਹ ਅਯੁੱਧਿਆ ਸ਼ਹਿਰ ਭਗਵਾਨ ਰਾਮ ਦੇ ਸਾਰੇ ਭਗਤਾਂ ਲਈ ਵੀ ਸਭ ਤੋਂ ਪਿਆਰਾ ਹੈ। ਰਾਮ ਅਤੇ ਰਾਵਣ ਵਿਚਕਾਰ ਲੜਾਈ ਜਿੱਤਣ ਤੋਂ ਬਾਅਦ ਮਾਤਾ ਸੀਤਾ ਅਤੇ ਲਕਸ਼ਮਣ ਨਾਲ ਭਗਵਾਨ ਰਾਮ ਦੇ ਅਯੁੱਧਿਆ ਪਹੁੰਚਣ ਦਾ ਇੱਕ ਬਹੁਤ ਹੀ ਕਲਾਤਮਕ ਸਕੈਚ ਸਾਡੇ ਸੰਵਿਧਾਨ ਦੀ ਅਸਲ ਹੱਥ ਲਿਖਤ ਕਾਪੀ ਨੂੰ ਸ਼ਿੰਗਾਰਦਾ ਹੈ। ਇਹ ਸਕੈਚ ਮੌਲਿਕ ਅਧਿਕਾਰਾਂ ਦੇ ਮਹੱਤਵਪੂਰਨ ਭਾਗ 999 ਦੇ ਸ਼ੁਰੂ ਵਿੱਚ ਦਿਖਾਈ ਦਿੰਦਾ ਹੈ। ਮੈਨੂੰ ਇਹ ਦੇਖ ਕੇ ਖੁਸ਼ੀ ਹੋ ਰਹੀ ਹੈ ਕਿ ਇਸ ਸਕੈਚ ਬਾਰੇ ਜਾਣਕਾਰੀ ਅਤੇ ਜਾਗਰੂਕਤਾ ਫੈਲਾਈ ਜਾ ਰਹੀ ਹੈ ਅਤੇ ਜਨਤਾ ਨੂੰ ਸੰਵਿਧਾਨਕ ਆਦਰਸ਼ਾਂ ਅਤੇ ਪਵਿੱਤਰ ਸੱਭਿਆਚਾਰਕ ਪ੍ਰਤੀਕਾਂ ਨਾਲ ਜੋੜਿਆ ਜਾ ਰਿਹਾ ਹੈ। ਮੈਂ ਨਵਰਾਤਰੀ ਦੇ ਪਹਿਲੇ ਦਿਨ, ਚੈਤ ਸ਼ੁਕਲ ਪ੍ਰਤੀਪਦਾ, ਸੰਵਤਸਰਾ 2083 ਦੀ ਸ਼ੁਰੂਆਤ 'ਤੇ ਇੱਥੇ ਆ ਕੇ ਮਾਣ ਮਹਿਸੂਸ ਕਰ ਰਿਹਾ ਹਾਂ। ਮੈਂ ਸਾਰੇ ਭਾਰਤੀਆਂ ਅਤੇ ਭਗਵਾਨ ਰਾਮ ਦੇ ਭਗਤਾਂ, ਦੇਸ਼ ਅਤੇ ਵਿਦੇਸ਼ ਵਿੱਚ, ਨੂੰ ਨਵੇਂ ਸਾਲ ਦੀਆਂ ਦਿਲੋਂ ਸ਼ੁਭਕਾਮਨਾਵਾਂ ਦਿੰਦਾ ਹਾਂ। ਨਵਰਾਤਰੀ ਦੇ ਅੰਤ ਵਿੱਚ, ਰਾਮ ਨੌਮੀ 'ਤੇ, ਅਸੀਂ ਭਗਵਾਨ ਰਾਮ ਦੀ ਜਨਮ ਵਰ੍ਹੇਗੰਢ ਮਨਾਵਾਂਗੇ। ਮੈਂ ਮਧੂਮਾਸ ਪੁਨੀਤਾ ਮਹੀਨੇ ਦੇ ਨੌਂਵੇਂ ਦਿਨ ਮਨਾਏ ਜਾਣ ਵਾਲੇ ਰਾਮ ਨੌਮੀ ਦੇ ਸ਼ੁਭ ਮੌਕੇ 'ਤੇ ਸਾਰਿਆਂ ਨੂੰ ਪਹਿਲਾਂ ਤੋਂ ਹੀ ਸ਼ੁਭਕਾਮਨਾਵਾਂ ਦਿੰਦਾ ਹਾਂ। ਇਸ ਸਭ ਤੋਂ ਪਵਿੱਤਰ ਸ਼੍ਰੀ ਰਾਮ ਜਨਮ ਭੂਮੀ ਮੰਦਰ ਦਾ ਨੀਂਹ ਪੱਥਰ ਸਮਾਰੋਹ, ਰਾਮ ਲੱਲਾ ਦੀ ਬ੍ਰਹਮ ਮੂਰਤੀ ਦਾ ਪਵਿੱਤਰੀਕਰਨ, ਸ਼ਰਧਾਲੂਆਂ ਲਈ ਰਾਮ ਦਰਬਾਰ ਦਾ ਉਦਘਾਟਨ, ਅਤੇ ਮੰਦਰ ਦੇ ਸਿਖਰ 'ਤੇ ਧਾਰਮਿਕ ਝੰਡਾ ਲਹਿਰਾਉਣਾ ਸਾਡੇ ਇਤਿਹਾਸ ਅਤੇ ਸੱਭਿਆਚਾਰ ਵਿੱਚ ਸੁਨਹਿਰੀ ਤਾਰੀਖਾਂ ਹਨ। ਪ੍ਰਾਣ ਪ੍ਰਤਿਸ਼ਠਾ ਦੇ ਦਿਲ ਨੂੰ ਛੂਹ ਲੈਣ ਵਾਲੇ ਮੌਕੇ 'ਤੇ, ਮੈਂ ਪ੍ਰਧਾਨ ਮੰਤਰੀ ਨੂੰ ਇੱਕ ਪੱਤਰ ਲਿਖਿਆ। ਉਸ ਪੱਤਰ ਵਿੱਚ, ਮੈਂ ਇਹ ਭਾਵਨਾ ਪ੍ਰਗਟ ਕੀਤੀ, ÷ਇਹ ਸਾਡਾ ਸੁਭਾਗ ਹੈ ਕਿ ਅਸੀਂ ਆਪਣੇ ਦੇਸ਼ ਦੇ ਪੁਨਰ ਉਥਾਨ ਦੇ ਇੱਕ ਨਵੇਂ ਯੁੱਗ ਦੀ ਸ਼ੁਰੂਆਤ ਦੇ ਗਵਾਹ ਬਣ ਰਹੇ ਹਾਂ। ਪਿਛਲੇ ਦਹਾਕੇ ਦੌਰਾਨ, 25 ਕਰੋੜ ਤੋਂ ਵੱਧ ਲੋਕਾਂ ਨੂੰ ਗਰੀਬੀ ਰੇਖਾ ਤੋਂ ਉੱਪਰ ਚੁੱਕਿਆ ਗਿਆ ਹੈ, ਅਤੇ ਉਨ੍ਹਾਂ ਦੀ ਗਰੀਬੀ ਤੋਂ ਆਜ਼ਾਦੀ ਨੂੰ ਯਕੀਨੀ ਬਣਾਉਣ ਲਈ ਯਤਨ ਕੀਤੇ ਗਏ ਹਨ। ਰਾਮਰਾਜ ਦਾ ਆਦਰਸ਼ ਆਰਥਿਕ ਖੁਸ਼ਹਾਲੀ ਅਤੇ ਸਮਾਜਿਕ ਸਦਭਾਵਨਾ ਦੇ ਉੱਚਤਮ ਮਿਆਰਾਂ ਨੂੰ ਦਰਸਾਉਂਦਾ ਹੈ। ਭਗਵਾਨ ਸ਼੍ਰੀ ਰਾਮ ਦੀ ਮਾਂ ਸ਼ਬਰੀ ਨਾਲ ਭਾਵਨਾਤਮਕ ਮੁਲਾਕਾਤ, ਨਿਸ਼ਾਦ ਰਾਜੇ ਨਾਲ ਉਨ੍ਹਾਂ ਦਾ ਸਨੇਹ ਭਰਿਆ ਰਿਸ਼ਤਾ, ਯੁੱਧ ਵਿੱਚ ਕੋਲਾਂ, ਭੀਲਾਂ ਅਤੇ ਬਾਂਦਰਾਂ ਦੀ ਮਦਦ ਲੈਣਾ, ਅਤੇ ਜਟਾਯੂ, ਜੰਬਵਨ ਅਤੇ ਗਿਲਹਰੀ ਪ੍ਰਤੀ ਉਨ੍ਹਾਂ ਦਾ ਸਤਿਕਾਰ, ਪਿਆਰ ਅਤੇ ਪ੍ਰੇਰਨਾ - ਅਜਿਹੀਆਂ ਕਈ ਘਟਨਾਵਾਂ ਜੀਵਨ ਦੇ ਇੱਕ ਸਰਵ-ਵਿਆਪੀ ਅਤੇ ਸਰਵ-ਸੰਮਲਿਤ ਦਰਸ਼ਨ ਨੂੰ ਅਪਣਾਉਣ ਦੇ ਆਦਰਸ਼ ਨੂੰ ਦਰਸਾਉਂਦੀਆਂ ਹਨ। ਅੱਜ ਦੇ ਸੰਦਰਭ ਵਿੱਚ, ਮੈਨੂੰ ਇਹ ਦੇਖ ਕੇ ਖੁਸ਼ੀ ਹੋ ਰਹੀ ਹੈ ਕਿ ਸਮਾਜਿਕ ਸਮਾਵੇਸ਼ ਅਤੇ ਆਰਥਿਕ ਨਿਆਂ ਦੇ ਨਾਲ-ਨਾਲ, ਵਾਤਾਵਰਣ ਸੁਰੱਖਿਆ ਅਤੇ ਜਾਨਵਰਾਂ ਦੀ ਸੁਰੱਖਿਆ ਲਈ ਵੱਡੇ ਪੱਧਰ 'ਤੇ ਰਾਸ਼ਟਰੀ ਟੀਚੇ ਨਿਰਧਾਰਤ ਕੀਤੇ ਗਏ ਹਨ ਅਤੇ ਲਾਗੂ ਕੀਤੇ ਜਾ ਰਹੇ ਹਨ।

## ਪੰਜਾਬ ਕੇਂਦਰੀ ਯੂਨੀਵਰਸਿਟੀ 'ਚ ਈ-ਯੂਵਾ ਸੈਂਟਰ ਦਾ ਉਦਘਾਟਨ ਸਮਾਰੋਹ ਅਤੇ ਰਿਸਰਚ ਫੈਸਟ 2026 ਕਰਵਾਇਆ



ਬਠਿੰਡਾ, 19 ਮਾਰਚ, (ਚ.ਨ.ਸ.) : ਸਮਾਜ ਨਾਲ ਜੁੜੇ ਖੋਜ ਕਾਰਜਾਂ ਨੂੰ ਪ੍ਰਫੁੱਲਤ ਕਰਨ ਅਤੇ ਨੌਜਵਾਨ ਉੱਦਮੀਆਂ ਨੂੰ ਉਤਸ਼ਾਹਿਤ ਕਰਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਪਹਲ ਤਹਿਤ ਪੰਜਾਬ ਕੇਂਦਰੀ ਯੂਨੀਵਰਸਿਟੀ (ਸੀਯੂ ਪੰਜਾਬ), ਬਠਿੰਡਾ ਵਿੱਚ ਬੀਰੈਕ ਸਮਰਥਿਤ ਈ-ਯੂਵਾ ਸੈਂਟਰ ਦਾ ਉਦਘਾਟਨ ਸਮਾਰੋਹ ਅਤੇ ਡੀਐਸਟੀ-ਪਰਸ ਦੇ ਤਹਿਤ ਰਿਸਰਚ ਫੈਸਟ ਦਾ ਆਯੋਜਨ ਕੀਤਾ ਗਿਆ। ਇਸ ਮੌਕੇ 'ਤੇ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋ. ਰਾਘਵੇਂਦਰ ਪ੍ਰਸਾਦ ਤਿਵਾਰੀ ਨੇ ਐਮਸ ਬਠਿੰਡਾ ਦੇ ਕਾਰਜਕਾਰੀ ਡਾਇਰੈਕਟਰ ਅਤੇ ਪ੍ਰੋਗਰਾਮ ਦੇ ਮੁੱਖ ਮਹਿਮਾਨ ਪ੍ਰੋ. ਰਤਨ ਗੁਪਤਾ ਨਾਲ ਮਿਲ ਕੇ ਈ-ਯੂਵਾ ਸੈਂਟਰ ਦਾ ਉਦਘਾਟਨ ਕੀਤਾ। ਇਸ ਸਮਾਰੋਹ ਵਿੱਚ ਯੂਨੀਵਰਸਿਟੀ ਦੇ ਅਧਿਕਾਰੀ, ਸੀਨੀਅਰ ਫੈਕਲਟੀ ਮੈਂਬਰ ਅਤੇ ਈ-ਯੂਵਾ ਸੈਂਟਰ ਦੇ ਸਟਾਫ ਮੈਂਬਰ ਸ਼ਾਮਲ ਹੋਏ। ਡੀਨ (ਅਕਾਦਮਿਕ ਇੰਚਾਰਜ) ਪ੍ਰੋ. ਰਾਮਕ੍ਰਿਸ਼ਨਾ ਵੁਸਿਰਿਕਾ ਨੇ ਮਹਿਮਾਨਾ ਦਾ ਸਵਾਗਤ ਕਰਦਿਆਂ ਕਿਹਾ ਕਿ ਈ-ਯੂਵਾ ਸੈਂਟਰ ਵਿਦਿਆਰਥੀਆਂ ਵਿੱਚ ਨਵੀਂ ਸੋਚ ਅਤੇ ਖੋਜ-ਆਧਾਰਿਤ ਉੱਦਮੀਤਾ ਨੂੰ ਉਤਸ਼ਾਹਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗਾ। ਆਈਕਿਊਏਸੀ ਡਾਇਰੈਕਟਰ ਅਤੇ ਈ-ਯੂਵਾ ਸੈਂਟਰ ਕੋਆਰਡੀਨੇਟਰ ਪ੍ਰੋ. ਮੋਨਿਸ਼ਾ ਧੀਮਾਨ ਨੇ ਸੈਂਟਰ ਦੇ ਉਦੇਸ਼ਾਂ, ਫੈਲੋਸ਼ਿਪ ਮੌਕਿਆਂ ਅਤੇ ਡੀਬੀਟੀ-ਬੀਰੈਕ ਪਹਲ ਅਧੀਨ ਵਿਕਸਿਤ ਢਾਂਚੇ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਮਹਿਮਾਨਾਂ ਨੇ ਸੈਂਟਰ ਦੀਆਂ ਸੁਵਿਧਾਵਾਂ ਜਿਵੇਂ ਕਿ ਸੈੱਲ ਕਲਚਰ ਫੈਸਿਲਟੀ, ਬਾਇਓਸੇਫਟੀ ਕੈਬਿਨੇਟ ਅਤੇ ਮਾਲੀਕਿਊਲਰ ਬਾਇਓਲੋਜੀ ਲੈਬਜ਼ ਦਾ ਵੀ ਦੌਰਾ ਕੀਤਾ। ਮੁੱਖ ਮਹਿਮਾਨ ਪ੍ਰੋ. ਰਤਨ ਗੁਪਤਾ ਨੇ ਈ-ਯੂਵਾ ਸੈਂਟਰ ਦੀ ਸਥਾਪਨਾ ਲਈ ਯੂਨੀਵਰਸਿਟੀ ਦੇ ਯਤਨਾਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੀਆਂ ਪਹਿਲਕਦਮੀਆਂ ਨੌਜਵਾਨ ਖੋਜਕਾਰਾਂ ਵਿੱਚ ਨਵੀਨਤਾ ਅਤੇ ਉੱਦਮੀਤਾ ਨੂੰ ਉਤਸ਼ਾਹਿਤ ਕਰਦੀਆਂ ਹਨ ਅਤੇ ਸਮਾਜ-ਕੇਂਦਰਿਤ ਖੋਜ ਨੂੰ ਨਵੀਂ ਦਿਸ਼ਾ ਦਿੰਦੀਆਂ ਹਨ। ਵਾਈਸ ਚਾਂਸਲਰ ਪ੍ਰੋ. ਰਾਘਵੇਂਦਰ ਪ੍ਰਸਾਦ ਤਿਵਾਰੀ ਨੇ ਕਿਹਾ ਕਿ ਮੌਜੂਦਾ ਸਮੇਂ ਦੀਆਂ ਚੁਣੌਤੀਆਂ ਦਾ ਹੱਲ ਲੱਭਣ ਲਈ ਆਲੋਚਨਾਤਮਕ ਸੋਚ ਨੂੰ ਉਤਸ਼ਾਹਿਤ ਕਰਨਾ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਦੱਸਿਆ ਕਿ ਯੂਨੀਵਰਸਿਟੀ ਨੇ ਈ-ਯੂਵਾ ਸੈਂਟਰ ਦੇ ਨਾਲ-ਨਾਲ ਨਿਧੀ ਆਈ-ਟੀਬੀਆਈ ਇਨਕਿਊਬੇਸ਼ਨ ਸੈਂਟਰ ਅਤੇ ਏਆਈਸੀਟੀਈ ਆਈਡੀਆ ਲੈਬ ਦੀ ਸਥਾਪਨਾ ਕਰਕੇ ਸਟਾਰਟਅੱਪ ਇਕੋਸਿਸਟਮ ਨੂੰ ਮਜ਼ਬੂਤ ਕਰਨ ਅਤੇ ਨੌਜਵਾਨਾਂ ਵਿੱਚ ਉੱਦਮੀਤਾ ਨੂੰ ਉਤਸ਼ਾਹਿਤ ਕਰਨ ਵੱਲ ਮਹੱਤਵਪੂਰਨ ਕਦਮ ਚੁੱਕੇ ਹਨ।

## ਰਾਜਪਾਲ ਨੇ ਪਹਿਲੀ ਨਵਰਾਤਰੀ 'ਤੇ ਮਾਤਾ ਮਨਸਾ ਦੇਵੀ ਮੰਦਿਰ ਵਿਖੇ ਮੱਥਾ ਟੇਕਿਆ

ਚੰਡੀਗੜ੍ਹ, 19 ਮਾਰਚ, (ਅੰਮ੍ਰਿਤਪਾਲ ਸਿੰਘ) : ਅੱਜ ਪਹਿਲੀ ਨਵਰਾਤਰੀ ਦੇ ਸ਼ੁਭ ਮੌਕੇ 'ਤੇ, ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਯੂਟੀ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ, ਆਪਣੀ ਪਤਨੀ, ਸ਼੍ਰੀਮਤੀ ਅਨੀਤਾ ਕਟਾਰੀਆ, ਅਤੇ ਉਨ੍ਹਾਂ ਦੇ ਪਰਿਵਾਰ ਨਾਲ, ਪੰਚਕੂਲਾ ਦੇ ਮਾਤਾ ਮਨਸਾ ਦੇਵੀ ਮੰਦਿਰ ਦੇ ਦਰਸ਼ਨ ਕੀਤੇ। ਉਨ੍ਹਾਂ ਨੇ ਮਾਤਾ ਦੇਵੀ ਦੇ ਬ੍ਰਹਮ ਚਰਨਾਂ ਵਿੱਚ ਸ਼ਰਧਾ ਨਾਲ ਸਿਰ ਝੁਕਾਇਆ ਅਤੇ ਉਨ੍ਹਾਂ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ 'ਤੇ ਉਨ੍ਹਾਂ ਨੇ ਆਪਣੇ ਸਾਰੇ ਦੇਸ਼ ਵਾਸੀਆਂ ਲਈ ਖੁਸ਼ੀ,



ਖੁਸ਼ਹਾਲੀ ਅਤੇ ਚੰਗੀ ਸਿਹਤ ਦੀ ਕਾਮਨਾ ਕੀਤੀ, ਅਤੇ ਵਿਸ਼ਵ ਵਿੱਚ ਸ਼ਾਂਤੀ, ਸਦਭਾਵਨਾ ਅਤੇ ਮਨੁੱਖਤਾ ਦੀ ਭਲਾਈ ਲਈ ਪ੍ਰਾਰਥਨਾ ਕੀਤੀ। ਉਨ੍ਹਾਂ ਨੇ ਪ੍ਰਾਰਥਨਾ ਕੀਤੀ ਕਿ ਦੇਵੀ ਭਗਵਤੀ ਸਾਰਿਆਂ ਨੂੰ ਸਕਾਰਾਤਮਕ ਊਰਜਾ, ਬੁੱਧੀ ਅਤੇ ਸੇਵਾ ਦੀ ਭਾਵਨਾ ਪ੍ਰਦਾਨ ਕਰੇ, ਤਾਂ ਜੋ ਅਸੀਂ ਸਮਾਜ ਅਤੇ ਰਾਸ਼ਟਰ ਲਈ ਇੱਕ ਉੱਜਵਲ ਭਵਿੱਖ ਬਣਾਉਣ ਵਿੱਚ ਯੋਗਦਾਨ ਪਾ ਸਕੀਏ।

## ਰਿਮੋਟ ਸੈਂਸਿੰਗ ਅਤੇ ਜੀਓਫਿਜ਼ੀਕਲ ਇਮੇਜਿੰਗ 'ਤੇ ਕੌਮੀ ਵਰਕਸ਼ਾਪ

ਮੋਹਾਲੀ , 19 ਮਾਰਚ, (ਚ.ਨ.ਸ.) : ਭਾਰਤੀ ਵਿਗਿਆਨ ਸਿੱਖਿਆ ਅਤੇ ਖੋਜ ਸੰਸਥਾਨ (ਆਈਆਈਐੱਸਈਆਰ) ਮੋਹਾਲੀ ਦੇ ਪ੍ਰਿਥਵੀ ਅਤੇ ਵਾਤਾਵਰਣ ਵਿਗਿਆਨ (ਈਈਐੱਸ) ਵਿਭਾਗ ਨੇ 16 ਤੋਂ 18 ਮਾਰਚ ਤੱਕ ਕੁਦਰਤੀ ਆਫ਼ਤ ਅਤੇ ਸਰੋਤ ਮੈਪਿੰਗ ਲਈ ਰਿਮੋਟ ਸੈਂਸਿੰਗ ਅਤੇ ਜੀਓਫਿਜ਼ੀਕਲ ਇਮੇਜਿੰਗ ਵਿੱਚ ਸਮਰੱਥਾ ਨਿਰਮਾਣ ਸਿਰਲੇਖ ਤੋਂ ਤਿੰਨ ਦਿਨਾਂ ਨੈਸ਼ਨਲ ਟ੍ਰੇਨਿੰਗ ਵਰਕਸ਼ਾਪ ਦਾ ਆਯੋਜਨ ਕੀਤਾ। ਕਾਰਜਕਾਰੀ ਡਾਇਰੈਕਟਰ ਅਤੇ ਫੈਕਲਟੀ ਦੇ ਡੀਨ ਪ੍ਰੋਫੈਸਰ ਪੂਰਨਾਨੰਦ ਗੁਪਤਾਸ਼ਰਮਾ ਨੇ 16 ਮਾਰਚ ਨੂੰ ਵਰਕਸ਼ਾਪ ਦਾ ਉਦਘਾਟਨ ਕੀਤਾ ਅਤੇ ਅੱਗੇ ਵਧਣ ਲਈ ਅੰਤ ਵਿੱਚ ਥੀਮੈਟਿਕ ਪਹੁੰਚ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। । ਆਈਆਈਐੱਸਈਆਰ ਮੋਹਾਲੀ ਦੇ ਪ੍ਰਿਥਵੀ ਅਤੇ ਵਾਤਾਵਰਣ ਵਿਗਿਆਨ ਵਿਭਾਗ ਦੇ ਪ੍ਰਮੁੱਖ ਨੇ ਦੱਸਿਆ ਕਿ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਦੀ ਫੀਡਬੈਕ ਇੰਨੀ ਉਤਸ਼ਾਹਜਨਕ ਸੀ ਕਿ ਐਲਾਨ ਦੇ ਤਿੰਨ ਦਿਨਾਂ ਦੇ ਅੰਦਰ ਹੀ ਰਜਿਸਟ੍ਰੇਸ਼ਨ ਬੰਦ ਕਰਨੇ ਪਏ। ਇਸ ਵਰਕਸ਼ਾਪ ਵਿੱਚ ਭਾਰਤ ਭਰ ਦੇ ਵਿਦਿਅਕ ਸੰਸਥਾਨਾਂ, ਖੋਜ ਸੰਗਠਨਾਂ ਅਤੇ ਉਦਯੋਗ ਜਗਤ ਦੇ ਪੀਐੱਚਡੀ ਵਿਦਵਾਨ, ਪੋਸਟ ਗ੍ਰੈਜੂਏਟ ਵਿਦਿਆਰਥੀ, ਫੈਕਲਟੀ ਮੈਂਬਰ, ਵਿਗਿਆਨਿਕ ਅਤੇ ਪੇਸ਼ੇਵਰ ਭਾਗੀਦਾਰ ਸ਼ਾਮਲ ਹਨ। ਮਹਿਲਾ ਖੋਜਕਰਤਾਵਾਂ ਦੀ ਵੀ ਉਤਸ਼ਾਹਜਨਕ ਭਾਗੀਦਾਰੀ ਰਹੀ ਹੈ, ਜਿਨ੍ਹਾਂ ਵਿੱਚ ਲਗਭਗ 30% ਮਹਿਲਾਵਾਂ ਮੌਜੂਦ ਸਨ। ਵਰਕਸ਼ਾਪ ਦਾ ਉਦੇਸ਼ ਭਾਗੀਦਾਰਾਂ ਨੂੰ ਕੁਦਰਤੀ ਆਫਤਾਂ, ਵਾਤਾਵਰਣਿਕ ਪ੍ਰਕਿਰਿਆਵਾਂ ਅਤੇ ਭੂਮੀਗਤ ਸੰਸਾਧਨਾਂ ਦੀ ਜਾਂਚ ਲਈ ਉਪਯੋਗ ਕੀਤੀ ਜਾਣ ਵਾਲੀ ਰਿਮੋਟ ਸੈਂਸਿੰਗ, ਜੀਓਫਿਜ਼ੀਕਲ ਇਮੇਜਿੰਗ ਅਤੇ ਭੂ-ਭੌਤਿਕ ਨਿਗਰਾਨੀ ਦੀ ਆਧੁਨਿਕ ਤਕਨੀਕਾਂ ਤੋਂ ਜਾਣੂ ਕਰਵਾਉਣਾ ਹੈ। ਪ੍ਰੋਗਰਾਮ ਵਿੱਚ ਮਾਹਿਰ ਲੈਕਚਰ, ਵਿਵਾਹਰਿਕ ਡੇਟਾ ਵਿਸ਼ਲੇਸ਼ਣ ਸੈਸ਼ਨ ਅਤੇ ਉੱਨਤ ਭੂ-ਭੌਤਿਕ ਅਤੇ ਸਰਵੇਖਣ ਤਕਨਾਲੋਜੀਆਂ ਦੇ ਖੇਤਰ ਪ੍ਰਦਰਸ਼ਨ ਸ਼ਾਮਲ ਹਨ।



## ਜੇ.ਕੇ. ਲਕਸ਼ਮੀਪਤ ਯੂਨੀਵਰਸਿਟੀ ਵਿਖੇ ਰਾਸ਼ਟਰ ਪੱਧਰੀ ਹੈਕਾਥਨ ਦਾ ਸ਼ਾਨਦਾਰ ਸਮਾਪਨ




ਜੈਪੁਰ , 19 ਮਾਰਚ, (ਚ.ਨ.ਸ.) : ਜੇ.ਕੇ. ਲਕਸ਼ਮੀਪਤ ਯੂਨੀਵਰਸਿਟੀ ਵੱਲੋਂ ਆਪਣੇ ਪ੍ਰਮੁੱਖ ਰਾਸ਼ਟਰੀ ਹੈਕਾਥਨ ਦੇ ਪੰਜਵੇਂ ਐਡੀਸ਼ਨ ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ। ਗ੍ਰੀਕ ਮਿਥਿਹਾਸ ਦੇ ਥੀਮ 'ਤੇ ਅਧਾਰਿਤ ਇਹ ਤਿੰਨ ਰੋਜ਼ਾ ਈਵੈਂਟ 13 ਤੋਂ 15 ਮਾਰਚ ਤੱਕ ਚੱਲਿਆ, ਜਿਸ ਵਿੱਚ ਦੇਸ਼ ਭਰ ਦੀਆਂ ਲਗਭਗ 40 ਸੰਸਥਾਵਾਂ ਦੇ 400 ਤੋਂ ਵੱਧ ਪ੍ਰਤੀਯੋਗੀਆਂ ਨੇ ਹਿੱਸਾ ਲਿਆ। ਇਸ 48-ਘੰਟੇ ਦੇ ਤੀਬਰ ਵਿਕਾਸ ਚੱਕਰ ਦੌਰਾਨ ਵਿਦਿਆਰਥੀਆਂ ਨੇ ਆਰਟੀਫੀਸ਼ੀਅਲ ਇੰਟੈਲੀਜੈਂਸ (19), ਮਸ਼ੀਨ ਲਰਨਿੰਗ, ਸਾਈਬਰ ਸੁਰੱਖਿਆ, ਬਲਾਕਚੈਨ, ਡੇਟਾ ਸਾਇੰਸ ਅਤੇ ਫਿਨਟੈੱਕ ਵਰਗੇ ਖੇਤਰਾਂ ਵਿੱਚ ਨਵੇਂ ਤਕਨੀਕੀ ਪ੍ਰੋਟੋਟਾਈਪ ਤਿਆਰ ਕੀਤੇ। ਉਦਯੋਗਿਕ ਮਾਹਿਰਾਂ ਅਤੇ ਅਕਾਦਮਿਕ ਮੈਂਟਰਾਂ ਦੀ ਨਿਗਰਾਨੀ ਹੇਠ ਵਿਦਿਆਰਥੀਆਂ ਨੂੰ ਆਪਣੇ ਵਿਚਾਰਾਂ ਨੂੰ ਵਿਹਾਰਕ ਹੱਲਾਂ ਵਿੱਚ ਬਦਲਣ ਦਾ ਮੌਕਾ ਮਿਲਿਆ। ਮੁਕਾਬਲੇ ਵਿੱਚ LNMIIT ਦੀ ਟੀਮ ਮਿਰਾਜ ਨੇ ਪਹਿਲਾ ਸਥਾਨ ਹਾਸਲ ਕਰਕੇ 50,000 ਰੁਪਏ ਦਾ ਮੁੱਖ ਇਨਾਮ ਜਿੱਤਿਆ। ਇਸ ਤੋਂ ਇਲਾਵਾ ਵੱਖ-ਵੱਖ ਤਕਨੀਕੀ ਖੇਤਰਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੀਆਂ ਹੋਰ ਟੀਮਾਂ ਨੂੰ ਵੀ ਸਨਮਾਨਿਤ ਕੀਤਾ ਗਿਆ। ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਵਿਜੇਸ਼ੇਖਰ ਚੇਲਾਬੋਇਨਾ ਨੇ ਜੇਤੂਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੇ ਮੁਕਾਬਲੇ ਨੌਜਵਾਨਾਂ ਨੂੰ ਰੋਜ਼ਾਨਾ ਜੀਵਨ ਦੀਆਂ ਸਮੱਸਿਆਵਾਂ ਅਤੇ ਭਵਿੱਖ ਦੀਆਂ ਵਿਸ਼ਵਵਿਆਪੀ ਚੁਣੌਤੀਆਂ ਨਾਲ ਨਜਿੱਠਣ ਲਈ ਤਕਨਾਲੋਜੀ ਦੀ ਵਰਤੋਂ ਕਰਨ ਲਈ ਉਤਸ਼ਾਹਿਤ ਕਰਦੇ ਹਨ। ਈਵੈਂਟ ਦੌਰਾਨ 19 ਯੁੱਗ ਵਿੱਚ ਅਕਾਦਮਿਕ ਅਤੇ ਉਦਯੋਗ ਵਿਸ਼ੇ 'ਤੇ ਪੈਨਲ ਚਰਚਾ ਵੀ ਕੀਤੀ ਗਈ ਅਤੇ ਮਸ਼ਹੂਰ ਯੂਟਿਊਬਰ ਕੀਰਤੀ ਪੁਰਸਵਾਨੀ ਵੱਲੋਂ ਇੰਟਰਵਿਊ ਦੀ ਤਿਆਰੀ ਸਬੰਧੀ ਵਿਸ਼ੇਸ਼ ਸੈਸ਼ਨ ਲਿਆ ਗਿਆ।

ਤਕਨੀਕੀ ਮੁਕਾਬਲਿਆਂ ਦੇ ਨਾਲ-ਨਾਲ ਯੂਨੀਵਰਸਿਟੀ ਦੇ 10 ਤੋਂ ਵੱਧ ਵਿਦਿਆਰਥੀ ਕਲੱਬਾਂ ਨੇ ਡਾਂਸ ਬੈਟਲ, ਓਪਨ ਮਾਈਕ, CD-VR ਅਨੁਭਵ, ਅਤੇ ਗੇਮਿੰਗ ਵਰਗੇ ਕਈ ਪ੍ਰੋਗਰਾਮ ਆਯੋਜਿਤ ਕੀਤੇ। ਇਸ ਉਤਸਵ ਦਾ ਸਮਾਪਨ ਗਾਇਕ ਮਾਨ ਪਨੂੰ ਦੀ ਲਾਈਵ ਪਰਫਾਰਮੈਂਸ ਨਾਲ ਹੋਇਆ, ਜਿਸ ਨੇ ਮਾਹੌਲ ਨੂੰ ਹੋਰ ਵੀ ਯਾਦਗਾਰ ਬਣਾ ਦਿੱਤਾ।

## ਡਾ. ਜਿਤੇਂਦਰ ਸਿੰਘ ਨੇ ਐਗਰੀ-ਫੂਡ ਐਂਡ ਬਾਇਓਮੈਨੂਫੈਕਚਰਿੰਗ ਇੰਸਟੀਚਿਊਟ ਵਿਖੇ 42 ਕਰੋੜ ਦੀ ਬਾਇਓਫਾਊਂਡਰੀ ਦਾ ਨੀਂਹ ਪੱਥਰ ਰੱਖਿਆ




ਚੰਡੀਗੜ੍ਹ , 19 ਮਾਰਚ, (ਚ.ਨ.ਸ.) : ਵਿਗਿਆਨ ਅਤੇ ਤਕਨਾਲੋਜੀ ਰਾਜ ਮੰਤਰੀ (ਸੁਤੰਤਰ ਚਾਰਜ), ਡਾ. ਜਿਤੇਂਦਰ ਸਿੰਘ ਨੇ ਅੱਜ ਚੰਡੀਗੜ੍ਹ ਵਿੱਚ ਬਾਇਓਟੈਕਨਾਲੋਜੀ ਵਿਭਾਗ ਅਧੀਨ ਪਹਿਲੇ ਸਮਰਪਿਤ ਬਾਇਓਫਾਊਂਡਰੀ ਸੈਂਟਰ ਦਾ ਨੀਂਹ ਪੱਥਰ ਰੱਖਿਆ, ਜਿਸਦੇ ਅਗਲੇ ਦੋ ਸਾਲਾਂ ਦੇ ਅੰਦਰ ਕਾਰਜਸ਼ੀਲ ਹੋਣ ਦੀ ਉਮੀਦ ਹੈ। ਇਹ ਪ੍ਰੋਜੈਕਟ ਲਗਭਗ 42 ਕਰੋੜ ਦਾ ਹੈ। ਇਹ ਸਹੂਲਤ ਖੇਤੀਬਾੜੀ-ਭੋਜਨ ਬਾਇਓਟੈਕਨਾਲੋਜੀ ਵਿੱਚ ਉੱਨਤ ਬਾਇਓਮੈਨੂਫੈਕਚਰਿੰਗ ਪ੍ਰਕਿਰਿਆਵਾਂ ਨੂੰ ਵਿਕਸਤ ਕਰਨ ਅਤੇ ਸਕੇਲ ਕਰਨ ਲਈ ਇੱਕ ਰਾਸ਼ਟਰੀ ਪਲੇਟਫਾਰਮ ਵਜੋਂ ਸਥਾਪਿਤ ਕੀਤੀ ਜਾ ਰਹੀ ਹੈ, ਜਿਸ ਵਿੱਚ ਸਮਾਰਟ ਪ੍ਰੋਟੀਨ, ਬਾਇਓ-ਇਨਪੁਟ ਅਤੇ ਬਾਇਓ-ਅਧਾਰਿਤ ਉਤਪਾਦ ਸ਼ਾਮਲ ਹਨ। ਮੰਤਰੀ ਨੇ ਕਿਹਾ ਕਿ ਇਹ ਕੇਂਦਰ ਪ੍ਰਯੋਗਸ਼ਾਲਾ ਖੋਜ ਨੂੰ ਉਦਯੋਗਿਕ-ਪੱਧਰੀ ਐਪਲੀਕੇਸ਼ਨਾਂ ਨਾਲ ਜੋੜੇਗਾ ਅਤੇ ਭਾਰਤ ਦੀ ਜੈਵਿਕ ਅਰਥਵਿਵਸਥਾ ਨੂੰ ਮਜ਼ਬੂਤ ਕਰੇਗਾ। ਡਾ. ਜਿਤੇਂਦਰ ਸਿੰਘ ਨੇ ਕਿਹਾ ਕਿ ਰਾਸ਼ਟਰੀ ਖੇਤੀਬਾੜੀ-ਭੋਜਨ ਅਤੇ ਬਾਇਓਮੈਨੂਫੈਕਚਰਿੰਗ ਇੰਸਟੀਚਿਊਟ ਭਾਰਤ ਦੇ ਬਾਇਓਟੈਕਨਾਲੋਜੀ ਲੈਂਡਸਕੇਪ ਵਿੱਚ ਇੱਕ ਪ੍ਰਮੁੱਖ ਸੰਸਥਾ ਵਜੋਂ ਉਭਰਿਆ ਹੈ, ਖਾਸ ਕਰਕੇ ਖੇਤੀਬਾੜੀ, ਭੋਜਨ ਅਤੇ ਪੋਸ਼ਣ ਲਈ ਹੱਲਾਂ ਵਿੱਚ ਵਿਗਿਆਨਕ ਖੋਜ ਦਾ ਅਨੁਵਾਦ ਕਰਨ ਵਿੱਚ। ਉਨ੍ਹਾਂ ਕਿਹਾ ਕਿ ਜੀਨੋਮਿਕਸ, ਮਾਈਕ੍ਰੋਬਾਇਲ ਬਾਇਓਟੈਕਨਾਲੋਜੀ, ਫੂਡ ਸਾਇੰਸ ਅਤੇ ਬਾਇਓਇਨਫਾਰਮੈਟਿਕਸ ਵਿੱਚ ਸੰਸਥਾ ਦਾ ਕੰਮ ਸਿੱਧੇ ਤੌਰ 'ਤੇ ਪੋਸ਼ਣ ਸੁਰੱਖਿਆ, ਟਿਕਾਊ ਖੇਤੀਬਾੜੀ ਅਤੇ ਖੇਤੀਬਾੜੀ-ਭੋਜਨ ਪ੍ਰਣਾਲੀਆਂ ਵਿੱਚ ਮੁੱਲ ਵਾਧੇ ਵਿੱਚ ਯੋਗਦਾਨ ਪਾ ਰਿਹਾ ਹੈ। ਕੇਂਦਰੀ ਮੰਤਰੀ ਮੋਹਾਲੀ ਸਥਿਤ BRIC-ਨੈਸ਼ਨਲ ਐਗਰੀ-ਫੂਡ ਐਂਡ ਬਾਇਓਮੈਨੂਫੈਕਚਰਿੰਗ ਇੰਸਟੀਚਿਊਟ ਵਿਖੇ ਇੱਕ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ, ਜਿੱਥੇ ਉਨ੍ਹਾਂ ਨੇ ਬਾਇਓਮੈਨੂਫੈਕਚਰਿੰਗ ਵਰਕਸ਼ਾਪ 4.0, ਸਮਾਰਟ ਪ੍ਰੋਟੀਨ ਫੋਰਮ 2026, ਬਾਇਓਫਾਊਂਡਰੀ ਦਾ ਨੀਂਹ ਪੱਥਰ ਰੱਖਣ ਦੀ ਰਸਮ ਅਤੇ BRIC- ਫਾਊਂਡੇਸ਼ਨ ਦਿਵਸ ਸਮਾਰੋਹ ਸਮੇਤ ਕਈ ਮੁੱਖ ਸਮਾਗਮਾਂ ਵਿੱਚ ਹਿੱਸਾ ਲਿਆ। ਇਸ ਸਮਾਗਮ ਵਿੱਚ ਪ੍ਰੋ. ਰਾਜੇਸ਼ ਐਸ. ਗੋਖਲੇ, ਸਕੱਤਰ, ਬਾਇਓਟੈਕਨਾਲੋਜੀ ਵਿਭਾਗ ਅਤੇ ਡਾਇਰੈਕਟਰ ਜਨਰਲ, BRIC ਨੇ ਦੇਸ਼ ਭਰ ਦੇ ਪ੍ਰਮੁੱਖ ਵਿਗਿਆਨੀਆਂ, ਖੋਜਕਰਤਾਵਾਂ, ਉਦਯੋਗ ਪ੍ਰਤੀਨਿਧੀਆਂ ਅਤੇ ਨਵੀਨਤਾਕਾਰਾਂ ਦੇ ਨਾਲ ਸ਼ਿਰਕਤ ਕੀਤੀ।

## ਬੌਧਿਕ ਅਪੰਗਤਾ ਵਾਲੇ ਬੱਚਿਆਂ ਦੇ ਜੀਵਨ ਵਿੱਚ ਸੁਧਾਰ ਵਿਸ਼ੇ 'ਤੇ ਸੰਮੇਲਨ



ਚੰਡੀਗੜ੍ਹ, 19 ਮਾਰਚ, (ਚ.ਨ.ਸ.) : ਸਰਕਾਰੀ ਪੁਨਰਵਾਸ ਸੰਸਥਾਨ ਫਾਰ ਬੌਧਿਕ ਅਪੰਗਤਾ, ਚੰਡੀਗੜ੍ਹ ਨੇ ਹਰਿਆਣਾ ਯੋਗ ਕਮਿਸ਼ਨ, ਹਰਿਆਣਾ ਸਰਕਾਰ ਦੇ ਸਹਿਯੋਗ ਨਾਲ, 19-20 ਮਾਰਚ, 2026 ਨੂੰ ਯੋਗ ਰਾਹੀਂ ਸਸ਼ਕਤੀਕਰਨ ਬੌਧਿਕ ਅਪੰਗਤਾ ਵਾਲੇ ਬੱਚਿਆਂ ਦੇ ਜੀਵਨ ਵਿੱਚ ਸੁਧਾਰ ਵਿਸ਼ੇ 'ਤੇ ਇੱਕ ਅੰਤਰਰਾਸ਼ਟਰੀ ਸੰਮੇਲਨ ਦਾ ਆਯੋਜਨ ਕੀਤਾ। ਇਸ ਸੰਮੇਲਨ ਵਿੱਚ ਕਈ ਵਿਸ਼ੇਸ਼ ਮਹਿਮਾਨਾਂ ਦੀ ਮੌਜੂਦਗੀ ਰਹੀ, ਜਿਨ੍ਹਾਂ ਵਿੱਚ ਡਾ. ਰਵਨੀਤ ਕੌਰ, ਡਾਇਰੈਕਟਰ, ਡਾ. ਜੈਦੀਪ ਆਰੀਆ, ਚੇਅਰਮੈਨ, ਹਰਿਆਣਾ ਯੋਗ ਕਮਿਸ਼ਨ; ਡਾ. ਅਜੀਤ ਸਿਦਾਨਾ, ਸੰਯੁਕਤ ਨਿਰਦੇਸ਼ਕ, ਡਾ. ਐਮ. ਕਰੁਪਾਸਾਮੀ, ਕੋਰਸ ਕੋਆਰਡੀਨੇਟਰ, ਸ਼੍ਰੀ ਅਨਿਲ ਕੁਮਾਰ, ਪ੍ਰਿੰਸੀਪਲ, GRIID; ਡਾ. ਗੀਨਾ ਜੈਨ, ਇੰਚਾਰਜ, ਕਲੀਨਿਕ, ਡਾ. ਰਾਜ ਕੁਮਾਰ, ਰਜਿਸਟਰਾਰ, ਹਰਿਆਣਾ ਯੋਗ ਕਮਿਸ਼ਨ; ਸ਼੍ਰੀਮਤੀ ਸੀ.ਵੀ. ਜਯੰਤੀ, ਐਸੋਸੀਏਟ ਪ੍ਰੋਫੈਸਰ, ਯੋਗ ਵਿਭਾਗ, ਚੇਨਈ; ਡਾ. ਪਵਨ ਕੁਮਾਰ ਗੁਪਤਾ, ਮੈਂਬਰ, ਹਰਿਆਣਾ ਯੋਗ ਕਮਿਸ਼ਨ ਅਤੇ GRIID ਦੇ ਹੋਰ ਅਧਿਕਾਰੀ ਮੌਜੂਦ ਸਨ। ਪ੍ਰੋਗਰਾਮ ਦੀ ਸ਼ੁਰੂਆਤ ਡਾ. ਅਜੀਤ ਸਿਦਾਨਾ, ਸੰਯੁਕਤ ਨਿਰਦੇਸ਼ਕ, GRIID ਦੇ ਸਵਾਗਤ ਭਾਸ਼ਣ ਨਾਲ ਹੋਈ, ਜਿਸ ਵਿੱਚ ਉਨ੍ਹਾਂ ਨੇ ਸੰਸਥਾ ਦੀ ਭੂਮਿਕਾ ਅਤੇ ਬੌਧਿਕ ਅਪੰਗਤਾ ਦੇ ਖੇਤਰ ਵਿੱਚ ਇਸਦੇ ਮਹੱਤਵਪੂਰਨ ਯੋਗਦਾਨਾਂ ਬਾਰੇ ਦੱਸਿਆ। ਇਸ ਤੋਂ ਬਾਅਦ, ਮੁੱਖ ਮਹਿਮਾਨ, ਡਾ. ਰਵਨੀਤ ਕੌਰ ਨੂੰ ਸਨਮਾਨਿਤ ਕੀਤਾ ਗਿਆ। ਆਪਣੇ ਸੰਬੋਧਨ ਵਿੱਚ, ਡਾ. ਜੈਦੀਪ ਆਰੀਆ ਨੇ ਯੋਗ ਦੀ ਮਹੱਤਤਾ ਤੇ ਚਾਨਣਾ ਪਾਇਆ, ਇਹ ਕਹਿੰਦੇ ਹੋਏ ਕਿ ਇਹ ਸਰੀਰਕ, ਮਾਨਸਿਕ ਅਤੇ ਭਾਵਨਾਤਮਕ ਸਿਹਤ ਨੂੰ ਮਜ਼ਬੂਤਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ, ਖਾਸ ਕਰਕੇ ਅਪੰਗ ਵਿਅਕਤੀਆਂ ਲਈ। ਉਨ੍ਹਾਂ ਕਿਹਾ ਕਿ ਨਿਯਮਤ ਯੋਗ ਅਭਿਆਸ ਕਈ ਬਿਮਾਰੀਆਂ ਨੂੰ ਰੋਕਣ ਵਿੱਚ ਮਦਦ ਕਰਦਾ ਹੈ ਅਤੇ ਇਸ ਅਰਥਪੂਰਨ ਸਮਾਗਮ ਦੇ ਆਯੋਜਨ ਲਈ GRIID ਅਤੇ ਹਰਿਆਣਾ ਯੋਗ ਕਮਿਸ਼ਨ ਦੇ ਸਾਂਝੇ ਯਤਨਾਂ ਦੀ ਸ਼ਲਾਘਾ ਕੀਤੀ। ਇਸ ਤੋਂ ਇਲਾਵਾ, ਡਾ. ਰਵਿੰਦਰ ਕੌਰ, ਪ੍ਰੋਫੈਸਰ, ਧਨਵੰਤਰੀ ਹਸਪਤਾਲ, ਚੰਡੀਗੜ੍ਹ ਨੇ ਵਿਸ਼ੇਸ਼ ਜ਼ਰੂਰਤਾਂ ਵਾਲੇ ਬੱਚਿਆਂ ਲਈ ਅਨੁਕੂਲਿਤ ਯੋਗ ਅਭਿਆਸਾਂ 'ਤੇ ਚਾਨਣਾ ਪਾਇਆ, ਜਦੋਂ ਕਿ ਡਾ. ਜੋਤੀ ਭੋਲੇਸ਼ਵਰ ਮਿਸ਼ਰਾ, ਐਸੋਸੀਏਟ ਪ੍ਰੋਫੈਸਰ, ਜੀਐਮਸੀਐਚ, ਚੰਡੀਗੜ੍ਹ ਨੇ ਬੌਧਿਕ ਅਪੰਗਤਾਵਾਂ ਵਾਲੇ ਵਿਅਕਤੀਆਂ ਵਿੱਚ ਭਾਵਨਾਤਮਕ ਅਤੇ ਵਿਵਹਾਰਕ ਪ੍ਰਬੰਧਨ ਵਿੱਚ ਯੋਗ ਦੀ ਭੂਮਿਕਾ 'ਤੇ ਆਪਣੇ ਵਿਚਾਰ ਸਾਂਝੇ ਕੀਤੇ। ਡਾ. ਸੀ.ਵੀ. ਜਯੰਤੀ, ਐਸੋਸੀਏਟ ਪ੍ਰੋਫੈਸਰ, ਯੋਗਾ ਵਿਭਾਗ, ਚੇਨਈ ਨੇ ਸਪੈਸ਼ਲ ਓਲੰਪਿਕ ਵਿੱਚ ਯੋਗ ਆਸਣਾਂ 'ਤੇ ਪੇਸ਼ਕਾਰੀ ਦਿੱਤੀ। ਸਾਰੇ ਬੁਲਾਰਿਆਂ ਨੇ ਆਪਣੇ-ਆਪਣੇ ਵਿਸ਼ਿਆਂ 'ਤੇ ਮੁਹਾਰਤ ਅਤੇ ਸੂਝ ਨਾਲ ਆਪਣੇ ਵਿਚਾਰ ਪੇਸ਼ ਕੀਤੇ।

## ਏ. ਮੋਨਾ ਸ਼੍ਰੀਨਿਵਾਸ ਹਰਿਆਣਾ ਭਵਨ ਦੇ ਰੈਜ਼ੀਡੈਂਟ ਕਮਿਸ਼ਨਰ ਨਿਯੁਕਤ

ਨਵੀਂ ਦਿੱਲੀ, 19 ਮਾਰਚ, (ਅੰਮ੍ਰਿਤਪਾਲ ਸਿੰਘ) : ਹਰਿਆਣਾ ਸਰਕਾਰ ਨੇ ਵੀਰਵਾਰ ਨੂੰ ਆਈਏਐਸ



ਅਧਿਕਾਰੀਆਂ ਦੇ ਤਬਾਦਲੇ ਅਤੇ ਤਾਇਨਾਤੀ ਆਦੇਸ਼ ਜਾਰੀ ਕੀਤੇ। ਆਈਏਐਸ ਅਧਿਕਾਰੀ ਸ਼੍ਰੀਮਤੀ ਏ. ਮੋਨਾ ਸ਼੍ਰੀਨਿਵਾਸ ਨੂੰ ਹਰਿਆਣਾ ਭਵਨ, ਨਵੀਂ ਦਿੱਲੀ ਦਾ ਰੈਜ਼ੀਡੈਂਟ ਕਮਿਸ਼ਨਰ ਨਿਯੁਕਤ ਕੀਤਾ ਗਿਆ ਹੈ। ਸ਼੍ਰੀਮਤੀ ਏ.ਮੋਨਾ ਸ਼੍ਰੀਨਿਵਾਸ ਹਰਿਆਣਾ ਭਵਨ, ਨਵੀਂ ਦਿੱਲੀ ਵਿਖੇ ਵਧੀਕ ਰੈਜ਼ੀਡੈਂਟ ਕਮਿਸ਼ਨਰ ਵਜੋਂ ਸੇਵਾ ਨਿਭਾ ਰਹੇ ਸਨ। ਉਨ੍ਹਾਂ ਕੋਲ ਸੋਨੀਪਤ ਮੈਟਰੋਪੋਲੀਟਨ ਵਿਕਾਸ ਅਥਾਰਟੀ (ਐਸਐਮਡੀਏ) ਦੇ ਸੀਈਓ ਦਾ ਵਾਧੂ ਚਾਰਜ ਵੀ ਹੈ।

## ਪੋਸਟ ਗ੍ਰੈਜੂਏਟ ਸਰਕਾਰੀ ਕਾਲਜ ਫਾਰ ਗਰਲਜ਼ ਵਿਖੇ 67ਵੀਂ ਸਾਲਾਨਾ ਕਨਵੋਕੇਸ਼ਨ

ਚੰਡੀਗੜ੍ਹ, 19 ਮਾਰਚ, (ਅੰਮ੍ਰਿਤਪਾਲ ਸਿੰਘ) : ਪੋਸਟ ਗ੍ਰੈਜੂਏਟ ਸਰਕਾਰੀ ਕਾਲਜ ਫਾਰ ਗਰਲਜ਼, ਸੈਕਟਰ 11, ਚੰਡੀਗੜ੍ਹ ਦਾ 67ਵਾਂ ਸਾਲਾਨਾ ਕਨਵੋਕੇਸ਼ਨ ਬਹੁਤ ਹੀ ਅਕਾਦਮਿਕ ਮਾਣ ਅਤੇ ਸ਼ਾਨ ਨਾਲ ਆਯੋਜਿਤ ਕੀਤਾ ਗਿਆ, ਜਿਸ ਵਿੱਚ 1,500 ਵਿਦਿਆਰਥੀਆਂ ਦੀਆਂ ਅਕਾਦਮਿਕ ਪ੍ਰਾਪਤੀਆਂ ਦਾ ਜਸ਼ਨ ਮਨਾਇਆ ਗਿਆ। ਇਸ ਕਨਵੋਕੇਸ਼ਨ ਵਿੱਚ ਪਦਮ ਸ਼੍ਰੀ ਪ੍ਰੋਫੈਸਰ ਡਾ. ਰਘੁਵੇਂਦਰ ਤੰਵਰ, ਇੱਕ ਪ੍ਰਸਿੱਧ ਇਤਿਹਾਸਕਾਰ ਅਤੇ ਸਿੱਖਿਆ ਸ਼ਾਸਤਰੀ, ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਆਪਣੇ ਕਨਵੋਕੇਸ਼ਨ ਭਾਸ਼ਣ ਵਿੱਚ, ਪ੍ਰੋਫੈਸਰ ਤੰਵਰ ਨੇ ਵਿਦਿਆਰਥੀਆਂ ਨੂੰ ਇਮਾਨਦਾਰੀ ਨਾਲ ਗਿਆਨ ਪ੍ਰਾਪਤ ਕਰਨ, ਰਾਸ਼ਟਰੀ ਕਦਰਾਂ-ਕੀਮਤਾਂ ਨੂੰ ਅਪਣਾਉਣ ਅਤੇ ਸਮਾਜ ਵਿੱਚ ਸਾਰਥਕ ਯੋਗਦਾਨ ਪਾਉਣ ਲਈ ਉਤਸ਼ਾਹਿਤ ਕੀਤਾ। ਇਸ ਮੌਕੇ ਕਾਲਜ ਦੇ ਉੱਘੇ ਸਾਬਕਾ ਵਿਦਿਆਰਥੀ, ਪ੍ਰੋਫੈਸਰ ਡਾ. ਰਿਚਾ ਤੰਵਰ, ਜੋ ਕਿ ਲਿੰਗ ਅਧਿਐਨ ਵਿੱਚ ਇੱਕ ਪ੍ਰਸਿੱਧ ਵਿਦਵਾਨ ਅਤੇ ਕੁਰੂਕਸ਼ੇਤਰ ਯੂਨੀਵਰਸਿਟੀ ਦੇ ਸੈਂਟਰ ਫਾਰ ਵੂਮੈਨਜ਼ ਸਟੱਡੀਜ਼ ਦੀ ਸਾਬਕਾ ਡਾਇਰੈਕਟਰ ਸਨ, ਵੀ ਸ਼ਾਮਲ ਸਨ।



## ਨੀਤੀ ਸਾਲ 2026-27 (1 ਅਪ੍ਰੈਲ, 2026 ਤੋਂ 31 ਮਾਰਚ, 2027) ਲਈ ਆਬਕਾਰੀ ਨੀਤੀ ਨੂੰ ਮਨਜ਼ੂਰੀ

ਚੰਡੀਗੜ੍ਹ, 19 ਮਾਰਚ, (ਅੰਮ੍ਰਿਤਪਾਲ ਸਿੰਘ) : ਵਿਸਤ੍ਰਿਤ ਵਿਚਾਰ-ਵਟਾਂਦਰੇ ਤੋਂ ਬਾਅਦ, ਪੰਜਾਬ ਦੇ ਰਾਜਪਾਲ ਅਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਸ੍ਰੀ ਗੁਲਾਬ ਚੰਦ ਕਟਾਰੀਆ, ਮੁੱਖ ਸਕੱਤਰ ਸ੍ਰੀ ਐਚ. ਰਾਜੇਸ਼ ਪ੍ਰਸਾਦ, ਅਤੇ ਸਕੱਤਰ (ਆਬਕਾਰੀ ਅਤੇ ਕਰ), ਯੂਟੀ ਚੰਡੀਗੜ੍ਹ, ਸ੍ਰੀ ਦੀਪਰਾ ਲਾਕਰਾ ਨੇ ਨੀਤੀ ਸਾਲ 2026-27 (1 ਅਪ੍ਰੈਲ, 2026 ਤੋਂ 31 ਮਾਰਚ, 2027) ਲਈ ਆਬਕਾਰੀ ਨੀਤੀ ਨੂੰ ਮਨਜ਼ੂਰੀ ਦਿੱਤੀ। ਵੱਖ-ਵੱਖ ਹਿੱਸੇਦਾਰਾਂ ਤੋਂ ਪ੍ਰਾਪਤ ਸੁਝਾਵਾਂ 'ਤੇ ਚਰਚਾ ਕੀਤੀ ਗਈ, ਅਤੇ ਵਿਸਤ੍ਰਿਤ ਵਿਚਾਰ-ਵਟਾਂਦਰੇ ਤੋਂ ਬਾਅਦ, ਆਬਕਾਰੀ ਅਤੇ ਕਰ ਵਿਭਾਗ ਨੇ ਜ਼ਿਆਦਾਤਰ ਸੁਝਾਵਾਂ ਨੂੰ ਸਵੀਕਾਰ ਕਰ ਲਿਆ, ਜਿਵੇਂ ਕਿ ਪ੍ਰਚੂਨ ਸ਼ਰਾਬ ਦੀਆਂ ਦੁਕਾਨਾਂ ਤੋਂ ਬਾਰਾਂ ਦੁਆਰਾ ਸ਼ਰਾਬ ਦੀ ਖਰੀਦ, ਇੱਕ ਇਕਾਈ ਦੇ ਅੰਦਰ ਅੰਤਰ-ਵਿਕਰੀ ਸਟਾਕ ਟ੍ਰਾਂਸਫਰ, ਅਤੇ ਕੋਟੇ ਨੂੰ ਤਰਕਸੰਗਤ ਬਣਾਉਣਾ। ਨਵੀਂ ਆਬਕਾਰੀ ਨੀਤੀ ਦਾ ਉਦੇਸ਼ ਤਕਨਾਲੋਜੀ ਦੀ ਵਰਤੋਂ ਰਾਹੀਂ ਪਾਰਦਰਸ਼ਤਾ ਲਿਆਉਣਾ ਅਤੇ ਮਾਲੀਆ ਵਧਾਉਣਾ ਹੈ। ਇਸ ਉਦੇਸ਼ ਲਈ, ਇੱਕ ਈ-ਟੈਂਡਰਿੰਗ ਪ੍ਰਕਿਰਿਆ ਅਪਣਾਈ ਗਈ, ਅਤੇ ਸਾਰੇ ਹਿੱਸੇਦਾਰਾਂ ਨੂੰ ਐਨਆਈਸੀ ਦੁਆਰਾ ਵਿਕਸਤ ਡਿਜੀਟਲ ਦਸਤਖਤਾਂ ਅਤੇ ਸੌਫਟਵੇਅਰ ਦੀ ਵਰਤੋਂ ਬਾਰੇ ਵਿਆਪਕ ਸਿਖਲਾਈ ਪ੍ਰਦਾਨ ਕੀਤੀ ਗਈ।


## ਸੂਚਨਾ

ਰੋਜ਼ਾਨਾ ਚੜ੍ਹਦੀਕਲਾ ਅਖਬਾਰ ਵੱਲੋਂ ਸਟੇਸ਼ਨ ਮੋਰਿੰਡਾ ਤੋਂ ਵਿਸਾਖੀ ਦੇ ਦਿਹਾੜੇ 'ਤੇ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਿਤ ਕੀਤਾ ਜਾ ਰਿਹਾ ਹੈ ਸੋ ਇਸ ਸਬੰਧੀ ਇਸ਼ਤਿਹਾਰ ਦੇਣ ਲਈ ਸਾਡੇ ਮੋਰਿੰਡਾ ਸਟੇਸ਼ਨ ਤੋਂ ਜ਼ਿਲ੍ਹਾ ਇੰਚਾਰਜ ਰੋਪੜ ਗੁਰਮੀਤ ਸਿੰਘ ਚੋਪੜਾ ਨਾਲ ਸੰਪਰਕ ਕਰੋ ਜੀ



9914440006



# ਮਾਝਾ-ਦੁਆਬਾ

ਆਸ ਪਾਸ



## ਈ.ਟੀ.ਓ. ਨੇ ਚੱਲ ਰਹੇ ਵਿਕਾਸ ਕਾਰਜਾਂ ਦੀ ਕੀਤੀ ਸਮੀਖਿਆ



ਅੰਮ੍ਰਿਤਸਰ, 19 ਮਾਰਚ (ਬਬਲੂ ਮਹਾਜਨ ) : ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਸਮੀਖਿਆ ਕਰਨ ਲਈ ਸੂਬੇ ਦੇ ਲੋਕ ਨਿਰਮਾਣ ਮੰਤਰੀ ਅਤੇ ਹਲਕੇ ਦੇ ਵਿਧਾਇਕ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਅੱਜ ਪੀ.ਐੱਸ.ਪੀ.ਸੀ.ਐੱਲ ਗੈਸਟ ਹਾਊਸ ਵਿਖੇ ਅਧਿਕਾਰੀਆਂ ਨਾਲ ਇੱਕ ਉੱਚ ਪੱਧਰੀ ਮੀਟਿੰਗ ਕੀਤੀ। ਇਸ ਮੀਟਿੰਗ ਵਿੱਚ ਲੋਕ ਨਿਰਮਾਣ ਵਿਭਾਗ, ਪੰਚਾਇਤੀ ਰਾਜ, ਸੀਵਰੇਜ ਬੋਰਡ, ਮਿਊਂਨੀਸੀਪਲ ਕੌਂਸਲ, ਪੀ.ਐੱਸ.ਪੀ.ਸੀ.ਐੱਲ ਅਤੇ ਪੇਂਡੂ ਵਿਕਾਸ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨੇ ਹਾਜ਼ਰੀ ਭਰੀ।ਮੀਟਿੰਗ ਦੌਰਾਨ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਹਲਕੇ ਵਿੱਚ ਚੱਲ ਰਹੇ ਵੱਖ-ਵੱਖ ਵਿਕਾਸੀ ਪ੍ਰੋਜੈਕਟਾਂ ਦੀ ਪ੍ਰਗਤੀ ਦਾ ਵਿਸਥਾਰ ਨਾਲ ਜਾਇਜ਼ਾ ਲਿਆ ਅਤੇ ਵਿਭਾਗ ਵਾਰ ਅਧਿਕਾਰੀਆਂ ਤੋਂ ਅਪਡੇਟ ਪ੍ਰਾਪਤ ਕੀਤੀ। ਉਨ੍ਹਾਂ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਸਾਰੇ ਕੰਮ ਨਿਰਧਾਰਿਤ ਸਮੇਂ ਅੰਦਰ, ਉੱਚ ਗੁਣਵੱਤਾ ਅਤੇ ਪੂਰੀ ਪਾਰਦਰਸ਼ਤਾ ਨਾਲ ਮੁਕੰਮਲ ਕੀਤੇ ਜਾਣ, ਤਾਂ ਜੋ ਲੋਕਾਂ ਨੂੰ ਸਰਕਾਰੀ ਯੋਜਨਾਵਾਂ ਦਾ ਪੂਰਾ ਲਾਭ ਮਿਲ ਸਕੇ।ਕੈਬਿਨੇਟ ਮੰਤਰੀ ਸ. ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਬੁਨਿਆਦੀ ਸੁਵਿਧਾਵਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ ਅਤੇ ਜੰਡਿਆਲਾ ਗੁਰੂ ਹਲਕੇ ਨੂੰ ਵਿਕਾਸ ਦੇ ਨਵੇਂ ਮਾਪਦੰਡਾਂ ਤੱਕ ਲਿਜਾਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਨੇ ਅਧਿਕਾਰੀਆਂ ਨੂੰ ਟੀਮ ਵਰਕ ਨਾਲ ਕੰਮ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਸਾਂਝੇ ਯਤਨਾਂ ਨਾਲ ਹੀ ਵਿਕਾਸ ਦੇ ਟੀਚੇ ਸਮੇਂ ਸਿਰ ਪ੍ਰਾਪਤ ਕੀਤੇ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਰਹੇਗੀ।

## ਇੰਟਰਨੈਸ਼ਨਲ ਫ਼ਤਿਹ ਅਕੈਡਮੀ ਵਿੱਚ ਸਾਲਾਨਾ ਖੇਡ ਸਮਾਰੋਹ ਉਤਸ਼ਾਹ ਅਤੇ ਜੋਸ਼ ਨਾਲ ਮਨਾਇਆ



ਜੰਡਿਆਲਾ ਗੁਰੂ, 19 ਮਾਰਚ (ਰਾਮ ਸ਼ਰਨਜੀਤ ਸਿੰਘ) : ਇੰਟਰਨੈਸ਼ਨਲ ਫ਼ਤਿਹ ਅਕੈਡਮੀ ਵਿਖੇ ਅੱਜ 18ਵਾਂ ਸਾਲਾਨਾ ਖੇਡ ਸਮਾਰੋਹ ਬੜੀ ਧੂਮ-ਧਾਮ, ਰੌਣਕ ਅਤੇ ਉਤਸ਼ਾਹ ਨਾਲ ਅਯੋਜਿਤ ਕੀਤਾ ਗਿਆ। ਸਮਾਰੋਹ ਵਿੱਚ ਵਿਦਿਆਰਥੀਆਂ, ਅਧਿਆਪਕਾਂ ਅਤੇ ਮਾਪਿਆਂ ਨੇ ਵੱਡੀ ਗਿਣਤੀ ਵਿੱਚ ਉਤਸ਼ਾਹਪੂਰਵਕ ਸ਼ਿਰਕਤ ਕਰਕੇ ਇਸਨੂੰ ਯਾਦਗਾਰ ਬਣਾਇਆ।ਇਸ ਖੇਡ ਸਮਾਰੋਹ ਵਿੱਚ ਅਕੈਡਮੀ ਦੇ ਚੇਅਰਮੈਨ ਸਰਦਾਰ ਜਗਬੀਰ ਸਿੰਘ ਜੀ ਅਤੇ ਵਾਈਸ ਚੇਅਰਪਰਸਨ ਸ੍ਰੀਮਤੀ ਰਵਿੰਦਰ ਕੌਰ ਜੀ ਨੇ ਮੁੱਖ ਮਹਿਮਾਨ ਵਜੋਂ ਆਪਣੀ ਗੌਰਵਮਈ ਹਾਜ਼ਰੀ ਨਾਲ ਸਮਾਰੋਹ ਦੀ ਸ਼ੋਭਾ ਵਧਾਈ। ਸਮਾਰੋਹ ਦੀ ਸ਼ੁਰੂਆਤ ਪਰਮਾਤਮਾ ਦੇ ਚਰਨਾਂ ਵਿੱਚ ਅਰਦਾਸ ਕਰਦੇ ਹੋਏ ਵਿਦਿਆਰਥੀਆਂ ਵੱਲੋਂ ਕੀਤੇ ਗਏ ਸ਼ਬਦ ਗਾਇਨ ਨਾਲ ਹੋਈ। ਇਸ ਤੋਂ ਉਪਰੰਤ ਚੇਅਰਮੈਨ ਸਰਦਾਰ ਜਗਬੀਰ ਸਿੰਘ ਜੀ ਅਤੇ ਵਾਈਸ ਚੇਅਰਪਰਸਨ ਸ੍ਰੀਮਤੀ ਰਵਿੰਦਰ ਕੌਰ ਜੀ ਵੱਲੋਂ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ ਗਈ।ਰਾਸ਼ਟਰੀ ਪੱਧਰ ਤੇ ਸਕੂਲ ਦਾ ਨਾਂ ਰੌਸ਼ਨ ਕਰਨ ਵਾਲੇ ਖਿਡਾਰੀਆਂ ਨੇ ਮਸ਼ਾਲ ਦੌੜ ਰਾਹੀਂ ਖੇਡ ਮੈਦਾਨ ਦਾ ਚੱਕਰ ਲਗਾ ਕੇ ਸਮਾਰੋਹ ਵਿੱਚ ਨਵਾਂ ਜੋਸ਼ ਭਰ ਦਿੱਤਾ। ਸਕੂਲ ਦੇ ਪੰਜਾਂ ਹਾਊਸਾਂ ਦੇ ਵਿਦਿਆਰਥੀਆਂ ਵੱਲੋਂ ਕੀਤੇ ਗਏ ਮਾਰਚ ਪਾਸਟ ਨੇ ਅਨੁਸ਼ਾਸਨ, ਏਕਤਾ ਅਤੇ ਸੰਘਠਨ ਦੀ ਸ਼ਾਨਦਾਰ ਝਲਕ ਪੇਸ਼ ਕੀਤੀ। ਹਰ ਹਾਊਸ ਦੇ ਕੈਪਟਨਾਂ ਨੇ ਸਪੋਰਟਸ ਕੈਪਟਨ ਦੁਸ਼ੰਤਬੀਰ ਦੀ ਅਗਵਾਈ ਹੇਠ ਖੇਡ ਭਾਵਨਾ ਨਾਲ ਖੇਡਣ ਦੀ ਸੌਂਹ ਚੁੱਕੀ। ਖੁੱਲ੍ਹੇ ਅਸਮਾਨ ਵਿੱਚ ਗੁਬਾਰੇ ਛੱਡ ਕੇ ਭਾਈਚਾਰੇ ਅਤੇ ਸਦਭਾਵਨਾ ਦਾ ਸੰਦੇਸ਼ ਦਿੱਤਾ ਗਿਆ।ਚੇਅਰਮੈਨ ਸਰਦਾਰ ਜਗਬੀਰ ਸਿੰਘ ਜੀ ਨੇ ਆਪਣੇ ਪ੍ਰੇਰਣਾਦਾਇਕ ਸੰਬੋਧਨ ਵਿੱਚ ਵਿਦਿਆਰਥੀਆਂ ਦੀ ਪ੍ਰਦਰਸ਼ਨੀ ਦੀ ਭਰਪੂਰ ਸਰਾਹਨਾ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਸਮਾਰੋਹ ਨੌਜਵਾਨਾਂ ਵਿੱਚ ਆਤਮਵਿਸ਼ਵਾਸ, ਅਨੁਸ਼ਾਸਨ ਅਤੇ ਨੇਤ੍ਰਿਤਵ ਦੇ ਗੁਣ ਵਿਕਸਿਤ ਕਰਦੇ ਹਨ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਜੀਵਨ ਵਿੱਚ ਉੱਚੀਆਂ ਉਡਾਣਾਂ ਭਰਨ ਲਈ ਪ੍ਰੇਰਿਤ ਕੀਤਾ ਅਤੇ ਆਪਣੇ ਕੀਮਤੀ ਸ਼ਬਦਾਂ ਨਾਲ ਸਭ ਨੂੰ ਪ੍ਰੇਰਿਤ ਕੀਤਾ।ਇਸ ਤੋਂ ਬਾਅਦ ਅਕੈਡਮੀ ਦੀ ਪ੍ਰਿੰਸੀਪਲ ਸ੍ਰੀਮਤੀ ਅਨੁਪਮ ਸ਼ਰਮਾ ਜੀ ਨੇ ਆਪਣੇ ਸੰਬੋਧਨ ਵਿੱਚ ਖੇਡਾਂ ਦੀ ਮਹੱਤਤਾ ਬਾਰੇ ਦੱਸਦੇ ਹੋਏ ਕਿਹਾ ਕਿ ਖੇਡਾਂ ਸਾਡੇ ਜੀਵਨ ਦਾ ਅਟੁੱਟ ਹਿੱਸਾ ਹਨ, ਜੋ ਅਨੁਸ਼ਾਸਨ, ਟੀਮ ਵਰਕ ਅਤੇ ਸਿਹਤਮੰਦ ਜੀਵਨ ਦੀ ਪ੍ਰੇਰਨਾ ਦਿੰਦੀਆਂ ਹਨ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਅੱਗੇ ਵਧਣ ਲਈ ਪ੍ਰੇਰਿਤ ਕੀਤਾ।ਖੇਡ ਮੁਕਾਬਲਿਆਂ ਵਿੱਚ 100 ਮੀਟਰ, 200 ਮੀਟਰ, 400 ਮੀਟਰ ਦੌੜਾਂ, ਰਿਲੇਅ ਰੇਸ ਅਤੇ ਅੜਿਕਾ ਦੌੜ ਸਮੇਤ ਕਈ ਹੋਰ ਮੁਕਾਬਲੇ ਕਰਵਾਏ ਗਏ। ਵਿਦਿਆਰਥੀਆਂ ਨੇ ਬੜੀ ਲਗਨ, ਉਤਸ਼ਾਹ ਅਤੇ ਖੇਡ ਭਾਵਨਾ ਨਾਲ ਭਾਗ ਲਿਆ।ਸਮਾਰੋਹ ਦੇ ਸਾਂਸਕ੍ਰਿਤਿਕ ਪੱਖ ਨੂੰ ਵੀ ਖੂਬ ਰੰਗਤ ਮਿਲੀ। ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਗਿੱਧਾ, ਭੰਗੜਾ ਅਤੇ ਗਤਕਾ ਪ੍ਰਦਰਸ਼ਨਾਂ ਨੇ ਦਰਸ਼ਕਾਂ ਨੂੰ ਮੋਹ ਲਿਆ ਅਤੇ ਪੰਜਾਬੀ ਸਭਿਆਚਾਰ ਦੀ ਰੂਹਾਨੀ ਤੇ ਰੰਗੀਨ ਝਲਕ ਪੇਸ਼ ਕੀਤੀ।ਬੱਚਿਆਂ ਦੀ ਖੁਸ਼ੀ ਨੂੰ ਧਿਆਨ ਵਿੱਚ ਰੱਖਦਿਆਂ ਮਨੋਰੰਜਕ ਝੂਲਿਆਂ ਦੀ ਵਿਵਸਥਾ ਕੀਤੀ ਗਈ ਸੀ, ਜਿੱਥੇ ਬੱਚਿਆਂ ਨੇ ਖੂਬ ਆਨੰਦ ਮਾਣਿਆ।

## ਖੇਤੀਬਾੜੀ ਅਫਸਰ ਡਾ. ਭੁਪਿੰਦਰ ਸਿੰਘ ਦੀ ਅਗਵਾਈ ਹੇਠ ਕੈਂਪ ਲਗਾਇਆ




ਖਡੂਰ ਸਾਹਿਬ, 19 ਮਾਰਚ (ਸਰਬਜੀਤ ਸਿੰਘ ਮੀਆਂ ਵਿੰਡ) :ਮੁੱਖ ਖੇਤੀਬਾੜੀ ਅਫਸਰ ਡਾ.ਤੇਜਬੀਰ ਸਿੰਘ ਭੰਗੂ ਜੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਅਤੇ ਡਾ.ਭੁਪਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਪਿੰਡ ਸਰਲੀ ਕਲਾਂ ਵਿਖੇ ਸੀਡ ਵਿਲੇਜ ਕੈਂਪ ਲਗਾਇਆ ਗਿਆ ।ਇਸ ਸਮੇਂ ਕੈਂਪ ਦੇ ਇੰਚਾਰਜ ਸ.ਗੁਰਪ੍ਰੀਤ ਸਿੰਘ ਸਰਾਂ ਖੇਤੀਬਾੜੀ ਵਿਸਥਾਰ ਅਫਸਰ ਵੱਲੋਂ ਕਣਕ ਦੀ ਫਸਲ ਬਾਰੇ ਕਿਸਾਨ ਭਰਾਵਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਣਕ ਦੀ ਪਛੇਤੀ ਫਸਲ ਉੱਪਰ ਵੱਧ ਰਹੇ ਤਾਪਮਾਨ ਨੂੰ ਦੇਖਦੇ ਹੋਏ ਕਿਸਾਨ ਵੀਰਾਂ ਨੂੰ 13..0.45 ਦੋ ਕਿੱਲੋ ਪ੍ਰਤੀ ਏਕੜ 100 ਲੀਟਰ ਪਾਣੀ ਵਿੱਚ ਘੋਲ ਕੇ ਸਪਰੇ ਕਰਨ ਦੀ ਜਰੂਰਤ ਹੈ ।ਉਹਨਾਂ ਅੱਗੇ ਕਿਹਾ ਕਿ ਬੇਲੋੜੀਆਂ ਸਪਰੇਆਂ ਕਰਨ ਤੋਂ ਕਿਸਾਨ ਭਰਾਂ ਗੁਰੇਜ਼ ਕਰਨ ਜੇ ਲੋੜ ਵੀ ਪੈਂਦੀ ਹੈ, ਤਾਂ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਅਧਿਕਾਰੀਆਂ ਦੀ ਸਲਾਹ ਲੈਣ ਉਪਰੰਤ ਹੀ ਸਪਰੇ ਕੀਤੀ ਜਾਵੇ ਨਾਲ ਹੀ ਉਹਨਾਂ ਨੇ ਕਿਸਾਨਾਂ ਨੂੰ ਪ੍ਰਧਾਨ ਮੰਤਰੀ ਕਿਸਾਨ ਸਮਾਨ ਨਿਧੀ ਯੋਜਨਾ ਬਾਰੇ ਜਾਣਕਾਰੀ ਦਿੱਤੀ ਤੇ ਕਿਹਾ ਕਿ ਕਿਸਾਨ ਭਰਾਵਾਂ ਨੂੰ ਫਾਰਮਰ ਰਜਿਸਟਰੇਸ਼ਨ ਕਰਵਾਉਣੀ ਲਾਜ਼ਮੀ ਹੋਵੇਗੀ ਅਤੇ ਕਿਸਾਨ ਜੇਕਰ ਫਾਰਮਰ ਰਜਿਸਟਰੇਸ਼ਨ ਨਹੀਂ ਕਰਵਾਉਂਦੇ ਤਾਂ ਸਰਕਾਰ ਵੱਲੋਂ ਉਹਨਾਂ ਦੀ ਅਗਲੀ ਕਿਸ਼ਤ ਨਹੀਂ ਪਾਈ ਜਾਵੇਗੀ।ਇਸ ਤੋਂ ਇਲਾਵਾ ਖੇਤੀਬਾੜੀ ਵਿਭਾਗ ਦੀਆਂ ਚੱਲ ਰਹੀਆਂ ਸਕੀਮਾਂ ਬਾਰੇ ਵੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ।

## ਡਾ. ਕਿਸ਼ਨਪੁਰੀ ਕੰਬੋਜ ਫਾਊਂਡੇਸ਼ਨ ਦੇ ਚੇਅਰਮੈਨ ਬਣੇ



ਜੰਡਿਆਲਾ ਗੁਰੂ 19 ਮਾਰਚ (ਰਾਮ ਸ਼ਰਨਜੀਤ ਸਿੰਘ) ਕੰਬੋਜ ਫਾਊਂਡੇਸ਼ਨ ਪੰਜਾਬ ਦੀ ਇਕੱਤਰਤਾ ਸਰਦਾਰ ਸ਼ਹੀਦ ਉਧਮ ਸਿੰਘ ਵੈਲਫੇਅਰ ਟਰਸਟ ਚੰਡੀਗੜ੍ਹ ਵਿੱਚ ਹੋਈ ਜਿਸ ਵਿੱਚ ਵੱਡੀ ਗਿਣਤੀ ਵਿੱਚ ਫਾਊਂਡੇਸ਼ਨ ਦੇ ਮੈਂਬਰ ਇਕੱਠੇ ਹੋਏ ਅਤੇ ਫਾਊਂਡੇਸ਼ਨ ਦੀ ਗਵਰਨਿੰਗ ਬਾਡੀ ਸਰਬ ਸੰਮਤੀ ਨਾਲ ਚੁਣੀ ਗਈ ।ਜਿਸ ਵਿੱਚ ਡਾਕਟਰ ਸੰਦੀਪ ਸਿੰਘ ਕੋੜਾ, ਡਾ.ਮੰਗਲ ਸਿੰਘ ਕਿਸ਼ਨਪੁਰੀ ਨੂੰ ਚੇਅਰਮੈਨ ਚੁਣਿਆ ਗਿਆ। ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਨੇ ਆਪਣੇ ਸਹਿਯੋਗੀਆਂ ਦੀ ਸਲਾਹ ਨਾਲ ਆਪਣੀ ਟੀਮ ਦੀ ਚੋਣ ਕੀਤੀ।ਮਾਨ ਸਿੰਘ ਧੰਮ ਸੀਨੀਅਰ ਵਾਈਸ ਚੇਅਰਮੈਨ, ਹਰਪਾਲ ਸਿੰਘ, ਜਰਨੈਲ ਸਿੰਘ ਵਾਈਸ ਚੇਅਰਮੈਨ, ਬੀ ਐਸ ਧੰਜੂ ਸਕੱਤਰ,ਜਤਿੰਦਰ ਸਿੰਘ ਖਜ਼ਾਨਚੀ, ਹਰਦੀਪ ਸਿੰਘ ਸਨੌਰ ਜੋਇੰਟ ਖਜਾਨਚੀ,ਮਨਿੰਦਰ ਸਿੰਘ ਜੋਇੰਟ ਸਕੱਤਰ ਚੁਣੇ ਗਏ। ਇਸ ਮੌਕੇ ਮਤਾ ਪਾਸ ਕਰਕੇ ਫਾਊਂਡੇਸ਼ਨ ਨਾਲ ਜੁੜੇ ਕੁਝ ਲੋਕਾ ਨੂੰ ਅਪੀਲ ਕੀਤੀ ਗਈ ਕਿ ਉਹ ਗਲਤ ਪ੍ਰਚਾਰ ਕਰਨ ਦੀ ਬਜਾਏ ਫਾਊਂਡੇਸ਼ਨ ਵੱਲੋਂ ਸ਼ਹੀਦ ਦੇ ਸਨਮਾਨ ਹਿਤ ਯੂਨੀਵਰਸਿਟੀ ਬਣਾਉਣ ਵਿੱਚ ਸਾਥ ਦੇਣ ।ਇਸ ਮੌਕੇ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਨੇ ਕਿਹਾ ਕਿ ਜਿਸ ਤਰ੍ਹਾਂ ਦੇ ਟੀਚੇ ਦਿੱਤੇ ਗਏ ਸੀ ਉਨਾਂ ਤੇ ਲਗਾਤਾਰ ਕੰਮ ਜਾਰੀ ਰਹੇਗਾ । 31 ਜੁਲਾਈ ਤੱਕ ਯੂਨੀਵਰਸਿਟੀ ਦਾ ਮਿਥਿਆ ਕੰਮ ਸ਼ੁਰੂ ਕਰਵਾਉਣ ਦੇ ਨਾਲ ਹੀ ਸਾਡਾ ਮਨੋਰਥ ਇਹ ਹੈ ਕਿ ਪੰਜਾਬ ਸਰਕਾਰ ਇੱਕ ਵਿਸ਼ੇਸ਼ ਸੈਸ਼ਨ ਸ਼ਹੀਦ ਦੀ ਜਨਮ ਭੂਮੀ ਸੁਨਾਮ ਜਾਂ ਫਿਰ ਯੂਨੀਵਰਸਿਟੀ ਕੈਂਪਸ ਕਪੂਰਥਲਾ ਵਿਖੇ ਕਰਕੇ ਇਸ ਦਾ ਬਕਾਇਦਾ ਸ਼ੁਰੂਆਤ ਕੀਤੀ ਜਾਵੇ । ਉਹਨਾਂ ਦੱਸਿਆ ਕਿ ਯੂਨੀਵਰਸਿਟੀ ਵਿੱਚੋਂ ਸਿੱਖਿਆ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਤੋਂ ਫੀਸਾਂ ਨਹੀਂ ਲਈਆਂ ਜਾਣਗੀਆਂ। ਇੱਕ ਵਰਗ ਦੇ ਵਿਦਿਆਰਥੀ ਦੀਆਂ ਫੀਸਾਂ ਦਾ ਭੁਗਤਾਨ ਸਰਕਾਰੀ ਤੌਰ ਤੇ ਹੋਵੇਗਾ ਅਤੇ ਕੁਝ ਨੂੰ ਵਿਦਿਅਕ ਲੋਨ ਦੇ ਆਧਾਰ ਤੇ ਹੁਨਰ ਦੇ ਪ੍ਰਪੱਖ ਕਰਨ ਤੋਂ ਬਾਅਦ ਦੇਸ਼ ਅਤੇ ਵਿਦੇਸ਼ ਵਿੱਚ ਰੁਜ਼ਗਾਰ ਦੇ ਮੌਕੇ ਮੁਹਈਆ ਕਰਵਾਇਆ ਜਾਣਗੇ ।ਇਸ ਮੌਕੇ ਡਾਕਟਰ ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਕਿਹਾ ਕਿ ਪਹਿਲੀ ਵਾਰ ਹੋ ਰਿਹਾ ਹੈ ਕਿ ਕੋਈ ਭਾਈਚਾਰਾ ਉਸ ਸ਼ਹੀਦ ਦੇ ਨਾਮ ਤੇ ਵੱਡਾ ਵਿਦਿਆ ਦਾ ਚਾਨਣ ਮੁਨਾਰਾ ਸਥਾਪਿਤ ਕਰਨ ਜਾ ਰਿਹਾ ਜਿਸ ਨੇ ਜਿੱਥੇ ਆਪਣੇ ਮਿਥੇ ਟੀਚੇ ਨੂੰ ਕਈ ਸਾਲਾਂ ਬਾਅਦ ਹਾਸਿਲ ਕੀਤਾ ।ਉਥੇ ਜਾਤ ਪਾਤ ਦਾ ਉਹਨਾਂ ਵੇਲਿਆਂ ਵਿੱਚ ਖੰਡਨ ਕੀਤਾ ਜਦੋਂ ਕਿ ਸਾਰੇ ਸਮਾਜ ਵਿੱਚ ਜਾਤੀਵਾਦ ਦਾ ਵੱਡਾ ਬੋਲਬਾਲਾ ਸੀ। ਅੱਜ ਫਿਰ ਇੱਕ ਮੂਵਮੈਂਟ ਖੜੀ ਕੀਤੀ ਜਾ ਰਹੀ ਹੈ ਕਿ ਬਿਨਾਂ ਜਾਤਵਾਦ ਦਾ ਫਰਕ ਤੇ ਹਰ ਵਿਦਿਆਰਥੀ ਨੂੰ ਹੁਣ ਹੁਨਰਮੰਦ ਬਣਾ ਕੇ ਵਿਦਿਆਰਥੀ ਦੀ ਸਫਲ ਮੰਜਿਲ ਤੱਕ ਪਹੁੰਚਾਇਆ ਜਾਵੇ।

## ਕਾਹਲਵਾਂ ਨੇ ਸੰਭਾਲੀ ਸਕੱਤਰ ਧਰਮ ਪ੍ਰਚਾਰ ਕਮੇਟੀ ਦੀ ਜ਼ਿੰਮੇਵਾਰੀ



ਅੰਮ੍ਰਿਤਸਰ, 19 ਮਾਰਚ (ਬਬਲੂ ਮਹਾਜਨ) :ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਬਲਵਿੰਦਰ ਸਿੰਘ ਕਾਹਲਵਾਂ ਨੇ ਅੱਜ ਬਤੌਰ ਸਕੱਤਰ ਧਰਮ ਪ੍ਰਚਾਰ ਕਮੇਟੀ ਵਜੋਂ ਆਪਣੀ ਸੇਵਾ ਸੰਭਾਲ ਲਈ ਹੈ। ਇਸ ਮੌਕੇ ਉਨ੍ਹਾਂ ਨੇ ਗੁਰੂ ਰਾਮਦਾਸ ਪਾਤਸ਼ਾਹ ਦਾ ਸ਼ੁਕਰਾਨਾ ਕਰਦਿਆਂ ਕਿਹਾ ਕਿ ਇਹ ਮਾਨਯੋਗ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦਾ ਉਨ੍ਹਾਂ ’ਤੇ ਵੱਡਾ ਭਰੋਸਾ ਹੈ। ਉਨ੍ਹਾਂ ਕਿਹਾ ਕਿ ਦੇਸ਼ਾਂ-ਵਿਦੇਸ਼ਾਂ ਵਿੱਚ ਸਿੱਖੀ ਦੇ ਪ੍ਰਚਾਰ ਲਈ ਕੀਤੇ ਗਏ ਕਾਰਜਾਂ ਨੂੰ ਮੁੱਖ ਰੱਖਦਿਆਂ ਸੰਸਥਾ ਨੇ ਉਨ੍ਹਾਂ ਨੂੰ ਇਹ ਅਹਿਮ ਜਿੰਮੇਵਾਰੀ ਸੌਂਪੀ ਹੈ, ਜਿਸ ਨੂੰ ਉਹ ਪੂਰੀ ਤਨਦੇਹੀ ਨਾਲ ਨਿਭਾਉਣਗੇ.ਸ. ਕਾਹਲਵਾ ਨੇ ਦੱਸਿਆ ਕਿ ਪ੍ਰਧਾਨ ਸਾਹਿਬ ਦੇ ਆਦੇਸ਼ ਅਨੁਸਾਰ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮਾਂ ਲਈ ਵਿਸ਼ੇਸ਼ ਡਰੈੱਸ ਕੋਡ ਲਾਗੂ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਜੈਸਾ ਦੇਸ ਵੈਸਾ ਭੇਸ ਦੇ ਅਖਾਣ ਅਨੁਸਾਰ, ਦਰਬਾਰ ਸਾਹਿਬ ਤੋਂ ਆਏ ਸੇਵਾਦਾਰਾਂ ਦੀ ਪਹਿਚਾਣ ਉਨ੍ਹਾਂ ਦੀ ਪੋਸ਼ਾਕ ਤੋਂ ਹੋਣੀ ਚਾਹੀਦੀ ਹੈ। ਫਿਲਹਾਲ ਇਹ ਨਿਯਮ ਹਫ਼ਤੇ ਵਿੱਚ ਤਿੰਨ ਦਿਨ (ਬੁੱਧਵਾਰ ਤੋਂ ਸ਼ੁੱਕਰਵਾਰ) ਲਈ ਹੈ, ਪਰ ਮੁਲਾਜ਼ਮਾਂ ਦੇ ਉਤਸ਼ਾਹ ਨੂੰ ਦੇਖਦਿਆਂ ਇਸ ਨੂੰ ਪੂਰੇ ਹਫ਼ਤੇ ਲਈ ਵੀ ਵਿਚਾਰਿਆ ਜਾ ਸਕਦਾ ਹੈ। ਇਸ ਦੇ ਨਾਲ ਹੀ ਹੁਣ ਹਰ ਮੁਲਾਜ਼ਮ ਆਪਣੇ ਦਫ਼ਤਰੀ ਕਾਰਜਾਂ ਦੀ ਸ਼ੁਰੂਆਤ ਮੂਲ ਮੰਤਰ ਦੇ ਪਾਠ ਅਤੇ ਅਰਦਾਸ ਨਾਲ ਕਰੇਗਾ, ਤਾਂ ਜੋ ਮਨ ਵਿੱਚ ਇਕਾਗਰਤਾ ਅਤੇ ਨਿਮਰਤਾ ਬਣੀ ਰਹੇ।ਸ੍ਰੀ ਹਰਿਮੰਦਰ ਸਾਹਿਬ ਦੀਆਂ ਵੀਡੀਓਜ਼ ਵਾਇਰਲ ਹੋਣ ਦੇ ਮੁੱਦੇ ’ਤੇ ਬੋਲਦਿਆਂ ਉਨ੍ਹਾਂ ਕਿਹਾ ਕਿ ਇਹ ਬਹੁਤ ਮੰਦਭਾਗੀ ਗੱਲ ਹੈ। ਅਜਿਹੀਆਂ ਹਰਕਤਾਂ ਕਰਨ ਵਾਲੇ ਲੋਕ ਮਾਨਸਿਕ ਤੌਰ ਤੇ ਬਿਮਾਰ ਹਨ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਨੇ ਇਸ ਨੂੰ ਰੋਕਣ ਲਈ ਮਾਹਰਾਂ ਦੀ ਇੱਕ ਸਬ-ਕਮੇਟੀ ਬਣਾਈ ਹੈ ਜੋ ਜਲਦ ਹੀ ਕਾਨੂੰਨੀ ਪ੍ਰਕਿਰਿਆਵਾਂ ਬਾਰੇ ਸੁਝਾਅ ਦੇਵੇਗੀ।ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਜੇਕਰ ਪ੍ਰਬੰਧ ਵਿੱਚ ਕੋਈ ਊਣਤਾਈ ਨਜ਼ਰ ਆਉਂਦੀ ਹੈ, ਤਾਂ ਉਸ ਨੂੰ ਸੋਸ਼ਲ ਮੀਡੀਆ ਤੇ ਉਛਾਲਣ ਦੀ ਬਜਾਏ ਸਿੱਧਾ ਪ੍ਰਬੰਧਕਾਂ ਜਾਂ ਮੈਨੇਜਰ ਸਾਹਿਬਾਨ ਦੇ ਧਿਆਨ ਵਿੱਚ ਲਿਆਂਦਾ ਜਾਵੇ। ਸ. ਕਾਹਲਵਾ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਸਾਡੇ ਬਜ਼ੁਰਗਾਂ ਦੀਆਂ ਕੁਰਬਾਨੀਆਂ ਸਦਕਾ ਹੋਂਦ ਵਿੱਚ ਆਈ ਹੈ ਅਤੇ ਸਾਨੂੰ ਇਸ ਦੀ ਮਰਿਆਦਾ ਅਤੇ ਸਤਿਕਾਰ ਬਣਾਈ ਰੱਖਣ ਲਈ ਸਹਿਯੋਗ ਦੇਣਾ ਚਾਹੀਦਾ ਹੈ।

## ਓਪਨ ਅਤੇ ਡਿਸਟੈਂਸ ਲਰਨਿੰਗ ਅਤੇ ਆਨਲਾਈਨ ਕੋਰਸਾਂ ਵਿੱਚ ਦਾਖਲਿਆਂ ਲਈ ਆਖ਼ਰੀ ਮਿਤੀ 30 ਮਾਰਚ ਤੱਕ ਹੋਈ



ਅੰਮ੍ਰਿਤਸਰ, 19 ਮਾਰਚ (ਗੁਰਦਿਆਲ ਸਿੰਘ ) : ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਓਪਨ ਅਤੇ ਡਿਸਟੈਂਸ ਲਰਨਿੰਗ ਅਤੇ ਆਨਲਾਈਨ ਕੋਰਸਾਂ ਵਿੱਚ ਦਾਖ਼ਲੇ ਲਈ ਆਖ਼ਰੀ ਮਿਤੀ ਵਧਾ ਕੇ ਹੁਣ 30 ਮਾਰਚ 2026 ਕਰ ਦਿੱਤੀ ਗਈ ਹੈ। ਇਹ ਫੈਸਲਾ ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ ਡਿਸਟੈਂਸ ਐਜੂਕੇਸ਼ਨ ਬਿਊਰੋ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਲਿਆ ਗਿਆ ਹੈ। ਵਧਾਈ ਗਈ ਮਿਤੀ ਲਰਨਰ ਸੁਪੋਰਟ ਸੈਂਟਰਾਂ ਰਾਹੀਂ ਹੋਣ ਵਾਲੇ ਦਾਖ਼ਲਿਆਂ ‘ਤੇ ਵੀ ਲਾਗੂ ਹੋਵੇਗੀ।ਵਾਈਸ ਚਾਂਸਲਰ ਪ੍ਰੋ. (ਡਾ.) ਕਰਮਜੀਤ ਸਿੰਘ ਦੀ ਅਗਵਾਈ ਹੇਠ ਯੂਨੀਵਰਸਿਟੀ ਨੇ ਹਾਲੀਆ ਸਮਿਆਂ ਵਿੱਚ ਆਪਣੇ ਅਕਾਦਮਿਕ ਕੋਰਸਾਂ ਨੂੰ ਕਾਫ਼ੀ ਮਜ਼ਬੂਤ ਕੀਤਾ ਹੈ ਅਤੇ ਹੁਨਰ ਅਧਾਰਿਤ ਤੇ ਉਦਯੋਗਕ ਮੰਗਾਂ ਅਨੁਸਾਰ ਡਿਪਲੋਮਾ ਅਤੇ ਸਰਟੀਫਿਕੇਟ ਕੋਰਸ ਸ਼ੁਰੂ ਕੀਤੇ ਹਨ। ਇਹ ਕੋਰਸ ਵੱਖ-ਵੱਖ ਵਿਭਾਗਾਂ ਦੇ ਸਹਿਯੋਗ ਨਾਲ ਚਲਾਏ ਜਾ ਰਹੇ ਹਨ ਤਾਂ ਜੋ ਵਿਦਿਆਰਥੀਆਂ ਨੂੰ ਪ੍ਰਯੋਗਿਕ ਗਿਆਨ ਅਤੇ ਪੇਸ਼ੇਵਰ ਹੁਨਰ ਪ੍ਰਾਪਤ ਹੋ ਸਕਣ।ਮੌਜੂਦਾ ਸਮੇਂ ਯੂਨੀਵਰਸਿਟੀ ਵੱਲੋਂ 10 ਓਪਨ ਅਤੇ ਡਿਸਟੈਂਸ ਡਿਗਰੀ ਕੋਰਸ ਜਿਨ੍ਹਾਂ ਵਿਚ ਬੀ.ਏ. ਬੀਬੀਏ, ਬੀਲਿਬ, ਬੀਕਾਮ, ਐਮਬੀਏ, ਐਮਸੀਏ, ਐਮ ਏ ਪੰਜਾਬੀ, ਐਮ.ਏ. ਅੰਗਰੇਜ਼ੀ, ਅਤੇ ਐਮਕਾਮ ਅਤੇ 11 ਆਨਲਾਈਨ ਕੋਰਸ ਬੀਏ, ਬੀਕਾਮ, ਬੀਸੀਏ, ਐਮਬੀਏ ਜਨਰਲ, ਐਮਬੀਏ ਐਫਐਮ, ਐਮਬੀਏ ਐਚਆਰਐਮ, ਐਮਬੀਏ ਐਮਐਮ, ਐਮਸੀਏ, ਐਮਏ ਇੰਗਲਿਸ਼ ਅਤੇ ਐਮਏ ਪੰਜਾਬੀ ਚਲਾਏ ਜਾ ਰਹੇ ਹਨ ਜੋ ਕਿ ਯੂ.ਜੀ.ਸੀ. ਡੀਈਬੀ ਨਦਰ ਕੈਟਾਗਿਰੀ ਵਨ ਸਟੇਟਸ ਤੋਂ ਅਪਰੂਵਡ ਹਨ। ਇਸ ਤੋਂ ਇਲਾਵਾ 32 ਹੁਨਰ ਅਧਾਰਿਤ ਅਤੇ ਉਦਯੋਗਕ ਕੋਰਸ ਵੀ ਚਲ ਰਹੇ ਹਨ, ਜਿਨ੍ਹਾਂ ਵਿੱਚ ਏ.ਆਈ. ਅਤੇ ਮਸ਼ੀਨ ਲਰਨਿੰਗ, ਡਿਜ਼ੀਟਲ ਮਾਰਕੀਟਿੰਗ, ਸਿੱਖ ਧਰਮ ਦੀ ਜਾਣ-ਪਛਾਣ ਅਤੇ ਪੰਜਾਬੀ ਡਿਪਲੋਮਾ ਵਰਗੇ ਵਿਸ਼ੇ ਸ਼ਾਮਲ ਹਨ।ਯੂਨੀਵਰਸਿਟੀ ਦੇ ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਹਰਵਿੰਦਰ ਸਿੰਘ ਸੈਣੀ ਨੇ ਦੱਸਿਆ ਕਿ ਕਮਿਸ਼ਨ ਦੇ ਨਿਯਮਾਂ ਅਨੁਸਾਰ ਵਿਦਿਆਰਥੀ ਇਕੋ ਸਮੇਂ ਦੋ ਕੋਰਸ ਕਰ ਸਕਦੇ ਹਨ—ਇੱਕ ਰੈਗੂਲਰ ਅਤੇ ਦੂਜਾ ਓਪਨ ਜਾਂ ਆਨਲਾਈਨ ਮੋਡ ਵਿੱਚ। ਇਸ ਸਹੂਲਤ ਲਈ ਯੂਨੀਵਰਸਿਟੀ ਵੱਲੋਂ ਵੱਖਰਾ ਪ੍ਰੀਖਿਆ ਸ਼ਡਿਊਲ ਤਿਆਰ ਕੀਤਾ ਜਾਂਦਾ ਹੈ ਤਾਂ ਜੋ ਪ੍ਰੀਖਿਆ ਇਕੋ ਦਿਨ ਨਾ ਹੋਵੇ।ਡਾਇਰੈਕਟਰ ਓਪਨ ਅਤੇ ਆਨਲਾਈਨ ਅਧਿਐਨ ਡਾ.ਸੁਭੀਤ ਕੁਮਾਰ ਜੈਨ ਨੇ ਦੱਸਿਆ ਕਿ ਇਸ ਸਮੇਂ ਲਗਭਗ 2700 ਵਿਦਿਆਰਥੀ ਇਨ੍ਹਾਂ ਕੋਰਸਾਂ ਵਿੱਚ ਦਾਖ਼ਲ ਹਨ।

## ਡਾ. ਅਜੇ ਗੁਪਤਾ ਵੱਲੋਂ ਸਟਰੀਟ ਡਿਵੈਲਪਮੈਂਟ ਪ੍ਰੋਜੈਕਟ ਦਾ ਉਦਘਾਟਨ

ਅੰਮ੍ਰਿਤਸਰ, 19 ਮਾਰਚ (ਗੁਰਦਿਆਲ ਸਿੰਘ):ਕੇਂਦਰੀ ਵਿਧਾਨ ਸਭਾ ਹਲਕੇ ਦੇ ਵਿਧਾਇਕ ਡਾ. ਅਜੇ ਗੁਪਤਾ ਨੇ ਅੱਜ ਅੰਗੜ ਖੇਤਰ ਦੇ ਬੌਡ ਵਾਲੀ ਗਲੀ, ਫਤਿਹ ਸਿੰਘ ਕਲੋਨੀ ਅਤੇ ਪ੍ਰੀਤ ਐਵੇਨਿਊ ਵਿੱਚ ਸਟਰੀਟ ਡਿਵੈਲਪਮੈਂਟ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ। ਵਿਧਾਇਕ ਡਾ. ਗੁਪਤਾ ਨੇ ਕਿਹਾ ਕਿ ਕੇਂਦਰੀ ਵਿਧਾਨ ਸਭਾ ਹਲਕੇ ਵਿੱਚ ਤੇਜ਼ੀ ਨਾਲ ਵਿਕਾਸ ਕਾਰਜ ਜਾਰੀ ਰਹਿਣਗੇ। ਉਨ੍ਹਾਂ ਕਿਹਾ ਕਿ ਕੇਂਦਰੀ ਵਿਧਾਨ ਸਭਾ ਹਲਕੇ ਵਿੱਚ ਲਗਭਗ 5 ਕਰੋੜ ਦੀ ਲਾਗਤ ਨਾਲ ਸਟਰੀਟ ਡਿਵੈਲਪਮੈਂਟ ਪ੍ਰੋਜੈਕਟ ਚਲਾਏ ਜਾ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਪ੍ਰੀਮਿਕਸ ਸੜਕ ਨਿਰਮਾਣ ਪ੍ਰੋਜੈਕਟ ਵੀ ਸ਼ੁਰੂ ਕੀਤੇ ਜਾ ਰਹੇ ਹਨ।ਵਿਧਾਇਕ ਡਾ. ਅਜੇ ਗੁਪਤਾ ਨੇ ਕਿਹਾ ਕਿ ਉਹ ਰੋਜ਼ਾਨਾ ਜਨਤਾ ਨਾਲ ਉਨ੍ਹਾਂ ਦੀਆਂ ਸਮੱਸਿਆਵਾਂ ਸੁਣਨ ਅਤੇ ਹੱਲ ਲੱਭਣ ਲਈ ਗੱਲਬਾਤ ਕਰਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਜਿਨ੍ਹਾਂ ਖੇਤਰਾਂ ਵਿੱਚ ਅੱਜ ਸਟਰੀਟ ਡਿਵੈਲਪਮੈਂਟ ਦਾ ਕੰਮ ਸ਼ੁਰੂ ਕੀਤਾ ਗਿਆ ਹੈ, ਉੱਥੇ ਸੀਵਰੇਜ ਸਿਸਟਮ ਦੀ ਪਹਿਲਾਂ ਮੁਰੰਮਤ ਕੀਤੀ ਗਈ ਸੀ। ਉਨ੍ਹਾਂ ਕਿਹਾ ਕਿ ਵਿਕਾਸ ਪ੍ਰੋਜੈਕਟਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ।ਵਿਧਾਇਕ ਡਾ. ਗੁਪਤਾ ਨੇ ਕਿਹਾ ਕਿ ਗਰਮੀਆਂ ਦਾ ਮੌਸਮ ਸ਼ੁਰੂ ਹੁੰਦੇ ਹੀ ਪਾਣੀ ਦੀ ਘਾਟ ਦਾ ਸਾਹਮਣਾ ਕਰ ਰਹੇ ਖੇਤਰਾਂ ਵਿੱਚ ਨਵੇਂ ਟਿਊਬਵੈੱਲ ਲਗਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪਿਛਲੇ ਚਾਰ ਸਾਲਾਂ ਵਿੱਚ ਕੇਂਦਰੀ ਵਿਧਾਨ ਸਭਾ ਹਲਕੇ ਵਿੱਚ 50 ਤੋਂ ਵੱਧ ਨਵੇਂ ਟਿਊਬਵੈੱਲ ਚਾਲੂ ਕੀਤੇ ਗਏ ਹਨ।

## ਉਤਸ਼ਾਹ ਅਤੇ ਅਕਾਦਮਿਕ ਚੇਤਨਾ ਨਾਲ ਮਨਾਇਆ ਗਿਆ ਰਾਸ਼ਟਰੀ ਵਿਗਿਆਨ ਦਿਵਸ



ਅੰਮ੍ਰਿਤਸਰ, 19 ਮਾਰਚ ( ਗੁਰਦਿਆਲ ਸਿੰਘ ): ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਐਨ.ਐਸ.ਐਸ. ਯੂਨਿਟ ਵੱਲੋਂ ਵਾਈਸ ਚਾਂਸਲਰ ਡਾ. ਕਰਮਜੀਤ ਸਿੰਘ ਦੀ ਅਗਵਾਈ ਹੇਠ ਅੰਤਰਰਾਸ਼ਟਰੀ ਨਾਰੀ ਦਿਵਸ ਅਤੇ ਰਾਸ਼ਟਰੀ ਵਿਗਿਆਨ ਦਿਵਸ ਉਤਸ਼ਾਹ ਅਤੇ ਅਕਾਦਮਿਕ ਚੇਤਨਾ ਨਾਲ ਮਨਾਇਆ ਗਿਆ।ਸ਼ਮਾਗਮ ਦੀ ਸ਼ੁਰੂਆਤ ਐਨ.ਐਸ.ਐਸ. ਕੋਆਰਡੀਨੇਟਰ ਡਾ. ਬਲਬੀਰ ਸਿੰਘ ਵੱਲੋਂ ਸਵਾਗਤੀ ਸੰਬੋਧਨ ਨਾਲ ਹੋਈ। ਉਨ੍ਹਾਂ ਵਿਗਿਆਨ ਦੇ ਖੇਤਰ ਵਿੱਚ ਮਹਿਲਾਵਾਂ ਦੇ ਮਹੱਤਵਪੂਰਨ ਯੋਗਦਾਨ ‘ਤੇ ਰੋਸ਼ਨੀ ਪਾਈ ਅਤੇ ਵਿਗਿਆਨਕ ਖੋਜ ਵਿੱਚ ਲਿੰਗ ਸਮਾਨਤਾ ਨੂੰ ਵਧਾਵਾ ਦੇਣ ਦੀ ਲੋੜ ’ਤੇ ਜ਼ੋਰ ਦਿੱਤਾ। ਮੁੱਖ ਮਹਿਮਾਨ ਡਾ. ਵੰਦਨਾ ਭੱਲਾ, ਡਾਇਰੈਕਟਰ ਰਿਸਰਚ ਨੇ ਵਿਗਿਆਨੀ ਵਜੋਂ ਆਪਣੇ ਅਨੁਭਵ ਸਾਂਝੇ ਕਰਿਦਿਆਂ ਵਿਦਿਆਰਥੀਆਂ ਨੂੰ ਖੋਜ ਅਤੇ ਵਿਗਿਆਨਕ ਖੇਤਰ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਵਿਸ਼ੇਸ਼ ਮਹਿਮਾਨ ਡਾ. ਵਸੁਧਾ ਸੰਭਿਆਲ, ਮੁਖੀ ਮਾਸ ਕਮਿਊਨੀਕੇਸ਼ਨ ਵਿਭਾਗ ਨੇ ਆਪਣੇ ਜੀਵਨ ਅਨੁਭਵ ਸਾਂਝੇ ਕਰਦਿਆਂ ਵਿਦਿਆਰਥੀਆਂ ਨੂੰ ਉਦੇਸ਼ ਪ੍ਰਾਪਤੀ ਲਈ ਪ੍ਰੇਰਿਤ ਕੀਤਾ।ਰਾਸ਼ਟਰੀ ਵਿਗਿਆਨ ਦਿਵਸ ਦੇ ਸੰਦਰਭ ਵਿੱਚ ਅੰਮ੍ਰਿਤਸਰ ਗਰੁੱਪ ਆਫ ਕਾਲਜਜ਼ ਦੇ ਡਾਇਰੈਕਟਰ ਡਾ. ਗੌਰਵ ਤੇਜਪਾਲ ਨੇ ਵੀ ਸੰਬੋਧਨ ਕਰਦਿਆਂ ਆਧੁਨਿਕ ਯੁੱਗ ਵਿੱਚ ਪ੍ਰਾਚੀਨ ਵਿਗਿਆਨ ਦੀ ਮਹੱਤਤਾ ਬਾਰੇ ਵਿਚਾਰ ਪ੍ਰਗਟ ਕੀਤੇ। ਇਸ ਮੌਕੇ ਡਾ. ਵੰਦਨਾ ਭੱਲਾ ਨੂੰ ਵਿਗਿਆਨ ਦੇ ਖੇਤਰ ਵਿੱਚ ਉਨ੍ਹਾਂ ਦੇ ਵਿਸ਼ੇਸ਼ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ।ਪ੍ਰੋਗਰਾਮ ਦਾ ਸੰਚਾਲਨ ਐਨ.ਐਸ.ਐਸ. ਯੂਨਿਟ-1 ਦੀ ਪ੍ਰੋਗਰਾਮ ਅਧਿਕਾਰੀ ਡਾ. ਹਰਕਿਰਨਦੀਪ ਕੌਰ ਵੱਲੋਂ ਸੁਚੱਜੇ ਢੰਗ ਨਾਲ ਕੀਤਾ ਗਿਆ, ਜਦਕਿ ਧੰਨਵਾਦ ਪ੍ਰਸਤਾਵ ਐਨ.ਐਸ.ਐਸ. ਯੂਨਿਟ-2 ਦੇ ਪ੍ਰੋਗਰਾਮ ਅਧਿਕਾਰੀ ਡਾ. ਆਦਿਤਿਆ ਪਰਿਹਾਰ ਵੱਲੋਂ ਪੇਸ਼ ਕੀਤਾ ਗਿਆ। ਇਸ ਸਮਾਗਮ ਵਿੱਚ ਐਨ.ਐਸ.ਐਸ. ਵਲੰਟੀਅਰਾਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ ਅਤੇ ਇਹ ਮੌਕਾ ਸਭ ਲਈ ਪ੍ਰੇਰਣਾਦਾਇਕ ਸਾਬਤ ਹੋਇਆ।

## ਮਾਨ ਸਰਕਾਰ 100 ਫ਼ੀਸਦ ਚੋਣ ਵਾਅਦੇ ਪੂਰੇ ਕਰਨ ਵਾਲੀ ਆਜ਼ਾਦੀ ਪਿੱਛੋਂ ਪਹਿਲੀ ਸਰਕਾਰ : ਧਾਲੀਵਾਲ



ਅੰਮ੍ਰਿਤਸਰ/ਜੰਡਿਆਲਾ ਗੁਰੂ,19 ਮਾਰਚ (ਬਬਲੂ ਮਹਾਜਨ / ਰਾਮ ਸ਼ਰਨਜੀਤ ਸਿੰਘ) : ਆਮ ਆਦਮੀ ਪਾਰਟੀ ਦੇ ਸੂਬਾਈ ਮੁੱਖ ਬੁਲਾਰੇ, ਵਿਧਾਇਕ ਤੇ ਸਾਬਕਾ ਕੈਬਨਿਟ ਮੰਤਰੀ ਪੰਜਾਬ ਸ. ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਚਾਰ ਸਾਲ, ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਦੇ ਨਾਲ ਪੰਜਾਬ ਦੇ ਇਤਿਹਾਸ ’ਚ ਅਜਿਹੀ ਪਹਿਲੀ ਸਰਕਾਰ ਹੈ, ਜਿਸ ਨੇ 1000- 1500 ਰੁਪਏ ਪ੍ਰਤੀ ਮਹੀਨਾ ਆਮ ਸ਼੍ਰੇਣੀ ਤੇ ਦਲਿਤ ਸ਼੍ਰੇਣੀ ਦੀਆਂ ਔਰਤਾਂ ਦੇ ਖਾਤਿਆਂ ਚ ਰਕਮ ਪਾਉਣ, ਰਾਜ ਦੇ ਹਰੇਕ ਨਾਗਰਿਕ ਨੂੰ 10 ਲੱਖ ਰੁਪਏ ਮੁਫ਼ਤ ਸਿਹਤ ਬੀਮਾ, ਸੂਬੇ ਦੇ 90 ਫ਼ੀਸਦ ਬਿਜਲੀ ਘਰੇਲੂ ਖਪਤਕਾਰਾਂ ਨੂੰ ਬਿਨ੍ਹਾਂ ਸ਼ਰਤ 600 ਯੂਨਿਟ ਮੁਫ਼ਤ ਬਿਜਲੀ ਸਪਲਾਈ, 64 ਹਜ਼ਾਰ ਸਰਕਾਰੀ ਨੌਕਰੀਆਂ, 40 ਲੱਖ ਪ੍ਰੀਵਾਰਾਂ ਨੂੰ ਮੇਰੀ ਰਸੋਈ ਤਹਿਤ ਕਣਕ ਤੋਂ ਇਲਾਵਾ ਦਾਲ, ਹਲਦੀ, ਲੂਣ, ਤੇਲ ਆਦਿ ਘਰੇਲੂ ਵਸਤਾਂ ਰਸਦ ਦੀ ਮੁਫ਼ਤ ਕਿੱਟ, ਸਿੱਖਿਆ ਕ੍ਰਾਂਤੀ ਤੇ ਸਿਹਤ ਕ੍ਰਾਂਤੀ ਆਮ ਆਦਮੀ ਮੁਹੱਲਾ ਕਲੀਨਿਕ ਖੋਲ੍ਹਣ ਆਦਿ ਇਤਿਹਾਸਕ ਲੋਕ ਕਲਿਆਣਕਾਰੀ ਸਹੂਲਤਾਂ ਦਾ ਪਟਾਰਾ ਪਰੋਸ ਕੇ ਆਪਣੇ 5 ਸਾਲ ਦੀ ਬਜਾਏ 4 ਸਾਲਾਂ ਕਾਰਜਕਾਲ ਚ 100 ਫ਼ੀਸਦ ਆਪਣੀਆਂ ਚੋਣ ਗਾਰੰਟੀਆਂ (ਚੋਣ ਮੈਨੀਫੈਸਟੋ) ਲਾਗੂ ਕਰਨ ਦਾ ਮੀਲ ਪੱਥਰ ਸਥਾਪਿਤ ਕੀਤਾ ਹੈ।ਸ . ਧਾਲੀਵਾਲ ਅੱਜ ਆਪਣੇ ਦਫ਼ਤਰ ਵਿਖੇ ਲੋਕਾਂ ਨੂੰ ਦਰਪੇਸ਼ ਮੁਸ਼ਕਲਾਂ ਦਾ ਮੌਕੇ ਤੇ ਹੱਲ ਕਰਨ ਲਈ ਲਗਾਏ ਗਏ ਜਨਤਾ ਦਰਬਾਰ ਨੂੰ ਸੰਬੋਧਨ ਕਰ ਰਹੇ ਸਨ। ਉਹਨਾਂ ਕਿਹਾ ਸੂਬੇ ਚ ਚੋਣ ਗਰੰਟੀਆਂ, ਚਹੁੰ ਮੁੱਖੀ ਵਿਕਾਸ, ਰੁਜ਼ਗਾਰ ਤੇ ਫਿਰਕੂ ਸਦਭਾਵਨਾ ਦੀ ਮਜ਼ਬੂਤੀ ਦੇ ਨਾਂਅ ਤੇ ਬਦਲਾਅ ਵਜੋਂ ਵੋਟਰਾਂ ਦਾ ਫ਼ਤਵਾ ਹਾਸਲ ਕਰਕੇ ਸਤਾ ਚ ਆਈ ਭਗਵੰਤ ਮਾਨ ਸਰਕਾਰ ਆਪਣੇ ਹਰੇਕ ਚੋਣ ਵਾਅਦੇ ਦਾ ਸਤਿਕਾਰ ਕਰਦੀ ਹੈ, ਜਦੋਂ ਕਿ ਇਸ ਤੋਂ ਪਹਿਲਾਂ ਅਜ਼ਾਦੀ ਪਿੱਛੋਂ ਗੁੰਮਰਾਹਕੁੰਨ ਵਾਅਦਿਆਂ ਨਾਲ ਪੰਜਾਬ ਦੀ ਸੱਤਾ ਤੇ ਕਾਬਜ਼ ਰਹੀਆਂ ਸਾਬਕਾ ਕਾਂਗਰਸ, ਅਕਾਲੀ ਭਾਜਪਾ ਸਰਕਾਰਾਂ ਵਲੋਂ ਆਪਣੇ ਚੋਣ ਵਾਅਦਿਆਂ ਤੋਂ ਕਥਿਤ ਤੌਰ ਤੇ ਭਗੋੜੇ ਹੋਣ ਕਾਰਨ ਵੋਟਰਾਂ ਦਾ ਚੋਣ ਮੈਨੀਫੈਸਟੋ ਤੋਂ ਵਿਸ਼ਵਾਸ਼ ਉੱਠ ਚੁੱਕਾ ਸੀ ਅਤੇ ਵੋਟਰਾਂ ਵੱਲੋਂ ਇਨ੍ਹਾਂ ਰਵਾਇਤੀ ਪਾਰਟੀਆਂ ਦੇ ਚੋਣ ਮੈਨੀਫੈਸਟੋ ਵਿਚਲੇ ਵਾਅਦਿਆਂ ਨੂੰ ਯਕੀਨੀ ਤੌਰ ’ਤੇ ਲਾਗੂ ਕਰਵਾਉਣ ਲਈ ਅਦਾਲਤਾਂ ’ਚ ਗੁਹਾਰ ਲਗਵਾਉਣ ਤੋਂ ਇਲਾਵਾ ਮੈਨੀਫੈਸਟੋ ਲਾਗੂ ਨਾ ਕਰਨ ਵਾਲੀਆਂ ਰਾਜਸੀ ਪਾਰਟੀਆਂ ਦੀ ਮਾਨਤਾ ਨੂੰ ਰੱਦ ਕਰਨ ਲਈ ਕੇਂਦਰੀ ਚੋਣ ਕਮਿਸ਼ਨ ਕੋਲ ਮੰਗ ਉਠਾ ਜਾ ਰਹੀ ਹੈ। ਮੁੱਖ ਮੰਤਰੀ ਸ.ਭਗਵੰਤ ਮਾਨ ਨੇ ਆਪ ਸਰਕਾਰ ਦਾ ਚੋਣ ਮੈਨੀਫੈਸਟੋ ( ਚੋਣ ਗਰੰਟੀਆਂ) 100 ਫ਼ੀਸਦ ਲਾਗੂ ਕਰਕੇ ਪੰਜਾਬ ਦੇ ਵੋਟਰਾਂ ਦਾ ਭਰੋਸਾ ਜਿਤਿਆ ਹੈ ਅਤੇ ਇਨ੍ਹਾਂ ਚੋਣ ਗਰੰਟੀਆਂ ਦੀਆਂ ਪ੍ਰਾਪਤੀਆਂ ਸਣੇ ਅਗਲੇ 5 ਵਰ੍ਹੇ ਲਾਗੂ ਕੀਤੀਆਂ ਜਾਣ ਵਾਲੀਆਂ ਨਵੀਆਂ ਲੋਕ ਪੱਖੀ ਚੋਣ ਗਰੰਟੀਆਂ ਦੇ ਮੁੱਦੇ ਤੇ ਵਰ੍ਹੇ 2027 ਚ ਹੋਣ ਜਾ ਰਹੀਆਂ ਪੰਜਾਬ ਵਿਧਾਨ ਸਭਾ ਚੋਣਾਂ ਚ ਵੋਟਰਾਂ ਦਾ ਫ਼ਤਵਾ ਹਾਸਲ ਕਰਕੇ ਤੇ ਕਾਂਗਰਸ, ਅਕਾਲੀ, ਭਾਜਪਾ ਤੇ ਹੋਰ ਵਿਰੋਧੀ ਰਾਜਸੀ ਪਾਰਟੀਆਂ ਨੂੰ ਚੋਣਾਂ ’ਚ ਸਿਆਸੀ ਤੌਰ ’ਤੇ ਰੋਲ਼ ਕੇ ਦੂਸਰੀ ਵਾਰੀ ਭਗਵੰਤ ਮਾਨ ਸਰਕਾਰ ਲੋਕ ਸੇਵਾ ਲਈ ਸੱਤਾ ’ਚ ਆਏਗੀ।

## ਚੀਫ਼ ਖ਼ਾਲਸਾ ਦੀਵਾਨ ਸਕੂਲਾਂ ਦੇ ਵਿਦਿਆਰਥੀਆਂ ਨੇ ਖੇਡਾਂ ਵਿਚ ਰਾਜ ਪੱਧਰ ’ਤੇ ਕੀਤਾ ਸ਼ਾਨਦਾਰ ਪ੍ਰਦਰਸ਼ਨ



ਅੰਮ੍ਰਿਤਸਰ, 19 ਮਾਰਚ (ਬਬਲੂ ਮਹਾਜਨ) :ਚੀਫ਼ ਖ਼ਾਲਸਾ ਦੀਵਾਨ ਸਕੂਲਾਂ ਦੇ ਪੰਜ ਹੋਣਹਾਰ ਵਿਦਿਆਰਥੀਆਂ ਨੇ ਪੰਜਾਬ ਸਰਕਾਰ ਵੱਲੋਂ ਹਰ ਸਾਲ ਆਯੋਜਿਤ ਕੀਤੀ ਜਾਣ ਵਾਲੀ ਪੰਜਾਬ ਸਟੇਟ ਸਬ—ਜੂਨੀਅਰ (ਅੰਡਰ—14) ਹਾਕੀ ਚੈਂਪੀਅਨਸ਼ਿਪ—2026 ਤਹਿਤ ਰਾਜ ਪੱਧਰ ਤੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਆਪਣੀ ਕਾਬਲੀਅਤ ਦਾ ਲੋਹਾ ਮੰਨਵਾਇਆ। ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਅਬਦਾਲ ਦੇ ਚਾਰ ਵਿਦਿਆਰਥੀ ਜਗਤੇਸ਼ਵਰ ਸਿੰਘ, ਅਭੀਜੀਤ ਸਿੰਘ, ਗੁਰਲਾਲ ਸਿੰਘ, ਸਿਮਰਨਜੀਤ ਕੌਰ ਅਤੇ ਅਟਾਰੀ ਸਕੂਲ ਤੋ ਲਵਿਸ਼ ਵੱਲੋਂ ਜਿਲ੍ਹਾ ਪੱਧਰ ਦੇ ਮੁਕਾਬਲਿਆਂ ਵਿਚ ਹਿੱਸਾ ਲੈ ਕੇ ਜਿੱਤ ਪ੍ਰਾਪਤ ਕਰਨ ਤੋ ਬਾਅਦ ਰਾਜ ਪੱਧਰ ਦੇ ਮੁਕਾਬਲਿਆਂ ਲਈ ਚੁਣੇ ਗਏ ਜਿਥੇ ਉਹਨਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਸੰਸਥਾ ਅਤੇ ਸਕੂਲ ਦਾ ਨਾਮ ਰੌਸ਼ਨ ਕੀਤਾ।ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ ਨੇ ਡਿਪਟੀ ਡਾਇਰੈਕਟਰ ਸਪੋਰਟਸ ਸ੍ਰ.ਦੀਪਇੰਦਰ ਸਿੰਘ ਅਤੇ ਹਾਕੀ ਹੈਡ ਕੋਚ ਸੀ.ਕੇ.ਡੀ ਸਕੂਲਜ਼ ਮਿਸਿਜ਼ ਰਮਨਦੀਪ ਕੌਰ ਅਤੇ ਸਕੂਲ ਕੋਚਾਂ ਦੀ ਅਗਵਾਈ ਹੇਠ ਵਿਦਿਆਰਥੀਆਂ ਦੀ ਮਿਹਨਤ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਉਹਨਾਂ ਨੂੰ ਮੁਬਾਰਕਵਾਦ ਦਿੰਦਿਆਂ ਹੌਂਸਲਾ ਅਫਜਾਈ ਕੀਤੀ। ਉਹਨਾਂ ਨੇ ਕਿਹਾ ਕਿ ਖੇਡਾਂ ਚੀਫ਼ ਖ਼ਾਲਸਾ ਦੀਵਾਨ ਐਜੂਕੇਸ਼ਨ ਸਿਸਟਮ ਦਾ ਅਭਿੰਨ ਅੰਗ ਹਨ। ਉਹਨਾਂ ਨੇ ਆਸ ਕੀਤੀ ਕਿ ਇਹ ਹੋਣਹਾਰ ਵਿਦਿਆਰਥੀ ਆਉਣ ਵਾਲੇ ਨੈਸ਼ਨਲ ਪੱਧਰ ਦੇ ਮੁਕਾਬਲਿਆਂ ਵਿਚ ਵੀ ਆਪਣੀ ਵੱਖਰੀ ਪਹਿਚਾਣ ਬਣਾਉਣ ਵਿਚ ਕਾਮਯਾਬ ਰਹਿਣਗੇ।ਆਨਰੇਰੀ ਸਕੱਤਰ ਸ੍ਰ.ਸਵਿੰਦਰ ਸਿੰਘ ਕੱਥੂਨੰਗਲ ਅਤੇ ਸ੍ਰ.ਰਮਨੀਕ ਸਿੰਘ ਨੇ ਖੁਸ਼ੀ ਪ੍ਰਗਟ ਕਰਦਿਆਂ ਦੱਸਿਆ ਕਿ ਦੀਵਾਨ ਸਕੂਲਾਂ ਵਿੱਚ ਖੇਡਾਂ ਨੂੰ ਪ੍ਰਫੁਲਿਤ ਕਰਨ ਤਹਿਤ ਆਧੁਨਿਕ ਖੇਡ ਮੈਦਾਨਾਂ ਦਾ ਨਿਰਮਾਣ, ਅੰਤਰ—ਰਾਸ਼ਟਰੀ ਤੇ ਰਾਸ਼ਟਰੀ ਪੱਧਰ ਦੀਆਂ ਸੁਵਿਧਾਵਾਂ ਦੀ ਉਪਲਬਧਤਾ ਅਤੇ ਖਿਡਾਰੀਆਂ ਲਈ ਆਧੁਨਿਕ ਖੇਡ ਸਮੱਗਰੀ ਸਪਲਾਈ ਕੀਤੀ ਜਾ ਰਹੀ ਹੈ ਅਤੇ ਇਸਦੇ ਨਾਲ ਹੀ ਨਵੀਆਂ ਖੇਡਾਂ ਜਿਵੇਂ ਪਿੱਕਲ ਬਾਲ ਅਤੇ ਬਾਕਸ ਕ੍ਰਿਕਟ ਵੀ ਸ਼ੁਰੂ ਕੀਤੇ ਗਏ ਹਨ ਤਾਂ ਜੋ ਵਿਦਿਆਰਥੀਆਂ ਨੂੰ ਆਪਣੀ ਯੋਗਤਾ ਅਤੇ ਦਿਲਚਸਪੀ ਅਨੁਸਾਰ ਵੱਖ—ਵੱਖ ਖੇਡਾਂ ਵਿਚ ਆਪਣੀ ਪ੍ਰਤਿਭਾ ਦਿਖਾਉਣ ਲਈ ਵੱਧ ਤੋ ਵੱਧ ਮੌਕੇ ਮਿਲ ਸਕਣ। ਇਸ ਮੌਕੇ ਹਾਜ਼ਰ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ, ਆਨਰੇਰੀ ਸਕੱਤਰ ਸ੍ਰ.ਰਮਨੀਕ ਸਿੰਘ ਤੋ ਇਲਾਵਾ ਐਡੀ.ਆਨਰੇਰੀ ਸਕੱਤਰ ਸ੍ਰ.ਜਸਪਾਲ ਸਿੰਘ ਢਿੱਲੋਂ, ਐਡੀ.ਆਨਰੇਰੀ ਸਕੱਤਰ/ਮੁੱਖ ਦਫ਼ਤਰ ਮੈਂਬਰ ਇੰਚਾਰਜ ਸ੍ਰ.ਹਰਵਿੰਦਰ ਪਾਲ ਸਿੰਘ ਚੁੱਘ, ਡਾ.ਆਤਮਜੀਤ ਸਿੰਘ ਬਸਰਾ, ਸ੍ਰ.ਆਦਰਸ਼ਪਿੰਦਰ ਸਿੰਘ ਮਾਨ, ਸ੍ਰ.ਤਰਲੋਚਨ ਸਿੰਘ, ਸ੍ਰ.ਗੁਰਭੇਜ ਸਿੰਘ, ਸ੍ਰ.ਮਨਪ੍ਰੀਤ ਸਿੰਘ, ਡਿਪਟੀ ਡਾਇਰੈਕਟਰ ਸਪੋਰਟਸ ਸ੍ਰ.ਦੀਪਇੰਦਰ ਸਿੰਘ, ਹਾਕੀ ਹੈਡ ਕੋਚ ਮਿਸਿਜ਼ ਰਮਨਦੀਪ ਕੌਰ, ਸਕੂਲਜ਼ ਕੋਚ ਸ੍ਰ.ਹਰਜਿੰਦਰ ਸਿੰਘ, ਸ੍ਰ.ਮਨਪ੍ਰੀਤ ਸਿੰਘ ਅਤੇ ਜੇਤੂ ਵਿਦਿਆਰਥੀ ਹਾਜ਼ਰ ਸਨ।

## ਆਸ਼ਾ ਵਰਕਰਾਂ ਵੱਲੋਂ ਰੋਸ ਪ੍ਰਦਰਸ਼ਨ ਸਰਕਾਰ ਵਿਰੁੱਧ ਨਾਅਰੇਬਾਜ਼ੀ




ਖਡੂਰ ਸਾਹਿਬ, 19 ਮਾਰਚ (ਸਰਬਜੀਤ ਸਿੰਘ ਮੀਆਂਵਿੰਡ) :ਸਾਂਝਾ ਮੋਰਚਾ ਆਲ ਇੰਡੀਆ ਆਸ਼ਾ ਵਰਕਰ ਫੈਸਿਲਿਟੇਟਰ ਯੂਨੀਅਨ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਮੀਆਂਵਿੰਡ ਦੇ ਹਸਪਤਾਲ ਵਿਖੇ ਇਕੱਠੇ ਹੋ ਕੇ ਰੋਸ ਪ੍ਰਦਰਸ਼ਨ ਕਰਦਿਆਂ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ। ਇਸ ਮੌਕੇ ਗੱਲਬਾਤ ਕਰਦਿਆਂ ਬਲਜੀਤ ਕੌਰ ਪ੍ਰਧਾਨ, ਕੁਲਵੰਤ ਕੌਰ,ਸੁਖਜੀਤ ਕੌਰ, ਸੁਖਜੀਤ ਕੌਰ ਗੋਇੰਦਵਾਲ, ਆਦਿ ਆਗੂਆਂ ਨੇ ਕਿਹਾ ਕਿ ਉਹ ਸੂਬਾ ਸਰਕਾਰ ਵੱਲੋਂ ਸ਼ੁਰੂ ਕੀਤੀ ਸਿਹਤ ਬੀਮਾ ਯੋਜਨਾ ਤਹਿਤ 10 ਲੱਖ ਵਾਲੇ ਕਾਰਡ ਬਣਾ ਕਿ ਇਸ ਸਕੀਮ ਦਾ ਲਾਭ ਲੋਕਾਂ ਨੂੰ ਘਰ-ਘਰ ਜਾ ਕਿ ਪ੍ਰੇਰਿਤ ਕਰ ਰਹੇ ਹਾ। ਇਸ ਲਈ ਸਾਨੂੰ ਲੋਕਾਂ ਦੀਆ ਬਹੁਤ ਗੱਲਾਂ ਵੀ ਸੁਣਨ ਨੂੰ ਮਜਬੂਰ ਹੋਣਾ ਪੈਦਾ ਹੈ। ਇਸ ਲਈ ਸਾਨੂੰ ਬਹੁਤ ਘੱਟ ਪੈਸੇ ਮਿਲ ਰਹੇ ਹਨ। ਉਨ੍ਹਾਂ ਕਿਹਾ ਕਿ ਉਪਰੋ ਸਾਡੇ ਕੋਲੋਂ ਇੱਕ ਦਿਨ ਦੇ ਵਿੱਚ ਤਿੰਨ ਵਾਰ ਰਿਪੋਰਟ ਮੰਗੀ ਜਾਂਦੀ ਹੈ। ਇਸ ਲਈ ਸਾਡੀ ਬਣਦੀ ਮਿਹਨਤ ਦੇ ਬਦਲੇ ਸਰਕਾਰ ਸਾਨੂੰ ਕੁਝ ਦੇ ਨਹੀਂ ਰਹੀ।ਉਨ੍ਹਾਂ ਕਿਹਾ ਕਿ ਕਈ ਵਾਰ ਇ ਸਾਡੀ ਖ਼ਤਮ ਹੋਣ ਉਪਰੰਤ ਵੀ ਬੁਲਾ ਜਾਂਦਾ ਹੈ। ਹਰ ਮਹੀਨੇ ਮਿਲਦੇ 2500 ਰੁਪਏ ਬਹੁਤ ਘੱਟ ਤਾਂ ਹੈ ਪਰ ਉਹ ਵੀ ਮਹੀਨੇ ਬਾਅਦ ਨਹੀਂ ਮਿਲਦੇ। ਉਨ੍ਹਾਂ ਕਿਹਾ ਕਿ ਇਸ ਲਈ ਸਰਕਾਰ ਪਾਸੋ ਬਹੁਤ ਆਸ ਰੱਖੀ ਸੀ। ਪਰ ਲੰਮਾ ਸਮਾਂ ਬੀਤਣ ਦੇ ਬਾਵਜੂਦ ਵੀ ਸਾਡੀਆਂ ਮੰਗਾ ਦਾ ਕੋਈ ਹੱਲ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਆਸ਼ਾ ਵਰਕਰ ਦੀ ਸੇਵਾ ਮੁਕਤੀ ਪਹਿਲਾ 58 ਸਾਲ ਸੀ ਹੁਣ ਪਹਿਲਾਂ ਹੁਣ 62 ਸਾਲ ਹੈ।ਪਰ ਦੁੱਖ ਦੀ ਗੱਲ ਹੈ ਕਿ ਜੋ ਆਸ਼ਾ ਵਰਕਰ ਇਸ ਉਮਰ ਸੇਵਾ ਮੁਕਤ ਹੋ ਗਈਆਂ ਹਨ ਉਹਨਾਂ ਨੂੰ ਵੀ ਕੁਝ ਨਹੀਂ ਮਿਲਿਆ। ਉਨ੍ਹਾਂ ਕਿਹਾ ਕਿ ਇਹ ਬੜੇ ਦੁੱਖ ਦੀ ਗੱਲ ਹੈ ਕਿ ਸਾਨੂੰ ਵੀ ਕੁਛ ਨਹੀਂ ਮਿਲਣ ਵਾਲਾ। ਉਨ੍ਹਾਂ ਅੱਗੇ ਕਿਹਾ ਕਿ ਸਰਕਾਰ ਬਣਨ ਤੋਂ ਪਹਿਲਾ ਸਾਡੇ ਨਾਲ ਇਹ ਵਾਅਦਾ ਕੀਤਾ ਸੀ ਕਿ ਸਰਕਾਰ ਬਣਨ ਤੇ ਤੁਹਾਡੀ ਤਨਖਾਹ ਦੁੱਗਣੀ ਕਰਾਂਗੇ।ਉਨ੍ਹਾਂ ਕਿਹਾ ਕਿ ਪਿਛਲੀ ਸਰਕਾਰ ਵੱਲੋ ਹੀ ਸਾਡੇ ਮਾਨਦੇਹ ਵਿੱਚ ਵਾਧਾ ਕੀਤਾ ਗਿਆ ਸੀ। ਆਗੂਆਂ ਕਿਹਾ ਕਿ ਉਨ੍ਹਾਂ ਕਰੋਨਾ ਕਾਲ ਵਿੱਚ ਵੀ ਬਹੁਤ ਵਧੀਆ ਕੰਮ ਕੀਤਾ। ਦੌਰਾਨ ਕਈ ਲੜਕੀਆਂ ਨੇ ਆਪਣੀ ਜਾਨ ਵੀ ਗੁਆਈ।ਇਸ ਨੂੰ ਵੀ ਸਰਕਾਰ ਵੱਲੋ ਅਣਦੇਖਾ ਕੀਤਾ ਗਿਆ। ਉਨ੍ਹਾਂ ਕਿਹਾ ਕਿ ਅਸੀਂ ਬਾਰ-ਬਾਰ ਸੜਕਾਂ ਤੇ ਬਹਿਣਾ ਸਾਡੀ ਇੱਕ ਮਜਬੂਰੀ ਬਣ ਗਿਆ ਹੈ। ਮੰਗਾ ਸਬੰਧੀ ਕਈ ਵਾਰ ਉੱਚ ਅਧਿਕਾਰੀ ਨੂੰ ਮੰਗ ਪੱਤਰ ਵੀ ਦਿੱਤੇ ਗਏ ਅਤੇ ਉਹਨਾਂ ਨਾਲ ਮੀਟਿੰਗਾਂ ਵੀ ਕੀਤੀਆਂ ਗਈਆਂ ਪਰ ਕੁਝ ਵੀ ਮਸਲੇ ਦਾ ਹੱਲ ਨਹੀਂ ਹੋਇਆ। ਇਸ ਲਈ 16 ਮਾਰਚ ਤੋਂ 28 ਮਾਰਚ ਤੱਕ ਕਲਮ ਛੋੜ ਹੜਤਾਲ ਕੀਤੀ ਜਾ ਰਹੀ ਹੈ,ਜਿਸ ਬਾਰੇ ਲਿਖਤੀ ਤੌਰ ਤੇ ਪ੍ਰਸ਼ਾਸਨ ਨੂੰ ਜਾਣਕਾਰੀ ਦਿੱਤੀ ਜਾ ਚੁੱਕੀ ਹੈ। ਇਸ ਮੌਕੇ ਉਨ੍ਹਾਂ ਸ਼ਾਂਤਮਈ ਧਰਨੇ ਤੇ ਬੈਠੀਆਂ ਮਹਿਲਾ ਅਧਿਆਪਕਾਂ, ਆਸ਼ਾ ਵਰਕਰ ਤੇ ਪਾਣੀ ਦੀਆਂ ਬੁਛਾਰਾਂ ਕਰਨ ਦੀ ਸਖਤ ਨਿੰਦਿਆ ਕੀਤੀ। ਉਹਨਾਂ ਕਿਹਾ ਕਿ ਜੇਕਰ ਹੁਣ ਵੀ ਸਰਕਾਰ ਨੇ ਸਾਡੀਆਂ ਮੰਗਾਂ ਵੱਲ ਕੋਈ ਧਿਆਨ ਨਾ ਦਿੱਤਾ ਤੇ ਆਉਣ ਵਾਲੇ ਸਮੇਂ ਦੇ ਵਿੱਚ ਸੰਘਰਸ਼ ਨੂੰ ਹੋਰ ਵੀ ਤਿੱਖਾ ਕੀਤਾ ਜਾਵੇਗਾ। ਇਸ ਮੌਕੇ ਕਵਲਜੀਤ ਕੌਰ,ਰਵਿੰਦਰ ਕੌਰ, ਗੁਰਮੀਤ ਕੌਰ,ਜਸਬੀਰ ਕੌਰ, ਸੁਮਨਪ੍ਰੀਤ ਕੌਰ, ਸੁਰਿੰਦਰ ਕੌਰ ਕੁਲਵੰਤ ਕੌਰ ਸੁਖਜੀਤ ਕੌਰ ਸੁਪਰਵਾਈਜ਼ਰ ਜਸਬੀਰ ਕੌਰ ਸੁਖਜੀਤ ਕੌਰ ਗੋਇੰਦਵਾਲ ਸਾਹਿਬ ਕਵਲਜੀਤ ਕੌਰ ਸੁਪਰਵਾਈਜ਼ਰ ਜਸਬੀਰ ਕੌਰ ਮੀਆਂ ਵਿੰਡ ਕਸ਼ਮੀਰ ਕੌਰ ਮੀਆਂ ਵਿੰਡ ਗੁਰਮੀਤ ਕੌਰ ਮੀਆਂ ਪਿੰਡ ਸੁਮਨ ਪ੍ਰੀਤ ਕੌਰ ਸੁਰਿੰਦਰ ਕੌਰ ਰਾਜਵਿੰਦਰ ਕੌਰ ਮਨਪ੍ਰੀਤ ਕੌਰ ਦੀਨੇਵਾਲ ਰਾਜਵਿੰਦਰ ਕੌਰ ਗੁਰ ਬਿੰਦਰ ਕੌਰ ਸੁਖਵਿੰਦਰ ਕੌਰ ਰਾਜਵੰਤ ਕੌਰ ਆਦਿ।

## ਮਥਰੇਵਾਲ ਨੇ ਸੰਭਾਲੀ ਸ਼੍ਰੋਮਣੀ ਕਮੇਟੀ ਦੇ ਸੈਕਸ਼ਨ 85 ਦੇ ਸਕੱਤਰ ਵਜੋਂ ਜ਼ਿੰਮੇਵਾਰੀ



ਅੰਮ੍ਰਿਤਸਰ, 19 ਮਾਰਚ ( ਬਬਲੂ ਮਹਾਜਨ) :ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਪੰਥਕ ਸੇਵਾਵਾਂ ਨੂੰ ਮੁੱਖ ਰੱਖਦਿਆਂ ਸਰਦਾਰ ਗੁਰਿੰਦਰ ਸਿੰਘ ਮਥਰੇਵਾਲ ਨੂੰ ਵੱਡੀ ਜਿੰਮੇਵਾਰੀ ਸੌਂਪੀ ਗਈ ਹੈ। ਸ. ਮਥਰੇਵਾਲ ਨੇ ਅੱਜ ਬਤੌਰ ਸਕੱਤਰ (ਸੈਕਸ਼ਨ 85) ਵਜੋਂ ਆਪਣਾ ਅਹੁਦਾ ਸੰਭਾਲ ਲਿਆ ਹੈ। ਇਸ ਮੌਕੇ ਉਨ੍ਹਾਂ ਨੇ ਗੁਰੂ ਸਾਹਿਬ ਦਾ ਸ਼ੁਕਰਾਨਾ ਕਰਦਿਆਂ ਆਪਣੀ ਨਿਯੁਕਤੀ ਨੂੰ ਗੁਰੂ ਰਾਮਦਾਸ ਪਾਤਸ਼ਾਹ ਦੀ ਅਪਾਰ ਬਖਸ਼ਿਸ਼ ਅਤੇ ਰਹਿਮਤ ਦਾ ਨਤੀਜਾ ਦੱਸਿਆ।ਆਪਣੇ ਸੰਬੋਧਨ ਵਿੱਚ ਸ. ਮਥਰੇਵਾਲ ਨੇ ਕਿਹਾ ਕਿ ਉਹ ਲੰਬੇ ਸਮੇਂ ਤੋਂ ਸੈਕਸ਼ਨ 85 ਵਿੱਚ ਬਤੌਰ ਮੀਤ ਸਕੱਤਰ ਅਤੇ ਵਧੀਕ ਸਕੱਤਰ ਵਜੋਂ ਸੇਵਾਵਾਂ ਨਿਭਾਉਂਦੇ ਆ ਰਹੇ ਹਨ। ਉਨ੍ਹਾਂ ਕਿਹਾ ਕਿ ਮਾਨਯੋਗ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਉਨ੍ਹਾਂ ਦੀਆਂ ਪਿਛਲੀਆਂ ਸੇਵਾਵਾਂ ’ਤੇ ਭਰੋਸਾ ਜਤਾਉਂਦਿਆਂ ਹੁਣ ਉਨ੍ਹਾਂ ਨੂੰ ਸਕੱਤਰ ਦੀ ਵੱਡੀ ਜਿੰਮੇਵਾਰੀ ਬਖਸ਼ੀ ਹੈ। ਉਨ੍ਹਾਂ ਭਾਵੁਕ ਹੁੰਦਿਆਂ ਕਿਹਾ ਕਿ ਉਹ ਗੁਰੂ ਚਰਨਾਂ ਵਿੱਚ ਅਰਦਾਸ ਕਰਦੇ ਹਨ ਕਿ ਸੱਚੇ ਪਾਤਸ਼ਾਹ ਉਨ੍ਹਾਂ ਦੇ ਸਿਰ ’ਤੇ ਮਿਹਰ ਭਰਿਆ ਹੱਥ ਰੱਖਣ ਤਾਂ ਜੋ ਉਹ ਇਸ ਜਿੰਮੇਵਾਰੀ ਨੂੰ ਬਿਨਾਂ ਕਿਸੇ ਕਮੀ ਦੇ ਨਿਭਾ ਸਕਣ।ਸੈਕਸ਼ਨ 85 ਦੇ ਅਧੀਨ ਆਉਂਦੇ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਾਂ ਬਾਰੇ ਗੱਲ ਕਰਦਿਆਂ ਨਵ-ਨਿਯੁਕਤ ਸਕੱਤਰ ਨੇ ਕਿਹਾ ਕਿ ਹਾਲਾਂਕਿ ਸਾਰੇ ਕਾਰਜ ਪਹਿਲਾਂ ਹੀ ਬਹੁਤ ਵਧੀਆ ਅਤੇ ਪਾਰਦਰਸ਼ੀ ਢੰਗ ਨਾਲ ਚੱਲ ਰਹੇ ਹਨ, ਪਰ ਜਦੋਂ ਵੀ ਪ੍ਰਬੰਧ ਵਿੱਚ ਕੋਈ ਤਬਦੀਲੀ ਹੁੰਦੀ ਹੈ, ਤਾਂ ਸੰਗਤਾਂ ਅਤੇ ਉੱਚ ਅਧਿਕਾਰੀਆਂ ਦੀਆਂ ਉਮੀਦਾਂ ਵਧ ਜਾਂਦੀਆਂ ਹਨ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਉਹ ਗੁਰੂ ਘਰਾਂ ਦੇ ਪ੍ਰਬੰਧਾਂ ਨੂੰ ਹੋਰ ਵਧੇਰੇ ਸੁਚੱਜੇ, ਪਾਰਦਰਸ਼ੀ ਅਤੇ ਸੰਗਤਾਂ ਦੀਆਂ ਭਾਵਨਾਵਾਂ ਅਨੁਸਾਰ ਚਲਾਉਣ ਲਈ ਵਚਨਬੱਧ ਰਹਿਣਗੇ।ਉਨ੍ਹਾਂ ਅੰਤ ਵਿੱਚ ਕਿਹਾ ਕਿ ਪੰਥਕ ਅਤੇ ਸੰਸਥਾ ਦੇ ਕਾਰਜ ਬਹੁਤ ਵੱਡੇ ਹੁੰਦੇ ਹਨ ਅਤੇ ਇਹ ਗੁਰੂ ਸਾਹਿਬ ਦੀ ਕਿਰਪਾ ਤੋਂ ਬਿਨਾਂ ਪੂਰੇ ਨਹੀਂ ਹੋ ਸਕਦੇ। ਉਹ ਇਕ ਨਿਮਾਣੇ ਸੇਵਕ ਵਜੋਂ ਦਿਨ-ਰਾਤ ਮਿਹਨਤ ਕਰਕੇ ਪ੍ਰਧਾਨ ਜੀ ਵੱਲੋਂ ਜਤਾਏ ਗਏ ਭਰੋਸੇ ’ਤੇ ਖ਼ਰਾ ਉਤਰਨ ਦੀ ਕੋਸ਼ਿਸ਼ ਕਰਨਗੇ।

# ਖਬਰਾਂ ਦਾ ਹੋਇਆ ਅਸਰ, ਪ੍ਰਸ਼ਾਸਨ ਨੂੰ ਆਈ ਜਾਗ

ਭੋਗਪੁਰ, 19 ਮਾਰਚ (ਜੰਡੀਰ ਸੈਣੀ): ਦੋ ਸਾਲ ਤੋਂ ਪਹਿਲੇ ਦੀ ਬਿਨਪਾਲਕੇ ਸਕੂਲ ਨਾਲ ਹਾਈ ਵੋਲਟੇਜ ਕੇਵਲ ਲਮਕ ਰਹੀ ਸੀ। ਵਾਰ-ਵਾਰ ਚੜ੍ਹਦੀਕਲਾ 'ਤੇ ਖਬਰਾਂ ਚੱਲੀਆਂ ਤੇ ਅੱਜ ਸੁੱਤੇ ਹੋਏ ਬਿਜਲੀ ਅਧਿਕਾਰੀਆਂ ਨੂੰ ਜਾਗ ਆ ਗਈ ਹੈ ਤੇ ਸਾਡੀਆਂ ਖਬਰਾਂ ਦਾ ਅਸਰ ਹੁੰਦਾ ਨਜ਼ਰ ਆਇਆ। ਲੰਬੇ ਸਮੇਂ ਤੋਂ ਹਾਈ ਵੋਲਟੇਜ ਕੇਬਲ ਧਰਤੀ ਨਾਲ ਲੱਗੀ ਹੋਈ ਸੀ ਤੇ ਕਈ ਵਾਰ ਲੋਕਾਂ ਦੇ ਨੁਕਸਾਨ ਵੀ ਹੋਏ। ਪਾਵਰਕਾਮ ਅਧਿਕਾਰੀਆਂ ਨੂੰ ਜਾਗ ਨਹੀਂ ਆਈ, ਬਾਰ-ਬਾਰ ਖਬਰਾਂ ਚੱਲੀਆਂ ਤੇ ਅੱਜ ਪਿੰਡ ਬਿਨਪਾਲਕੇ ਸਕੂਲ ਦੇ ਨਾਲ ਹਾਈ ਵੋਲਟੇਜ ਕੇਬਲ ਨੂੰ ਉਪਰ ਚੱਕਣ ਲਈ ਤਿੰਨ ਟਾਵਰ ਲਗਾਉਣ ਦੀ ਸ਼ੁਰੂਆਤ ਕੀਤੀ ਗਈ ਤੇ ਟਾਵਰ ਗੱਡ ਦਿੱਤੇ ਗਏ। ਅਧਿਕਾਰੀਆਂ ਨੇ ਦੱਸਿਆ ਕਿ ਬਹੁਤ ਜਲਦ ਕੇਬਲ ਤਾਰਾਂ ਉਪਰ ਚੁੱਕ ਦਿੱਤੀਆਂ ਜਾਣਗੀਆਂ।



# ਸੰਤ ਸੀਚੇਵਾਲ ਵੱਲੋਂ ਰਾਜ ਸਭਾ 'ਚ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਰੋਕਣ ਲਈ ਸਖ਼ਤ ਕਾਨੂੰਨ ਦੀ ਮੰਗ

## ☛ਬਰਗਾੜੀ ਤੇ ਨਕੋਦਰ ਕਾਂਡ ਦਾ ਜ਼ਿਕਰ, ਸਮਾਣਾ ਮੋਰਚੇ ਦੀ ਵੀ ਉਠਾਈ ਆਵਾਜ਼

ਨਵੀਂ ਦਿੱਲੀ, 19 ਮਾਰਚ (ਚ.ਨ.ਸ): ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਮੱਦੇਨਜ਼ਰ ਰੱਖਦਿਆਂ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਸਦਨ ਵਿੱਚ ਸਪੈਸ਼ਲ ਮੈਨਸ਼ਨ ਦੌਰਾਨ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਦੇ ਮਾਮਲਿਆਂ 'ਤੇ ਗੰਭੀਰ ਚਿੰਤਾ ਪ੍ਰਗਟਾਈ, ਜਿਸਨੂੰ ਰਾਜ ਸਭਾ ਵੱਲੋਂ ਸਵੀਕਾਰ ਕਰ ਲਿਆ ਗਿਆ। ਉਨ੍ਹਾਂ ਨੇ ਕੇਂਦਰ ਸਰਕਾਰ ਕੋਲੋਂ ਮੰਗ ਕੀਤੀ ਕਿ ਦੇਸ਼ ਭਰ ਵਿੱਚ ਪਵਿੱਤਰ ਗ੍ਰੰਥਾਂ ਦੀ ਬੇਅਦਬੀ ਨੂੰ ਰੋਕਣ ਲਈ ਇੱਕ ਸਖ਼ਤ ਤੇ ਪ੍ਰਭਾਵਸ਼ਾਲੀ ਕਾਨੂੰਨ ਬਣਾਇਆ ਜਾਵੇ ਤਾਂ ਜੋ ਭਵਿੱਖ ਵਿੱਚ ਕੋਈ ਵੀ ਅਜਿਹੀ ਹਰਕਤ ਕਰਨ ਦੀ ਹਿੰਮਤ ਨਾ ਕਰ ਸਕੇ। ਸੰਤ ਸੀਚੇਵਾਲ ਨੇ ਸਦਨ ਨੂੰ ਦੱਸਿਆ ਕਿ ਭਾਰਤ ਵਿੱਚ ਅਜਿਹੀਆਂ ਘਟਨਾਵਾਂ ਦੇ ਸਪੱਸ਼ਟ ਰਾਸ਼ਟਰੀ ਅੰਕੜੇ ਮੌਜੂਦ ਨਹੀਂ ਹਨ, ਪਰ ਵੱਖ-ਵੱਖ ਸਰੋਤਾਂ ਮੁਤਾਬਿਕ ਹਰ ਸਾਲ ਸੈਂਕੜਿਆਂ ਕੇਸ ਸਾਹਮਣੇ ਆ ਰਹੇ ਹਨ ਜੋ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਂਦੇ ਹਨ। ਉਨ੍ਹਾਂ ਨੇ ਪੰਜਾਬ ਦੇ 2015 ਦੇ ਬਰਗਾੜੀ ਬੇਅਦਬੀ ਕਾਂਡ ਤੇ 1986 ਦੇ ਨਕੋਦਰ ਮਾਮਲੇ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਨ੍ਹਾਂ ਘਟਨਾਵਾਂ ਨੇ ਅੱਜ ਵੀ ਸਿੱਖ ਸੰਗਤ ਦੇ ਮਨਾਂ ਵਿੱਚ ਡੂੰਘਾ ਰੋਸ ਪੈਦਾ ਕੀਤਾ ਹੋਇਆ ਹੈ। ਇਸ ਦੇ ਨਾਲ ਹੀ ਉਨ੍ਹਾਂ ਸਮਾਣਾ ਵਿੱਚ ਚੱਲ ਰਹੇ ਮੋਰਚੇ ਦੀ ਵੀ ਗੱਲ ਕੀਤੀ, ਜਿੱਥੇ ਲੋਕ ਧਾਰਮਿਕ ਗ੍ਰੰਥਾਂ ਦੀ ਸੁਰੱਖਿਆ ਲਈ ਸਖ਼ਤ ਕਾਨੂੰਨ ਦੀ ਮੰਗ ਕਰ ਰਹੇ ਹਨ। ਸੰਤ ਸੀਚੇਵਾਲ ਨੇ ਜ਼ੋਰ ਦੇ ਕੇ ਕਿਹਾ ਕਿ ਧਾਰਮਿਕ ਗ੍ਰੰਥ ਸਿਰਫ ਕਿਤਾਬਾਂ ਨਹੀਂ, ਸਗੋਂ ਆਤਮਿਕ ਮਾਰਗਦਰਸ਼ਕ ਹੁੰਦੇ ਹਨ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਿੱਖ ਧਰਮ ਵਿੱਚ ਜਿਉਂਦੀ ਜੋਤ ਵਜੋਂ ਮੰਨਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਘਟਨਾਵਾਂ ਨਾ ਸਿਰਫ ਮਨੁੱਖਤਾ ਨੂੰ ਸ਼ਰਮਸਾਰ ਕਰਦੀਆਂ ਹਨ, ਸਗੋਂ ਕਾਨੂੰਨ-ਵਿਵਸਥਾ ਤੇ ਸਰਕਾਰਾਂ ਦੀ ਕਾਰਗੁਜ਼ਾਰੀ 'ਤੇ ਵੀ ਗੰਭੀਰ ਸਵਾਲ ਖੜ੍ਹੇ ਕਰਦੀਆਂ ਹਨ। ਸੰਤ ਸੀਚੇਵਾਲ ਨੇ ਮੰਗ ਕੀਤੀ ਕਿ ਮਾਮਲਿਆਂ ਦੀ ਸੱਚਾਈ ਸਾਹਮਣੇ ਲਿਆਉਣ ਲਈ ਇੱਕ ਵਿਸ਼ੇਸ਼ ਜਾਂਚ ਟੀਮ ਦਾ ਗਠਨ ਕੀਤਾ ਜਾਵੇ, ਜੋ ਨਿਰਪੱਖ ਤੇ ਤੇਜ਼ੀ ਨਾਲ ਜਾਂਚ ਕਰਕੇ ਦੋਸ਼ੀਆਂ ਦੀ ਪਛਾਣ ਕਰੇ ਤੇ ਉਨ੍ਹਾਂ ਨੂੰ ਸਖ਼ਤ ਸਜ਼ਾ ਦਿੱਤੀ ਜਾਵੇ।



# ਹੋਟਲ ਦਾ ਹਿੱਸਾ ਢਾਹੁਣ ਦੀ ਕਾਰਵਾਈ ਦਾ ਵਿਰੋਧ

ਜਲੰਧਰ, 19 ਮਾਰਚ (ਚ.ਨ.ਸ): ਇਥੋਂ ਦੇ ਸਿਵਲ ਲਾਈਨਜ਼ ਦੇ ਹੋਟਲ ਪਾਰਕ ਪਲਾਜ਼ਾ ਦੇ ਇੱਕ ਹਿੱਸੇ ਨੂੰ ਢਾਹ ਦਿੱਤੇ ਜਾਣ ਤੋਂ ਬਾਅਦ ਸਥਿਤੀ ਤਣਾਅਪੂਰਨ ਹੋ ਗਈ। ਪ੍ਰਦਰਸ਼ਨਕਾਰੀ ਭਾਜਪਾ ਆਗੂਆਂ ਜਿਨ੍ਹਾਂ ਵਿੱਚ ਸਾਬਕਾ ਸੰਸਦ ਮੈਂਬਰ ਸੁਸ਼ੀਲ ਕੁਮਾਰ ਰਿੰਕੂ, ਸੀਨੀਅਰ ਨੇਤਾ ਮਨੋਰੰਜਨ ਕਾਲੀਆ ਤੇ ਸਾਬਕਾ ਵਿਧਾਇਕ ਸ਼ੀਤਲ ਅੰਗੁਰਾਲ ਸ਼ਾਮਲ ਸਨ, ਨੂੰ ਸਵੇਰੇ ਸੈਸ਼ਨ ਕੋਰਟ ਵਿੱਚ ਪੇਸ਼ ਕੀਤਾ ਗਿਆ ਜਿੱਥੋਂ ਸਾਰੇ 30 ਆਗੂਆਂ ਨੂੰ ਜ਼ਮਾਨਤ ਦੇ ਦਿੱਤੀ ਗਈ। ਇਸ ਮਗਰੋਂ ਜਦੋਂ ਭਾਜਪਾ ਕਾਰਕੁੰਨ ਆਗੂਆਂ ਨੂੰ ਮਿਲਣ ਲਈ ਅਦਾਲਤ ਵੱਲ ਵਧੇ, ਪੁਲਿਸ ਨੇ ਉਨ੍ਹਾਂ ਨੂੰ ਰੋਕ ਲਿਆ ਜਿਸ ਕਾਰਨ ਪੁਲਿਸ ਨਾਲ ਝੜੱਪ ਹੋ ਗਈ। ਇਸ ਤੋਂ ਪਹਿਲਾਂ ਭਾਜਪਾ ਦੇ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਤੇ ਸਾਬਕਾ ਵਿਧਾਇਕ ਕੇਡੀ ਭੰਡਾਰੀ ਸਮੇਤ ਭਾਜਪਾ ਆਗੂਆਂ ਨੇ ਕੋਰਟ ਰੋਡ 'ਤੇ ਧਰਨਾ ਦਿੱਤਾ ਤੇ ਸੜਕ ਜਾਮ ਕਰ ਦਿੱਤੀ। ਪ੍ਰਦਰਸ਼ਨਕਾਰੀਆਂ ਨੂੰ ਰੋਕਣ ਲਈ ਭਾਰੀ ਪੁਲਿਸ ਫੋਰਸ ਤਾਇਨਾਤ ਕੀਤੀ ਗਈ, ਜਦੋਂ ਕਿ ਆਵਾਜਾਈ ਨੂੰ ਹੋਰ ਰਸਤਿਆਂ ਵੱਲ ਮੋੜ ਦਿੱਤਾ ਗਿਆ ਸੀ। ਜਾਣਕਾਰੀ ਅਨੁਸਾਰ ਕੱਲ੍ਹ ਨਗਰ ਨਿਗਮ ਦੀ ਟੀਮ ਨੇ ਅਦਾਲਤ ਦਾ ਹੁਕਮ ਮਿਲਣ ਤੋਂ ਤੁਰੰਤ ਬਾਅਦ ਸ਼ਾਮ 6.30 ਵਜੇ ਦੇ ਕਰੀਬ ਹੋਟਲ ਪਾਰਕ ਪਲਾਜ਼ਾ ਵਿਖੇ ਇੱਕ ਜੇਸੀਬੀ ਮਸ਼ੀਨ ਤਾਇਨਾਤ ਕੀਤੀ। ਨਗਰ ਨਿਗਮ ਵੱਲੋਂ ਹੋਟਲ ਦੇ ਕੁਝ ਹਿੱਸਿਆਂ ਨੂੰ ਗੈਰ-ਕਾਨੂੰਨੀ ਐਲਾਨੇ ਜਾਣ ਕਾਰਨ ਹੋਟਲ ਦੇ ਸਾਹਮਣੇ ਵਾਲੀ ਬਾਲਕੋਨੀ ਤੇ ਦੋ ਥੰਮ੍ਹਾਂ ਨੂੰ ਢਾਹ ਦਿੱਤਾ ਗਿਆ। ਭਾਜਪਾ ਦੇ ਸੂਬਾ ਪ੍ਰਧਾਨ ਸੁਨੀਲ ਜਾਖੜ ਨੇ ਵੀ ਇੱਕ ਪੋਸਟ ਵਿੱਚ ਕਿਹਾ ਕਿ ਮੀਡੀਆ ਲੋਕਤੰਤਰ ਦਾ ਚੌਥਾ ਥੰਮ੍ਹ ਹੈ ਤੇ ਉਨ੍ਹਾਂ ਵਿਰੁੱਧ ਦਮਨਕਾਰੀ ਸੋਚ ਰੱਖਣਾ ਨਿੰਦਣਯੋਗ ਹੈ। ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਵੀ ਹੋਟਲ ਦੀ ਫੋਟੋ ਪੋਸਟ ਕੀਤੀ ਤੇ ਲਿਖਿਆ ਕਿ ਸਰਕਾਰ ਕਿਸੇ ਵੀ ਸੰਸਥਾ ਨੂੰ ਸੁਤੰਤਰ ਤੌਰ 'ਤੇ ਆਪਣੇ ਵਿਚਾਰ ਪ੍ਰਗਟ ਕਰਨ ਨੂੰ ਬਰਦਾਸ਼ਤ ਨਹੀਂ ਕਰ ਸਕਦੀ। ਅਕਾਲੀ ਦਲ ਦੇ ਆਗੂ ਨੇ ਜ਼ੋਰ ਦੇ ਕੇ ਕਿਹਾ ਕਿ ਅਦਾਲਤ ਵਿੱਚ ਜਾਣ ਲਈ ਸਮਾਂ ਦੇਣ ਤੋਂ ਇਨਕਾਰ ਕਰਨਾ ਦਰਸਾਉਂਦਾ ਹੈ ਕਿ ਇਹ ਕਾਰਵਾਈ ਦਬਾਅ ਪਾਉਣ ਲਈ ਕੀਤੀ ਗਈ ਸੀ।



# ਅਕਾਲੀ ਦਲ 'ਪੁਨਰ ਸੁਰਜੀਤ' ਦਾ ਇੱਕ ਸਾਲ ਪੂਰਾ

ਅੰਮ੍ਰਿਤਸਰ, 19 ਮਾਰਚ (ਚ.ਨ.ਸ): ਸ਼੍ਰੋਮਣੀ ਅਕਾਲੀ ਦਲ ਤੋਂ ਵੱਖ ਹੋ ਕੇ ਕੁਝ ਟਕਸਾਲੀ ਆਗੂਆਂ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ 18 ਮਾਰਚ 2025 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁੱਖ ਅਰਦਾਸ ਕਰਨ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੀ ਮੈਂਬਰਸ਼ਿਪ ਭਰਤੀ ਸ਼ੁਰੂ ਕੀਤੀ ਸੀ। ਅਕਾਲੀ ਦਲ ਪੁਨਰ ਸੁਰਜੀਤ ਦਾ ਭਾਵੇਂ ਇੱਕ ਸਾਲ ਪੂਰਾ ਹੋ ਗਿਆ ਹੈ ਪਰ ਸਾਲ ਬੀਤਣ 'ਤੇ ਵੀ ਜਥੇਬੰਦਕ ਢਾਂਚੇ ਮੁਕੰਮਲ ਨਹੀਂ ਹੋ ਸਕੇ ਤੇ ਨਾ ਕਈ ਸੀਨੀਅਰ ਆਗੂਆਂ ਨੂੰ ਪਾਰਟੀ ਵਿੱਚ ਅਹੁਦੇ ਮਿਲੇ ਹਨ। ਇਨ੍ਹਾਂ ਨੇ 2 ਦਸੰਬਰ 2024 ਨੂੰ ਹੋਏ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸ਼੍ਰੋਮਣੀ ਅਕਾਲੀ ਦਲ ਸਬੰਧੀ ਹੁਕਮਨਾਮੇ ਦਾ ਹਵਾਲਾ ਦੇ ਕੇ ਪਾਰਟੀ ਬਣਾਉਣ ਲਈ ਇਹ ਭਰਤੀ ਸ਼ੁਰੂ ਕੀਤੀ ਗਈ ਸੀ। ਭਰਤੀ ਹੋਣ ਤੋਂ ਬਾਅਦ ਇਸ ਕਮੇਟੀ ਨੇ ਦਾਅਵਾ ਕੀਤਾ ਕਿ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੇ ਪੰਜਾਬ ਤੇ ਹੋਰਨਾਂ ਸੂਬਿਆਂ ਤੇ ਵਿਦੇਸ਼ਾਂ ਤੋਂ 15 ਲੱਖ ਮੈਂਬਰਾਂ ਦੀ ਭਰਤੀ ਕੀਤੀ ਹੈ। ਜਿਸ ਤੋਂ ਬਾਅਦ ਡੈਲੀਗੇਟ ਤਿਆਰ ਹੋਏ ਤੇ ਡੈਲੀਗੇਟਾਂ ਵੱਲੋਂ ਪ੍ਰਧਾਨ ਚੁਣਨ ਲਈ 11 ਅਗਸਤ 2025 ਨੂੰ ਗੁਰਦੁਆਰਾ ਬੁਰਜ ਬਾਬਾ ਅਕਾਲੀ ਫੂਲਾ ਸਿੰਘ ਅੰਮ੍ਰਿਤਸਰ ਵਿੱਚ ਜਨਰਲ ਇਜਲਾਸ ਰੱਖਿਆ ਗਿਆ। ਜਿਸ ਵਿੱਚ ਸਰਬਸੰਮਤੀ ਦੇ ਨਾਲ ਗਿਆਨੀ ਹਰਪ੍ਰੀਤ ਸਿੰਘ ਨੂੰ ਪ੍ਰਧਾਨ ਚੁਣਿਆ ਗਿਆ। ਪ੍ਰਧਾਨ ਚੁਣਨ ਤੋਂ ਬਾਅਦ ਜਿੱਥੇ ਵੱਖ-ਵੱਖ ਕਮੇਟੀਆਂ, ਜਥੇਬੰਦਕ ਢਾਂਚੇ ਤੇ ਪਾਰਟੀ ਦੇ ਸੀਨੀਅਰ ਆਗੂਆਂ ਨੂੰ ਅਹੁਦੇ ਦੇਣ ਦੀ ਪ੍ਰਕਿਰਿਆ ਸ਼ੁਰੂ ਹੋਈ, ਜੋ ਅੱਜ ਵੀ ਲਗਾਤਾਰ ਜਾਰੀ ਹੈ ਤੇ ਮੰਗਲਵਾਰ ਨੂੰ ਵੀ ਜਿੱਥੇ ਪਾਰਟੀ ਦੀ ਪ੍ਰਕਿਰਿਆ ਨੂੰ ਸ਼ੁਰੂ ਹੋਇਆ ਇੱਕ ਸਾਲ ਦਾ ਸਮਾਂ ਬੀਤਣ 'ਤੇ ਵੀ ਇਹ ਪਾਰਟੀ ਮਾਨਤਾ ਪ੍ਰਾਪਤ ਨਾ ਹੋ ਕੇ ਰਹਿ ਗਈ ਹੈ ਕਿਉਂਕਿ ਇਸ ਪਾਰਟੀ ਨੇ ਹੁਣ ਤੱਕ ਆਪਣੀ ਰਜਿਸਟ੍ਰੇਸ਼ਨ ਵੀ ਮੁਕੰਮਲ ਨਹੀਂ ਕੀਤੀ। ਇਸ ਦੇ ਨਾਲ ਹੀ ਜਥੇਬੰਦਕ ਢਾਂਚੇ ਅਧੂਰੇ ਹਨ ਤੇ ਕਈ ਸੀਨੀਅਰ ਆਗੂਆਂ ਨੂੰ ਨੁਮਾਇੰਦਗੀ ਵੀ ਨਹੀਂ ਮਿਲ ਸਕੀ। ਇਸ ਤੋਂ ਇਲਾਵਾ ਕਈ ਸੀਨੀਅਰ ਆਗੂ ਪਾਰਟੀ ਛੱਡ ਕੇ ਮੁੜ ਸ਼੍ਰੋਮਣੀ ਅਕਾਲੀ ਦਲ ਜਾਂ ਕਿਸੇ ਹੋਰ ਪਾਰਟੀ ਵਿੱਚ ਸ਼ਾਮਲ ਹੋ ਚੁੱਕੇ ਹਨ ਤੇ ਕਈ ਇਸ ਪਾਰਟੀ ਨੂੰ ਛੱਡਣ ਲਈ ਤਿਆਰ ਨਜ਼ਰ ਆ ਰਹੇ ਹਨ। ਆਉਣ ਵਾਲੇ ਸਮੇਂ ਵਿੱਚ ਇਸ ਪਾਰਟੀ ਦਾ ਕੀ ਭਵਿੱਖ ਹੋਵੇਗਾ ਇਹ ਪਾਰਟੀ ਦੀ ਅਗਲੀ ਰਣਨੀਤੀ ਤੈਅ ਕਰੇਗੀ। ਇਸ ਸਬੰਧੀ ਪਾਰਟੀ ਦੇ ਮੁੱਖ ਬੁਲਾਰੇ ਕਰਨੈਲ ਸਿੰਘ ਪੀਰ ਮੁਹੰਮਦ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਪਾਰਟੀ ਨੇ ਰਜਿਸਟ੍ਰੇਸ਼ਨ ਕਰਵਾਉਣ ਲਈ ਸਾਰੀ ਪ੍ਰਕਿਰਿਆ ਪਿਛਲੇ ਦਿਨੀਂ ਪੂਰੀ ਕਰ ਲਈ ਹੈ ਤੇ ਆਉਣ ਵਾਲੇ ਦਿਨਾਂ ਵਿੱਚ ਚੋਣ ਨਿਸ਼ਾਨ ਵੀ ਜਾਰੀ ਹੋ ਜਾਵੇਗਾ, ਹੋ ਸਕਦਾ ਹੈ ਕਿ ਸਾਨੂੰ ਤੱਕੜੀ ਚੋਣ ਨਿਸ਼ਾਨ ਮਿਲ ਜਾਵੇ, ਜੋ ਇੱਕ ਵਿਵਾਦ ਪੈਦਾ ਕਰ ਸਕਦਾ ਹੈ।



# ਗੁਰੂ ਨਾਨਕ ਦੇਵ ਹਸਪਤਾਲ 'ਚੋਂ 4 ਦਿਨਾਂ ਦਾ ਬੱਚਾ ਅਗਵਾ

## ☛ਰਿਸ਼ਤੇਦਾਰਾਂ ਨੂੰ ਦਿਖਾਉਣ ਦੇ ਬਹਾਨੇ ਔਰਤ ਬੱਚਾ ਲੈ ਕੇ ਫ਼ਰਾਰ

ਅੰਮ੍ਰਿਤਸਰ, 19 ਮਾਰਚ (ਚ.ਨ.ਸ): ਗੁਰੂ ਨਾਨਕ ਦੇਵ ਹਸਪਤਾਲ ਵਿੱਚ ਅਣਪਛਾਤੀ ਔਰਤ ਨੇ ਚਾਰ ਦਿਨਾਂ ਦੇ ਨਵਜੰਮੇ ਬੱਚੇ ਨੂੰ ਅਗਵਾ ਕਰ ਲਿਆ। ਔਰਤ ਚਲਾਕੀ ਨਾਲ ਗਾਇਨੀਕੋਲੋਜੀ ਵਾਰਡ ਵਿੱਚ ਆਪਣੀ ਮਾਂ ਨਾਲ ਲਿਪਟੇ ਹੋਏ ਨਵਜੰਮੇ ਬੱਚੇ ਨੂੰ ਵਾਰਡ ਤੋਂ ਬਾਹਰ ਲੈ ਗਈ। ਇਸ ਘਟਨਾ ਨੇ ਹਸਪਤਾਲ ਪ੍ਰਸ਼ਾਸਨ ਵਿੱਚ ਹਲਚਲ ਮਚਾ ਦਿੱਤੀ, ਜਦੋਂ ਕਿ ਪੀੜਤ ਦੇ ਪਰਿਵਾਰਕ ਮੈਂਬਰ ਰੋ-ਰੋ ਕੇ ਬੇਹਾਲ ਸਨ। ਨਵਜੰਮੇ ਬੱਚੇ ਦੇ ਪਿਤਾ ਲਵਪ੍ਰੀਤ ਪਿੰਡ ਢੱਡ ਕਸੇਲ ਦੇ ਰਹਿਣ ਵਾਲੇ ਹਨ। ਉਨ੍ਹਾਂ ਦੀ ਪਤਨੀ ਰਾਣੀ ਕੌਰ ਹਸਪਤਾਲ ਵਿੱਚ ਦਾਖਲ ਸੀ। ਲਵਪ੍ਰੀਤ ਦੇ ਅਨੁਸਾਰ ਇੱਕ ਅਣਪਛਾਤੀ ਔਰਤ ਪਿਛਲੇ ਤਿੰਨ ਦਿਨਾਂ ਤੋਂ ਵਾਰਡ ਵਿੱਚ ਆ ਰਹੀ ਸੀ ਤੇ ਉਸ ਦੇ ਨਾਲ ਬੈਠ ਕੇ ਜਾਣ-ਪਛਾਣ ਬਣਾ ਕੇ ਭਰੋਸਾ ਜਿੱਤ ਰਹੀ ਸੀ। ਹੌਲੀ-ਹੌਲੀ ਉਹ ਪਰਿਵਾਰ ਨਾਲ ਘੁਲ-ਮਿਲ ਗਈ ਤੇ ਬੱਚੇ ਦੇ ਨੇੜੇ ਹੋਣ ਲੱਗੀ। ਪਰਿਵਾਰ ਨੇ ਸ਼ੁਰੂ ਵਿੱਚ ਇਸ ਨੂੰ ਆਮ ਸਮਝ ਕੇ ਨਜ਼ਰ-ਅੰਦਾਜ਼ ਕਰ ਦਿੱਤਾ, ਪਰ ਇਹ ਭਰੋਸਾ ਉਨ੍ਹਾਂ ਲਈ ਮਹਿੰਗਾ ਸਾਬਤ ਹੋਇਆ। ਬੱਚੇ ਦੀ ਭੂਆ ਸੰਦੀਪ ਕੌਰ ਨੇ ਕਿਹਾ ਕਿ ਬੁੱਧਵਾਰ ਨੂੰ ਔਰਤ ਨੇ ਕਿਹਾ ਕਿ ਉਸ ਦੇ ਰਿਸ਼ਤੇਦਾਰ ਬਾਹਰ ਆਏ ਹਨ, ਜਿਨ੍ਹਾਂ ਨੂੰ ਉਹ ਬੱਚਾ ਦਿਖਾ ਕੇ ਆਉਂਦੀ ਹੈ। ਇਸ ਬਹਾਨੇ ਉਹ ਨਵਜੰਮੇ ਬੱਚੇ ਨੂੰ ਲੈ ਕੇ ਵਾਰਡ ਤੋਂ ਬਾਹਰ ਚਲੀ ਗਈ ਤੇ ਵਾਪਸ ਨਹੀਂ ਆਈ। ਕੁਝ ਸਮੇਂ ਬਾਅਦ ਪਰਿਵਾਰ ਨੂੰ ਸ਼ੱਕ ਹੋਇਆ ਤੇ ਉਸ ਨੇ ਔਰਤ ਦੀ ਭਾਲ ਸ਼ੁਰੂ ਕਰ ਦਿੱਤੀ, ਪਰ ਉਹ ਉਸ ਨੂੰ ਨਹੀਂ ਲੱਭ ਸਕੇ। ਇਸ ਬਾਰੇ ਪਤਾ ਲੱਗਣ 'ਤੇ ਹਸਪਤਾਲ ਪ੍ਰਸ਼ਾਸਨ ਘਬਰਾ ਗਿਆ ਤੇ ਮਜੀਠਾ ਰੋਡ ਪੁਲਿਸ ਥਾਣੇ ਦੀ ਪੁਲਿਸ ਨੂੰ ਤੁਰੰਤ ਸੂਚਿਤ ਕੀਤਾ ਗਿਆ। ਇੱਕ ਪੁਲਿਸ ਟੀਮ ਮੌਕੇ 'ਤੇ ਪਹੁੰਚੀ ਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ। ਮੁਲਜ਼ਮ ਔਰਤ ਦੀ ਪਛਾਣ ਕਰਨ ਤੇ ਉਸ ਨੂੰ ਜਲਦੀ ਹੀ ਗ੍ਰਿਫ਼ਤਾਰ ਕਰਨ ਲਈ ਹਸਪਤਾਲ ਦੇ ਕੰਪਲੈਕਸ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਦੀ ਜਾਂਚ ਕੀਤੀ ਜਾ ਰਹੀ ਹੈ। ਹਸਪਤਾਲ ਦੇ ਮੈਡੀਕਲ ਸੁਪਰਡੈਂਟ ਡਾ. ਕਰਮਜੀਤ ਸਿੰਘ ਨੇ ਕਿਹਾ ਕਿ ਸ਼ੁਰੂਆਤੀ ਜਾਂਚ ਤੋਂ ਪਤਾ ਲੱਗਾ ਹੈ ਕਿ ਔਰਤ ਪਹਿਲਾਂ ਹੀ ਵਾਰਡ ਵਿੱਚ ਆ ਰਹੀ ਸੀ ਤੇ ਯੋਜਨਾਬੱਧ ਤਰੀਕੇ ਨਾਲ ਘਟਨਾ ਨੂੰ ਅੰਜਾਮ ਦਿੱਤਾ। ਹਾਲਾਂਕਿ ਉਸ ਦੀ ਪਛਾਣ ਅਜੇ ਤੱਕ ਨਹੀਂ ਹੋਈ ਹੈ, ਪੁਲਿਸ ਹਰ ਐਂਗਲ ਤੋਂ ਜਾਂਚ ਕਰ ਰਹੀ ਹੈ। ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਅਲਰਟ ਜਾਰੀ ਕੀਤਾ ਗਿਆ ਹੈ ਤੇ ਸ਼ੱਕੀ ਵਿਅਕਤੀਆਂ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਜ਼ਿਕਰਯੋਗ ਹੈ ਕਿ 2023 ਵਿੱਚ ਵੀ ਇਸੇ ਹਸਪਤਾਲ ਵਿਚੋਂ ਇੱਕ ਨਵਜੰਮਿਆ ਬੱਚਾ ਲਾਪਤਾ ਹੋ ਗਿਆ ਸੀ, ਜਿਸ ਬਾਰੇ ਅੱਜ ਤੱਕ ਕੋਈ ਜਾਣਕਾਰੀ ਨਹੀਂ ਮਿਲੀ ਹੈ।



# ਭਾਰਤ ਗੈਸ ਵਾਲੇ ਲੋਕਾਂ ਨੂੰ ਕਰ ਰਹੇ ਨੇ ਖੱਜਲ-ਖੁਆਰ, ਪ੍ਰਸ਼ਾਸਨ ਚੁੱਪ

ਮੋਗਾ, 19 ਮਾਰਚ (ਨਿਸ਼ੀ ਮਨਚੰਦਾ/ਗੁਰਦੇਵ ਖਰਾਣਾ): ਮੋਗਾ ਵਿੱਚ ਭਾਰਤ ਗੈਸ ਵਾਲੇ ਮੇਖਾਂ ਵਾਲੀ ਗਲੀ ਤੋਂ ਲੋਕਾਂ ਨੂੰ ਬਹੁਤ ਖੱਜਲ-ਖੁਆਰ ਕਰ ਰਹੇ ਹਨ ਤੇ ਬਹੁਤ ਇਨ੍ਹਾਂ ਦੀਆਂ ਗ੍ਰਾਹਕਾਂ ਵੱਲੋਂ ਸ਼ਿਕਾਇਤਾਂ ਆ ਰਹੀਆਂ ਹਨ, ਕਿਉਂਕਿ ਕੁਝ ਗ੍ਰਾਹਕਾਂ ਦਾ ਕਹਿਣਾ ਹੈ ਕਿ ਪਿੱਛੋਂ ਸਪਲਾਈ ਪੂਰੀ ਆ ਰਹੀ ਹੈ ਪਰ ਇਹ ਏਜੰਸੀ ਵਾਲੇ ਬਹੁਤ ਘੱਟ ਸਪਲਾਈ ਦੇ ਰਹੇ ਹਨ, ਕਿਉਂਕਿ ਇਹ ਜ਼ਿਆਦਾ ਸਿਲੰਡਰ ਅੰਦਰ ਰੱਖ ਰਹੇ ਹਨ, ਕਿਉਂਕਿ ਇਨ੍ਹਾਂ ਦੇ ਮਨ ਵਿੱਚ ਹੈ ਕਿ ਇਸ ਦੀ ਕਾਲਾਬਜ਼ਾਰੀ ਕੀਤੀ ਜਾਵੇ ਤੇ ਇਨ੍ਹਾਂ ਸਿਲੰਡਰਾਂ ਨੂੰ ਮਹਿੰਗੇ ਰੇਟਾਂ ਵਿੱਚ ਵੇਚਿਆ ਜਾਵੇ, ਲੋਕਾਂ ਦੀ ਮੰਗ ਹੈ ਕਿ ਇਨ੍ਹਾਂ ਦੇ ਵਿਰੁੱਧ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇ ਤੇ ਇਨ੍ਹਾਂ ਨੇ ਸਪਲਾਈ ਕਰਨ ਵਾਲੇ ਮੁੰਡਿਆਂ ਨੂੰ ਵੀ ਕਿਹਾ ਹੋਇਆ ਹੈ ਕਿ ਸਿਲੰਡਰ ਬਲੈਕ ਵਿੱਚ ਵੇਚੇ ਜਾਣ ਤੇ ਲੋਕਾਂ ਨੂੰ ਕਹਿ ਦਿੰਦੇ ਹਨ ਕਿ ਪਿੱਛੋਂ ਸਪਲਾਈ ਨਹੀਂ ਆ ਰਹੀ, ਜਦਕਿ ਸਾਡੀ ਦੂਸਰੀਆਂ ਏਜੰਸੀਆਂ ਵਾਲਿਆਂ ਨਾਲ ਸਾਡੀ ਗੱਲਬਾਤ ਹੋਈ ਤਾਂ ਉਨ੍ਹਾਂ ਨੇ ਕਿਹਾ ਕਿ ਪਿੱਛੋਂ ਪੂਰੀ ਸਪਲਾਈ ਆ ਰਹੀ ਹੈ, ਕਿਸੇ ਤਰ੍ਹਾਂ ਦੀ ਕੋਈ ਘਾਟ ਨਹੀਂ ਹੈ, ਹੁਣ ਗੱਲ ਇਹ ਵੇਖਣ ਯੋਗ ਹੋਵੇਗੀ ਕੀ ਸਿਰਫ ਇਸ ਏਜੰਸੀ ਨੂੰ ਸਪਲਾਈ ਘੱਟ ਆ ਰਹੀ ਹੈ, ਜੋ ਕਿ ਸਰਾਸਰ ਝੂਠ ਹੈ ਤੇ ਸਪਲਾਈ ਦਾ ਨਾਮ ਲੈ ਕੇ ਡਰਾਮਾ ਕਰ ਰਹੇ ਹਨ, ਹੁਣ ਅੱਗੇ ਆਪਾਂ ਇਹ ਦੇਖਦੇ ਆ ਕਿ ਪ੍ਰਸ਼ਾਸਨ ਇਨ੍ਹਾਂ ਵਿਰੁੱਧ ਕੀ ਕਾਰਵਾਈ ਕਰਦਾ ਹੈ।




# ਡਿਸਪੈਂਸਰੀ 'ਚ ਦਵਾਈਆਂ ਨਾ ਮਿਲਣ ਕਾਰਨ 3 ਮਹੀਨੇ ਭਟਕਦਾ ਰਿਹੈ ਨੌਜਵਾਨ: ਪ੍ਰੋ. ਜਲਵੇੜਾ

## ☛ਸਿਵਲ ਸਰਜਨ ਦੇ ਮਾਮਲਾ ਧਿਆਨ 'ਚ ਲਿਆਉਣ 'ਤੇ ਪਹੁੰਚੀਆਂ ਦਵਾਈਆਂ

ਮੰਡੀ ਗੋਬਿੰਦਗੜ੍ਹ, 19 ਮਾਰਚ (ਸੂਦ): ਬਲਾਕ ਸਰਹੰਦ ਦੇ ਪਿੰਡ ਨਬੀਪੁਰ ਵਿੱਚ ਸਥਿਤ ਡਿਸਪੈਂਸਰੀ ਵਿੱਚ ਇੱਕ ਨੌਜਵਾਨ ਨੂੰ ਆਪਣੀ ਬਿਮਾਰ ਮਾਤਾ ਦੀ ਦਵਾਈ ਲੈਣ ਲਈ 90 ਦਿਨ ਭੱਟਕਣਾ ਪਿਆ। ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਮਾਜ ਸੇਵੀ ਪ੍ਰੋ. ਧਰਮਜੀਤ ਮਾਨ ਜਲਵੇੜਾ ਨੇ ਦੱਸਿਆ ਕਿ ਇਹ ਮਾਮਲਾ ਲੋਕਾਂ ਵੱਲੋਂ ਉਸ ਦੇ ਧਿਆਨ ਵਿੱਚ ਲਿਆਉਣ ਤੋਂ ਬਾਅਦ ਉਸ ਨੇ ਸਿਵਲ ਸਰਜਨ ਫ਼ਤਿਹਗੜ੍ਹ ਸਾਹਿਬ ਤੇ ਮੁੱਢਲਾ ਸਿਹਤ ਕੇਂਦਰ ਚਨਾਰਥਲ ਨਾਲ ਸੰਪਰਕ ਕੀਤਾ, ਜਿਸ 'ਤੇ ਉਨ੍ਹਾਂ ਦਵਾਈਆਂ ਦਾ ਪ੍ਰਬੰਧ ਕਰਵਾਇਆ। ਉਨ੍ਹਾਂ ਮੰਗ ਕੀਤੀ ਕਿ ਹਸਪਤਾਲਾਂ ਤੇ ਡਿਸਪੈਂਸਰੀਆਂ ਵਿੱਚ ਸਮੇਂ ਸਿਰ ਦਵਾਈਆਂ ਤੇ ਡਾਕਟਰਾਂ ਦਾ ਪ੍ਰਬੰਧ ਕੀਤਾ ਜਾਵੇ ਤਾਂ ਜੋਂ ਲੋਕਾਂ ਨੂੰ ਕੋਈ ਮੁਸ਼ਕਿਲ ਨਾ ਆਵੇ।



# ਦੇਸ਼ ਭਗਤ ਯੂਨੀਵਰਸਿਟੀ ਨੇ ਸਿੱਖਿਆ ਤੇ ਹੁਨਰ ਵਿਕਾਸ 'ਤੇ ਆਯੋਜਿਤ ਪੋਸਟ-ਬਜਟ ਵੈਬੀਨਾਰ-2026 'ਚ ਹਿੱਸਾ ਲਿਆ

ਮੰਡੀ ਗੋਬਿੰਦਗੜ੍ਹ, 19 ਮਾਰਚ (ਅੰਮ੍ਰਿਤਪਾਲ ਸਿੰਘ/ਸੂਦ): ਦੇਸ਼ ਭਗਤ ਯੂਨੀਵਰਸਿਟੀ ਦੇ ਮੈਨੇਜਮੈਂਟ ਤੇ ਕਾਮਰਸ ਵਿਭਾਗ ਨੇ ਸੰਸਥਾ ਦੀ ਇਨੋਵੇਸ਼ਨ ਕੌਂਸਲ ਤੇ ਆਈਕਿਊਏਸੀ ਦੇ ਸਹਿਯੋਗ ਨਾਲ ਸਿੱਖਿਆ ਮੰਤਰਾਲੇ ਦੁਆਰਾ ਆਯੋਜਿਤ ਪੋਸਟ-ਬਜਟ ਵੈਬੀਨਾਰ-2026 ਵਿੱਚ ਸਰਗਰਮੀ ਨਾਲ ਹਿੱਸਾ ਲਿਆ। 'ਸਬ ਕਾ ਸਾਥ, ਸਬ ਕਾ ਵਿਕਾਸ-ਲੋਕਾਂ ਦੀਆਂ ਇੱਛਾਵਾਂ ਨੂੰ ਪੂਰਾ ਕਰਨਾ' ਦੇ ਥੀਮ ਵਾਲਾ ਇਹ ਵੈਬੀਨਾਰ ਸਿੱਖਿਆ, ਹੁਨਰ ਤੇ ਯੂਨੀਵਰਸਿਟੀ ਟਾਊਨਸ਼ਿਪਾਂ 'ਤੇ ਕੇਂਦ੍ਰਿਤ ਸੀ ਤੇ ਇਸਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੰਬੋਧਨ ਕੀਤਾ। ਪ੍ਰੋਗਰਾਮ ਵਿੱਚ ਫੈਕਲਟੀ ਮੈਂਬਰ, ਪ੍ਰਸ਼ਾਸਕ ਤੇ ਵਿਦਿਆਰਥੀਆਂ ਨੇ ਭਾਗ ਲਿਆ ਤੇ ਮੁੱਖ ਗੱਲਾਂ ਨੂੰ ਸਮਝਣ ਲਈ ਲਾਈਵ ਸੈਸ਼ਨ ਵਿੱਚ ਸ਼ਾਮਲ ਹੋਏ। ਪ੍ਰੋਗਰਾਮ ਦੀ ਸ਼ੁਰੂਆਤ ਡਾ. ਤਵਨੀਤ ਕੇ. ਗੀਨ ਦੇ ਸਵਾਗਤੀ ਭਾਸ਼ਣ ਨਾਲ ਹੋਈ। ਇਸ ਮੌਕੇ ਡਾ. ਜੀਐਸ ਬੱਤਰਾ ਪ੍ਰੋ. ਵਾਈਸ ਚਾਂਸਲਰ, ਰਿਸਰਚ ਐਂਡ ਡਿਵੈਲਪਮੈਂਟ, ਡਾ. ਬੂਟਾ ਸਿੰਘ, ਪ੍ਰੋ.ਵਾਈਸ ਚਾਂਸਲਰ, ਰਿਸਰਚ, ਇਨੋਵੇਸ਼ਨ ਐਂਡ ਕੰਸਲਟੈਂਸੀ, ਡਾ. ਗੁਰਵਿੰਦਰ ਪਾਲ ਸਿੰਘ, ਅਸਿਸਟੈਂਟ ਡੀਨ ਅਕਾਦਮਿਕ, ਡਾ. ਨਵੀਨ ਠਾਕੁਰ, ਡਾਇਰੈਕਟਰ ਅਕਾਦਮਿਕ, ਡਾ. ਦਿਨੇਸ਼, ਕਨਵੀਨਰ ਆਈਆਈਸੀ. ਤੇ ਡਾ. ਬਲਦੀਪ ਸਿੰਘ, ਡਿਪਾਰਟਮੈਂਟ ਕੋਆਰਡੀਨੇਟਰ, ਆਈਆਈਸੀ ਆਦਿ ਨੇ ਸ਼ਿਰਕਤ ਕੀਤੀ। ਡਾ. ਜੀਐਸ ਬੱਤਰਾ ਨੇ ਖੋਜ ਨਵੀਨਤਾ ਤੇ ਹੁਨਰ-ਆਧਾਰਿਤ ਸਿੱਖਿਆ ਰਾਹੀਂ ਉਚ ਸਿੱਖਿਆ ਨੂੰ ਮਜ਼ਬੂਤ ਕਰਨ 'ਤੇ ਸਰਕਾਰ ਦੇ ਜ਼ੋਰ ਦੀ ਸ਼ਲਾਘਾ ਕੀਤੀ। ਡਾ. ਬੂਟਾ ਸਿੰਘ ਨੇ ਸਟਾਰਟਅੱਪ ਸੱਭਿਆਚਾਰ ਤੇ ਨਵੀਨਤਾ ਨੂੰ ਉਤਸ਼ਾਹਿਤ ਕਰਨ ਲਈ ਬਜਟ ਪ੍ਰਬੰਧਾਂ ਦੀ ਸੰਭਾਵਨਾ ਨੂੰ ਉਜਾਗਰ ਕੀਤਾ ਤੇ ਵਿਦਿਆਰਥੀਆਂ ਨੂੰ ਨੌਕਰੀਆਂ ਪੈਦਾ ਕਰਨ ਵਾਲੇ ਬਣਨ ਲਈ ਉਤਸ਼ਾਹਿਤ ਕੀਤਾ। ਸੈਸ਼ਨ ਦੀ ਸਮਾਪਤੀ ਕਰਦੇ ਹੋਏ, ਡਾ. ਗੁਰਵਿੰਦਰ ਪਾਲ ਸਿੰਘ ਨੇ ਪ੍ਰਬੰਧਕਾਂ ਦੀ ਸ਼ਲਾਘਾ ਕੀਤੀ ਤੇ ਕਿਹਾ ਕਿ ਅਜਿਹੀਆਂ ਪਹਿਲਕਦਮੀਆਂ ਵਿਦਿਆਰਥੀਆਂ ਦੀ ਰਾਸ਼ਟਰੀ ਨੀਤੀਆਂ ਪ੍ਰਤੀ ਜਾਗਰੂਕਤਾ ਨੂੰ ਵਧਾਉਂਦੀਆਂ ਹਨ।



# ਬਡਾਲੀ ਆਲਾ ਸਿੰਘ ਦੇ 15 ਪਰਿਵਾਰ 'ਆਪ' ਨੂੰ ਛੱਡ ਕੇ ਅਕਾਲੀ ਦਲ 'ਚ ਸ਼ਾਮਲ: ਭੁੱਟਾ

ਸ੍ਰੀ ਫਤਹਿਗੜ੍ਹ ਸਾਹਿਬ, 19 ਮਾਰਚ (ਹਰਪ੍ਰੀਤ ਕੌਰ ਟਿਵਾਣਾ): ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਬਲਜੀਤ ਸਿੰਘ ਭੁੱਟਾ ਦੀ ਅਗਵਾਈ ਹੇਠ ਵਿਧਾਨ ਸਭਾ ਹਲਕਾ ਫਤਹਿਗੜ੍ਹ ਸਾਹਿਬ ਵਿੱਚ ਪਾਰਟੀ ਨੂੰ ਉਸ ਸਮੇਂ ਭਾਰੀ ਸਮਰਥਨ ਮਿਲਿਆ, ਜਦੋਂ ਆਪ ਨਾਲ ਸਬੰਧਤ ਬਡਾਲੀ ਆਲਾ ਸਿੰਘ ਦੇ 15 ਪਰਿਵਾਰ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋ ਗਏ।ਪਿੰਡ ਬਡਾਲੀ ਆਲਾ ਸਿੰਘ ਦੇ ਰੁਪਿੰਦਰ ਕੌਰ ਪੰਚ, ਰਾਜਵੀਰ ਸਿੰਘ ਪੰਚ, ਰਣਜੀਤ ਕੌਰ ਪੰਚ, ਕਰਨਜੀਤ ਸਿੰਘ ਰਿਟਾਇਰ ਏਐਫਐਸਓ, ਭੁਪਿੰਦਰ ਸਿੰਘ, ਲਵਪ੍ਰੀਤ ਸਿੰਘ, ਨਿਰਮਲ ਸਿੰਘ, ਅਮਰਿੰਦਰ ਸਿੰਘ, ਸੁਦਾਗਰ ਸਿੰਘ, ਮਹਿੰਦਰ ਸਿੰਘ, ਸਾਧੂ ਸਿੰਘ, ਦਰਸ਼ਨ ਸਿੰਘ, ਮੇਜਰ ਸਿੰਘ, ਅਰਸ਼ ਜੋਤ ਸਿੰਘ, ਮਲਕੀਤ ਸਿੰਘ ਅੱਜ ਆਪ ਛੱਡ ਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋ ਗਏ।ਇਸ ਮੌਕੇ ਸ੍ਰ. ਭੁੱਟਾ ਨੇ ਕਿਹਾ ਕਿ ਲੋਕ ਹੁਣ ਸਰਕਾਰ ਦੀ ਅਸਲੀਅਤ ਪਹਿਚਾਣ ਚੁੱਕੇ ਹਨ, ਜਿਸ ਕਾਰਨ ਲੋਕ ਪੰਜਾਬੀਆਂ ਦੀ ਮਾਂ ਪਾਰਟੀ ਸ਼੍ਰੋਮਣੀ ਅਕਾਲੀ ਦਲ ਵਿੱਚ ਆ ਰਹੇ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਇਹ ਗਿਣਤੀ ਹੋਰ ਵਧੇਗੀ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੇ ਹਮੇਸ਼ਾ ਹੀ ਮਿਹਨਤੀ ਵਰਕਰਾਂ ਨੂੰ ਬਣਦਾ ਮਾਣ-ਸਨਮਾਨ ਦਿੱਤਾ ਹੈ ਤੇ ਅੱਜ ਪਾਰਟੀ ਵਿੱਚ ਆਉਣ ਵਾਲੇ ਲੋਕਾਂ ਨੂੰ ਪੂਰਾ ਮਾਣ-ਸਨਮਾਨ ਦਿੱਤਾ ਜਾਵੇਗਾ।ਇਸ ਮੌਕੇ ਜਸਬੀਰ ਸਿੰਘ ਸਾਬਕਾ ਸਰਪੰਚ ਰਜਿੰਦਰਗੜ੍ਹ, ਭਿੰਦਰ ਸਿੰਘ ਬਡਾਲੀ ਆਲਾ ਸਿੰਘ, ਗੁਰਮੀਤ ਸਿੰਘ ਕਸੁੰਬੜੀ, ਸਰਬਜੀਤ ਸਿੰਘ ਡੰਘੇੜੀਆ ਸਰਕਲ ਪ੍ਰਧਾਨ ਬਡਾਲੀ ਆਲਾ ਸਿੰਘ, ਬਲਵਿੰਦਰ ਸਿੰਘ ਝਾਮਪੁਰ ਸੀਨੀਅਰ ਮੀਤ ਪ੍ਰਧਾਨ ਸਰਕਲ ਬਡਾਲੀ ਆਲਾ ਸਿੰਘ, ਕਿਰਨਦੀਪ ਸਿੰਘ ਚੁੰਨੀ, ਨਾਜ਼ਰ ਸਿੰਘ ਬਲਾੜੀ, ਸੁਖਦੀਪ ਸਿੰਘ ਦੁਬਾਲੀ, ਕਮਲਜੀਤ ਸਿੰਘ ਸਾਬਕਾ ਸਰਪੰਚ ਬਡਾਲੀ ਆਲਾ ਇੰਦਰਜੀਤ ਸਿੰਘ ਖੇੜਾ, ਕੁਲਦੀਪ ਸਿੰਘ ਚੁੰਨੀ, ਗੁਰਪ੍ਰੀਤ ਸਿੰਘ ਸੈਣੀ ਮਾਜਰਾ ਆਦਿ ਹਾਜ਼ਰ ਸਨ।



# ਸਰਬੱਤ ਦਾ ਭਲਾ ਟਰੱਸਟ ਵੱਲੋਂ ਅੱਖਾਂ ਦਾ ਮੁਫ਼ਤ ਚੈਕਅੱਪ ਕੈਂਪ

## ☛ਟਰੱਸਟ ਵੱਲੋਂ 80 ਮਰੀਜ਼ਾਂ ਦੇ ਮੁਫ਼ਤ ਲੈਨਜ਼ ਪਾਏ ਜਾਣਗੇ



ਸ੍ਰੀ ਫਤਹਿਗੜ੍ਹ ਸਾਹਿਬ, 19 ਮਾਰਚ (ਹਰਪ੍ਰੀਤ ਕੌਰ ਟਿਵਾਣਾ): ਉਘੇ ਸਮਾਜ ਸੇਵੀ ਐਸਪੀਐਸ ਓਬਰਾਏ ਵੱਲੋਂ ਚਲਾਇਆ ਗਿਆ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਜ਼ਿਲ੍ਹੇ ਦੇ ਪਿੰਡ ਰਿਓਣਾ ਭੋਲਾ ਵਿਖੇ ਅੱਖਾਂ ਦਾ ਮੁਫਤ ਚੈਕਅੱਪ ਕੈਂਪ ਲਗਾਇਆ ਗਿਆ, ਜਿਸ ਵਿੱਚ 153 ਮਰੀਜ਼ਾਂ ਦੇ ਅੱਖਾਂ ਦੀ ਜਾਂਚ ਕੀਤੀ ਗਈ, 80 ਮਰੀਜ਼ਾਂ ਦੇ ਲੈਨਜ਼ ਪਾਏ ਜਾਣਗੇ, 80 ਮਰੀਜ਼ਾਂ ਨੂੰ ਐਨਕਾਂ ਵੀ ਦਿੱਤੀਆਂ ਤੇ ਮੁਫ਼ਤ ਦਵਾਈ ਦਿੱਤੀ। ਕੈਂਪ ਦਾ ਉਦਘਾਟਨ ਅੱਜ ਟਰੱਸਟ ਦੇ ਜ਼ਿਲ੍ਹਾ ਪ੍ਰਧਾਨ ਯਾਦਵਿੰਦਰ ਸਿੰਘ ਮੀਤ ਪ੍ਰਧਾਨ ਜੈ ਕ੍ਰਿਸ਼ਨ ਕਸ਼ਯਪ ਮੈਡੀਕਲ ਇੰਚਾਰਜ ਸਤਨਾਮ ਸਿੰਘ ਤੇ ਸਕੱਤਰ ਪਰਮਜੀਤ ਸਿੰਘ ਹਰੀਪੁਰ ਨੇ ਸਾਂਝੇ ਤੌਰ 'ਤੇ ਰੀਬਨ ਕੱਟ ਕੇ ਕੀਤਾ। ਇਹ ਕੈਂਪ ਸਰਹੰਦ ਦੇ ਸਾਈਂ ਕਿਰਪਾ ਹਸਪਤਾਲ ਦੇ ਅੱਖਾਂ ਦੇ ਮਾਹਿਰ ਡਾ. ਸੰਦੀਪ ਢੱਡ ਵੱਲੋਂ ਲਗਾਇਆ ਗਿਆ। ਟਰੱਸਟ ਦੇ ਮੈਂਬਰਾਂ ਨੇ ਦੱਸਿਆ ਕਿ ਮਰੀਜ਼ਾਂ ਦੇ ਲੈਨਜ਼ ਪਾਉਣ ਲਈ ਘਰੋਂ ਹੀ ਲਿਜਾ ਕੇ ਘਰਾਂ ਵਿੱਚ ਹੀ ਛੱਡਿਆ ਜਾਵੇਗਾ। ਸਾਰਾ ਖਰਚਾ ਟਰੱਸਟ ਦੇ ਬਾਨੀ ਐਸਪੀਐਸ ਓਬਰਾਏ ਕਰਨਗੇ। ਕੈਂਪ ਵਿੱਚ ਵਿਸ਼ੇਸ਼ ਤੌਰ 'ਤੇ ਜ਼ਿਲ੍ਹਾ ਪਲਾਨਿੰਗ ਬੋਰਡ ਦੇ ਚੇਅਰਮੈਨ ਅਜੈ ਲਿਬੜਾ, ਅਕਾਲੀ ਨੇਤਾ ਬਲਜੀਤ ਸਿੰਘ ਭੁੱਟਾ ਬਿਰਦਵਿੰਦਰ ਸਿੰਘ ਕਟਾਲਾ ਨੇ ਪੁੱਜ ਕੇ ਕਲੱਬ ਤੇ ਪੰਚਾਇਤ ਮੈਂਬਰਾਂ ਦੇ ਇਸ ਉਦਮ ਦੀ ਸ਼ਲਾਘਾ ਕੀਤੀ। ਇਸ ਮੌਕੇ 'ਤੇ ਵੈਲਫੇਅਰ ਕਲੱਬ ਤੇ ਪੰਚਾਇਤ ਤੇ ਸਕੂਲ ਦੇ ਪ੍ਰਿੰਸੀਪਲ ਵੱਲੋਂ ਟਰੱਸਟ ਮੈਂਬਰਾਂ ਦਾ ਜਿਥੇ ਸਨਮਾਨ ਕੀਤਾ, ਉਥੇ ਐਸਪੀਐਸ ਓਬਰਾਏ ਦੇ ਜਨਮ ਦਿਵਸ ਦੀ ਖੁਸ਼ੀ ਵਿੱਚ ਬਰਫੀ ਵੰਡੀ। ਇਸ ਮੌਕੇ 'ਤੇ ਪਿੰਡ ਰਿਓਣਾ ਦੇ ਸਰਪੰਚ ਜਗਜੀਤ ਸਿੰਘ ਹਰਨਾਮ ਸਿੰਘ ਕਮੇਟੀ ਦੇ ਪ੍ਰਧਾਨ ਰਣਜੀਤ ਸਿੰਘ ਬਲਵਿੰਦਰ ਸਿੰਘ ਜਸਵਿੰਦਰ ਸਿੰਘ ਮੀਤ ਪ੍ਰਧਾਨ ਹਰਨਾਮ ਸਿੰਘ ਜਨਰਲ ਸਕੱਤਰ ਮੰਗਤ ਸਿੰਘ ਸਕੱਤਰ ਹਰਜੀਤ ਸਿੰਘ ਰਘਬੀਰ ਸਿੰਘ ਜਸਵਿੰਦਰ ਸਿੰਘ ਬਲਵੀਰ ਸਿੰਘ ਮਨਜੀਤ ਕੌਰ ਸੁਖਵਿੰਦਰ ਕੌਰ ਸਾਰੇ ਪੰਚ ਕੁਲਜੀਤ ਸ਼ਰਮਾ ਕਾਕਾ ਖਾਨ ਸੁਖਜੀਤ ਖਾਨ ਸਤਵਿੰਦਰ ਸਿੰਘ ਆਦਿ ਪਤਵੰਤੇ ਸੱਜਣ ਹਾਜ਼ਰ ਸਨ।

# ਯੰਗ ਸਪੋਰਟਸ ਕਲੱਬ ਵੱਲੋਂ ਵਿਸ਼ਾਲ ਵਾਲੀਬਾਲ ਟੂਰਨਾਮੈਂਟ 14 ਤੇ 15 ਅਪ੍ਰੈਲ ਨੂੰ

ਤਲਵਾੜਾ, 19 ਮਾਰਚ (ਜਗਮੋਹਨ ਸ਼ਰਮਾ): ਤਲਵਾੜਾ ਨਜ਼ਦੀਕ ਪਿੰਡ ਡੁਗਰੀ ਅਵਾਨਾ ਵਿੱਚ ਯੰਗ ਸਪੋਰਟਸ ਕਲੱਬ ਵੱਲੋਂ ਐਨਆਰਆਈ ਵੀਰਾਂ, ਫੌਜੀ ਜਵਾਨਾਂ ਤੇ ਇਲਾਕੇ ਦੇ ਨੌਜਵਾਨਾਂ ਦੇ ਸਹਿਯੋਗ ਨਾਲ ਪ੍ਰਧਾਨ ਰਕੇਸ਼ ਜਮਵਾਲ ਦੀ ਅਗਵਾਈ ਹੇਠ 14 ਤੇ 15 ਅਪ੍ਰੈਲ ਨੂੰ ਵਿਸ਼ਾਲ ਵਾਲੀਬਾਲ ਟੂਰਨਾਮੈਂਟ ਕਰਵਾਇਆ ਜਾ ਰਿਹਾ ਹੈ। ਇਹ ਟੂਰਨਾਮੈਂਟ ਲੇਟ ਮਾਨਦ ਕੈਪਟਨ ਅਰਜਨ ਸਿੰਘ ਦੀ ਯਾਦ ਨੂੰ ਸਮਰਪਿਤ ਹੈ, ਜੋ ਪਿਛਲੇ ਸਾਲਾਂ ਦੀ ਤਰ੍ਹਾਂ ਇਸ ਵਾਰ ਵੀ ਵੱਡੇ ਪੱਧਰ 'ਤੇ ਆਯੋਜਿਤ ਕੀਤਾ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸੰਦੀਪ ਠਾਕੁਰ ਨੇ ਦੱਸਿਆ ਕਿ ਇਹ ਤੀਜਾ ਸਾਲਾਨਾ ਵਾਲੀਬਾਲ ਟੂਰਨਾਮੈਂਟ ਹੈ, ਜਿਸ ਨੂੰ ਸਫਲ ਬਣਾਉਣ ਲਈ ਕਲੱਬ ਦੇ ਮੈਂਬਰਾਂ ਵੱਲੋਂ ਪੂਰੀ ਤਿਆਰੀ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ 14 ਅਪ੍ਰੈਲ ਨੂੰ ਪਿੰਡ ਪੱਧਰ ਦਾ ਟੂਰਨਾਮੈਂਟ ਕਰਵਾਇਆ ਜਾਵੇਗਾ, ਜਿਸ ਵਿੱਚ ਜੇਤੂ ਟੀਮ ਨੂੰ 7100 ਰੁਪਏ ਨਕਦ ਇਨਾਮ ਤੇ ਕੱਪ ਦਿੱਤਾ ਜਾਵੇਗਾ, ਜਦਕਿ ਦੂਜੇ ਸਥਾਨ 'ਤੇ ਰਹਿਣ ਵਾਲੀ ਟੀਮ ਨੂੰ 5100 ਰੁਪਏ ਤੇ ਕੱਪ ਨਾਲ ਸਨਮਾਨਤ ਕੀਤਾ ਜਾਵੇਗਾ।ਉਨ੍ਹਾਂ ਹੋਰ ਦੱਸਿਆ ਕਿ 15 ਅਪ੍ਰੈਲ ਨੂੰ ਆਲ ਓਪਨ ਵਾਲੀਬਾਲ ਟੂਰਨਾਮੈਂਟ ਕਰਵਾਇਆ ਜਾਵੇਗਾ, ਜਿਸ ਵਿੱਚ ਇਲਾਕੇ ਦੀਆਂ ਪ੍ਰਮੁੱਖ ਟੀਮਾਂ ਹਿੱਸਾ ਲੈਣਗੀਆਂ। ਇਸ ਮੁਕਾਬਲੇ ਵਿੱਚ ਪਹਿਲਾ ਇਨਾਮ 25,000 ਰੁਪਏ ਨਕਦ ਤੇ ਕੱਪ ਰੱਖਿਆ ਗਿਆ ਹੈ, ਜਦਕਿ ਦੂਜਾ ਇਨਾਮ 18,000 ਰੁਪਏ ਨਕਦ ਤੇ ਕੱਪ ਦਿੱਤਾ ਜਾਵੇਗਾ।ਇਸ ਮੌਕੇ ਅੰਕੁਰ ਜਮਵਾਲ, ਸੋਨਾ ਫੌਜੀ, ਵਿਕਰਾਂਤ ਜਮਵਾਲ ਤੇ ਵੰਸ਼ ਠਾਕੁਰ ਸਮੇਤ ਹੋਰ ਮੈਂਬਰ ਵੀ ਮੌਜੂਦ ਸਨ।

# ਪਸ਼ੂ ਪਾਲਣ ਮੰਤਰੀ ਦੇ ਹਲਕੇ 'ਚ ਵੈਟਰਨਰੀ ਇੰਸਪੈਕਟਰ ਭਲਕੇ ਕਰਨਗੇ ਰੋਸ ਰੈਲੀ, ਵੱਡੇ ਪੱਧਰ 'ਤੇ ਤਿਆਰੀਆਂ ਮੁਕੰਮਲ: ਗੁਰਦੀਪ ਸਿੰਘ ਬਾਸੀ

ਮੁਕੇਰੀਆਂ, 19 ਮਾਰਚ (ਧਰਮ ਚੰਦ): ਪਸ਼ੂ ਪਾਲਣ ਵਿਭਾਗ ਵਿੱਚ ਕੰਮ ਕਰਦੇ ਵੈਟਰਨਰੀ ਇੰਸਪੈਕਟਰ ਪਿਛਲੇ ਲੰਬੇ ਸਮੇਂ ਤੋਂ ਆਪਣੀਆਂ ਮੰਗਾਂ ਨੂੰ ਲੈ ਕੇ ਜਦੋ-ਜਹਿਦ ਕਰਦੇ ਆ ਰਹੇ ਹਨ, ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਹੋਇਆਂ ਵੈਟਰਨਰੀ ਇੰਸਪੈਕਟਰ ਐਸੋਸੀਏਸ਼ਨ ਪੰਜਾਬ ਦੇ ਸੂਬਾ ਪ੍ਰਧਾਨ ਗੁਰਦੀਪ ਸਿੰਘ ਬਾਸੀ ਨੇ ਕਿਹਾ ਕਿ ਵੈਟਰਨਰੀ ਇੰਸਪੈਕਟਰ ਪਸ਼ੂ ਪਾਲਣ ਵਿਭਾਗ ਦੀ ਰੀੜ੍ਹ ਦੀ ਹੱਡੀ ਹਨ ਤੇ 90% ਕੰਮ ਇਸੇ ਕੇਡਰ ਵੱਲ ਨੂੰ ਕੀਤਾ ਜਾਂਦਾ ਹੈ, ਸਰਕਾਰ ਦੀਆਂ ਸਾਰੀਆਂ ਸਕੀਮਾਂ ਜ਼ਮੀਨੀ ਪੱਧਰ ਤੇ ਵੈਟਰਨਰੀ ਇੰਸਪੈਕਟਰਾਂ ਵੱਲੋਂ ਲਾਗੂ ਕੀਤੀਆਂ ਜਾਂਦੀਆਂ ਹਨ, ਵੈਟਰਨਰੀ ਇੰਸਪੈਕਟਰਾਂ ਦੀਆਂ ਕੁਝ ਮੰਗਾਂ ਹਨ, ਜਿਨ੍ਹਾਂ ਦੇ ਸਬੰਧ ਵਿੱਚ ਵੈਟਰਨਰੀ ਇੰਸਪੈਕਟਰ ਐਸੋਸੀਏਸ਼ਨ ਪੰਜਾਬ ਦੇ ਨੁਮਾਇੰਦਿਆਂ ਦੀਆਂ ਕਈ ਮੀਟਿੰਗਾਂ ਮਾਣਯੋਗ ਮੰਤਰੀ ਸਾਹਿਬ ਤੇ ਵਿਭਾਗ ਦੇ ਉਚ-ਅਧਿਕਾਰੀਆਂ ਨਾਲ ਹੋ ਚੁੱਕੀਆਂ ਹਨ, ਪਰ ਹੁਣ ਤੱਕ ਵੈਟਰਨਰੀ ਇੰਸਪੈਕਟਰਾਂ ਦੇ ਪੱਲੇ ਸਿਵਾਏ ਲਾਰਿਆਂ ਤੋਂ ਕੁਝ ਨਹੀਂ ਪਿਆ, ਆਖਰਕਾਰ ਅੱਕ ਕੇ ਵੈਟਰਨਰੀ ਇੰਸਪੈਕਟਰ ਐਸੋਸੀਏਸ਼ਨ ਨੇ 21 ਮਾਰਚ ਦਿਨ ਸ਼ਨੀਵਾਰ ਨੂੰ ਪਸ਼ੂ ਪਾਲਣ ਮੰਤਰੀ ਦੇ ਹਲਕਾ ਲੰਬੀ ਵਿੱਚ ਇੱਕ ਵਿਸ਼ਾਲ ਰੋਸ ਰੈਲੀ ਕਰਨ ਦਾ ਐਲਾਨ ਕੀਤਾ ਹੈ, ਇਸ ਸਬੰਧੀ ਵੈਟਰਨਰੀ ਇੰਸਪੈਕਟਰ ਐਸੋਸੀਏਸ਼ਨ ਨੇ ਹਰ ਤਰ੍ਹਾਂ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਹਨ। ਉਨ੍ਹਾਂ ਨੇ ਜਾਣਕਾਰੀ ਦਿੰਦਿਆਂ ਹੋਇਆਂ ਦੱਸਿਆ ਹੈ ਕਿ ਇਸ ਰੈਲੀ ਵਿੱਚ ਪੂਰੇ ਪੰਜਾਬ ਦੇ ਵੈਟਰਨਰੀ ਇੰਸਪੈਕਟਰ ਸ਼ਿਰਕਤ ਕਰਨਗੇ, ਰੈਲੀ ਵਿੱਚ ਰਿਟਾਇਰ ਹੋਏ ਵੈਟਰਨਰੀ ਇੰਸਪੈਕਟਰ ਵੀ ਭਾਗ ਲੈਣਗੇ, ਇਸ ਰੈਲੀ ਦਾ ਸਿੱਧਾ ਅਸਰ 2027 ਵਿੱਚ ਹੋਣ ਵਾਲੀਆਂ ਚੋਣਾਂ 'ਤੇ ਪਵੇਗਾ। ਇਸ ਮੌਕੇ 'ਤੇ ਸੀਨੀਅਰ ਆਗੂ ਗੁਰਮੀਤ ਸਿੰਘ ਮਹਿਤਾ, ਵਿਪਨ ਗੋਇਲ, ਰਜੀਵ ਮਲਹੋਤਰਾ, ਦਲਜੀਤ ਸਿੰਘ ਚਾਹਲ, ਗੁਰਦੀਪ ਛੰਨਾ, ਵਿਜੇ ਕੰਬੋਜ, ਜਗਜੀਤ ਸੰਗਰੂਰ, ਪਰਵੀਨ ਕੁਮਾਰ, ਸੰਦੀਪ ਚੌਧਰੀ, ਦਮਨਜੀਤ ਸਿੰਘ, ਰਕੇਸ਼ ਸੈਣੀ, ਹਰਜੋਧ ਸਿੰਘ ਸੈਣੀ, ਦਵਿੰਦਰ ਧੁੱਗਾ, ਰਜਿੰਦਰ ਕੰਬੋਜ ਸੁਖਜਿੰਦਰ ਸਿੰਘ ਫਰੀਦਕੋਟ, ਸਤਨਾਮ ਸਿੰਘ ਅੰਮ੍ਰਿਤਸਰ ਆਦਿ ਹਾਜ਼ਰ ਸਨ।



# ਐਲ.ਪੀ.ਜੀ. ਸਿਲੰਡਰਾਂ ਦੀ ਗਲਤ ਵਰਤੋਂ ਰੋਕਣ ਲਈ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਕਰਨਗੀਆਂ ਅਚਨਚੇਤ ਨਿਰੀਖਣ: ਡੀਸੀ



ਸ੍ਰੀ ਫਤਹਿਗੜ੍ਹ ਸਾਹਿਬ, 19 ਮਾਰਚ (ਹਰਪ੍ਰੀਤ ਕੌਰ ਟਿਵਾਣਾ): ਘਰੇਲੂ ਤੇ ਕਮਰਸ਼ੀਅਲ ਐਲਪੀਜੀ ਗੈਸ ਸਿਲੰਡਰਾਂ ਦੀ ਸਪਲਾਈ ਤੇ ਵੰਡ ਪ੍ਰਣਾਲੀ 'ਤੇ ਕਰੜੀ ਨਿਗਰਾਨੀ ਰੱਖਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਖਤ ਕਦਮ ਚੁੱਕੇ ਜਾ ਰਹੇ ਹਨ। ਡਿਪਟੀ ਕਮਿਸ਼ਨਰ ਡਾ.ਸੋਨਾ ਥਿੰਦ ਨੇ ਦੱਸਿਆ ਕਿ ਜ਼ਿਲ੍ਹੇ ਭਰ ਵਿੱਚ ਗੈਸ ਏਜੰਸੀਆਂ 'ਤੇ ਨਜ਼ਰ ਰੱਖਣ ਲਈ ਫੂਡ ਸਪਲਾਈ ਅਫ਼ਸਰਾਂ ਨੂੰ ਤਾਇਨਾਤ ਕੀਤਾ ਗਿਆ ਹੈ ਜੋ ਨਿਯਮਿਤ ਤੌਰ 'ਤੇ ਜਾਂਚ ਤੇ ਤਸਦੀਕ ਕਰਨਗੇ। ਉਨ੍ਹਾਂ ਸਮੂਹ ਗੈਸ ਏਜੰਸੀਆਂ ਨੂੰ ਹਦਾਇਤ ਕੀਤੀ ਕਿ ਸਿਲੰਡਰਾਂ ਦੀ ਵੰਡ ਨਿਰਧਾਰਿਤ ਨਿਯਮਾਂ ਅਨੁਸਾਰ ਕਰਨੀ ਯਕੀਨੀ ਬਣਾਈ ਜਾਵੇ ਤਾਂ ਜੋ ਲੋਕਾਂ ਨੂੰ ਬੇਲੋੜੀ ਖੱਜਲ-ਖੁਆਰੀ ਪੇਸ਼ ਨਾ ਆਵੇ। ਉਨ੍ਹਾਂ ਸਮੂਹ ਗੈਸ ਏਜੰਸੀਆਂ ਨੂੰ ਹਦਾਇਤ ਕੀਤੀ ਕਿ ਐਲਪੀਜੀ ਸਿਲੰਡਰਾਂ ਦੀ ਡਾਈਵਰਸ਼ਨ, ਜਮ੍ਹਾਂਖੋਰੀ ਜਾਂ ਗਲਤ ਵਰਤੋਂ ਦਾ ਕੋਈ ਮਾਮਲਾ ਸਾਹਮਣੇ ਆਇਆ ਤਾਂ ਜ਼ਰੂਰੀ ਵਸਤਾਂ (ਐਸੈਂਸ਼ਲ ਕਮੋਡਿਟੀਜ਼) ਐਕਟ ਦੇ ਤਹਿਤ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈਜ਼ ਅਫਸਰ ਨੂੰ ਹਦਾਇਤ ਕੀਤੀ ਕਿ ਗੈਸ ਏਜੰਸੀਆਂ ਦਾ ਨਿਰੀਖਣ ਕੀਤਾ ਜਾਵੇ।

# ਰਿਮਟ ਯੂਨੀਵਰਸਿਟੀ ਨੇ ਸਾਹਿਤਕ ਰਚਨਾਵਾਂ ਨੂੰ ਉਤਸ਼ਾਹਿਤ ਕਰਨ ਲਈ ਕਰਵਾਏ ਮੁਕਾਬਲੇ

ਮੰਡੀ ਗੋਬਿੰਦਗੜ੍ਹ, 19 ਮਾਰਚ (ਸੂਦ): ਰਿਮਟ ਯੂਨੀਵਰਸਿਟੀ ਮੰਡੀ ਗੋਬਿੰਦਗੜ੍ਹ ਵਿਖੇ ਵਿਦਿਆਰਥੀ ਭਲਾਈ ਵਿਭਾਗ ਦੇ ਸਾਹਿਤਕ ਕਲੱਬ ਨੇ ਭਾਸ਼ਣ ਤੇ ਕਹਾਣੀ ਸੁਣਾਉਣ ਮੁਕਾਬਲੇ ਕਰਵਾਏ। ਮੁਕਾਬਲੇ ਵਿੱਚ ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਭਾਗੀਦਾਰਾਂ ਨੇ ਆਪਣੇ ਅਨੁਭਵਾਂ ਦੀ ਪੇਸ਼ਕਾਰੀ ਰਾਹੀਂ ਬੜੇ ਦਿਲਚਸਪ ਬਿਰਤਾਂਤਾਂ ਤੇ ਵਿਚਾਰ-ਉਕਸਾਉਣ ਵਾਲੀ ਸਮੱਗਰੀ ਨਾਲ ਦਰਸ਼ਕਾਂ ਨੂੰ ਪ੍ਰਭਾਵਿਤ ਕੀਤਾ, ਜਿਸ ਨੇ ਸਮਕਾਲੀ ਮੁੱਦਿਆਂ ਤੇ ਕਲਪਨਾਤਮਕ ਵਿਸ਼ਿਆਂ ਦੋਵਾਂ ਨੂੰ ਉਜਾਗਰ ਕੀਤਾ। ਰਿਮਟ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਡਾ. ਬੀ.ਐਸ. ਭਾਟੀਆ ਨੇ ਵਿਸ਼ੇਸ਼ ਸ਼ਿਰਕਤ ਕੀਤੀ ਤੇ ਜੇਤੂਆਂ ਦਾ ਸਨਮਾਨ ਕੀਤਾ। ਉਨ੍ਹਾਂ ਵਿਦਿਆਰਥੀਆਂ ਦੇ ਸੰਪੂਰਨ ਵਿਕਾਸ ਵਿੱਚ ਯੋਗਦਾਨ ਪਾਉਣ ਵਾਲੀਆਂ ਅਜਿਹੀਆਂ ਅਰਥਪੂਰਨ ਗਤੀਵਿਧੀਆਂ ਦੇ ਆਯੋਜਨ ਵਿੱਚ ਸਾਹਿਤਕ ਕਲੱਬ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸਾਹਿਤਕ ਪਲੇਟਫਾਰਮ ਨੌਜਵਾਨਾਂ ਵਿੱਚ ਆਤਮਵਿਸ਼ਵਾਸ, ਰਚਨਾਤਮਕਤਾ ਤੇ ਬੌਧਿਕ ਵਿਕਾਸ ਨੂੰ ਉਤਸ਼ਾਹਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਇਹ ਮੁਕਾਬਲਾ ਇੱਕ ਦਿਲਚਸਪ ਤੇ ਬੌਧਿਕ ਚੇਤਨਾ ਨੂੰ ਉਭਾਰਦਾ ਵਾਤਾਵਰਨ ਹੋ ਨਿਬੜਿਆ, ਜਿੱਥੇ ਭਾਗੀਦਾਰਾਂ ਨੂੰ ਆਪਣੇ ਦ੍ਰਿਸ਼ਟੀਕੋਣ ਤੇ ਕਹਾਣੀ ਸੁਣਾਉਣ ਦੀਆਂ ਯੋਗਤਾਵਾਂ ਨੂੰ ਇੱਕ ਪ੍ਰਸ਼ੰਸਾਮਈ ਢੰਗ ਨਾਲ ਦਰਸ਼ਕਾਂ ਦੇ ਸਾਹਮਣੇ ਪ੍ਰਗਟ ਕਰਨ ਦਾ ਮੌਕਾ ਮਿਲਿਆ। ਜੱਜਾਂ ਨੇ ਸਮੱਗਰੀ, ਡਿਲੀਵਰੀ, ਮੌਲਿਕਤਾ ਤੇ ਸਮੁੱਚੀ ਪੇਸ਼ਕਾਰੀ ਦੇ ਆਧਾਰ 'ਤੇ ਪ੍ਰਦਰਸ਼ਨਾਂ ਦਾ ਮੁਲਾਂਕਣ ਕੀਤਾ। ਸਾਹਿਤ, ਰਚਨਾਤਮਕਤਾ ਤੇ ਪ੍ਰਗਟਾਵੇ ਦੀ ਭਾਵਨਾ ਦਾ ਜਸ਼ਨ ਮਨਾਉਂਦੇ ਹੋਏ ਇਹ ਸਮਾਗਮ ਇੱਕ ਵਿਸ਼ੇਸ਼ ਪ੍ਰਾਪਤੀ ਨੂੰ ਹਾਸਲ ਕਰਦਾ ਹੋਇਆ ਸਮਾਪਤ ਹੋਇਆ। ਜੇਤੂਆਂ ਦਾ ਸਨਮਾਨ ਤੇ ਭਾਗੀਦਾਰਾਂ ਨੂੰ ਸਰਟੀਫਿਕੇਟਾਂ ਨਾਲ ਸਨਮਾਨਤ ਕੀਤਾ ਗਿਆ।



# ਸਾਨੂੰ ਗੁਰੂਆਂ ਦੇ ਦਰਸਾਏ ਮਾਰਗ ਮੁਤਾਬਿਕ ਗਊ ਗਰੀਬ ਦੀ ਰੱਖਿਆ ਕਰਨੀ ਚਾਹੀਦੀ ਹੈ: ਚੰਦਰ ਕਾਂਤ ਮਹਾਰਾਜ

ਅਮਲੋਹ, 19 ਮਾਰਚ (ਜਸਵੰਤ ਸਿੰਘ): ਬਾਬਾ ਸੋਹਨ ਦੇਵ ਅਵਧੂਤ ਤੇ ਸ੍ਰੀ ਬਾਬੂ ਰਾਮ ਮੋਨੀ ਮਹਾਰਾਜ ਕੈਦੂਪੁਰ ਵਾਲਿਆਂ ਦੀ ਅਪਾਰ ਕ੍ਰਿਪਾ ਨਾਲ ਖਮਾਣੋਂ, ਭਾਦਸੋਂ, ਅਮਲੋਹ ਤੇ ਆਲੇ-ਦੁਆਲੇ ਦੇ ਪਿੰਡਾਂ ਦੇ ਲੋਕਾਂ ਵੱਲੋਂ ਪਿੰਡ ਮੱਲੇਵਾਲ ਬੀੜ ਦੇ ਸੈਡਾ ਨਜ਼ਦੀਕ ਭਗਵੰਤ ਸਪਤਾਹ ਬਾਬਾ ਮੋਹਨ ਦੇਵ ਖਮਾਣੋਂ ਵਾਲਿਆਂ ਦੇ ਚਰਨ ਸੇਵਕ ਬਾਬਾ ਸੇਵਾ ਨੰਦ ਦੀ ਅਗਵਾਈ ਹੇਠ ਜਾਰੀ ਹੈ, ਜਿਸ ਦੇ ਤੀਸਰੇ ਦਿਨ ਪੰਜਾਬ ਦੇ ਗਊ ਸੇਵਾ ਪ੍ਰਮੁੱਖ ਸ੍ਰੀ ਚੰਦਰ ਕਾਂਤ ਮਹਾਰਾਜ ਨੇ ਕਿਹਾ ਕਿ ਪੰਜਾਬ ਗੁਰੂਆਂ ਪੀਰ, ਪੈਗੰਬਰਾਂ ਦੀ ਧਰਤੀ ਹੈ, ਜਿਸ ਨੇ ਸਾਨੂੰ ਗਊ ਗਰੀਬ ਦੀ ਰਾਖੀ ਦਾ ਮਾਰਗ ਦਿਖਾਇਆ ਹੈ। ਉਨ੍ਹਾਂ ਕਿਹਾ ਕਿ ਜੇਕਰ ਨੌਂਵੇ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਕੁਰਬਾਨੀ ਨਾ ਦਿੰਦੇ ਤੇ ਸ੍ਰੀ ਗੁਰੂ ਗੋਬਿੰਦ ਸਿੰਘ ਆਪਣਾ ਸਰਬੰਸ ਨਾ ਵਾਰਦੇ ਤਾਂ ਅੱਜ ਅਜਿਹੇ ਸਮਾਗਮ ਨਹੀਂ ਸੀ ਹੋਣੇ। ਉਨ੍ਹਾਂ ਲੋਕਾਂ ਨੂੰ ਦੇਸੀ ਗਊ ਦਾ ਦੁੱਧ, ਗੋਬਰ ਆਦਿ ਦੀ ਵਰਤੋਂ ਦੀ ਅਪੀਲ ਕੀਤੀ ਤੇ ਕੀਟਨਾਸ਼ਕ ਤੇ ਜ਼ਹਿਰੀਲੀਆਂ ਖਾਦਾਂ ਦੀ ਵਰਤੋਂ ਕਰਕੇ ਧਰਤੀ ਮਾਤਾ ਨੂੰ ਪ੍ਰਦੂਸ਼ਿਤ ਨਾ ਕਰਨ ਦੀ ਅਪੀਲ ਕੀਤੀ। ਇਸ ਮੌਕੇ ਵੱਡੀ ਗਿਣਤੀ ਵਿੱਚ ਗਊ ਭਗਤ ਤੇ ਹਜ਼ਾਰਾਂ ਦੀ ਗਿਣਤੀ ਵਿੱਚ ਨੇੜਲੇ ਪਿੰਡਾਂ ਦੀ ਸੰਗਤ ਹਾਜ਼ਰ ਸੀ, ਜਿਨ੍ਹਾਂ ਵਿੱਚ ਨੇਤਰ ਸਿੰਘ ਘੁੱਡਰ, ਗਊ ਸੇਵਾ ਸੰਮਤੀ ਅਮਲੋਹ ਦੇ ਪ੍ਰਧਾਨ ਭੂਸ਼ਨ ਸੂਦ, ਉਪ-ਪ੍ਰਧਾਨ ਸੰਜੀਵ ਧੀਰ, ਭਾਜਪਾ ਦੇ ਸੂਬਾਈ ਆਗੂ ਪ੍ਰਦੀਪ ਗਰਗ, ਧਰਮਪਾਲ ਗਰਗ, ਸੰਜੇ ਗੁਪਤਾ, ਸੰਦੀਪ ਗੁਪਤਾ, ਬੱਗਾ ਰਾਮ ਤੇ ਮਿੰਟੂ ਅਰੋੜਾ ਹਾਜ਼ਰ ਸਨ।



# ਅਮਨ ਅਰੋੜਾ ਨੇ ਪਹਿਲੇ ਨਵਰਾਤਰੇ ਮੌਕੇ ਰੇਲਵੇ ਅੰਡਰ ਬ੍ਰਿਜ ਦੀ ਆਵਾਜਾਈ ਸ਼ੁਰੂ ਕਰਵਾਈ

ਸੁਨਾਮ, 19 ਮਾਰਚ (ਮੋਹਣ ਸ਼ਰਮਾ/ਰਾਊਵਰਿੰਦਰ ਮਠਾੜੂ): ਕੈਬਨਿਟ ਮੰਤਰੀ ਅਮਨ ਅਰੋੜਾ ਨੇ ਪਹਿਲੇ ਨਵਰਾਤਰੇ ਦੇ ਪਵਿੱਤਰ ਮੌਕੇ 'ਤੇ ਹਲਕਾ ਵਾਸੀਆਂ ਨੂੰ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਵੱਲੋਂ ਕਰੀਬ 9 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਏ ਰੇਲਵੇ ਅੰਡਰ ਬ੍ਰਿਜ (ਆਰ.ਯੂ.ਬੀ.) ਦਾ ਤੋਹਫ਼ਾ ਦਿੱਤਾ। ਬੱਸ ਸਟੈਂਡ ਸੁਨਾਮ ਦੇ ਨੇੜੇ ਸਥਿਤ ਇਸ ਅੰਡਰ ਬ੍ਰਿਜ 'ਤੇ ਆਵਾਜਾਈ ਦੀ ਸ਼ੁਰੂਆਤ ਕਰਵਾਈ ਗਈ। ਇਸ ਪ੍ਰੋਜੈਕਟ ਦੇ ਚਾਲੂ ਹੋਣ ਨਾਲ ਇੰਦਰਾ ਬਸਤੀ ਸਾਈਡ ਅਤੇ ਸ਼ਹਿਰ ਦੇ ਮੁੱਖ ਹਿੱਸੇ ਵਿਚਕਾਰ ਸਿੱਧੀ ਕੁਨੈਕਟੀਵਿਟੀ ਸਥਾਪਤ ਹੋ ਗਈ ਹੈ, ਜੋ ਕਿ ਸਾਲਾਂ ਤੋਂ ਹਲਕਾ ਵਾਸੀਆਂ ਦੀ ਇੱਕ ਮੁੱਖ ਮੰਗ ਸੀ। ਇਸ ਅੰਡਰ ਬ੍ਰਿਜ ਦੇ ਬਣਨ ਨਾਲ ਸਭ ਤੋਂ ਵੱਡਾ ਲਾਭ ਇਹ ਹੋਇਆ ਹੈ ਕਿ ਹੁਣ ਲੋਕਾਂ ਨੂੰ ਰੇਲਵੇ ਫਾਟਕ ਬੰਦ ਰਹਿਣ ਕਾਰਨ ਹੋਣ ਵਾਲੀ ਲੰਬੀ ਉਡੀਕ ਤੋਂ ਛੁਟਕਾਰਾ ਮਿਲ ਗਿਆ ਹੈ। ਪਹਿਲਾਂ ਲੋਕਾਂ ਨੂੰ ਘੰਟਿਆਂ ਤੱਕ ਇੰਤਜ਼ਾਰ ਕਰਨਾ ਪੈਂਦਾ ਸੀ। ਹੁਣ ਇਸ ਅੰਡਰ ਬ੍ਰਿਜ ਦੇ ਚਾਲੂ ਹੋਣ ਨਾਲ ਇਹ ਸਾਰੀਆਂ ਸਮੱਸਿਆਵਾਂ ਕਾਫ਼ੀ ਹੱਦ ਤੱਕ ਖਤਮ ਹੋ ਗਈਆਂ ਹਨ। ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਇਹ ਪ੍ਰੋਜੈਕਟ ਮੁਕੰਮਲ ਕਰਵਾਉਣ ਵਿੱਚ ਉਹਨਾਂ ਦੇ ਮੀਡੀਆ ਸਲਾਹਕਾਰ ਜਤਿੰਦਰ ਜੈਨ ਤੇ ਯਾਦਵਿੰਦਰ ਨਿਰਮਾਣ ਨੇ ਅਹਿਮ ਯੋਗਦਾਨ ਪਾਇਆ, ਜਿਸ ਲਈ ਕੈਬਨਿਟ ਮੰਤਰੀ ਨੇ ਇਹਨਾਂ ਦੋਵੇਂ



ਸਖ਼ਸ਼ੀਅਤਾਂ ਦਾ ਧੰਨਵਾਦ ਕੀਤਾ।

ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਹਰ ਖੇਤਰ ਵਿੱਚ ਵਿਕਾਸ ਦੇ ਨਵੇਂ ਮਾਪਦੰਡ ਸਥਾਪਤ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਟੀਚਾ ਲੋਕਾਂ ਦੀਆਂ ਰੋਜ਼ਮਰ੍ਹਾ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਅਤੇ ਉਨ੍ਹਾਂ ਨੂੰ ਸੁਵਿਧਾਜਨਕ ਜੀਵਨ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਇਹ ਰੇਲਵੇ ਅੰਡਰ ਬ੍ਰਿਜ ਸਿਰਫ਼ ਇੱਕ ਆਵਾਜਾਈ ਪ੍ਰੋਜੈਕਟ ਨਹੀਂ, ਸਗੋਂ ਇਲਾਕੇ ਦੀ ਆਰਥਿਕ ਅਤੇ ਸਮਾਜਿਕ ਤਰੱਕੀ ਦਾ ਦਰਵਾਜ਼ਾ ਵੀ ਹੈ। ਇਸ ਨਾਲ ਵਪਾਰਕ ਗਤੀਵਿਧੀਆਂ ਨੂੰ ਹੋਰ ਬਲ ਮਿਲੇਗਾ ਤੇ ਸਥਾਨਕ ਕਾਰੋਬਾਰ ਨੂੰ ਵੀ ਨਵੀਂ ਉਡਾਣ ਮਿਲੇਗੀ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਇਸ ਅੰਡਰ ਬ੍ਰਿਜ ਦੇ ਸ਼ੈੱਡ ਦੀ ਉਚਾਈ ਇਸ ਹਿਸਾਬ ਨਾਲ ਰਖਵਾਈ ਗਈ ਹੈ ਕਿ ਬੱਸਾਂ ਤੇ ਟਰੱਕਾਂ ਵਰਗੇ ਵੱਡੇ ਵਾਹਨ ਵੀ ਆਰਾਮ ਨਾਲ ਬਿਨਾਂ ਕਿਸੇ ਰੁਕਾਵਟ ਦੇ ਲੰਘ ਸਕਣ, ਜਿਸ ਨਾਲ ਆਵਾਜਾਈ ਹੋਰ ਵੀ ਸੁਚਾਰੂ ਤੇ ਪ੍ਰਭਾਵਸ਼ਾਲੀ ਬਣੇਗੀ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਪ੍ਰੋਜੈਕਟ ਨੂੰ ਤਿਆਰ ਕਰਨ ਦੌਰਾਨ ਤਕਨੀਕੀ ਪੱਖਾਂ ਦਾ ਖਾਸ ਧਿਆਨ ਰੱਖਿਆ ਗਿਆ ਹੈ, ਤਾਂ ਜੋ ਲੰਬੇ ਸਮੇਂ ਤੱਕ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਨੇ ਕਿਹਾ ਕਿ ਮਿਆਰੀ ਸਮੱਗਰੀ ਤੇ ਆਧੁਨਿਕ ਤਕਨੀਕ ਦੀ ਵਰਤੋਂ ਕਰਕੇ ਇਸ ਅੰਡਰ ਬ੍ਰਿਜ ਨੂੰ ਮਜ਼ਬੂਤ ਅਤੇ ਸੁਰੱਖਿਅਤ ਬਣਾਇਆ ਗਿਆ ਹੈ। ਉਨ੍ਹਾਂ ਨੇ ਇਸ ਮੌਕੇ ਰੇਲਵੇ ਵਿਭਾਗ ਤੇ ਪੰਜਾਬ ਸਰਕਾਰ ਦੇ ਵੱਖ ਵੱਖ ਵਿਭਾਗਾਂ ਅਤੇ ਸਥਾਨਕ ਪ੍ਰਸ਼ਾਸਨ ਦੇ ਅਧਿਕਾਰੀਆਂ ਦਾ ਵਿਸ਼ੇਸ਼ ਧੰਨਵਾਦ ਕੀਤਾ, ਜਿਨ੍ਹਾਂ ਨੇ ਮਿਲਜੁਲ ਕੇ ਟੀਮ ਵਜੋਂ ਕੰਮ ਕਰਦਿਆਂ ਇਸ ਪ੍ਰੋਜੈਕਟ ਨੂੰ ਸਮੇਂ ਸਿਰ ਪੂਰਾ ਕੀਤਾ।

ਕੈਬਨਿਟ ਮੰਤਰੀ ਅਮਨ ਅਰੋੜਾ ਨੇ ਇਹ ਵੀ ਭਰੋਸਾ ਦਿਵਾਇਆ ਕਿ ਹਲਕਾ ਸੁਨਾਮ ਦੇ ਸਰਵਪੱਖੀ ਵਿਕਾਸ ਲਈ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਹੋਰ ਪ੍ਰੋਜੈਕਟ ਲਿਆਂਦੇ ਜਾਣਗੇ। ਉਨ੍ਹਾਂ ਕਿਹਾ ਕਿ ਸੜਕਾਂ, ਨਿਕਾਸੀ ਪ੍ਰਣਾਲੀ, ਪਾਣੀ ਸਪਲਾਈ ਅਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨਾ ਸਰਕਾਰ ਦੀ ਪ੍ਰਾਥਮਿਕਤਾ ਹੈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਵੇਂ ਬਣੇ ਅੰਡਰ ਬ੍ਰਿਜ ਦੀ ਵਰਤੋਂ ਦੌਰਾਨ ਟ੍ਰੈਫ਼ਿਕ ਨਿਯਮਾਂ ਦੀ ਪਾਲਣਾ ਕਰਨ, ਤਾਂ ਜੋ ਸੁਰੱਖਿਅਤ ਅਤੇ ਸੁਚਾਰੂ ਆਵਾਜਾਈ ਯਕੀਨੀ ਬਣਾਈ ਜਾ ਸਕੇ।

ਇਸ ਮੌਕੇ ਇਲਾਕਾ ਵਾਸੀਆਂ ਵੱਲੋਂ ਵੀ ਖੁਸ਼ੀ ਦਾ ਇਜ਼ਹਾਰ ਕਰਦਿਆਂ ਕੈਬਨਿਟ ਮੰਤਰੀ ਦਾ ਧੰਨਵਾਦ ਕੀਤਾ ਗਿਆ ਅਤੇ ਕਿਹਾ ਗਿਆ ਕਿ ਇਹ ਪ੍ਰੋਜੈਕਟ ਉਨ੍ਹਾਂ ਲਈ ਇੱਕ ਵੱਡੀ ਰਾਹਤ ਸਾਬਤ ਹੋਵੇਗਾ। ਇਸ ਮੌਕੇ ਹਲਕਾ ਵਾਸੀਆਂ ਵੱਲੋਂ ਵੱਡੇ ਪੱਧਰ ਉੱਤੇ ਲੱਡੂ ਵੰਡ ਕੇ ਆਪਣੀ ਖੁਸ਼ੀ ਦਾ ਇਜ਼ਹਾਰ ਕੀਤਾ। ਇਸ ਮੌਕੇ ਆਪ ਦੇ ਵੱਖ-ਵੱਖ ਅਹੁਦੇਦਾਰ ਅਤੇ ਵੱਡੀ ਗਿਣਤੀ ਹਲਕਾ ਵਾਸੀ ਹਾਜ਼ਰ ਸਨ।

# ਬੇਅਦਬੀਆਂ ਵਿਰੁੱਧ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ ਕੈਬਨਿਟ ਮੰਤਰੀ ਗੋਇਲ ਦੇ ਦਫ਼ਤਰ ਅੱਗੇ ਧਰਮ ਯੁੱਧ ਮੋਰਚਾ ਕਮੇਟੀ ਵੱਲੋਂ ਧਰਨਾ

ਲਹਿਰਾਗਾਗਾ, 19 ਮਾਰਚ (ਗੁਰਦੀਪ ਸਿੰਘ): ਧਰਮ ਯੁੱਧ ਮੋਰਚਾ ਸਮਾਣਾ ਦੀ ਕਮੇਟੀ ਵੱਲੋਂ ਸਿੱਖ ਜਥੇਬੰਦੀਆਂ ਦੇ ਆਗੂਆਂ, ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ, ਬੀਕੇਯੂ ਏਕਤਾ ਮਲਵਈ ਦੇ ਸਹਿਯੋਗ ਨਾਲ ਬੇਅਦਬੀਆਂ ਖ਼ਿਲਾਫ਼ ਸਖਤ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ ਲਹਿਰਾਗਾਗਾ ਵਿਖੇ ਕੈਬਨਿਟ ਮੰਤਰੀ ਬਰਿੰਦਰ ਗੋਇਲ ਦੇ ਦਫ਼ਤਰ ਅੱਗੇ ਧਰਨਾ ਦੇ ਕੇ ਪੰਜਾਬ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ। ਇਸ ਸਮੇਂ ਮੋਰਚਾ ਕੋਆਰਡੀਨੇਟਰ ਭਾਈ ਗੁਰਪ੍ਰੀਤ ਸਿੰਘ, ਬੀਕੇਯੂ ਸਿੱਧੂਪੁਰ ਦੇ ਸੂਬਾ ਜਨਰਲ ਸਕੱਤਰ ਕਾਕਾ ਸਿੰਘ ਕੋਟੜਾ, ਭਾਈ ਸਨਦੀਪ ਸਿੰਘ ਸੰਨੀ ਦੇ ਭਰਾਤਾ ਮਨਦੀਪ ਸਿੰਘ ਖਾਲਸਾ, ਤਲਵਿੰਦਰ ਸਿੰਘ ਮਾਨ, ਰਜਿੰਦਰ ਸਿੰਘ ਮੋਹਾਲੀ ਆਦਿ ਆਗੂਆਂ ਨੇ ਪੰਜਾਬ ਸਰਕਾਰ ਨੂੰ ਕਰੜੇ ਹੱਥੀਂ ਲੈਂਦਿਆਂ ਕਿਹਾ ਕਿ ਜੁਲਾਈ 2025 ਵਿੱਚ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਦਾ ਸਪੈਸ਼ਲ ਸੈਸ਼ਨ ਬੁਲਾ ਕੇ ਬੇਅਦਬੀ ਰੋਕੂ ਬਿੱਲ ਲਿਆਂਦਾ ਗਿਆ ਸੀ, ਜਿਸ ਨੂੰ ਸਰਬ ਸੰਮਤੀ ਨਾਲ ਪਾਸ ਕਰਨ ਤੋਂ ਬਾਅਦ ਛੇ ਮਹੀਨੇ ਲਈ ਸਲੈਕਟ ਕਮੇਟੀ ਕੋਲ ਭੇਜਿਆ ਗਿਆ ਸੀ, ਪਰ ਹੈਰਾਨੀ ਦੀ ਗੱਲ ਹੈ ਕਿ ਅੱਠ ਮਹੀਨੇ ਬੀਤਣ ਦੇ ਬਾਵਜੂਦ ਸਰਕਾਰ ਬਿਲਕੁਲ ਚੁੱਪ ਹੈ, ਉਨਾਂ ਕਿਹਾ ਕਿ ਅੱਜ ਉਕਤ ਮੰਗ ਨੂੰ ਲੈ ਕੇ ਕੈਬਨਿਟ ਮੰਤਰੀ ਬਰਿੰਦਰ ਗੋਇਲ ਦੇ ਦਰ ਤੇ ਪੁੱਛਣ ਆਏ ਸੀ ਕਿ ਸਰਕਾਰ ਸਰਬ ਧਰਮ ਬੇਅਦਬੀ ਰੋਕੂ ਕਾਨੂੰਨ ਬਣਾਉਣ ਤੋਂ ਕਿਉਂ ਭੱਜ ਰਹੀ ਹੈ ਤੇ ਉਨ੍ਹਾਂ ਇਸ ਸਬੰਧੀ ਚੁੱਪੀ ਕਿਉਂ ਧਾਰੀ ਹੋਈ ਹੈ, ਪਰ ਹੈਰਾਨੀ ਦੀ ਗੱਲ ਹੈ ਕਿ ਸਾਡੇ ਆਉਣ



ਬਾਰੇ ਪਤਾ ਹੋਣ ਦੇ ਬਾਵਜੂਦ ਕੈਬਨਿਟ ਮੰਤਰੀ ਦੇ ਦਫਤਰ ਵਿੱਚ ਸਾਡੀ ਗੱਲ ਸੁਣਣ ਲਈ ਕੋਈ ਵੀ ਮੌਜੂਦ ਨਹੀਂ ਹੈ, ਜਦਕਿ ਪੁਲਿਸ ਫੋਰਸ ਜ਼ਰੂਰ ਤੈਨਾਤ ਕੀਤੀ ਹੋਈ ਹੈ, ਉਨਾਂ ਕਿਹਾ ਕਿ ਜਲਦ ਹੀ ਮੋਰਚਾ ਕਮੇਟੀ ਦੀ ਮੀਟਿੰਗ ਕਰਕੇ ਕੋਈ ਹੋਰ ਸਖਤ ਫੈਸਲਾ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਮੌਜੂਦਾ ਸੈਸ਼ਨ ਦੌਰਾਨ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ, ਪ੍ਰਗਟ ਸਿੰਘ ਸਮੇਤ ਕਈ ਵਿਧਾਇਕਾਂ ਵੱਲੋਂ ਬੇਅਦਬੀ ਰੋਕੂ ਕਾਨੂੰਨ ਬਾਰੇ ਸਵਾਲ ਵੀ ਉਠਾਏ ਗਏ, ਪਰ ਸੱਤਾ ਧਿਰ ਬਿਲਕੁਲ ਚੁੱਪ ਰਹੀ ਹੈ। ਉਨ੍ਹਾਂ ਕਿਹਾ ਕਿ ਸਮਾਣਾ ਵਿਖੇ ਭਾਈ ਗੁਰਜੀਤ ਸਿੰਘ ਖਾਲਸਾ ਪਿਛਲੇ 542 ਦਿਨਾਂ ਤੋਂ ਟਾਵਰ ਉੱਪਰ ਬੈਠ ਸਾਰੇ ਧਰਮਾਂ ਦੇ ਧਾਰਮਿਕ ਗ੍ਰੰਥਾਂ ਤੇ ਧਾਰਮਿਕ ਅਸਥਾਨਾਂ ਦੀ ਪਵਿੱਤਰਤਾ ਨੂੰ ਕਾਇਮ ਰੱਖਣ ਅਤੇ ਧਾਰਮਿਕ ਗ੍ਰੰਥਾਂ ਦੀਆਂ ਲਗਾਤਾਰ ਹੋ ਰਹੀਆਂ ਬੇਅਦਬੀਆਂ ਨੂੰ ਰੋਕਣ ਲਈ ਸਖਤ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ ਅੰਦੋਲਨ ਕਰ ਗੂੰਗੀ ਬੋਲੀ ਸਰਕਾਰ ਨੂੰ ਜਗਾਉਣ ਲਈ ਕੋਸ਼ਿਸ਼ਾਂ ਕਰ ਰਹੇ ਹਨ। ਪਰ ਸਰਕਾਰਾਂ ਵੱਲੋਂ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਨੂੰ ਰੋਕਣ ਲਈ ਸਖਤ ਕਾਨੂੰਨ ਬਣਾਉਣ ਦੀ ਬਜਾਏ ਲਗਾਤਾਰ ਟਾਲ ਮਟੋਲ ਦੀ ਨੀਤੀ ਅਪਣਾਈ ਜਾ ਰਹੀ ਹੈ। ਇਸ ਮੌਕੇ ਭੂਰਾ ਸਿੰਘ ਸਲੇਮਗੜ੍ਹ, ਮਨਿੰਦਰ ਸਿੰਘ ਲਦਾਲ, ਕ੍ਰਿਸ਼ਨ ਸਿੰਘ ਨੰਗਲਾ, ਗੁਰਦਿਆਲ ਸਿੰਘ ਗਿਦੜਿਆਣੀ, ਗੁਰਦੀਪ ਸਿੰਘ ਜਲੂਰ, ਅਜੈਬ ਸਿੰਘ ਲਦਾਲ, ਬਿੰਦਰ ਲਹਿਲ ਕਲਾਂ, ਮਨਜੀਤ ਸਿੰਘ ਖਾਈ, ਸ਼ਮਿੰਦਰ ਸਿੰਘ ਸੰਮੀ, ਜੱਸੀ ਗਾਗਾ, ਸੁਖਦੀਪ ਸਿੰਘ ਰਾਮਗੜ੍ਹ, ਬਿੰਦਰ ਸਿੰਘ ਰਾਮਗੜ੍ਹ, ਮੱਖਣ ਸਿੰਘ ਗਾਗਾ, ਗੁਰਦੀਪ ਸਿੰਘ ਜਲੂਰ, ਭੋਲਾ ਸਿੰਘ ਜਲੂਰ, ਬਲਕਾਰ ਸਿੰਘ ਲਹਿਲ ਖੁਰਦ,ਲਾਲ ਸਿੰਘ ਖਾਈ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

# ਹਲਕੇ ਦਾ ਵਿਕਾਸ ਮੇਰਾ ਮੁੱਢਲਾ ਫ਼ਰਜ਼ : ਚੀਮਾ



ਧਰਮਗੜ੍ਹ, 19 ਮਾਰਚ (ਗੁਰਪ੍ਰੀਤ ਸਿੰਘ ਲਿੱਟ): ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਹਲਕਾ ਦਿੜ੍ਹਬਾ ਦੇ ਵੱਖ ਵੱਖ ਪਿੰਡਾਂ ਦਾ ਦੌਰਾ ਕੀਤਾ ਗਿਆ ਅਤੇ ਵੱਖ ਵੱਖ ਚੱਲ ਰਹੇ ਹਲਕੇ ਵਿੱਚ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ ਗਿਆ। ਵਰਕਰਾਂ ਨਾਲ ਮਿਲਣੀ ਕਰਕੇ ਹਲਕੇ ਦੇ ਲੋਕਾਂ ਦੇ ਕੰਮ ਪਹਿਲ ਦੇ ਆਧਾਰ ਤੇ ਤੁਰੰਤ ਕੀਤੇ ਗਏ ਅਤੇ ਨਾਲ ਹੀ ਵੱਖ ਵੱਖ ਪਿੰਡਾਂ ਨੂੰ ਵਿਕਾਸ ਕਾਰਜਾਂ ਲਈ ਗ੍ਰਾਂਟਾਂ ਜਾਰੀ ਕੀਤੀਆਂ ਗਈਆਂ। ਜਿਸ ਤਹਿਤ ਪਿੰਡ ਫਲੇੜਾ ਵਿਖੇ ਬਾਬਾ ਬਾਲਮੀਕ ਧਰਮਸ਼ਾਲਾ ਅਤੇ ਰਵੀਦਾਸ ਧਰਮਸ਼ਾਲਾ ਦੇ ਸੈਡ ਲਈ ਪੰਜ - ਪੰਜ ਲੱਖ ਰੁਪਏ ਅਤੇ ਨਾਮਧਾਰੀ ਧਰਮਸ਼ਾਲਾ ਲਈ 10 ਲੱਖ ਰੁਪਏ ਦੀ ਗ੍ਰਾਂਟ ਦਾ ਚੈੱਕ ਗ੍ਰਾਮ ਪੰਚਾਇਤ ਅਤੇ ਆਮ ਆਦਮੀ ਪਾਰਟੀ ਦੇ ਆਗੂਆਂ ਨੂੰ ਦਿੱਤਾ ਗਿਆ ਨਗਰ ਨਿਵਾਸੀਆਂ ਵੱਲੋਂ ਵਿੱਤ ਮੰਤਰੀ ਦਾ ਗ੍ਰਾਂਟ ਜਾਰੀ ਕਰਨ ਤੇ ਧੰਨਵਾਦ ਕੀਤਾ ਗਿਆ ਪਹਿਲਾਂ ਵੀ ਪਿੰਡ ਦੇ ਵਿਚ ਲੱਖਾ ਰੁਪਏ ਦੇ ਵਿਕਾਸ ਕਾਰਜ ਚੱਲ ਰਹੇ ਹਨ। ਇਸ ਮੌਕੇ ਤੇ ਸਰਪੰਚ ਤਰਸੇਮ ਸਿੰਘ, ਪੰਚ ਬਿੰਦਰ ਸਿੰਘ, ਨਿਰਮਲ ਸਿੰਘ, ਬਲਾਕ ਪ੍ਰਧਾਨ ਜਸਵਿੰਦਰ ਸਿੰਘ ਲਿੱਟ, ਬਲਾਕ ਸੰਮਤੀ ਮੈਂਬਰ ਦਰਸ਼ਨ ਸਿੰਘ ਸੋਹੀ,ਪਰਮਜੀਤ ਸਿੰਘ ਮਾਨ, ਜਗਵਿੰਦਰ ਸਿੰਘ ਨਿੱਕਾ, ਗੁਰਪ੍ਰੀਤ ਸਿੰਘ, ਗੁਰਜੀਵਨ ਸਿੰਘ ਬਲਵਿੰਦਰ ਸਿੰਘ ਨਾਮਧਾਰੀ ਆਦਿ ਸਮੂਹ ਵਲੰਟੀਅਰ ਅਤੇ ਗ੍ਰਾਮ ਪੰਚਾਇਤ ਹਾਜ਼ਰ ਸਨ।

# ਕੰਬੋਜ ਫਾਊਂਡੇਸ਼ਨ ਗਵਰਨਿੰਗ ਕੌਂਸਲ ਦੀ ਮੀਟਿੰਗ

ਸੁਨਾਮ ਊਧਮ ਸਿੰਘ ਵਾਲਾ, 19 ਮਾਰਚ (ਮੋਹਣ ਸ਼ਰਮਾ/ਰਾਊਵਰਿੰਦਰ ਮਠਾੜੂ): ਸ਼ਹੀਦ ਊਧਮ ਸਿੰਘ ਸਕਿਲ ਡਿਵੈਲਪਮੈਂਟ ਐਂਡ ਇੰਟਰਪਰਨਿਊਰਸ਼ਿਪ ਯੂਨੀਵਰਸਿਟੀ ਪੰਜਾਬ ਆਪਣੇ ਵਿਦਿਅਕ ਸੈਸ਼ਨ ਨੂੰ 31 ਜੁਲਾਈ ਨੂੰ ਬਕਾਇਦਾ ਸ਼ੁਰੂ ਕਰੇਗੀ। ਇਹ ਟੀਚਾ ਅੱਜ ਕੰਬੋਜ ਫਾਊਂਡੇਸ਼ਨ ਦੀ ਗਵਰਨਿੰਗ ਕੌਂਸਲ ਦੀ ਹੋਈ ਮੀਟਿੰਗ ਵਿੱਚ ਮਿੱਥਿਆ ਗਿਆ ।ਕੰਬੋਜ ਫਾਊਂਡੇਸ਼ਨ ਦੀ ਗਵਰਨਰ ਕੌਂਸਲ ਦੇ ਅੱਜ ਦੇਸ਼ ਭਰ ਵਿੱਚੋਂ ਨੁਮਾਇੰਦੇ ਪੁੱਜੇ ।ਇਸ ਮੌਕੇ ਕੰਬੋਜ ਫਾਊਂਡੇਸ਼ਨ ਦੇ ਨਵੇਂ ਅਹੁਦੇਦਾਰ ਚੁਣੇ ਗਏ। ਇਸ ਮੌਕੇ ਮਤਾ ਪਾਸ ਕਰਕੇ ਪੈਟਰਨ ਡਾਕਟਰ ਸੰਦੀਪ ਸਿੰਘ ਕੌੜਾ, ਚੇਅਰਮੈਨ ਡਾ ਮੰਗਲ ਸਿੰਘ, ਡਾ ਸੂਬਾ ਸਿੰਘ ਪ੍ਰਧਾਨ, ਹਰਜਿੰਦਰ ਸਿੰਘ ਹਾਂਡਾ ਅਤੇ ਹਰਦਿਆਲ ਸਿੰਘ ਕੰਬੋਜ ਮੀਤ ਪ੍ਰਧਾਨ ਚੁਣੇ ਗਏ ।ਮਾਨ ਸਿੰਘ ਧੰਮ ਸੀਨੀਅਰ ਵਾਈਸ ਚੇਅਰਮੈਨ, ਹਰਪਾਲ ਸਿੰਘ, ਜਰਨੈਲ ਸਿੰਘ ਵਾਈਸ ਚੇਅਰਮੈਨ, ਬੀ ਐਸ ਧੰਜੂ ਸਕੱਤਰ, ਹਰਦੀਪ ਸਿੰਘ ਸਨੌਰ ਖਜਾਨਚੀ, ਮਨਮਿੰਦਰ ਸਿੰਘ ਜੋਇੰਟ ਸਕੱਤਰ ਚੁਣੇ ਗਏ ।



ਇਸ ਮੌਕੇ ਦੇਸ਼ ਭਰ ਦੇ ਵੱਖ-ਵੱਖ ਹਿੱਸਿਆਂ ਤੋਂ ਪੁੱਜੀਆਂ ਹਸਤੀਆਂ ਨੇ ਹਲਫ ਲਿਆ ਕਿ ਕੌਮੀ ਅਣਖ ਦੇ ਪ੍ਰਤੀਕ ਸਰਦਾਰ ਊਧਮ ਸਿੰਘ ਦੇ ਨਾਮ ਤੇ ਸਥਾਪਿਤ ਹੋਣ ਜਾ ਰਹੀ ਨਵੇਕਲੀ ਕਿਸਮ ਦੀ ਯੂਨੀਵਰਸਿਟੀ ਤੋਂ ਸਿੱਖਿਆ ਪ੍ਰਾਪਤ ਕਰਨ ਵਾਲੇ ਵਿਦਿਆਰਥੀ ਖੁਦ ਰੁਜ਼ਗਾਰ ਪ੍ਰਾਪਤ ਕਰਕੇ ਅਤੇ ਖੁਦ ਰੁਜ਼ਗਾਰ ਦੇਣ ਦੇ ਯੋਗ ਹੋ ਕੇ ਯੂਨੀਵਰਸਿਟੀ ਤੋਂ ਨਿਕਲਣਗੇ। ਇਸ ਮੌਕੇ ਡਾਕਟਰ ਸ੍ਰੀ ਸੰਦੀਪ ਸਿੰਘ ਕੌੜਾ ਨੇ ਸਪੈਸ਼ਲ ਤੋਰ ਤੇ ਪੰਜਾਬ ਸਰਕਾਰ ਅਤੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਜੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਿਸ ਤਰ੍ਹਾਂ ਦੇ ਟੀਚੇ ਗਏ ਸੀ ਉਹਨਾਂ ਤੇ ਲਗਾਤਾਰ ਕਾਮਯਾਬੀ ਨਾਲ ਕੰਮ ਜਾਰੀ ਹੈ । 31 ਜੁਲਾਈ ਤੱਕ ਯੂਨੀਵਰਸਿਟੀ ਦਾ ਮਿਥਿਆ ਕੰਮ ਸ਼ੁਰੂ ਕਰਵਾਉਣ ਦੇ ਨਾਲ ਹੀ ਸਾਡਾ ਮਨੋਰਥ ਇਹ ਹੈ ਕਿ ਪੰਜਾਬ ਸਰਕਾਰ ਇੱਕ ਵਿਸ਼ੇਸ਼ ਸੈਸ਼ਨ ਸ਼ਹੀਦ ਦੀ ਜਨਮ ਭੂਮੀ ਸੁਨਾਮ ਜਾਂ ਫਿਰ ਯੂਨੀਵਰਸਿਟੀ ਕੈਂਪਸ ਕਪੂਰਥਲਾ ਵਿਖੇ ਕਰਕੇ ਇਸ ਦੀ ਬਕਾਇਦਾ ਸ਼ੁਰੂਆਤ ਕਰੇਗੀ।

ਉਹਨਾਂ ਦੱਸਿਆ ਕਿ ਇਸ ਯੂਨੀਵਰਸਿਟੀ ਵਿੱਚੋਂ ਸਿੱਖਿਆ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਤੋਂ ਫੀਸਾਂ ਨਹੀਂ ਲਈਆਂ ਜਾਣਗੀਆਂ। ਇੱਕ ਵਰਗ ਦੇ ਵਿਦਿਆਰਥੀਆਂ ਦੀਆਂ ਫੀਸਾਂ ਇੰਡਸਟਰੀ ਭਰੇਗੀ, ਕੁਝ ਵਿਦਿਆਰਥੀਆਂ ਦੇ ਆਫਿਸਾਂ ਦਾ ਭੁਗਤਾਨ ਸਰਕਾਰੀ ਤੌਰ ਤੇ ਹੋਵੇਗਾ ਅਤੇ ਕੁਝ ਨੂੰ ਵਿਦਿਅਕ ਲੋਨ ਦੇ ਆਧਾਰ 'ਤੇ ਹੁਨਰ ਦੇ ਪਰਪੱਕ ਕਰਨ ਤੋਂ ਬਾਅਦ ਦੇਸ਼ ਤੇ ਵਿਦੇਸ਼ਾਂ ਵਿੱਚ ਰੁਜ਼ਗਾਰ ਦੇ ਮੌਕੇ ਮੁਹਈਆ ਕਰਵਾਇਆ ਜਾਣਗੇ । ਇਸ ਮੌਕੇ ਡਾਕਟਰ ਮੰਗਲ ਸਿੰਘ ਨੇ ਕਿਹਾ ਕਿ ਕੁਝ ਤਾਕਤਾਂ ਇਸ ਵੱਡੇ ਪ੍ਰੋਜੈਕਟ ਨੂੰ ਰੋਕਣ ਲਈ ਕਾਰਜਸ਼ੀਲ ਹਨ ਤੇ ਆਉਣ ਵਾਲੇ ਸਮੇਂ ਵਿੱਚ ਸਾਨੂੰ ਹੋਰ ਵੀ ਵੱਡੀਆਂ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਪਰ ਸਾਡਾ ਮਿਥਿਆ ਮਿਸ਼ਨ ਅਸੀਂ ਪ੍ਰਾਪਤ ਕਰਕੇ ਰਹਾਂਗੇ। ਇਸ ਮੌਕੇ ਪੰਜਾਬ ਸਰਕਾਰ ਤੇ ਕੇਂਦਰ ਸਰਕਾਰ ਵੱਲੋਂ ਮਿਲ ਰਹੇ ਸਹਿਯੋਗ ਦੀ ਭਰਪੂਰ ਸਰਾਹਨਾ ਕੀਤੀ ਗਈ।

# ਡਾ. ਅੰਬੇਡਕਰ ਸਟੂਡੈਂਟ ਫਰੰਟ ਆਫ਼ ਇੰਡੀਆ ਨੇ ਮਨਾਇਆ ਸਾਹਿਬ ਕਾਂਸ਼ੀਰਾਮ ਦਾ ਜਨਮਦਿਨ



ਅਰਨੋ, 19 ਮਾਰਚ (ਕਰਮਵੀਰ ਸਿੰਘ): ਡਾ. ਅੰਬੇਡਕਰ ਸਟੂਡੈਂਟ ਫਰੰਟ ਆਫ ਇੰਡੀਆ ਵੱਲੋਂ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿੱਚ ਸਾਹਿਬ ਕਾਂਸ਼ੀਰਾਮ ਜੀ ਦਾ ਜਨਮ ਦਿਵਸ ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ ਬਹੁਜਨ ਪਰਿਵਰਤਨ ਦਿਵਸ ਵਜੋਂ ਮਨਾਇਆ ਗਿਆ। ਨਾਲ ਹੀ ਡਾ. ਅੰਬੇਡਕਰ ਜੀ ਦੇ ਜਨਮ ਦਿਵਸ ਨੂੰ ਮਨਾਉਣ ਲਈ ਵੀ ਵਿਚਾਰ-ਚਰਚਾ ਕੀਤੀ ਗਈ, ਜਿਸ ਦੇ ਨਤੀਜੇ ਵਜੋਂ ਅਪ੍ਰੈਲ ਮਹੀਨੇ ਵਿੱਚ ਬਾਬਾ ਸਾਹਿਬ ਜੀ ਦਾ ਜਨਮ ਦਿਵਸ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿੱਚ ਬਹੁਤ ਵੱਡੇ ਪੱਧਰ 'ਤੇ ਮਨਾਇਆ ਜਾਵੇਗਾ। ਸਾਹਿਬ ਕਾਂਸ਼ੀਰਾਮ ਜੀ ਉਹ ਫਰਿਸ਼ਤਾ ਬਣ ਕੇ ਦੇਸ਼ ਵਿੱਚ ਆਏ ਜਿਨ੍ਹਾਂ ਨੇ ਬਾਬਾ ਸਾਹਿਬ ਜੀ ਨੂੰ ਅਤੇ ਉਹਨਾਂ ਦੇ ਕਾਰਵਾਂ ਨੂੰ ਦੁਬਾਰਾ ਜਿੰਦਾ ਕਰ ਦਿੱਤਾ ਅਤੇ ਗਰੀਬ ਲੋਕਾਂ ਨੂੰ ਵੀ ਸੱਤਾ ਵਿੱਚ ਲਿਆ ਕੇ ਮਜ਼ਬੂਤ ਬਣਾਇਆ ਅਤੇ ਹਰ ਇਨਸਾਨ ਨੂੰ ਪੂਰਾ ਮਾਨ-ਸਨਮਾਨ ਦਿੱਤਾ। ਇਸ ਲਈ ਪੂਰਾ ਸਮਾਜ ਅਤੇ ਦੇਸ਼ ਉਹਨਾਂ ਦਾ ਸਦਾ ਕਰਜ਼ਦਾਰ ਰਹੇਗਾ। ਪਰ ਕੁਝ ਪਾਰਟੀਆਂ ਪਹਿਲਾਂ ਉਹਨਾਂ ਦਾ ਸਨਮਾਨ ਨਹੀਂ ਕਰਦੀਆਂ ਸਨ, ਪਰ ਹੁਣ ਉਹਨਾਂ ਦਾ ਸਨਮਾਨ ਕਰ ਰਹੀਆਂ ਹਨ ਤੇ ਉਹਨਾਂ ਦੀ ਜੰਤੀ ਵੀ ਮਨਾਉਂਦੀਆਂ ਹਨ। ਇਹ ਸਭ ਸਿਰਫ ਸਾਹਿਬ ਕਾਂਸ਼ੀਰਾਮ ਜੀ ਦਾ ਨਾਮ ਲੈ ਕੇ ਸਮਾਜ ਨੂੰ ਗੁਮਰਾਹ ਕਰਨ ਦਾ ਤਰੀਕਾ ਹੈ, ਕਿਉਂਕਿ ਉਹ ਪਾਰਟੀਆਂ ਕਦੇ ਵੀ ਸਾਹਿਬ ਕਾਂਸ਼ੀਰਾਮ ਜੀ ਦੀ ਵਿਚਾਰਧਾਰਾ ਨੂੰ ਨਹੀਂ ਅਪਣਾਉਣਗੀਆਂ ਤੇ ਨਾ ਹੀ ਉਹਨਾਂ ਦੇ ਕੰਮ ਨੂੰ ਅੱਗੇ ਵਧਾਉਣਗੀਆਂ। ਇਸ ਲਈ ਬਹੁਜਨ ਸਮਾਜ ਨੂੰ ਅਜਿਹੀਆਂ ਮਨੂਵਾਦੀ ਪਾਰਟੀਆਂ ਤੋਂ ਸਾਵਧਾਨ ਰਹਿਣਾ ਹੋਵੇਗਾ। ਇਸ ਤੋਂ ਇਲਾਵਾ, ਅੱਜ ਦੇ ਹੀ ਦਿਨ 18 ਮਾਰਚ 1956 ਨੂੰ ਬਾਬਾ ਸਾਹਿਬ ਜੀ ਨੇ ਆਪਣੇ ਆਖਰੀ ਭਾਸ਼ਣ ਵਿੱਚ ਕਿਹਾ ਸੀ ਕਿ "ਮੈਨੂੰ ਪੜ੍ਹੇ-ਲਿਖੇ ਲੋਕਾਂ ਨੇ ਧੋਖਾ ਦਿੱਤਾ ਹੈ" ਤੇ ਅੱਜ ਵੀ ਉਹੀ ਹਾਲਤ ਹੈ। ਪੜ੍ਹੇ-ਲਿਖੇ ਲੋਕ ਅੱਜ ਵੀ ਧੋਖਾ ਦੇ ਰਹੇ ਹਨ ਤੇ ਉਹਨਾਂ ਵੱਲੋਂ ਦਿੱਤੇ ਹਰ ਤਰ੍ਹਾਂ ਦੇ ਹੱਕ-ਅਧਿਕਾਰਾਂ ਦਾ ਲਾਭ ਤਾਂ ਲੈ ਰਹੇ ਹਨ, ਪਰ ਉਹਨਾਂ ਦਾ ਨਾਮ ਲੈਣ ਵਿੱਚ ਤੇ ਉਹਨਾਂ ਦੇ ਪ੍ਰੋਗਰਾਮਾਂ ਵਿੱਚ ਆਉਣ ਵਿੱਚ ਸ਼ਰਮ ਮਹਿਸੂਸ ਕਰਦੇ ਹਨ। ਇਸ ਲਈ ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ ਅਪ੍ਰੈਲ ਮਹੀਨੇ ਵਿੱਚ ਬਾਬਾ ਸਾਹਿਬ ਡਾ. ਅੰਬੇਡਕਰ ਜੀ ਦੀ ਜੰਤੀ ਮਨਾਉਣ ਲਈ ਮੀਟਿੰਗ ਕੀਤੀ ਗਈ, ਕਿਉਂਕਿ ਇਸ ਵਾਰ ਪੰਜਾਬ ਵਿੱਚ ਦਾਸਫੀ ਸੰਗਠਨ ਦੀ ਨੇਸ਼ਨਲ ਕਨਵੈਂਸ਼ਨ ਕਰਵਾਈ ਜਾਵੇਗੀ, ਜਿਸ ਵਿੱਚ ਵੱਖ-ਵੱਖ ਰਾਜਾਂ ਤੋਂ ਸੰਗਠਨ ਦੇ ਪਦਾਧਿਕਾਰੀ ਸ਼ਾਮਲ ਹੋਣਗੇ। ਇਸ ਵਾਰ ਦਾ ਪ੍ਰੋਗਰਾਮ ਪਹਿਲਾਂ ਦੇ ਪ੍ਰੋਗਰਾਮਾਂ ਨਾਲੋਂ ਵੱਧ ਪ੍ਰਭਾਵਸ਼ਾਲੀ ਹੋਵੇਗਾ ਤੇ ਡਾ. ਅੰਬੇਡਕਰ ਸਟੂਡੈਂਟ ਫਰੰਟ ਆਫ ਇੰਡੀਆ ਦਾ ਹਰ ਸਾਥੀ ਇਸ ਨੂੰ ਕਾਮਯਾਬ ਤੇ ਇਤਿਹਾਸਕ ਬਣਾਉਣ ਲਈ ਦਿਨ-ਰਾਤ ਮਿਹਨਤ ਕਰੇਗਾ। ਮੀਟਿੰਗ ਵਿੱਚ ਸ਼ਾਮਲ ਹੋਏ ਸਾਰੇ ਵਿਦਿਆਰਥੀਆਂ ਤੇ ਕਰਮਚਾਰੀ ਸਾਥੀਆਂ ਦਾ ਬਹੁਤ-ਬਹੁਤ ਧੰਨਵਾਦ।

# ਪੰਜਾਬ ਸਰਕਾਰ ਵੱਲੋਂ ਭੇਜੇ ਇੰਟਰਐਕਟਿਵ ਫਲੈਟ ਪੈਨਲ ਦੀ ਸ਼ੁਰੂਆਤ ਡਾ. ਬਲਜੀਤ ਕੌਰ ਦੀ ਅਗਵਾਈ 'ਚ ਕੀਤੀ

ਮਲੋਟ, 19 ਮਾਰਚ (ਅਮਨਦੀਪ ਸਿੰਘ ਮਹਿਰਾ): ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਮੰਡੀ ਹਰਜੀ ਰਾਮ, ਮਲੋਟ ਵਿਖੇ ਪੰਜਾਬ ਸਰਕਾਰ ਵੱਲੋਂ ਭੇਜੇ ਗਏ ਇੰਟਰਐਕਟਿਵ ਫਲੈਟ ਪੈਨਲ ਦੀ ਸ਼ੁਰੂਆਤ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਦੀ ਅਗਵਾਈ ਹੇਠ ਕੀਤੀ ਗਈ। ਇਸ ਮੌਕੇ ਐਡਵਰਡਗੰਜ ਸੰਸਥਾ ਮਲੋਟ ਦੀ ਚੇਅਰਪਰਸਨ ਸਾਰਿਕਾ ਗਰਗ, ਆਪ ਆਗੂ ਜੌਨੀ ਗਰਗ ਅਤੇ ਵਿਕਰਾਂਤ ਖੁਰਾਣਾ ਵੱਲੋਂ ਆਪਣੇ ਕਰ ਕਮਲਾਂ ਨਾਲ ਇਸ ਆਧੁਨਿਕ ਸਹੂਲਤ ਦਾ ਉਦਘਾਟਨ ਕੀਤਾ ਗਿਆ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਲੈਕਚਰਾਰ ਵਰਿੰਦਰ ਬਜਾਜ ਨੇ ਦੱਸਿਆ ਕਿ ਸਕੂਲ ਦੇ ਪ੍ਰਿੰਸੀਪਲ ਬਲਜੀਤ ਸਿੰਘ ਦੀ ਯੋਗ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਤਹਿਤ ਦਿੱਤੀਆਂ ਜਾ ਰਹੀਆਂ ਸਹੂਲਤਾਂ ਨੂੰ ਪੂਰੀ ਤਰ੍ਹਾਂ ਲਾਗੂ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ



ਕਿ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਸਰਕਾਰ ਵੱਲੋਂ ਕੀਤੇ ਜਾ ਰਹੇ ਉਪਰਾਲੇ ਬਹੁਤ ਹੀ ਸ਼ਲਾਘਾਯੋਗ ਹਨ।

ਉਨ੍ਹਾਂ ਹੋਰ ਦੱਸਿਆ ਕਿ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਦੇ ਵਿਸ਼ੇਸ਼ ਯਤਨਾਂ ਸਦਕਾ ਸਕੂਲ ਦੇ ਸਾਰੇ ਜਮਾਤੀ ਕਮਰਿਆਂ ਵਿੱਚ ਏਅਰ ਕੰਡੀਸ਼ਨਰ ਵੀ ਲਗਾਏ ਜਾ ਚੁੱਕੇ ਹਨ, ਜਿਸ ਨਾਲ ਵਿਦਿਆਰਥੀਆਂ ਨੂੰ ਵਧੀਆ ਸਿਖਲਾਈ ਮਾਹੌਲ ਮਿਲ ਰਿਹਾ ਹੈ। ਇਸ ਮੌਕੇ ਕੈਂਪਸ ਮੈਨੇਜਰ ਛਿੰਦਰ ਸਿੰਘ, ਸੁਰੇਸ਼ ਵਧਵਾ, ਰਾਜ ਕੁਮਾਰ, ਸੁਨੀਲ ਕੁਮਾਰ, ਸੁਰਿੰਦਰ ਪਾਲ, ਗੌਰਵਮੀਤ ਸਿੰਘ, ਦੁਪਿੰਦਰ ਕੁਮਾਰ, ਸੁਰੇਸ਼ਟਾ, ਪੂਨਮ ਫੁਟੇਲਾ, ਅੰਜਲੀ ਗੁਪਤਾ, ਅਨੂ ਗੁਪਤਾ, ਅੰਕਿਤਾ ਸਮੇਤ ਸਕੂਲ ਦਾ ਸਮੂਹ ਸਟਾਫ਼ ਮੌਜੂਦ ਸੀ।

# ਲੋਕ ਭਲਾਈ ਮੰਚ ਵੱਲੋਂ ਕਰਮਜੀਤ ਕੌਰ ਇੰਸਪੈਕਟਰ ਬਣਨ 'ਤੇ ਕੀਤਾ ਸਨਮਾਨਤ

ਮਲੋਟ, 19 ਮਾਰਚ (ਅਮਨਦੀਪ ਸਿੰਘ ਮਹਿਰਾ): ਲੋਕ ਭਲਾਈ ਮੰਚ (ਰਜਿ.) ਪਿੰਡ ਮਲੋਟ ਵੱਲੋਂ ਥਾਣਾ ਸਦਰ ਮਲੋਟ ਦੀ ਇੰਚਾਰਜ ਕਰਮਜੀਤ ਕੌਰ ਨੂੰ ਇੰਸਪੈਕਟਰ ਵਜੋਂ ਤਰੱਕੀ ਮਿਲਣ 'ਤੇ ਉਨ੍ਹਾਂ ਦਾ ਸਨਮਾਨ ਕੀਤਾ ਗਿਆ ਤੇ ਵਧਾਈ ਦਿੱਤੀ ਗਈ। ਮੰਚ ਦੇ ਮੈਂਬਰਾਂ ਨੇ ਦੱਸਿਆ ਕਿ ਮੈਡਮ ਕਰਮਜੀਤ ਕੌਰ ਵੱਲੋਂ ਸਮਾਜ ਸੇਵੀ ਕਾਰਜਾਂ ਵਿੱਚ ਹਮੇਸ਼ਾਂ ਸਹਿਯੋਗ ਦਿੱਤਾ ਗਿਆ ਹੈ। ਖਾਸ ਤੌਰ 'ਤੇ ਹਾਲ ਹੀ ਵਿੱਚ ਲਗਾਏ ਗਏ ਮੁਫ਼ਤ ਅੱਖਾਂ ਦੇ ਚੈਕਅਪ ਤੇ ਆਪਰੇਸ਼ਨ ਕੈਂਪ ਦੌਰਾਨ 70 ਮਰੀਜ਼ਾਂ ਲਈ ਦਵਾਈਆਂ ਤੇ ਚੈਕਅਪ ਲਈ ਵਿਸ਼ੇਸ਼ ਬੱਸ ਦੀ ਵਿਵਸਥਾ ਕਰਵਾਉਣ ਵਿੱਚ ਉਨ੍ਹਾਂ ਦਾ ਮਹੱਤਵਪੂਰਨ ਯੋਗਦਾਨ ਰਿਹਾ। ਥਾਣਾ ਮੁਖੀ ਵਜੋਂ ਇੰਸਪੈਕਟਰ ਕਰਮਜੀਤ ਕੌਰ ਵੱਲੋਂ ਨਸ਼ਿਆਂ ਤੇ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਲਏ ਜਾ ਰਹੇ ਸਖਤ ਐਕਸ਼ਨ ਲਈ ਵੀ ਉਹਨਾਂ ਦੀ ਪ੍ਰਸ਼ੰਸਾ ਕੀਤੀ। ਇਸ ਮੌਕੇ ਮੰਚ ਦੇ ਸਰਪ੍ਰਸਤ ਮਾਸਟਰ ਦਰਸ਼ਨ ਲਾਲ ਕੰਸਲ (ਰਿਟਾਇਰਡ), ਪ੍ਰਧਾਨ ਜਗਜੀਤ ਸਿੰਘ ਔਲਖ, ਕੈਸ਼ੀਅਰ ਨਰਿੰਦਰ ਸਿੰਘ ਢਿੱਲੋਂ, ਜਨਰਲ ਸਕੱਤਰ ਇਕਬਾਲ ਸਿੰਘ ਡੀਪੀ ਤੇ ਪ੍ਰੈਸ ਸਕੱਤਰ ਹਰਦੀਪ ਸਿੰਘ ਖਾਲਸਾ ਤੋਂ ਇਲਾਵਾ ਜਸਵਿੰਦਰ ਸਿੰਘ ਸੋਨੀ, ਗੁਰਮੁਖ ਸਿੰਘ ਗੋਪੀ ਗਿੱਲ, ਦਲਜੋਤ ਸਿੰਘ, ਜੋਤੀ ਗਿੱਲ, ਗੁਰਪ੍ਰੀਤ ਸਿੰਘ, ਕੁਲਵੀਰ ਸਿੰਘ, ਕੁਲਜੀਤ ਸਿੰਘ ਗਿੱਲ ਤੇ ਇਕਬਾਲ ਸਿੰਘ ਅਕਾਲੀ ਆਦਿ ਮੌਜੂਦ ਸਨ।



ਮਾ. ਦਰਸ਼ਨ ਲਾਲ ਕੰਸਲ ਨੇ ਸੰਸਥਾ ਵੱਲੋਂ ਕੀਤੇ ਜਾ ਰਹੇ ਸਮਾਜ ਸੇਵੀ ਉਪਰਾਲਿਆਂ ਬਾਰੇ ਜਾਣਕਾਰੀ ਦਿੰਦਿਆਂ ਸੰਸਥਾ ਦੁਆਰਾ ਹੁਣ ਤੱਕ ਕੀਤੇ ਗਏ ਲੋਕ ਭਲਾਈ ਕੰਮਾਂ ਬਾਰੇ ਵਿਸਥਾਰ ਨਾਲ ਦੱਸਿਆ ਤੇ ਥਾਣਾ ਮੁਖੀ ਵਜੋਂ ਮਿਲੇ ਸਹਿਯੋਗ ਲਈ ਕਰਮਜੀਤ ਕੌਰ ਦਾ ਧੰਨਵਾਦ ਕੀਤਾ। ਇਸ ਦੌਰਾਨ ਇੰਸਪੈਕਟਰ ਕਰਮਜੀਤ ਕੌਰ ਨੇ ਮੰਚ ਦੇ ਸਾਰੇ ਮੈਂਬਰਾਂ ਦਾ ਸਵਾਗਤ ਕਰਦਿਆਂ ਉਨ੍ਹਾਂ ਦੇ ਸਮਾਜ ਸੇਵੀ ਕੰਮਾਂ ਦੀ ਸ਼ਲਾਘਾ ਕੀਤੀ।

# ਪਰਲਜ਼ ਦੀ ਤਰ੍ਹਾਂ ਨਾਇਸਰ ਗ੍ਰੀਨ ਕੰਪਨੀ ਦਾ ਪੈਸਾ ਵੀ ਜਲਦੀ ਮਿਲਣ ਦੀ ਆਸ : ਸੰਧੂ

ਬਾਜਾਖਾਨਾ, 19 ਮਾਰਚ (ਅਵਤਾਰ ਸਿੰਘ ਮੱਲਾ): ਪੰਜਾਬ ਵਿੱਚ ਨਾਈਜ਼ਰ ਗਰੀਨ, MGK ਤੇ ਜੇ ਐਸ ਫਲਾਵਰ ਨਾਮ ਦੀਆ ਕੰਪਨੀਆਂ ਤੋਂ ਪੀੜ੍ਹਤ ਲੱਖਾਂ ਲੋਕਾਂ ਨੂੰ ਇਨਸਾਫ਼ ਦਿਵਾਉਣ ਲਈ ਸੰਘਰਸ਼ ਕਰ ਰਹੀ ਜਥੇਬੰਦੀ "ਇਨਸਾਫ਼ ਦੀ ਲਹਿਰ ਖਾਤੇਦਾਰ ਵੈੱਲਫੇਅਰ ਸੁਸਾਇਟੀ ਪੰਜਾਬ" ਦੇ ਆਗੂਆ ਦੀ ਇੱਕ ਬਹੁਤ ਹੀ ਜਰੂਰੀ ਮੀਟਿੰਗ ਡਾਇਰਕਟੋਰੇਟ ਇਨਫੋਰਸਮੈਂਟ ਦਫ਼ਤਰ ਜਲੰਧਰ ਦੇ ਉੱਚ ਅਧਿਕਾਰੀਆ ਨਾਲ ਹੋਈ ਜਿਸ 'ਚ ਉਪਰੋਕਤ ਕੰਪਨੀ ਤੋਂ ਪੀੜਿਤ ਲੋਕਾਂ ਦੇ ਫਸੇ ਪੈਸੇ ਦੀ ਵਾਪਿਸੀ ਲਈ ਲੋੜੀਂਦੇ ਕਦਮ ਚੱਕਣ ਤੇ ਚੱਲ ਰਹੇ ਹਾਈ ਕੋਰਟ ਚੰਡੀਗੜ੍ਹ ਵਿਚਲੇ ਕੇਸ ਵਿੱਚ ਹੋਰ ਤੇਜ਼ੀ ਲਿਆਉਣ ਬਾਰੇ ਵਿਚਾਰ ਵਿਟਾਂਦਰਾ ਕੀਤਾ ਗਿਆ! ਨਾਇਸਰ ਗ੍ਰੀਨ ਤੇ MGK ਕੰਪਨੀ ਦੇ ਮਾਲਕ ਪਿੱਪਲ ਸਿੰਘ ਦੀਆਂ ਰਹਿੰਦੀਆਂ ਜਾਇਦਾਦਾਂ ਬਾਰੇ ਘੋਖ ਪੜਤਾਲ ਕਰਕੇ ਅਟੈਚ ਕਰਵਾਉਣ ਲਈ ਵਿਚਾਰ ਕੀਤੀ। ਜਥੇਬੰਦੀ ਦੇ ਚੇਅਰਮੈਨ ਗੁਰਭੇਜ ਸਿੰਘ ਸੰਧੂ ਨੇ ਚੋਣਵੇ ਪੱਤਰਕਾਰਾ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਜਿਸ ਤਰਾ ਜਥੇਬੰਦੀ ਦੇ ਸੰਘਰਸ਼ ਨਾਲ ਪਰਲਜ਼ ਕੰਪਨੀ ਤੋਂ ਪੀੜ੍ਹਤ ਨਿਵੇਸ਼ਕਾਂ ਦਾ ਪੈਸਾ ਵਾਪਿਸ ਆਉਣ ਲੱਗ ਗਿਆ ਹੈ ਜਲਦੀ ਹੀ ਨਾਈਜ਼ਰ ਗ੍ਰੀਨ ਕੰਪਨੀ ਦਾ ਪੈਸਾ ਵਾਪਿਸ ਲੈਣ 'ਚ ਵੀ ਜਥੇਬੰਦੀ ਨੂੰ ਕਾਮਯਾਬੀ ਮਿਲੇਗੀ ਪਰ ਸ਼ਰਤ ਇਹ ਕਿ ਪੀੜ੍ਹਤ ਲੋਕ ਜਲਦੀ ਤੋਂ ਜਲਦੀ ਆਪਨਾਂ ਰਿਕਾਰਡ ਜੋ ਪੈਸਾ ਜਮ੍ਹਾਂ ਕਰਵਾਉਣ ਤੇ ਕੰਪਨੀ ਵਲੋ ਨਿਵੇਸ਼ਕਾਂ ਨੂੰ ਦਿੱਤਾ ਗਿਆ ਸੀ ਉਹ ਜਥੇਬੰਦੀ ਦੇ ਆਗੂਆਂ ਕੋਲ ਜਮਾ ਕਰਵਾ ਦੇਣ ਤੇ ਜਥੇਬੰਦੀ ਦਾ ਭਰਪੂਰ ਸਹਿਯੋਗ ਦੇਣ! ਪੀੜ੍ਹਤ ਲੋਕਾਂ ਨੂੰ ਇਨਸਾਫ਼ ਦਿਵਾਉਣ ਲਈ ਕੀਤੇ ਜਾ ਰਹੇ ਸੰਘਰਸ਼ ਦੀ ਕੜੀ ਨੂੰ ਅੱਗੇ ਤੋਰਨ ਵਾਲਾ ਇਹ ਬਹੁਤ ਵੱਡਾ ਕਦਮ ਸੀ।



# ਅੱਖਾਂ ਦਾ ਜਾਂਚ ਤੇ ਡਾਕਟਰੀ ਕੈਂਪ 22 ਨੂੰ

ਲਹਿਰਾਗਾਗਾ, 19 ਮਾਰਚ (ਗੁਰਦੀਪ ਸਿੰਘ): ਭਾਈ ਘਨਈਆ ਜੀ ਵੈਲਫੇਅਰ ਫਾਊਂਡੇਸ਼ਨ (ਰਜਿ.) ਸੇਖੂਵਾਸ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਅੱਖਾਂ ਦਾ ਚੈੱਕਅਪ, ਅਪਰੇਸ਼ਨ ਤੇ ਮੈਡੀਕਲ ਕੈਂਪ 22 ਮਾਰਚ ਦਿਨ ਐਤਵਾਰ ਨੂੰ ਸਵੇਰੇ 10 ਵਜੇ ਤੋਂ ਚਾਰ ਵਜੇ ਤੱਕ ਪਿੰਡ ਸੇਖੂਵਾਸ ਵਿਖੇ ਲਗਾਇਆ ਜਾਵੇਗਾ, ਇਹ ਕੈਂਪ ਸ੍ਰੀ ਗੁਰੂ ਰਾਮਦਾਸ ਮੈਡੀਕਲ ਕਾਲਜ ਅਤੇ ਰਿਸਰਚ ਇੰਸਟੀਚਿਊਟ ਵੱਲਾ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਮਾਹਿਰ ਟੀਮ ਦੁਆਰਾ ਲਗਾਇਆ ਜਾ ਰਿਹਾ ਹੈ, ਇਸ ਕੈਂਪ ਵਿੱਚ ਡਾ. ਹਰਮਨਦੀਪ ਸਿੰਘ ਐਮਡੀ ਮੈਡੀਸਨ, ਡਾ. ਅਮਰਿੰਦਰ ਸਿੰਘ ਹੱਡੀਆਂ ਤੇ ਜੋੜਾਂ ਦੇ ਰੋਗਾਂ ਦੇ ਮਾਹਿਰ, ਡਾ. ਦਪਿੰਦਰ ਸਿੰਘ ਅੱਖਾਂ ਦੇ ਮਾਹਿਰ, ਡਾ. ਹਰਲੀਨ ਕੌਰ ਈਐਨਟੀ, ਡਾਕਟਰ ਰਿਤਿਸ਼ ਭਾਟੀਆ ਅੱਖਾਂ ਦੇ ਵਿਭਾਗ ਦੇ ਡਾਕਟਰ ਵਿਸ਼ੇਸ਼ ਤੌਰ ਤੇ ਪਹੁੰਚ ਕੇ ਚੈੱਕ ਅਪ ਕਰਨਗੇ, ਇਸ ਤੋਂ ਇਲਾਵਾ ਇਸ ਕੈਂਪ ਵਿੱਚ ਅੱਖਾਂ ਦੇ ਚੈਕਅਪ ਤੋਂ ਇਲਾਵਾ ਆਪਰੇਸ਼ਨ ਅਤੇ ਮਰੀਜ਼ਾਂ ਦਾ ਮੈਡੀਕਲ ਚੈਕ ਅਪ ਵੀ ਬਿੱਲਕੁਲ ਫਰੀ ਕੀਤਾ ਜਾਵੇਗਾ। ਮਰੀਜ਼ਾਂ ਨੂੰ ਦਵਾਈਆਂ ਤੇ ਐਨਕਾਂ ਮੁਫਤ ਵਿੱਚ ਦਿੱਤੀਆਂ ਜਾਣ ਤੋਂ ਇਲਾਵਾ ਅੱਖਾਂ ਵਿੱਚ ਲੈਂਜ ਵੀ ਪਾਏ ਜਾਣਗੇ, ਇੱਥੇ ਇਹ ਦੱਸਣ ਯੋਗ ਹੈ ਕਿ ਪਿੰਡ ਸੇਖੂਵਾਸ ਲਹਿਰਾਗਾਗਾ ਤੋਂ ਸੱਤ ਕਿਲੋਮੀਟਰ ਦੂਰੀ ਤੇ ਸਥਿਤ ਹੈ।

# ਪੰਜਾਬ ਰਾਜ ਖ਼ੁਰਾਕ ਕਮਿਸ਼ਨ ਦੇ ਮੈਂਬਰ ਜਸਵੀਰ ਸਿੰਘ ਸੇਖੋਂ ਵੱਲੋਂ ਪਿੰਡ ਮਾਨਵਾਲਾ ਦੇ ਰਾਸ਼ਨ ਡਿਪੂ ਦੀ ਅਚਨਚੇਤ ਚੈਕਿੰਗ

ਧੂਰੀ, 19 ਮਾਰਚ (ਰਾਜੇਸ਼ਵਰ ਪਿੰਟੂ): ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਮੈਂਬਰ ਜਸਵੀਰ ਸਿੰਘ ਸੇਖੋਂ ਵੱਲੋਂ ਅੱਜ ਧੂਰੀ ਹਲਕੇ



ਦੇ ਪਿੰਡ ਮਾਨਵਾਲਾ ਵਿਖੇ ਸਥਿਤ ਰਾਸ਼ਨ ਡੀਪੂ ਦੀ ਅਚਨਚੇਤ ਚੈਕਿੰਗ ਕੀਤੀ ਗਈ। ਇਸ ਮੌਕੇ ਉਨ੍ਹਾਂ ਡੀਪੂ ਵਿੱਚ ਮੌਜੂਦ ਰਾਸ਼ਨ ਦੇ ਸਟਾਕ, ਵੰਡ ਪ੍ਰਣਾਲੀ, ਰਿਕਾਰਡ ਰੱਖ-ਰਖਾਅ ਅਤੇ ਲਾਭਪਾਤਰੀਆਂ ਨੂੰ ਦਿੱਤੇ ਜਾਣ ਵਾਲੇ ਅਨਾਜ ਦੀ ਗੁਣਵੱਤਾ ਦੀ ਵਿਸਥਾਰ ਨਾਲ ਜਾਂਚ ਕੀਤੀ। ਚੈਕਿੰਗ ਦੌਰਾਨ ਜਸਵੀਰ ਸਿੰਘ ਸੇਖੋਂ ਨੇ ਡੀਪੂ ਹੋਲਡਰ ਅਤੇ ਸੰਬੰਧਤ ਅਧਿਕਾਰੀਆਂ ਨਾਲ ਗੱਲਬਾਤ ਕਰਦਿਆਂ ਹਦਾਇਤ ਕੀਤੀ ਕਿ ਸਾਰੇ ਯੋਗ ਲਾਭਪਾਤਰੀਆਂ ਦੇ ਖਪਤਕਾਰ ਕਾਰਡ ਤਿਆਰ ਕਰਨਾ ਯਕੀਨੀ ਬਣਾਇਆ ਜਾਵੇ, ਤਾਂ ਜੋ ਕੋਈ ਵੀ ਹੱਕਦਾਰ ਵਿਅਕਤੀ ਸਰਕਾਰੀ ਸਹੂਲਤ ਤੋਂ ਵਾਂਝਾ ਨਾ ਰਹੇ। ਉਨ੍ਹਾਂ ਇਹ ਵੀ ਜ਼ੋਰ ਦਿੱਤਾ ਕਿ ਰਾਸ਼ਨ ਦੀ ਵੰਡ ਪ੍ਰਕਿਰਿਆ ਪੂਰੀ ਪਾਰਦਰਸ਼ਤਾ ਨਾਲ ਕੀਤੀ ਜਾਵੇ ਅਤੇ ਹਰ ਮਹੀਨੇ ਲਾਭਪਾਤਰੀਆਂ ਨੂੰ ਨਿਰਧਾਰਤ ਮਾਤਰਾ ਅਨੁਸਾਰ ਸਮੇਂ ਸਿਰ ਰਾਸ਼ਨ ਮੁਹੱਈਆ ਕਰਵਾਇਆ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਇਹ ਵੀ ਆਦੇਸ਼ ਦਿੱਤਾ ਕਿ ਡੀਪੂਆਂ ਦੀ ਨਿਯਮਿਤ ਜਾਂਚ ਯਕੀਨੀ ਬਣਾਈ ਜਾਵੇ ਅਤੇ ਜਿੱਥੇ ਵੀ ਕਿਸੇ ਤਰ੍ਹਾਂ ਦੀ ਗੜਬੜ ਜਾਂ ਲਾਪਰਵਾਹੀ ਸਾਹਮਣੇ ਆਉਂਦੀ ਹੈ, ਉਥੇ ਤੁਰੰਤ ਕਾਰਵਾਈ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਨੂੰ ਰਾਹਤ ਦੇਣ ਲਈ ਖੁਰਾਕ ਸਪਲਾਈ ਪ੍ਰਣਾਲੀ ਨੂੰ ਹੋਰ ਸੁਧਾਰਿਆ ਜਾ ਰਿਹਾ ਹੈ ਅਤੇ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਕੋਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਜਸਵੀਰ ਸਿੰਘ ਸੇਖੋਂ ਨੇ ਕਿਹਾ ਕਿ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਦੀ ਜ਼ਿੰਮੇਵਾਰੀ ਹੈ ਕਿ ਉਹ ਲਾਭਪਾਤਰੀਆਂ ਤੱਕ ਸਰਕਾਰੀ ਯੋਜਨਾਵਾਂ ਦਾ ਲਾਭ ਪੂਰੀ ਇਮਾਨਦਾਰੀ ਅਤੇ ਸਮਾਂਬੱਧ ਢੰਗ ਨਾਲ ਪਹੁੰਚਾਉਣ। ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਜੇਕਰ ਕਿਸੇ ਵੀ ਡੀਪੂ 'ਤੇ ਉਨ੍ਹਾਂ ਨੂੰ ਕੋਈ ਸਮੱਸਿਆ ਆਉਂਦੀ ਹੈ ਤਾਂ ਉਹ ਸੰਬੰਧਤ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਉਣ। ਇਸ ਮੌਕੇ ਡੀ.ਐਫ.ਐਸ.ਸੀ. ਮੇਜਰ ਗੁਰਪ੍ਰੀਤ ਸਿੰਘ ਕੰਗ ਸਮੇਤ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਦੇ ਹੋਰ ਅਧਿਕਾਰੀ ਵੀ ਮੌਜੂਦ ਸਨ, ਜਿਨ੍ਹਾਂ ਨੇ ਮੈਂਬਰ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਵੱਲੋਂ ਦਿੱਤੀਆਂ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਈ ਜਾਵੇਗੀ।

# ਭਾਕਿਯੂ ਕ੍ਰਾਂਤੀਕਾਰੀ ਪੰਜਾਬ ਵੱਲੋਂ ਬਲਾਕ ਕਮੇਟੀ ਦੀ ਚੋਣ

ਭਗਤਾ ਭਾਈ ਕਾ, 19 ਮਾਰਚ (ਸਵਰਨ ਸਿੰਘ ਭਗਤਾ): ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਪੰਜਾਬ ਵੱਲੋਂ ਇਜਲਾਸ ਮੁਹਿੰਮ ਦੇ ਚਲਦਿਆਂ ਪਿੰਡ ਇਕਾਈਆਂ ਦੀਆਂ ਚੋਣਾਂ ਮੁਕੰਮਲ ਕਰਨ ਉਪਰੰਤ ਹੁਣ ਬਲਾਕ ਕਮੇਟੀ ਦੀਆਂ ਚੋਣਾਂ ਨੂੰ ਨੇਪਰੇ ਚਾੜ੍ਹਨ ਲਈ ਲਗਾਤਾਰ ਸਰਗਰਮੀ ਜਾਰੀ ਹੈ। ਇਸ ਮੌਕੇ ਜਥੇਬੰਦੀ ਦੇ ਸੰਗਠਨ ਬਣਤਰ ਨੂੰ ਮੁੜਤੋਂ ਸੁਰਜੀਤ ਕਰਨ ਲਈ ਹਰੇਕ ਦੋ ਸਾਲ ਬਾਅਦ ਚੁਣੇ ਗਏ ਡੈਲੀਗੇਟ ਆਪਣੀ ਵੋਟ ਤਹਿਤ ਵੱਖ ਵੱਖ ਅਹੁਦੇਦਾਰਾਂ ਦੀ ਚੋਣ ਕਰਦੇ ਹਨ ਜਾਂ ਉਹ ਖੁਦ ਵੀ ਚੁਣੇ ਜਾਂਦੇ ਹਨ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਪੁਰਸ਼ੋਤਮ ਮਹਿਰਾਜ ਨੇ ਅੱਜ ਭਗਤਾ ਭਾਈਕਾ ਬਲਾਕ ਕਮੇਟੀ ਦੀ ਚੋਣ ਦੌਰਾਨ ਕੀਤਾ। ਬਲਾਕ ਭਗਤਾ ਕਮੇਟੀ ਦੀ ਚੋਣ ਲਈ ਇਕ ਸਰਬ ਸਾਂਝੀ ਮੀਟਿੰਗ ਭਗਤਾ ਭਾਈਕਾ ਦੇ ਗੁਰੂਦੁਆਰਾ ਸ਼੍ਰੀ ਮਹਿਲ ਸਾਹਿਬ ਵਿਖੇ ਕੀਤੀ ਗਈ ਜਿਥੇ ਵੱਖ ਵੱਖ ਸਥਾਨਕ ਪਿੰਡ ਇਕਾਈਆਂ ਵੱਲੋਂ ਭਾਗ ਲਿਆ ਗਿਆ। ਇਸ ਮੌਕੇ ਉਕਤ ਕਮੇਟੀ ਦੀ ਚੋਣ ਕਰਨ ਮੌਕੇ ਪਹਿਲਾਂ ਇਜਲਾਸ ਪ੍ਰਕ੍ਰਿਰਿਆ ਤਹਿਤ ਪੁਰਾਣੀ ਕਮੇਟੀ ਭੰਗ ਕੀਤੀ ਗਈ ਤੇ ਨਵੀਂ ਕਮੇਟੀ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ। ਇਸ ਦੌਰਾਨ ਬਲਾਕ ਭਗਤਾ ਕਮੇਟੀ ਲਈ ਪ੍ਰਧਾਨ ਬੂਟਾ ਬਾਜਵਾ ਕੋਠਾਗੁਰੂ, ਸੀ: ਮੀਤ ਪ੍ਰਧਾਨ ਕੌਰ ਸਿੰਘ ਗੁਰੂਸਰ ਤੇ ਸਰਬਜੀਤ ਸਿੰਘ, ਖਜ਼ਾਨਚੀ ਮਾ: ਸੁਲੱਖਣ ਸਿੰਘ ਭਗਤਾ, ਜਨਰਲ ਸਕੱਤਰ ਕਾਕਣ ਬਾਠ ਕੋਠਾਗੁਰੂ, ਸਹਾਇਕ ਸਕੱਤਰ ਲਖਵੀਰ ਹਾਕਮਵਾਲਾ, ਪ੍ਰੈਸ ਸਕੱਤਰ ਸੁਖਪਾਲ ਸਿੰਘ



ਭੋਡੀਪੁਰਾ ਆਦਿ ਨੂੰ ਉਕਤ ਅਹੁਦਿਆਂ ਲਈ ਚੁਣਿਆ ਗਿਆ ਜਦਕਿ ਵਰਨਣਯੋਗ ਹੈ ਕਿ ਬਲਾਕ ਭਗਤਾ ਦੀਆਂ ਪਿੰਡ ਇਕਾਈਆਂ ਦੇ ਪ੍ਰਧਾਨ ਸਕੱਤਰ ਆਪਣੇ ਆਪ ਬਲਾਕ ਕਮੇਟੀ ਮੈਂਬਰ ਵਜੋਂ ਨਾਮਜ਼ਦ ਹੋ ਜਾਂਦੇ ਹਨ। ਇਸ ਮੌਕੇ ਬਲਾਕ ਭਗਤਾ ਕਮੇਟੀ ਦੀ ਚੋਣ ਪ੍ਰਕ੍ਰਿਰਿਆ ਦੌਰਾਨ ਸੰਬੋਧਨ ਕਰਦੇ ਹੋਏ ਜ਼ਿਲ੍ਹਾ ਪ੍ਰਧਾਨ ਪੁਰਸ਼ੋਤਮ ਮਹਿਰਾਜ ਨੇ ਦੱਸਿਆ ਕਿ ਜਥੇਬੰਦੀ ਵੱਲੋਂ ਇਜਲਾਸ ਮੁਹਿੰਮ ਤਹਿਤ ਨਵੇਂ ਅਹੁਦੇਦਾਰਾਂ ਦੀ ਚੋਣ ਕਰਨੀ ਜਾਂ ਪੁਰਾਣੀ ਕਮੇਟੀ ਨੂੰ ਬਹਾਲ ਰੱਖਣਾ ਸੰਬੰਧੀ ਇਸਨੂੰ ਚੋਣ ਪ੍ਰਕ੍ਰਿਰਿਆ ਰਾਹੀਂ ਮੁਕੰਮਲ ਕਰਨਾ ਲਾਜ਼ਮੀ ਹੁੰਦਾ ਹੈ ਤਾਂ ਜੋ ਚੁਣੇ ਜਾਣ ਵਾਲੇ ਅਹੁਦੇਦਾਰਾਂ ਨੂੰ ਯੋਗਤਾ ਮੁਤਾਬਕ ਓਹਨਾਂ ਨੂੰ ਥਾਂ ਦਿੱਤੀ ਜਾ ਸਕੇ। ਇਸ ਮੌਕੇ ਬਲਾਕ ਭਗਤਾ ਕਮੇਟੀ ਦੇ ਚੁਣੇ ਗਏ ਅਹੁਦੇਦਾਰਾਂ ਨੇ ਹਾਜ਼ਰ ਕਿਸਾਨ ਆਗੂਆਂ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਜਥੇਬੰਦੀ ਦੀ ਸੰਵਿਧਾਨਿਕ ਨੀਤੀ ਨੂੰ ਬਰਕਰਾਰ ਰੱਖਦੇ ਹਮੇਸ਼ਾ ਜਥੇਬੰਦੀ ਦੇ ਵਧਾਰੇ ਲਈ ਕਾਰਜਸ਼ੀਲ ਯਤਨਾਂ ਉੱਪਰ ਖਰੇ ਉਤਰਨਗੇ ਅਤੇ ਕਿਸਾਨਾਂ ਮਜ਼ਦੂਰਾਂ ਦੇ ਮਸਲਿਆਂ ਸੰਬੰਧੀ ਜਥੇਬੰਦੀ ਵੱਲੋਂ ਦਿੱਤੇ ਜਾਣ ਵਾਲੇ ਸੱਦਿਆਂ ਵਿੱਚ ਬਿਹਤਰ ਭੂਮਿਕਾ ਨਿਭਾਉਣਗੇ। ਇਸ ਮੌਕੇ ਬਲਾਕ ਭਗਤਾ ਕਮੇਟੀ ਦੀ ਚੋਣ ਮੌਕੇ ਜ਼ਿਲ੍ਹਾ ਖਜਾਨਚੀ ਕਰਮਜੀਤ ਸਿੰਘ ਸੇਵਾਮੁਕਤ ਜੇਈ ਭਗਤਾ, ਜ਼ਿਲ੍ਹਾ ਸੀ: ਮੀਤ ਪ੍ਰਧਾਨ ਦਰਸ਼ਨ ਢਿੱਲੋਂ ਫੂਲ, ਜ਼ਿਲ੍ਹਾ ਮੀਤ ਪ੍ਰਧਾਨ ਗੋਰਾ ਸਿੰਘ ਡਿਖ, ਗੁਰਜੰਟ ਸਿੰਘ ਗੁੰਮਟੀ ਕਲਾਂ, ਸੀਰਾ ਸਿੰਘ ਭਗਤਾ, ਕਾਲਾ ਸਿੰਘ ਭਗਤਾ, ਭੋਲਾ ਸਿੰਘ ਭਗਤਾ, ਕੋਠਾਗੁਰੂ ਇਕਾਈ ਪ੍ਰਧਾਨ ਤੇਜਾ ਸਿੰਘ, ਹਰਬੰਸ ਸਿੰਘ ਕੋਠਾਗੁਰੂ, ਸ਼ਮਸ਼ੇਰ ਸਿੰਘ ਕੋਠਾਗੁਰੂ, ਗੁਰੂਸਰ ਇਕਾਈ ਪ੍ਰਧਾਨ ਬਾਬੂ ਸਿੰਘ, ਮਾੜਾ ਸਿੰਘ ਗੁੰਮਟੀ ਕਲਾਂ ਤੋਂ ਇਲਾਵਾ ਹੋਰ ਵੀ ਪਿੰਡਾਂ ਤੋਂ ਕਿਸਾਨ ਹਾਜ਼ਰ ਸਨ।

# ਜਸਕਰਨ ਸਿੰਘ ਨੇ 91.25 ਫੀਸਦੀ ਅੰਕ ਲੈ ਕੇ ਨਵੋਦਿਆ ਪ੍ਰੀਖਿਆ 'ਚ ਟਾਪ ਕੀਤਾ

ਬੁਢਲਾਡਾ, 19 ਮਾਰਚ (ਦਵਿੰਦਰ ਸਿੰਘ ਕੋਹਲੀ, ਜੀਵਨ ਕੁਮਾਰ): ਭਾਈ ਜੈਤਾ ਜੀ ਫਾਊਂਡੇਸ਼ਨ ਇੰਡੀਆ ਦੇ ਸਿਖਿਆ ਪ੍ਰੋਜੈਕਟ ਦੇ ਸਹਿਯੋਗ ਸਰਕਾਰੀ ਪ੍ਰਾਇਮਰੀ ਸਕੂਲ ਮਾਨਸਾ ਖੁਰਦ ਦੇ 5 ਤੇ ਸਰਕਾਰੀ ਪ੍ਰਾਇਮਰੀ ਸਕੂਲ ਪਿੰਡ ਮਲਕਪੁਰ ਖਿਆਲਾ ਦੇ 4 ਵਿਦਿਆਰਥੀਆਂ ਨੇ ਜਵਾਹਰ ਨਵੋਦਿਆ ਵਿਦਿਆਲਿਆ ਦੀ ਪ੍ਰਵੇਸ਼ ਪ੍ਰੀਖਿਆ ਪਾਸ ਕਰਕੇ



ਮਾਨਸਾ ਜ਼ਿਲੇ ਦੇ ਸਿਖਿਆ ਖੇਤਰ 'ਚ ਇਤਿਹਾਸ ਰਚ ਦਿੱਤਾ ਹੈ। ਮਾਨਸਾ ਖੁਰਦ ਸਕੂਲ ਦੇ ਵਿਦਿਆਰਥੀ ਜਸਕਰਨ ਸਿੰਘ ਨੇ 91.25 ਫੀਸਦੀ ਅੰਕ ਲੈ ਕੇ ਜ਼ਿਲੇ ਵਿੱਚੋਂ ਪਹਿਲਾ ਸਥਾਨ ਹਾਸਿਲ ਕੀਤਾ। ਭਾਈ ਜੈਤਾ ਜੀ ਫਾਊਂਡੇਸ਼ਨ ਇੰਡੀਆ ਦੇ ਪ੍ਰਬੰਧਕਾਂ ਵੱਲੋਂ ਵੱਲੋਂ ਜਵਾਹਰ ਨਵੋਦਿਆ ਵਿਦਿਆਲਿਆ ਦੀ ਪ੍ਰਵੇਸ਼ ਪ੍ਰੀਖਿਆ ਦੀ ਤਿਆਰੀ ਲਈ ਸਕੂਲ ਦੇਵਿਦਿਆਰਥੀਆਂ ਨੂੰ ਤਿੰਨੇ ਪੇਪਰਾਂ ਹਿਸਾਬ, ਪੰਜਾਬੀ ਤੇ ਰੀਜਨਿੰਗ ਲਈ ਵਿਸ਼ੇਸ ਤਿਆਰ ਕੀਤੇ ਹੋਏ ਕਿਤਾਬਾਂ ਦੇ ਸੈੱਟ, ਟੈਸਟ ਸੀਰੀਜ਼ ਬੁੱਕਲੈੱਟ, ਓਐਮਆਰ ਸੀਟਾਂ ਤੇ ਹੋਰ ਸਿਖਿਆ ਸਮੱਗਰੀ ਮੁਹੱਈਆ ਕਰਵਾਈ ਗਈ ਸੀ। ਫਾਊਂਡੇਸ਼ਨ ਦੇ ਜ਼ਿਲਾ ਮਾਨਸਾ ਦੇ ਕੋਆਰਡੀਨੇਟਰ ਪ੍ਰੋਫ਼ੈਸਰ ਸਤਨਾਮ ਸਿੰਘ ਬੱਛੋਆਣਾ ਨੇ ਦੱਸਿਆ ਸੰਸਥਾ ਵੱਲੋਂ ਇਨਾਂ ਬੱਚਿਆਂ ਦਾ ਹਰ ਕਦਮ ਉੱਤੇ ਮਾਰਗਦਰਸ਼ਨ ਕੀਤਾ ਜਾਵੇਗਾ। ਉਨਾ ਦੱਸਿਆ ਸੰਸਥਾ ਦੇ ਮੁੱਖ ਸੇਵਾਦਾਰ ਹਰਪਾਲ ਸਿੰਘ ਤੇ ਮੈਨੇਜਿੰਗ ਟਰੱਸਟੀ ਡਾ. ਬੀ.ਐਨ ਵਾਲੀਆ ਸਾਬਕਾ ਡਾਇਰੈਕਟਰ ਪੀਜੀਆਈ ਦੀ ਅਗਵਾਈ ਹੇਠ ਹੁਣ ਤੱਕ ਪੰਜਾਬ ਦੇ 500 ਤੋਂ ਵੱਧ ਵਿਦਿਆਰਥੀ, ਸੰਸਥਾ ਦੇ ਬੀਜੇਐਫ ਸਟਾਰ ਸਕਾਲਰਸ਼ਿਪ ਪ੍ਰੋਜੈਕਟ ਰਾਹੀਂ ਨੀਟ ਤੇ ਜੇਈਈ ਦੀ ਵਕਾਰੀ ਪ੍ਰਵੇਸ਼ ਪ੍ਰੀਖਿਆ ਪਾਸ ਕਰ ਚੁੱਕੇ ਹਨ। ਮਾਨਸਾ ਤੇ ਸੰਗਰੂਰ ਜ਼ਿਲੇ ਦੇ ਪਿੰਡਾਂ ਨਾਲ ਸਬੰਧਤ 125 ਤੋਂ ਵਧੇਰੇ ਵਿਦਿਆਰਥੀਆਂ ਨੇ ਵੀ ਬੀਜੇਐਫ ਦੀ ਸਟਾਰ ਸਕਾਲਰਸ਼ਿਪ ਯੋਜਨਾ ਰਾਹੀਂ ਨੀਟ ਤੇ ਜੇਈਈ ਦੀ ਪ੍ਰਵੇਸ਼ ਪ੍ਰੀਖਿਆ ਪਾਸ ਕਰਨ ਚ ਸਫਲਤਾ ਹਾਸਲ ਕੀਤੀ ਹੈ।ਸੰਸਥਾ ਦਾ ਮੁੱਖ ਉਦੇਸ਼ ਪੰਜਾਬ ਦੇ ਪੇਂਡੂ ਵਿਦਿਆਰਥੀਆਂ ਨੂੰ ਸਿਖਿਆ ਖੇਤਰ ਨਾਲ ਸੰਬੰਧਿਤ ਕੌਮੀ ਤੇ ਕੌਮਾਂਤਰੀ ਪੱਧਰ ਦੀਆਂ ਮੁਕਾਬਲੇ ਵਾਲੀਆਂ ਪ੍ਰਵੇਸ਼ ਪ੍ਰੀਖਿਆਵਾਂ ਬਾਰੇ ਜਾਗਰੂਕ ਕਰਨਾ ਤੇ ਤਿਆਰੀ ਕਰਾਉਣਾ ਹੈ। ਪਿੰਡਾਂ ਦੀਆਂ ਸੰਸਥਾਵਾਂ, ਸਕੂਲ ਅਧਿਆਪਕਾਂ ਤੇ ਸਮਾਜ ਸੇਵਾ ਦੀ ਭਾਵਨਾ ਰੱਖਣ ਵਾਲੇ ਨਾਗਰਿਕਾਂ ਨਾਲ ਮਿਲ ਕੇ ਇਹ ਸਿਖਿਆ ਪ੍ਰੋਜੈਕਟ ਪੇਂਡੂ ਖੇਤਰ ਵਿੱਚ ਚਲਾਏ ਜਾਂਦੇ ਹਨ।

# ਮੁੱਖ ਮੰਤਰੀ ਸਿਹਤ ਯੋਜਨਾ ਦੀ ਰਜਿਸਟ੍ਰੇਸ਼ਨ ਲਈ ਸੀ.ਐਚ.ਓ. ਨਾਲ ਮੀਟਿੰਗ



ਬਾਜਾਖਾਨਾ, 19 ਮਾਰਚ (ਅਵਤਾਰ ਸਿੰਘ ਮੱਲਾ): ਸਿਵਲ ਸਰਜਨ, ਫਰੀਦਕੋਟ ਡਾ ਪਰਵਜੀਤ ਸਿੰਘ ਗੁਲਾਟੀ ਵੱਲੋਂ ਬਲਾਕ ਸਮੁਦਾਇਕ ਸਿਹਤ ਕੇਂਦਰ ਬਾਜਾਖਾਨਾ ਦੇ ਸਮੂਹ ਸੀ ਐਚ ਓ ਨਾਲ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਉੱਚ ਗੁਣਵੱਤਾ ਵਾਲੀਆਂ ਮੁਫਤ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਸ਼ੁਰੂ ਕੀਤੀ ਮੁੱਖ ਮੰਤਰੀ ਸਿਹਤ ਯੋਜਨਾ ਦੀ ਸਿਹਤ ਕੇਂਦਰਾਂ ਵਿਖੇ ਸ਼ੁਰੂ ਕੀਤੀ ਜਾਣ ਵਾਲੀ ਰਜਿਸਟਰੇਸ਼ਨ ਸਬੰਧੀ ਮੀਟਿੰਗ ਕੀਤੀ। ਉਨਾਂ ਦੱਸਿਆ ਗਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਪੰਜਾਬ ਸਰਕਾਰ ਦੀ ਇੱਕ ਪ੍ਰਮੁੱਖ ਸਿਹਤ ਸੰਭਾਲ ਯੋਜਨਾ ਹੈ ਜੋ ਪੰਜਾਬ ਦੇ ਸਾਰੇ ਪ੍ਰਮਾਣਿਤ ਨਾਗਰਿਕਾਂ ਨੂੰ ਨਕਦ ਰਹਿਤ ਦੂਜੇ ਤੇ ਤੀਜੇ ਦਰਜੇ ਦੀ ਡਾਕਟਰੀ ਦੇਖਭਾਲ ਪ੍ਰਦਾਨ ਕਰਦੀ ਹੈ। ਇਹ ਯੋਜਨਾ ਪੰਜਾਬ ਦੇ ਸਾਰੇ ਯੋਗ ਪਰਿਵਾਰਾਂ ਲਈ ਹੈ, ਜੋ ਬਿਨਾਂ ਕਿਸੇ ਵਿੱਤੀ ਪ੍ਰੇਸ਼ਾਨੀ ਦੇ ਮਿਆਰੀ ਸਿਹਤ ਸੰਭਾਲ ਪਹੁੰਚ ਯਕੀਨੀ ਬਣਾਉਂਦੀ ਹੈ। ਇਸ ਯੋਜਨਾ ਅਧੀਨ ਮਰੀਜ਼ ਆਪਣਾ ਇਲਾਜ ਕਿਸੇ ਵੀ ਸਰਕਾਰੀ ਹਸਪਤਾਲ ਜਾਂ ਸੂਚੀਬੱਧ ਕੀਤੇ ਪ੍ਰਾਈਵੇਟ ਹਸਪਤਾਲ ਤੋਂ ਕਰਵਾ ਸਕਦਾ ਹੈ। ਉਨਾਂ ਕਿਹਾ ਕਿ ਇਸ ਯੋਜਨਾ ਹੇਠ ਰਜਿਸਟਰ ਹੋਣ ਲਈ ਸਾਰੇ ਐਚ ਡਬਲਯੂ ਸੀ ਵਿੱਚ ਈ-ਕਾਰਡ ਮੁਫਤ ਬਣਾਏ ਜਾਣਗੇ। ਇਸ ਲਈ ਉਨਾਂ ਸੀ ਐਚ ਓ ਨੂੰ ਕਿਹਾ ਕਿ ਉਹ ਲੋਕਾਂ ਨੂੰ ਜਾਗਰੂਕ ਕਰਨ ਅਤੇ ਜੋ ਵੀ ਉਹਨਾਂ ਕੋਲ ਆਉਂਦਾ ਹੈ ਉਸ ਦੀ ਰਜਿਸਟਰੇਸ਼ਨ ਕਰਨ। ਉਨਾਂ ਕਿਹਾ ਕਿ ਇਸ ਕੰਮ ਨੂੰ ਤਰਜੀਹ ਦਿੱਤੀ ਜਾਵੇ। ਉਨਾਂ ਕਿਹਾ ਕਿ ਉੱਚ ਅਧਿਕਾਰੀਆਂ ਵੱਲੋਂ ਆਦੇਸ਼ ਹਨ ਕਿ ਇਸ ਕੰਮ ਵਿਚ ਕੋਈ ਵੀ ਦੇਰੀ ਨਾ ਹੋਵੇ। ਇਸ ਮੌਕੇ ਜਿਲਾ ਟੀਕਾਕਰਨ ਅਫਸਰ ਡਾ ਹੁਸਨਪਾਲ, ਸੀਨੀਅਰ ਮੈਡੀਕਲ ਅਫਸਰ ਡਾ ਵਰਿੰਦਰ ਕੁਮਾਰ, ਡਾ ਕਿਰਨਦੀਪ ਕੌਰ, ਡਾ ਪਲਕ, ਸੀਨੀਅਰ ਫਾਰਮੇਸੀ ਅਫਸਰ ਸੁਨੀਲ ਸਿੰਗਲਾ, ਬੀ ਈ ਈ ਫਲੈਗ ਚਾਵਲਾ ਤੇ ਸਮੂਹ ਸੀ ਐਚ ਓ ਆਦਿ ਨੇ ਸ਼ਿਰਕਤ ਕੀਤੀ।

# ਹਿੰਸਾ ਤੋਂ ਪ੍ਰਭਾਵਿਤ ਔਰਤਾਂ ਲਈ 'ਸਖੀ ਵਨ ਸਟਾਪ ਸੈਂਟਰ' ਇੱਕ ਉਮੀਦ ਦੀ ਕਿਰਨ : ਜ਼ਿਲ੍ਹਾ ਪ੍ਰੋਗਰਾਮ ਅਫ਼ਸਰ

ਸੰਗਰੂਰ, 19 ਮਾਰਚ (ਹਰਕੰਵਲ ਸਿੰਘ ਹੈਪੀ): ਸਮਾਜਿਕ ਸੁਰੱਖਿਆ ਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ, ਪੰਜਾਬ ਦੀਆਂ ਹਦਾਇਤਾਂ ਅਨੁਸਾਰ ਕਿਸੇ ਵੀ ਤਰ੍ਹਾਂ ਦੀ ਹਿੰਸਾ ਤੋਂ ਪੀੜਤ ਔਰਤਾਂ ਦੀ ਸਹਾਇਤਾ ਲਈ ਸਿਵਲ ਹਸਪਤਾਲ ਸੰਗਰੂਰ ਵਿਖੇ ਸਖੀ ਵਨ ਸਟਾਪ ਸੈਂਟਰ ਅਤੇ ਵੂਮੈਨ ਹੈਲਪ ਲਾਇਨ (181) ਚਲਾਇਆ ਜਾ ਰਿਹਾ ਹੈ, ਜਿੱਥੇ ਪੀੜਤ ਔਰਤਾਂ ਨੂੰ ਡਾਕਟਰੀ ਸਹਾਇਤਾ ਦੇ



ਨਾਲ-ਨਾਲ ਪੁਲਿਸ ਤੇ ਕਾਨੂੰਨੀ ਮਦਦ, ਮਾਨਸਿਕ-ਸਮਾਜਿਕ ਕੌਂਸਲਿੰਗ ਅਤੇ ਲੋੜਵੰਦ ਔਰਤਾਂ ਨੂੰ ਅਸਥਾਈ ਰਿਹਾਇਸ਼ ਦੀ ਸਹੂਲਤਾ ਪ੍ਰਦਾਨ ਕੀਤੀ ਜਾਂਦੀ ਹੈ। ਇਸ ਸਬੰਧੀ ਵਧੇਰੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰੋਗਰਾਮ ਅਫਸਰ ਪਰਦੀਪ ਸਿੰਘ ਗਿੱਲ ਨੇ ਦੱਸਿਆ ਕਿ ਸਖੀ ਵਨ ਸਟਾਪ ਸੈਂਟਰ ਤੇ ਵੂਮੈਨ ਹੈਲਪ ਲਾਇਨ (181) ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਨਾਲ ਔਰਤਾਂ ਦੀ ਜ਼ਿੰਦਗੀ ਵਿੱਚ ਸਕਾਰਾਤਮਕ ਬਦਲਾਅ ਲਿਆਉਣ ਦੀ ਲਗਾਤਾਰ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਚਲਾਏ ਜਾ ਰਹੇ ਇਸ ਸੈਂਟਰ ਵਿੱਚ ਘਰੇਲੂ ਹਿੰਸਾ ਦੇ ਮਾਮਲਿਆਂ ਵਿੱਚ ਪੀੜਤ ਮਹਿਲਾਵਾਂ ਨੂੰ ਮਾਨਸਿਕ ਅਤੇ ਸਮਾਜਿਕ ਕੌਂਸਲਿੰਗ ਮੁਹੱਈਆ ਕਰਵਾਈ ਜਾਂਦੀ ਹੈ। ਉਨ੍ਹਾਂ ਨੇ ਹੋਰ ਦੱਸਿਆ ਕਿ ਹਰ ਮਹੀਨੇ (ਔਸਤ) 70 ਰਿਪੋਰਟ ਹੋਏ ਮਾਮਲਿਆਂ ਵਿੱਚ ਲੋੜਵੰਦ ਔਰਤਾਂ ਨੂੰ ਵੱਖ-ਵੱਖ ਤਰ੍ਹਾਂ ਦੀਆਂ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਇਸ ਦੇ ਨਾਲ ਹੀ ਸਖੀ ਵਨ ਸਟਾਪ ਸੈਂਟਰ ਸੰਗਰੂਰ ਵੱਲੋਂ ਪਿੰਡਾਂ, ਸਕੂਲਾਂ ਅਤੇ ਹੋਰ ਜਨਤਕ ਥਾਵਾਂ 'ਤੇ ਜਾਗਰੂਕਤਾ ਕੈਂਪ ਲਗਾ ਕੇ ਔਰਤਾਂ ਨੂੰ ਆਪਣੇ ਅਧਿਕਾਰਾਂ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ, ਤਾਂ ਜੋ ਉਹ ਨਿਡਰ ਹੋ ਕੇ ਅੱਗੇ ਆ ਸਕਣ ਅਤੇ ਸਰਕਾਰੀ ਸਹੂਲਤਾਂ ਦਾ ਲਾਭ ਲੈ ਸਕਣ।

ਸਖੀ ਵਨ ਸਟਾਪ ਸੈਂਟਰ ਦੀ ਇਕ ਮਹੱਤਵਪੂਰਨ ਪਹਿਲ ਇਹ ਵੀ ਹੈ ਕਿ ਜੇਕਰ ਕੋਈ ਵੀ ਔਰਤ ਘਰੇਲੂ ਜਾਂ ਕਿਸੇ ਹੋਰ ਤਰ੍ਹਾਂ ਦੀ ਹਿੰਸਾ ਦਾ ਸ਼ਿਕਾਰ ਹੈ ਅਤੇ ਸਮਾਜਿਕ ਡਰ ਕਰਕੇ ਆਪਣੀ ਸਮੱਸਿਆ ਸਾਂਝੀ ਨਹੀਂ ਕਰ ਸਕਦੀ, ਤਾਂ ਸੈਂਟਰ ਵੱਲੋਂ ਉਸਦੀ ਪੂਰੀ ਮਦਦ ਕੀਤੀ ਜਾਂਦੀ ਹੈ ਅਤੇ ਉਹਨਾ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਂਦੀ ਹੈ। ਪੀੜਤ ਔਰਤ ਸਿੱਧਾ ਸੈਂਟਰ ਨਾਲ ਸੰਪਰਕ ਕਰ ਸਕਦੀ ਹੈ ਜਾਂ ਵੂਮੈਨ ਹੈਲਪ ਲਾਇਨ 181 'ਤੇ ਕਾਲ ਕਰਕੇ ਵੀ ਸਹਾਇਤਾ ਪ੍ਰਾਪਤ ਕਰ ਸਕਦੀ ਹੈ। ਮੌਜੂਦਾ ਸਮੇਂ ਸਖੀ ਵਨ ਸਟਾਪ ਸੈਂਟਰ ਸਿਵਲ ਹਸਪਤਾਲ ਸੰਗਰੂਰ ਵਿਖੇ ਸੁਚਾਰੂ ਢੰਗ ਨਾਲ ਚੱਲ ਰਿਹਾ ਹੈ ਤੇ ਇਹ ਸੈਂਟਰ ਹਿੰਸਾ ਪ੍ਰਭਾਵਿਤ ਔਰਤਾਂ ਲਈ ਇੱਕ ਮਜ਼ਬੂਤ ਸਹਾਰਾ ਸਾਬਤ ਹੋ ਰਿਹਾ।

# ਬਲਾਕ ਫੂਲ ਦੇ ਪਿੰਡ ਸੰਧੂ ਖ਼ੁਰਦ 'ਚ ਬੀਕੇਯੂ ਡਕੌਂਦਾ ਇਕਾਈ ਦੀ ਚੋਣ



ਭਗਤਾ ਭਾਈ ਕਾ, 19 ਮਾਰਚ (ਸਵਰਨ ਸਿੰਘ ਭਗਤਾ): ਭਾਰਤੀ ਕਿਸਾਨ ਯੂਨੀਅਨ ਡਕੌਂਦਾ ਬਲਾਕ ਫੂਲ ਦੇ ਪ੍ਰਧਾਨ ਅਮਨਦੀਪ ਸਿੰਘ ਗੱਗੀ ਦੀ ਅਗਵਾਈ ਹੇਠ ਬਲਾਕ ਫੂਲ ਦੇ ਪਿੰਡ ਸੰਧੂ ਖੁਰਦ ਚ ਨਵੀਂ ਇਕਾਈ ਦੀ ਚੋਣ ਕੀਤੀ ਗਈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਅਮਨਦੀਪ ਸਿੰਘ ਗੱਗੀ ਨੇ ਦੱਸਿਆ ਕਿ ਇਸ ਮੌਕੇ ਸੰਧੂ ਖੁਰਦ ਦੀ 13 ਮੈਂਬਰੀ ਕਮੇਟੀ ਚੋਣ ਕੀਤੀ ਗਈ ਜਿਸ ਵਿੱਚ ਸਾਧੂ ਸਿੰਘ ਕਮੇਟੀ ਪ੍ਰਧਾਨ, ਰਛਪਾਲ ਸਿੰਘ ਮੀਤ ਪ੍ਰਧਾਨ, ਗੋਰਾ ਸਿੰਘ ਜਰਨਲ ਸਕੱਤਰ, ਮੇਜ਼ਰ ਸਿੰਘ, ਵਰਿਆਮ ਖਜ਼ਾਨਚੀ, ਸੁਖਮੰਦਰ ਸਿੰਘ, ਗੁਰਮੀਤ ਸਿੰਘ, ਜਗਜੀਤ ਸਿੰਘ, ਜਸਤਿੰਦਰ ਸਿੰਘ ਕਮੇਟੀ ਮੈਂਬਰ, ਸੁਰਜੀਤ ਸਿੰਘ, ਜਰਨੈਲ ਸਿੰਘ, ਨਛੱਤਰ ਸਿੰਘ, ਸੁਖਪਾਲ ਸਿੰਘ ਆਦਿ ਕਮੇਟੀ ਮੈਂਬਰ ਦੀ ਚੋਣ ਕੀਤੀ ਗਈ।

ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਬਿੱਕਰ ਸਿੰਘ ਘੰਦਾਬੰਨਾ, ਮਨਦੀਪ ਸਿੰਘ ਖਜ਼ਾਨਚੀ, ਰਣਜੀਤ ਸਿੰਘ ਜਰਨਲ ਸਕੱਤਰ ਬਲਾਕ ਫੂਲ, ਜੋਗਿੰਦਰ ਸਿੰਘ ਭੂਮ (ਘੰਦਾਬੰਨਾ), ਜਸਵੀਰ ਸਿੰਘ ਮੁਨਸ਼ੀ (ਢੇਪਾਲੀ), ਸੁਖਪਾਲ ਸਿੰਘ ਪਾਲੀ ਮੀਤ ਪ੍ਰਧਾਨ ਬਲਾਕ ਫੂਲ, ਸਵਰਨ ਸਿੰਘ ਸਹਾਇਕ ਸਕੱਤਰ ਬਲਾਕ ਫੂਲ, ਸੁਖਵਿੰਦਰ ਸਿੰਘ ਗਿਆਨੀ ਭਾਈ ਰੂਪਾ ਕਮੇਟੀ ਮੈਂਬਰ ਬਲਾਕ ਫੂਲ ਆਦਿ ਹਾਜ਼ਰ ਸਨ।

# ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣ ਲਈ ਲੋਕ ਲਾਮਬੰਦ ਹੋਣੇ ਸ਼ੁਰੂ : ਸਤਨਾਮ ਸਿੰਘ ਰਾਹੀ



ਧਨੌਲਾ,19 ਮਾਰਚ (ਚਮਕੌਰ ਸਿੰਘ ਗੱਗੀ) : ਪੰਜਾਬ ਨਿਵਾਸੀ 2027 ਵਿੱਚ ਸ਼੍ਰੋਮਣੀ ਆਕਾਲੀ ਦਲ ਬਾਦਲ ਦੀ ਸਰਕਾਰ ਬਣਾਉਣ ਲਈ ਲਾਮਬੰਦ ਹੋਣੇ ਸ਼ੁਰੂ ਹੋ ਗਏ ਹਨ 2027 ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣੇਗੀ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਗੁਰਦੁਆਰਾ ਗੁਰੂਸਰ ਪਾਤਸ਼ਾਹੀ ਨੌਂਵੀਂ, ਧਨੌਲਾ ਵਿੱਚ ਮਹਾਨ ਸੰਤ ਬਾਬਾ ਜਗਤ ਸਿੰਘ ਜੀ ਦੀ 30ਵੀਂ ਬਰਸੀ ਮੌਕੇ ਪਹੁੰਚੇ ਜ਼ਿਲ੍ਹਾ ਪ੍ਰਧਾਨ ਸਤਨਾਮ ਸਿੰਘ ਰਾਹੀ ਨੇ ਕੀਤਾ।ਗੁਰਦੁਆਰਾ ਗੁਰੂਸਰ ਪਾਤਸ਼ਾਹੀ ਨੌਂਵੀਂ, ਧਨੌਲਾ ਵਿੱਚ ਮਹਾਨ ਸੰਤ ਬਾਬਾ ਜਗਤ ਸਿੰਘ ਜੀ ਦੀ 30ਵੀਂ ਬਰਸੀ ਸ਼ਰਧਾ ਤੇ ਸਤਿਕਾਰ ਨਾਲ ਮਨਾਈ ਗਈ। ਸਮਾਗਮ ਦਾ ਆਯੋਜਨ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਅਤੇ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਬਾਬਾ ਟੇਕ ਸਿੰਘ ਧਨੌਲਾ ਦੀ ਅਗਵਾਈ ਵਿੱਚ ਕੀਤਾ ਗਿਆ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ, ਵਰਕਰਾਂ ਅਤੇ ਇਲਾਕਾ ਨਿਵਾਸੀਆਂ ਨੇ ਵੱਡੀ ਗਿਣਤੀ ਵਿੱਚ ਪਹੁੰਚ ਕੇ ਸੰਤ ਬਾਬਾ ਜਗਤ ਸਿੰਘ ਜੀ ਨੂੰ ਸ਼ਰਧਾਂਜਲੀ ਭੇਟ ਕੀਤੀ। ਸਮਾਗਮ ਦੌਰਾਨ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਸਤਨਾਮ ਸਿੰਘ ਰਾਹੀ ਨੇ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀਆਂ ਉਮੀਦਾਂ ’ਤੇ ਖਰੀ ਨਹੀਂ ਉਤਰੀ। ਉਨ੍ਹਾਂ ਦੋਸ਼ ਲਗਾਇਆ ਕਿ ਸਰਕਾਰ ਲੋਕ ਭਲਾਈ ਦੇ ਕੰਮਾਂ ਵਿੱਚ ਪੂਰੀ ਤਰ੍ਹਾਂ ਨਾਕਾਮ ਰਹੀ ਹੈ। ਰਾਹੀ ਨੇ ਕਿਹਾ ਕਿ ਅਕਾਲੀ ਦਲ ਦੀ ਸਰਕਾਰ ਬਣਨ ’ਤੇ ਬੰਦ ਕੀਤੀਆਂ ਸਮਾਜ ਭਲਾਈ ਸਕੀਮਾਂ ਨੂੰ ਮੁੜ ਸ਼ੁਰੂ ਕੀਤਾ ਜਾਵੇਗਾ। ਉਨ੍ਹਾਂ ਭਰੋਸਾ ਦਿਵਾਇਆ ਕਿ 2004 ਤੋਂ ਬਾਅਦ ਬੰਦ ਕੀਤੀਆਂ ਮੁਲਾਜ਼ਮਾਂ ਦੀਆਂ ਪੈਨਸ਼ਨਾਂ ਬਹਾਲ ਕੀਤੀਆਂ ਜਾਣਗੀਆਂ ਅਤੇ ਹਰ ਨੌਜਵਾਨ ਨੂੰ ਆਪਣੇ ਪੈਰਾਂ ’ਤੇ ਖੜ੍ਹਾ ਕਰਨ ਲਈ 10 ਲੱਖ ਰੁਪਏ ਤੱਕ ਦੀ ਸਹਾਇਤਾ ਦਿੱਤੀ ਜਾਵੇਗੀ। ਮਹਿਲਾ ਦਿਵਸ ਦੇ ਸੰਦਰਭ ਵਿੱਚ ਉਨ੍ਹਾਂ ਕਿਹਾ ਕਿ ਜਿੱਥੇ ਪੂਰੇ ਦੇਸ਼ ਵਿੱਚ ਮਹਿਲਾਵਾਂ ਦਾ ਸਨਮਾਨ ਕੀਤਾ ਗਿਆ, ਉੱਥੇ ਪੰਜਾਬ ਵਿੱਚ ਇਸ ਮੌਕੇ ਨੂੰ ਲੈ ਕੇ ਗਲਤ ਬਿਆਨਬਾਜ਼ੀ ਕੀਤੀ ਗਈ, ਜੋ ਕਿ ਨਿੰਦਣਯੋਗ ਹੈ।ਇਸ ਦੌਰਾਨ ਸ਼ਹਿਰੀ ਪ੍ਰਧਾਨ ਯਾਦਵਿੰਦਰ ਸਿੰਘ ਬਿੱਟੂ ਦੀਵਾਨਾ, ਸੰਜੀਵ ਕੁਮਾਰ ਸੋਰੀ, ਅਵਤਾਰ ਜਾਗਲ, ਨਾਥ ਸਿੰਘ ਹਮੀਦੀ,, ਸੁਖਵਿੰਦਰ ਸਿੰਘ ਸੁੱਖਾ, ਗੁਰਦੀਪ ਸਿੰਘ ਮਾਨ, ਅਵਤਾਰ ਸਿੰਘ ਮਾਨ, ਬੀਬੀ ਬੇਅੰਤ ਕੌਰ,ਮਹਿੰਦਰ ਪਾਲ ਸਿੰਘ ਕਾਲਾ(ਸਾਬਕਾ ਐਮਸੀ),ਸਰਪੰਚ ਭੋਲਾ ਸਿੰਘ ਸਰਾਂ ਸਮੇਤ ਕਈ ਵਿਅਕਤੀ ਮੌਜੂਦ ਰਹੇ ਸਮਾਗਮ ਦੇ ਅੰਤ ਵਿੱਚ ਜਥੇਦਾਰ ਬਾਬਾ ਟੇਕ ਸਿੰਘ ਨੇ ਸੰਗਤ ਦਾ ਧੰਨਵਾਦ ਕੀਤਾ ਅਤੇ ਮੁੱਖ ਮਹਿਮਾਨਾਂ ਨੂੰ ਸਿਰੋਪੇ ਭੇਟ ਕਰਕੇ ਸਨਮਾਨਿਤ ਕੀਤਾ।

## ਤਿੰਨ ਦਿਨਾਂ ਬਨਾਉਟੀ ਸਹਾਇਕ ਉਪਕਰਨ ਵੰਡ ਕੈਂਪ ਸਮਾਪਤ

ਬਰਨਾਲਾ, 19 ਮਾਰਚ (ਬਘੇਲ ਸਿੰਘ ਧਾਲੀਵਾਲ) : ਡਿਪਟੀ ਕਮਿਸ਼ਨਰ ਕਮ ਪ੍ਰਧਾਨ ਇੰਡੀਅਨ ਰੈਡ ਕਰਾਸ ਸੋਸਾਇਟੀ ਬਰਨਾਲਾ ਹਰਪ੍ਰੀਤ ਆਈ ਏ ਐਸ ਦੀ ਅਗਵਾਈ ਹੇਠ ਜ਼ਿਲ੍ਹਾ ਬਰਨਾਲਾ ਵਿੱਚ ਲੋੜਵੰਦਾਂ ਨੂੰ ਬਣਾਉਟੀ ਅੰਗ ਮੁਹੱਈਆ ਕਰਾਉਣ ਲਈ ਤਿੰਨ ਰੋਜ਼ਾ ਅਸੈਸਮੈਂਟ ਵੰਡ ਕੈਂਪ ਬੀਬੀ ਪ੍ਰਧਾਨ ਕੌਰ ਗੁਰਦੁਆਰਾ ਸਾਹਿਬ ਵਿਖੇ ਲਾਇਆ ਗਿਆ ਜਿਸ ਵਿਚ 400 ਤੋਂ ਵੱਧ ਲੋੜਵੰਦਾਂ ਨੇ ਲਾਭ ਲਿਆ। ਸਕੱਤਰ ਜ਼ਿਲ੍ਹਾ ਰੈਡ ਕਰੌਸ ਸੁਸਾਇਟੀ ਸਵਰਨ ਸਿੰਘ ਨੇ ਦੱਸਿਆ ਕਿ ਇਸ ਮੌਕੇ 416 ਵਿਅਕਤੀਆਂ ਨੂੰ ਮੁਫ਼ਤ ਸਹਾਇਕ ਉਪਕਰਨ/ਬਨਾਉਟੀ ਅੰਗ ਮੁਹੱਈਆ ਕਰਾਏ ਗਏ।

# ਸ੍ਰੀ ਜਵਾਲਾ ਜੀ ਧਾਮ ਤੋਂ ਪ੍ਰਾਚੀਨ ਸ੍ਰੀ ਦੁਰਗਾ ਮੰਦਰ ਵਿੱਚ ਲਿਆਂਦੀ ਜੋਤ



ਬਰਨਾਲਾ, 19 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : : ਚੇਤ ਮਹੀਨੇ ਦੇ ਚੇਤ ਨਵਰਾਤਰੇ ਅੱਜ ਦਿਨ ਬੁੱਧਵਾਰ ਤੋਂ ਸ਼ੁਰੂ ਹੋਏ ਹਨ ਅਤੇ ਅੱਠ ਦਿਨਾਂ ਤੱਕ ਜਾਰੀ ਰਹੇਗੀ। ਨਵਰਾਤਰੀ ਦੇ ਸ਼ੁਭ ਮੌਕੇ ਤੇ ਸ੍ਰੀ ਜਵਾਲਾ ਜੀ ਧਾਮ ਤੋਂ ਪਵਿੱਤਰ ਜੋਤ ਪ੍ਰਾਚੀਨ ਸ੍ਰੀ ਦੁਰਗਾ ਮੰਦਰ ਦੇਵੀ ਦਿਆਲਾ ਹੰਢਿਆਇਆ ਬਾਜ਼ਾਰ ਬਰਨਾਲਾ ਵਿੱਚ ਲਿਆਂਦੀ ਗਈ। ਇਸ ਮੌਕੇ ’ਤੇ ਇੱਕ ਵਿਸ਼ਾਲ ਸ਼ੋਭਾ ਯਾਤਰਾ ਵੀ ਸਜਾਈ ਗਈ, ਜੋ ਕੀ ਗਰਗ ਟਰੰਕ ਹਾਊਸ ਪੁਰਾਣਾ ਸਿਨੇਮਾ ਰੋਡ ਆਈਐਫਬੀ ਪੁਆਇੰਟ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਮੁੱਖ ਬਾਜ਼ਾਰਾਂ ਵਿੱਚੋਂ ਲੰਘਦੀ ਹੋਈ ਪ੍ਰਾਚੀਨ ਦੁਰਗਾ ਮੰਦਰ ਹੰਢਿਆਇਆ ਬਾਜ਼ਾਰ ਬਰਨਾਲਾ ਵਿੱਚ ਸਮਾਪਤ ਹੋਈ। ਇਸ ਮੌਕੇ @ਤੇ ਪੂਜਾ ਦੀ ਰਸਮ ਗਰਗ ਟਰੰਕ ਹਾਊਸ ਦੇ ਚੇਅਰਮੈਨ ਲਾਜਪਤ ਰਾਏ ਗਰਗ ਅਤੇ ਮੋਬਾਈਲ ਯੂਨੀਅਨ ਦੇ ਪ੍ਰਧਾਨ ਅਰਿਹੰਤ ਰਾਏ ਗਰਗ ਨੇ ਆਪਣੇ ਪਰਿਵਾਰ ਸਮੇਤ ਕੀਤੀ। ਜਾਣਕਾਰੀ ਦਿੰਦੇ ਹੋਏ ਦੁਰਗਾ ਮੰਦਿਰ ਦੇ ਮੁੱਖ ਪੁਜਾਰੀ ਪੰਡਿਤ ਚੇਤਨ ਸ਼ਰਮਾ ਅਤੇ ਸ਼ਰਧਾਲੂ ਰੋਹਿਤ ਗੋਇਲ ਸ਼ੈਂਕੀ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਨਵਰਾਤਿਆਂ ਦੇ ਸ਼ੁਭ ਮੌਕੇ ’ਤੇ ਸ੍ਰੀ ਜਵਾਲਾ ਜੀ ਧਾਮ ਤੋਂ ਮਾਤਾ ਰਾਣੀ ਦੀ ਪਵਿੱਤਰ ਜੋਤ ਲਿਆਂਦੀ ਗਈ। ਇਸ ਮੌਕੇ ਰੋਹਿਤ ਗੋਇਲ ਸ਼ੈਂਕੀ, ਮੰਨਤ ਗੋਇਲ, ਵਿਪਿਨ ਸਿੰਗਲਾ ਗੋਰਾ, ਰਾਜੇਸ਼ ਕੁਮਾਰ ਰਿੰਕੂ, ਟਿੰਕੂ ਗੋਇਲ, ਗਿੱਪੀ ਮਾਨ, ਰਣਜੀਤ ਸਿੰਘ, ਕਪਿਲ ਗੋਇਲ, ਅਨਿਲ ਸਾਗਰ, ਵਿਨੀਤ ਜੇਠੀ, ਗਰਗ ਟਰੰਕ ਹਾਊਸ ਦੇ ਚੇਅਰਮੈਨ ਲਾਜਪਤ ਰਾਏ ਗਰਗ, ਇੰਜੀਨੀਅਰ ਹੇਮੰਤ ਗਰਗ, ਦੀਕਸ਼ਾ ਸਿੰਗਲਾ, ਹੇਯਾਂਸ਼ ਗਰਗ, ਦਿਨੇਸ਼ ਬਾਂਸਲ ਬਾਲਾ ਜੀ ਪਲਾਈ, ਮੋਬਾਈਲ ਐਸੋਸੀਏਸ਼ਨ ਦੇ ਪ੍ਰਧਾਨ ਅਰਿਹੰਤ ਗਰਗ, ਸੌਨਿਕਾ ਰਾਣੀ, ਸੁਹਾਨ ਗਰਗ, ਬਬਲੀ ਰਾਣੀ, ਵਰਿੰਦਾ ਅਗਰਵਾਲ ਅਤੇ ਵਾਣੀ ਅੱਗਰਵਾਲ ਹੋਰ ਸ਼ਰਧਾਲੂ ਮੌਜੂਦ ਸਨ।

# ਸ੍ਰੀ ਗੁਰੂ ਰਵਿਦਾਸ ਸੰਸਕਾਰ ਕੇਂਦਰ ਵਿਖੇ ਬੱਚਿਆਂ ਨੂੰ ਕਾਪੀਆਂ ਅਤੇ ਸਕੂਲੀ ਬੈਗ ਵੰਡੇ



ਬਰਨਾਲਾ , 19 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : ਸ੍ਰੀ ਗੁਰੂ ਰਵਿਦਾਸ ਵੈੱਲਫੇਅਰ ਟਰੱਸਟ ਬਰਨਾਲਾ ਵੱਲੋਂ ਚਲਾਏ ਜਾ ਰਹੇ ਸੰਸਕਾਰ ਕੇਂਦਰ ਘੜੂੰਆਂ ਰੋਡ ਵਾਰਡ ਨੰਬਰ ਚਾਰ ਦੀ ਗਲੀ ਨੰਬਰ ਪੰਜ ਵਿਖੇ ਵਿਦਿਆਰਥੀਆਂ ਨੂੰ ਕਾਪੀਆਂ ਅਤੇ ਸਕੂਲੀ ਬੈਗ ਵੰਡੇ ਗਏ । ਸ਼੍ਰੋਮਣੀ ਅਕਾਲੀ ਦਲ ਹਲਕਾ ਬਰਨਾਲਾ ਦੇ ਇੰਚਾਰਜ਼ ਕੁਲਵੰਤ ਸਿੰਘ ਕੀਤੂ, ਬੇਅੰਤ ਕੌਰ ਖਹਿਰਾ ਮੈਂਬਰ ਸੂਬਾ ਵਰਕਿੰਗ ਕਮੇਟੀ ਅਤੇ ਅਨੀਤਾ ਮੱਟੂ ਸੂਬਾ ਸਕੱਤਰ ਮਹਿਲਾ ਵਿੰਗ ਸ਼੍ਰੋਮਣੀ ਅਕਾਲੀ ਦਲ ਰਾਹੀਂ ਵਿਦਿਆਰਥੀਆਂ ਨੂੰ ਸਮਾਨ ਦੀ ਵੰਡ ਕੀਤੀ ਗਈ। ਇਸ ਮੌਕੇ ਬੋਲਦਿਆਂ ਕੁਲਵੰਤ ਸਿੰਘ ਕੀਤੂ ਨੇ ਕਿਹਾ ਕਿ ਵਿਦਿਆ ਵੀਚਾਰੀ ਤਾਂ ਪਰਉਪਕਾਰੀ ਦੇ ਸਿਧਾਂਤ ਅਤੇ ਸਰਬੱਤ ਦੇ ਭਲੇ ਦੀ ਸੋਚ ਤੇ ਪਹਿਰਾ ਦਿੰਦਿਆਂ ਇਹ ਸਮਾਨ ਵਿਦਿਆਰਥੀਆਂ ਨੂੰ ਵੰਡਿਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਸਮਾਨ ਵੰਡਣ ਦੀ ਮੁਹਿਮ ਸ਼੍ਰੋਮਣੀ ਅਕਾਲੀ ਦਲ ਵੱਲੋਂ ਭਵਿੱਖ ਵਿੱਚ ਵੀ ਜਾਰੀ ਰਹੇਗੀ। ਇਸ ਮੌਕੇ ਉਨ੍ਹਾਂ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਮਾਪਿਆਂ ਤੇ ਅਧਿਆਪਕਾਂ ਦਾ ਸਤਿਕਾਰ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਬੇਅੰਤ ਕੌਰ ਖਹਿਰਾ ਤੇ ਅਨੀਤਾ ਮੱਟੂ ਨੇ ਕਿਹਾ ਕਿ ਪ੍ਰਦੂਸ਼ਣ ਦੇ ਖਾਤਮੇ ਲਈ ਵੱਧ ਤੋਂ ਵੱਧ ਬੂਟੇ ਲਗਾਉਣ ਦੀ ਲੋੜ ਹੈ ਅਤੇ ਉਨ੍ਹਾਂ ਬੂਟਿਆਂ ਦੀ ਸਾਂਭ ਸੰਭਾਲ ਕਰਨੀ ਵੀ ਬਹੁਤ ਜ਼ਰੂਰੀ ਹੈ। ਇਸ ਮੌਕੇ ਰਾਣੀ ਕੌਰ ਨੂੰ ਵਾਰਡ ਨੰਬਰ ਚਾਰ ਦਾ ਇਕਾਈ ਪ੍ਰਧਾਨ ਲਗਾਇਆ ਗਿਆ ਅਤੇ ਉਨ੍ਹਾਂ ਦਾ ਸਨਮਾਨ ਵੀ ਕੀਤਾ ਗਿਆ। ਅੰਤ ਚ ਸ਼੍ਰੋਮਣੀ ਅਕਾਲੀ ਦਲ ਬਰਨਾਲਾ ਦੇ ਮਹਿਲਾ ਵਿੰਗ ਦੇ ਸ਼ਹਿਰੀ ਮੀਤ ਪ੍ਰਧਾਨ ਬਰਨਾਲਾ ਜਸਵਿੰਦਰ ਕੌਰ ਜਟਾਣਾ ਨੇ ਸਾਰਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਰਾਜ ਸਿੰਘ ਟੇਲਰ ਮਾਸਟਰ, ਸਰਬਜੀਤ ਕੌਰ, ਮਨਜੀਤ ਕੌਰ, ਰਾਣੀ ਕੌਰ, ਰਾਜਵਿੰਦਰ ਕੌਰ ਟੀਚਰ ਅਧਿਆਪਕ, ਅਵਤਾਰ ਸਿੰਘ ਢਿੱਲੋਂ ਅਤੇ ਸਵਰਨ ਸਿੰਘ ਸਹਿਜੜਾ ਆਦਿ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ।

# ਦੋ ਦਿਨ ਦੀ ਧਾਰਮਿਕ ਯਾਤਰਾ ਦੀਆਂ ਤਿਆਰੀਆਂ ਮੁਕੰਮਲ



ਬਰਨਾਲਾ, 19 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : ਪ੍ਰੋਗਰੈਸਿਵ ਸੀਨੀਅਰ ਸਿਟੀਜ਼ਨ ਐਂਡ ਸਿਵਲ ਸੋਸਾਇਟੀ ਬਰਨਾਲਾ ਦੀ ਸਰਪ੍ਰਸਤ ਨੀਰਜ਼ ਬਾਲਾ ਦਾਨੀਆ, ਸਮਾਜ ਸੇਵੀ ਸੋਮਾ ਭੰਡਾਰੀ, ਮਹਿਲਾ ਵਿੰਗ ਦੀ ਪ੍ਰਧਾਨ ਬਬੀਤਾ ਜਿੰਦਲ, ਸਰਪ੍ਰਸਤ ਪਿਆਰਾ ਲਾਲ ਰਾਏਸਰ ਵਾਲੇ, ਪ੍ਰੋਫੈਸਰ (ਡਾ.) ਮਨਦੀਪ ਘਈ ਅਤੇ ਮਨ ਮਸੀਹਾ ਫਾਊਂਡੇਸ਼ਨ ਬਰਨਾਲਾ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ (ਗੁੱਗ) ਦੀ ਸਰਪ੍ਰਸਤੀ ’ਚ ਧਾਰਮਿਕ ਯਾਤਰਾ ’ਤੇ ਜਾਣ ਲਈ ਸ਼ਰਧਾਲੂਆਂ ਵੱਲੋਂ ਬਹੁਤ ਵਧੀਆ ਹੁੰਗਾਰਾ ਮਿਲਿਆ ਹੈ। ਹੁਣ ਤੱਕ ਕੁੱਲ ਮਿਲਾ ਕੇ 125 ਯਾਤਰੀ ਦੋ ਬਸਾਂ ਰਾਹੀਂ ਯਾਤਰਾ ’ਤੇ ਜਾਣਗੇ । ਮਿਤੀ ਭਲਕੇ 21 ਮਾਰਚ ਨੂੰ ਸਵੇਰੇ 6 ਵਜੇ ਦੋਨੋਂ ਬਸਾਂ ਨੂੰ ਝੰਡੀ ਦੇ ਕੇ ਰਵਾਨਾ ਕੀਤਾ ਜਾਵੇਗਾ ਅਤੇ ਅਗਲੇ ਦਿਨ 22 ਮਾਰਚ ਸ਼ਾਮ ਨੂੰ ਬਸਾਂ ਵਾਪਿਸ ਆਉਣਗੀਆਂ। ਯਾਤਰੀਆਂ ਨੇ ਭਲਕੇ ਮਿਤੀ 21 ਮਾਰਚ ਨੂੰ ਸਵੇਰੇ 5: 30 ਵਜੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਤਾਂ ਜੋ ਆਪਣਾ ਸਮਾਨ ਵਗੈਰਾ ਡਿੱਕੀ ’ਚ ਸਾਵਧਾਨੀ ਨਾਲ ਰੱਖਿਆ ਜਾ ਸਕੇ ਅਤੇ ਆਪੋ ਆਪਣੀਆਂ ਸੀਟਾਂ ਤੇ ਬੈਠਿਆ ਜਾ ਸਕੇ। ਇਹ ਧਾਰਮਿਕ ਯਾਤਰਾ ਸ਼੍ਰੀ ਰਾੜਾ ਸਾਹਿਬ, ਸ਼੍ਰੀ ਆਨੰਦਪੁਰ ਸਾਹਿਬ, ਸ਼੍ਰੀ ਨੈਣਾ ਦੇਵੀ, ਵਿਰਾਸਤ ਏ ਖਾਲਸਾ, ਸਰਹੰਦ, ਫਤਿਹਗੜ੍ਹ ਸਾਹਿਬ, ਪਟਿਆਲਾ ਵਿਖੇ ਗੁਰਦੁਆਰਾ ਦੂਖ ਨਿਵਾਰਨ ਅਤੇ ਕਾਲੀ ਮਾਤਾ ਦਾ ਮੰਦਰ ਵਿਖੇ ਜਾਵੇਗੀ। ਸਮੇਂ ਦੀ ਪਾਲਣਾ ਯਕੀਨੀ ਬਣਾਈ ਜਾਵੇ। ਕੋਈ ਵੀ ਯਾਤਰੀ ਲੇਟ ਆਉਣ ਦੀ ਖੇਚਲ ਨਾ ਕਰੇ। ਇਹ ਇੱਕ ਯਾਦਗਾਰੀ ਧਾਰਮਿਕ ਯਾਤਰਾ ਹੋਵੇਗੀ। ਮੁੱਖ ਸੇਵਾਦਾਰ, ਸੁਖਵਿੰਦਰ ਸਿੰਘ ਭੰਡਾਰੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਹੈ ਕਿ ਭੱਠਲ ਟੂਰ ਐਂਡ ਟਰੈਵਲਜ਼ ਬਰਨਾਲਾ ਦੀਆਂ ਦੋ ਬਸਾਂ ਬੁੱਕ ਕਰਵਾ ਦਿੱਤੀਆਂ ਹਨ। ਇਹ ਬਸਾਂ ਸ਼ੇਰਾਂ ਵਾਲੇ ਗੇਟ ਤੱਕ ਜਾਣਗੀਆਂ। ਬਸਾਂ 21 ਮਾਰਚ ਨੂੰ ਸਵੇਰੇ 5 ਵਜੇ ਕ੍ਰਿਸ਼ਨਾ ਗਲੀ ਦੇ ਸਿਰੇ ਤੇ ਪੱਕਾ ਕਾਲਜ ਰੋਡ ਦੇ ਯੈਸ ਬੈਂਕ ਕੋਲ ਪਹੁੰਚ ਜਾਣਗੀਆਂ। ਬਸਾਂ ਦੀ ਰਵਾਨਗੀ ਠੀਕ ਸਵੇਰੇ 6 ਵਜੇ ਹੋਵੇਗੀ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਪਰਮਜੀਤ ਸਿੰਘ ਖਾਲਸਾ ਨੇ ਰਾਤ ਦੇ ਠਹਿਰਣ ਲਈ ਸ਼੍ਰੀ ਆਨੰਦਪੁਰ ਸਾਹਿਬ ਵਿਖੇ ਹਾਲ ਅਤੇ ਕਮਰੇ ਬੁੱਕ ਕਰਵਾ ਦਿੱਤੇ ਹਨ।

# ਪ੍ਰੋਜੈਕਟ ਜ਼ਿੰਦਗੀ ਜ਼ਿੰਦਾਬਾਦ: ਕਾਲਜਾਂ ਦੇ 200 ਵਿਦਿਆਰਥੀ ਬਣੇ ‘ਜ਼ਿੰਦਗੀ ਦੇ ਮਾਰਗਦਰਸ਼ਕ’




ਬਰਨਾਲਾ, 19 ਮਾਰਚ (ਬਘੇਲ ਸਿੰਘ ਧਾਲੀਵਾਲ) : ਅੱਲ੍ਹੜ ਉਮਰ ਵਾਲਿਆਂ (ਕਿਸ਼ੋਰਾਂ) ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਸਮਾਜ ਸੇਵੀ ਜਥੇਬੰਦੀਆਂ ਰਾਹੀਂ ਜ਼ਿਲ੍ਹਾ ਬਰਨਾਲਾ ਵਿੱਚ ‘ਜ਼ਿੰਦਗੀ ਜ਼ਿੰਦਾਬਾਦ’ ਨਾਮ ਦਾ ਵਿਸ਼ੇਸ਼ ਪ੍ਰੋਜੈਕਟ ਜਾਰੀ ਹੈ। ਇਸ ਤਹਿਤ ਜ਼ਿਲ੍ਹੇ ਦੇ ਵੱਖ ਵੱਖ ਕਾਲਜਾਂ ਵਿੱਚੋਂ ਬੁਲਾਰਿਆਂ ਵਜੋਂ ਵਿਦਿਆਰਥੀਆਂ ਦੀ ਚੋਣ ਕਰ ਲਈ ਗਈ ਹੈ। ਇਸ ਸਬੰਧੀ ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਨੇ ਦੱਸਿਆ ਕਿ ‘ਜ਼ਿੰਦਗੀ ਜ਼ਿੰਦਾਬਾਦ’ ਮਿਸ਼ਨ ਦੀ ਟੀਮ ਅਤੇ ਸਵੈ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਜ਼ਿਲ੍ਹਾ ਬਰਨਾਲਾ ਵਿੱਚ ਇਹ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਹੈ ਜਿਸ ਦਾ ਮਕਸਦ ਹੈ ਕਿਸ਼ੋਰ ਉਮਰ ਦੇ ਬੱਚਿਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਦੇ ਹੋਏ ਉਹਨਾਂ ਨੂੰ ਨਸ਼ਿਆਂ ਨੂੰ ਨਾਂਹ ਕਹਿਣਾ ਸਿਖਾਉਣਾ ਹੈ। ਦੂਜੇ ਪੜਾਅ ਤਹਿਤ ਜ਼ਿਲ੍ਹੇ ਦੇ 16 ਕਾਲਜਾਂ ਦਾ ਸ਼ਡਿਊਲ ਤਿਆਰ ਕਰਵਾ ਕੇ ਬਹਿਸ ਮੁਕਾਬਲੇ ਕਰਵਾਏ ਗਏ ਤਾਂ ਜੋ ਵਿਦਿਆਰਥੀਆਂ ਵਿੱਚੋਂ ਚੰਗੇ ਬੁਲਾਰਿਆਂ ਦੀ ਚੋਣ ਕੀਤੀ ਜਾ ਸਕੇ। ਓਹਨਾਂ ਦੱਸਿਆ ਕਿ ਜ਼ਿਲ੍ਹੇ ਦੇ ਵੱਖ ਵੱਖ ਕਾਲਜਾਂ ਵਿੱਚ ਬਹਿਸ ਮੁਕਾਬਲੇ ਕਰਵਾ ਕੇ 200 ਵਿਦਿਆਰਥੀਆਂ ਦੀ ਪ੍ਰਭਾਵਸ਼ਾਲੀ ਬੁਲਾਰਿਆਂ ਵਜੋਂ ਚੋਣ ਕਰ ਲਈ ਗਈ ਹੈ ਜਿਨ੍ਹਾਂ ਨੂੰ ‘ਜ਼ਿੰਦਗੀ ਦੇ ਮਾਰਗਦਰਸ਼ਕ’ (ਲਾਈਫ ਨੇਵੀਗੇਟਰ) ਨਾਮ ਦਿੱਤਾ ਗਿਆ ਹੈ। ਇਸ ਮੌਕੇ ਪ੍ਰੋਜੈਕਟ ਦੇ ਕੋਆਰਡੀਨੇਟਰ ਸਮਾਜਸੇਵੀ ਬਠਿੰਡਾ ਵਾਸੀ ਰੁਪਿੰਦਰਜੀਤ ਸਿੰਘ ਨੇ ਦੱਸਿਆ ਕਿ ਇਸ ਪ੍ਰੋਜੈਕਟ ਲਈ ਇਨ੍ਹਾਂ ਚੁਣੇ ਹੋਏ 200 ਵਿਦਿਆਰਥੀਆਂ ਦੀ ਆਉਂਦੇ ਦਿਨੀਂ ਇਕੱਤਰਤਾ ਕੀਤੀ ਜਾਵੇਗੀ ਜਿਸ ਵਿੱਚ ਇਨ੍ਹਾਂ ਨੂੰ ਵਿਚਾਰਾਂ ਦਾ ਆਦਾਨ - ਪ੍ਰਦਾਨ ਕਰਨ ਦਾ ਮੌਕਾ ਮਿਲੇਗਾ। ਜ਼ਿਲ੍ਹਾ ਬਰਨਾਲਾ ਵਿੱਚ 115 ਸਰਕਾਰੀ ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲ ਹਨ। ਉਹਨਾਂ ਕਿਹਾ ਕਿ ਸਰਵੇਖਣ ਅਨੁਸਾਰ ਕਿਸ਼ੋਰਾਂ ਨੂੰ ਨਸ਼ੇ ਦੀ ਲਤ ਜ਼ਿਆਦਾਤਰ ਦੋਸਤਾਂ ਕੋਲੋਂ ਲੱਗਦੀ ਹੈ ਜਿੱਥੋਂ ਉਹ ਨਸ਼ੇ ਦੀ ਪਹਿਲੀ ਡੋਜ਼ ਲੈਂਦੇ ਹਨ। 83 ਫ਼ੀਸਦੀ ਨਸ਼ੇ ਦੀ ਲਤ ਦੋਸਤਾਂ ਦੇ ਦਬਾਅ ਹੇਠ ਲੱਗੀ ਪਾਈ ਗਈ ਹੈ। ਉਨ੍ਹਾਂ ਕਿਹਾ ਕਿ ਅਜਿਹਾ ਦੋਸਤੀ ਦੇ ਪ੍ਰਭਾਵ ਹੇਠ ਅਕਸਰ ਹੀ ਹੋ ਜਾਂਦਾ ਹੈ ਪਰ ਇਸ ਅਵਸਥਾ ਵਿਚ ਹੀ ਜ਼ਰੂਰਤ ਹੈ ਕਿ ਬੱਚੇ ਨਸ਼ੇ ਨੂੰ ਨਾਂਹ ਕਰਨਾ ਸਿੱਖਣ। ਬੱਚਿਆਂ ਨੂੰ ਦੋਸਤਾਂ ਦੇ ਦਬਾਅ ਤੋਂ ਬਚਣ ਲਈ ਮਾਨਸਿਕ ਤੌਰ @ਤੇ ਤਿਆਰ ਕੀਤਾ ਜਾਵੇਗਾ। ਇਸ ਦੀ ਕਾਮਯਾਬੀ ਲਈ ਜ਼ਿਲ੍ਹਾ ਪ੍ਰਸ਼ਾਸਨ ਦੀ ਮਦਦ ਨਾਲ ਇਸ ਪ੍ਰੋਜੈਕਟ ਨੂੰ ਜਨਤਕ ਮੁਹਿੰਮ ਬਣਾਇਆ ਜਾਵੇਗਾ ਅਤੇ ਜ਼ਿੰਦਗੀ ਦੇ ਮਾਰਗਦਰਸ਼ਕ ਸਿਰਨਾਵੇਂ ਹੇਠ ਸਮਾਜ ਵਿਚੋਂ ਹੀ ਰਾਹ ਦਸੇਰਾ ਲੋਕਾਂ ਦੀ ਫੌਜ ਤਿਆਰ ਕੀਤੀ ਜਾਵੇਗੀ ਜੋ ਨਸ਼ੇ ਦੀ ਚੇਨ ਨੂੰ ਤੋੜਨ ਵਿਚ ਅਹਿਮ ਭੂਮਿਕਾ ਅਦਾ ਕਰੇਗੀ। ਇਸ ਪ੍ਰੋਗਰਾਮ ਨੂੰ ‘ਜ਼ਿੰਦਗੀ ਜ਼ਿੰਦਾਬਾਦ’ ਦਾ ਨਾਮ ਦਿੱਤਾ ਗਿਆ ਹੈ। ਓਹਨਾਂ ਕਿਹਾ ਕਿ ਇਸ ਪ੍ਰੋਜੈਕਟ ਵਿੱਚ ਜ਼ਿਲ੍ਹੇ ਦੀਆਂ ਸਮਾਜਸੇਵੀ ਸੰਸਥਾਵਾਂ ਦਾ ਸਹਿਯੋਗ ਲਿਆ ਜਾ ਰਿਹਾ ਹੈ। ਓਹਨਾਂ ਦੱਸਿਆ ਕਿ ਇਸ ਅਗਲੇ ਪੜਾਅ ਵਜੋਂ ਵਿਦਿਆਰਥੀਆਂ ਨੂੰ ਮੋਬਾਈਲ ਦੀ ਵਰਤੋਂ ਘੱਟ ਕਰਨ ਅਤੇ ਹੋਰ ਸੰਜੀਦਾ ਵਿਸ਼ਿਆਂ ’ਤੇ ਵੀ ਸੈਮੀਨਾਰ ਕਰਕੇ ਜਾਗਰੂਕ ਲਿਆ ਜਾਵੇਗਾ ਅਤੇ ਇਹ ਪ੍ਰੋਜੈਕਟ ਲਗਾਤਾਰ ਜਾਰੀ ਰਹੇਗਾ।

# ਸਿਵਲ ਡਿਫੈਂਸ ਵਲੰਟੀਅਰ ਆਫ਼ਤ ਦੀ ਸਥਿਤੀ ਵਿੱਚ ਨਿਭਾਉਂਦੇ ਨੇ ਮੋਹਰੀ ਭੂਮਿਕਾ : ਕਮਾਂਡੈਂਟ ਬਲਜਿੰਦਰ ਸਿੰਘ ਡੀ.ਆਈ.ਜੀ.



ਬਰਨਾਲਾ, 19 ਮਾਰਚ (ਸੁਖਵਿੰਦਰ ਸਿੰਘ ਭੰਡਾਰੀ) : ਕੁਦਰਤੀ ਆਫ਼ਤ ਦਾ ਸਾਹਮਣਾ ਕਰਨਾ ਹੋਵੇ ਜਾਂ ਜੰਗ ਦੀ ਸਥਿਤੀ, ਸਿਵਲ ਡਿਫੈਂਸ ਵਲੰਟੀਅਰ ਅੱਗੇ ਹੋ ਕੇ ਭੂਮਿਕਾ ਨਿਭਾਉਂਦੇ ਹਨ, ਨਾਗਰਿਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਹਮੇਸ਼ਾ ਅੱਗੇ ਰਹਿੰਦੇ ਹਨ। ਇਹ ਪ੍ਰਗਟਾਵਾ ਕਮਾਂਡੈਂਟ ਬਲਜਿੰਦਰ ਸਿੰਘ, ਡੀਆਈਜੀ, 7ਵੀਂ ਬਟਾਲੀਅਨ, ਐਨਡੀਆਰਐਫ (ਨੈਸ਼ਨਲ ਡਿਜ਼ਾਸਟਰ ਰਿਸਪਾਂਸ ਫੋਰਸ), ਬਠਿੰਡਾ ਨੇ ਬਰਨਾਲਾ ਵਿੱਚ ਸਿਵਲ ਡਿਫੈਂਸ ਵਲੰਟੀਅਰਾਂ ਨੂੰ ਆਫ਼ਤ ਪ੍ਰਬੰਧਨ ਨਾਲ ਸਬੰਧਤ ਸਿਖਲਾਈ ਦਿੰਦੇ ਹੋਏ ਕੀਤਾ। ਇਸ ਮੌਕੇ, 7ਵੀਂ ਬਟਾਲੀਅਨ, ਐਨਡੀਆਰਐਫ ਬਠਿੰਡਾ ਦੀ ਏਸੀ/ਜੀਡੀ ਸਰੋਜ ਰਾਣੀ ਨੇ ਵੀ ਵਲੰਟੀਅਰਾਂ ਨੂੰ ਸਿਖਲਾਈ ਦਿੱਤੀ। ਇਸ ਦੌਰਾਨ ਬਾਬਾ ਕਾਲਾ ਮਹਿਰ ਮਲਟੀਪਰਪਜ਼ ਖੇਡ ਸਟੇਡੀਅਮ ਵਿੱਚ ਸਿਵਲ ਡਿਫੈਂਸ ਬਰਨਾਲਾ ਦੇ ਚੀਫ ਵਾਰਡਨ ਮਹਿੰਦਰ ਕੁਮਾਰ ਕਪਿਲ ਦੀ ਅਗਵਾਈ ਹੇਠ ਪਹੁੰਚੇ ਸਿਵਿਲ ਡਿਫੈਂਸ ਵਲੰਟੀਅਰਾਂ ਨੇ 7ਵੀਂ ਬਟਾਲੀਅਨ, ਐਨਡੀਆਰਐਫ ਬਠਿੰਡਾ ਦੇ ਟ੍ਰੇਨਰਾਂ ਨਾਲ ਇੱਕ ਪ੍ਰਸ਼ਨ ਅਤੇ ਉੱਤਰ ਸੈਸ਼ਨ ਵਿੱਚ ਵੀ ਹਿੱਸਾ ਲਿਆ। ਕਮਾਂਡੈਂਟ ਬਲਜਿੰਦਰ ਸਿੰਘ, ਡੀਆਈਜੀ ਨੇ ਸਿਵਲ ਡਿਫੈਂਸ ਵਲੰਟੀਅਰਾਂ ਨਾਲ ਵੱਖ-ਵੱਖ ਅਹਿਮ ਨੁਕਤਿਆਂ ’ਤੇ ਚਰਚਾ ਕੀਤੀ। ਉਨ੍ਹਾਂ ਨੇ ਵਲੰਟੀਅਰਾਂ ਨੂੰ ÷ਫਰੰਟਲਾਈਨ ਸਿਪਾਹੀ÷ ਦੱਸਿਆ। ਇਸ ਮੌਕੇ ਐਨਡੀਆਰਐਫ ਬਟਾਲੀਅਨ ਨੇ ਆਫ਼ਤ ਦੇ ਸਮੇਂ ਵਰਤੇ ਜਾਣ ਵਾਲੇ ਵੱਖ-ਵੱਖ ਕਿਸਮਾਂ ਦੇ ਉਪਕਰਣਾਂ (ਮਸ਼ੀਨਰੀ ਅਤੇ ਔਜ਼ਾਰਾਂ) ਬਾਰੇ ਜਾਣਕਾਰੀ ਦਿੱਤੀ। ਇਸ ਤੋਂ ਇਲਾਵਾ, ਉਨ੍ਹਾਂ ਨੇ ਸਿਵਲ ਡਿਫੈਂਸ ਵਲੰਟੀਅਰਾਂ ਨੂੰ ਅਚਾਨਕ ਆਫ਼ਤ ਦੀ ਸਥਿਤੀ ਵਿੱਚ ਚੁੱਕੇ ਜਾਣ ਵਾਲੇ ਜ਼ਰੂਰੀ ਕਦਮਾਂ ਬਾਰੇ ਹਦਾਇਤਾਂ ਦਿੱਤੀਆਂ ਜਦੋਂ ਕੋਈ ਵਿਸ਼ੇਸ਼ ਉਪਕਰਣ ਤੁਰੰਤ ਨੇੜੇ ਉਪਲਬਧ ਨਹੀਂ ਹੁੰਦਾ। ਉਦਾਹਰਣ ਵਜੋਂ, ਹੜ੍ਹ ਦੀ ਸਥਿਤੀ ਵਿੱਚ, ਘਰ ਦੇ ਅੰਦਰ ਮਿਲੀਆਂ ਖਾਲੀ ਪਲਾਸਟਿਕ ਦੀਆਂ ਬੋਤਲਾਂ ਨੂੰ ਜੀਵਨ ਬਚਾਉਣ ਵਾਲੇ ਸਹਾਇਕ ਵਜੋਂ ਵਰਤਿਆ ਜਾ ਸਕਦਾ ਹੈ। ਵੱਡੀਆਂ ਆਫ਼ਤਾਂ ਦੌਰਾਨ ਇਮਾਰਤਾਂ ਨੂੰ ਢਹਿਣ ਤੋਂ ਨਾਗਰਿਕਾਂ ਨੂੰ ਕਿਵੇਂ ਬਚਾਉਣਾ ਹੈ, ਇਸ ਬਾਰੇ ਵੀ ਮਾਰਗਦਰਸ਼ਨ ਕੀਤਾ ਗਿਆ। ਇਸ ਮੌਕੇ ਇਨ੍ਹਾਂ ਵਿਸ਼ਿਆਂ ਤੋਂ ਇਲਾਵਾ ਹੋਰ ਵੀ ਪੱਖਾਂ ਬਾਰੇ ਮਹੱਤਵਪੂਰਨ ਜਾਣਕਾਰੀ ਸਾਂਝੀ ਕੀਤੀ ਗਈ।

# ਵਾਈਐਸ ਪਬਲਿਕ ਸਕੂਲ ਵੱਲੋਂ ਵੱਡੇ ਸੁਪਨਿਆਂ ਨਾਲ ਨਵੇਂ ਸੈਸ਼ਨ ਦੀ ਸ਼ੁਰੂਆਤ




ਬਰਨਾਲਾ, 19 ਮਾਰਚ (ਹਮੀਰ ਸਿੰਘ) : ਅਕਾਦਮਿਕ ਉੱਤਮਤਾ ਅਤੇ ਭਵਿੱਖ ਦੀ ਤਿਆਰੀ ਵੱਲ ਇਕ ਮਹੱਤਵਪੂਰਨ ਕਦਮ ਚੁੱਕਦਿਆਂ ਵਾਈਐਸ ਪਬਲਿਕ ਸਕੂਲ ਨੇ ਸੈਸ਼ਨ 2026-27 ਲਈ 11ਵੀਂ ਕਲਾਸ ਦੀ ਸ਼ੁਰੂਆਤ ਕਰਨ ਦਾ ਐਲਾਨ ਕੀਤਾ ਹੈ। ਦੇਸ਼ ਦੇ ਟਾਪ 50 ਸਕੂਲਾਂ ਵਿੱਚ ਸ਼ਾਮਲ ਇਹ ਸੰਸਥਾ ਆਧੁਨਿਕ ਸਿੱਖਿਆ ਅਤੇ ਕਰੀਅਰ-ਕੇਂਦਰਤ ਦ੍ਰਿਸ਼ਟੀਕੋਣ ਨਾਲ ਨਵੇਂ ਮਿਆਰ ਸਥਾਪਿਤ ਕਰ ਰਹੀ ਹੈ। ਵਿਦਿਆਰਥੀਆਂ ਨੂੰ ਉਨ੍ਹਾਂ ਦੇ ਅਕਾਦਮਿਕ ਸਫ਼ਰ ਦੇ ਸ਼ੁਰੂਆਤੀ ਪੜਾਅ ਤੋਂ ਹੀ ਸਮਰੱਥ ਬਣਾਉਣ ਦੇ ਉਦੇਸ਼ ਨਾਲ ਸਕੂਲ ਨੇ ਇਕ ਵਿਲੱਖਣ ਬੈਚ ਸਿਸਟਮ ਸ਼ੁਰੂ ਕੀਤਾ ਹੈ। ਇਸ ਵੇਲੇ ਛੇ ਖਾਸ ਬੈਚ ਚੱਲ ਰਹੇ ਹਨ- ਆਈਆਈਟੀ, ਜੇਈਈ, ਨੀਟ, ਸੀਏ, ਯੂਪੀਐਸਸੀ, ਇੰਟਰਪ੍ਰਿਨਿਊਰਸ਼ਿਪ ਅਤੇ ਲਾਅ। ਇਸ ਸੁਚਾਰੂ ਪ੍ਰਣਾਲੀ ਨਾਲ ਵਿਦਿਆਰਥੀਆਂ ਨੂੰ ਸੀਬੀਐਸਈ ਪਾਠਕ੍ਰਮ ਦੇ ਨਾਲ-ਨਾਲ ਮੁਕਾਬਲੇ ਵਾਲੀਆਂ ਪ੍ਰੀਖਿਆਵਾਂ ਦੀ ਤਿਆਰੀ ਵੀ ਕਰਵਾਈ ਜਾਂਦੀ ਹੈ। ਇਸ ਪਹਲ ਦੀ ਸਭ ਤੋਂ ਵੱਡੀ ਖਾਸੀਅਤ ਇਹ ਹੈ ਕਿ ਨਿਯਮਿਤ ਸਕੂਲੀ ਸਿੱਖਿਆ ਦੇ ਨਾਲ ਵਿਦਿਆਰਥੀਆਂ ਨੂੰ ਪ੍ਰੋਫੈਸ਼ਨਲ ਗਾਈਡੈਂਸ ਵੀ ਦਿੱਤੀ ਜਾਂਦੀ ਹੈ। ਇਸ ਨਾਲ ਵਿਦਿਆਰਥੀ 11ਵੀਂ ਕਲਾਸ ਤੋਂ ਹੀ ਆਪਣੇ ਸੁਪਨਿਆਂ ਵੱਲ ਮਜ਼ਬੂਤ ਕਦਮ ਚੁੱਕ ਸਕਦੇ ਹਨ। ਇਸ ਮੌਕੇ ’ਤੇ ਸਕੂਲ ਦੇ ਪ੍ਰਿੰਸੀਪਲ ਮੋਹਿਤ ਜਿੰਦਲ ਨੇ ਆਪਣੀ ਖੁਸ਼ੀ ਜਤਾਉਂਦੇ ਹੋਏ ਕਿਹਾ,ਇਹ ਸਿਰਫ਼ ਇਕ ਨਵੀਂ ਜਮਾਤ ਦੀ ਸ਼ੁਰੂਆਤ ਨਹੀਂ, ਸਗੋਂ ਸਾਡੇ ਵਿਦਿਆਰਥੀਆਂ ਦੇ ਵੱਡੇ ਸੁਪਨਿਆਂ ਦੀ ਸ਼ੁਰੂਆਤ ਹੈ। ਸਾਡਾ ਮਕਸਦ ਇਹ ਹੈ ਕਿ ਅਸੀਂ ਇਕ ਐਸਾ ਮੰਚ ਪ੍ਰਦਾਨ ਕਰੀਏ ਜਿੱਥੇ ਅਕਾਦਮਿਕ ਸਿੱਖਿਆ ਅਤੇ ਕਰੀਅਰ ਦੀ ਤਿਆਰੀ ਇਕੱਠੇ ਚੱਲਣ, ਤਾਂ ਜੋ ਵਿਦਿਆਰਥੀਆਂ ਦਾ ਸਮੂਹਿਕ ਵਿਕਾਸ ਹੋਵੇ ਅਤੇ ਉਹ ਮੁਕਾਬਲੇ ਵਾਲੇ ਖੇਤਰਾਂ ਵਿੱਚ ਕਾਮਯਾਬੀ ਹਾਸਲ ਕਰ ਸਕਣ। ਇਸ ਤਰੱਕੀਸ਼ੀਲ ਕਦਮ ਨਾਲ ਵਾਈਐਸ ਪਬਲਿਕ ਸਕੂਲ ਨੇ ਇਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਉਹ ਭਵਿੱਖ ਦੇ ਆਗੂਆਂ ਅਤੇ ਸਫਲ ਵਿਅਕਤੀਆਂ ਨੂੰ ਤਿਆਰ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਸਕੂਲੀ ਸਿੱਖਿਆ ਵਿੱਚ ਨਵੇਂ ਮਾਪਦੰਡ ਸਥਾਪਿਤ ਕਰ ਰਿਹਾ ਹੈ।

# ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਰਜਿਸਟ੍ਰੇਸ਼ਨ ਲਈ ਕੈਂਪ ਜਾਰੀ : ਐੱਸ.ਡੀ.ਐੱਮ.



ਮਹਿਲ ਕਲਾਂ, ਬਰਨਾਲਾ 19 ਮਾਰਚ (ਬਘੇਲ ਸਿੰਘ ਧਾਲੀਵਾਲ) : ਪੰਜਾਬ ਸਰਕਾਰ ਵਲੋਂ ਪ੍ਰਤੀ ਪਰਿਵਾਰ 10 ਲੱਖ ਤੱਕ ਦੇ ਨਕਦੀ ਰਹਿਤ ਇਲਾਜ ਦੀ ਸਹੂਲਤ ਦੇਣ ਲਈ ਚਲਾਈ ਜਾ ਰਹੀ ÷ਮੁੱਖ ਮੰਤਰੀ ਸਿਹਤ ਯੋਜਨਾ÷ ਤਹਿਤ ਜ਼ਿਲ੍ਹੇ ਵਿੱਚ ਵਿਸ਼ੇਸ਼ ਕੈਂਪ ਜਾਰੀ ਹਨ। ਇਸ ਤਹਿਤ ਐੱਸ ਡੀ ਐੱਮ ਮਹਿਲ ਕਲਾਂ ਸ੍ਰੀਮਤੀ ਕ੍ਰਿਤਿਕਾ ਗੋਇਲ ਨੇ ਤਹਿਸੀਲ ਮਹਿਲ ਕਲਾਂ ਵਿੱਚ ਚੱਲ ਰਹੇ ਵਿਸ਼ੇਸ਼ ਕੈਂਪਾਂ ਦਾ ਦੌਰਾ ਕਰਕੇ ਪ੍ਰਕਿਰਿਆ ਦਾ ਜਾਇਜ਼ਾ ਲਿਆ ਅਤੇ ਸਟਾਫ਼ ਨੂੰ ਲੋੜੀਂਦੇ ਦਿਸ਼ਾ ਨਿਰਦੇਸ਼ ਦਿੱਤੇ। ਓਹਨਾਂ ਕਿਹਾ ਕਿ ਕੈਂਪਾਂ ਵਿਚ ਆਮ ਲੋਕਾਂ ਨੂੰ ਕੋਈ ਦਿੱਕਤ ਪੇਸ਼ ਨਾ ਆਉਣ ਦਿੱਤੀ ਜਾਵੇ। ਓਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਸ ਯੋਜਨਾ ਤਹਿਤ ਜ਼ਿਲ੍ਹੇ ਦੇ ਸਰਕਾਰੀ ਹਸਪਤਾਲਾਂ ਵਿੱਚ ਸਿਵਲ ਹਸਪਤਾਲ ਬਰਨਾਲਾ, ਸਬ-ਡਵਿਜ਼ਨਲ ਹਸਪਤਾਲ ਤਪਾ, ਸੀ.ਐਚ.ਸੀ ਧਨੌਲਾ, ਸੀ.ਐਚ.ਸੀ ਮਹਿਲ ਕਲਾਂ, ਸੀ.ਐਚ.ਸੀ ਭਦੌੜ, ਸੀ.ਐਚ.ਸੀ ਚੰਨਣਵਾਲ ਤੋਂ ਇਲਾਵਾ ਪ੍ਰਾਈਵੇਟ ਹਸਪਤਾਲ ਸੂਚੀਬੱਧ ਕੀਤੇ ਗਏ ਹਨ। ਓਹਨਾਂ ਕਿਹਾ ਕਿ ਜ਼ਿਲ੍ਹੇ ਅਤੇ ਸਬ ਡਿਵੀਜ਼ਨ ਵਿੱਚ ਰੋਜ਼ਾਨਾ 21 ਥਾਵਾਂ ਉੱਤੇ ਕੈਂਪ ਚੱਲ ਰਹੇ ਹਨ ਅਤੇ ਇਸ ਤੋਂ ਇਲਾਵਾ ਕਾਮਨ ਸਰਵਿਸ ਸੈਂਟਰਾਂ ਵਿਚ ਵੀ ਕਾਰਡ ਬਣਾਏ ਜਾ ਰਹੇ ਹਨ। ਓਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਸ ਸਕੀਮ ਤਹਿਤ ਰਜਿਸਟ੍ਰੇਸ਼ਨ ਲਈ ਪਰਿਵਾਰ ਦੇ ਸਾਰੇ ਮੈਂਬਰ ਆਪਣਾ ਆਧਾਰ ਕਾਰਡ, ਵੋਟਰ ਕਾਰਡ ਅਤੇ ਨਾਬਾਲਗ ਦੀ ਰਜਿਸਟ੍ਰੇਸ਼ਨ ਲਈ ਜਨਮ ਸਰਟੀਫਿਕੇਟ ਨਾਲ ਜ਼ਰੂਰ ਲਿਜਾਣ। ਓਹਨਾਂ ਕਿਹਾ ਕਿ ਇਸ ਵੇਲੇ ਐੱਸ ਡੀ ਐੱਮ ਦਫ਼ਤਰ ਮਹਿਲ ਕਲਾਂ ਵਿੱਚ ਵੀ ਵਿਸ਼ੇਸ਼ ਕੈਂਪਾਂ ਜਾਰੀ ਹੈ। ਓਹਨਾਂ ਤਹਿਸੀਲ ਵਾਸੀਆਂ ਨੂੰ ਕੈਂਪਾਂ ਦਾ ਲਾਭ ਲੈਣ ਦਾ ਸੱਦਾ ਦਿੱਤਾ।

# ਵਾਈਐਸ ਪਬਲਿਕ ਸਕੂਲ ਨੇ ਐਸ.ਓ.ਐਫ਼. ਓਲੰਪਿਆਡ ’ਚ ਰਚਿਆ ਇਤਿਹਾਸ, 20 ਵਿਦਿਆਰਥੀਆਂ ਨੇ ਜਿੱਤੇ ਸੋਨੇ ਦੇ ਤਮਗੇ




ਬਰਨਾਲਾ, 19 ਮਾਰਚ (ਬਘੇਲ ਸਿੰਘ ਧਾਲੀਵਾਲ) : ਸਿੱਖਿਅਕ ਉੱਤਮਤਾ ਦੀ ਆਪਣੀ ਪਰੰਪਰਾ ਨੂੰ ਜਾਰੀ ਰੱਖਦਿਆਂ, ਵਾਈਐਸ ਪਬਲਿਕ ਸਕੂਲ, ਜਿਸਨੂੰ ਭਾਰਤ ਦੇ ਟਾਪ 50 ਸਕੂਲਾਂ ਵਿੱਚ ਸ਼ਾਮਲ ਕੀਤਾ ਗਿਆ ਹੈ, ਨੇ ਇੱਕ ਵਾਰ ਫਿਰ ਐਸਓਐਫ (ਸਾਇੰਸ ਓਲੰਪਿਆਡ ਫਾਊਂਡੇਸ਼ਨ) ਓਲੰਪਿਆਡ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਉਪਲਬਧੀ ਹਾਸਲ ਕੀਤੀ ਹੈ। ਕਲਾਸ 3 ਤੋਂ 10 ਤੱਕ ਦੇ ਵਿਦਿਆਰਥੀਆਂ ਨੇ ਇੰਟਰਨੈਸ਼ਨਲ ਮੈਥਮੈਟਿਕਸ ਓਲੰਪਿਆਡ (ਆਈਐਮਓ) ਵਿੱਚ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੀ ਕਾਬਲੀਅਤ ਦਾ ਵਧੀਆ ਪ੍ਰਦਰਸ਼ਨ ਕੀਤਾ। ਸਕੂਲ ਲਈ ਇਹ ਮਾਣ ਦੀ ਗੱਲ ਹੈ ਕਿ ਕੁੱਲ 20 ਵਿਦਿਆਰਥੀਆਂ ਨੇ ਇਸ ਵਕਾਰੀ ਪ੍ਰੀਖਿਆ ਵਿੱਚ ਸੋਨੇ ਦੇ ਤਮਗੇ ਜਿੱਤੇ। ਇਹ ਉਪਲਬਧੀ ਸਕੂਲ ਦੀ ਮਜ਼ਬੂਤ ਅਕਾਦਮਿਕ ਨੀਂਹ, ਸਮਰਪਿਤ ਅਧਿਆਪਕਾਂ ਅਤੇ ਵਿਦਿਆਰਥੀਆਂ ਦੀ ਕਠਿਨ ਮੇਹਨਤ ਦਾ ਨਤੀਜਾ ਹੈ। ਓਲੰਪਿਆਡ ਨੇ ਨਾ ਸਿਰਫ ਵਿਦਿਆਰਥੀਆਂ ਦੇ ਗਣਿਤਕ ਹੁਨਰ ਦੀ ਪਰਖ ਕੀਤੀ, ਸਗੋਂ ਉਹਨਾਂ ਦੀ ਤਰਕਸ਼ੀਲ ਸੋਚ ਅਤੇ ਸਮੱਸਿਆ ਹੱਲ ਕਰਨ ਦੀ ਸਮਰੱਥਾ ਨੂੰ ਵੀ ਮਜ਼ਬੂਤ ਕੀਤਾ। ਇਸ ਮਾਣਯੋਗ ਮੌਕੇ ’ਤੇ ਪ੍ਰਿੰਸੀਪਲ ਮੋਹਿਤ ਜਿੰਦਲ ਨੇ ਵਿਦਿਆਰਥੀਆਂ ਅਤੇ ਸਟਾਫ ਨੂੰ ਵਧਾਈ ਦਿੰਦਿਆਂ ਕਿਹਾ, ‘ਸਾਨੂੰ ਆਪਣੇ ਵਿਦਿਆਰਥੀਆਂ ਦੀ ਇਸ ਸ਼ਾਨਦਾਰ ਸਫਲਤਾ ’ਤੇ ਬਹੁਤ ਮਾਣ ਹੈ। ਇਹ ਉਹਨਾਂ ਦੀ ਮੇਹਨਤ, ਲਗਨ ਅਤੇ ਅਧਿਆਪਕਾਂ ਤੇ ਮਾਪਿਆਂ ਦੇ ਲਗਾਤਾਰ ਸਹਿਯੋਗ ਦਾ ਨਤੀਜਾ ਹੈ। ਵਾਈਐਸ ਪਬਲਿਕ ਸਕੂਲ ਵਿੱਚ ਅਸੀਂ ਬੱਚਿਆਂ ਨੂੰ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ’ਤੇ ਅੱਗੇ ਵਧਣ ਲਈ ਪ੍ਰੇਰਿਤ ਕਰਦੇ ਹਾਂ। ਸਕੂਲ ਪ੍ਰਬੰਧਕਾਂ ਨੇ ਸਾਰੇ ਜੇਤੂਆਂ ਅਤੇ ਭਾਗੀਦਾਰਾਂ ਨੂੰ ਦਿਲੋਂ ਮੁਬਾਰਕਾਂ ਦਿੱਤੀਆਂ ਅਤੇ ਉਨ੍ਹਾਂ ਦੇ ਚੰਗੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਸਰਬੱਤ ਦਾ ਭਲਾ ਟਰੱਸਟ ਵੱਲੋਂ 732ਵਾਂ ਮੁਫ਼ਤ ਅੱਖਾਂ ਦਾ ਜਾਂਚ ਅਤੇ ਆਪ੍ਰੇਸ਼ਨ ਕੈਂਪ



ਬਰਨਾਲਾ, 19 ਮਾਰਚ (ਹਮੀਰ ਸਿੰਘ) : ਸਰਬੱਤ ਦਾ ਭਲਾ ਟਰੱਸਟ ਪਟਿਆਲਾ ਦੀ ਬਰਾਂਚ ਬਰਨਾਲਾ ਵੱਲੋਂ ਡਾਕਟਰ ਐੱਸ ਪੀ ਸਿੰਘ ਓਬਰਾਏ ਮੈਨੇਜਿੰਗ ਟਰੱਸਟੀ ਅਤੇ ਕੌਮੀ ਪ੍ਰਧਾਨ ਜੱਸਾ ਸਿੰਘ ਸੰਧੂ ਦੇ ਦਿਸ਼ਾ ਨਿਰਦੇਸ਼ਾ ਹੇਠ ਗੁਰੂ ਘਰ ਪੱਕਾ ਸਰ ਪਾਤਸ਼ਾਹੀ ਨੌਵੀਂ ਹੰਡਿਆਇਆ ਵਿੱਖੇ ਦੀਵਾਨ ਹਾਲ ਵਿੱਚ ਅੱਖਾਂ ਦਾ ਚੈੱਕ ਅੱਪ ਅਤੇ ਓਪਰੇਸ਼ਨ ਕੈਂਪ ਸੰਸਥਾ ਦੇ ਜ਼ਿਲ੍ਹਾ ਪ੍ਰਧਾਨ ਕੈਪਟਨ ਗੁਰਜਿੰਦਰ ਸਿੰਘ ਸਿੱਧੂ ਦੀ ਅਗਵਾਈ ਹੇਠ ਲਗਾਇਆ ਗਿਆ ਇਹ ਜਾਣਕਾਰੀ ਇਕ ਪ੍ਰੈਸ ਨੋਟ ਜਾਰੀ ਕਰਕੇ ਗੁਰਜੰਟ ਸਿੰਘ ਸੋਨਾ ਨੇ ਦੱਸਿਆ ਕਿ ਇਸ ਕੈਂਪ ਦਾ ਉਦਘਾਟਨ ਗੁਰੂ ਘਰ ਦੇ ਮੈਨੇਜਰ ਨਿਰਮਲ ਸਿੰਘ ਰਾਜੀਆ ਨੇ ਕੀਤਾ ਇਸ ਕੈਂਪ ਦਾ ਲਾਹਾ 300 ਦੇ ਕਰੀਬ ਮਰੀਜ਼ਾਂ ਨੇ ਲਿਆ ਜਿਨ੍ਹਾਂ ਦੀਆਂ ਅੱਖਾਂ ਪੰਜਾਬ ਆਈ ਹਸਪਤਾਲ ਦੇ ਡਾਕਟਰਾਂ ਦੀ ਟੀਮ ਨੇ ਡਾਕਟਰ ਹਰਜੀਤ ਸਿੰਘ ਅਗਵਾਈ ਹੇਠ ਮੁਆਇਨਾ ਕੀਤਾ ਜਿੰਨਾ ਨੂੰ ਦਵਾਈਆਂ ਅਤੇ ਐਨਕਾਂ ਮੁਫ਼ਤ ਦਿੱਤੀਆਂ ਗਈਆਂ 50 ਦੇ ਕਰੀਬ ਮਰੀਜ਼ ਜਿਹੜੇ ਚਿੱਟੇ ਮੋਤੀਆ ਤੋਂ ਪੀੜਤ ਸਨ ਦੀਆਂ ਅੱਖਾਂ ਦਾ ਆਪ੍ਰੇਸ਼ਨ ਕਰਕੇ ਲੈਂਜ ਪਾਏ ਗਏ।ਇਸ ਮੌਕੇ ਅਮਰਜੀਤ ਸਿੰਘ ਕੁਲਵੰਤ ਸਿੰਘ ਐਡਵੋਕੇਟ ਮੰਜੂ ਜਿੰਦਲ ਬਲਦੇਵ ਸਿੰਘ ਗੁਰਜੀਤ ਸਿੰਘ ਖੁੱਡੀ ਸੂਬੇਦਾਰ ਗੁਰਜੰਟ ਸਿੰਘ ਜਥੇਦਾਰ ਸੁਖਦਰਸ਼ਨ ਸਿੰਘ ਜਥੇਦਾਰ ਗੁਰਮੀਤ ਸਿੰਘ ਧੌਲਾ ਕੁਲਵਿੰਦਰ ਸਿੰਘ ਕਾਲਾ ਗੁਰਮੀਤ ਸਿੰਘ ਗੁਰਦੇਵ ਸਿੰਘ ਮੱਕੜ ਲਵਜੀਤ ਸਿੰਘ ਸੰਦੀਪ ਕੌਰ ਦੀਪਕ ਕੁਮਾਰ ਪਾਲ ਸਿੰਘ ਆਦਿ ਹਾਜ਼ਰ ਸਨ।

# ਬਲਾਕ ਸੰਮਤੀ ਬਰਨਾਲਾ ਦੀ ਚੋਣ, ਚੇਅਰਮੈਨ ਅਤੇ ਉਪ ਚੇਅਰਮੈਨ ਚੁਣਿਆ



ਬਰਨਾਲਾ, 19 ਮਾਰਚ (ਬਘੇਲ ਸਿੰਘ ਧਾਲੀਵਾਲ) : ਜ਼ਿਲ੍ਹਾ ਬਰਨਾਲਾ ਵਿੱਚ ਵਿਕਾਸ ਨੂੰ ਗਤੀ ਦੇਣ ਲਈ ਬਲਾਕ ਸੰਮਤੀ ਬਰਨਾਲਾ ਦੀ ਚੋਣ ਹੋਈ, ਜਿਸ ਦੇ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਸ੍ ਜਗਦੇਵ ਸਿੰਘ ਮਾਨ ਨੂੰ ਚੇਅਰਮੈਨ ਅਤੇ ਸ੍ ਹਰਮੇਲ ਸਿੰਘ ਨੂੰ ਉਪ ਚੇਅਰਮੈਨ ਚੁਣਿਆ ਗਿਆ। ਹਲਕਾ ਇੰਚਾਰਜ ਹਰਿੰਦਰ ਸਿੰਘ ਧਾਲੀਵਾਲ ਨੇ ਸਾਰੇ ਅਹੁਦੇਦਾਰਾਂ ਅਤੇ ਮੈਂਬਰਾਂ ਨੂੰ ਪੰਚਾਇਤ ਸਮਤੀ ਬਰਨਾਲਾ ਦਫ਼ਤਰ ਵਿਚ ਸਿਰੋਪਾਓ ਦੇ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਨਗਰ ਸੁਧਾਰ ਟਰੱਸਟ ਬਰਨਾਲਾ ਦੇ ਚੇਅਰਮੈਨ ਸ੍ਰੀ ਰਾਮ ਤੀਰਥ ਮੰਨਾ ਨੇ ਵੀ ਸਾਰੇ ਹੀ ਉਮੀਦਵਾਰਾਂ, ਪਿੰਡਾਂ ਦੇ ਸਰਪੰਚਾਂ ਅਤੇ ਪੰਚਾਇਤਾਂ ਨੂੰ ਇਸ ਚੋਣ ਦੇ ਲਈ ਵਧਾਈ ਦਿੱਤੀ। ਇਸ ਮੌਕੇ ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਲੀਡਰਸ਼ਿਪ ਅਤੇ ਵਲੰਟੀਅਰਾਂ ਦਾ ਧੰਨਵਾਦ ਕਰਦੇ ਹਨ। ਓਹਨਾਂ ਕਿਹਾ ਕਿ ਪੂਰਾ ਯਕੀਨ ਹੈ ਕਿ ਸਾਰੇ ਅਹੁਦੇਦਾਰ ਅਤੇ ਮੈਂਬਰ ਪੂਰੀ ਮੇਹਨਤ ਨਾਲ ਅਤੇ ਬਿਨਾਂ ਪੱਖਪਾਤ ਤੋਂ ਪਿੰਡਾਂ ਦੇ ਵਿਕਾਸ ਲਈ ਕੰਮ ਕਰਨਗੇ।

# ਸੇਂਟ ਬਚਨਪੁਰੀ ਇੰਟਰਨੈਸ਼ਨਲ ਸਕੂਲ ਪੱਖੋ ਕਲਾਂ ਵਿਖੇ ਵੱਖ - ਵੱਖ ਕਲਾਸਾਂ ਦੇ ਨਤੀਜੇ ਐਲਾਨੇ



ਬਰਨਾਲਾ, 19 ਮਾਰਚ (ਹਮੀਰ ਸਿੰਘ) : ਸ਼ੈਸਨ 2025-26 ਦੌਰਾਨ ਪੁਜ਼ੀਸ਼ਨਾ ਲੈਣ ਵਾਲੇ ਵਿਦਿਆਰਥੀਆਂ ਨੂੰ ਕੀਤਾ ਸਨਮਾਨਿਤ ਇਲਾਕੇ ਭਰ ਦੇ ਬੱਚਿਆਂ ਨੂੰ ਅੰਤਰਰਾਸ਼ਟਰੀ ਪੱਧਰ ਦੀ ਪੜ੍ਹਾਈ ਮਹੁੱਈਆ ਕਰਵਾ ਰਹੀ ਨਾਮਵਰ ਵਿੱਦਿਅਕ ਸੰਸਥਾ ਸੇਂਟ ਬਚਨਪੁਰੀ ਇੰਟਰਨੈਸ਼ਨਲ ਸਕੂਲ ਪੱਖੋ ਕਲਾਂ ਦਾ ਆਏ ਸਾਲ ਦੀ ਤਰ੍ਹਾਂ ਸਲਾਨਾ ਨਤੀਜਾ 100 ਫੀਸਦੀ ਰਿਹਾ ਹੈ ਸੰਸਥਾ ਵਿਖੇ ਸ਼ੈਸਨ 2025-2026 ਵਰੇ? ਦੌਰਾਨ ਨਰਸਰੀ ਤੋਂ ਲੈ ਕੇ 9ਵੀਂ ਕਲਾਸ ਤੱਕ ਦਾ ਸਲਾਨਾ ਨਤੀਜ਼ਾ ਐਲਾਨਿਆ ਗਿਆ, ਵੱਖ - ਵੱਖ ਕਲਾਸਾਂ ਵਿੱਚੋਂ ਪਹਿਲੀਆਂ ਪੁਜੀਸ਼ਨਾ ਲੈਣ ਵਾਲੇ ਅਤੇ ਹੋਣਹਾਰ ਵਿਦਿਆਰਥੀਆਂ ਨੂੰ ਅਧਿਆਪਕ ਅਤੇ ਮਾਪੇ ਸਾਹਿਬਾਨ ਦੀ ਹਾਜ਼ਰੀ ਵਿੱਚ ਵਿਸ਼ੇਸ ਤੌਰ ਤੇ ਸਨਮਾਨਿਤ ਕੀਤਾ ਗਿਆ। ਸਕੂਲ ਚੇਅਰਮੈਨ ਸ੍ਰ:ਰਵਿੰਦਰਜੀਤ ਸਿੰਘ ਬਿੰਦੀ,ਸ੍ਰ: ਸਾਗਰਜੀਤ ਸਿੰਘ ਖੀਪਲ (ਡਾਇਰੈਕਟਰ) ਨੇ ਪਹਿਲੀਆਂ ਪੁਜੀਸ਼ਨਾ ਅਤੇ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਅਤੇ ਮਾਪੇ ਸਾਹਿਬਾਨ ਨੂੰ ਮੁਬਾਰਕਬਾਦ ਦਿੰਦੇ ਹੋਏ ਕਿਹਾ ਕਿ ਬੱਚਿਆਂ ਨੇ ਪੂਰਾ ਸਾਲ ਬਹੁਤ ਮਿਹਨਤ ਕੀਤੀ ਹੈ, ਜਿਸਦਾ ਫਲ ਅੱਜ ਉਹਨਾਂ ਨੂੰ ਮਿਲਿਆ ਹੈ। ਉਨ੍ਹਾ ਸਕੂਲ ਦਾ ਨਤੀਜਾਂ 100 ਫੀਸਦੀ ਰਹਿਣ ਤੇ ਮਿਹਨਤੀ ਬੱਚਿਆਂ ਅਤੇ ਤਜ਼ਰਬੇਕਾਰ ਸਟਾਫ਼ ਦੀ ਵੀ ਸ਼ਲਾਘਾ ਕੀਤੀ। ਨਤੀਜ਼ੇ ਬਾਰੇ ਵਧੇਰੀ ਜਾਣਕਾਰੀ ਦਿੰਦੇ ਹੋਏ ਸਕੂਲ ਪ੍ਰਿੰਸੀਪਲ ਮੈਡਮ ਅਮਨਦੀਪ ਕੌਰ ਨੇ ਦੱਸਿਆਂ ਕਿ ਆਏ ਸਾਲ ਦੀ ਤਰ੍ਹਾ ਇਸ ਵਾਰ ਵੀ ਸਲਾਨਾ ਨਤੀਜ਼ਾ ਸ਼ਾਨਦਾਰ ਰਿਹਾ ਹੈ, ਸਾਰੇ ਸ਼ੈਸਨਾਂ ਦੇ ਆਪਣੀ ਕਲਾਸ ਵਿੱਚੋ 100-100 ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਰਵੋਤਮ ਵਿਦਿਆਰਥੀ ਦੇ ਤੌਰ ਤੇ ਵੀ ਸਨਮਾਨਿਤ ਕੀਤਾ ਗਿਆ, ਪੜ੍ਹਾਈ ਦੇ ਨਾਲ ਅਨੁਸ਼ਾਸਨ, ਖੇਡਾਂ, ਹਾਜ਼ਰੀ, ਚੰਗੇ ਵਿਵਹਾਰ ਦੇ ਨਤੀਜੇ ਲਈ ਚਮਕਦੇ ਸਿਤਾਰਿਆਂ ਨੂੰ ਬੈਜ ਲਾ ਕੇ ਸਨਮਾਨਿਤ ਕੀਤਾ ਗਿਆ। ਸਲਾਨਾ ਨਤੀਜਾ ਐਲਾਨਣ ਸਮੇਂ ਕਰਵਾਏ ਗਏ ਸਮਾਗਮ ਦੌਰਾਨ ਬੱਚਿਆਂ ਨਾਲ ਆਏ ਉਨ੍ਹਾਂ ਦੇ ਮਾਪੇ ਵੀ ਹਾਜ਼ਰ ਹੋਏ। ਮਾਪੇ ਸਾਹਿਬਾਨ ਨੇ ਅਧਿਆਪਕ ਸਾਹਿਬਾਨ ਨਾਲ ਆਪਣੇ ਬੱਚੇ ਦੀ ਸਲਾਨਾ ਅਕਾਦਮਿਕ ਰਿਪੋਰਟ, ਪੜ੍ਹਾਈ ਨਾਲ ਜੁੜੇ ਸਵਾਲ ਜਵਾਬ, ਸਰਵਪੱਖੀ ਵਿਕਾਸ ਨਾਲ ਸਬੰਧਿਤ ਰਣਨੀਤੀਆਂ ਤੇ ਚਰਚਾ ਕੀਤੀ। ਮਾਪੇ ਸਾਹਿਬਾਨ ਨੇ ਪੜ੍ਹਾਈ,ਖੇਡਾਂ ਅਤੇ ਹੋਰ ਖੇਤਰਾਂ ਨਾਲ ਸਬੰਧਿਤ ਬੱਚਿਆਂ ਨੂੰ ਮਿਲ ਰਹੀਆ ਸਹੂਲਤਾਂ ਤੇ ਤਸੱਲੀ ਪ੍ਰਗਟ ਕੀਤੀ। ਸਮਾਗਮ ਦੌਰਾਨ ਸਕੂਲ ਮੈਨੇਜ਼ਮੈਂਟ ਵੱਲੋ ਪਹਿਲੀ, ਦੂਜੀ ਅਤੇ ਤੀਜ਼ੀ ਪੁਜ਼ੀਸ਼ਨ ਹਾਸਿਲ ਕਰਨ ਵਾਲੇ ਬੱਚਿਆਂ ਨੂੰ ਸਰਟੀਫਿਕੇਟ ਅਤੇ ਜੇਤੂ ਟਰਾਫੀ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਵਧੀਆ ਕਾਰਗੁਜ਼ਾਰੀ ਵਾਲੇ ਬੱਚਿਆਂ ਦੀ ਸਫਲਤਾ ਅਫਜਾਈ ਕੀਤੀ ਗਈ ਤਾਂ ਜੋ ਬੱਚੇ ਅਗਲੀਆ ਕਲਾਸਾਂ ਵਿੱਚ ਅਣਥੱਕ ਮਿਹਨਤ ਕਰਦੇ ਰਹਿਣ। ਇਸ ਦੌਰਾਨ ਵਿਦਿਆਰਥੀਆਂ ਦੇ ਮਾਪੇ ਕਾਫ਼ੀ ਉਤਸ਼ਾਹਿਤ ਅਤੇ ਖੁਸ਼ ਨਜ਼ਰ ਆਏ ਉਨ੍ਹਾਂ ਨੇ ਮਿਹਨਤੀ ਸਕੂਲ ਸਟਾਫ ਦੀ ਪ੍ਰਸੰਸਾਂ ਕਰਦੇ ਹੋਏ ਮੈਨੇਜ਼ਮੈਂਟ ਪ੍ਰਬੰਧਕਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸਕੂਲ ਚੇਅਰਮੈਨ ਸ੍ਰ:ਰਵਿੰਦਰਜੀਤ ਸਿੰਘ ਬਿੰਦੀ, ਸ੍ਰ: ਸਾਗਰਜੀਤ ਸਿੰਘ (ਡਾਇਰੈਕਟਰ) ਨੇ ਬੱਚਿਆਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕਰਦੇ ਹੋਏ, ਖੁਸ਼ੀ ਜਾਹਿਰ ਕਰਦੇ ਹੋਏ ਕਿਹਾ ਕਿ ਵਿਦਿਆਰਥੀਆਂ ਦੇ ਵਧੀਆ ਨਤੀਜੇ ਲਈ ਸਕੂਲ ਦੇ ਨਾਲ-ਨਾਲ ਮਾਪੇ ਸਾਹਿਬਾਨ ਦਾ ਯੋਗਦਾਨ ਵੀ ਜ਼ਰੂਰੀ ਹੈ। ਸਕੂਲ ਹਮੇਸ਼ਾ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਵਚਨਵੱਧ ਹੈ। ਇਸ ਮੌਕੇ ਸਮੂਹ ਮਾਪੇ, ਅਧਿਆਪਕ ਸਾਹਿਬਾਨ ਅਤੇ ਵਿਦਿਆਰਥੀ ਹਾਜ਼ਿਰ ਸਨ।

# ਵਰ੍ਹੇ ਗੰਢ ਮੁਬਾਰਕ



ਧਰਮ ਸਿੰਘ ਫੌਜੀ ਐਮ.ਸੀ. ਅਤੇ ਸੁਖਦਿਆਲ ਕੌਰ ਨੇ ਆਪਣੇ ਵਿਆਹ ਦੀ 38ਵੀਂ ਵਰ੍ਹੇਗੰਢ ਮਨਾਈ।



# ਪਟਿਆਲਾ-ਆਸ/ਪਾਸ



# ਘਨੌਰ ਹਲਕੇ ਦੇ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਟਰੇਡਰਜ਼ ਕਮਿਸ਼ਨ ਦੀ ਬੈਠਕ

## ➢ਮਾਨ ਸਰਕਾਰ ਨੇ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਵਿਧਾਨ ਸਭਾ ਪੱਧਰ 'ਤੇ ਕਮਿਸ਼ਨਾਂ ਦਾ ਗਠਨ ਕੀਤਾ : ਚੇਅਰਮੈਨ ਮੰਨਣ



ਘਨੌਰ, 19 ਮਾਰਚ (ਮਦਨ ਲਾਲ/ ਰਾਜਿੰਦਰ ਸਿੰਘ ਕੰਬੋਜ) : ਘਨੌਰ ਵਿਧਾਨ ਸਭਾ ਹਲਕੇ ਦੇ ਵਪਾਰੀਆਂ ਦੀਆਂ ਦਰਪੇਸ਼ ਸਮੱਸਿਆਵਾਂ ਦੇ ਤੁਰੰਤ ਅਤੇ ਪ੍ਰਭਾਵਸ਼ਾਲੀ ਹੱਲ ਨੂੰ ਯਕੀਨੀ ਬਣਾਉਣ ਲਈ ਟਰੇਡਰਜ਼ ਕਮਿਸ਼ਨ ਦੀ ਇੱਕ ਮਹੱਤਵਪੂਰਨ ਬੈਠਕ ਬੱਸ ਸਟੈਂਡ ਘਨੌਰ ਵਿਖੇ ਕੀਤੀ ਗਈ। ਇਸ ਬੈਠਕ ਦੀ ਅਗਵਾਈ ਪੰਜਾਬ ਟ੍ਰੇਡ ਕਮਿਸ਼ਨ ਹਲਕਾ ਘਨੌਰ ਚੇਅਰਮੈਨ ਗੁਰਪ੍ਰੀਤ ਸਿੰਘ ਮੰਨਣ ਵੱਲੋਂ ਕੀਤੀ ਗਈ, ਜਿਸ ਵਿੱਚ ਐਸ.ਡੀ.ਐਮ. ਰਾਜਪੁਰਾ ਨਮਨ ਮਰਕਨ, ਪੰਜਾਬ ਟ੍ਰੇਡ ਕਮਿਸ਼ਨ ਪਟਿਆਲਾ ਦੇ ਵਾਈਸ ਚੇਅਰਮੈਨ ਗੁਰਪ੍ਰੀਤ ਸਿੰਘ ਧਮੋਲੀ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ ਸਨ। ਇਸ ਮੌਕੇ ਟਰੇਡਰਜ਼ ਕਮਿਸ਼ਨ ਦੇ ਮੈਂਬਰ, ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਵਪਾਰੀ ਭਾਈਚਾਰੇ ਦੇ ਨੁਮਾਇੰਦਿਆਂ ਨੇ ਭਾਗ ਲਿਆ। ਚੇਅਰਮੈਨ ਗੁਰਪ੍ਰੀਤ ਸਿੰਘ ਮੰਨਣ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਪਾਰੀਆਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਵਿਧਾਨ ਸਭਾ ਹਲਕੇ ਪੱਧਰ 'ਤੇ ਟਰੇਡਰਜ਼ ਕਮਿਸ਼ਨ ਦਾ ਗਠਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਕਮਿਸ਼ਨ ਦਾ ਮੁੱਖ ਉਦੇਸ਼ ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਸੁਣਨਾ ਅਤੇ ਉਨ੍ਹਾਂ ਦਾ ਸਮਾਂਬੱਧ ਢੰਗ ਨਾਲ ਨਿਪਟਾਰਾ ਕਰਨਾ ਹੈ, ਤਾਂ ਜੋ ਵਪਾਰਕ ਗਤੀਵਿਧੀਆਂ ਨੂੰ ਹੋਰ ਸੁਚਾਰੂ ਬਣਾਇਆ ਜਾ ਸਕੇ। ਚੇਅਰਮੈਨ ਨੇ ਅੱਗੇ ਕਿਹਾ ਕਿ ਵਪਾਰੀਆਂ ਵੱਲੋਂ ਉਠਾਈਆਂ ਜਾਣ ਵਾਲੀ ਹਰ ਸਮੱਸਿਆ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ ਅਤੇ ਸੰਬੰਧਿਤ ਵਿਭਾਗਾਂ ਦੇ ਸਹਿਯੋਗ ਨਾਲ ਉਨ੍ਹਾਂ ਦਾ ਜਲਦੀ ਨਿਪਟਾਰਾ ਯਕੀਨੀ ਬਣਾਇਆ ਜਾਵੇਗਾ। ਉਨ੍ਹਾਂ ਵਪਾਰੀ ਭਾਈਚਾਰੇ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਸਮੱਸਿਆਵਾਂ ਦੇ ਹੱਲ ਲਈ ਟਰੇਡਰਜ਼ ਕਮਿਸ਼ਨ ਨਾਲ ਸਿੱਧਾ ਰਾਬਤਾ ਕਰਨ, ਤਾਂ ਜੋ ਉਨ੍ਹਾਂ ਦੀਆਂ ਮੰਗਾਂ ਦਾ ਤੁਰੰਤ ਨਿਪਟਾਰਾ ਕੀਤਾ ਜਾ ਸਕੇ। ਇਸ ਦੌਰਾਨ ਐਸ.ਡੀ.ਐਮ. ਨਮਨ ਮਾਰਕਨ ਨੇ ਭਰੋਸਾ ਦਿਵਾਇਆ ਕਿ ਪ੍ਰਸ਼ਾਸਨ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਕਮਿਸ਼ਨ ਨਾਲ ਮਿਲ ਕੇ ਕੰਮ ਕਰਦਿਆਂ ਹਰ ਇਕ ਮੁੱਦੇ ਦਾ ਹੱਲ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ। ਬੈਠਕ ਦੌਰਾਨ ਵਪਾਰੀਆਂ ਵੱਲੋਂ ਵੱਖ-ਵੱਖ ਮੁੱਦੇ ਉਠਾਏ ਗਏ, ਜਿਨ੍ਹਾਂ ਵਿੱਚ ਸੁਰੱਖਿਆ, ਟੈਕਸ ਸਬੰਧੀ ਮਸਲੇ, ਲਾਇਸੈਂਸਿੰਗ ਅਤੇ ਹੋਰ ਪ੍ਰਸ਼ਾਸਨਿਕ ਦਿੱਕਤਾਂ ਸ਼ਾਮਲ ਸਨ। ਅਧਿਕਾਰੀਆਂ ਵੱਲੋਂ ਇਨ੍ਹਾਂ ਮਸਲਿਆਂ ਨੂੰ ਧਿਆਨ ਨਾਲ ਸੁਣਿਆ ਗਿਆ ਅਤੇ ਸੰਬੰਧਿਤ ਵਿਭਾਗਾਂ ਨੂੰ ਤੁਰੰਤ ਕਾਰਵਾਈ ਲਈ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ। ਇਸ ਮੌਕੇ ਵਪਾਰੀਆਂ ਵੱਲੋਂ ਫਾਰਮ ਭਰਕੇ ਆਪਣੇ ਮਸਲੇ ਲਿਖਤੀ ਰੂਪ ਵਿੱਚ ਪੰਜਾਬ ਸਰਕਾਰ ਕੋਲ ਪੁੱਜਦੇ ਕੀਤੇ। ਇਸ ਮੌਕੇ ਕਮਿਸ਼ਨ ਦੇ ਮੈਂਬਰਾਂ ਟਿੰਕੂ ਬਾਂਸਲ ਹਲਕਾ ਚੇਅਰਮੈਨ ਰਾਜਪੁਰਾ, ਕੀਰਤ ਸਿੰਘ ਸੇਹਰਾ ਸਮੇਤ ਈਟੀਓ ਅਸ਼ੋਕ ਕੁਮਾਰ, ਈਓ ਮੁਕੇਸ਼ ਸਿੰਗਲਾ, ਤਹਿਸੀਲਦਾਰ, ਡਿਊਟੀ ਅਫਸਰ ਅਵਤਾਰ ਸਿੰਘ ਚਹਿਲ, ਸਰਪੰਚ ਜਸਵੰਤ ਸਿੰਘ ਪ੍ਰਧਾਨ ਟਰੱਕ ਯੂਨੀਅਨ, ਅੰਕਿਤ ਸੂਦ, ਬਲਜਿੰਦਰ ਸਿੰਘ ਢਕਾਨਸੂ, ਸਤਵਿੰਦਰ ਸਿੰਘ ਸੱਤੀ ਬਾਸਮਾ, ਗੁਰਵਿੰਦਰ ਸਿੰਘ ਕਾਲਾ, ਸੁਰਿੰਦਰ ਸਿੰਘ ਤੁਲੀ, ਮੱਖਣ ਸਿੰਘ ਤੇ ਬਲਜਿੰਦਰ ਸਿੰਘ (ਸਾਰੇ ਕੌਂਸਲਰ), ਲਖਵੀਰ ਸਿੰਘ ਬੈਰਾਗੀ, ਜਸਵਿੰਦਰ ਸਿੰਘ ਜੱਸੀ, ਹਰਦੀਪ ਸਿੰਘ ਫੌਜੀ, ਲਵਲੀ ਪ੍ਰਧਾਨ ਕਰਿਆਨਾ ਸਟੋਰ, ਬੌਬੀ ਪ੍ਰਧਾਨ ਜਿਉਲਰਜ ਹੋਰ ਅਧਿਕਾਰੀ ਅਤੇ ਘਨੌਰ ਦੇ ਵਪਾਰੀ ਵੀ ਮੌਜੂਦ ਸਨ।

# ਐਨਕੈਪ ਅਧੀਨ ਬਡੂੰਗਰ ਦੇ ਸ਼ਮਸ਼ਾਨਘਾਟ ਵਿਖੇ ਪੰਜਾਬ ਦਾ ਪਹਿਲਾ ਹਵਾ ਪ੍ਰਦੂਸ਼ਨ ਕੰਟਰੋਲ ਯੰਤਰ ਲਗਾਇਆ

## ➢ਪਟਿਆਲਾ ਦਾ ਮਾਡਲ ਸਾਰੇ ਸ਼ਹਿਰਾਂ 'ਚ ਵੀ ਲਗਾਇਆ ਜਾਵੇਗਾ



ਪਟਿਆਲਾ, 19 ਮਾਰਚ (ਰੁਪਾਣਾ/ਦੀਪਕ ਜੈਦਕਾ) : ਸ਼ਹਿਰੀ ਹਵਾ ਦੀ ਗੁਣਵੱਤਾ ਵਿੱਚ ਸੁਧਾਰ ਲਿਆਉਣ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦੇ ਹੋਏ, ਪੰਜਾਬ ਪ੍ਰਦੂਸ਼ਨ ਕੰਟਰੋਲ ਬੋਰਡ ਅਤੇ ਨਗਰ ਨਿਗਮ ਨੇ ਮੇਅਰ ਕੁੰਦਨ ਗੋਗੀਆ, ਪੰਜਾਬ ਪ੍ਰਦੂਸ਼ਨ ਕੰਟਰੋਲ ਬੋਰਡ ਦੇ ਚੇਅਰਪਰਸਨ ਰੀਨਾ ਗੁਪਤਾ, ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਅਤੇ ਨਗਰ ਨਿਗਮ ਕਮਿਸ਼ਨਰ ਪਰਮਜੀਤ ਸਿੰਘ ਦੀ ਮੌਜੂਦਗੀ ਵਿੱਚ ਇੱਥੇ ਬਡੂੰਗਰ ਸ਼ਮਸ਼ਾਨਘਾਟ ਵਿਖੇ ਸੂਬੇ ਦੇ ਪਹਿਲੇ ਹਵਾ ਪ੍ਰਦੂਸ਼ਨ ਕੰਟਰੋਲ ਯੰਤਰ (ਏ.ਪੀ.ਸੀ.ਡੀ) ਦਾ ਉਦਘਾਟਨ ਕੀਤਾ ਗਿਆ। ਪਟਿਆਲਾ ਵਿਖੇ ਇਹ ਯੰਤਰ ਰਾਸ਼ਟਰੀ ਸਾਫ਼ ਹਵਾ ਪ੍ਰੋਗਰਾਮ (ਐਨਕੈਪ) ਅਧੀਨ ਇੱਕ ਪਾਇਲਟ ਪ੍ਰੋਜੈਕਟ ਵਜੋਂ ਲਗਾਇਆ ਗਿਆ ਹੈ, ਇਸ ਪਹਿਲਕਦਮੀ ਨੂੰ ਸਾਰੇ ਗੈਰ-ਪ੍ਰਾਪਤੀ (ਨਾਨ ਅਟੇਨਮੈਂਟ) ਸ਼ਹਿਰਾਂ ਵਿੱਚ ਦੁਹਰਾਉਣ ਅਤੇ ਬਾਅਦ ਵਿੱਚ ਪੂਰੇ ਪੰਜਾਬ ਵਿੱਚ ਲਗਾਇਆ ਜਾਵੇਗਾ। ਪੰਜਾਬ ਪ੍ਰਦੂਸ਼ਨ ਕੰਟਰੋਲ ਬੋਰਡ ਦੇ ਚੇਅਰਪਰਸਨ, ਰੀਨਾ ਗੁਪਤਾ ਨੇ ਕਿਹਾ, ਹਵਾ ਗੁਣਵੱਤਾ ਪ੍ਰਬੰਧਨ ਅਜਿਹੇ ਹੱਲ ਦੀ ਮੰਗ ਕਰਦਾ ਹੈ, ਜੋ ਵਿਗਿਆਨਕ ਤੌਰ 'ਤੇ ਸਹੀ ਅਤੇ ਸਮਾਜਿਕ ਤੌਰ 'ਤੇ ਸਵੀਕਾਰਯੋਗ ਹੋਣ। ਉਨ੍ਹਾਂ ਕਿਹਾ ਕਿ ਪਰੰਪਰਾਗਤ ਸਸਕਾਰ ਅਭਿਆਸ ਸਾਡੇ ਸੱਭਿਆਚਾਰਕ ਤਾਣੇ-ਬਾਣੇ ਦਾ ਇੱਕ ਅਨਿੱਖੜਵਾਂ ਅੰਗ ਹਨ ਅਤੇ ਇਹ ਪਹਿਲਕਦਮੀ ਦਰਸਾਉਂਦੀ ਹੈ ਕਿ ਤਕਨਾਲੋਜੀ ਪਰੰਪਰਾ ਦੇ ਰਲ ਕੇ ਵਾਤਾਵਰਨ ਸੰਭਾਲ ਦੀ ਜ਼ਿੰਮੇਵਾਰੀ ਨਾਲ ਕਿਵੇਂ ਮੇਲ ਖਾਂਦੀ ਹੈ। ਉਨ੍ਹਾਂ ਕਿਹਾ ਕਿ ਇਸ ਹਵਾ ਪ੍ਰਦੂਸ਼ਨ ਨਿਯੰਤਰਣ ਯੰਤਰ ਦੀ ਸਥਾਪਨਾ ਪ੍ਰਦੂਸ਼ਨ ਨੂੰ ਉਸ ਦੇ ਪੈਦਾ ਹੋਣ ਵਾਲੇ ਸਰੋਤ 'ਤੇ ਘਟਾਉਣ ਵੱਲ ਇੱਕ ਮੋਹਰੀ ਕਦਮ ਹੈ, ਅਤੇ ਬੋਰਡ ਸਭ ਲਈ ਸਾਫ਼ ਹਵਾ ਮੁਹੱਈਆ ਕਰਵਾਉਣ ਨੂੰ ਯਕੀਨੀ ਬਣਾਉਣ ਲਈ ਪੰਜਾਬ ਦੇ ਸਾਰੇ ਗੈਰ-ਪ੍ਰਾਪਤੀ ਸ਼ਹਿਰਾਂ ਵਿੱਚ ਇਸ ਮਾਡਲ ਨੂੰ ਸਥਾਪਤ ਕਰਨ ਲਈ ਵਚਨਬੱਧ ਹੈ। ਇਸ ਮੌਕੇ ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਇਹ ਪਹਿਲਕਦਮੀ ਪੰਜਾਬ ਦੀ ਸਾਫ਼ ਹਵਾ ਰਣਨੀਤੀ ਵਿੱਚ ਇੱਕ ਮਹੱਤਵਪੂਰਨ ਤਰੱਕੀ ਨੂੰ ਦਰਸਾਉਂਦੀ ਹੈ। ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਕਿਹਾ ਕਿ ਐਨ ਕੈਪ ਅਧੀਨ ਇਹ ਪਾਇਲਟ ਪ੍ਰੋਜੈਕਟ ਦੂਜੇ ਸ਼ਹਿਰਾਂ ਲਈ ਇੱਕ ਮਾਡਲ ਵਜੋਂ ਕੰਮ ਕਰੇਗਾ ਅਤੇ ਨਾਲ ਹੀ ਸਾਡੀਆਂ ਰਵਾਇਤਾਂ ਤੇ ਪ੍ਰੰਪਰਾਵਾਂ ਦਾ ਸਤਿਕਾਰ ਕਰਦੇ ਹੋਏ ਹਵਾ ਪ੍ਰਦੂਸ਼ਨ ਵਿੱਚ ਕਮੀ ਨੂੰ ਵੀ ਯਕੀਨੀ ਬਣਾਏਗਾ। ਨਵਾਂ ਸਥਾਪਿਤ ਏਪੀਸੀਡੀ ਕਣ ਪਦਾਰਥ ਦੇ ਨਿਕਾਸ (ਪੀਐਮ 10 ਅਤੇ ਪੀਐਮ 2.5) ਨੂੰ ਮਹੱਤਵਪੂਰਨ ਤੌਰ 'ਤੇ ਘਟਾਉਣ ਲਈ ਤਿਆਰ ਕੀਤਾ ਗਿਆ ਹੈ, ਇਸ ਤਰ੍ਹਾਂ ਸ਼ਹਿਰੀ ਹਵਾ ਪ੍ਰਦੂਸ਼ਨ ਵਿੱਚ ਇੱਕ ਮਹੱਤਵਪੂਰਨ ਪਰ ਅਕਸਰ ਅਣਦੇਖੇ ਕੀਤੇ ਜਾਣ ਵਾਲੇ ਯੋਗਦਾਨ ਨੂੰ ਘੱਟ ਕਰਦਾ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਅਜਿਹੇ ਉਪਰਾਲੇ ਹਵਾ ਪ੍ਰਦੂਸ਼ਨ ਨੂੰ ਉਸਦੇ ਸਰੋਤ 'ਤੇ ਹੀ ਘਟਾਉਣ ਦੀ ਵਿਆਪਕ ਰਣਨੀਤੀ ਨਾਲ ਮੇਲ ਖਾਂਦਾ ਹੈ, ਜੋ ਕਿ ਪ੍ਰਭਾਵਸ਼ਾਲੀ ਹਵਾ ਗੁਣਵੱਤਾ ਪ੍ਰਬੰਧਨ ਅਤੇ ਜਨਤਕ ਸਿਹਤ ਸੁਰੱਖਿਆ ਲਈ ਜ਼ਰੂਰੀ ਹੈ। ਇਸ ਦੌਰਾਨ ਪੀਪੀਸੀਬੀ ਦੇ ਮੈਂਬਰ ਸਕੱਤਰ, ਡਾ. ਲਵਨੀਤ ਦੂਬੇ ਨੇ ਕਿਹਾ ਕਿ ਸ਼ਮਸ਼ਾਨਘਾਟ, ਭਾਵੇਂ ਵਿਅਕਤੀਗਤ ਤੌਰ ਤੇ ਮਾਮੂਲੀ ਹਵਾ ਪ੍ਰਦੂਸ਼ਨ ਦਾ ਯੋਗਦਾਨ ਪਾਉਂਦਾ ਹੈ, ਪਰ ਇਹ ਸਮੂਹਿਕ ਤੌਰ 'ਤੇ ਸ਼ਹਿਰੀ ਹਵਾ ਦੀ ਗੁਣਵੱਤਾ ਨੂੰ ਪ੍ਰਭਾਵਤ ਕਰਦਾ ਹੈ। ਇਨ੍ਹਾਂ ਥਾਵਾਂ 'ਤੇ ਪ੍ਰਦੂਸ਼ਨ ਨਿਯੰਤਰਣ ਯੰਤਰਾਂ ਨੂੰ ਲਗਾ ਕੇ, ਅਸੀਂ ਆਪਣੀਆਂ ਸਾਫ਼ ਹਵਾ ਕਾਰਜ ਯੋਜਨਾਵਾਂ ਵਿੱਚ ਇੱਕ ਮਹੱਤਵਪੂਰਨ ਪਾੜੇ ਨੂੰ ਦੂਰ ਕਰ ਰਹੇ ਹਾਂ। ਉਨ੍ਹਾਂ ਕਿਹਾ ਕਿ ਪੀਪੀਸੀਬੀ ਯੋਜਨਾਬੱਧ ਵਿਸਥਾਰ ਤੋਂ ਪਹਿਲਾਂ ਪ੍ਰਭਾਵਸ਼ੀਲਤਾ ਅਤੇ ਜ਼ਰੂਰੀ ਸੁਧਾਰਾਂ ਨੂੰ ਮਾਪਣ ਲਈ ਏਪੀਸੀਡੀ ਦੀ ਸਥਾਪਨਾ ਤੋਂ ਪਹਿਲਾਂ ਅਤੇ ਬਾਅਦ ਦਾ ਅਧਿਐਨ ਵੀ ਕਰ ਰਿਹਾ ਹੈ।

# ਕਾਂਗਰਸ ਦੇ ਜਾਗਰੂਕਤਾ ਅਭਿਆਨ ਤਹਿਤ ਬੱਸ ਸਟੈਂਡ 'ਤੇ ਪ੍ਰਦਰਸ਼ਨ



ਸਨੌਰ, 19 ਮਾਰਚ (ਪ੍ਰਥਮ ਕੁਮਾਰ) : ਹਲਕਾ ਸਨੌਰ ਵਿੱਚ ਕਾਂਗਰਸ ਪਾਰਟੀ ਵੱਲੋਂ ਜਾਗਰੂਕਤਾ ਅਭਿਆਨ ਤਹਿਤ ਅੱਜ ਬੱਸ ਸਟੈਂਡ ਸਨੌਰ ਵਿਖੇ ਜ਼ੋਰਦਾਰ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਟਿਆਲਾ ਦੇ ਸੰਸਦ ਡਾ. ਧਰਮਵੀਰ ਸਿੰਘ ਗਾਂਧੀ, ਗੁਰਸ਼ਰਨ ਕੌਰ ਰੰਧਾਵਾ ਜ਼ਿਲ੍ਹਾ ਪ੍ਰਧਾਨ ਨੇ ਸ਼ਿਰਕਤ ਕੀਤੀ। ਇਸ ਮੌਕੇ 'ਤੇ ਕਾਂਗਰਸੀ ਆਗੂ ਹਰਿੰਦਰਪਾਲ ਸਿੰਘ ਹੈਰੀ ਮਾਨ ਨੇ ਅਹਿਮ ਭੂਮਿਕਾ ਨਿਭਾਉਂਦੇ ਹੋਏ ਮੌਜੂਦਾ ਸਰਕਾਰ ਨੂੰ ਤਿੱਖੇ ਸ਼ਬਦਾਂ ਵਿੱਚ ਘੇਰਿਆ।ਉਨ੍ਹਾਂ ਆਪਣੇ ਸੰਬੋਧਨ ਦੌਰਾਨ 2017 ਤੋਂ 2022 ਤੱਕ ਕਾਂਗਰਸ ਸਰਕਾਰ ਵੱਲੋਂ ਹਲਕਾ ਸਨੌਰ ਵਿੱਚ ਕਰਵਾਏ ਵਿਕਾਸ ਕਾਰਜਾਂ ਦਾ ਵਿਸਥਾਰ ਨਾਲ ਜ਼ਿਕਰ ਕੀਤਾ। ਸਕੂਲਾਂ ਨੂੰ ਸਮਾਰਟ ਬਣਾਇਆ ਗਿਆ ਅਤੇ ਇਲਾਕੇ ਵਿੱਚ ਸਿੱਖਿਆ ਅਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਗਿਆ। ਇਸ ਮੌਕੇ ਅਸ਼ਵਨੀ ਬੱਤਾ, ਬਲਾਕ ਪ੍ਰਧਾਨ ਸਨੌਰ, ਹਰਵੀਰ ਥਿੰਦ, ਬਲਾਕ ਪ੍ਰਧਾਨ ਭੁਨਰਹੇੜੀ, ਜੋਗਿੰਦਰ ਕਾਕੜਾ ਪ੍ਰਧਾਨ ਕਿਸਾਨ ਸੈੱਲ, ਮਹਿਕ ਗਰੇਵਾਲ ਡਾਇਰੈਕਟਰ ਪੰਜਾਬ ਕੋਆਪਰੇਟਿਵ, ਰਾਜੀਵ ਗੋਇਲ ਪ੍ਰਧਾਨ ਸਿਟੀ ਸਨੌਰ, ਪਰਨਵ ਗੋਇਲ ਪ੍ਰਧਾਨ ਜਿਲਾ ਯੂਥ ਕਾਂਗਰਸ, ਚਰਨਜੀਤ ਜੱਜ ਬੀ ਐਲ ਏ , ਕੁਲਦੀਪ ਸਿੰਘ ਕੰਬੋਜ, ਰਤਿੰਦਰਪਾਲ ਸਿੰਘ ਰਿੱਕੀ ਮਾਨ, ਮਨਦੀਪ ਸਿੰਘ ਸਰਪੰਚ ਸਿਮਰਨਜੀਤ ਮਾਨ, ਪ੍ਰਕਾਸ਼ ਸਿੰਘ ਗਿੱਲ ਅਮਨ ਥਿੰਦ, ਰਣਦੀਪ ਰਾਣਾ ਬੋਲੜ, ਜਗਮਾਲ ਰਾਣਾ ਬਹਾਦੁਰਗੜ੍ਹ, ਕਰਮਜੀਤ ਸਿੰਘ, ਰਵਿੰਦਰ ਸਿੰਘ, ਮਨਦੀਪ ਸਿੰਘ, ਜਗਤਾਰ ਸਿੰਘ, ਹਰਿ ਕ੍ਰਿਸ਼ਨ ਪੰਜੋਲਾ, ਗੁਰਵਿੰਦਰ ਭਟੇੜੀ ਸਾਰੇ ਮੰਡਲ ਪ੍ਰਧਾਨ, ਜੀਤ ਸਿੰਘ ਮੀਰਪੁਰ ਸਾਬਕਾ ਚੇਅਰਮੈਨ, ਰਣਧੀਰ ਸਿੰਘ ਰੋਹੜ, ਜਰਨੈਲ ਸਿੰਘ ਚੁਹਟ, ਤਿਲਕਰਾਜ, ਨਰੇਸ਼ ਗੋਇਲ ਸਾਬਕਾ ਪ੍ਰਧਾਨ ਆੜ੍ਹਤੀਆ ਅਸ਼ੋਸ਼ੀਏਸ਼ਨ, ਬਿੱਟੂ ਸ਼ੰਘਰ, ਸੁਰਿੰਦਰ ਮੱਟੂ, ਪਵਨ ਕੁਮਾਰ, ਸੁਰਜੀਤ ਪ੍ਰਧਾਨ, ਮਹਿੰਦਰ ਸਿੰਘ ਪ੍ਰਧਾਨ, ਸੁਖਵਿੰਦਰ ਗਿਰ, ਹਰਵਿੰਦਰ ਸਿੰਘ ਘੜਾਮ, ਜਰਨੈਲ ਸਿੰਘ ਨੰਦਗੜ੍ਹ ਬਲਾਕ ਸਮਤੀ ਮੈਂਬਰ, ਨਿਰਮਲ ਸਿੰਘ ਬਿੰਜਲ, ਗੁਰਮੁਖ ਸਿੰਘ ਮਹਿਮਾ, ਗੁਰਨਾਮ ਸਿੰਘ ਮਸੀਗੰਣ, ਕੈਪਟਨ ਸਿੰਘ ਓਝਾਂ, ਲਖਵਿੰਦਰ ਸਿੰਘ ਸ਼ਾਦੀਪੁਰ ਆਦਿ ਹਾਜ਼ਰ ਸਨ।

# ਸਮਾਣਾ ਵਿਖੇ ਬਾਰ ਕੌਂਸਲ ਦੀ ਚੋਣ ਵਿੱਚ ਵਕੀਲਾਂ ਨੇ ਉਤਸ਼ਾਹ ਨਾਲ ਪਾਈਆਂ ਵੋਟਾਂ



ਸਮਾਣਾ, 19 ਮਾਰਚ (ਵਿਜੇ ਕੁਮਾਰ) : ਬਾਰ ਕੌਂਸਲ ਪੰਜਾਬ ਤੇ ਹਰਿਆਣਾ ਦੀਆਂ ਅੱਜ ਪਈਆਂ ਵੋਟਾਂ ਵਿਚ ਬਾਰ ਐਸੋਸੀਏਸ਼ਨ ਸਮਾਣਾ ਦੇ ਵਕੀਲਾਂ ਨੇ ਉਤਸ਼ਾਹ ਨਾਲ ਭਾਗ ਲਿਆ। ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਕਤਾਰ ਨਹੀਂ ਟੁੱਟੀ। 183 ਵੋਟਾਂ ਵਿਚੋਂ 146 ਤੋਂ ਵੱਧ ਵੋਟਾਂ ਪੋਲ ਹੋਈਆਂ। ਬਾਰ ਕੌਂਸਲ ਪੰਜਾਬ ਤੇ ਹਰਿਆਣਾ ਦੇ 25 ਮੈਂਬਰਾਂ ਦੀ ਚੋਣ ਹੋਣੀ ਹੈ, ਜਿਸ ਵਿਚ ਪਹਿਲੀ ਵਾਰ 8 ਸੀਟਾਂ ਔਰਤਾਂ ਲਈ ਰਾਖਵੀਆਂ ਹਨ। ਉਮੀਦਵਾਰਾਂ ਦੇ ਸਮਰਥਕਾਂ ਨੇ ਆਪਣੇ ਉਮੀਦਵਾਰ ਦੇ ਹੱਕ ਵਿਚ ਵੋਟਾਂ ਪਵਾਈਆਂ। ਚੋਣ ਦੇ ਨੋਡਲ ਅਫ਼ਸਰ-ਕਮ-ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਸਮਾਣਾ ਗੁਰਮੀਤ ਸਿੰਘ ਤੇ ਸਹਾਇਕ ਨੋਡਲ ਅਫ਼ਸਰ-ਕਮ-ਟੈਕਸ ਕੁਲੈਕਟ ਸਮਾਣਾ ਜਗਤਾਰ ਸਿੰਘ ਨੇ ਦੱਸਿਆ ਕਿ ਵੋਟਾਂ ਸ਼ਾਂਤਮਈ ਢੰਗ ਨਾਲ ਪੋਲ ਹੋਈਆਂ ਹਨ। ਵੋਟਾਂ ਦੌਰਾਨ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ ਸਨ। ਚੋਣ ਅਧਿਕਾਰ ਜਸਬੀਰ ਸਿੰਘ, ਸਰਬਜੀਤ ਸਿੰਘ ਆਦਿ ਨੇ ਸ਼ਨਾਖ਼ਤੀ ਕਾਰਡਾਂ ਨਾਲ ਵੋਟਾਂ ਪਵਾਈਆਂ। ਇਸ ਮੌਕੇ ਬਾਰ ਦੇ ਪ੍ਰਧਾਨ ਨਵਦੀਪ ਸਿੰਘ ਢਿੱਲੋਂ, ਕੁਲਵੰਤ ਸਿੰਘ ਢਿੱਲੋਂ, ਕੁਲਵਿੰਦਰ ਸਿੰਘ ਗਲੌਲੀ, ਨਿਰਲੇਪ ਕੌਰ, ਸ਼ਬਦ ਕੌਰ, ਬਲਜਿੰਦਰ ਕੌਰ, ਪੂਜਾ ਸਿੰਗਲਾ, ਜਸਬੀਰ ਸਿੰਘ ਅਤੇ ਰਵਿੰਦਰ ਸਹੋਤਾ ਐਡਵੋਕੇਟ ਆਦਿ ਹਾਜ਼ਰ ਸਨ।

# ਪੰਜਾਬੀ ਸਾਹਿਤ ਸਭਾ ਵੱਲੋਂ ਬਜ਼ੁਰਗ ਲੇਖਕ ਐਡਵੋਕੇਟ ਦਲੀਪ ਸਿੰਘ ਵਾਸਨ ਦਾ ਸਨਮਾਨ

## ➢ਪੰਜਾਬ ਸਰਕਾਰ ਉਨ੍ਹਾਂ ਦੀ ਅਣਛਪੀ ਸਵੈ-ਜੀਵਨੀ ਛਾਪੇ : ਡਾ. 'ਆਸ਼ਟ'



ਪਟਿਆਲਾ, 19 ਮਾਰਚ (ਚ.ਨ.ਸ.) : ਪੰਜਾਬੀ ਸਾਹਿਤ ਸਭਾ (ਰਜਿ.) ਪਟਿਆਲਾ ਦੀ ਕਾਰਜਕਾਰਨੀ ਵੱਲੋਂ ਪੰਜਾਬੀ ਦੇ ਉਘੇ ਲੇਖਕ ਐਡਵੋਕੇਟ ਦਲੀਪ ਸਿੰਘ ਵਾਸਨ (90) ਦੇ ਘਰ ਜਾ ਕੇ ਉਨ੍ਹਾਂ ਦਾ ਸਨਮਾਨ ਕੀਤਾ ਗਿਆ।ਉਨ੍ਹਾਂ ਦਾ ਸਨਮਾਨ ਕਰਦਿਆਂ ਸਭਾ ਦੇ ਪ੍ਰਧਾਨ ਡਾ.ਦਰਸ਼ਨ ਸਿੰਘ 'ਆਸ਼ਟ' ਨੇ ਕਿਹਾ ਕਿ ਐਡਵੋਕੇਟ ਦਲੀਪ ਸਿੰਘ ਵਾਸਨ ਨੇ ਅੱਧੀ ਸਦੀ ਤੋਂ ਵੀ ਵਧੇਰੇ ਸਮਾਂ ਪੰਜਾਬੀ ਮਾਤ ਭਾਸ਼ਾ ਦੀ ਨਿਸ਼ਕਾਮ ਸੇਵਾ ਕਰਦਿਆਂ ਇਸ ਦੇ ਵਿਕਾਸ ਲਈ ਅਹਿਮ ਯੋਗਦਾਨ ਪਾਇਆ ਹੈ,ਜਿੱਥੇ ਉਨ੍ਹਾਂ ਨੇ ਪੰਜਾਬੀ ਨਾਵਲਨਿਗਾਰੀ ਅਤੇ ਵਾਰਤਕ ਦੇ ਖੇਤਰ ਵਿਚ ਅਹਿਮ ਪੁਸਤਕਾਂ ਦੀ ਸਿਰਜਣਾ ਕੀਤੀ। ਉਨ੍ਹਾਂ ਨੇ ਸਾਹਿਤ ਨਾਲ ਸੰਬੰਧਤ ਲਗਭਗ ਇਕ ਦਰਜਨ ਪੁਸਤਕਾਂ ਤੋਂ ਇਲਾਵਾ ਭਾਰਤੀ ਕਾਨੂੰਨ ਨਾਲ ਸੰਬੰਧਤ ਕਈ ਹੋਰ ਅਹਿਮ ਪੁਸਤਕਾਂ ਦਾ ਪੰਜਾਬੀ ਭਾਸ਼ਾ ਵਿਚ ਅਨੁਵਾਦ ਕੀਤਾ ਹੈ.ਇਸ ਤੋਂ ਇਲਾਵਾ ਉਨ੍ਹਾਂ ਦੀਆਂ ਕਈ ਅਹਿਮ ਪੁਸਤਕਾਂ ਅਣਛਪੇ ਰੂਪ ਵਿਚ ਪਈਆਂ ਹਨ, ਜਿਨ੍ਹਾਂ ਨੂੰ ਹੁਣ ਉਹ ਨਿੱਜੀ ਤੌਰ 'ਤੇ ਛਪਵਾਉਣ ਤੋਂ ਅਸਮਰੱਥ ਹਨ। ਡਾ. 'ਆਸ਼ਟ' ਨੇ ਪੰਜਾਬ ਦੇ ਮੁਖ ਮੰਤਰੀ ਸ. ਭਗਵੰਤ ਮਾਨ ਨੂੰ ਅਪੀਲ ਕੀਤੀ ਹੈ ਕਿ ਉਹ ਪੰਜਾਬੀ ਭਾਸ਼ਾ,ਸਾਹਿਤ, ਪ੍ਰਬੰਧ ਅਤੇ ਕਾਨੂੰਨ-ਪ੍ਰਣਾਲੀ ਦਾ ਵਿਸ਼ਾਲ ਤਜਰਬਾ ਰੱਖਣ ਵਾਲੇ ਅਤੇ ਪਿੰਡ ਬੋਦਲਾ ਤਹਿਸੀਲ ਐਬਟਾਬਾਦ ਜ਼ਿਲ੍ਹਾ ਹਜ਼ਾਰਾ (ਅੱਜਕੱਲ੍ਹ ਪਾਕਿਸਤਾਨ) ਦੇ ਜੰਮਪਲ 90 ਸਾਲਾ ਐਡਵੋਕੇਟ ਵਾਸਨ ਦੀ ਅਣਛਪੀ ਸਵੈ-ਜੀਵਨੀ ਜ਼ਰੂਰ ਛਾਪੇ। ਇਸ ਦੌਰਾਨ ਸਭਾ ਦੇ ਜਨਰਲ ਸਕੱਤਰ ਦਵਿੰਦਰ ਪਟਿਆਲਵੀ, ਵਿੱਤ ਸਕੱਤਰ ਬਲਬੀਰ ਸਿੰਘ ਦਿਲਦਾਰ ਅਤੇ ਪ੍ਰੈਸ ਸਕੱਤਰ ਨਵਦੀਪ ਸਿੰਘ ਮੁੰਡੀ ਤੋਂ ਇਲਾਵਾ ਸੁਰਜੀਤ ਕੌਰ ਅਤੇ ਕਮਲਦੀਪ ਕੌਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਤਿਉਹਾਰਾਂ ਦੇ ਮੱਦੇਨਜ਼ਰ ਫੂਡ ਸੇਫਟੀ ਟੀਮ ਨੇ ਚਲਾਈ ਚੈਕਿੰਗ ਮੁਹਿੰਮ



ਪਟਿਆਲਾ, 19 ਮਾਰਚ (ਰੁਪਾਣਾ) : ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ.ਬਲਬੀਰ ਸਿੰਘ ਅਤੇ ਐਫ.ਡੀ.ਏ. ਕਮਿਸ਼ਨਰ ਕਵਲਪ੍ਰੀਤ ਬਰਾਰ ਦੀ ਅਗਵਾਈ ਹੇਠ ਫੂਡ ਸੇਫਟੀ ਟੀਮ ਪਟਿਆਲਾ ਵੱਲੋਂ ਜ਼ਿਲ੍ਹਾ ਸਿਹਤ ਅਫਸਰ ਡਾ.ਗੁਰਪ੍ਰੀਤ ਕੌਰ ਦੀ ਦੇਖ-ਰੇਖ ਹੇਠ ਸਥਾਨਕ ਪੁਲਿਸ ਦੇ ਸਹਿਯੋਗ ਨਾਲ ਖਾਸ ਚੈਕਿੰਗ ਮੁਹਿੰਮ ਚਲਾਈ ਗਈ। ਇਸ ਦੌਰਾਨ ਬਾਜ਼ੀਗਰ ਬਸਤੀ, ਪਾਤੜਾਂ ਵਿਖੇ ਇੱਕ ਵਾਹਨ ਨੂੰ ਰੋਕ ਕੇ ਜਾਂਚ ਕੀਤੀ ਗਈ। ਜਾਂਚ ਦੌਰਾਨ ਪਨੀਰ ਦਾ ਇੱਕ ਸ਼ੱਕੀ ਖੇਪ ਬਰਾਮਦ ਹੋਇਆ। ਪਨੀਰ ਦਾ ਨਮੂਨਾ ਲੈ ਕੇ ਲੈਬ ਵਿੱਚ ਜਾਂਚ ਲਈ ਭੇਜਿਆ ਗਿਆ ਹੈ, ਜਦਕਿ ਬਾਕੀ ਮਾਲ ਨੂੰ ਜ਼ਬਤ ਕਰਕੇ ਪੁਲਿਸ ਹਵਾਲੇ ਕੀਤਾ ਗਿਆ। ਇਸ ਦੇ ਨਾਲ ਨਵਰਾਤਰੇ ਤਿਉਹਾਰ ਦੇ ਮੱਦੇਨਜ਼ਰ ਕਾਲੀ ਮਾਤਾ ਮੰਦਿਰ ਦੇ ਨੇੜਲੇ ਇਲਾਕਿਆਂ ਵਿੱਚ ਦੁਕਾਨਾਂ ਨੂੰ ਸਪਲਾਈ ਕਰਨ ਵਾਲੇ ਸਪਲਾਇਰਾਂ ਤੋਂ 5 ਖਾਣ-ਪੀਣ ਦੀਆਂ ਵਸਤਾਂ ਦੇ ਨਮੂਨੇ ਭਰੇ ਗਏ, ਜਿਨ੍ਹਾਂ ਵਿੱਚ ਬੂੰਦੀ ਦੇ ਲੱਡੂ ਅਤੇ ਖੋਆ ਬਰਫੀ ਸ਼ਾਮਲ ਸਨ। ਫੂਡ ਸੇਫਟੀ ਵਿਭਾਗ ਵੱਲੋਂ ਤਿਉਹਾਰਾਂ ਦੌਰਾਨ ਖਾਣ-ਪੀਣ ਦੀਆਂ ਵਸਤਾਂ ਦੀ ਗੁਣਵੱਤਾ 'ਤੇ ਨਿਰੰਤਰ ਨਿਗਰਾਨੀ ਰੱਖੀ ਜਾ ਰਹੀ ਹੈ ਤਾਂ ਜੋ ਲੋਕਾਂ ਦੀ ਸਿਹਤ ਅਤੇ ਸੁਰੱਖਿਆ ਯਕੀਨੀ ਬਣਾਈ ਜਾ ਸਕੇ। ਫੂਡ ਸੇਫਟੀ ਐਂਡ ਸਟੈਂਡਰਡਜ਼ ਐਕਟ ਅਧੀਨ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।

# ਆਰ.ਆਈ.ਵੀ.ਈ.ਆਰ. ਆਂਧਰਾ ਪ੍ਰਦੇਸ਼ ਤੋਂ ਟ੍ਰੇਨਿੰਗ ਪ੍ਰਾਪਤ ਕਰਨ ਲਈ ਚੁਣੇ ਹੈੱਡ ਟੀਚਰ ਨਵਦੀਪ ਸ਼ਰਮਾ



ਦੇਵੀਗੜ੍ਹ, 19 ਮਾਰਚ (ਗੁਰਜੀਤ ਸਿੰਘ ਢੋਟ): ਸਿੱਖਿਆ ਵਿਭਾਗ ਪੰਜਾਬ ਆਪਣੇ ਬੱਚਿਆਂ ਨੂੰ ਮਿਆਰੀ ਸਿੱਖਿਆ ਦੇਣ ਲਈ ਵਚਨਬਧ ਹੈ। ਬੱਚਿਆਂ ਨੂੰ ਚੰਗੀ ਸਿੱਖਿਆ ਤੇ ਸਮੇਂ ਦੇ ਨਾਲ ਨਾਲ ਆ ਰਹੀਆਂ ਨਵੀਆਂ ਤਕਨੀਕਾਂ ਰਾਹੀਂ ਸਿੱਖਿਆ ਦੇਣ ਲਈ ਅਧਿਆਪਕਾਂ ਨੂੰ ਵੱਖ-ਵੱਖ ਤਰ੍ਹਾਂ ਦੀਆਂ ਟ੍ਰੇਨਿੰਗਾਂ ਲਈ ਸਿੱਖਿਆ ਵਿਭਾਗ ਪੰਜਾਬ ਵੱਲੋਂ ਸਿੰਗਾਪੁਰ, ਫਿਨਲੈਂਡ ਭੇਜਿਆ ਜਾ ਰਿਹਾ ਹੈ। ਇਸ ਲੜੀ ਤਹਿਤ ਜ਼ਿਲ੍ਹਾ ਪਟਿਆਲਾ ਦੇ ਚਾਰ ਪ੍ਰਾਇਮਰੀ ਅਧਿਆਪਕ ਜਿਨ੍ਹਾਂ ਵਿੱਚ ਨਵਦੀਪ ਸ਼ਰਮਾ ਹੈੱਡ ਟੀਚਰ ਪ੍ਰਾਇਮਰੀ ਸਕੂਲ ਤਫੱਜਲਪੁਰਾ, ਰਾਜਵੰਤ ਸਿੰਘ ਮਲਟੀਪਰਪਜ਼ ਜ਼ਿਲ੍ਹਾ ਕੋਆਰਡੀਨੇਟਰ ਅਕਾਦਮਿਕ ਸਪੋਰਟ ਗਰੁੱਪ, ਅਮਨਦੀਪ ਕੌਰ ਸਰਕਾਰੀ ਪ੍ਰਾਇਮਰੀ ਸਕੂਲ ਤ੍ਰਿਪੜੀ ਪਟਿਆਲਾ, ਰਾਜਕੁਮਾਰ ਬਲਾਕ ਡਾਰਹੀਆਂ ਤੋਂ ਆਂਧਰਾ ਪ੍ਰਦੇਸ਼ ਵਿਖੇ ਜਾ ਕੇ ਟ੍ਰੇਨਿੰਗ ਪ੍ਰਾਪਤ ਕਰਨਗੇ। ਉਪ ਜ਼ਿਲ੍ਹਾ ਸਿੱਖਿਆ ਅਫਸਰ ਪ੍ਰਾਇਮਰੀ ਮੈਡਮ ਮਨਵਿੰਦਰ ਕੌਰ ਭੁੱਲਰ ਨੇ ਕਿਹਾ ਕਿ ਸਿੱਖਿਆ ਵਿਭਾਗ ਹਮੇਸ਼ਾ ਹੀ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਬੱਚਿਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਲਈ ਵਚਨਬੱਧ ਹੈ।

# 'ਆਪ' ਦੀ ਟਿਕਟ ਮਿਲਣ 'ਤੇ ਹਲਕੇ 'ਚ ਵਿਕਾਸ ਨੂੰ ਤਰਜੀਹ ਦੇਣਗੇ ਬਲਜਿੰਦਰ ਸਿੰਘ ਢਿੱਲੋਂ



ਸਨੌਰ, 19 ਮਾਰਚ (ਪ੍ਰਥਮ ਕੁਮਾਰ) : 2027 ਦੀਆਂ ਵਿਧਾਨ ਸਭਾ ਚੋਣਾਂ ਦੇ ਨੇੜੇ ਆਉਣ ਨਾਲ ਹੀ ਹਲਕਾ ਸਨੌਰ ਵਿੱਚ ਸਿਆਸੀ ਸਰਗਰਮੀਆਂ ਤੇਜ਼ ਹੋ ਗਈਆਂ ਹਨ। ਵੱਖ-ਵੱਖ ਪਾਰਟੀਆਂ ਦੇ ਆਗੂਆਂ ਵੱਲੋਂ ਆਪਣੇ-ਆਪਣੇ ਹਲਕਿਆਂ ਵਿੱਚ ਗਤੀਵਿਧੀਆਂ ਵਧਾ ਕੇ ਟਿਕਟ ਲਈ ਦਾਅਵੇਦਾਰੀ ਪੇਸ਼ ਕੀਤੀ ਜਾ ਰਹੀ ਹੈ। ਇਸੇ ਤਹਿਤ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਲੋਕ ਸਭਾ ਹਲਕਾ ਪਟਿਆਲਾ ਦੇ ਇੰਚਾਰਜ ਬਲਜਿੰਦਰ ਸਿੰਘ ਢਿੱਲੋਂ ਨੇ ਅੱਜ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਪਣੀ ਦਾਅਵੇਦਾਰੀ ਨੂੰ ਲੈ ਕੇ ਸੰਕੇਤ ਦਿੱਤੇ। ਉਨ੍ਹਾਂ ਕਿਹਾ ਕਿ ਉਹ ਲੰਬੇ ਸਮੇਂ ਤੋਂ ਪਾਰਟੀ ਨਾਲ ਜੁੜੇ ਹੋਏ ਹਨ । ਉਨ੍ਹਾਂ ਨੇ ਕਿਹਾ ਕਿ ਹਲਕਾ ਸਨੌਰ ਵਿਕਾਸ ਪੱਖੋਂ ਕਾਫੀ ਪਿਛੜਿਆ ਹੋਇਆ ਹੈ ਅਤੇ ਉਹ ਇਲਾਕੇ ਦੀਆਂ ਸਮੱਸਿਆਵਾਂ ਤੋਂ ਭਲੀਭਾਂਤ ਜਾਣੂ ਹਨ। ਢਿੱਲੋਂ ਨੇ ਦੱਸਿਆ ਕਿ ਜੇ ਪਾਰਟੀ ਵੱਲੋਂ ਉਨ੍ਹਾਂ ਨੂੰ ਟਿਕਟ ਦਿੱਤੀ ਜਾਂਦੀ ਹੈ ਤਾਂ ਉਹ ਹਲਕੇ ਦੀ ਨਿਸ਼ਕਾਮ ਸੇਵਾ ਕਰਦੇ ਹੋਏ ਵਿਕਾਸ ਕਾਰਜਾਂ ਨੂੰ ਤਰਜੀਹ ਦੇਣਗੇ।ਹੁਣ ਸੱਤਾਧਾਰੀ ਪਾਰਟੀ ਵਿੱਚ ਰਣਜੋਧ ਸਿੰਘ ਹਡਾਣਾ ਤੋਂ ਬਾਅਦ ਬਲਜਿੰਦਰ ਸਿੰਘ ਢਿੱਲੋਂ ਵੱਲੋਂ ਦਾਅਵੇਦਾਰੀ ਦੇਣ ਨਾਲ ਸਿਆਸੀ ਹਲਚਲ ਹੋਰ ਵੀ ਤੇਜ਼ ਹੋਣ ਦੀ ਸੰਭਾਵਨਾ ਹੈ।

# ਮਲਕਪੁਰ ਜੱਟਾਂ ਸਕੂਲ ਦੇ ਨਵੋਦਿਆ ਵਿਦਿਆਲਿਆ ਦਾ ਨਤੀਜਾ ਸ਼ਾਨਦਾਰ ਰਿਹਾ

## ਵਿਦਿਆਰਥਣ ਗੁਰਮਨਦੀਪ ਕੌਰ ਵਧੀਆ ਅੰਕਾਂ ਨਾਲ ਪਾਸ



ਘਨੌਰ, 19 ਮਾਰਚ (ਮਦਨ ਲਾਲ/ ਰਾਜਿੰਦਰ ਕੰਬੋਜ) :ਪਿਛਲੇ ਦਿਨੀਂ ਹੋਈ ਨਵੋਦਿਆ ਦੀ ਪ੍ਰੀਖਿਆ ਵਿੱਚ ਮਲਕਪੁਰ ਜੱਟਾਂ ਬਲਾਕ ਘਨੌਰ ਦੀ ਵਿਦਿਆਰਥਣ ਗੁਰਮਨਦੀਪ ਕੌਰ ਦੇ ਪਾਸ ਕਰਨ 'ਤੇ ਪਿੰਡ,ਬਲਾਕ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ, ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਘਨੌਰ ਸੁਰਜੀਤ ਸਿੰਘ ਅਤੇ ਸੈਂਟਰ ਹੈਡ ਟੀਚਰ ਮੈਮ ਲਲਿਤ ਬੰਗਾ ਵਲੋਂ ਸਕੂਲ ਮੁਖੀ ਤੇ ਗਾਇਡ ਅਧਿਆਪਕ ਸੁਖਮਨਵਿੰਦਰ ਸਿੰਘ ਅਤੇ ਕਮਲਜੀਤ ਕੌਰ ਕਾਹਲੋਂ ਨੂੰ ਵਧਾਈ ਦਿੰਦਿਆਂ ਸਕੂਲ ਅਧਿਆਪਕਾਂ ਦੀ ਪ੍ਰਸੰਸਾ ਕੀਤੀ ਹੈ ਓਹਨਾਂ ਕਿਹਾ ਕਿ ਮਲਕਪੁਰ ਜੱਟਾਂ ਸਕੂਲ ਦੇ ਬੱਚੇ ਹਮੇਸ਼ਾ ਖੇਡਾਂ ਅਤੇ ਹੋਰ ਸਹਿ ਵਿੱਦਿਅਕ ਗਤੀਵਿਧੀਆਂ ਵਿੱਚ ਰਾਜ ਪੱਧਰ ਤੱਕ ਪੁਜ਼ੀਸ਼ਨਾਂ ਹਾਸਲ ਕਰਦੇ ਹਨ। ਬੱਚੀ ਦੇ ਪਿਤਾ ਪਿੰਡ ਦੇ ਮੌਜੂਦਾ ਸਰਪੰਚ ਗੁਰਿੰਦਰ ਸਿੰਘ ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰ, ਚੇਅਰਮੈਨਸ, ਦਲਵੀਰ ਸਿੰਘ, ਅਤੇ ਬਲਾਕ ਰਿਸੋਰਸ ਪਰਸਨ ਨਿਰਭੈ ਸਿੰਘ ਜਰਗ ਵੱਲੋਂ ਮਿਹਨਤੀ ਸਕੂਲ ਅਧਿਆਪਕਾਂ ਦੀ ਜ਼ੋਰਦਾਰ ਪ੍ਰਸ਼ੰਸਾ ਕੀਤੀ।

# ਘੇਰ ਕੇ ਕੀਤੀ ਕੁੱਟਮਾਰ, ਮਾਮਲਾ ਦਰਜ

ਘਨੌਰ, 19 ਮਾਰਚ (ਮਦਨ ਲਾਲ) : ਥਾਣਾ ਸਦਰ ਰਾਜਪੁਰਾ ਪੁਲਿਸ ਕੋਲ ਅਨਮੋਲ ਧਿਮਾਨ ਪੁੱਤਰ ਸੰਦੀਪ ਕੁਮਾਰ ਵਾਸੀ ਪਿੰਡ ਢਕਾਣਸੂ ਕਲਾਂ ਨੇ ਕਥਿਤ ਦੋਸ਼ੀਆਂ ਸੰਜੀਵ ਕੁਮਾਰ, ਪ੍ਰਦੀਪ ਕੁਮਾਰ, ਡਿੰਪਲ ਵਾਸੀ ਪਿੰਡ ਢਕਾਨਸੂ ਕਲਾਂ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ ਕਿ ਉਹ ਆਪਣੀ ਦਾਦੀ ਸਮੇਤ ਮੋਟਰਸਾਈਕਲ ਪਰ ਸਵਾਰ ਹੋ ਕੇ ਆਪਣੇ ਪਿੰਡ ਵਿੱਚੋ ਜਾ ਰਿਹਾ ਸੀ ਤਾਂ ਕਥਿਤ ਦੋਸ਼ੀਆਂ ਨੇ ਉਸ ਨੂੰ ਘੇਰ ਕੇ ਕੁੱਟਮਾਰ ਕੀਤੀ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਵੀ ਦਿੱਤੀਆਂ।ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

# ਅਦਾਲਤ ਦਾ ਫ਼ੈਸਲਾ, ਲਖਵਿੰਦਰ ਸਿੰਘ ਭੂੰਡੀ ਬਾਇੱਜ਼ਤ ਬਰੀ

ਪਟਿਆਲਾ, 19 ਮਾਰਚ (ਚ.ਨ.ਸ.) : ਇੱਥੇ ਮਾਣਯੋਗ ਅਦਾਲਤ ਸ੍ਰੀ ਹਰਵਿੰਦਰ ਸਿੰਘ, ਜੁਡੀਸ਼ਲ ਮੈਜਿਸਟਰੇਟ ਫਸਟ ਕਲਾਸ, ਪਟਿਆਲਾ ਵੱਲੋਂ ਇੱਕ ਮਹੱਤਵਪੂਰਨ ਮਾਮਲੇ ਵਿੱਚ ਫੈਸਲਾ ਸੁਣਾਉਂਦੇ ਹੋਏ ਐਫ.ਆਈ.ਆਰ ਨੰਬਰ 159 ਮਿਤੀ 28/07/2019, ਧਾਰਾ 279 ਅਤੇ 304-ਏ ਆਈ.ਪੀ.ਸੀ., ਥਾਣਾ ਤ੍ਰਿਪੜੀ ਅਧੀਨ ਦਰਜ ਮਾਮਲੇ ਵਿੱਚ ਦੋਸ਼ੀ ਕਰਾਰ ਦਿੱਤੇ ਗਏ ਲਖਵਿੰਦਰ ਸਿੰਘ ਉਰਫ਼ ਭੂੰਡੀ ਨੂੰ ਬਾਇੱਜ਼ਤ ਬਰੀ ਕਰ ਦਿੱਤਾ ਗਿਆ ਹੈ। ਇਹ ਮਾਮਲਾ ਕਈ ਸਾਲਾਂ ਤੋਂ ਅਦਾਲਤ ਵਿੱਚ ਵਿਚਾਰ ਅਧੀਨ ਸੀ, ਜਿਸ ਵਿੱਚ ਦੋਸ਼ ਲਗਾਇਆ ਗਿਆ ਸੀ ਕਿ ਲਖਵਿੰਦਰ ਸਿੰਘ ਵੱਲੋਂ ਲਾਪਰਵਾਹੀ ਨਾਲ ਵਾਹਨ ਚਲਾਉਣ ਕਾਰਨ ਇੱਕ ਦੁੱਖਦਾਈ ਹਾਦਸਾ ਵਾਪਰਿਆ ਸੀ। ਪ੍ਰੋਸੀਕਿਊਸ਼ਨ ਵੱਲੋਂ ਪੇਸ਼ ਕੀਤੇ ਗਏ ਸਬੂਤਾਂ ਅਤੇ ਗਵਾਹਾਂ ਦੇ ਬਿਆਨਾਂ ਦੇ ਆਧਾਰ 'ਤੇ ਦੋਸ਼ ਸਾਬਤ ਕਰਨ ਦੀ ਕੋਸ਼ਿਸ਼ ਕੀਤੀ ਗਈ, ਪਰ ਅਦਾਲਤ ਵਿੱਚ ਇਹ ਸਬੂਤ ਪੂਰੀ ਤਰ੍ਹਾਂ ਦੋਸ਼ ਸਾਬਤ ਕਰਨ ਲਈ ਕਾਫ਼ੀ ਨਹੀਂ ਸਾਬਤ ਹੋਏ।ਮੁਲਜ਼ਮ ਪੱਖ ਵੱਲੋਂ ਵਕੀਲ ਦਿਲਪ੍ਰੀਤ ਸਿੰਘ ਅਤੇ ਵਕੀਲ ਰਣਜੀਤ ਸਿੰਘ ਖੁਰਮੀ ਨੇ ਮਜ਼ਬੂਤ ਦਲੀਲਾਂ ਪੇਸ਼ ਕੀਤੀਆਂ। ਉਨ੍ਹਾਂ ਨੇ ਅਦਾਲਤ ਨੂੰ ਦੱਸਿਆ ਕਿ ਪ੍ਰੋਸੀਕਿਊਸ਼ਨ ਵੱਲੋਂ ਪੇਸ਼ ਕੀਤੇ ਗਏ ਸਬੂਤਾਂ ਵਿੱਚ ਕਈ ਤਰ੍ਹਾਂ ਦੀਆਂ ਕਮੀਆਂ ਹਨ ਅਤੇ ਘਟਨਾ ਨਾਲ ਸੰਬੰਧਿਤ ਸਪੱਸ਼ਟ ਅਤੇ ਪੱਕੇ ਸਬੂਤ ਮੌਜੂਦ ਨਹੀਂ ਹਨ। ਵਕੀਲਾਂ ਨੇ ਇਹ ਵੀ ਦਰਸਾਇਆ ਕਿ ਗਵਾਹਾਂ ਦੇ ਬਿਆਨਾਂ ਵਿੱਚ ਤਾਲਮੇਲ ਦੀ ਘਾਟ ਹੈ ਅਤੇ ਮਾਮਲੇ ਵਿੱਚ ਸੰਦੇਹ ਦਾ ਲਾਭ ਮੁਲਜ਼ਮ ਨੂੰ ਮਿਲਣਾ ਚਾਹੀਦਾ ਹੈ। ਦੋਵੇਂ ਪੱਖਾਂ ਦੀਆਂ ਦਲੀਲਾਂ ਸੁਣਨ ਤੋਂ ਬਾਅਦ ਮਾਣਯੋਗ ਅਦਾਲਤ ਨੇ ਆਪਣੇ ਫੈਸਲੇ ਵਿੱਚ ਕਿਹਾ ਕਿ ਪ੍ਰੋਸੀਕਿਊਸ਼ਨ ਪੱਖ ਮੁਲਜ਼ਮ ਖ਼ਿਲਾਫ਼ ਲਗਾਏ ਦੋਸ਼ਾਂ ਨੂੰ ਸੰਦੇਹ ਤੋਂ ਪਰੇ ਸਾਬਤ ਕਰਨ ਵਿੱਚ ਅਸਫਲ ਰਹੀ ਹੈ। ਇਸ ਲਈ ਕਾਨੂੰਨੀ ਸਿਧਾਂਤਾਂ ਦੇ ਤਹਿਤ ਮੁਲਜ਼ਮ ਨੂੰ ਸੰਦੇਹ ਦਾ ਲਾਭ ਦਿੰਦੇ ਹੋਏ ਬਾਇੱਜ਼ਤ ਬਰੀ ਕੀਤਾ ਜਾਂਦਾ ਹੈ।ਇਸ ਫੈਸਲੇ ਨਾਲ ਲਖਵਿੰਦਰ ਸਿੰਘ ਅਤੇ ਉਸਦੇ ਪਰਿਵਾਰ ਨੂੰ ਵੱਡੀ ਰਾਹਤ ਮਿਲੀ ਹੈ।

# ਮੁਫ਼ਤ ਬਨਾਵਟੀ ਅੰਗ ਕੈਂਪ 22 ਨੂੰ

ਸਮਾਣਾ, 19 ਮਾਰਚ (ਵਿਜੇ ਕੁਮਾਰ) : ਨਾਰਾਇਣ ਸੇਵਾ ਸੰਸਥਾਨ ਅਤੇ ਸਮਾਣਾ ਭੰਡਾਰਾ ਕਮੇਟੀ ਵੱਲੋਂ ਸਮਾਜ ਸੇਵਾ ਦੇ ਤਹਿਤ ਇੱਕ ਵਿਸ਼ੇਸ਼ ਮੁਫ਼ਤ ਕੈਂਪ ਬਨਾਵਟੀ ਅੰਗ ਲਗਾਉਣ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਕੈਂਪ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਧਾਨ ਫ਼ਕੀਰ ਚੰਦ ਬਾਂਸਲ, ਵਾਈਸ ਪ੍ਰਧਾਨ ਸ਼ਿਵ ਨਰਾਇਣ ਗਰਗ, ਸਰਪ੍ਰਸਤ ਵਿਨੋਦ ਕੁਮਾਰ ਨੇ ਦੱਸਿਆ ਕਿ ਇਸ ਕੈਂਪ ਵਿੱਚ ਅੰਗ-ਵੀਹੀਣ ਅਤੇ ਦਿਵਿਆਂਗ ਲੋਕਾਂ ਲਈ ਕ੍ਰਿਤ੍ਰਿਮ ਅੰਗ (ਬਨਾਵਟੀ) ਮੁਹੱਈਆ ਕਰਵਾਏ ਜਾਣਗੇ।ਇਹ ਕੈਂਪ 22 ਮਾਰਚ ਦਿਨ ਐਤਵਾਰ ਨੂੰ ਸਵੇਰੇ 10 ਵਜੇ ਤੋਂ ਸਤੀ ਮੰਦਰ, ਨੇੜੇ ਬੱਸ ਸਟੈਂਡ, ਘੱਗਾ ਰੋਡ, ਸਮਾਣਾ ਵਿਖੇ ਲਗਾਇਆ ਜਾਵੇਗਾ। ਸੰਸਥਾ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਕੈਂਪ ਵਿੱਚ ਲੋੜਵੰਦ ਮਰੀਜ਼ਾਂ ਦੀ ਜਾਂਚ ਕਰਕੇ ਉਨ੍ਹਾਂ ਨੂੰ ਮੁਫ਼ਤ ਕ੍ਰਿਤ੍ਰਿਮ ਅੰਗ ਲਗਾਏ ਜਾਣਗੇ। ਇਲਾਜ ਅਤੇ ਸਹਾਇਤਾ ਦੀ ਸਾਰੀ ਸੇਵਾ ਬਿਲਕੁਲ ਮੁਫ਼ਤ ਹੋਵੇਗੀ। ਆਯੋਜਕਾਂ ਨੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜਿਨ੍ਹਾਂ ਨੂੰ ਇਸ ਸਹੂਲਤ ਦੀ ਲੋੜ ਹੈ ਉਹ ਸਮੇਂ ਸਿਰ ਪਹੁੰਚ ਕੇ ਲਾਭ ਲੈਣ ਅਤੇ ਆਧਾਰ ਕਾਰਡ ਜਾ ਕੋਈ ਹੋਰ ਸ਼ਨਾਖਤ ਦਸਤਾਵੇਜ਼ ਲੈ ਕੇ ਆਉਣ, ਹੋਰ ਜਾਣਕਾਰੀ ਲਈ ਸੰਪਰਕ ਨੰਬਰ 90411-41412 ਅਤੇ 92164-00645 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਮੋਦੀ ਕਾਲਜ ਵਿਖੇ ਭਗਤ ਸਿੰਘ ਦੇ ਸ਼ਹੀਦੀ ਦਿਹਾੜੇ 'ਤੇ ਵਿਸ਼ਵ ਰੰਗਮੰਚ ਦਿਹਾੜੇ ਨੂੰ ਸਮਰਪਿਤ ਸਮਾਗਮ



ਪਟਿਆਲਾ, 19 ਮਾਰਚ (ਰੁਪਾਣਾ) : ਸਥਾਨਕ ਮੁਲਤਾਨੀ ਮੱਲ ਮੋਦੀ ਕਾਲਜ, ਪਟਿਆਲਾ ਦੇ ਪੋਸਟ-ਗ੍ਰੈਜੂਏਟ ਪੰਜਾਬੀ ਵਿਭਾਗ ਵੱਲੋਂ ਗਠਿਤ 'ਪੰਜਾਬੀ ਸਾਹਿਤ ਸਭਾ' ਦੇ ਸਹਿਯੋਗ ਨਾਲ ਭਗਤ ਸਿੰਘ ਦੇ ਸ਼ਹੀਦੀ ਦਿਹਾੜੇ ਅਤੇ ਵਿਸ਼ਵ ਰੰਗਮੰਚ ਦਿਹਾੜੇ ਮੌਕੇ ਕਾਲਜ ਦੇ ਵਿਦਿਆਰਥੀਆਂ ਵਿੱਚ ਸਾਹਿਤਕ ਰੁਚੀਆਂ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ 18 ਮਾਰਚ ਨੂੰ ਸਾਹਿਤਕ ਗੋਸ਼ਟੀ ਦਾ ਆਯੋਜਨ ਅਤੇ ਨਾਟਕ 'ਸਾਇਆ' ਦਾ ਮੰਚਨ ਕੀਤਾ ਗਿਆ।ਇਸ ਸਾਹਿਤਕ ਗੋਸ਼ਟੀ ਵਿੱਚ ਪੰਜਾਬੀ ਵਿਭਾਗ ਸਮੇਤ ਵੱਖ-ਵੱਖ ਵਿਭਾਗਾਂ ਦੇ ਸਾਹਿਤ ਅਤੇ ਕਲਾ ਵਿੱਚ ਰੁਚੀ ਰੱਖਣ ਵਾਲੇ ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਨੀਰਜ ਗੋਇਲ ਨੇ ਭਗਤ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਾਹਮਣੇ ਰੱਖ ਕੇ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ। ਉਹਨਾਂ ਨਾਟਕ ਪੇਸ਼ਕਾਰੀ ਦੀ ਪ੍ਰਸ਼ੰਸਾ ਕਰਦਿਆਂ ਵਿਸ਼ਵ ਪੱਧਰ 'ਤੇ ਨਾਟਕ ਦੀ ਅਹਿਮੀਅਤ ਬਾਰੇ ਵੀ ਵਿਚਾਰ ਸਾਂਝੇ ਕੀਤੇ।ਪੰਜਾਬੀ ਵਿਭਾਗ ਤੋਂ ਥੀਏਟਰ ਦੇ ਇੰਚਾਰਜ ਡਾ. ਦਵਿੰਦਰ ਸਿੰਘ ਦੀ ਅਗਵਾਈ ਵਿਚ ਪ੍ਰੋ. ਕਪਿਲ ਸ਼ਰਮਾ ਅਤੇ ਪ੍ਰੋ. ਗੁਰਵਿੰਦਰ ਸਿੰਘ ਵਲੋਂ ਆਪਣਾ ਲਿਖਿਆ ਅਤੇ ਨਿਰਦੇਸ਼ਿਤ ਕੀਤਾ ਨਾਟਕ 'ਸਾਇਆ' ਖੇਡਿਆ ਗਿਆ। ਨਾਟਕ ਦਾ ਥੀਮ ਮਨੁੱਖ ਅੰਦਰ ਛਿਪੀ ਚੰਗਿਆਈ ਅਤੇ ਬੁਰਾਈ ਵਿਚ ਮਨੁੱਖ ਦੇ ਵੱਖ-ਵੱਖ ਕਿਰਦਾਰਾਂ ਉਤੇ ਅਧਾਰਿਤ ਸੀ।ਸਮਾਗਮ ਵਿੱਚ ਕਾਲਜ ਦੇ ਵੱਖੋ-ਵੱਖ ਵਿਭਾਗਾਂ ਤੋਂ ਆਏ ਵਿਦਿਆਰਥੀਆਂ ਨੇ ਆਪਣੀਆਂ ਜਾਂ ਪ੍ਰਚੱਲਿਤ ਸਾਹਿਤਕ ਰਚਨਾਵਾਂ ਦੀ ਪੇਸ਼ਕਾਰੀ ਕੀਤੀ। ਇਸ ਵਿੱਚ ਵਿਦਿਆਰਥੀ ਮੁਕੇਸ਼ ਕੁਮਾਰ, ਰੁਬਨਦੀਪ ਕੌਰ, ਗੁਰਜੰਟ ਸਿੰਘ, ਸਰਵਣ ਸਿੰਘ, ਤਨੂ ਸ਼ਰਮਾ, ਹਰਪ੍ਰੀਤ ਕੌਰ ਨੇ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ। ਮੰਚ ਸੰਚਾਲਨ ਦਾ ਕਾਰਜ 'ਸਾਹਿਤ ਸਭਾ' ਦੇ ਇੰਚਾਰਜ ਡਾ. ਦੀਪਕ ਕੁਮਾਰ ਨੇ ਬਾਖ਼ੂਬੀ ਨਿਭਾਇਆ ਅਤੇ ਸਮੁੱਚੀਆਂ ਰਚਨਾਵਾਂ ਉੱਪਰ ਆਪਣਾ ਪ੍ਰਤੀਕਰਮ ਦਿੰਦਿਆਂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਨਾਲ ਹੀ ਵਿਦਿਆਰਥੀਆਂ ਨੂੰ ਅਗਲੇਰੀਆਂ ਰਚਨਾਵਾਂ ਦੀ ਸਿਰਜਣਾ ਲਈ ਉਸਾਰੂ ਸੁਝਾਅ ਦਿੱਤੇ। ਉਨ੍ਹਾਂ ਨਾਟਕ ਦੀ ਟੀਮ ਨੂੰ ਵੀ ਵਧੀਆ ਪੇਸ਼ਕਾਰੀ ਲਈ ਵਧਾਈ ਦਿੱਤੀ। ਸਮਾਗਮ ਦੇ ਅੰਤ 'ਤੇ ਧੰਨਵਾਦ ਦਾ ਮਤਾ ਡਾ. ਦਵਿੰਦਰ ਸਿੰਘ ਵੱਲੋਂ ਪੇਸ਼ ਕੀਤਾ ਗਿਆ।

# ਅੱਖਾਂ ਦਾ ਚੈੱਕਅਪ ਕੈਂਪ ਲਗਾਇਆ



ਪਟਿਆਲਾ, 19 ਮਾਰਚ (ਚ.ਨ.ਸ.) : ਮਿੱਤਰ ਵੈਲਫੇਅਰ ਕਲੱਬ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਅੱਖਾਂ ਦਾ ਮੁਫਤ ਚੈੱਕਅਪ ਕੈਂਪ ਤ੍ਰਿਪੜੀ ਸਰਕਾਰੀ ਸਾਂਝਾ ਹਾਈ ਸਕੂਲ ਤ੍ਰਿਪੜੀ ਵਿਖੇ ਲਗਾਇਆ ਗਿਆ । ਇਸ ਕੈਂਪ ਵਿੱਚ 300 ਦੇ ਕਰੀਬ ਮਰੀਜ਼ਾਂ ਦਾ ਅੱਖਾਂ ਦਾ ਚੈੱਕਅਪ ਕੀਤਾ ਗਿਆ ਅਤੇ 150 ਦੇ ਕਰੀਬ ਮਰੀਜ਼ਾਂ ਨੂੰ ਦਵਾਈਆਂ ਅਤੇ ਐਨਕਾਂ ਮੁਫਤ ਵੰਡੀਆਂ ਗਈਆਂ। ਇਸ ਕੈਂਪ ਦੌਰਾਨ 27 ਮਰੀਜ਼ਾਂ ਦੇ ਮੋਤੀਆਬਿੰਦ ਦੇ ਮੁਫਤ ਅਪਰੇਸ਼ਨ ਵੀ ਕੀਤੇ ਗਏ। ਇੱਥੇ ਦੱਸਣਯੋਗ ਹੈ ਕਿ ਮਿੱਤਰ ਵੈਲਫੇਅਰ ਕਲੱਬ ਸਮਾਜਿਕ ਗਤੀਵਿਧੀਆਂ ਅਤੇ ਸਮਾਜ ਸੇਵਾ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਂਦਾ ਹੈ। ਇਸ ਕਲੱਬ ਦੀ ਸਥਾਪਨਾ 1993 ਦੇ ਸਰਕਾਰੀ ਸਾਂਝਾਂ ਹਾਈ ਸਕੂਲ ਦੇ ਹੀ ਦਸਵੀਂ ਪਾਸ ਹੋਏ ਵਿਦਿਆਰਥੀਆਂ ਵੱਲੋਂ ਕੀਤੀ ਗਈ ਸੀ ਅਤੇ ਉਸ ਸਮੇਂ ਤੋਂ ਹੀ ਇਹ ਕਲੱਬ ਸਮਾਜ ਸੇਵਾ ਵਿੱਚ ਕਾਰਜਸ਼ੀਲ ਹੈ। ਇਸ ਕੈਂਪ ਦੌਰਾਨ ਮੁੱਖ ਮਹਿਮਾਨ ਦੇ ਤੌਰ 'ਤੇ ਸ. ਮੋਹਨਜੀਤ ਸਿੰਘ ਪਹੁੰਚੇ ਅਤੇ ਇਸ ਤੋਂ ਇਲਾਵਾ ਮੌਕੇ 'ਤੇ ਕਾਲਜ ਦੇ ਪ੍ਰਿੰਸੀਪਲ ਸੰਦੀਪ ਵਰਮਾ ਵੀ ਮੌਜੂਦ ਰਹੇ। ਇਸ ਮੌਕੇ ਕਲੱਬ ਮੈਂਬਰਾਂ ਵਿੱਚ ਅਮਰਿੰਦਰ ਸਿੰਘ, ਹਨੀ ਜੌਹਰ, ਮਹਿੰਦਰ ਪਾਲ ਮਦਾਨ, ਸੁਸ਼ੀਲ ਕੁਮਾਰ ਪ੍ਰਦੀਪ ਕਾਮਰਾ ਵੀ ਮੌਜੂਦ ਸਨ।

# ਐੱਸ.ਜੀ.ਪੀ.ਸੀ. ਮੈਗਾ ਜੌਬ ਫੈਸਟ 'ਚ ਖ਼ਾਲਸਾ ਕਾਲਜ ਦੇ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਪ੍ਰਦਰਸ਼ਨ



ਪਟਿਆਲਾ, 19 ਮਾਰਚ (ਰੁਪਾਣਾ) : ਡਾਇਰੈਕਟੋਰੇਟ ਆਫ਼ ਐਜੂਕੇਸ਼ਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਕਰਵਾਏ ਗਏ 'ਮੈਗਾ ਜੌਬ ਫੈਸਟ-2026' ਵਿੱਚ ਖ਼ਾਲਸਾ ਕਾਲਜ ਪਟਿਆਲਾ ਦੇ ਵਿਦਿਆਰਥੀਆਂ ਨੇ ਆਪਣੀ ਕਾਬਲੀਅਤ ਦਾ ਲੋਹਾ ਮਨਵਾਉਂਦਿਆਂ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਇਸ ਰੁਜ਼ਗਾਰ ਮੇਲੇ ਵਿੱਚ ਕਾਲਜ ਦੇ ਵੱਖ-ਵੱਖ ਵਿਸ਼ਿਆਂ ਦੇ ਯੂ.ਜੀ. ਅਤੇ ਪੀ.ਜੀ. ਅੰਤਿਮ ਸਾਲ ਦੇ 52 ਵਿਦਿਆਰਥੀਆਂ ਦੀ ਨਾਮੀ ਕੰਪਨੀਆਂ ਵਿੱਚ ਚੋਣ ਹੋਈ ਹੈ। ਇਸ ਜੌਬ ਫੈਸਟ ਵਿੱਚ ਬੈਂਕਿੰਗ, ਆਈ.ਟੀ., ਮੈਨੂਫੈਕਚਰਿੰਗ ਅਤੇ ਸਰਵਿਸ ਸੈਕਟਰ ਦੀਆਂ 24 ਪ੍ਰਮੁੱਖ ਕੰਪਨੀਆਂ ਨੇ ਸ਼ਿਰਕਤ ਕੀਤੀ, ਜਿਨ੍ਹਾਂ ਵਿੱਚ ਆਈ.ਸੀ.ਆਈ.ਸੀ.ਆਈ. ਬੈਂਕ, ਐਕਸਿਸ ਬੈਂਕ, ਇਕੁਇਟਾਸ ਸਮਾਲ ਫਾਈਨਾਂਸ ਬੈਂਕ, ਸ੍ਰੀਰਾਮ ਗਰੁੱਪ, ਐੱਚ.ਡੀ.ਬੀ. ਫਾਈਨੈਂਸ਼ੀਅਲ ਸਰਵਿਸਿਜ਼, ਬਜਾਜ ਲਾਈਫ ਇੰਸ਼ੋਰੈਂਸ, ਟੈਕਕੈਡ, ਐਕਸੀਲੈਂਸ ਟੈਕਨਾਲੋਜੀ, ਵਰਧਮਾਨ ਸਪੈਸ਼ਲ ਸਟੀਲ ਅਤੇ ਸਾਂਝੀ ਸਿੱਖਿਆ ਫਾਊਂਡੇਸ਼ਨ ਵਰਗੇ ਵੱਡੇ ਨਾਂ ਸ਼ਾਮਲ ਸਨ। ਇਨ੍ਹਾਂ ਕੰਪਨੀਆਂ ਵੱਲੋਂ ਵਿਦਿਆਰਥੀਆਂ ਨੂੰ ਵਿਭਿੰਨ ਅਹੁਦਿਆਂ ਲਈ ਚੁਣਿਆ ਗਿਆ। ਸ਼੍ਰੋਮਣੀ ਕਮੇਟੀ ਦੇ ਵਿਦਿਅਕ ਸਕੱਤਰ ਸ. ਸੁਖਮਿੰਦਰ ਸਿੰਘ ਨੇ ਵਿਦਿਆਰਥੀਆਂ ਦੀ ਕਾਰਗੁਜ਼ਾਰੀ ਦੀ ਸ਼ਲਾਘਾ ਕਰਦਿਆਂ ਸਮਾਗਮ ਦੀ ਸਫਲਤਾ 'ਤੇ ਖੁਸ਼ੀ ਦਾ ਪ੍ਰਗਟਾਵਾ ਕੀਤਾ। ਕਾਲਜ ਦੇ ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉੱਭਾ ਨੇ ਚੁਣੇ ਗਏ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਇਹ ਪਲੇਸਮੈਂਟ ਡਰਾਈਵ ਵਿਦਿਆਰਥੀਆਂ ਨੂੰ ਸਰਬਪੱਖੀ ਸਿੱਖਿਆ ਪ੍ਰਦਾਨ ਕਰਨ ਦੇ ਸਾਡੇ ਮਿਸ਼ਨ ਦਾ ਅਹਿਮ ਹਿੱਸਾ ਹੈ। ਡੀਨ ਪਲੇਸਮੈਂਟ ਡਾ. ਜਸਪ੍ਰੀਤ ਕੌਰ ਨੇ ਵਿਦਿਆਰਥੀਆਂ ਦੀ ਸਫ਼ਲਤਾ ਨੂੰ ਕਾਲਜ ਦੇ ਯੋਜਨਾਬੱਧ ਸਿਖਲਾਈ ਯਤਨਾਂ ਦਾ ਸਿੱਟਾ ਦੱਸਿਆ। ਪਲੇਸਮੈਂਟ ਸੈੱਲ ਦੇ ਕਨਵੀਨਰ ਅਤੇ ਟਰੇਨਿੰਗ ਤੇ ਪਲੇਸਮੈਂਟ ਅਫਸਰ ਡਾ. ਨਵਦੀਪ ਕੌਰ ਨੇ ਵੀ ਚੁਣੇ ਗਏ ਉਮੀਦਵਾਰਾਂ ਨੂੰ ਸੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਵਿਦਿਆਰਥੀਆਂ ਦੀ ਅਗਵਾਈ ਅਤੇ ਤਾਲਮੇਲ ਲਈ ਡਾ. ਨਵਦੀਪ ਕੌਰ ਦੇ ਨਾਲ ਪ੍ਰੋ. ਰਾਸ਼ੀ ਬੰਸਲ, ਪ੍ਰੋ. ਸਤਵੀਰ ਕੌਰ, ਪ੍ਰੋ. ਪਰਮਜੀਤ ਸਿੰਘ ਅਤੇ ਪ੍ਰੋ. ਅਰੁਣਾ ਜੈਸਵਾਲ ਵੀ ਹਾਜ਼ਰ ਸਨ।



# ਪਟਿਆਲਾ-ਆਸ/ਪਾਸ



# ਚੇਤ ਦੇ ਪਹਿਲੇ ਨਵਰਾਤਰੇ 'ਤੇ ਮਨੀਸ਼ ਸਿਸੋਦੀਆ ਨੇ ਸਿਹਤ ਮੰਤਰੀ ਨਾਲ ਮਾਤਾ ਸ੍ਰੀ ਕਾਲੀ ਦੇਵੀ ਜੀ ਦਾ ਲਿਆ ਅਸ਼ੀਰਵਾਦ

### ➢ਮੰਦਰ ਨਿਰਮਾਣ ਕਾਰਜਾਂ ਦਾ ਸਿਸੋਦੀਆ ਤੇ ਡਾ.ਬਲਬੀਰ ਸਿੰਘ ਵੱਲੋਂ ਜਾਇਜ਼ਾ



ਪਟਿਆਲਾ, 19 ਮਾਰਚ (ਰੁਪਾਣਾ/ਵਿਨੋਦ ਸ਼ਰਮਾ/ਅਮਰਜੀਤ) : ਚੇਤ ਦੇ ਪਹਿਲੇ ਨਵਰਾਤਰੇ ਦੇ ਪਾਵਨ ਅਵਸਰ 'ਤੇ ਆਮ ਆਦਮੀ ਪਾਰਟੀ ਦੇ ਪੰਜਾਬ ਮਾਮਲਿਆਂ ਦੇ ਇੰਚਾਰਜ ਸ੍ਰੀ ਮਨੀਸ਼ ਸਿਸੋਦੀਆ ਨੇ ਪਟਿਆਲਾ ਦੇ ਪ੍ਰਸਿੱਧ ਮੰਦਿਰ ਮਾਤਾ ਸ੍ਰੀ ਕਾਲੀ ਦੇਵੀ ਵਿਖੇ ਆਪਣੇ ਪਰਿਵਾਰ ਸਮੇਤ ਮੱਥਾ ਟੇਕਿਆ। ਉਨ੍ਹਾਂ ਦੇ ਨਾਲ ਸੂਬੇ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੀ ਮੌਜੂਦ ਸਨ। ਇਸ ਮੌਕੇ ਉਨ੍ਹਾਂ ਨੇ ਨਵਰਾਤਰੇ ਦੀਆਂ ਸਮੂਹ ਸ਼ਰਧਾਲੂਆਂ ਨੂੰ ਲੱਖ-ਲੱਖ ਵਧਾਈਆਂ ਦਿੰਦਿਆਂ ਸਾਰੇ ਦੇਸ਼ ਵਾਸੀਆਂ ਲਈ ਖੁਸ਼ਹਾਲੀ, ਸ਼ਾਂਤੀ ਅਤੇ ਤਰੱਕੀ ਦੀ ਕਾਮਨਾ ਕੀਤੀ। ਸ੍ਰੀ ਮਨੀਸ਼ ਸਿਸੋਦੀਆ ਨੇ ਕਿਹਾ ਕਿ ਉਹ ਆਪਣੇ ਆਪ ਨੂੰ ਖੁਸ਼ਕਿਸਮਤ ਸਮਝਦੇ ਹਨ ਕਿ ਉਨ੍ਹਾਂ ਨੂੰ ਚੇਤ ਦੇ ਪਹਿਲੇ ਨਵਰਾਤਰ 'ਤੇ ਇਸ ਪ੍ਰਾਚੀਨ ਅਤੇ ਧਾਰਮਿਕ ਮਹੱਤਤਾ ਵਾਲੇ ਮੰਦਰ ਵਿੱਚ ਦਰਸ਼ਨ ਕਰਨ ਦਾ ਮੌਕਾ ਮਿਲਿਆ। ਉਨ੍ਹਾਂ ਨੇ ਮੰਦਰ ਵਿੱਚ ਹਵਨ ਵੀ ਕੀਤਾ ਅਤੇ ਕਿਹਾ ਕਿ ਇਸ ਪਵਿੱਤਰ ਸਥਾਨ 'ਤੇ ਆ ਕੇ ਉਨ੍ਹਾਂ ਨੂੰ ਆਤਮਿਕ ਸ਼ਾਂਤੀ ਅਤੇ ਨਵੀਂ ਊਰਜਾ ਪ੍ਰਾਪਤ ਹੋਈ ਹੈ। ਉਨ੍ਹਾਂ ਨੇ ਦੇਸ਼ ਦੀ ਖੁਸ਼ਹਾਲੀ ਅਤੇ ਲੋਕਾਂ ਦੀ ਭਲਾਈ ਲਈ ਪ੍ਰਾਰਥਨਾ ਕਰਦਿਆਂ ਕਿਹਾ ਕਿ ਜਦੋਂ ਤੱਕ ਮਾਤਾ ਦੀ ਅਸੀਸ ਸਾਡੇ ਸਿਰ 'ਤੇ ਹੈ, ਕੋਈ ਵੀ ਤਾਕਤ ਸਾਡੇ ਦੇਸ਼ ਦਾ ਕੁਝ ਵੀ ਵਿਗਾੜ ਨਹੀਂ ਸਕਦੀ। ਉਨ੍ਹਾਂ ਨੇ ਲੋਕਾਂ ਨੂੰ ਆਪਸੀ ਇਕਤਾ ਅਤੇ ਭਾਈਚਾਰੇ ਨਾਲ ਰਹਿਣ ਦਾ ਸੰਦੇਸ਼ ਵੀ ਦਿੱਤਾ। ਇਸ ਦੌਰਾਨ ਉਨ੍ਹਾਂ ਨੇ ਸਿਹਤ ਮੰਤਰੀ ਡਾ. ਬਲਬੀਰ ਸਿੰਘ, ਮੇਅਰ ਕੁੰਦਨ ਗੋਗੀਆ, ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨਾਲ ਮੰਦਰ ਵਿੱਚ ਚੱਲ ਰਹੇ ਨਿਰਮਾਣ ਕਾਰਜਾਂ ਦਾ ਵੀ ਜਾਇਜ਼ਾ ਲਿਆ। ਉਨ੍ਹਾਂ ਨੇ ਕਿਹਾ ਕਿ ਪੂਰੇ ਦੇਸ਼ ਵਿੱਚ ਇਸ ਮੰਦਰ ਦੀ ਵੱਡੀ ਮਾਨਤਾ ਹੈ ਅਤੇ ਇਹ ਸਥਾਨ ਸ਼ਰਧਾਲੂਆਂ ਲਈ ਵਿਸ਼ੇਸ਼ ਆਸਥਾ ਦਾ ਕੇਂਦਰ ਹੈ। ਉਨ੍ਹਾਂ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਮੰਦਰ ਦੇ ਵਿਕਾਸ ਲਈ ਨਿਰਮਾਣ ਕਾਰਜ ਜਾਰੀ ਹਨ। ਸਨਾਤਨ ਧਰਮ ਵਿੱਚ ਨਿਮਰਤਾ ਅਤੇ ਸੇਵਾ ਦੀ ਭਾਵਨਾ ਸਭ ਤੋਂ ਵੱਡੀ ਹੈ ਅਤੇ ਅਹੰਕਾਰ ਲਈ ਕੋਈ ਥਾਂ ਨਹੀਂ ਹੈ। ਉਨ੍ਹਾਂ ਨੇ ਇਹ ਵੀ ਕਿਹਾ ਕਿ ਜੇਕਰ ਉਨ੍ਹਾਂ ਨੂੰ ਭਵਿੱਖ ਵਿੱਚ ਕਿਸੇ ਹੋਰ ਮੰਦਰ ਦੇ ਨਿਰਮਾਣ ਜਾਂ ਸੇਵਾ ਦਾ ਮੌਕਾ ਮਿਲਦਾ ਹੈ ਤਾਂ ਉਹ ਇਸ ਨੂੰ ਵੀ ਪੂਰੀ ਸ਼ਰਧਾ ਨਾਲ ਨਿਭਾਉਣਗੇ। ਇਸ ਮੌਕੇ ਉਨ੍ਹਾਂ ਦੇ ਨਾਲ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ, ਮੇਅਰ ਕੁੰਦਨ ਗੋਗੀਆ, ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਹਰਪਾਲ ਸਿੰਘ ਵਿਰਕ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਤੇਜਿੰਦਰ ਮਹਿਤਾ, ਮੰਦਰ ਐਡਵਾਈਜ਼ਰੀ ਮੈਨੇਜਿੰਗ ਕਮੇਟੀ ਦੇ ਮੈਂਬਰ ਸੀ ਏ ਅਜੇ ਅਲੀਪੁਰੀਆ, ਸੰਜੇ ਸਿੰਗਲਾ ਤੇ ਡਾ ਰਾਜ ਕੁਮਾਰ, ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਅਤੇ ਵਧੀਕ ਡਿਪਟੀ ਕਮਿਸ਼ਨਰ ਸਿਮਰਪ੍ਰੀਤ ਕੌਰ ਸਮੇਤ ਹੋਰ ਸ਼ਖ਼ਸੀਅਤਾਂ ਮੌਜੂਦ ਸਨ।

## ਅਜੀਤਪਾਲ ਸਿੰਘ ਕੋਹਲੀ ਤੇ ਚੇਤਨ ਸਿੰਘ ਜੌੜਾਮਾਜਰਾ ਵੱਲੋਂ ਨਿਊ ਖੇੜੀ ਦੀਆਂ ਨਵੀਆਂ ਗਲ਼ੀਆਂ ਦਾ ਉਦਘਾਟਨ



ਪਟਿਆਲਾ, 19 ਮਾਰਚ (ਰੁਪਾਣਾ) : ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਵਿਕਾਸ ਕਾਰਜਾਂ ਨੂੰ ਹੋਰ ਤੇਜ਼ੀ ਦੇਣ ਦੇ ਉਦੇਸ਼ ਨਾਲ ਪਟਿਆਲਾ ਸ਼ਹਿਰੀ ਹਲਕੇ ਦੇ ਵਿਧਾਇਕ ਅਜੀਤ ਪਾਲ ਸਿੰਘ ਕੋਹਲੀ ਵੱਲੋਂ ਗ੍ਰਾਮ ਪੰਚਾਇਤ ਨਿਊ ਖੇੜੀ ਵਿੱਚ ਨਵੀਂ ਤਿਆਰ ਹੋਈਆਂ ਗਲੀਆਂ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਸਮਾਣਾ ਦੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਓਹਨਾਂ ਸਰਬਸਮਤੀ ਨਾਲ 5 ਲੱਖ ਰੁਪਏ ਵਿਕਾਸ ਕਾਰਜ ਲਈ ਲੋਕ ਅਰਪਿਤ ਕੀਤੇ। ਇਹ ਵਿਕਾਸ ਕਾਰਜ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਦੇ ਸਹਿਯੋਗ ਨਾਲ ਸਫਲਤਾਪੂਰਵਕ ਪੂਰੇ ਕੀਤੇ ਗਏ ਹਨ, ਜਿਸ ਨਾਲ ਪਿੰਡ ਦੇ ਵਸਨੀਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਪ੍ਰਦਾਨ ਹੋਣਗੀਆਂ। ਵਿਧਾਇਕ ਅਜੀਤ ਪਾਲ ਸਿੰਘ ਕੋਹਲੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਵਿਕਾਸ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ ਅਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਵਿਕਾਸ ਕਾਰਜ ਜਾਰੀ ਰਹਿਣਗੇ, ਤਾਂ ਜੋ ਲੋਕਾਂ ਨੂੰ ਸੁਵਿਧਾਵਾਂ ਵਿੱਚ ਕੋਈ ਕਮੀ ਨਾ ਆਵੇ। ਇਸ ਮੌਕੇ ਪਿੰਡ ਦੇ ਸਰਪੰਚ ਬਲਵਿੰਦਰਜੀਤ ਸਿੰਘ ਸੰਧੂ, ਬੀ.ਡੀ.ਪੀ.ਓ ਪਟਿਆਲਾ ਹਰਮਿੰਦਰ ਸਿੰਘ, ਜੇ.ਈ ਨਿਤਿਨ ਗੋਇਲ, ਪੰਚਾਇਤ ਸਕੱਤਰ ਗੁਰਦੀਪ ਸਿੰਘ ਧਾਲੀਵਾਲ, ਪੰਚ ਪਰਮਜੀਤ ਸਿੰਘ, ਜਸਵੰਤ ਸਿੰਘ, ਬਲਜੀਤ ਸਿੰਘ, ਇੰਦਰਜੀਤ ਸਿੰਘ, ਨੀਧੀ ਖੋਸਲਾ, ਜਸਲੀਨ ਕੌਰ, ਦਮਨਪ੍ਰੀਤ ਕੌਰ, ਸ਼ੀਨੂ ਗਰਗ, ਚੀਮਨਾ ਰਾਣੀ ਮੌਜੂਦ ਸਨ।

## ਡਾ. ਬੀ. ਐੱਸ. ਸੰਧੂ ਸਕੂਲ 'ਚ ਨੰਨ੍ਹੇ-ਮੁੰਨੇ ਬੱਚਿਆਂ ਲਈ ਗ੍ਰੈਜੂਏਸ਼ਨ ਸਮਾਰੋਹ



ਦੇਵੀਗੜ੍ਹ, 19 ਮਾਰਚ (ਗੁਰਜੀਤ ਸਿੰਘ ਢੋਟ) : ਡਾ. ਬੀ. ਐੱਸ. ਸੰਧੂ ਮੈਮੋਰੀਅਲ ਪਬਲਿਕ ਸਕੂਲ, ਘੜਾਮ ਰੋਡ, ਜੁਲਾਹ ਖੇੜੀ ਵਿਖੇ ਪ੍ਰੀ-2 ਜਮਾਤ ਦੇ ਨੰਨ੍ਹੇ-ਮੁੰਨੇ ਵਿਦਿਆਰਥੀਆਂ ਲਈ ਗ੍ਰੈਜੂਏਸ਼ਨ ਸਮਾਰੋਹ ਬੜੀ ਧੂਮ-ਧਾਮ ਨਾਲ ਮਨਾਇਆ ਗਿਆ। ਇਹ ਸਮਾਗਮ ਬੱਚਿਆਂ ਦੀ ਮੁੱਢਲੀ ਸਿੱਖਿਆ ਦੇ ਪੜਾਅ ਨੂੰ ਸਫਲਤਾਪੂਰਵਕ ਪੂਰਾ ਕਰਨ ਦੀ ਖੁਸ਼ੀ ਵਿੱਚ ਆਯੋਜਿਤ ਕੀਤਾ ਗਿਆ ਸੀ। ਇਸ ਮੌਕੇ ਸਕੂਲ ਦੇ ਚੇਅਰਮੈਨ ਸ. ਹਰਦੀਪ ਸਿੰਘ ਸੰਧੂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਬਚਪਨ ਦੀ ਸਿੱਖਿਆ ਹੀ ਬੱਚੇ ਦੇ ਉੱਜਵਲ ਭਵਿੱਖ ਦੀ ਨੀਂਹ ਹੁੰਦੀ ਹੈ ਅਤੇ ਸਕੂਲ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਹਮੇਸ਼ਾ ਤਤਪਰ ਹੈ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸ਼੍ਰੀਮਤੀ ਰਜਿੰਦਰ ਕੌਰ ਸੰਧੂ ਨੇ ਬੱਚਿਆਂ ਦੀਆਂ ਪ੍ਰਾਪਤੀਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇਨ੍ਹਾਂ ਨੰਨ੍ਹੇ ਸਿਤਾਰਿਆਂ ਦਾ ਉਤਸ਼ਾਹ ਦੇਖ ਕੇ ਬਹੁਤ ਖੁਸ਼ੀ ਹੁੰਦੀ ਹੈ ਅਤੇ ਸਕੂਲ ਦਾ ਉਦੇਸ਼ ਇਨ੍ਹਾਂ ਨੂੰ ਵਧੀਆ ਸੰਸਕਾਰ ਅਤੇ ਉੱਚ ਪੱਧਰੀ ਸਿੱਖਿਆ ਪ੍ਰਦਾਨ ਕਰਨਾ ਹੈ। ਸਮਾਗਮ ਦੌਰਾਨ ਬੱਚਿਆਂ ਨੂੰ ਡਿਗਰੀਆਂ ਅਤੇ ਸਰਟੀਫਿਕੇਟ ਵੰਡੇ ਗਏ। ਸਕੂਲ ਦੀ ਪ੍ਰਿੰਸੀਪਲ ਤਰਨਦੀਪ ਕੌਰ ਅਰੋੜਾ ਨੇ ਕਿਹਾ ਕਿ ਅੱਜ ਸਾਡੇ ਬੱਚੇ ਆਪਣੀ ਸਿੱਖਿਆ ਦੇ ਪਹਿਲੇ ਪੜਾਅ ਨੂੰ ਪੂਰਾ ਕਰਕੇ ਪ੍ਰਾਇਮਰੀ ਜਮਾਤਾਂ ਵਿੱਚ ਪ੍ਰਵੇਸ਼ ਕਰ ਰਹੇ ਹਨ। ਅਸੀਂ ਉਨ੍ਹਾਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕਰਦੇ ਹਾਂ। ਇਸ ਮੌਕੇ ਵਿਦਿਆਰਥੀਆਂ ਵੱਲੋਂ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ, ਜਿਸ ਵਿੱਚ ਉਨ੍ਹਾਂ ਨੇ ਗੀਤਾਂ ਅਤੇ ਕਵਿਤਾਵਾਂ ਰਾਹੀਂ ਸਭ ਦਾ ਮਨ ਮੋਹ ਲਿਆ। ਅੰਤ ਵਿੱਚ ਬੱਚਿਆਂ ਨੇ ਆਪਣੀਆਂ 'ਗ੍ਰੈਜੂਏਸ਼ਨ ਕੈਪਸ' ਹਵਾ ਵਿੱਚ ਉਛਾਲ ਕੇ ਆਪਣੀ ਖੁਸ਼ੀ ਦਾ ਇਜ਼ਹਾਰ ਕੀਤਾ।

## ਹਲਕਾ ਸਮਾਣਾ ਤੋਂ ਜਗਮੀਤ ਸਿੰਘ ਹਰਿਆਊ ਹੋਣਗੇ ਪਾਰਟੀ ਉਮੀਦਵਾਰ : ਸੁਖਬੀਰ ਸਿੰਘ ਬਾਦਲ

### ਅਕਾਲੀ ਦਲ ਬਾਦਲ ਦੀ 'ਪੰਜਾਬ ਬਚਾਓ' ਰੈਲੀ 'ਚ ਲੋਕਾਂ ਦੇ ਵੱਡੇ ਇਕੱਠ ਨੇ ਨਵਾਂ ਰਿਕਾਰਡ ਕਾਇਮ ਕੀਤਾ



ਸਮਾਣਾ, 19 ਮਾਰਚ (ਵਿਜੇ ਕੁਮਾਰ/ਜਸਵਿੰਦਰ/ਸੁਖਜਿੰਦਰ/ਅਮਿਤ) : ਸਮਾਣਾ ਦੀ ਅਨਾਜ ਮੰਡੀ ਵਿਖੇ ਵੀਰਵਾਰ ਨੂੰ ਹਲਕਾ ਇੰਚਾਰਜ ਜਗਮੀਤ ਸਿੰਘ ਹਰਿਆਊ ਵੱਲੋਂ ਪੰਜਾਬ ਬਚਾਓ ਰੈਲੀ ਦਾ ਆਯੋਜਨ ਕੀਤਾ ਗਿਆ। ਇਸ ਰੈਲੀ 'ਚ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ, ਖਜ਼ਾਨਚੀ ਐਨ.ਕੇ. ਸ਼ਰਮਾ, ਯੂਥ ਆਗੂ ਸਰਬਜੀਤ ਸਿੰਘ ਝਿੰਜਰ, ਕੁਲਦੀਪ ਸਿੰਘ ਨੱਸੂਪੁਰ, ਅਮਰਜੀਤ ਸਿੰਘ ਟੋਡਰਪੁਰ, ਕਬੀਰ ਦਾਸ, ਅਮਰਜੀਤ ਸਿੰਘ ਪੰਜਰਥ, ਕੌਮੀ ਪ੍ਰਧਾਨ ਲਖਬੀਰ ਸਿੰਘ ਲੌਟ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਪੰਜਾਬ ਬਚਾਓ ਰੈਲੀ ਨੂੰ ਸੰਬੋਧਨ ਕਰਦਿਆਂ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਮਰਹੂਮ ਪ੍ਰਕਾਸ਼ ਸਿੰਘ ਬਾਦਲ ਨੇ ਆਪਣੇ ਲੰਮੇ ਕਾਰਜਕਾਲ ਦੌਰਾਨ ਪੰਜਾਬ ਦੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਦੇਣ ਲਈ ਦਿਨ ਰਾਤ ਕੰਮ ਕਰਕੇ ਹਸਪਤਾਲ, ਸੜਕਾਂ, ਸਕੂਲ, ਮੰਡੀਆਂ, ਵਾਧੂ ਬਿਜਲੀ ਪਾਣੀ ਥਰਮਲ, ਨਹਿਰੀ ਪਾਣੀ, ਲੋੜਵੰਦਾਂ ਨੂੰ ਰਾਸ਼ਨ, ਸ਼ਗਨ ਸਕੀਮਾਂ ਆਦਿ ਬਣਾਈਆਂ ਤੇ ਲਾਗੂ ਕੀਤੀਆਂ, ਪਰ ਪਿਛਲੇ 10 ਸਾਲਾਂ 'ਚ ਜੋ ਸਰਕਾਰਾਂ ਬਣੀਆਂ ਉਹਨਾਂ ਸਰਕਾਰਾਂ ਨੇ ਇਮਾਰਤਾਂ ਤੇ ਰੰਗ ਰੋਗਨ ਕਰਕੇ ਸਿੱਖਿਆ ਕ੍ਰਾਂਤੀ, ਸਿਹਤ ਸਹੂਲਤਾਂ, ਖੇਤਾਂ ਲਈ ਨਹਿਰੀ ਪਾਣੀ, ਦਿਨ ਸਮੇਂ ਤੇ ਮੁਫਤ ਬਿਜਲੀ ਆਦਿ ਸਹੂਲਤਾ ਦੇਣ ਦਾ ਸਿਹਰਾ ਆਪਣੇ ਸਿਰ ਲੈ ਕੇ ਵਾਹ-ਵਾਹ ਖੱਟਣ ਦੀ ਕੋਸ਼ਿਸ਼ ਕਰਨ ਲੱਗੇ ਹੋਏ ਹਨ, ਜਦੋਂ ਕਿ ਉਕਤ ਇਹ ਕੰਮ ਸ਼੍ਰੋਮਣੀ ਅਕਾਲੀ ਦਲ ਵੱਲੋਂ ਕਰਵਾਏ ਗਏ ਸਨ। ਉਹਨਾਂ ਅੱਗੇ ਪਾਣੀ ਦਾ ਹੱਕ ਵੱਗਦੇ ਦਰਿਆਵਾਂ ਵਾਲੇ ਸੂਬੇ ਦਾ ਹੋਣ ਦੀ ਗੱਲ ਕਰਦਿਆਂ ਦੱਸਿਆ ਕਿ ਕਾਂਗਰਸ ਨੇ ਆਪਣੇ ਰਾਜ ਦੌਰਾਨ ਰਾਜਸਥਾਨ ਸਟੇਟ 'ਚ ਸੱਤਾ ਹਾਸਲ ਕਰਨ ਲਈ ਪੰਜਾਬ ਦਾ ਅੱਧਾ ਪਾਣੀ ਰਾਜਸਥਾਨ ਨੂੰ ਦੇ ਦਿੱਤਾ। ਉਹਨਾਂ ਆਖਿਰ ਵਿੱਚ ਸਾਬਕਾ ਵਿਧਾਇਕ ਤੇ ਮੰਤਰੀ ਦੀ ਆਲੋਚਨਾ ਕਰਦਿਆਂ ਕਿਹਾ ਕਿ ਜੋ ਵਿਅਕਤੀ ਪਾਰਟੀ ਦੀ ਵਫਾਦਾਰ ਨਹੀਂ ਹੋਇਆ ਉਹ ਕਿਸੇ ਦਾ ਕੀ ਹੋਵੇਗਾ? ਉਹਨਾਂ ਆਗਾਮੀ ਚੋਣਾ 'ਚ ਜਗਮੀਤ ਸਿੰਘ ਹਰਿਆਊ ਨੂੰ ਹਲਕਾ ਸਮਾਣਾ ਦਾ ਉਮੀਦਵਾਰ ਐਲਾਨ ਕੇ ਉਸ ਨੂੰ ਵੱਧ ਤੋਂ ਵੱਧ ਵੋਟਾਂ ਨਾਲ ਜਿਤਾਉਣ ਦੀ ਅਪੀਲ ਕੀਤੀ। ਇਸ ਮੌਕੇ ਸ: ਹਰਿਆਊ ਨੇ ਇਕੱਠ 'ਚ ਆਏ ਲੋਕਾਂ ਦਾ ਧੰਨਵਾਦ ਕਰਦਿਆਂ ਪਾਰਟੀ ਪ੍ਰਧਾਨ ਨੂੰ ਹਲਕੇ ਦੇ ਹੋਣ ਵਾਲੇ ਜ਼ਰੂਰੀ ਕੰਮਾਂ ਬਾਰੇ ਜਾਣੂੰ ਕਰਵਾਇਆ।

## ਟਾਵਰ ਮੋਰਚਾ ਦੀ ਸੰਗਤ ਵੱਲੋਂ ਸੁਖਬੀਰ ਸਿੰਘ ਬਾਦਲ ਨੂੰ ਘੇਰਨ ਦੀ ਕੋਸ਼ਿਸ਼



ਸਮਾਣਾ, 19 ਮਾਰਚ (ਵਿਜੇ ਕੁਮਾਰ) : ਸਮਾਣਾ ਦੀ ਅਨਾਜ ਮੰਡੀ 'ਚ ਵੀਰਵਾਰ ਨੂੰ ਜਦੋਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਰੈਲੀ ਨੂੰ ਸੰਬੋਧਨ ਕਰ ਕੇ ਵਾਪਸ ਜਾ ਰਹੇ ਸਨ, ਤਾਂ ਸਮਾਣਾ ਦੇ ਬਾਬਾ ਬੰਦਾ ਸਿੰਘ ਬਹਾਦਰ ਚੌਕ ਵਿੱਚ ਬੈਠੀਆਂ ਸਿੱਖ ਸੰਗਤਾਂ ਸੁਖਬੀਰ ਸਿੰਘ ਬਾਦਲ ਦੇ ਕਾਫਲੇ ਨੇੜੇ ਪਹੁੰਚਣ ਲੱਗੀਆਂ, ਤਾਂ ਪੁਲਸ ਪ੍ਰਸ਼ਾਸਨ ਦੇ ਸੁਰੱਖਿਆ ਮੁਲਾਜ਼ਮਾਂ ਨੇ ਸੜਕ ਉੱਪਰ ਹੀ ਸਿੱਖ ਸੰਗਤਾਂ ਨੂੰ ਘੇਰਾ ਪਾ ਕੇ ਸੁਖਬੀਰ ਬਾਦਲ ਦੇ ਕਾਫਲੇ ਵੱਲ ਵਧਣ ਤੋਂ ਸਹਿਜਪੁਰਾ ਚੌਕ ਨੇੜੇ ਰੋਕ ਲਿਆ। ਸਿੱਖ ਸੰਗਤਾਂ ਨੇ ਰੋਸ ਜਾਹਰ ਕਰਦਿਆਂ ਸੜਕ ਉੱਪਰ ਹੀ ਧਰਨਾ ਲਗਾ ਕੇ ਸੜਕ 'ਤੇ ਜਾਮ ਲਗਾਉਣ ਉਪਰੰਤ ਸਤਿਨਾਮ ਵਾਹਿਗੁਰੂ ਦਾ ਜਾਪ ਕਰਨਾ ਸ਼ੁਰੂ ਕਰ ਦਿੱਤਾ। ਪੁਲਿਸ ਪ੍ਰਸ਼ਾਸਨ ਨੂੰ ਸੁਖਬੀਰ ਸਿੰਘ ਬਾਦਲ ਦੇ ਕਾਫਲੇ ਨੂੰ ਬਦਲਵੇਂ ਰਸਤੇ ਰਾਹੀਂ ਰਵਾਨਾ ਕਰਨਾ ਪਿਆ।

## ਮੇਅਰ ਕੁੰਦਨ ਗੋਗੀਆ ਵੱਲੋਂ ਨਗਰ ਨਿਗਮ ਦੇ ਬਿਜਲੀ ਸਟੋਰਾਂ ਦਾ ਅਚਨਚੇਤ ਨਿਰੀਖਣ



ਪਟਿਆਲਾ, 19 ਮਾਰਚ (ਰੁਪਾਣਾ) : ਸ਼ਾਹੀ ਸ਼ਹਿਰ ਪਟਿਆਲਾ ਦੀਆਂ ਸੜਕਾਂ ਅਤੇ ਗਲੀਆਂ ਵਿੱਚ ਸਟਰੀਟ ਲਾਈਟਾਂ ਦੀ ਵਿਵਸਥਾ ਨੂੰ ਸੁਚਾਰੂ ਬਣਾਉਣ ਅਤੇ ਰਾਤ ਦੇ ਸਮੇਂ ਸ਼ਹਿਰ ਵਾਸੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਮੇਅਰ ਕੁੰਦਨ ਗੋਗੀਆ ਵੱਲੋਂ ਅੱਜ ਦੁਪਿਹਰ ਨਗਰ ਨਿਗਮ ਦੇ ਵੱਖ-ਵੱਖ ਬਿਜਲੀ ਸਟੋਰਾਂ ਅਤੇ ਲਾਈਟ ਕੰਟਰੋਲ ਪੁਆਇੰਟਾਂ ਦਾ ਅਚਨਚੇਤ ਨਿਰੀਖਣ ਕੀਤਾ ਗਿਆ। ਇਸ ਦੌਰਾਨ ਮੇਅਰ ਨੇ ਉੱਥੇ ਮੌਜੂਦ ਸਟਾਫ਼ ਦੀ ਹਾਜ਼ਰੀ ਚੈੱਕ ਕੀਤੀ ਅਤੇ ਬਿਜਲੀ ਉਪਕਰਨਾਂ ਦੇ ਰੱਖ-ਰਖਾਅ ਦਾ ਜਾਇਜ਼ਾ ਲਿਆ। ਨਿਰੀਖਣ ਦੌਰਾਨ ਮੇਅਰ ਕੁੰਦਨ ਗੋਗੀਆ ਨੇ ਬਿਜਲੀ ਸਟੋਰਾਂ ਵਿੱਚ ਰੱਖੇ ਗਏ ਸ਼ਿਕਾਇਤ ਰਜਿਸਟਰਾਂ ਦੀ ਬਾਰੀਕੀ ਨਾਲ ਜਾਂਚ ਕੀਤੀ। ਉਨ੍ਹਾਂ ਦੇਖਿਆ ਕਿ ਸ਼ਹਿਰ ਵਾਸੀਆਂ ਵੱਲੋਂ ਸਟਰੀਟ ਲਾਈਟਾਂ ਦੇ ਖ਼ਰਾਬ ਹੋਣ ਸਬੰਧੀ ਕਿੰਨੀਆਂ ਸ਼ਿਕਾਇਤਾਂ ਦਰਜ ਹਨ ਅਤੇ ਉਨ੍ਹਾਂ ਵਿੱਚੋਂ ਕਿੰਨੀਆਂ ਦਾ ਨਿਪਟਾਰਾ ਸਮੇਂ ਸਿਰ ਕੀਤਾ ਗਿਆ ਹੈ। ਮੇਅਰ ਨੇ ਅਧਿਕਾਰੀਆਂ ਨੂੰ ਸਖ਼ਤ ਲਹਿਜੇ ਵਿੱਚ ਕਿਹਾ ਕਿ ਲਾਈਟਾਂ ਠੀਕ ਕਰਨ ਵਿੱਚ ਹੋਣ ਵਾਲੀ ਦੇਰੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਹਦਾਇਤ ਕੀਤੀ ਕਿ ਜਿਸ ਵੀ ਇਲਾਕੇ ਤੋਂ ਸ਼ਿਕਾਇਤ ਮਿਲਦੀ ਹੈ, ਉਸ ਨੂੰ 24 ਘੰਟਿਆਂ ਦੇ ਅੰਦਰ-ਅੰਦਰ ਹੱਲ ਕੀਤਾ ਜਾਵੇ। ਉਨ੍ਹਾਂ ਦੱਸਿਆ ਕਿ ਬੀਤੇ ਦਿਨੀਂ ਵਾਰਡ ਨੰਬਰ 30 ਵਿੱਚ ਵੀ ਹਾਲ ਹੀ ਵਿੱਚ 11 ਲੱਖ ਰੁਪਏ ਦੀ ਲਾਗਤ ਨਾਲ ਨਵੀਆਂ ਲਾਈਟਾਂ ਲਗਵਾਈਆਂ ਗਈਆਂ ਹਨ ਅਤੇ ਜਲਦੀ ਹੀ ਸ਼ਹਿਰ ਦੇ ਹੋਰਨਾਂ ਹਿੱਸਿਆਂ ਵਿੱਚ ਵੀ ਖ਼ਰਾਬ ਲਾਈਟਾਂ ਨੂੰ ਬਦਲ ਕੇ ਨਵੀਆਂ ਐੱਲ ਈ ਡੀ ਲਾਈਟਾਂ ਲਗਾਈਆਂ ਜਾਣਗੀਆਂ। ਇਸ ਮੌਕੇ 'ਤੇ ਐਸ ਡੀ ਓ ਸ. ਕਰਮਿੰਦਰ ਸਿੰਘ, ਜੇ.ਈ. ਮੰਦੀਪ ਸਿੰਘ (ਪਟਿ-1), ਜੇ.ਈ. ਗੁਰਪ੍ਰੀਤ ਸਿੰਘ (ਪਟਿ-2) ਅਤੇ ਸਟੋਰ ਇੰਚਾਰਜ ਪਰਵਿੰਦਰ ਵਿਜ ਵੀ ਮੌਜੂਦ ਸਨ।

## ਜਨਹਿੱਤ ਸੰਮਤੀ ਨੇ ਪੋਲੋ ਗਰਾਊਂਡ ਲਈ ਇੱਕ ਰੇਹੜੀ, ਪਾਣੀ ਦਾ ਡਰੰਮ ਤੇ ਹੋਰ ਸਮਾਨ ਦਿੱਤਾ



ਪਟਿਆਲਾ, 19 ਮਾਰਚ (ਅਮਰਜੀਤ) : ਜਨਹਿਤ ਸਮਿਤੀ ਨੇ ਪੌਦਿਆਂ ਨੂੰ ਪਾਨੀ ਦੇਣ ਲਈ ਪੋਲੋ ਗਰਾਊਂਡ ਲਈ ਇੱਕ ਰੇਹੜੀ, ਪਾਣੀ ਦਾ ਡਰੰਮ ਅਤੇ ਪਾਣੀ ਦੀ ਪਾਈਪ ਦਿੱਤੀ। ਇਸ ਮੌਕੇ ਨਵਜੋਤ ਸਿੰਘ ਧਾਲੀਵਾਲ (ਡੀਐੱਸਓ), ਸ. ਗੁਰਪਾਲ ਸਿੰਘ (ਐਥਲੈਟਿਕ ਕੋਚ), ਗੁਰਮੇਲ ਸਿੰਘ (ਸਾਬਕਾ ਏਈਓ), ਬੌਬੀ ਵੜੈਚ (ਬਾਸਕਟ ਬਾਲ, ਕੋਚ), ਪਾਰਸ ਜੈਨ, ਗੁਰਦੀਪ ਸਿੰਘ, ਸਲਾਹਕਾਰ ਰਾਮ ਕੁਮਾਰ, ਬਿੰਦਰ ਸਿੰਗਲਾ, ਵਿਨੋਦ ਕਪੂਰ, ਐਸ.ਪੀ.ਸਿੰਘ, ਡਾ. ਮੇਜਰ ਸਿੰਘ, ਸ਼੍ਰੀ ਗੁਲਸ਼ਨ ਸੂਰੀ ਮੌਜੂਦ ਸਨ। ਇਸ ਮੌਕੇ ਨਵਜੋਤ ਸਿੰਘ ਧਾਲੀਵਾਲ (ਡੀਐਸਓ), ਨੇ ਕਿਹਾ ਕਿ ਜਨਹਿੱਤ ਸੰਮਤੀ ਵਲੋਂ ਬੂਟੇ ਲਗਾਕੇ ਉਹਨਾਂ ਦੀ ਸਾਭ ਸੰਭਾਲ ਲਈ ਅੱਗੇ ਆਉਣਾ ਸ਼ਲਾਘਾਯੋਗ ਉਪਰਾਲਾ ਹੈ, ਉਹਨਾਂ ਕਿਹਾ ਵਾਤਾਵਰਣ ਨੂੰ ਬਚਾਉਣ ਲਈ, ਰੁੱਖ ਲਗਾਕੇ ਉਹਨਾਂ ਦੀ ਸਾਂਭ ਸੰਭਾਲ ਕਰਨੀ ਵੀ ਬਹੁਤ ਜ਼ਰੂਰੀ ਹੈ। ਉਹਨਾਂ ਪਬਲਿਕ ਨੂੰ ਵੀ ਅਪੀਲ ਕੀਤੀ ਕਿ ਦੂਸ਼ਿਤ ਹੁੰਦੇ ਵਾਤਾਵਰਨ ਨੂੰ ਬਚਾਉਣ ਲਈ ਸਾਨੂੰ ਸਾਰਿਆਂ ਨੂੰ ਵੱਧ ਤੋਂ ਵੱਧ ਬੂਟੇ ਲਗਾਕੇ ਉਹਨਾਂ ਦੀ ਸਾਭ ਸੰਭਾਲ ਕਰਨੀ ਵੀ ਜ਼ਰੂਰੀ ਹੈ, ਉਨ੍ਹਾਂ ਕਿਹਾ ਕਿ ਹਰ ਇਨਸਾਨ ਨੂੰ ਆਪਣੇ ਘਰ ਵਿਚ ਘੱਟ ਤੋਂ ਘੱਟ ਇੱਕ ਬੂਟਾ ਲਗਾਕੇ ਉਸ ਦੀ ਸਾਂਭ-ਸੰਭਾਲ ਕਰਨੀ ਚਾਹੀਦੀ ਹੈ।

## ਏ.ਡੀ.ਸੀ. ਵੱਲੋਂ ਪਟਿਆਲਾ 'ਚ ਐਲਪੀਜੀ ਸਪਲਾਈ ਦਾ ਜਾਇਜ਼ਾ

### ਵੱਡੇ ਹਸਪਤਾਲਾਂ ਤੇ ਸਕੂਲਾਂ ਨੂੰ ਪੀ.ਐਨ.ਜੀ. ਕੁਨੈਕਸ਼ਨ ਲੈਣ 'ਤੇ ਜ਼ੋਰ



ਪਟਿਆਲਾ, 19 ਮਾਰਚ (ਰੁਪਾਣਾ/ਦੀਪਕ ਜੈਂਦਕਾ) : ਪਟਿਆਲਾ ਦੇ ਵਧੀਕ ਡਿਪਟੀ ਕਮਿਸ਼ਨਰ (ਜ) ਸਿਮਰਪ੍ਰੀਤ ਕੌਰ ਨੇ ਅੱਜ ਜ਼ਿਲ੍ਹਾ ਪਟਿਆਲਾ ਵਿੱਚ ਘਰੇਲੂ ਅਤੇ ਵਪਾਰਕ ਐਲਪੀਜੀ ਸਪਲਾਈ ਦਾ ਨਿਰੀਖਣ ਕੀਤਾ। ਹਸਪਤਾਲਾਂ, ਸਕੂਲਾਂ ਅਤੇ ਹੋਰ ਸਿੱਖਿਆ ਸੰਸਥਾਵਾਂ ਵਿੱਚ ਗੈਸ ਦੀ ਉਪਲਬਧਤਾ ਦਾ ਜਾਇਜ਼ਾ ਲੈਂਦੇ ਹੋਏ, ਏ.ਡੀ.ਸੀ. ਨੇ ਸਿਹਤ ਅਤੇ ਸਿੱਖਿਆ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਵੱਡੇ ਹਸਪਤਾਲਾਂ ਅਤੇ ਉਹ ਸਕੂਲ ਜਿੱਥੇ ਗੈਸ ਦੀ ਖਪਤ ਵੱਧ ਹੈ, ਦੀ ਸੂਚੀ ਤਿਆਰ ਕੀਤੀ ਜਾਵੇ। ਉਨ੍ਹਾਂ ਜ਼ੋਰ ਦਿੱਤਾ ਕਿ ਅਜਿਹੀਆਂ ਸੰਸਥਾਵਾਂ ਨੂੰ ਪਾਈਪਡ ਨੈਚਰਲ ਗੈਸ (ਪੀਐਨਜੀ) ਕੁਨੈਕਸ਼ਨ ਲੈਣ ਲਈ ਪ੍ਰੇਰਿਤ ਕੀਤਾ ਜਾਵੇ, ਤਾਂ ਜੋ ਗੈਸ ਦੀ ਸਪਲਾਈ ਹੋਰ ਸੁਚਾਰੂ ਅਤੇ ਨਿਰੰਤਰ ਬਣੀ ਰਹੇ। ਸਿਮਰਪ੍ਰੀਤ ਕੌਰ ਨੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਜ਼ਿਲ੍ਹੇ ਵਿੱਚ ਘਰੇਲੂ ਐਲਪੀਜੀ ਦੀ ਕੋਈ ਘਾਟ ਨਹੀਂ ਹੈ ਅਤੇ ਉਨ੍ਹਾਂ ਨੇ ਨਾਲ ਹੀ ਖਪਤਕਾਰਾਂ ਨੂੰ ਅਪੀਲ ਵੀ ਕੀਤੀ ਕਿ ਉਹ ਘਬਰਾਹਟ ਵਿੱਚ ਆਕੇ ਵਾਧੂ ਬੁਕਿੰਗ ਨਾ ਕਰਨ, ਕਿਉਂਕਿ ਇਸ ਨਾਲ ਸਪਲਾਈ ਪ੍ਰਣਾਲੀ 'ਤੇ ਬੇਲੋੜਾ ਦਬਾਅ ਪੈਂਦਾ ਹੈ। ਸਹਾਇਕ ਸਿਵਲ ਸਰਜਨ ਡਾ. ਰਚਨਾ ਨੇ ਦੱਸਿਆ ਕਿ ਹੁਣ ਤੱਕ ਕਿਸੇ ਵੀ ਹਸਪਤਾਲ ਵੱਲੋਂ ਐਲਪੀਜੀ ਸਪਲਾਈ ਸਬੰਧੀ ਕੋਈ ਸਮੱਸਿਆ ਸਾਹਮਣੇ ਨਹੀਂ ਆਈ। ਇਸੇ ਤਰ੍ਹਾਂ, ਜ਼ਿਲ੍ਹਾ ਸਿੱਖਿਆ ਅਧਿਕਾਰੀ ਸ਼ਾਲੂ ਮਹਿਰਾ ਨੇ ਵੀ ਦੱਸਿਆ ਕਿ ਕਿਸੇ ਵੀ ਸਕੂਲ ਵੱਲੋਂ ਐਲਪੀਜੀ ਦੀ ਘਾਟ ਬਾਰੇ ਕੋਈ ਸ਼ਿਕਾਇਤ ਪ੍ਰਾਪਤ ਨਹੀਂ ਹੋਈ। ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈ ਕੰਟਰੋਲਰ ਡਾ. ਰਵਿੰਦਰ ਕੌਰ ਨੇ ਦੱਸਿਆ ਕਿ ਗੈਸ ਏਜੰਸੀਆਂ ਨੂੰ ਖਪਤਕਾਰਾਂ ਨੂੰ ਈ-ਕੇਵਾਈਸੀ ਬਾਰੇ ਜਾਗਰੂਕ ਕਰਨ ਲਈ ਕਿਹਾ ਗਿਆ ਹੈ, ਜੋ ਘਰ-ਘਰ ਜਾ ਕੇ ਜਾਂ ਮੋਬਾਈਲ ਐਪਸ ਰਾਹੀਂ ਕੀਤੀ ਜਾ ਸਕਦੀ ਹੈ। ਉਨ੍ਹਾਂ ਹੋਰ ਦੱਸਿਆ ਕਿ ਵਪਾਰਕ ਸਥਾਨਾਂ 'ਤੇ ਘਰੇਲੂ ਐਲਪੀਜੀ ਸਿਲੰਡਰਾਂ ਦੀ ਗੈਰਕਾਨੂੰਨੀ ਵਰਤੋਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਜਾਂਚ ਟੀਮਾਂ ਵੱਲੋਂ ਏਜੰਸੀਆਂ 'ਤੇ ਨਿਯਮਿਤ ਛਾਪੇਮਾਰੀ ਕਰਕੇ ਸਟਾਕ ਅਤੇ ਸਪਲਾਈ ਦੀ ਨਿਗਰਾਨੀ ਕੀਤੀ ਜਾ ਰਹੀ ਹੈ। ਤੇਲ ਕੰਪਨੀਆਂ ਦੇ ਪ੍ਰਤਿਨਿਧੀਆਂ ਨਾਭਾ ਐਲਪੀਜੀ ਬੋਟਲਿੰਗ ਪਲਾਂਟ (ਆਈਓਸੀਐਲ) ਦੇ ਡੀਜੀਐਮ ਕਮਲ ਮਹੇਸ਼ਵਰੀ ਅਤੇ, ਬੀਪੀਸੀਐਲ ਦੇ ਸੇਲਜ਼ ਮੈਨੇਜਰ ਰਾਘਵ ਗੁਪਤਾ ਨੇ ਦੱਸਿਆ ਕਿ ਘਰੇਲੂ ਐਲਪੀਜੀ ਸਪਲਾਈ ਵਿੱਚ ਕੋਈ ਰੁਕਾਵਟ ਨਹੀਂ ਹੈ। ਉਨ੍ਹਾਂ ਕਿਹਾ ਕਿ ਮਾਰਚ ਮਹੀਨੇ ਵਿੱਚ ਸਪਲਾਈ ਜਨਵਰੀ ਅਤੇ ਫਰਵਰੀ ਦੇ ਬਰਾਬਰ ਹੀ ਆ ਰਹੀ ਹੈ, ਪਰ ਘਰੇਲੂ ਸਿਲੰਡਰਾਂ ਦੀ ਬੁਕਿੰਗ ਲਗਭਗ ਤਿੰਨ ਗੁਣਾ ਵੱਧ ਗਈ ਹੈ, ਜਿਸ ਕਾਰਨ ਸਿਸਟਮ ਉਤੇ ਦਬਾਅ ਵਧਿਆ ਹੈ। ਉਨ੍ਹਾਂ ਦੱਸਿਆ ਕਿ ਸਰਕਾਰੀ ਹਦਾਇਤਾਂ ਅਨੁਸਾਰ, ਵਪਾਰਕ ਐਲਪੀਜੀ ਸਪਲਾਈ ਨੂੰ ਘਟਾਇਆ ਗਿਆ ਹੈ ਜਦਕਿ ਸਿਹਤ ਅਤੇ ਸਿੱਖਿਆ ਵਰਗੀਆਂ ਜ਼ਰੂਰੀ ਸੇਵਾਵਾਂ ਲਈ ਸਪਲਾਈ ਨਿਰਵਿਘਨ ਜਾਰੀ ਹੈ। ਡੀਐਸਪੀ ਨੇਹਾ ਅਗਰਵਾਲ ਨੇ ਪੁਲਿਸ ਵਿਭਾਗ ਵੱਲੋਂ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।ਮੀਟਿੰਗ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਗੈਸ ਏਜੰਸੀਆਂ ਤੇ ਪੈਟਰੋਲਿਅਮ ਕੰਪਨੀਆਂ ਦੇ ਪ੍ਰਤਿਨਿਧੀ ਮੌਜੂਦ ਸਨ।

## ਢਾਬਾ ਮਾਲਕਾਂ 'ਤੇ ਦੋਹਰੀ ਮਾਰ, ਕਿਸਾਨੀ ਅੰਦੋਲਨ ਤੋਂ ਬਾਅਦ ਹੁਣ ਐਲ.ਪੀ.ਜੀ. ਦੀ ਕਿੱਲਤ ਨੇ ਚੁੱਲ੍ਹੇ ਕੀਤੇ ਠੰਡੇ



ਘਨੌਰ, 19 ਮਾਰਚ (ਰਾਜਿੰਦਰ ਸਿੰਘ ਕੰਬੋਜ) : ਕਿਸਾਨੀ ਅੰਦੋਲਨ ਕਾਰਨ ਲੰਮੇ ਸਮੇਂ ਤੋਂ ਆਰਥਿਕ ਮੰਦੀ ਦੀ ਮਾਰ ਝੱਲ ਰਹੇ ਹਲਕਾ ਘਨੌਰ ਦੇ ਪਿੰਡ ਮਹਿਮਦਪੁਰ ਦੇ ਸਾਹਮਣੇ ਬਣੇ ਹੋਏ ਬਾਜਵਾ ਵੈਸਨੂ ਢਾਬਾ ਦੇ ਹੋਟਲ ਅਤੇ ਕਾਰੋਬਾਰੀਆਂ ਦੀਆਂ ਮੁਸ਼ਕਲਾਂ ਘੱਟਣ ਦਾ ਨਾਮ ਨਹੀਂ ਲੈ ਰਹੀਆਂ। ਕਿਸਾਨੀ ਅੰਦੋਲਨ ਸਮੇਂ ਰਸਤੇ ਬੰਦ ਹੋਣ ਕਾਰਨ ਪਹਿਲਾਂ ਹੀ ਗਾਹਕਾਂ ਦੀ ਆਮਦ ਘੱਟ ਸੀ, ਪਰ ਹੁਣ ਪੂਰੇ ਦੇਸ਼ ਵਿੱਚ ਕਮਰਸ਼ੀਅਲ ਐਲ.ਪੀ.ਜੀ. (LPG) ਸਿਲੰਡਰਾਂ ਦੀ ਸਪਲਾਈ ਵਿੱਚ ਆਈ ਕਮੀ ਨੇ ਇਨ੍ਹਾਂ ਕਾਰੋਬਾਰੀਆਂ ਨੂੰ ਬੰਦ ਹੋਣ ਦੀ ਕਗਾਰ 'ਤੇ ਲਿਆ ਖੜ੍ਹਾ ਕੀਤਾ ਹੈ।ਚੜ੍ਹਦੀਕਲਾਂ ਦੀ ਪੱਤਰਕਾਰ ਨੇ ਰੈਸਟੋਰੈਂਟਾਂ ਦਾ ਦੌਰਾ ਕਰਨ ਕੀਤਾ ਗਿਆ, ਤਾਂ ਗੈਸ ਦੀ ਸਪਲਾਈ ਨਾ ਹੋਣ ਕਾਰਨ ਕੰਮ ਲਗਭਗ ਠੱਪ ਹੈ। ਢਾਬਾ ਮਾਲਕ ਜਸਵਿੰਦਰ ਸਿੰਘ,ਜਗਦੀਪ ਸਿੰਘ, ਗੁਰਪ੍ਰੀਤ ਸਿੰਘ ਬਾਜਵਾ ਨੇ ਦੱਸਿਆ ਕਿ ਪਿਛਲੇ ਕਈ ਦਿਨਾਂ ਤੋਂ ਕਮਰਸ਼ੀਅਲ ਸਿਲੰਡਰਾਂ ਦੀ ਡਿਲੀਵਰੀ ਨਹੀਂ ਹੋ ਰਹੀ। ਕੁਝ ਥਾਵਾਂ 'ਤੇ ਮਜਬੂਰੀ ਵੱਸ ਕੋਇਲੇ ਜਾਂ ਲੱਕੜ ਦੀ ਵਰਤੋਂ ਕੀਤੀ ਜਾ ਰਹੀ ਹੈ, ਜੋ ਕਿ ਕਮਰਸ਼ੀਅਲ ਪੱਧਰ 'ਤੇ ਨਾ ਤਾਂ ਸਸਤੀ ਹੈ ਅਤੇ ਨਾ ਹੀ ਕਾਰੀਗਰ ਵਰਕਰਾਂ ਦੇ ਰੁਜ਼ਗਾਰ 'ਤੇ ਤਲਵਾਰ ਇਸ ਸੰਕਟ ਦਾ ਸਭ ਤੋਂ ਵੱਡਾ ਅਸਰ ਉੱਥੇ ਕੰਮ ਕਰ ਰਹੇ ਸੈਂਕੜੇ ਵਰਕਰਾਂ 'ਤੇ ਪੈ ਰਿਹਾ ਹੈ। ਜੇਕਰ ਅਗਲੇ ਕੁਝ ਦਿਨਾਂ ਵਿੱਚ ਸਥਿਤੀ ਨਾ ਸੁਧਰੀ ਤਾਂ ਕਈ ਢਾਬਾ ਮਾਲਕਾਂ ਨੇ ਸਟਾਫ਼ ਦੀ ਛਾਂਟੀ ਕਰਨ ਜਾਂ ਅਪਣੇ ਢਾਬੇ ਰੈਸਟੋਰੈਂਟ ਪੂਰੀ ਤਰ੍ਹਾਂ ਬੰਦ ਕਰਨ ਦਾ ਖ਼ਦਸ਼ਾ ਪ੍ਰਗਟਾਇਆ ਹੈ। ਢਾਬਾ ਮਾਲਕਾਂ ਦਾ ਕਹਿਣਾ ਹੈ ਕਿ ਪਹਿਲਾਂ ਰਸਤੇ ਬੰਦ ਹੋਣ ਕਾਰਨ ਅਸੀਂ ਕਰਜ਼ੇ ਦੇ ਹੇਠਾਂ ਦੱਬ ਗਏ ਸੀ, ਅਤੇ ਹੁਣ ਜਦੋਂ ਕੰਮ ਨੇ ਕੁਝ ਰਫ਼ਤਾਰ ਫੜੀ ਸੀ, ਤਾਂ ਗੈਸ ਦੀ ਕਿੱਲਤ ਨੇ ਸਾਡਾ ਲੱਕ ਤੋੜ ਦਿੱਤਾ ਹੈ। ਢਾਬਾ ਮਾਲਕ ਨੇ ਦੱਸਿਆ ਕਿ ਜੇਕਰ ਜ਼ਿਆਦਾ ਸਮਾਂ ਜੀ ਕਮਰਸ਼ੀਅਲ ਗੈਸ ਨਾ ਮਿਲੀ ਤਾਂ ਆਉਣ ਵਾਲੇ ਦਿਨਾਂ ਦੇ ਵਿੱਚ ਹੋਟਲ ਢਾਬੇ ਬਿਲਕੁਲ ਬੰਦ ਹੋ ਜਾਣਗੇ।

## ਪੀ.ਆਰ.ਟੀ.ਸੀ. ਦੀ ਪੈਨਸ਼ਨਰਜ਼ ਐਸੋਸੀਏਸ਼ਨ ਦੀ ਵਰਚੁਅਲ ਮੀਟਿੰਗ

ਪਟਿਆਲਾ, 19 ਮਾਰਚ (ਚ.ਨ.ਸ.) : ਪੀ ਆਰ ਟੀ ਸੀ ਦੀ ਪੈਨਸ਼ਨਰਜ਼ ਐਸੋਸੀਏਸ਼ਨ ਦੀ ਕੇਂਦਰੀ ਬਾਡੀ ਦੀ ਹਾਈ ਪਾਵਰ ਕਮੇਟੀ ਦੀ ਐਮਰਜੈਂਸੀ ਵਰਚੁਅਲ ਮੀਟਿੰਗ ਹੋਈ, ਜਿਸ ਵਿੱਚ ਐਸੋਸੀਏਸ਼ਨ ਦੇ ਚੇਅਰਮੈਨ ਮੁਕੰਦ ਸਿੰਘ, ਵਾਈਸ ਚੇਅਰਮੈਨ ਬਚਿੱਤਰ ਸਿੰਘ, ਸੂਬਾ ਪ੍ਰਧਾਨ ਭਗਵੰਤ ਸਿੰਘ ਕੰਗਣਵਾਲ ,ਜਨਰਲ ਸਕੱਤਰ ਬਚਨ ਸਿੰਘ ਅਰੋੜਾ, ਸਕੱਤਰ ਜਨਰਲ ਹਰੀ ਸਿੰਘ 'ਚਮਕ' ਅਤੇ ਖਜ਼ਾਨਚੀ ਅਮੋਲਕ ਸਿੰਘ ਨੇ ਹਿੱਸਾ ਲਿਆ ।ਇਸ ਮੀਟਿੰਗ ਵਿੱਚ ਫਰਵਰੀ ਮਹੀਨੇ ਦੀ ਪੈਨਸ਼ਨ ਅੱਜ 19 ਮਾਰਚ ਤੱਕ ਨਾ ਪਾਏ ਜਾਣ ਕਾਰਨ ਪੀ ਆਰ ਟੀ ਸੀ ਦੀ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਦੀ ਚੁੱਪ ਦੀ ਨਿਖੇਧੀ ਕੀਤੀ ਗਈ। ਉਪਰੋਕਤ ਨੇਤਾਵਾਂ ਨੇ ਕਿਹਾ ਕਿ ਪੈਨਸ਼ਨ ਹੀ ਪੈਨਸ਼ਨਰਾਂ ਦੇ ਰੋਜਾਨਾ ਦੇ ਜੀਵਨ ਦੇ ਨਿਰਵਾਹ ਦਾ ਇੱਕ ਜਰੀਆ ਹੈ, ਜਿਸ ਨੂੰ ਪੈਨਸ਼ਨਰਜ ਬੜੀ ਬੇਸਬਰੀ ਨਾਲ ਉਡੀਕਦੇ ਹਨ। ਉਹਨਾਂ ਕਿਹਾ ਕਿ ਪਿਛਲੇ ਮਹੀਨੇ ਚੇਅਰਮੈਨ ਸਾਹਿਬ ਨਾਲ ਹੋਈ ਮੀਟਿੰਗ ਵਿੱਚ ਚੇਅਰਮੈਨ ਪੀ ਆਰ ਟੀ ਸੀ ਨੇ ਭਰੋਸਾ ਦਵਾਇਆ ਸੀ ਕਿ ਪੈਨਸ਼ਨ ਹਰ ਮਹੀਨੇ ਦੀ 10 ਤਰੀਕ ਤੋਂ ਪਹਿਲਾਂ ਪਹਿਲਾਂ ਪਾਈ ਜਾਇਆ ਕਰੇਗੀ ਤੇ ਮੈਡੀਕਲ ਬਿਲਾਂ ਦੀ ਅਦਾਇਗੀ ਜੋ ਕਿ ਇੱਕ ਸਾਲ ਤੋਂ ਪੈਂਡਿੰਗ ਪਏ ਹਨ ,ਜਲਦੀ ਹੀ ਕਰ ਦਿੱਤੀ ਜਾਵੇਗੀ। ਉਪਰੋਕਤ ਬੁਲਾਰਿਆਂ ਨੇ ਮੈਨੇਜਮੈਂਟ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਮੈਨੇਜਮੈਂਟ ਬਜ਼ੁਰਗਾਂ ਦਾ ਸਬਰ ਨਾ ਪਰਖੇ ਤੇ ਸੜਕਾਂ 'ਤੇ ਉਤਰਨ ਅਤੇ ਕੋਈ ਹੋਰ ਸਖਤ ਕਦਮ ਚੁੱਕਣ ਲਈ ਮਜਬੂਰ ਨਾ ਕਰੇ।

## ਰਾਸ਼ਟਰੀ ਖੇਡਾਂ 'ਚ ਅਧਿਆਪਕ ਨਾਹਰ ਸਿੰਘ ਭਾਂਖਰ ਨੇ ਜਿੱਤੇ ਤਿੰਨ ਮੈਡਲ



ਪਟਿਆਲਾ, 19 ਮਾਰਚ (ਅਮਰਜੀਤ ਸਿੰਘ) : 45ਵੀਂ ਨੈਸ਼ਨਲ ਮਾਸਟਰਜ਼ ਐਥਲੈਟਿਕ ਚੈਂਪੀਅਨਸ਼ਿਪ ਗੁਰੂ ਕਾਸ਼ੀ ਯੂਨੀਵਰਸਿਟੀ ਤਲਵੰਡੀ ਸਾਬੋ ਜ਼ਿਲ੍ਹਾ ਬਠਿੰਡਾ ਵਿਖੇ ਕਰਵਾਈ ਗਈ ਜਿਸ ਵਿੱਚ ਦੇਸ਼ ਭਰ ਵਿੱਚੋਂ 800 ਖਿਡਾਰੀਆਂ ਨੇ ਹਿੱਸਾ ਲਿਆ। ਪੰਜਾਬ ਵੱਲੋਂ ਖੇਡਦਿਆਂ ਅਧਿਆਪਕ ਸ. ਨਾਹਰ ਸਿੰਘ ਭਾਂਖਰ ਨੇ ਸ਼ਾਨਦਾਰ ਖੇਡ ਦਾ ਮੁਜਾਹਰਾ ਕੀਤਾ। ਉਨ੍ਹਾਂ ਨੇ 400 ਮੀ. ਦੌੜ ਵਿੱਚ ਸਿਲਵਰ ਮੈਡਲ , 200 ਮੀ. ਦੌੜ ਵਿੱਚ ਸਿਲਵਰ ਮੈਡਲ , 100 ਮੀ. ਦੌੜ ਵਿੱਚ ਬਰਾਉਨ ਮੈਡਲ ਜਿੱਤ ਕੇ ਅਧਿਆਪਕ ਵਰਗ ਅਤੇ ਪਿੰਡ ਭਾਂਖਰ ਦਾ ਨਾਮ ਪੂਰੇ ਭਾਰਤ ਵਿੱਚ ਰੌਸ਼ਨ ਕੀਤਾ । ਸ. ਨਾਹਰ ਸਿੰਘ ਜਿੱਥੇ ਆਪਣੇ ਖੇਡ ਦੀ ਤਿਆਰੀ ਸਵੇਰੇ ਜਲਦੀ ਉੱਠ ਕੇ ਕਰਦੇ ਹਨ, ਉੱਥੇ ਸਕੂਲ ਦੇ ਬੱਚਿਆਂ ਨੂੰ ਵੀ ਉੱਚ ਦਰਜੇ ਦੀ ਟ੍ਰੇਨਿੰਗ ਦੇ ਰਹੇ ਹਨ। ਸਕੂਲ ਦੇ ਬੱਚੇ ਹਰ ਸਾਲ ਰਾਜ ਪੱਧਰੀ ਖੇਡਾਂ ਵਿੱਚ ਮੈਡਲ ਜਿੱਤਦੇ ਹਨ, ਇਸ ਸਾਲ ਸਕੂਲ ਦੇ ਬੱਚਿਆਂ ਨੇ ਰਾਜ ਪੱਧਰੀ ਖੇਡਾਂ ਜਿਹੜੀਆਂ ਲੁਧਿਆਣੇ ਵਿਖੇ 13, 14 ਫਰਵਰੀ ਨੂੰ ਗੋਬਿੰਦ ਕਾਲਜ ਨਾਰੰਗਵਾਲ ਲੁਧਿਆਣਾ ਵਿਖੇ ਕਰਵਾਈਆਂ ਗਈਆਂ। ਉਹਨਾਂ ਖੇਡਾਂ ਵਿੱਚ 200 ਮੀਟਰ ਦੌੜ ਕੁੜੀਆਂ ਗੋਲਡ ਮੈਡਲ , ਲੰਬੀ ਛਾਲ ਕੁੜੀਆਂ ਗੋਲਡ ਮੈਡਲ , ਰਿਲੇਅ ਮੁੰਡੇ ਸਿਲਵਰ ਮੈਡਲ , ਰਿਲੇਅ ਰੇਸ ਕੁੜੀਆਂ ਬਰਾਉਨਸ ਮੈਡਲ , 600 ਮੀਟਰ ਮੁੰਡੇ ਬਰਾਉਨਸ ਮੈਡਲ ਅਤੇ ਲੰਬੀ ਛਾਲ ਮੁੰਡੇ ਬਰਾਉਨਸ ਮੈਡਲ ਜਿੱਤ ਕੇ ਇਤਿਹਾਸ ਸਿਰਜ ਦਿੱਤਾ ਸੀ।

## ਸਬ-ਐਡੀਟਰ ਅਵਤਾਰ ਸਿੰਘ ਦੇ ਪਿਤਾ ਜੀ ਨਮਿੱਤ ਅੰਤਿਮ ਅਰਦਾਸ 24 ਨੂੰ



ਪਟਿਆਲਾ/ਸਮਾਣਾ, 19 ਮਾਰਚ (ਵਿਜੇ ਕੁਮਾਰ) : ਚੜ੍ਹਦੀਕਲਾ ਅਖ਼ਬਾਰ ਦੇ ਸਬ-ਐਡੀਟਰ ਅਵਤਾਰ ਸਿੰਘ ਦੇ ਸਤਿਕਾਰਯੋਗ ਪਿਤਾ ਸ.ਗਿਆਨ ਸਿੰਘ (ਰਿਟਾ: ਸੀ. ਐਚ. ਡੀ. ਬਿਜਲੀ ਬੋਰਡ), ਜੋ ਬੀਤੇ 11 ਮਾਰਚ 2026 ਨੂੰ ਅਕਾਲ ਪੁਰਖ ਦੇ ਹੁਕਮ ਅਨੁਸਾਰ ਆਪਣੇ ਸੁਆਸਾਂ ਦੀ ਪੂੰਜੀ ਨੂੰ ਪੂਰਾ ਕਰਨ ਤੋਂ ਬਾਅਦ ਪ੍ਰਮੇਸ਼ਰ ਦੇ ਚਰਨਾਂ 'ਚ ਜਾ ਬਿਰਾਜੇ ਸਨ, ਦੇ ਨਮਿੱਤ ਅੰਤਿਮ ਅਰਦਾਸ 24 ਮਾਰਚ 2026 ਦਿਨ ਮੰਗਲਵਾਰ ਨੂੰ 12 ਤੋਂ 1 ਵਜੇ ਤੱਕ ਗੁਰਦੁਆਰਾ ਸਤਿਸੰਗ ਭਵਨ, ਨਿਊ ਮੇਹਰ ਸਿੰਘ ਕਲੋਨੀ ਤ੍ਰਿਪੜੀ ਪਟਿਆਲਾ ਵਿਖੇ ਹੋਵੇਗੀ। ਅੰਤਿਮ ਅਰਦਾਸ ਮੌਕੇ ਵਿਛੜੇ ਸਾਥੀ ਨੂੰ ਧਾਰਮਿਕ, ਸਮਾਜਿਕ, ਰਾਜਨੀਤਿਕ ਜਥੇਬੰਦੀਆਂ ਦੇ ਆਗੂ ਸ਼ਰਧਾ ਦੇ ਫੁੱਲ ਭੇਟ ਕਰਨਗੇ।

## ਭਾਰਤੀ ਕਿਸਾਨ ਯੂਨੀਅਨ ਸ਼ਾਦੀਪੁਰ ਵੱਲੋਂ ਮੀਟਿੰਗ



ਭੁਨਰਹੇੜੀ, 19 ਮਾਰਚ (ਗੁਰਜੀਤ ਸਿੰਘ ਢੋਟ) : ਅੱਜ ਭਾਰਤੀ ਕਿਸਾਨ ਯੂਨੀਅਨ ਸ਼ਾਦੀਪੁਰ ਦੀ ਇੱਕ ਭਰਮੀ ਮੀਟਿੰਗ ਗੁਰਦੁਆਰਾ ਸ਼ਹੀਦ ਭਾਈ ਤਾਰੂ ਸਿੰਘ ਪਿੰਡ ਅਲੀਪੁਰ ਅਰਾਈਆਂ ਵਿਖੇ ਗੁਰਬਾਜ ਸਿੰਘ ਤਿਲਕਣੀ ਤੇ ਨਿਸ਼ਾਨ ਸਿੰਘ ਪਿਲਖਣੀ ਦੀ ਪ੍ਰਧਾਨਗੀ ਹੇਠਾਂ ਹੋਈ। ਜਿਸ ਵਿੱਚ ਨਗਰ ਦੀ 21 ਮੈਂਬਰੀ ਕਮੇਟੀ ਬਣਾਈ ਗਈ ਤੇ ਜਿਸ ਵਿੱਚ ਖੁੱਲ ਕੇ ਵਿਚਾਰਾਂ ਹੋਈਆਂ,ਪੰਜਾਬ ਅਤੇ ਕੇਂਦਰ ਸਰਕਾਰ ਦੇ ਬਾਰੇ ਚ ਜੋ ਕੇਂਦਰ ਸਰਕਾਰ ਅਮਰੀਕਾ ਦੇ ਨਾਲ ਫਰੀ ਟਰੇਡ ਸਮਝੌਤਾ ਕਰ ਰਹੀ ਹੈ ਉਹਦੀ ਘੋਰ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ। ਇਸ ਮੌਕੇ ਸਾਰੇ ਬੁਲਾਰਿਆਂ ਵੱਲੋਂ ਕਿਹਾ ਕਿ ਇਹ ਸਮਝੌਤਾ ਕਦੀ ਵੀ ਲਾਗੂ ਨਹੀਂ ਹੋਣ ਦਿੱਤਾ ਜਾਵੇਗਾ। ਇਸ ਮੌਕੇ ਤੇ ਜਥੇਬੰਦੀ ਦੇ ਪ੍ਰਧਾਨ ਐਸਕੇਐਮ ਦੇ ਆਗੂ ਬੂਟਾ ਸਿੰਘ ਸ਼ਾਦੀਪੁਰ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ ਸ਼ਾਦੀਪੁਰ ਨੇ ਦੱਸਿਆ ਕਿ ਐਸਕੇਐਮ ਦੇ ਫੈਸਲੇ ਅਨੁਸਾਰ 23 ਮਾਰਚ ਨੂੰ ਸ਼ਹੀਦ ਭਗਤ ਸਿੰਘ ਰਾਜਗੁਰੂ ਸੁਖਦੇਵ ਦਾ ਸ਼ਹੀਦੀ ਦਿਹਾੜਾ ਮਨਾਇਆ ਜਾਵੇਗਾ ਉਹਦੇ ਸੰਬੰਧ ਵਿੱਚ ਵੀ ਸਾਰੇ ਸਾਥੀਆਂ ਨੂੰ ਚਾਨਣਾ ਪਾਇਆ ਅਤੇ 20 ਤਰੀਕ ਨੂੰ ਜੋ ਮਹੀਨਾ ਵਾਰ ਮੀਟਿੰਗ ਹੁੰਦੀ ਹੈ ਉਹਦੇ ਵਿੱਚ ਸਾਰੇ ਫੈਸਲਾ ਕਰਨ ਦਾ ਪ੍ਰੋਗਰਾਮ ਲਿਖਿਆ ਗਿਆ। ਇਸ ਮੌਕੇ ਤੇ ਜਥੇਬੰਦੀ ਵੱਲੋਂ ਗੁਰਮੇਸ਼ ਸਿੰਘ ਨੂੰ ਪਿੰਡ ਇਕਾਈ ਦਾ ਪ੍ਰਧਾਨ ਚੁਣਿਆ ਗਿਆ ਜਿਸ ਦੇ ਵਿੱਚ ਮਹਿੰਗਾ ਸਿੰਘ ਨੂੰ ਵਾਈਸ ਪ੍ਰਧਾਨ ਚੁਣਿਆ ਗਿਆ, ਗੁਰਮੀਤ ਸਿੰਘ ਨੂੰ ਜਨਰਲ ਸਕੱਤਰ ਚੁਣਿਆ ਗਿਆ ਜੋਬਨਪ੍ਰੀਤ ਸਿੰਘ ਨੂੰ ਆਈਟੀਸੈਲ ਦੇ ਪ੍ਰਧਾਨ ਚੁਣਿਆ ਗਿਆ, ਗੁਰਪ੍ਰੀਤ ਸਿੰਘ ਨੂੰ ਖਜਾਨਚੀ ਚੁਣਿਆ ਗਿਆ। ਇਸ ਮੌਕੇ ਤੇ ਸਵਰਨ ਸਿੰਘ ਪਲਵਿੰਦਰ ਸਿੰਘ ਕੰਵਰਪਾਲ ਸਿੰਘ ਹਰਭਜਨ ਸਿੰਘ ਪਰਮਿੰਦਰ ਸਿੰਘ ਜਰਨੈਲ ਸਿੰਘ ਦਰਸ਼ਨ ਸਿੰਘ ਸਤਪਾਲ ਸਿੰਘ ਰਮਨਦੀਪ ਸਿੰਘ ਨਰਿੰਦਰ ਸਿੰਘ ਭਗਵੰਤ ਸਿੰਘ ਮਨਜੀਤ ਸਿੰਘ ਬਲਜੀਤ ਸਿੰਘ ਅਵਤਾਰ ਸਿੰਘ ਹਾਕਮ ਸਿੰਘ ਭਜਨ ਸਿੰਘ ਮਲਕੀਤ ਸਿੰਘ ਅੰਬੇ ਮਾਜਰਾ ਰਣਜੀਤ ਸਿੰਘ ਸਮੇਤ ਹੋਰ ਬਹੁਤ ਸਾਰੇ ਸਾਥੀ ਹਾਜ਼ਰ ਸਨ।

## ਪ੍ਰੋਗਰੈਸਿਵ ਟੀਚਰਜ਼ ਫਰੰਟ ਨੂੰ ਯੂਨੀਵਰਸਿਟੀ ਅਧਿਆਪਕਾਂ ਵੱਲੋਂ ਮਿਲਿਆ ਭਰਵਾਂ ਹੁੰਗਾਰਾ

ਪਟਿਆਲਾ, 19 ਮਾਰਚ (ਚ.ਨ.ਸ.) : ਪ੍ਰੋਗਰੈਸਿਵ ਟੀਚਰਜ਼ ਫਰੰਟ ਵੱਲੋਂ ਅਧਿਆਪਕਾਂ ਦੇ ਇਕ ਪ੍ਰਭਾਵਸ਼ੀਲ ਸਮੂਹ ਨੇ ਪੰਜਾਬੀ ਯੂਨੀਵਰਸਿਟੀ ਦੇ ਸੋਸ਼ਲ ਸਾਇੰਸਜ਼ ਦੇ ਵੱਖ-ਵੱਖ ਵਿਭਾਗਾਂ ਦਾ ਦੌਰਾ ਕਰਦੇ ਹੋਏ ਅਧਿਆਪਕਾਂ ਨਾਲ ਮੁਲਾਕਾਤ ਕੀਤੀ। ਇਸ ਚੋਣ ਪ੍ਰਚਾਰ ਦੌਰਾਨ ਯੂਨੀਵਰਸਿਟੀ ਅਧਿਆਪਕਾਂ ਵੱਲੋਂ ਪੀ.ਟੀ.ਐਫ. ਨੂੰ ਭਰਪੂਰ ਹੁੰਗਾਰਾ ਮਿਲਿਆ ਅਤੇ ਅਧਿਆਪਕਾਂ ਨੇ ਫਰੰਟ ਨੂੰ ਪੂਰਨ ਬਹੁਮਤ ਨਾਲ ਜਿਤਾਉਣ ਦਾ ਭਰੋਸਾ ਵੀ ਦਿਵਾਇਆ। ਪ੍ਰੋਗਰੈਸਿਵ ਟੀਚਰਜ਼ ਫਰੰਟ ਨੇ ਆਪਣਾ ਚੋਣ ਮਨੋਰਥ ਪੱਤਰ ਜਾਰੀ ਕਰਦਿਆਂ ਕਿਹਾ ਕਿ ਅਧਿਆਪਕਾਂ ਦੇ ਹਰ ਮਸਲੇ ਅਤੇ ਅਧਿਆਪਕ ਹੱਕਾਂ ਦੀ ਰਾਖੀ ਲਈ ਫਰੰਟ ਹਰ ਪੱਧਰ 'ਤੇ ਸੰਘਰਸ਼ ਕਰੇਗਾ। ਪੀ.ਟੀ.ਐਫ. ਦੇ ਸਮੂਹ ਮੈਂਬਰਾਂ ਨੇ ਮੌਜੂਦਾ ਅਤੇ ਪਹਿਲਾਂ ਪਦੋਂਨਤ ਹੋਏ ਅਧਿਆਪਕਾਂ ਦੀ ਤਰੱਕੀ ਦੀ ਬਣਦੀ ਮਿਤੀ ਵਿੱਚ ਤਬਦੀਲੀ ਕਰਨ ਦੇ ਫੈਸਲੇ ਦਾ ਸਖ਼ਤ ਵਿਰੋਧ ਕੀਤਾ। ਫਰੰਟ ਵੱਲੋਂ ਯੂਨੀਵਰਸਿਟੀ ਪ੍ਰਸ਼ਾਸਨ ਦੇ ਤਰੱਕੀ ਸਬੰਧੀ ਨਵੇਂ ਦਿਸ਼ਾ-ਨਿਰਦੇਸ਼ਾਂ ਨੂੰ ਪਹਿਲਾਂ ਤੋਂ ਲਾਗੂ ਕੇਸਾਂ 'ਤੇ ਵੀ ਲਾਗੂ ਕਰਨ ਦੇ ਫੈਸਲੇ ਦੀ ਨਿੰਦਾ ਕਰਦਿਆਂ ਇਨ੍ਹਾਂ ਦਿਸ਼ਾ-ਨਿਰਦੇਸ਼ਾਂ ਨੂੰ ਤੁਰੰਤ ਰੱਦ ਕਰਨ ਦੀ ਮੰਗ ਕੀਤੀ ਗਈ। ਫਰੰਟ ਦੇ ਆਗੂਆਂ ਨੇ ਵਾਈਸ ਚਾਂਸਲਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਯੂ.ਜੀ.ਸੀ. ਦੇ ਨਿਯਮਾਂ ਦੇ ਉਲਟ ਕਿਸੇ ਵੀ ਅਧਿਆਪਕ ਨਾਲ ਤਰੱਕੀ ਸਬੰਧੀ ਕਿਸੇ ਤਰ੍ਹਾਂ ਦੀ ਮਨਮਾਨੀ ਜਾਂ ਆਪਹੁਦਰਾਪਣ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਪੀ.ਟੀ.ਐਫ. ਵੱਲੋਂ ਪ੍ਰਧਾਨ ਦੇ ਅਹੁਦੇ ਲਈ ਡਾ. ਨਿਸ਼ਾਨ ਸਿੰਘ ਦਿਉਲ, ਮੀਤ ਪ੍ਰਧਾਨ ਲਈ ਡਾ. ਗੁਰਜੀਤ ਸਿੰਘ ਭੱਠਲ, ਸਕੱਤਰ ਲਈ ਡਾ. ਅਵਨੀਤਪਾਲ ਸਿੰਘ ਅਤੇ ਜੌਇੰਟ ਸਕੱਤਰ ਲਈ ਡਾ. ਅਮਰਪ੍ਰੀਤ ਸਿੰਘ ਚੋਣ ਮੈਦਾਨ ਵਿੱਚ ਹਨ। ਇਸ ਤੋਂ ਇਲਾਵਾ ਕਾਰਜਕਾਰੀ ਮੈਂਬਰਾਂ ਲਈ ਡਾ. ਜਗਤਾਰ ਸਿੰਘ, ਡਾ. ਗੌਰਵ ਗੁਪਤਾ, ਡਾ. ਰਾਕੇਸ਼ ਕੁਮਾਰ ਅਤੇ ਡਾ. ਚਰਨਜੀਤ ਨੌਹਰਾ ਚੋਣ ਲੜ ਰਹੇ ਹਨ।